ਮੰਗਲਵਾਰ, 5 ਅਗਸਤ, 2025
21 ਸਾਉਣ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 65

ਰੋਜ਼ਾਨਾ
ਨਵਾਂ ਜ਼ਮਾਨਾ

DAILY NAWAN ZAMANA • TUESDAY, 5 AUGUST, 2025
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਸਾਂਝੇ ਮਜ਼ਦੂਰ ਮੋਰਚੇ ਵੱਲੋਂ ਮੰਤਰੀਆਂ ਦੇ ਘਰਾਂ ਅੱਗੇ ਧਰਨੇ

## ਰੁਜ਼ਗਾਰ ਗਰੰਟੀ, ਪਲਾਟਾਂ ਦੀ ਵੰਡ, ਚੋਣ ਗਰੰਟੀਆਂ, ਜ਼ਮੀਨੀ ਸੁਧਾਰ ਲਾਗੂ ਕਰਨ ਦੀ ਮੰਗ

**ਜਲੰਧਰ (ਗਿਆਨ ਸੈਦਪੁਰੀ, ਰਾਜੇਸ਼ ਥਾਪਾ)**

ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮਜ਼ਦੂਰ ਮੋਰਚੇ ਦੇ ਸੱਦੇ 'ਤੇ ਸੋਮਵਾਰ ਹਜ਼ਾਰਾਂ ਮਜ਼ਦੂਰ ਮਰਦ-ਔਰਤਾਂ ਵੱਲੋਂ ਪੱਕੇ ਰੁਜ਼ਗਾਰ ਦੀ ਗਰੰਟੀ, ਚੋਣ ਵਾਅਦਿਆਂ ਅਨੁਸਾਰ ਔਰਤਾਂ ਨੂੰ ਹਜ਼ਾਰ ਰੁਪਏ ਪ੍ਰਤੀ ਮਹੀਨਾ ਦੇਣ, ਪੈਨਸ਼ਨਾਂ ਦੀ ਰਾਸ਼ੀ 'ਚ ਵਾਧਾ ਕਰਨ, ਪੰਚਾਇਤੀ ਜ਼ਮੀਨ ਦਾ ਤੀਜਾ ਹਿੱਸਾ ਜ਼ਮੀਨ ਮਜ਼ਦੂਰਾਂ ਨੂੰ ਸਸਤੇ ਭਾਅ ਠੇਕੇ 'ਤੇ ਦੇਣ, ਲੈਂਡ ਪੂਲਿੰਗ ਪਾਲਿਸੀ ਰੱਦ ਕਰਨ, ਬੇਘਰਿਆਂ ਤੇ ਲੋੜਵੰਦਾਂ ਨੂੰ ਪਲਾਟ ਦੇਣ, ਜ਼ਮੀਨੀ ਹੱਦਬੰਦੀ ਕਾਨੂੰਨ ਤੋਂ ਵਾਧੂ ਨਿਕਲਦੀਆਂ ਜ਼ਮੀਨਾਂ ਦੀ ਵੰਡ ਬੇਜ਼ਮੀਨੇ ਮਜ਼ਦੂਰਾਂ, ਕਿਸਾਨਾਂ 'ਚ ਕਰਾਉਣ, ਕਰਜ਼ਾ ਮੁਆਫ਼ੀ ਤੇ ਜਥੇਬੰਦ ਹੋ ਕੇ ਸੰਘਰਸ਼ ਕਰਨ ਦੇ ਹੱਕ ਦੀ ਬਹਾਲੀ ਵਰਗੀਆਂ ਮੰਗਾਂ ਨੂੰ ਲੈ ਕੇ ਕੈਬਨਿਟ ਮੰਤਰੀਆਂ ਦੇ ਘਰਾਂ ਅੱਗੇ ਰੋਹ ਭਰਪੂਰ ਧਰਨੇ ਦਿੱਤੇ ਗਏ। ਸਾਂਝੇ ਮੋਰਚੇ ਵੱਲੋਂ ਬਿਆਨ ਜਾਰੀ ਕਰਦਿਆਂ ਮਜ਼ਦੂਰ ਆਗੂ ਲਛਮਣ ਸਿੰਘ ਸੇਵੇਵਾਲਾ ਨੇ ਦੱਸਿਆ ਕਿ ਇਹ ਧਰਨੇ ਕੈਬਨਿਟ ਮੰਤਰੀ ਅਮਨ ਅਰੋੜਾ ( ਸੁਨਾਮ), ਡਾਕਟਰ ਬਲਜੀਤ ਕੌਰ (ਮਲੋਟ), ਹਰਭਜਨ ਸਿੰਘ ਈ ਟੀ ਓ (ਜੰਡਿਆਲਾ ਗੁਰੂ), ਮਹਿੰਦਰ ਭਗਤ (ਜਲੰਧਰ) ਤੇ ਸਪੀਕਰ ਕੁਲਤਾਰ ਸਿੰਘ ਸੰਧਵਾਂ (ਸੰਧਵਾਂ) ਦੇ ਘਰਾਂ ਅੱਗੇ ਦਿੱਤੇ ਗਏ। ਇਹਨਾਂ ਧਰਨਿਆਂ ਨੂੰ ਮਜ਼ਦੂਰ ਆਗੂ ਦੇਵੀ ਕੁਮਾਰੀ ਸਰਹਾਲੀ ਕਲਾਂ, ਦਰਸ਼ਨ ਨਾਹਰ, ਤਰਸੇਮ ਪੀਟਰ, ਜੋਰਾ ਸਿੰਘ ਨਸਰਾਲੀ, ਗੁਰਮੇਸ਼ ਸਿੰਘ, ਕੁਲਵੰਤ ਸਿੰਘ ਸੇਲਬਰਾਹ, ਗੋਬਿੰਦ ਸਿੰਘ ਛਾਜਲੀ ਤੇ ਮੁਕੇਸ਼ ਮਲੌਦ ਨੇ ਸੰਬੋਧਨ ਕੀਤਾ।

ਮਜ਼ਦੂਰ ਆਗੂਆਂ ਨੇ ਦੋਸ਼ ਲਾਇਆ ਕਿ ਮਾਨ ਸਰਕਾਰ ਮਜ਼ਦੂਰਾਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਲਾਗੂ ਕਰਨ ਦੀ ਥਾਂ ਲਗਾਤਾਰ ਮਜ਼ਦੂਰ ਵਿਰੋਧੀ ਨੀਤੀਆਂ ਲਾਗੂ ਕਰ ਰਹੀ ਹੈ। ਉਹਨਾਂ ਦੋਸ਼ ਲਾਇਆ ਕਿ ਜਿੱਥੇ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਵੱਲੋਂ ਕਿਰਤ ਕੋਡ ਬਣਾ ਕੇ ਕਿਰਤੀਆਂ ਦੇ ਹੱਕਾਂ 'ਤੇ ਡਾਕਾ ਮਾਰਿਆ ਗਿਆ, ਉਥੇ ਮਾਨ ਸਰਕਾਰ ਵੱਲੋਂ ਵੀ ਮਜ਼ਦੂਰਾਂ ਦੀ ਕੰਮ ਦਿਹਾੜੀ ਦੇ ਘੰਟੇ ਵਧਾ ਕੇ ਮਜ਼ਦੂਰਾਂ ਨਾਲ਼ ਧ੍ਰੋਹ ਕਮਾਇਆ ਗਿਆ। ਉਹਨਾਂ ਦੋਸ਼ ਲਾਇਆ ਕਿ 'ਆਪ' ਸਰਕਾਰ ਸੰਘਰਸ਼ਸ਼ੀਲ ਮਜ਼ਦੂਰਾਂ, ਕਿਸਾਨਾਂ 'ਤੇ ਪੁਲਸ ਜਬਰ ਤੇਜ਼ ਕਰਨ ਲਈ ਲੋਕਾਂ ਦੇ ਜਮਹੂਰੀ ਹੱਕਾਂ ਦਾ ਘਾਣ ਕਰ ਰਹੀ ਹੈ। ਮਜ਼ਦੂਰ ਆਗੂਆਂ ਨੇ ਆਖਿਆ ਕਿ ਪੰਜਾਬ ਸਰਕਾਰ ਵੱਲੋਂ ਲਾਗੂ ਕੀਤੀ ਜਾ ਰਹੀ ਲੈਂਡ ਪੂਲਿੰਗ ਪਾਲਿਸੀ ਪੰਜਾਬ ਸਰਕਾਰ ਵੱਲੋਂ ਲਿਆਂਦੀ ਲੈਂਡ ਪੂਲਿੰਗ ਪਾਲਿਸੀ ਨਾਂਅ ਸਿਰਫ ਪੰਜਾਬ ਦੀਆਂ ਉਪਜਾਊ ਜ਼ਮੀਨਾਂ ਕਾਰਪੋਰੇਟ ਘਰਾਣਿਆਂ ਵੱਲੋਂ ਹੜੱਪੇ ਜਾਣ ਅਤੇ ਕਿਸਾਨਾਂ ਦੇ ਉਜਾੜੇ ਦਾ ਸਾਧਨ ਬਣੇਗੀ, ਸਗੋਂ ਇਹ ਪਹਿਲਾਂ ਹੀ ਰੁਜ਼ਗਾਰ ਦੀ ਭਾਰੀ ਤੋਟ ਹੰਢਾਉਂਦੇ ਅਤੇ ਕਰਜ਼ੇ ਤੇ ਖ਼ੁਦਕੁਸ਼ੀਆਂ ਦੇ ਭੰਨੇ ਪੇਂਡੂ ਤੇ ਖੇਤ ਮਜ਼ਦੂਰਾਂ ਲਈ ਵੀ ਤਬਾਹਕੁੰਨ ਸਾਬਤ ਹੋਵੇਗੀ, ਇਸ ਲਈ ਲੈਂਡ ਪੂਲਿੰਗ ਪਾਲਿਸੀ ਨੂੰ ਤੁਰੰਤ ਰੱਦ ਕੀਤਾ ਜਾਵੇ। ਉਹਨਾਂ ਜੇਲੀਂ ਡੱਕੇ ਮਜ਼ਦੂਰ ਆਗੂਆਂ ਨੂੰ ਰਿਹਾਅ ਕਰਨ ਦੀ ਮੰਗ ਵੀ ਕੀਤੀ।

ਧਰਨਿਆਂ ਨੂੰ ਮਜ਼ਦੂਰ ਆਗੂ ਗੁਰਵਿੰਦਰ ਸਿੰਘ ਬੌੜਾਂ, ਲਖਵੀਰ ਸਿੰਘ ਲੌਂਗੋਵਾਲ, ਹਰਮੇਸ਼ ਮਾਲੜੀ, ਭੂਪ ਚੰਦ ਚੰਨੋ, ਗੁਰਨਾਮ ਸਿੰਘ ਦਾਊਦ, ਕਸ਼ਮੀਰ ਸਿੰਘ ਘੁੱਗਸ਼ੋਰ, ਪ੍ਰੀਤਮ ਸਿੰਘ ਨਿਆਮਤਪੁਰ ਤੇ ਗੁਰਪ੍ਰੀਤ ਸਿੰਘ ਰੂੜੇਕੇ ਆਦਿ ਆਗੂਆਂ ਨੇ ਵੀ ਸੰਬੋਧਨ ਕੀਤਾ।

ਜਲੰਧਰ ਵਿੱਚ ਅਰਬਨ ਅਸਟੇਟ ਫੇਜ਼-2 ਸਥਿਤ ਕੈਬਨਿਟ ਮੰਤਰੀ ਮੁਹਿੰਦਰ ਭਗਤ ਦੇ ਘਰ ਅੱਗੇ 2 ਘੰਟੇ ਤੋਂ ਵੱਧ ਸਮਾਂ ਧਰਨਾ ਮੁਜ਼ਾਹਰਾ ਕੀਤਾ ਗਿਆ। ਇਸ ਤੋਂ ਪਹਿਲਾਂ ਗੀਤਾ ਮੰਦਰ ਨਜ਼ਦੀਕ ਸ਼ਹੀਦ ਭਗਤ ਸਿੰਘ ਨਗਰ ਵਿਖੇ ਹੁਸ਼ਿਆਰਪੁਰ, ਕਪੂਰਥਲਾ ਅਤੇ ਜਲੰਧਰ ਜ਼ਿਲ੍ਹੇ ਦੇ ਪਿੰਡਾਂ ਤੋਂ ਸੈਂਕੜੇ ਮਜ਼ਦੂਰ ਮਰਦਾਂ-ਔਰਤਾਂ ਨੇ ਇਕੱਠੇ ਹੋ ਕੇ ਰੋਸ ਰੈਲੀ ਕੀਤੀ। ਉਪਰੰਤ ਰੋਹ ਭਰਪੂਰ ਮੁਜ਼ਾਹਰਾ ਕਰਦਿਆਂ ਮੰਤਰੀ ਦੇ ਘਰ ਅੱਗੇ ਧਰਨਾ ਸਥਾਨ 'ਤੇ ਪੁੱਜ ਕੇ ਜ਼ੋਰਦਾਰ ਨਾਅਰੇਬਾਜ਼ੀ ਕੀਤੀ।ਮਜ਼ਦੂਰਾਂ ਦੇ ਰੋਹ ਨੂੰ ਵੇਖਦੇ ਹੋਏ ਕੈਬਨਿਟ ਮੰਤਰੀ ਨੂੰ ਧਰਨਾਕਾਰੀਆਂ ਵਿੱਚ ਆ ਕੇ ਆਗੂਆਂ ਤੋਂ ਮੰਗ ਪੱਤਰ ਲੈਣਾ ਪਿਆ। ਇਸ ਮੌਕੇ ਮੰਤਰੀ ਨੇ ਮੰਨੀਆਂ ਮਜ਼ਦੂਰ ਮੰਗਾਂ ਉੱਪਰ ਅਮਲ ਕਰਨ ਅਤੇ ਰਹਿੰਦੀਆਂ ਮੰਗਾਂ ਦੇ ਹੱਲ ਲਈ ਮੁੱਖ ਮੰਤਰੀ ਨਾਲ ਮੋਰਚੇ ਦੇ ਆਗੂਆਂ ਦੀ ਜਲਦੀ ਮੀਟਿੰਗ ਕਰਵਾਉਣ ਦਾ ਭਰੋਸਾ ਦਿੱਤਾ।

ਮਜ਼ਦੂਰ ਆਗੂ ਕਸ਼ਮੀਰ ਸਿੰਘ ਘੁੱਗਸ਼ੋਰ ਨੇ ਦੱਸਿਆ ਕਿ ਪੱਕੇ ਰੁਜ਼ਗਾਰ ਦੀ ਗਰੰਟੀ, ਚੋਣ ਵਾਅਦਿਆਂ ਅਨੁਸਾਰ ਔਰਤਾਂ ਨੂੰ ਹਜ਼ਾਰ ਰੁਪਏ ਪ੍ਰਤੀ ਮਹੀਨਾ ਦੇਣ, ਪੈਨਸ਼ਨਾਂ ਦੀ ਰਾਸ਼ੀ 'ਚ ਵਾਧਾ ਕਰਨ, ਪੰਚਾਇਤੀ ਜ਼ਮੀਨ ਦਾ ਤੀਜਾ ਹਿੱਸਾ ਜ਼ਮੀਨ ਦਲਿਤ ਮਜ਼ਦੂਰਾਂ ਨੂੰ ਸਸਤੇ ਭਾਅ ਠੇਕੇ 'ਤੇ ਦੇਣ, ਲੈਂਡ ਪੂਲਿੰਗ ਪਾਲਿਸੀ ਰੱਦ ਕਰਨ, ਬੇਘਰਿਆਂ ਤੇ ਲੋੜਵੰਦਾਂ ਨੂੰ ਪਲਾਟ ਦੇਣ, ਜ਼ਮੀਨੀ ਹੱਦਬੰਦੀ ਕਾਨੂੰਨ ਤੋਂ ਵਾਧੂ ਨਿਕਲਦੀਆਂ ਜ਼ਮੀਨਾਂ ਦੀ ਵੰਡ ਬੇਜ਼ਮੀਨੇ ਮਜ਼ਦੂਰਾਂ, ਕਿਸਾਨਾਂ 'ਚ ਕਰਵਾਉਣ, ਕਰਜ਼ਾ ਮੁਆਫ਼ੀ ਅਤੇ ਜਥੇਬੰਦ ਹੋ ਕੇ ਸੰਘਰਸ਼ ਕਰਨ ਦੇ ਹੱਕ ਦੀ ਬਹਾਲੀ ਵਰਗੀਆਂ ਮੰਗਾਂ ਨੂੰ ਲੈ ਕੇ ਕੈਬਨਿਟ ਮੰਤਰੀ ਦੇ ਘਰ ਅੱਗੇ ਇਹ ਧਰਨਾ ਦਿੱਤਾ ਗਿਆ।

ਇਸ ਮੌਕੇ ਸਾਂਝੇ ਮੋਰਚੇ ਦੇ ਆਗੂ ਅਤੇ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾਈ ਪ੍ਰਧਾਨ ਤਰਸੇਮ ਪੀਟਰ, ਦਿਹਾਤੀ ਮਜ਼ਦੂਰ ਸਭਾ ਦੇ ਪ੍ਰਧਾਨ ਦਰਸ਼ਨ ਨਾਹਰ, ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਸੂਬਾ ਜਨਰਲ ਸਕੱਤਰ ਗੁਰਮੇਸ਼ ਸਿੰਘ, ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਸੂਬਾ ਵਿੱਤ ਸਕੱਤਰ ਹਰਮੇਸ਼ ਮਾਲੜੀ ਅਤੇ ਪੰਜਾਬ ਖੇਤ ਮਜ਼ਦੂਰ ਸਭਾ ਦੇ ਸੂਬਾ ਆਗੂ ਗਿਆਨ ਸੈਦਪੁਰੀ ਨੇ ਦੋਸ਼ ਲਗਾਇਆ ਕਿ ਭਗਵੰਤ ਸਿੰਘ ਮਾਨ ਸਰਕਾਰ ਵੀ ਮਜ਼ਦੂਰ ਵਿਰੋਧੀ ਅਤੇ ਕਾਰਪੋਰੇਟ ਘਰਾਣਿਆਂ, ਜਗੀਰਦਾਰਾਂ ਤੇ ਪੇਂਡੂ ਚੌਧਰੀਆਂ ਪੱਖੀ ਸਰਕਾਰ ਸਾਬਿਤ ਹੋਈ ਹੈ।

ਮਜ਼ਦੂਰ ਆਗੂਆਂ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਮਜ਼ਦੂਰਾਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਲਾਗੂ ਕਰਨ ਦੀ ਥਾਂ ਲਗਾਤਾਰ ਮਜ਼ਦੂਰ ਵਿਰੋਧੀ ਨੀਤੀਆਂ ਲਾਗੂ ਕਰ ਰਹੀ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਜਿੱਥੇ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਵੱਲੋਂ ਕਿਰਤ ਕੋਡ ਬਣਾ ਕੇ • ਬਾਕੀ ਸਫਾ 2 'ਤੇ





ਜਲੰਧਰ 'ਚ ਸਾਂਝੇ ਮੋਰਚੇ ਦੇ ਆਗੂਆਂ ਤੋਂ ਮੰਗ ਪੱਤਰ ਲੈਂਦੇ ਹੋਏ ਕੈਬਨਿਟ ਮੰਤਰੀ ਮੁਹਿੰਦਰ ਭਗਤ।

# ਵਿਮਲਾ ਡਾਂਗ ਨੂੰ ਸਮਰਪਤ ਸੈਮੀਨਾਰ 'ਚ 25ਵੀਂ ਕਾਂਗਰਸ ਨੂੰ ਸਫਲ ਬਣਾਉਣ ਦਾ ਸੱਦਾ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**



ਭਾਰਤੀ ਕਮਿਊਨਿਸਟ ਪਾਰਟੀ ਦੇ 25ਵੇਂ ਮਹਾਂ-ਸੰਮੇਲਨ, ਜੋ 21 ਤੋਂ 25 ਸਤੰਬਰ ਤੱਕ ਚੰਡੀਗੜ੍ਹ ਵਿਖੇ ਹੋ ਰਿਹਾ ਹੈ, ਦੇ ਮੌਕੇ ਪ੍ਰਸਿੱਧ ਆਜ਼ਾਦੀ ਘੁਲਾਟੀਏ ਅਤੇ ਇਸਤਰੀ ਆਗੂ ਵਿਮਲਾ ਡਾਂਗ ਨੂੰ ਸਮਰਪਿਤ ਸੈਮੀਨਾਰ ਵਿਰਸਾ ਵਿਹਾਰ ਅੰਮ੍ਰਿਤਸਰ ਵਿਖੇ ਕੀਤਾ ਗਿਆ, ਜਿਸ ਦਾ ਵਿਸ਼ਾ 'ਆਜ਼ਾਦੀ ਦਾ ਅੰਦੋਲਨ, ਕਮਿਊਨਿਸਟ ਪਾਰਟੀ ਤੇ ਲੋਕ ਲਹਿਰਾਂ ਵਿੱਚ ਔਰਤਾਂ ਦਾ ਯੋਗਦਾਨ' ਸੀ। ਸੈਮੀਨਾਰ ਦੀ ਪ੍ਰਧਾਨਗੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੀ ਸਾਬਕਾ ਪ੍ਰੋਫੈਸਰ ਡਾ. ਅਮਨਦੀਪ ਕੌਰ ਬੱਲ ਨੇ ਕੀਤੀ। ਪੰਜਾਬ ਦੇ ਮੰਨੇ-ਪ੍ਰਮੰਨੇ ਲੋਕ ਸਰੋਕਾਰਾਂ ਦੇ ਨਾਟਕਕਾਰ ਭਾਅ ਜੀ ਗੁਰਸ਼ਰਨ ਸਿੰਘ ਦੀ ਬੇਟੀ ਅਤੇ ਪ੍ਰਸਿੱਧ ਅਰਥ ਸ਼ਾਸਤਰੀ ਡਾ. ਨਵਸ਼ਰਨ ਕੌਰ ਨੇ ਆਜ਼ਾਦੀ ਦੇ ਅੰਦੋਲਨ ਅਤੇ ਲੋਕ ਲਹਿਰਾਂ ਵਿੱਚ ਔਰਤਾਂ ਦੇ ਯੋਗਦਾਨ ਬਾਰੇ ਵਿਸਥਾਰਪੂਰਵਕ ਗੱਲ ਕੀਤੀ। ਭਾਰਤੀ ਮਹਿਲਾ ਫੈਡਰੇਸ਼ਨ ਦੀ ਕੁੱਲ ਹਿੰਦ ਜਨਰਲ ਸਕੱਤਰ ਨਿਸ਼ਾ ਸਿੱਧੂ ਨੇ ਮਹਿਲਾ ਫੈਡਰੇਸ਼ਨ ਬਣਾਉਣ ਵਿੱਚ ਕਮਿਊਨਿਸਟ ਪਾਰਟੀ ਦੀ ਅਗਵਾਈ ਤੇ ਯੋਗਦਾਨ ਬਾਰੇ ਇਤਿਹਾਸਕ ਤੱਥਾਂ ਨਾਲ ਆਪਣੇ ਵਿਚਾਰ ਪ੍ਰਗਟ ਕੀਤੇ। ਉਹਨਾ ਕਿਹਾ ਕਿ ਕਮਿਊਨਿਸਟ ਪਾਰਟੀ ਹਮੇਸ਼ਾ ਹੀ ਬਿਨਾਂ ਲਿੰਗ ਭੇਦ-ਭਾਵ ਦੇ ਔਰਤਾਂ ਅਤੇ ਮਰਦਾਂ ਦੀ ਬਰਾਬਰੀ ਦੇ ਹੱਕ ਵਿੱਚ ਰਹੀ ਹੈ। ਔਰਤਾਂ ਉਪਰ ਜ਼ੁਲਮਾਂ ਦੇ ਖਿਲਾਫ ਹਮੇਸ਼ਾ ਹੀ ਕਮਿਊਨਿਸਟ ਪਾਰਟੀ ਦੇ ਆਗੂ ਅਤੇ ਵਰਕਰ ਸਰਗਰਮ ਰਹੇ ਹਨ। ਉਹਨਾ ਕਿਹਾ ਕਿ ਕਮਿਊਨਿਸਟ ਪਾਰਟੀ ਦੇ ਮਹਾਂ-ਸੰਮੇਲਨ ਵਿਚ ਮਹਿਲਾ ਫੈਡਰੇਸ਼ਨ ਵੱਲੋਂ ਉਸ ਦੀ ਸਫਲਤਾ ਲਈ ਪੂਰੀ ਸਰਗਰਮੀ ਕੀਤੀ ਜਾ ਰਹੀ ਹੈ। ਇਹ ਸੈਮੀਨਾਰ ਵੀ ਉਸੇ ਸਰਗਰਮੀ ਦਾ ਇੱਕ ਹਿੱਸਾ ਹੈ। ਹਾਜ਼ਰੀਨ ਨੂੰ ਅਪੀਲ ਹੈ ਕਿ ਮਹਾਂ-ਸੰਮੇਲਨ ਦੀ ਸਫਲਤਾ ਲਈ ਹਰ ਤਰ੍ਹਾਂ ਦਾ ਸਹਿਯੋਗ ਦਿੱਤਾ ਜਾਵੇ। ਸਟੇਜ • ਬਾਕੀ ਸਫਾ 2 'ਤੇ

# ਨਾਭਾ ਜੇਲ੍ਹ 'ਚ ਬੰਦ ਸਿਆਸੀ ਆਗੂ ਖਿਲਾਫ਼ ਅਹਿਮ ਸਬੂਤ ਮਿਲੇ, ਅਦਾਲਤ 'ਚ ਕਰਾਂਗੇ ਪੇਸ਼ : ਮਾਨ

**ਲੁਧਿਆਣਾ** : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੋਮਵਾਰ ਕਿਹਾ ਕਿ ਪੰਜਾਬ ਵਿੱਚ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਅੰਤਮ ਦੌਰ ਵਿੱਚ ਪਹੁੰਚ ਚੁੱਕੀ ਹੈ ਅਤੇ ਪਿੰਡਾਂ ਤੇ ਸ਼ਹਿਰਾਂ ਲਈ ਡਿਫੈਂਸ ਕਮੇਟੀਆਂ ਪੰਜਾਬ ਵਿੱਚੋਂ ਨਸ਼ਾ ਤਸਕਰੀ ਦਾ ਖੁਰਾ-ਖੋਜ ਮਿਟਾ ਦੇਣਗੀਆਂ।

ਇੱਥੇ ਪਿੰਡਾਂ ਅਤੇ ਸ਼ਹਿਰਾਂ ਲਈ ਡਿਫੈਂਸ ਕਮੇਟੀਆਂ ਦੇ ਗਠਨ ਦੀ ਸ਼ੁਰੂਆਤ ਮੌਕੇ ਮੈਂਬਰਾਂ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਲੰਘੀ 4 ਫਰਵਰੀ ਤੋਂ ਸੂਬੇ ਵਿੱਚ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੀ ਸ਼ੁਰੂਆਤ ਕੀਤੀ ਸੀ, ਜਿਸ ਤਹਿਤ ਨਸ਼ਿਆਂ ਦੀ ਅਲਾਮਤ ਨੂੰ ਜੜ੍ਹੋਂ ਪੁੱਟਣ ਵਿੱਚ ਵੱਡੀ ਸਫਲਤਾ ਹਾਸਲ ਕੀਤੀ ਹੈ। ਹੁਣ ਪਿੰਡਾਂ ਅਤੇ ਸ਼ਹਿਰਾਂ ਨੂੰ ਭਵਿੱਖ ਵਿੱਚ ਨਸ਼ਿਆਂ ਦੀ ਲਾਹਨਤ ਤੋਂ ਮੁਕਤ ਰੱਖਣ ਲਈ ਡਿਫੈਂਸ ਕਮੇਟੀਆਂ ਦਾ ਗਠਨ ਕੀਤਾ ਗਿਆ ਹੈ। ਮਾਨ ਨੇ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਨੂੰ ਮੁਖਾਤਿਬ ਹੁੰਦਿਆਂ ਕਿਹਾ—ਮੈਨੂੰ ਪੂਰਾ ਵਿਸ਼ਵਾਸ ਹੈ ਕਿ ਤੁਸੀਂ ਨਸ਼ਿਆਂ ਵਿਰੁੱਧ ਜੰਗ ਦੇ ਜਰਨੈਲ ਬਣ ਕੇ ਪਿੰਡਾਂ ਤੇ ਸ਼ਹਿਰਾਂ ਦੀ ਰਾਖੀ ਕਰੋਗੇ।

ਮੁੱਖ ਮੰਤਰੀ ਨੇ ਦੱਸਿਆ • ਬਾਕੀ ਸਫਾ 2 'ਤੇ




## ਹਰਜੋਤ ਬੈਂਸ ਪਰਸੋਂ ਤਲਬ

**ਅੰਮ੍ਰਿਤਸਰ** : ਪੰਜਾਬ ਸਰਕਾਰ ਵੱਲੋਂ ਸ੍ਰੀਨਗਰ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੀ ਸ਼ਹੀਦੀ ਸ਼ਤਾਬਦੀ ਸੰਬੰਧੀ ਕਰਵਾਏ ਗਏ ਸਮਾਗਮ ਵਿੱਚ ਮਰਿਆਦਾ ਦੀ ਉਲੰਘਣਾ ਸੰਬੰਧੀ ਦੋਸ਼ਾਂ ਦੇ ਮਾਮਲੇ ਵਿੱਚ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੂੰ ਸ੍ਰੀ ਅਕਾਲ ਤਖਤ ਵਿਖੇ 6 ਅਗਸਤ ਨੂੰ ਆਪਣਾ ਪੱਖ ਰੱਖਣ ਵਾਸਤੇ ਸੱਦਿਆ ਗਿਆ ਹੈ। ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਸਵੇਰੇ 9 ਵਜੇ ਹੋਵੇਗੀ। ਭਾਸ਼ਾ ਵਿਭਾਗ ਪੰਜਾਬ ਦੇ ਡਾਇਰੈਕਟਰ ਜਸਵੰਤ ਸਿੰਘ ਆਪਣੇ ਕਰੀਬੀ ਰਿਸ਼ਤੇਦਾਰ ਦੇ ਆਨੰਦ ਕਾਰਜ ਲਈ 12 ਅਗਸਤ ਤੱਕ ਵਿਦੇਸ਼ ਗਏ ਹਨ, ਜਿਸ ਲਈ ਉਨ੍ਹਾ ਨੂੰ ਬਾਅਦ ਵਿੱਚ ਪੇਸ਼ ਹੋਣ ਲਈ ਸੱਦਿਆ ਜਾਵੇਗਾ।

## ਸਾਂਸਦ ਬੀਬੀ ਦੀ ਚੇਨ ਝਪਟੀ



**ਨਵੀਂ ਦਿੱਲੀ** : ਅਣਪਛਾਤੇ ਹਮਲਾਵਰ ਸੋਮਵਾਰ ਸਵੇਰੇ ਤਾਮਿਲਨਾਡੂ ਦੀ ਸੰਸਦ ਮੈਂਬਰ ਆਰ ਸੁਧਾ ਦੀ ਚਾਣਕਿਆਪੁਰੀ ਦੀ ਡਿਪਲੋਮੈਟਿਕ ਐਨਕਲੇਵ ਵਿੱਚ ਸੈਰ ਕਰਦੀ ਦੀ ਸੋਨੇ ਦੀ ਚੇਨ ਖੋਹ ਕੇ ਲੈ ਗਏ। ਚਾਣਕਿਆਪੁਰੀ ਵਿੱਚ ਕਈ ਦੂਤਾਵਾਸ ਅਤੇ ਰਾਜ ਸਰਕਾਰਾਂ ਦੇ ਸਰਕਾਰੀ ਨਿਵਾਸ ਸਥਾਨ ਹਨ। ਸੁਧਾ ਤਾਮਿਲਨਾਡੂ ਭਵਨ ਵਿੱਚ ਰਹਿੰਦੀ ਹੈ।

## ਜਹਾਜ਼ 'ਚ ਕਾਕਰੋਚ

**ਨਵੀਂ ਦਿੱਲੀ** : ਏਅਰ ਇੰਡੀਆ ਦੇ ਯਾਤਰੀਆਂ ਸਾਨ ਫਰਾਂਸਿਸਕੋ ਤੋਂ ਮੁੰਬਈ ਆਉਂਦਿਆਂ ਛੋਟੇ ਕਾਕਰੋਚ ਦੇਖੇ। ਏਅਰਲਾਈਨ ਬੁਲਾਰੇ ਨੇ ਸੋਮਵਾਰ ਕਿਹਾ, 'ਸਾਨ ਫਰਾਂਸਿਸਕੋ ਤੋਂ ਕੋਲਕਾਤਾ ਰਾਹੀਂ ਮੁੰਬਈ ਜਾਣ ਵਾਲੀ ਫਲਾਈਟ 'ਚ ਦੋ ਯਾਤਰੀਆਂ ਨੂੰ ਬਦਕਿਸਮਤੀ ਨਾਲ ਜਹਾਜ਼ ਵਿੱਚ ਕੁਝ ਛੋਟੇ ਕਾਕਰੋਚਾਂ ਦੀ ਮੌਜੂਦਗੀ ਕਾਰਨ ਪਰੇਸ਼ਾਨੀ ਹੋਈ। ਇਸ ਲਈ ਸਾਡੇ ਕੈਬਿਨ ਕਰੂ ਨੇ ਦੋਵਾਂ ਯਾਤਰੀਆਂ ਨੂੰ ਉਸੇ ਕੈਬਿਨ ਵਿੱਚ ਦੂਜੀਆਂ ਸੀਟਾਂ 'ਤੇ ਬਿਠਾ ਦਿੱਤਾ। ਕੋਲਕਾਤਾ ਵਿੱਚ ਡੂੰਘੀ ਸਫਾਈ ਤੋਂ ਬਾਅਦ ਜਹਾਜ਼ ਸਮੇਂ ਸਿਰ ਮੁੰਬਈ ਲਈ ਰਵਾਨਾ ਹੋ ਗਿਆ।'

# ਦਿਸ਼ੋਮ ਗੁਰੂ ਚਲਾਣਾ ਕਰ ਗਏ

**ਨਵੀਂ ਦਿੱਲੀ** : ਝਾਰਖੰਡ ਮੁਕਤੀ ਮੋਰਚਾ ਦੇ ਸੁਪਰੀਮੋ ਤੇ ਸੂਬੇ ਦੇ ਸਾਬਕਾ ਮੁੱਖ ਮੰਤਰੀ ਸ਼ਿਬੂ ਸੋਰੇਨ (81) ਦਾ ਸੋਮਵਾਰ ਦੇਹਾਂਤ ਹੋ ਗਿਆ। ਗੁਰਦੇ ਨਾਲ ਸੰਬੰਧਤ ਸਮੱਸਿਆ ਕਾਰਨ ਉਹ ਸਰ ਗੰਗਾਰਾਮ ਹਸਪਤਾਲ ਵਿੱਚ ਦਾਖਲ ਸਨ। ਉਨ੍ਹਾ ਦੇ ਬੇਟੇ ਤੇ ਸੂਬੇ ਦੇ ਮੁੱਖ ਮੰਤਰੀ ਹੇਮੰਤ ਸੋਰੇਨ ਨੇ ਇਕ ਪੋਸਟ ਵਿਚ ਕਿਹਾ, 'ਸਤਿਕਾਰਯੋਗ ਦਿਸ਼ੋਮ ਗੁਰੂ ਜੀ ਸਾਨੂੰ ਸਾਰਿਆਂ ਨੂੰ ਛੱਡ ਕੇ ਚਲੇ ਗਏ ਹਨ... ਮੈਂ ਅੱਜ 'ਸ਼ੂਨਿਆ' (ਜ਼ੀਰੋ) ਹੋ ਗਿਆ ਹਾਂ।'



ਸ਼ਿਬੂ ਸੋਰੇਨ ਦਾ ਜਨਮ 11 ਜਨਵਰੀ, 1944 ਨੂੰ ਨੇਮਰਾ ਪਿੰਡ (ਹੁਣ ਝਾਰਖੰਡ ਵਿੱਚ) ਵਿੱਚ ਹੋਇਆ। ਸ਼ਿਬੂ ਸੋਰੇਨ, ਜਿਨ੍ਹਾ ਆਦਿਵਾਸੀਆਂ ਵਿੱਚ ਦਿਸ਼ੋਮ ਗੁਰੂ (ਦੇਸ਼ ਦੇ ਗੁਰੂ) ਦੀ ਛਵੀ ਸੀ, ਨੇ ਆਪਣੇ ਪਿਤਾ ਸੋਬਰਨ ਮਾਂਝੀ ਦੀ ਸ਼ਾਹੂਕਾਰਾਂ ਦੁਆਰਾ ਹੱਤਿਆ ਤੋਂ ਬਾਅਦ 13-14 ਸਾਲ ਦੀ ਉਮਰ ਵਿੱਚ ਸ਼ਾਹੂਕਾਰਾਂ ਵਿਰੁੱਧ ਆਦਿਵਾਸੀਆਂ, ਦਲਿਤਾਂ ਅਤੇ ਪੱਛੜੇ ਲੋਕਾਂ ਦੇ ਹੱਕਾਂ ਲਈ ਲੜਾਈ ਸ਼ੁਰੂ ਕਰ ਦਿੱਤੀ ਸੀ। ਉਨ੍ਹਾ ਜਲ, ਜੰਗਲ ਅਤੇ ਜ਼ਮੀਨ ਦੇ ਹੱਕ ਅਤੇ ਵੱਖਰੇ ਝਾਰਖੰਡ ਰਾਜ ਲਈ 40 ਸਾਲ ਸੰਘਰਸ਼ ਕੀਤਾ।

ਉਨ੍ਹਾ 1972 ਵਿੱਚ ਝਾਰਖੰਡ ਮੁਕਤੀ ਮੋਰਚਾ (ਜੇ ਐੱਮ ਐੱਮ) ਦੀ ਸਥਾਪਨਾ ਕੀਤੀ ਅਤੇ ਸੰਥਾਲ ਕਬਾਇਲੀ ਭਾਈਚਾਰੇ ਦੀਆਂ ਇੱਛਾਵਾਂ ਦੀ ਨੁਮਾਇੰਦਗੀ ਕਰਦੇ ਹੋਏ ਇੱਕ ਵੱਖਰੇ ਝਾਰਖੰਡ ਰਾਜ ਲਈ ਦਹਾਕਿਆਂ ਤੱਕ ਚੱਲੇ ਅੰਦੋਲਨ ਦੀ ਅਗਵਾਈ ਕੀਤੀ।

ਸ਼ਿਬੂ ਸੋਰੇਨ ਦਾ ਵਿਆਹ 1 ਜਨਵਰੀ 1962 ਨੂੰ ਰੂਪੀ ਕਿਸਕੂ ਨਾਲ ਹੋਇਆ। ਰੂਪੀ ਸੋਰੇਨ ਜਮਸ਼ੇਦਪੁਰ ਦੇ ਚੰਡਿਲ ਦੀ ਸੀ। ਦੋਹਾਂ ਦੇ ਘਰ ਤਿੰਨ ਪੁੱਤਰ ਦੁਰਗਾ ਸੋਰੇਨ, ਹੇਮੰਤ ਸੋਰੇਨ ਤੇ ਬਸੰਤ ਸੋਰੇਨ ਅਤੇ ਧੀ ਅੰਜਨੀ ਸੋਰੇਨ ਪੈਦਾ ਹੋਈ। ਦੁਰਗਾ ਸੋਰੇਨ ਦਾ ਪਹਿਲਾਂ ਹੀ ਦੇਹਾਂਤ ਹੋ ਚੁੱਕਾ ਹੈ।

ਸ਼ਿਬੂ ਸੋਰੇਨ ਤਿੰਨ ਵਾਰ ਝਾਰਖੰਡ ਦੇ ਮੁੱਖ ਮੰਤਰੀ ਬਣੇ। ਦੁਮਕਾ ਸੀਟ ਤੋਂ ਅੱਠ ਵਾਰ ਲੋਕ ਸਭਾ ਮੈਂਬਰ ਰਹਿਣ ਤੋਂ ਇਲਾਵਾ ਉਹ ਜਾਮਾ ਵਿਧਾਨ ਸਭਾ ਤੋਂ ਇੱਕ ਵਾਰ ਵਿਧਾਇਕ ਚੁਣੇ ਗਏ ਸਨ। ਉਹ ਤਿੰਨ ਵਾਰ ਰਾਜ ਸਭਾ ਦੇ ਮੈਂਬਰ ਬਣੇ। ਹੁਣ ਵੀ ਰਾਜ ਸਭਾ ਦੇ ਮੈਂਬਰ ਸਨ। 1987 ਤੋਂ 2025 ਤੱਕ ਲਗਾਤਾਰ 38 ਸਾਲ ਤੱਕ ਪਾਰਟੀ ਪ੍ਰਧਾਨ ਰਹਿਣ ਤੋਂ ਬਾਅਦ ਉਨ੍ਹਾ ਨੂੰ ਇਸ ਸਾਲ ਬਾਨੀ ਸਰਪ੍ਰਸਤ ਬਣਾਇਆ ਗਿਆ ਸੀ। ਸ਼ਿਬੂ ਸੋਰੇਨ ਦੀ ਥਾਂ ਹੇਮੰਤ ਸੋਰੇਨ ਹੁਣ ਪਾਰਟੀ ਦੇ ਪ੍ਰਧਾਨ ਹਨ।

## ਸੀ ਪੀ ਆਈ ਨੇ ਸੋਗ ਪ੍ਰਗਟਾਇਆ

**ਲੁਧਿਆਣਾ (ਐੱਮ ਐੱਸ ਭਾਟੀਆ)**

ਭਾਰਤੀ ਕਮਿਊਨਿਸਟ ਪਾਰਟੀ ਦੇ ਰਾਸ਼ਟਰੀ ਸਕੱਤਰੇਤ ਨੇ ਦੇਸ਼ ਦੇ ਸਭ ਤੋਂ ਸੀਨੀਅਰ ਕਬਾਇਲੀ ਨੇਤਾਵਾਂ ਵਿੱਚੋਂ ਇੱਕ ਅਤੇ ਝਾਰਖੰਡ ਦੇ ਰਾਜਨੀਤਕ ਜੀਵਨ ਵਿੱਚ ਇੱਕ ਉੱਚੀ ਸ਼ਖਸੀਅਤ ਸ਼ਿਬੂ ਸੋਰੇਨ ਦੇ ਦੇਹਾਂਤ 'ਤੇ ਸੋਗ ਪ੍ਰਗਟ ਕੀਤਾ ਹੈ। ਪਾਰਟੀ ਨੇ ਕਿਹਾ ਕਿ ਕਬਾਇਲੀ ਅਧਿਕਾਰਾਂ ਅਤੇ ਸਮਾਜਿਕ ਨਿਆਂ ਦੇ ਚੈਂਪੀਅਨ ਨੇ ਝਾਰਖੰਡ ਦੀ ਪਛਾਣ ਨੂੰ ਆਕਾਰ ਦੇਣ ਅਤੇ ਇਸ ਦੇ ਹਾਸ਼ੀਏ 'ਤੇ ਧੱਕੇ ਗਏ ਲੋਕਾਂ ਨੂੰ ਆਵਾਜ਼ ਦੇਣ ਵਿੱਚ ਮੁੱਖ ਭੂਮਿਕਾ ਨਿਭਾਈ।

ਸ਼ਿਬੂ ਸੋਰੇਨ ਸੀ ਪੀ ਆਈ ਨੇਤਾ ਬਿਨੋਦ ਬਿਹਾਰੀ ਮਹਤੋ ਅਤੇ ਮਾਰਕਸਵਾਦੀ ਨੇਤਾ ਰਾਏ ਦੇ ਨਾਲ ਝਾਰਖੰਡ ਮੁਕਤੀ ਮੋਰਚਾ ਦੇ ਸੰਸਥਾਪਕ ਸਨ, ਜੋ ਕਿ ਮਾਣ, ਜ਼ਮੀਨ ਅਤੇ ਮਾਨਤਾ ਲਈ ਕਬਾਇਲੀ ਸੰਘਰਸ਼ ਦਾ ਮੰਚ ਬਣ ਗਿਆ। ਆਦਿਵਾਸੀਆਂ ਦੇ ਲੋਕਤੰਤਰੀ ਦਾਅਵੇ ਅਤੇ ਝਾਰਖੰਡ ਦੇ ਰਾਜਨੀਤਕ ਵਿਕਾਸ ਵਿੱਚ ਉਨ੍ਹਾ ਦੇ ਯੋਗਦਾਨ ਨੂੰ ਸਤਿਕਾਰ ਨਾਲ ਯਾਦ ਕੀਤਾ ਜਾਵੇਗਾ।

ਸੀ ਪੀ ਆਈ ਇਸ ਦੁੱਖ ਦੀ ਘੜੀ ਵਿੱਚ ਉਨ੍ਹਾ ਦੀ ਪਤਨੀ ਰੂਪੀ ਸੋਰੇਨ, ਪੁੱਤਰਾਂ ਹੇਮੰਤ ਸੋਰੇਨ ਅਤੇ ਬਸੰਤ ਸੋਰੇਨ, ਧੀ ਅੰਜਲੀ ਸੋਰੇਨ, ਨੂੰਹ ਕਲਪਨਾ ਸੋਰੇਨ ਅਤੇ ਸਮੁੱਚੀ ਝਾਰਖੰਡ ਮੁਕਤੀ ਮੋਰਚਾ ਲੀਡਰਸ਼ਿਪ, ਕਾਡਰ ਅਤੇ ਉਨ੍ਹਾ ਦੇ ਸ਼ੁਭਚਿੰਤਕਾਂ ਪ੍ਰਤੀ ਆਪਣੀ ਦਿਲੀ ਸੰਵੇਦਨਾ ਪ੍ਰਗਟ ਕਰਦੀ ਹੈ।

## ਪੰਜਾਬ ਤੇ ਹਰਿਆਣਾ ਹਾਈ ਕੋਰਟ ਨੂੰ 10 ਨਵੇਂ ਜੱਜ ਮਿਲੇ

**ਚੰਡੀਗੜ੍ਹ** : ਪੰਜਾਬ ਤੇ ਹਰਿਆਣਾ ਦੇ 10 ਜ਼ਿਲ੍ਹਾ ਤੇ ਸੈਸ਼ਨ ਜੱਜਾਂ ਨੇ ਸੋਮਵਾਰ ਹਾਈ ਕੋਰਟ ਦੇ ਐਡੀਸ਼ਨਲ ਜੱਜਾਂ ਵਜੋਂ ਸਹੁੰ ਚੁੱਕੀ। ਇਸ ਨਾਲ ਹਾਈ ਕੋਰਟ ਦੇ ਜੱਜਾਂ ਦੀ ਨਫਰੀ 59 ਹੋ ਗਈ ਹੈ, ਜਦੋਂਕਿ ਮਨਜ਼ੂਰਸ਼ੁਦਾ ਅਸਾਮੀਆਂ 85 ਹਨ। ਹਾਈ ਕੋਰਟ ਵਿੱਚ 4,33,720 ਕੇਸ ਪੈਂਡਿੰਗ ਹਨ।

ਸਹੁੰ ਚੁੱਕਣ ਵਾਲਿਆਂ ਵਿੱਚ ਵੀਰਿੰਦਰ ਅਗਰਵਾਲ, ਮਨਦੀਪ ਪਨੂੰ, ਅਮਰਿੰਦਰ ਸਿੰਘ ਗਰੇਵਾਲ, ਪਰਮੋਦ ਗੋਇਲ, ਰੁਪਿੰਦਰਜੀਤ ਚਾਹਲ, ਸ਼ਾਲਿਨੀ ਸਿੰਘ ਨਾਗਪਾਲ, ਸੁਭਾਸ਼ ਮੇਹਲਾ, ਸੂਰੀਆ ਪ੍ਰਤਾਪ ਸਿੰਘ, ਆਰਾਧਨਾ ਸਾਹਨੀ ਅਤੇ ਯਸ਼ਵੀਰ ਸਿੰਘ ਰਾਠੌਰ ਸ਼ਾਮਲ ਹਨ।

# ਸੁਪਰੀਮ ਕੋਰਟ ਨੇ ਰਾਹੁਲ ਨੂੰ ਝਾੜਿਆ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ 'ਭਾਰਤ ਜੋੜੋ' ਯਾਤਰਾ ਦੌਰਾਨ ਭਾਰਤੀ ਫੌਜ ਬਾਰੇ ਕੀਤੀਆਂ ਕਥਿਤ ਨਿਰਾਦਰਯੋਗ ਟਿੱਪਣੀਆਂ ਲਈ ਰਾਹੁਲ ਗਾਂਧੀ ਦੀ ਤਿੱਖੀ ਨੁਕਤਾਚੀਨੀ ਕਰਦਿਆਂ ਕਿਹਾ ਕਿ ਜੇ ਤੁਸੀਂ ਸੱਚੇ ਭਾਰਤੀ ਹੋ, ਤਾਂ ਤੁਸੀਂ ਅਜਿਹਾ ਕੁਝ ਨਹੀਂ ਕਹਿੰਦੇ। ਹਾਲਾਂਕਿ ਕੋਰਟ ਨੇ ਇਸ ਮਾਮਲੇ ਵਿੱਚ ਲਖਨਊ ਦੀ ਇੱਕ ਅਦਾਲਤ ਵਿੱਚ ਰਾਹੁਲ ਵਿਰੁੱਧ ਕਾਰਵਾਈ 'ਤੇ ਰੋਕ ਲਗਾ ਦਿੱਤੀ। ਜਸਟਿਸ ਦੀਪਾਂਕਰ ਦੱਤਾ ਅਤੇ ਜਸਟਿਸ ਆਗਸਟੀਨ ਜਾਰਜ ਮਸੀਹ ਦੀ ਬੈਂਚ ਨੇ ਯੂ ਪੀ ਸਰਕਾਰ ਅਤੇ ਮਾਮਲੇ ਵਿੱਚ ਸ਼ਿਕਾਇਤਕਰਤਾ ਨੂੰ ਨੋਟਿਸ ਜਾਰੀ ਕੀਤਾ ਹੈ।

ਬੈਂਚ ਨੇ ਕਿਹਾ, 'ਤੁਸੀਂ ਵਿਰੋਧੀ ਧਿਰ ਦੇ ਨੇਤਾ ਹੋ। ਤੁਸੀਂ ਆਪਣੀ ਗੱਲ ਸੰਸਦ ਵਿੱਚ ਕਹੋ, ਤੁਸੀਂ ਸੋਸ਼ਲ ਮੀਡੀਆ 'ਤੇ ਇਹ ਕਿਉਂ ਕਿਹਾ? ਤੁਹਾਨੂੰ ਕਿਵੇਂ ਪਤਾ ਲੱਗਾ ਕਿ 2000 ਵਰਗ ਕਿਲੋਮੀਟਰ ਜ਼ਮੀਨ 'ਤੇ ਚੀਨੀਆਂ ਨੇ ਕਬਜ਼ਾ ਕਰ ਲਿਆ ਹੈ, ਜੇ ਤੁਸੀਂ ਸੱਚੇ ਭਾਰਤੀ ਹੋ, ਤਾਂ ਤੁਸੀਂ ਅਜਿਹੀ ਗੱਲ ਨਹੀਂ ਕਹਿੰਦੇ।' ਅਲਾਹਾਬਾਦ ਹਾਈ ਕੋਰਟ ਨੇ 29 ਮਈ ਨੂੰ ਰਾਹੁਲ ਦੀ ਪਟੀਸ਼ਨ ਖਾਰਜ ਕਰ ਦਿੱਤੀ ਸੀ।

ਰਾਹੁਲ ਨੇ ਸੰਮਨ ਦੇ ਹੁਕਮ ਅਤੇ ਸ਼ਿਕਾਇਤ ਨੂੰ ਸੁਪਰੀਮ ਕੋਰਟ ਵਿੱਚ ਚੁਣੌਤੀ ਦਿੰਦਿਆਂ ਦਲੀਲ ਦਿੱਤੀ ਸੀ ਕਿ ਇਹ ਕੇਸ ਗਲਤ ਤਰੀਕੇ ਨਾਲ ਦਰਜ ਕੀਤਾ ਗਿਆ। ਸ਼ਿਕਾਇਤਕਰਤਾ ਉਦੈ ਸ਼ੰਕਰ ਸ੍ਰੀਵਾਸਤਵ ਨੇ ਦੋਸ਼ ਲਗਾਇਆ ਸੀ ਕਿ ਦਸੰਬਰ 2022 ਵਿਚ ਕੱਢੀ ਯਾਤਰਾ ਦੌਰਾਨ ਰਾਹੁਲ ਨੇ ਚੀਨ ਨਾਲ ਜਾਰੀ ਸਰਹੱਦੀ ਟਕਰਾਅ ਦੇ ਸੰਦਰਭ ਵਿੱਚ ਭਾਰਤੀ ਫੌਜ ਬਾਰੇ ਕਈ ਅਪਮਾਨਜਨਕ ਟਿੱਪਣੀਆਂ ਕੀਤੀਆਂ ਸਨ।

# ਅਮਰੀਕਾ ਤੋਂ 45 ਲੱਖ ਬੈਰਲ ਕੱਚਾ ਤੇਲ ਲੈਣ ਦਾ ਸੌਦਾ

**ਨਵੀਂ ਦਿੱਲੀ** : ਦੇਸ਼ ਦੀ ਸਭ ਤੋਂ ਵੱਡੀ ਤੇਲ ਸੋਧਕ ਕੰਪਨੀ ਇੰਡੀਅਨ ਆਇਲ ਕਾਰਪੋਰੇਸ਼ਨ (ਆਈ ਓ ਸੀ) ਨੇ ਇੱਕ ਟੈਂਡਰ ਰਾਹੀਂ ਅਮਰੀਕਾ, ਕੈਨੇਡਾ ਤੇ ਮੱਧ-ਪੂਰਬ ਤੋਂ 70 ਲੱਖ ਬੈਰਲ ਕੱਚਾ ਤੇਲ ਖਰੀਦਿਆ ਹੈ, ਜਿਹੜਾ ਸਤੰਬਰ ਵਿੱਚ ਪਹੁੰਚੇਗਾ। ਖਬਰ ਏਜੰਸੀ 'ਰਾਇਟਰਜ਼' ਦੇ ਵਸੀਲਿਆਂ ਦੇ ਹਵਾਲੇ ਨਾਲ ਦੱਸਿਆ ਹੈ ਕਿ ਆਈ ਓ ਸੀ ਨੇ ਅਮਰੀਕਾ ਤੋਂ 45 ਲੱਖ ਬੈਰਲ, ਕੈਨੇਡਾ ਦੀ ਵੈਸਟਰਨ ਕੈਨੇਡੀਅਨ ਸਿਲੈਕਟ ਤੋਂ ਪੰਜ ਲੱਖ ਬੈਰਲ ਤੇ ਆਬੂਧਾਬੀ ਦੀ ਦਾਸ ਆਇਲ ਤੋਂ 20 ਲੱਖ ਬੈਰਲ ਦਾ ਸੌਦਾ ਕੀਤਾ ਹੈ। ਇਹ ਸੌਦੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਵੱਲੋਂ ਰੂਸ ਤੋਂ ਤੇਲ ਖਰੀਦਣ 'ਤੇ ਜੁਰਮਾਨਾ ਲਾਉਣ ਦੀ ਧਮਕੀ ਦਾ ਨਤੀਜਾ ਸਮਝੇ ਜਾ ਰਹੇ ਹਨ। ਰੂਸ ਤੋਂ ਭਾਰਤ ਨੂੰ ਡਿਸਕਾਊਂਟ 'ਤੇ ਤੇਲ ਮਿਲ ਰਿਹਾ ਸੀ। ਇਸੇ ਦੌਰਾਨ ਵ੍ਹਾਈਟ ਹਾਊਸ ਵਿਚ ਡਿਪਟੀ ਚੀਫ ਆਫ ਸਟਾਫ ਸਟੀਫਨ ਮਿੱਲਰ ਨੇ ਕਿਹਾ ਹੈ ਕਿ ਭਾਰਤ ਵੱਲੋਂ ਰੂਸ ਤੋਂ ਤੇਲ ਖਰੀਦਣਾ ਅਮਰੀਕਾ ਨੂੰ ਸਵੀਕਾਰ ਨਹੀਂ ਹੈ। ਉਸ ਨੇ ਦੋਸ਼ ਲਗਾਇਆ ਕਿ ਭਾਰਤ ਵੱਲੋਂ ਰੂਸ ਤੋਂ ਤੇਲ ਖਰੀਦੇ ਜਾਣ ਕਰਕੇ ਰੂਸ ਨੂੰ ਯੂਕਰੇਨ ਖਿਲਾਫ ਜੰਗ ਵਿਚ ਵਿੱਤੀ ਮਦਦ ਮਿਲੀ।

ਮਿੱਲਰ ਨੇ ਫਾਕਸ ਨਿਊਜ਼ ਨਾਲ ਇੱਕ ਇੰਟਰਵਿਊ ਵਿੱਚ ਕਿਹਾ, 'ਇਹ ਸਵੀਕਾਰਯੋਗ ਨਹੀਂ ਹੈ ਕਿ ਭਾਰਤ ਰੂਸ ਤੋਂ ਤੇਲ ਖਰੀਦ ਕੇ ਰੂਸ-ਯੂਕਰੇਨ ਜੰਗ ਵਿਚ ਵਿੱਤੀ ਮਦਦ ਪ੍ਰਦਾਨ ਕਰੇ। ਲੋਕ ਇਹ ਜਾਣ ਕੇ ਹੈਰਾਨ ਹੋਣਗੇ ਕਿ ਭਾਰਤ ਮੂਲ ਰੂਪ ਵਿੱਚ ਰੂਸੀ ਤੇਲ ਖਰੀਦਣ ਵਿੱਚ ਚੀਨ ਨਾਲ ਜੁੜਿਆ ਹੋਇਆ ਹੈ। ਇਹ ਇੱਕ ਹੈਰਾਨੀਜਨਕ ਤੱਥ ਹੈ।'

ਮਿੱਲਰ ਨੇ ਕਿਹਾ, 'ਰਾਸ਼ਟਰਪਤੀ ਟਰੰਪ ਦੇ ਭਾਰਤ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਹਮੇਸ਼ਾ ਹੀ ਬਹੁਤ ਵਧੀਆ ਸੰਬੰਧ ਰਹੇ ਹਨ, ਪਰ ਸਾਨੂੰ ਇਸ ਜੰਗ ਦੇ ਵਿੱਤ ਨਾਲ ਨਜਿੱਠਣ ਬਾਰੇ ਅਸਲੀਅਤ ਜਾਣਨੀ ਪਵੇਗੀ। ਲਿਹਾਜ਼ਾ ਰਾਸ਼ਟਰਪਤੀ ਟਰੰਪ ਲਈ ਯੂਕਰੇਨ ਵਿੱਚ ਚੱਲ ਰਹੀ ਜੰਗ ਨਾਲ ਕੂਟਨੀਤਕ, ਵਿੱਤੀ ਅਤੇ ਹੋਰ ਤਰੀਕਿਆਂ ਨਾਲ ਨਜਿੱਠਣ ਲਈ ਸਾਰੇ ਬਦਲ ਵਿਚਾਰਧੀਨ ਹਨ।' ਉਸ ਨੇ ਕਿਹਾ, 'ਭਾਰਤ ਸਾਡੇ ਉਤਪਾਦਾਂ ਨੂੰ ਸਵੀਕਾਰ ਨਹੀਂ ਕਰਦਾ, ਉਹ ਸਾਡੇ 'ਤੇ ਭਾਰੀ ਟੈਰਿਫ ਲਗਾਉਂਦਾ ਹੈ। ਅਸੀਂ ਇਹ ਵੀ ਜਾਣਦੇ ਹਾਂ ਕਿ ਉਹ ਇਮੀਗ੍ਰੇਸ਼ਨ ਨੀਤੀਆਂ 'ਤੇ ਬਹੁਤ ਧੋਖਾਧੜੀ ਕਰਦਾ ਹੈ। ਇਹ ਅਮਰੀਕੀ ਕਾਮਿਆਂ ਲਈ ਬਹੁਤ ਨੁਕਸਾਨਦੇਹ ਹੈ।'

## ਅੱਜ-ਨਾਮਾ

ਪਾਰਲੀਮੈਂਟ ਦੇ ਤੀਕਰ ਹੈ ਖਬਰ ਪਹੁੰਚੀ,
ਦਿੱਲੀ ਅੰਦਰ ਵੀ ਹੋਈ ਇੱਕ ਖੋਹ ਬੇਲੀ।
ਐੱਮ ਪੀ ਬੀਬੀ ਦੀ ਚੇਨੀ ਆ ਗਈ ਲੁੱਟੀ,
ਫਿਰਦੀ ਲਾਂਵਦੀ ਪੁਲਸ ਕੋਈ ਟੋਹ ਬੇਲੀ।
ਵਿਦੇਸ਼ੀ ਦੂਤਾਂ ਦੇ ਖੇਤਰ ਵਿੱਚ ਖੋਹ ਕੀਤੀ,
ਸਮਾਂ ਗਰਮੀਆਂ ਦਾ, ਮਾਘ ਨਾ ਪੋਹ ਬੇਲੀ।
ਕਹਿੰਦੀ ਸਰਕਾਰ ਹਾਲਾਤ ਕੰਟਰੋਲ ਹੇਠਾਂ,
ਅਪਰਾਧੀ ਸਕਣ ਨਾ ਕਿਸੇ ਨੂੰ ਛੋਹ ਬੇਲੀ।
ਹੋ ਗਿਆ ਜੁਰਮ ਸਰਕਾਰ ਦੀ ਅੱਖ ਹੇਠਾਂ,
ਮਾੜੇ ਤੱਤਾਂ ਦੀ ਬਾਹਲੀ ਆ ਚੜ੍ਹਤ ਬੇਲੀ।
ਹਾਲਤ ਵਿਗੜੀ ਹੈ ਦਿੱਸਦੀ ਹੋਰ ਤੋਂ ਹੋਰ,
ਲਿਖਿਆ ਕੰਧਾਂ 'ਤੇ ਕੋਈ ਨਾ ਪੜ੍ਹਤ ਬੇਲੀ।

-ਤੀਸ ਮਾਰ ਖਾਂ

# ਜੰਮੂ-ਕਸ਼ਮੀਰ ਦਾ ਰੁਤਬਾ ਬਹਾਲ ਕਰਨ ਲਈ ਡੀ. ਰਾਜਾ ਦਾ ਪ੍ਰਧਾਨ ਮੰਤਰੀ ਨੂੰ ਪੱਤਰ

**ਲੁਧਿਆਣਾ (ਐੱਮ ਐੱਸ ਭਾਟੀਆ)**

ਸੀ ਪੀ ਆਈ ਦੇ ਜਨਰਲ ਸਕੱਤਰ ਡੀ. ਰਾਜਾ ਨੇ ਜੰਮੂ-ਕਸ਼ਮੀਰ ਰਾਜ ਦਾ ਦਰਜਾ ਬਹਾਲ ਕਰਨ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਪੱਤਰ ਲਿਖਿਆ ਹੈ। ਉਨ੍ਹਾ ਪੱਤਰ ਵਿਚ ਕਿਹਾ ਹੈ-ਮੈਂ ਤੁਹਾਨੂੰ ਜੰਮੂ ਅਤੇ ਕਸ਼ਮੀਰ ਦੇ ਰਾਜ ਦਾ ਦਰਜਾ ਬਹਾਲ ਕਰਨ ਦੇ ਸਵਾਲ 'ਤੇ ਲਿਖ ਰਿਹਾ ਹਾਂ। ਇਹ ਮਾਮਲਾ ਨਾ ਸਿਰਫ਼ ਇਸ ਦੇ ਲੋਕਾਂ ਨਾਲ, ਸਗੋਂ ਸਾਡੇ ਸੰਵਿਧਾਨ ਦੀ ਭਾਵਨਾ ਅਤੇ ਭਾਰਤ ਦੇ ਸੰਘੀ ਲੋਕਾਚਾਰ ਨਾਲ ਵੀ ਸੰਬੰਧਤ ਹੈ। ਅਗਸਤ 2019 ਵਿੱਚ, ਜਦੋਂ ਧਾਰਾ 370 ਨੂੰ ਇਕਪਾਸੜ ਤੌਰ 'ਤੇ ਰੱਦ ਕਰ ਦਿੱਤਾ ਗਿਆ ਸੀ ਅਤੇ ਰਾਜ ਨੂੰ ਕੇਂਦਰ ਸ਼ਾਸਤ ਪ੍ਰਦੇਸ਼ ਵਿੱਚ ਬਦਲ ਦਿੱਤਾ ਗਿਆ ਸੀ, ਤਾਂ ਮੈਂ, ਹੋਰ ਇਕੋ ਜਿਹੀ ਸੋਚ ਵਾਲੇ ਨੇਤਾਵਾਂ ਦੇ ਨਾਲ ਸੰਸਦ ਵਿਚ ਇਸ ਕਦਮ ਦਾ ਵਿਰੋਧ ਕੀਤਾ ਸੀ। ਉਦੋਂ ਤੋਂ ਹੀ ਪੂਰਾ ਰਾਜ ਦਾ ਦਰਜਾ ਪ੍ਰਾਪਤ ਕਰਨ ਲਈ ਸਾਡਾ ਸੰਘਰਸ਼ ਜਾਰੀ ਹੈ। ਪੁਨਰਗਠਨ ਨੂੰ ਇੱਕ ਅਸਥਾਈ ਅਤੇ ਪਰਿਵਰਤਨਸ਼ੀਲ ਉਪਾਅ ਵਜੋਂ ਪੇਸ਼ ਕੀਤਾ ਗਿਆ ਸੀ ਅਤੇ ਤੁਸੀਂ ਖੁਦ ਜੰਮੂ ਅਤੇ ਕਸ਼ਮੀਰ ਅਤੇ ਦੇਸ਼ ਦੇ ਲੋਕਾਂ ਨੂੰ ਵਾਰ-ਵਾਰ ਭਰੋਸਾ ਦਿਵਾਇਆ ਸੀ ਕਿ ਜਲਦੀ ਤੋਂ ਜਲਦੀ ਰਾਜ ਦਾ ਦਰਜਾ ਬਹਾਲ ਕੀਤਾ ਜਾਵੇਗਾ। ਛੇ ਸਾਲਾਂ ਤੋਂ ਵੱਧ ਸਮੇਂ ਬਾਅਦ ਲੋਕ ਇੰਤਜ਼ਾਰ ਕਰ ਰਹੇ ਹਨ ਅਤੇ ਦਿੱਲੀ ਤੋਂ ਦੂਰੀ ਦਾ ਕੋਈ ਹੱਲ ਨਹੀਂ ਹੋਇਆ।



ਕਾਮਰੇਡ ਰਾਜਾ ਨੇ ਕਿਹਾ ਕਿ ਜੰਮੂ ਅਤੇ ਕਸ਼ਮੀਰ ਦੇ ਲੋਕਾਂ ਨੇ ਲੰਮੇ ਸਮੇਂ ਤੋਂ ਅਯੋਗ ਹੋਣ ਦੇ ਬਾਵਜੂਦ ਲੋਕਤੰਤਰ ਵਿੱਚ ਸ਼ਾਨਦਾਰ ਵਿਸ਼ਵਾਸ ਦਾ ਪ੍ਰਦਰਸ਼ਨ ਕੀਤਾ ਹੈ। ਹਾਲ ਹੀ ਵਿੱਚ ਹੋਈਆਂ ਵਿਧਾਨ ਸਭਾ ਚੋਣਾਂ ਵਿੱਚ ਉਨ੍ਹਾਂ ਵੱਲੋਂ ਰਿਕਾਰਡ ਤੋੜ ਹਿੱਸਾ ਲੈਣਾ, ਜਿਸ ਤੋਂ ਬਾਅਦ ਕੇਂਦਰ ਸ਼ਾਸਤ ਪ੍ਰਦੇਸ਼ ਪ੍ਰਸ਼ਾਸਨ ਦੀ ਨਿਗਰਾਨੀ ਹੇਠ ਦੁਖਦਾਈ ਪਹਿਲਗਾਮ ਅੱਤਵਾਦੀ ਹਮਲੇ ਦਾ ਸ਼ਾਂਤਮਈ ਅਤੇ ਸੰਯੁਕਤ ਜਵਾਬ ਮਿਲਿਆ, ਇਹ ਸ਼ਕਤੀਸ਼ਾਲੀ ਯਾਦ ਦਿਵਾਉਂਦੇ ਹਨ ਕਿ ਜਦੋਂ ਕਿ ਲੋਕ ਭਾਰਤ ਦੇ ਵਿਚਾਰ ਪ੍ਰਤੀ ਵਚਨਬੱਧ ਹਨ, ਜ਼ਮੀਨ ਤੇ ਸਭ ਕੁਝ ਆਮ ਨਹੀਂ। ਇਹ ਪਲ ਦਿਲਾਂ ਅਤੇ ਮਨਾਂ ਨੂੰ ਜਿੱਤਣ ਅਤੇ ਰਾਸ਼ਟਰੀ ਏਕਤਾ ਅਤੇ ਸੰਘੀ ਵਿਸ਼ਵਾਸ ਨੂੰ ਮਜ਼ਬੂਤ ਕਰਨ ਦੇ ਅਸਾਧਾਰਨ ਮੌਕੇ ਸਨ। ਫਿਰ ਵੀ ਰਾਜ ਦਾ ਦਰਜਾ ਨਾ ਹੋਣਾ ਇੱਕ ਪਰਛਾਵਾਂ ਪਾਉਂਦਾ ਰਹਿੰਦਾ ਹੈ ਅਤੇ ਇੱਕ ਸ਼ਾਸਨ ਢਾਂਚਾ ਜਿੱਥੇ ਲੋਕਤੰਤਰੀ ਤੌਰ 'ਤੇ ਚੁਣੀ ਗਈ ਸਰਕਾਰ ਕੇਂਦਰੀ ਨਿਯੰਤਰਣ ਦੇ ਨਿਰੰਤਰ ਦਬਦਬੇ ਹੇਠ ਕੰਮ ਕਰਦੀ ਹੈ, ਸਵੈ-ਸ਼ਾਸਨ ਦੇ ਵਿਚਾਰ ਨੂੰ ਕਮਜ਼ੋਰ ਕਰਦਾ ਹੈ।ਰਾਜ ਦਾ ਦਰਜਾ ਦੇਣ ਤੋਂ ਇਨਕਾਰ ਕਰਨਾ ਸਿਰਫ਼ ਇੱਕ ਖੇਤਰੀ ਮੁੱਦਾ ਨਹੀਂ, ਸਗੋਂ ਇੱਕ ਸੰਵਿਧਾਨਕ ਚਿੰਤਾ ਹੈ। ਸਾਡੇ ਇਤਿਹਾਸ ਵਿੱਚ ਰਸਤਾ ਹਮੇਸ਼ਾ ਕੇਂਦਰ ਸ਼ਾਸਤ ਪ੍ਰਦੇਸ਼ ਤੋਂ ਰਾਜ ਤੱਕ ਰਿਹਾ ਹੈ, ਕਦੇ ਵੀ ਉਲਟ ਨਹੀਂ। ਇਸ ਲੰਮੇ ਅਤੇ ਬੇਮਿਸਾਲ ਅਸ਼ਕਤੀਕਰਨ ਲਈ ਜੰਮੂ ਅਤੇ ਕਸ਼ਮੀਰ ਨੂੰ ਵੱਖਰਾ ਕਰਨਾ ਸਮਾਨਤਾ ਦੇ ਸਿਧਾਂਤ ਨੂੰ ਖਤਮ ਕਰ ਦਿੰਦਾ ਹੈ, ਜਿਸ ਨੂੰ ਤੁਸੀਂ ਅਗਸਤ 2019 ਦੀਆਂ ਤਬਦੀਲੀਆਂ ਨੂੰ ਜਾਇਜ਼ ਠਹਿਰਾਉਣ ਲਈ ਵਰਤਿਆ ਸੀ। ਇਹ ਇੱਕ ਖ਼ਤਰਨਾਕ ਮਿਸਾਲ ਵੀ ਸਥਾਪਤ ਕਰਦਾ ਹੈ, ਜਿੱਥੇ ਸਾਡੇ ਗਣਰਾਜ ਦੇ ਸੰਘੀ ਚਰਿੱਤਰ ਨੂੰ ਸੰਵਿਧਾਨਕ ਅਧਿਕਾਰ ਦੀ ਬਜਾਏ ਕੇਂਦਰੀ ਵਿਵੇਕ ਤੱਕ ਘਟਾਇਆ ਜਾ ਸਕਦਾ ਹੈ। ਸੰਘ ਅਤੇ ਜੰਮੂ ਅਤੇ ਕਸ਼ਮੀਰ ਵਿਚਕਾਰ ਸੰਘੀ ਸੰਬੰਧਾਂ ਨੂੰ ਬਹਾਲ ਕਰਨਾ ਕੋਈ ਰਿਆਇਤ ਨਹੀਂ, ਇਹ ਨਿਆਂ ਦਾ ਇੱਕ ਕਾਰਜ ਹੈ, ਇੱਕ ਸੰਵਿਧਾਨਕ ਰਾਹ ਸੁਧਾਰ ਹੈ ਅਤੇ ਇੱਕ ਅਜਿਹਾ ਸੰਕੇਤ ਹੈ, ਜੋ ਖੇਤਰ ਦੇ ਹਰ ਨਾਗਰਿਕ ਦੇ ਦਿਲਾਂ ਵਿੱਚ ਗੂੰਜੇਗਾ।ਇਸ ਪਿਛੋਕੜ ਵਿੱਚ ਮੈਂ ਤੁਹਾਨੂੰ ਸੰਸਦ ਦੇ ਚੱਲ ਰਹੇ ਮਾਨਸੂਨ ਸੈਸ਼ਨ ਦੌਰਾਨ ਜੰਮੂ ਅਤੇ ਕਸ਼ਮੀਰ ਦੇ ਰਾਜ ਦੇ ਦਰਜੇ ਨੂੰ ਬਹਾਲ ਕਰਨ ਲਈ ਇੱਕ ਬਿੱਲ ਲਿਆਉਣ ਦੀ ਦਿਲੋਂ ਬੇਨਤੀ ਕਰਦਾ ਹਾਂ। ਇਹ ਲੰਮੀ ਉਡੀਕ ਨੂੰ ਖਤਮ ਕਰਨ ਅਤੇ ਇਤਿਹਾਸਕ ਜ਼ਖ਼ਮਾਂ ਨੂੰ ਇੱਕ ਅਜਿਹੇ ਸੰਕੇਤ ਨਾਲ ਭਰਨ ਦਾ ਸਮਾਂ ਹੈ, ਜੋ ਰਾਸ਼ਟਰੀ ਏਕਤਾ ਅਤੇ ਸਾਡੀ ਸੰਵਿਧਾਨਕ ਨੈਤਿਕਤਾ ਦੋਵਾਂ ਨੂੰ ਮਜ਼ਬੂਤ ਕਰਦਾ ਹੈ। ਮੈਨੂੰ ਵਿਸ਼ਵਾਸ ਹੈ ਕਿ ਤੁਸੀਂ ਨਿਆਂ ਕਰੋਗੇ ਅਤੇ ਇਹ ਯਕੀਨੀ ਬਣਾਓਗੇ ਕਿ ਜੰਮੂ ਅਤੇ ਕਸ਼ਮੀਰ ਦੇ ਲੋਕ ਇੱਕ ਵਾਰ ਫਿਰ ਮਾਣ, ਅਧਿਕਾਰਾਂ ਅਤੇ ਲੋਕਤੰਤਰੀ ਸਵੈ-ਸ਼ਾਸਨ ਨਾਲ ਰਹਿ ਸਕਣ, ਜਿਸ ਦੀ ਸਾਡਾ ਸੰਵਿਧਾਨ ਗਰੰਟੀ ਦਿੰਦਾ ਹੈ।

## ਕਰਨਲ ਬਾਠ ਕੇਸ 'ਚ ਪੁਲਸ ਮੁਲਾਜ਼ਮਾਂ ਨੂੰ ਰਾਹਤ ਨਹੀਂ

**ਨਵੀਂ ਦਿੱਲੀ** : ਪਟਿਆਲਾ ਵਿੱਚ ਕਨਰਲ ਬਾਠ ਤੇ ਉਨ੍ਹਾ ਦੇ ਬੇਟੇ ਦੀ ਕੁੱਟਮਾਰ ਦੇ ਸੰਬੰਧ ਵਿੱਚ ਪੰਜਾਬ ਦੇ ਚਾਰ ਪੁਲਸ ਅਧਿਕਾਰੀਆਂ ਨੂੰ ਸੋਮਵਾਰ ਧੱਕਾ ਲੱਗਾ, ਜਦੋਂ ਸੁਪਰੀਮ ਕੋਰਟ ਦੇ ਜਸਟਿਸ ਸੰਜੇ ਕੁਮਾਰ ਤੇ ਜਸਟਿਸ ਸਤੀਸ਼ ਚੰਦਰ ਸ਼ਰਮਾ ਦੀ ਬੈਂਚ ਨੇ ਮਾਮਲੇ ਦੀ ਸੀ ਬੀ ਆਈ ਜਾਂਚ ਦੇ ਪੰਜਾਬ ਤੇ ਹਰਿਆਣਾ ਹਾਈ ਕੋਰਟ ਦੇ ਹੁਕਮ 'ਤੇ ਸਟੇਅ ਦੇਣ ਤੋਂ ਨਾਂਹ ਕਰ ਦਿੱਤੀ। ਬੈਂਚ ਨੇ ਪੁਲਸ ਅਧਿਕਾਰੀਆਂ ਨੂੰ ਇਹ ਵੀ ਕਿਹਾ ਕਿ ਫੌਜ ਦਾ ਸਨਮਾਨ ਕਰੋ, ਜਿਸ ਦੀ ਵਜ੍ਹਾ ਨਾਲ ਤੁਸੀਂ ਚੈਨ ਦੀ ਨੀਂਦ ਸੌਂਦੇ ਹੋ।

ਦੋਸ਼ ਹੈ ਕਿ 13-14 ਮਾਰਚ ਦੀ ਰਾਤ ਪਟਿਆਲਾ ਵਿੱਚ ਚਾਰ ਪੁਲਸ ਇੰਸਪੈਕਟਰਾਂ ਸਮੇਤ 12 ਪੁਲਸ ਮੁਲਾਜ਼ਮਾਂ ਨੇ ਹਰਬੰਸ ਢਾਬੇ 'ਤੇ ਪਾਰਕਿੰਗ ਵਿਵਾਦ 'ਤੇ ਕਰਨਲ ਤੇ ਉਸ ਦੇ ਬੇਟੇ 'ਤੇ ਹਮਲਾ ਕਰ ਦਿੱਤਾ ਸੀ।

ਪੀੜਤ ਪਰਵਾਰ ਨੇ ਪੁਲਸ ਜਾਂਚ ਤੋਂ ਅਸੰਤੁਸ਼ਟ ਹੁੰਦਿਆਂ ਹਾਈ ਕੋਰਟ ਵਿੱਚ ਅਪੀਲ ਕੀਤੀ ਸੀ, ਜਿਸ ਨੇ ਸੀ ਬੀ ਆਈ ਜਾਂਚ ਦਾ ਹੁਕਮ ਦਿੱਤਾ।

## ਜ਼ੋਨਲ ਖੇਡਾਂ 'ਚ ਐੱਸ ਆਰ ਐੱਸ ਵਿੱਦਿਆਪੀਠ ਦੀਆਂ ਵਿਦਿਆਰਥਣਾਂ ਦਾ ਸ਼ਾਨਦਾਰ ਪ੍ਰਦਰਸ਼ਨ



**ਸਮਾਣਾ (ਗੁਰਪਿਆਰ ਸਿੰਘ ਬੱਲ)**-69ਵੀਆਂ ਜ਼ੋਨਲ ਟੂਰਨਾਮੈਂਟ ਵਿੱਚ 2 ਅਗਸਤ 2025 ਨੂੰ ਐੱਸ ਆਰ ਐੱਸ ਵਿੱਦਿਆਪੀਠ ਸਮਾਣਾ ਵਿਖੇ ਅੰਡਰ-19 ਤੇ ਅੰਡਰ-17 ਕੁੜੀਆਂ ਦਾ ਸ਼ਤਰੰਜ ਖੇਡ ਮੁਕਾਬਲਾ ਕਰਵਾਇਆ ਗਿਆ, ਜਿਸ ਵਿੱਚ ਕਈ ਸਕੂਲਾਂ ਨੇ ਭਾਗ ਲਿਆ।ਇਸ ਖੇਡ ਮੁਕਾਬਲੇ ਵਿੱਚ ਐੱਸ ਆਰ ਐੱਸ ਵਿੱਦਿਆਪੀਠ ਸਮਾਣਾ ਦੀਆਂ ਵਿਦਿਆਰਥਣਾਂ ਅੰਡਰ-19 ਤਰਮਨਜੋਤ ਕੌਰ, ਚੇਸ਼ਪ੍ਰੀਤ ਕੌਰ, ਸੁਖਪ੍ਰੀਤ ਕੌਰ, ਪਵਨਜੋਤ ਕੌਰ, ਨਵਜੋਤ ਕੌਰ ਅਤੇ ਅੰਡਰ-17 ਸਰਗੀਤ ਕੌਰ, ਹਰਮਨਪ੍ਰੀਤ ਕੌਰ, ਹਰਗੁਨ ਕੌਰ, ਬਬਨਪ੍ਰੀਤ ਕੌਰ ਤੇ ਜਸਲੀਨ ਕੌਰ ਨੇ ਵੀ ਬੜੇ ਉਤਸ਼ਾਹ ਤੇ ਜੋਸ਼ ਨਾਲ ਭਾਗ ਲਿਆ।ਇਸ ਖੇਡ ਮੁਕਾਬਲੇ ਦਾ ਉਦੇਸ਼ ਵਿਦਿਆਰਥੀਆਂ ਵਿੱਚ ਖੇਡਾਂ ਪ੍ਰਤੀ ਰੁਚੀ ਨੂੰ ਵਧਾਉਣਾ ਤੇ ਉਨ੍ਹਾਂ ਦੀਆਂ ਖੇਡ ਕੁਸ਼ਲਤਾਵਾਂ ਨੂੰ ਨਿਖਾਰਨਾ ਸੀ।ਮੁਕਾਬਲੇ ਦੌਰਾਨ ਵਿਦਿਆਰਥਣਾਂ ਨੇ ਆਪਣੇ ਕੌਸ਼ਲ ਤੇ ਖੇਡ ਜਜ਼ਬੇ ਨਾਲ ਸਭ ਨੂੰ ਪ੍ਰਭਾਵਿਤ ਕੀਤਾ ਅਤੇ ਵਿਦਿਆਰਥਣਾਂ ਪ੍ਰਦਰਸ਼ਨ ਕਰਦੇ ਹੋਏ ਦੂਜਾ ਤੇ ਤੀਜਾ ਸਥਾਨ ਹਾਸਲ ਕਰਕੇ ਆਪਣੇ ਸਕੂਲ ਤੇ ਮਾਤਾ-ਪਿਤਾ ਦਾ ਨਾਮ ਰੌਸ਼ਨ ਕੀਤਾ।ਇਸ ਮੌਕੇ ਸਕੂਲ ਵਾਈਸ ਚੇਅਰਮੈਨ ਮਿਸ ਸਮਿਤਾ ਸਿੰਗਲਾ ਤੇ ਪ੍ਰਿੰਸੀਪਲ ਮਿਸ ਮਿਲੀ ਬੋਸ ਨੇ ਸਾਰੇ ਖਿਡਾਰੀਆਂ ਤੇ ਡੀਪੀਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਨੂੰ ਭਵਿੱਖ ਵਿੱਚ ਵੀ ਅਜਿਹੇ ਖੇਡ ਮੁਕਾਬਲਿਆਂ ਵਿੱਚ ਵਧ-ਚੜ੍ਹ ਕੇ ਹਿੱਸਾ ਲੈਣ ਦੀ ਪ੍ਰੇਰਨਾ ਦਿੱਤੀ।

## ਬੀ ਕੇ ਯੂ ਏਕਤਾ ਉਗਰਾਹਾਂ ਸਿਹਾਲ ਇਕਾਈ ਦੀ ਚੋਣ



**ਦਿੜ੍ਹਬਾ (ਜਸਵੀਰ ਲਾਡੀ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਦਿੜ੍ਹਬਾ ਦੇ ਪਿੰਡ ਇਕਾਈ ਸਿਹਾਲ ਵਿਖੇ ਪਿੰਡ ਦਾ ਅਜਲਾਸ ਸੱਦ ਕੇ ਸਰਬਸੰਮਤੀ ਨਾਲ ਪਿੰਡ ਇਕਾਈ ਦੀ ਨਵੇਂ ਸਿਰੇ ਤੋਂ ਚੋਣ ਕੀਤੀ ਗਈ। ਇਸ ਸਮੇਂ ਬਲਾਕ ਆਗੂ ਹਰਜੀਤ ਸਿੰਘ ਮਹਿਲਾਂ ਤੇ ਭਰਪੂਰ ਸਿੰਘ ਮੌੜਾਂ ਨੇ ਕਿਹਾ ਕਿ ਜਿਸ ਤਰ੍ਹਾਂ ਅੱਜ ਸਰਕਾਰ ਵੱਲੋਂ ਲੈਂਡ ਪੂਲਿੰਗ ਨੀਤੀ ਤਹਿਤ ਅਤੇ ਵੱਡੇ ਹਾਈਵੇ ਤੇ ਬੁਲਟ ਟਰੇਨਾਂ ਰਾਹੀਂ ਕਿਸਾਨਾਂ ਦੀਆਂ ਜ਼ਮੀਨਾਂ ਧੱਕੇ ਨਾਲ ਦੱਬੀਆਂ ਜਾ ਰਹੀਆਂ ਹਨ, ਨੂੰ ਰੋਕਣ ਲਈ ਜਥੇਬੰਦਕ ਹੋਣਾ ਸਮੇਂ ਦੀ ਮੁੱਖ ਲੋੜ ਹੈ ਤਾਂ ਕਿ ਜ਼ਮੀਨਾਂ 'ਤੇ ਕਾਰਪੋਰੇਟ ਹੱਲੇ ਨੂੰ ਰੋਕਿਆ ਜਾ ਸਕੇ। ਇਸ ਮੌਕੇ ਸਰਬਸੰਮਤੀ ਨਾਲ ਇਕਾਈ ਦਾ ਪ੍ਰਧਾਨ ਜਗਸੀਰ ਸਿੰਘ, ਜਨਰਲ ਸਕੱਤਰ ਸਤਗੁਰ ਸਿੰਘ, ਸੀਨੀਅਰ ਮੀਤ ਪ੍ਰਧਾਨ ਸ਼ੇਰ ਸਿੰਘ, ਖਜ਼ਾਨਚੀ ਸਾਗਰ ਸਿੰਘ, ਪ੍ਰੈੱਸ ਸਕੱਤਰ ਜਸਪਾਲ ਸਿੰਘ ਨੂੰ ਚੁਣਿਆ ਗਿਆ ਅਤੇ ਸਾਰੇ ਪਿੰਡਾਂ ਵਾਸੀਆਂ ਨੇ ਵਿਸ਼ਵਾਸ ਦਿਵਾਇਆ ਕਿ ਜਥੇਬੰਦੀ ਦੇ ਸੰਵਿਧਾਨ 'ਤੇ ਚੱਲਦੇ ਹੋਏ ਸੰਘਰਸ਼ਾਂ ਵਿੱਚ ਵਧ ਚੜ੍ਹ ਸਾਥ ਦੇਵਾਂਗੇ। ਇਸ ਸਮੇਂ ਹੋਰਨਾਂ ਤੋਂ ਇਲਾਵਾ ਬਲਾਕ ਆਗੂ ਅਮਨਦੀਪ ਸਿੰਘ ਮਹਿਲਾ, ਹਰਬੰਸ ਸਿੰਘ ਦਿੜ੍ਹਬਾ, ਜਸਵੰਤ ਸਿੰਘ ਸਮੂਰਾਂ, ਮੰਗੂ ਭਗਤ, ਰਾਮ ਸਿੰਘ, ਜੀਤ ਸਿੰਘ, ਦਰਸ਼ਨ ਸਿੰਘ, ਜਗਦੇਵ ਸਿੰਘ, ਸ਼ੇਰ ਸਿੰਘ ਆਦਿ ਹਾਜ਼ਰ ਸਨ।

## ਕਾਂਗਰਸ ਦਿਹਾਤੀ ਦੀ ਮੀਟਿੰਗ 'ਚ ਲੈਂਡ ਪੂਲਿੰਗ 'ਤੇ ਚਰਚਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਜ਼ਿਲ੍ਹਾ ਕਾਂਗਰਸ ਕਮੇਟੀ ਦੇ ਦਫਤਰ ਪਟਿਆਲਾ ਵਿਖੇ ਰਾਜੀਵ ਗਾਂਧੀ ਪੰਚਾਇਤੀ ਰਾਜ ਸੰਗਠਨ ਪੰਜਾਬ ਦੀ ਜ਼ਿਲ੍ਹਾ ਪਟਿਆਲਾ ਦੀ ਮੀਟਿੰਗ ਕੀਤੀ ਗਈ। ਮੀਟਿੰਗ ਦੀ ਪ੍ਰਧਾਨਗੀ ਹਰਵਿੰਦਰ ਸਿੰਘ ਖਨੌੜਾ ਪ੍ਰਧਾਨ ਜ਼ਿਲ੍ਹਾ ਕਾਂਗਰਸ ਕਮੇਟੀ ਪਟਿਆਲਾ ਤੇ ਹਰਪ੍ਰੀਤ ਸਿੰਘ ਢੀਂਡਸਾ ਰਾਜੀਵ ਗਾਂਧੀ ਪੰਚਾਇਤੀ ਰਾਜ ਸੰਗਠਨ ਪੰਜਾਬ ਦੇ ਜਰਨਲ ਸੈਕਟਰੀ ਦਵਾਰਾ ਮੀਟਿੰਗ ਕੀਤੀ ਗਈ, ਜਿਸ ਵਿੱਚ ਜ਼ਿਲ੍ਹਾ ਪ੍ਰਧਾਨ ਧਰਮ ਸਿੰਘ ਪੁਹਾੜਪਰ (ਦਿਹਾਤੀ) ਤੇ ਹਰਜਸਪਾਲ ਸਿੰਘ ਮਡੋੜ (ਸ਼ਹਿਰੀ) ਪ੍ਰਧਾਨ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਮੀਟਿੰਗ ਵਿੱਚ ਸੰਗਠਨ ਦੀ ਮਜ਼ਬੂਤੀ ਲਈ ਨਵੇਂ ਜ਼ਿਲ੍ਹਾ ਤੇ ਬਲਾਕ ਪ੍ਰਧਾਨ ਤੇ ਜਨਰਲ ਸਕੱਤਰ ਤੇ ਨਵੇਂ ਮੈਂਬਰਾਂ ਹੇਠਲੇ ਪੱਧਰ 'ਤੇ ਸੰਗਠਨ ਪੂਰਨ ਤੌਰ 'ਤੇ ਬਣਾਉਣ ਤੇ ਮਜ਼ਬੂਤ ਕਰਨ ਸੰਬੰਧੀ ਵਿਚਾਰ ਕੀਤਾ ਗਿਆ ਅਤੇ ਪੰਜਾਬ ਸਰਕਾਰ ਦੀ ਲੈਂਡ ਪੂਲਿੰਗ ਨੀਤੀ ਦਾ ਵਿਰੋਧ ਕੀਤਾ ਗਿਆ। ਮੀਟਿੰਗ ਵਿੱਚ ਪੰਜਾਬ ਪੰਚਾਇਤੀ ਰਾਜ ਸੰਗਠਨ ਕਾਂਗਰਸ, ਯੁਵਰਾਜ ਸ਼ਰਮਾ ਸੀਨੀਅਰ ਮੀਤ ਪ੍ਰਧਾਨ, ਪੰਚਾਇਤੀ ਰਾਜ ਕਾਂਗਰਸ ਸੰਗਠਨ, ਦਵਿੰਦਰ ਸਿੰਘ ਸਾਬਕਾ ਸਰਪੰਚ, ਪ੍ਰਧਾਨ ਬਲਾਕ ਪਸਿਆਣਾ ਪੰਚਾਇਤੀ ਰਾਜ, ਕੁਮਾਰ ਡਕਾਲਾ, ਸਤਵਿੰਦਰ ਸਿੰਘ (ਸ਼ੈਲੀ ਸਾਬਕਾ ਸਰਪੰਚ), ਯਾਦਵਿੰਦਰ ਢੀਂਡਸਾ, ਗਿਆਨ ਸਿੰਘ ਬਠੋਈ ਸਾਬਕਾ ਸਰਪੰਚ, ਨੈਬ ਸਿੰਘ ਭਾਨਰੀ, ਹਰਵਿੰਦਰ ਸਿੰਘ ਮੰਡੌੜ, ਰਤਨਜੀਤ ਜਾਹਲਾ ਕੋਆਰਡੀਨੇਟਰ ਹਲਕਾ ਸ਼ੁਤਰਾਣਾ, ਅਵਤਾਰ ਸਿੰਘ ਹਡਾਣਾ ਸਾਬਕਾ ਸਰਪੰਚ, ਸੁਭਾਸ਼ ਚੰਦ, ਜੋਨੀ ਸ਼ਰਮਾ ਅਰਨੋਲੀ ਆਦਿ ਹਾਜ਼ਰ ਸਨ। ਪ੍ਰਧਾਨ ਜੀ ਵੱਲੋਂ ਮੀਟਿੰਗ ਵਿੱਚ ਪਹੁੰਚੇ ਸਮੂਹ ਅਹੁਦੇਦਾਰਾਂ ਤੇ ਵਰਕਰਾਂ ਦਾ ਧੰਨਵਾਦ ਕੀਤਾ ਗਿਆ।

## ਭਾਜਪਾ ਸੁਭਾਸ਼ ਬਸਤੀ ਧਰਮਸ਼ਾਲਾ 'ਚ ਲਾਇਆ ਕੈਂਪ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-'ਬੀਜੇਪੀ ਦੇ ਸੇਵਾਦਾਰ, ਆ ਗਏ ਤੁਹਾਡੇ ਦੁਆਰ' ਪ੍ਰੋਗਰਾਮ ਅਧੀਨ ਸੁਭਾਸ਼ ਬਸਤੀ ਧਰਮਸ਼ਾਲਾ ਵਾਰਡ ਨੰਬਰ 23 ਮੋੜ ਰੋਡ ਵਿਖੇ ਕੈਂਪ ਲਾਇਆ ਗਿਆ।ਇਹ ਕੈਂਪ ਵਿਧਾਨ ਸਭਾ ਇੰਚਾਰਜ ਰਾਜੇਸ਼ ਗੋਰਾ ਪਠੇਲਾ ਦੀ ਅਗਵਾਈ ਹੇਠ ਲਾਇਆ ਗਿਆ, ਜਿਸ 'ਚ ਮੌਕੇ 'ਤੇ ਹੀ ਲੋਕਾਂ ਦੇ ਕੇਂਦਰ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਵੱਖ-ਵੱਖ ਸਹੂਲਤਾਂ ਦੇ ਕਾਰਡ ਬਣਾ ਕੇ ਦਿੱਤੇ ਗਏ। ਨਾਲ ਹੀ ਲੋਕਾਂ ਨੂੰ ਕੇਂਦਰ ਸਰਕਾਰ ਦੀਆਂ ਉਪਲਬਧੀਆਂ ਤੋਂ ਜਾਣੂ ਕਰਾਇਆ ਗਿਆ।ਵਿਧਾਨ ਸਭਾ ਇੰਚਾਰਜ ਰਾਜੇਸ਼ ਗੋਰਾ ਪਠੇਲਾ ਨੇ ਲੋਕਾਂ ਨੂੰ ਕੇਂਦਰ ਸਰਕਾਰ ਵੱਲੋਂ ਜਨਹਿੱਤ 'ਚ ਚਲਾਈਆਂ ਜਾ ਰਹੀਆਂ ਯੋਜਨਾਵਾਂ ਤੋਂ ਜਾਣੂ ਕਰਾਇਆ ਤੇ ਇਨ੍ਹਾਂ ਦਾ ਲਾਭ ਲੈਣ ਲਈ ਪ੍ਰੇਰਿਆ। ਇਸ ਮੌਕੇ ਕੈਂਪ ਇੰਚਾਰਜ ਨਵੀਨ ਕੁਮਾਰ ਮੋਰਵਾਲ ਪੰਜਾਬ ਜਰਨਲ ਸੈਕਟਰੀ ਯੁਵਾ ਮੋਰਚਾ, ਭਾਜਪਾ ਮੰਡਲ 3 ਦੇ ਪ੍ਰਧਾਨ ਰਜਿੰਦਰ ਕੁਮਾਰ ਭੁਜਿਆ ਵਾਲੇ, ਮੰਡਲ 1 ਦੇ ਪ੍ਰਧਾਨ ਪੂਜਾ ਕੱਕੜ, ਮੰਡਲ 3 ਮਹਿਲਾ ਮੋਰਚਾ ਦੇ ਪ੍ਰਧਾਨ ਸੀਮਾ ਰਾਣੀ, ਅਖਿਲ ਭਾਰਤੀ, ਸੁਖਦੇਵ ਸੁੱਖਾ, ਰਾਹੁਲ ਕਟਾਰੀਆ, ਸ਼ਿਵਨੰਦਨ ਬਿੱਲੂ ਕਟਾਰੀਆ, ਮਨੀਸ਼ ਧਮੀਜਾ, ਨੀਟਾ ਤੰਵਰ, ਸ਼ਮਿੰਦਰ ਸਿੰਘ ਸੇਖੋਂ, ਮੰਡਲ ਪ੍ਰਧਾਨ ਥਾਂਦੇਵਾਲਾ ਮੋਰ ਸਿੰਘ, ਦਵਿੰਦਰ ਸਿੰਘ, ਪਾਲਾ ਸਿੰਘ ਸਮੇਤ ਹੋਰ ਵੱਡੀ ਗਿਣਤੀ 'ਚ ਭਾਜਪਾ ਵਰਕਰ ਮੌਜੂਦ ਸਨ।

## ਬੁਗਰਾ ਸਕੂਲ ਦੇ ਬੱਚਿਆਂ ਦਾ ਨਕਦ ਪੁਰਸਕਾਰ ਨਾਲ ਸਨਮਾਨ



**ਧੂਰੀ (ਸੁਖਦੇਵ ਸ਼ਰਮਾ)**-ਲੇਖਕ ਜਗਦੇਵ ਸ਼ਰਮਾ ਬੁਗਰਾ ਨੇ ਸਰਕਾਰੀ ਹਾਈ ਸਕੂਲ ਬੁਗਰਾ ਦੇ ਹੋਣਹਾਰ ਵਿਦਿਆਰਥੀਆਂ ਦਾ ਨਕਦ ਪੁਰਸਕਾਰ ਦੇ ਕੇ ਸਨਮਾਨ ਕੀਤਾ। ਪ੍ਰਿੰਸੀਪਲ ਮੈਡਮ ਕਮਲਪ੍ਰੀਤ ਨੇ ਸਭ ਨੂੰ ਜੀ ਆਇਆਂ ਕਿਹਾ। ਜਗਦੇਵ ਸ਼ਰਮਾ ਨੇ ਬੱਚਿਆਂ ਨੂੰ ਦੁਨੀਆ ਦੀਆਂ ਮਹਾਨ ਸ਼ਖ਼ਸੀਅਤਾਂ ਦੀ ਮਿਹਨਤ ਸਦਕਾ ਕੀਤੀਆਂ ਸਫ਼ਲਤਾਵਾਂ ਦੀਆਂ ਉਦਾਹਰਣਾਂ ਦਿੱਤੀਆਂ ਤੇ ਅਜਿਹੇ ਵਿਅਕਤੀਆਂ ਦੀ ਜੀਵਨੀ ਤੋਂ ਪ੍ਰੇਰਣਾ ਲੈ ਕੇ ਅੱਗੇ ਵਧਣ ਦੀ ਸਲਾਹ ਦਿੱਤੀ। ਅਧਿਆਪਕ ਸ਼੍ਰੀ ਗਗਨਦੀਪ ਸਿੰਘ ਨੇ ਬੱਚਿਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਆ। ਬੱਚਿਆਂ ਨੇ ਗੀਤ, ਕਵਿਤਾਵਾਂ ਗਾ ਕੇ ਖੂਬ ਰੰਗ ਬੰਨ੍ਹਿਆ। ਦੋਵੇਂ ਸਕੂਲਾਂ ਦੇ ਅਧਿਆਪਕ ਸਾਹਿਬਾਨ, ਬੱਚਿਆਂ ਦੇ ਮਾਤਾ ਪਿਤਾ ਤੋਂ ਇਲਾਵਾ ਪਿੰਡ ਦੇ ਮੋਹਤਬਰ ਵਿਅਕਤੀ ਹਾਜ਼ਰ ਸਨ।

## ਧਨੇਰ 'ਚ ਅੱਖਾਂ ਦਾ ਮੁਫ਼ਤ ਚੈੱਕਅੱਪ ਕੈਂਪ ਲਾਇਆ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪਿੰਡ ਧਨੇਰ ਵਿਖੇ ਅੱਖਾਂ ਦਾ 14ਵਾਂ ਮੁਫ਼ਤ ਚੈੱਕਅਪ ਪਿਆਰਾ ਸਿੰਘ ਇੰਸਾਂ ਮਾਹਮਦਪੁਰ ਦੇ ਉੱਦਮ ਸਦਕਾ ਗੁਰੂ ਰਵਿਦਾਸ ਗੁਰਦੁਆਰਾ ਸਾਹਿਬ ਧਨੇਰ ਵਿਖੇ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਲਾਇਆ ਗਿਆ।ਕੈਂਪ ਦਾ ਉਦਘਾਟਨ ਸਰਪੰਚ ਅਮਨਪ੍ਰੀਤ ਕੌਰ ਧਨੇਰ, ਗ੍ਰਾਮ ਪੰਚਾਇਤ ਤੇ ਸਮੂਹ ਪ੍ਰਬੰਧਕਾਂ ਨੇ ਸਾਂਝੇ ਤੌਰ 'ਤੇ ਕੀਤਾ। ਇਸ ਮੌਕੇ ਏਕ ਜੋਤਿ ਹਸਪਤਾਲ ਮਲੇਰਕੋਟਲਾ ਦੇ ਮਾਹਿਰ ਡਾ. ਅਜੇ ਕੁਮਾਰ, ਡਾ. ਰਾਜਵੀਰ ਕੌਰ, ਸੰਦੀਪ ਸਿੰਘ ਦੀ ਅਗਵਾਈ ਹੇਠ ਸਹਿਯੋਗੀ ਟੀਮ ਨੇ 100 ਮਰੀਜ਼ਾਂ ਦੀ ਜਾਂਚ ਕੀਤੀ ਗਈ, ਜਦੋਂਕਿ 17 ਲੋੜਵੰਦ ਮਰੀਜ਼ਾਂ ਨੂੰ ਲੈਂਨਜ਼ ਪਾਉਣ ਲਈ ਰੈਫਰ ਕੀਤਾ ਗਿਆ।ਇਸ ਮੌਕੇ ਸਰਪੰਚ ਅਮਨਪ੍ਰੀਤ ਕੌਰ ਧਨੇਰ, ਪ੍ਰਧਾਨ ਮੇਘ ਸਿੰਘ, ਹੈੱਡ ਗ੍ਰੰਥੀ ਭਾਈ ਜਸਵੀਰ ਸਿੰਘ, ਸਰਪੰਚ ਲਖਵੀਰ ਸਿੰਘ ਮੂੰਮ, ਪੰਚ ਚਰਨਜੀਤ ਕੌਰ, ਪੰਚ ਮਨਪ੍ਰੀਤ ਕੌਰ, ਪੰਚ ਬਲਜੀਤ ਕੌਰ, ਪੰਚ ਜਗਤਾਰ ਸਿੰਘ, ਪੰਚ ਜਸਵਿੰਦਰ ਸਿੰਘ, ਪੰਚ ਬਲਜੀਤ ਕੌਰ, ਪੰਚ ਜਗਰੂਪ ਸਿੰਘ, ਚਰਨਜੀਤ ਸਿੰਘ ਪੰਚ ਆਦਿ ਦੀ ਅਗਵਾਈ ਹੇਠ ਸਮਾਜ ਸੇਵੀ ਪਿਆਰਾ ਸਿੰਘ ਇੰਸਾਂ, ਸਮੂਹ ਡਾਕਟਰ ਸਾਹਿਬਾਨ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।

## 2 ਕੁਇੰਟਲ 40 ਕਿੱਲੋ ਭੁੱਕੀ ਸਮੇਤ 2 ਨਸ਼ਾ ਤਸਕਰ ਕਾਬੂ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਐੱਸ ਐੱਸ ਪੀ ਮੈਡਮ ਅਮਨੀਤ ਕੋਂਡਲ ਨੇ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਆਰੰਭੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਬਠਿੰਡਾ ਪੁਲਸ (ਥਾਣਾ ਕੈਨਾਲ ਕਲੋਨੀ) ਨੇ 2 ਨਸ਼ਾ ਤਸਕਰਾਂ ਬਲਵਿੰਦਰ ਸਿੰਘ ਪੁੱਤਰ ਜਗਜੀਤ ਸਿੰਘ ਤੇ ਗਗਨਦੀਪ ਸਿੰਘ ਪੁੱਤਰ ਸਵਰਨ ਸਿੰਘ ਵਾਸੀ ਲਾਲ ਸਿੰਘ ਬਸਤੀ ਨੂੰ ਕਾਬੂ ਕਰਕੇ ਉਨ੍ਹਾਂ ਪਾਸੋਂ 2 ਕੁਇੰਟਲ 40 ਕਿੱਲੋ ਭੁੱਕੀ (ਡੋਡੇ ਪੋਸਤ) ਬਰਾਮਦ ਕੀਤੀ।ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਡੀ ਐੱਸ.ਪੀ. ਸਿਟੀ-1 ਬਠਿੰਡਾ ਸ੍ਰੀ ਸੰਦੀਪ ਸਿੰਘ ਭਾਟੀ ਨੇ ਦੱਸਿਆ ਕਿ ਪੁਲਸ ਦੀ ਰੇਡ ਦੌਰਾਨ ਮੁਲਜ਼ਮ ਬਲਵਿੰਦਰ ਸਿੰਘ ਦੇ ਘਰੋਂ 12 ਗੱਟੇ ਭੁੱਕੀ ਬਰਾਮਦ ਕੀਤੀ।ਉਨਦੱਸਿਆ ਕਿ ਮੁਲਜ਼ਮ ਗਗਨਦੀਪ ਸਿੰਘ 'ਤੇ ਪਹਿਲਾਂ ਵੀ ਸਾਲ 2020 'ਚ ਮੁਕੱਦਮਾ ਭੁੱਕੀ ਦੀ ਬਰਾਮਦੀ ਨੂੰ ਲੈ ਕੇ ਦਰਜ ਹੋਇਆ ਸੀ।ਉਨ੍ਹਾਂ ਦੱਸਿਆ ਕਿ ਮੁਲਜ਼ਮਾਂ ਨੂੰ ਰਿਮਾਂਡ 'ਤੇ ਲੈ ਕੇ ਅੱਗੇ ਹੋਰ ਪੁੱਛ-ਗਿੱਛ ਕੀਤੀ ਜਾਵੇਗੀ ਤੇ ਬਣਦੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

# ਨੀਨਾ ਮਿੱਤਲ ਵੱਲੋਂ 16 ਲੱਖ ਦੀ ਲਾਗਤ ਨਾਲ ਨਵੇਂ 11 ਕੇ ਵੀ ਫੀਡਰ ਦਾ ਉਦਘਾਟਨ



**ਰਾਜਪੁਰਾ (ਰਮੇਸ਼ ਕਟਾਰੀਆ)**-ਵਿਧਾਇਕ ਨੀਨਾ ਮਿੱਤਲ ਨੇ ਰਾਜਪੁਰਾ ਸਿਟੀ ਦੇ ਓਲਡ ਗਰਿੱਡ ਸਟੇਸ਼ਨ ਵਿਖੇ ਬਿਜਲੀ ਨਿਗਮ ਵੱਲੋਂ ਕਰੀਬ 16 ਲੱਖ ਰੁਪਏ ਦੀ ਲਾਗਤ ਨਾਲ ਸਿਟੀ ਰਾਜਪੁਰਾ ਲਈ ਨਿਰਵਿਘਨ ਬਿਜਲੀ ਸਪਲਾਈ ਦੇਣ ਲਈ ਨਵੇਂ 11 ਕੇਵੀ ਫੀਡਰ ਦਾ ਉਦਘਾਟਨ ਕੀਤਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸ਼ਹਿਰੀ ਖੇਤਰਾਂ ਵਿੱਚ ਨਿਰਵਿਘਨ ਅਤੇ ਗੁਣਵੱਤਾਪੂਰਨ ਬਿਜਲੀ ਸਪਲਾਈ ਨੂੰ ਯਕੀਨੀ ਬਣਾਉਣ ਨੂੰ ਤਰਜੀਹ ਦਿੱਤੀ ਗਈ ਹੈ।ਨਵੇਂ ਫੀਡਰ ਦੀ ਸ਼ੁਰੂਆਤ ਕਰਾਉਦਿਆਂ ਨੀਨਾ ਮਿੱਤਲ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਬਿਜਲੀ ਖੇਤਰ ਵਿੱਚ ਵੱਡੇ ਪੱਧਰ 'ਤੇ ਬੁਨਿਆਦੀ ਢਾਂਚੇ ਦੇ ਸੁਧਾਰ ਅਤੇ ਨਵੀਨੀਕਰਨ ਵੱਲ ਧਿਆਨ ਦੇ ਰਹੀ ਹੈ।ਉਨ੍ਹਾਂ ਕਿਹਾ ਕਿ ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ. ਦੇ ਦਿਸ਼ਾ-ਨਿਰਦੇਸ਼ ਹੇਠ ਬਿਜਲੀ ਨਿਗਮ ਨੂੰ ਹੋਰ ਕੁਸ਼ਲ ਤੇ ਜਵਾਬਦੇਹ ਬਣਾਇਆ ਜਾ ਰਿਹਾ ਹੈ।ਨੀਨਾ ਮਿੱਤਲ ਨੇ ਦੱਸਿਆ ਕਿ ਨਵੇਂ ਫੀਡਰ ਦੀ ਸਥਾਪਨਾ ਰਾਜਪੁਰਾ ਦੇ ਮਧੂਬਨ, ਡਾਲਿਮਾ, ਕੈਲੀਬਰ ਮਾਰਕਿਟ, ਕੰਨੀਕਾ ਗਾਰਡਨ ਆਦਿ ਇਲਾਕਿਆਂ ਨੂੰ ਲਾਭ ਪਹੁੰਚੇਗਾ।ਇਨ੍ਹਾਂ ਇਲਾਕਿਆਂ ਵਿੱਚ ਪਹਿਲਾਂ ਮੌਜੂਦਾ ਫੀਡਰਾਂ ਉੱਤੇ ਵੱਧ ਲੋਡ ਹੋਣ ਕਾਰਨ ਅਕਸਰ ਬਿਜਲੀ ਰੁਕਾਵਟਾਂ ਅਤੇ ਤਕਨੀਕੀ ਖਾਮੀਆਂ ਆਉਂਦੀਆਂ ਸਨ। ਨਵੇਂ 11 ਕੇ.ਵੀ ਫੀਡਰ ਦੀ ਸ਼ੁਰੂਆਤ ਨਾਲ ਇਨ੍ਹਾਂ ਸਮੱਸਿਆਵਾਂ ਤੋਂ ਛੁਟਕਾਰਾ ਮਿਲੇਗਾ ਤੇ ਬਿਜਲੀ ਸਪਲਾਈ ਹੋਰ ਵਿਸ਼ਵਾਸਯੋਗ ਹੋਵੇਗੀ।ਉਨ੍ਹਾਂ ਕਿਹਾ ਕਿ ਇਹ ਉਪਰਾਲਾ ਜ਼ੀਰੋ ਟ੍ਰਿਪਿੰਗ ਯੋਜਨਾ ਅਧੀਨ ਕੀਤਾ ਗਿਆ ਹੈ, ਜਿਸਦਾ ਮੂਲ ਮਕਸਦ ਸ਼ਹਿਰੀ ਖੇਤਰਾਂ ਨੂੰ ਲਗਾਤਾਰ, ਬਿਨਾਂ ਰੁਕਾਵਟ ਬਿਜਲੀ ਸਪਲਾਈ ਪ੍ਰਦਾਨ ਕਰਨਾ ਹੈ।ਇਹ ਯੋਜਨਾ ਪੰਜਾਬ ਸਰਕਾਰ ਦੀ ਊਰਜਾ ਖੇਤਰ ਵਿੱਚ ਨਵੀਨਤਾ ਦੀ ਪ੍ਰਤੀਕ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀ ਕੋਸ਼ਿਸ਼ ਹੈ ਕਿ ਹਰ ਘਰ, ਹਰੇਕ ਉਦਯੋਗ ਤੇ ਹਰੇਕ ਵਪਾਰੀ ਤੱਕ ਬਿਨਾਂ ਰੁਕਾਵਟ ਬਿਜਲੀ ਸਪਲਾਈ ਪਹੁੰਚਾਈ ਜਾਵੇ।

## ਲੈਂਡ ਪੂਲਿੰਗ ਨੀਤੀ ਕਿਸਾਨ-ਮਜ਼ਦੂਰ ਵਿਰੋਧੀ ਤੇ ਕਾਰਪੋਰੇਟ ਪੱਖੀ : ਐੱਮ ਸੀ ਪੀ ਆਈ (ਯੂ)



**ਦੋਰਾਹਾ (ਹਰਮਿੰਦਰ ਸੇਠ)**

ਐੱਮ ਸੀ ਪੀ ਆਈ (ਯੂ) ਤੇ ਏ ਆਈ ਕੇ ਐੱਫ ਦੇ ਨੁਮਾਇੰਦਿਆਂ ਦੀ ਸਾਂਝੀ ਮੀਟਿੰਗ ਏ ਆਈ ਕੇ ਐੱਫ ਦੇ ਕੁੱਲ ਹਿੰਦ ਪ੍ਰਧਾਨ ਪ੍ਰੇਮ ਸਿੰਘ ਭੰਗੂ ਦੀ ਪ੍ਰਧਾਨਗੀ ਹੇਠ ਪੰਜਾਬ ਸਰਕਾਰ ਵੱਲੋਂ ਲਿਆਂਦੀ ਕਿਸਾਨ ਵਿਰੋਧੀ, ਮਜ਼ਦੂਰ ਵਿਰੋਧੀ ਤੇ ਕਾਰਪੋਰੇਟ ਪੱਖੀ ਲੈਂਡ ਪੂਲਿੰਗ ਨੀਤੀ ਉੱਪਰ ਵਿਚਾਰ ਚਰਚਾ ਕਰਨ ਅਤੇ ਇਸ ਪ੍ਰਤੀ ਐੱਮ ਸੀ ਪੀ ਆਈ (ਯੂ) ਵਲੋਂ ਲੈਂਡ ਪੂਲਿੰਗ ਨੀਤੀ ਵਿਰੁੱਧ ਸੰਯੁਕਤ ਕਿਸਾਨ ਮੋਰਚੇ ਵਲੋਂ ਵਿੱਢੇ ਜਾ ਰਹੇ ਸੰਘਰਸ਼ ਦੇ ਸਮਰਥਨ ਲਈ ਕੀਤੀ ਗਈ। ਪ੍ਰੇਮ ਸਿੰਘ ਭੰਗੂ ਵੱਲੋਂ ਏ.ਆਈ.ਕੇ.ਐੱਫ ਬਾਰੇ ਅਤੇ ਐੱਮ.ਸੀ.ਪੀ.ਆਈ (ਯੂ) ਦੇ ਕੁੱਲ ਹਿੰਦ ਸਕੱਤਰ ਕੁਲਦੀਪ ਸਿੰਘ ਨੇ ਅੰਤਰਰਾਸ਼ਟਰੀ ਤੇ ਰਾਸ਼ਟਰੀ ਸਥਿਤੀ ਬਾਰੇ ਰਿਪੋਰਟਿੰਗ ਕੀਤੀ ਗਈ। ਪ੍ਰੇਮ ਸਿੰਘ ਭੰਗੂ ਨੇ ਪੰਜਾਬ ਸਰਕਾਰ ਵੱਲੋਂ ਲਿਆਂਦੀ ਲੈਂਡ ਪੂਲਿੰਗ ਨੀਤੀ ਨੂੰ ਆਪਣੀ ਰਿਪੋਰਟਿੰਗ ਵਿੱਚ ਕਿਸਾਨ ਵਿਰੋਧੀ ਮਜ਼ਦੂਰ ਵਿਰੋਧੀ ਤੇ ਕਾਰਪੋਰੇਟ ਪੱਖੀ ਦੱਸਦਿਆਂ ਕਿਹਾ ਕਿ ਇਹ ਨੀਤੀ ਇਕੱਲੇ ਕਿਸਾਨ ਲਈ ਹੀ ਤਬਾਹਕੁਨ ਸਾਬਤ ਨਹੀਂ ਹੋਵੇਗੀ, ਸਗੋਂ ਖੇਤੀਬਾੜੀ ਤੇ ਨਿਰਭਰ ਖੇਤ ਮਜ਼ਦੂਰ, ਡੇਅਰੀ ਫਾਰਮਿੰਗ ਦਾ ਧੰਦਾ ਕਰਨ ਵਾਲੇ ਅਤੇ ਪੋਲਟਰੀ ਫਾਰਮਿੰਗ ਅਤੇ ਹੋਰ ਧੰਦਾ ਕਰਨ ਵਾਲੇ ਲੋਕਾਂ ਦਾ ਰੁਜ਼ਗਾਰ ਖੁੱਸ ਜਾਵੇਗਾ। ਇਨ੍ਹਾਂ ਸਾਰਿਆਂ ਉੱਪਰ ਕਾਰਪੋਰੇਟ ਘਰਾਣੇ ਕਾਬਜ਼ ਹੋ ਜਾਣਗੇ ਤੇ ਮਹਿੰਗਾਈ ਜ਼ੋਰ ਫੜ ਜਾਵੇਗੀ। ਕੁਲਦੀਪ ਸਿੰਘ ਨੇ ਆਪਣੀ ਰਿਪੋਰਟਿੰਗ 'ਚ ਅੰਤਰਰਾਸ਼ਟਰੀ ਸਥਿਤੀ ਦਾ ਵਰਨਣ ਕਰਦਿਆਂ ਕਿਹਾ ਕਿ ਅਮਰੀਕਾ ਦੀ ਡਾਵਾਂ ਡੋਲ ਆਰਥਿਕਤਾ ਦਾ ਸਾਹਮਣਾ ਕਰਦੇ ਹੋਏ ਦੂਜੇ ਦੇਸ਼ਾਂ ਉੱਪਰ ਟੈਰਿਫ਼ ਵਧਾਏ ਜਾ ਰਹੇ ਹਨ ਤੇ ਉਨ੍ਹਾਂ ਦੇਸ਼ਾਂ ਉੱਪਰ ਆਪਣੀਆਂ ਸ਼ਰਤਾਂ ਠੋਸ ਰਿਹਾ ਹੈ। ਰੂਸ ਤੇ ਯੂਕਰੇਨ ਵਿਚਕਾਰ ਲੰਬੇ ਸਮੇਂ ਤੋਂ ਹੋ ਰਿਹਾ ਯੁੱਧ, ਇਜ਼ਰਾਈਲ ਵਲੋਂ ਗਾਜ਼ਾ ਪੱਟੀ ਉੱਪਰ ਕੀਤੇ ਜਾ ਰਹੇ ਗੈਰ ਮਨੁੱਖੀ ਅੱਤਿਆਚਾਰ ਪਿੱਛੇ ਅਮਰੀਕਨ ਸਾਮਰਾਜ ਦਾ ਹੱਥ ਹੋਣ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ। ਰਾਸ਼ਟਰੀ ਹਾਲਤ ਦਾ ਜ਼ਿਕਰ ਕਰਦਿਆਂ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਡੋਨਾਲਡ ਟਰੰਪ ਦੇ ਪਦ ਚਿੰਨ੍ਹਾਂ ਉੱਪਰ ਚੱਲ ਰਿਹਾ ਹੈ ਤੇ ਗੋਡੇ ਟੇਕ ਰਿਹਾ। ਪੰਜਾਬ ਸਰਕਾਰ ਵੱਲੋਂ ਲਿਆਂਦੀ ਲੈਂਡ ਪੂਲਿੰਗ ਨੀਤੀ ਨੂੰ ਕਿਸਾਨ ਵਿਰੋਧੀ, ਮਜ਼ਦੂਰ ਵਿਰੋਧੀ ਤੇ ਕਾਰਪੋਰੇਟ ਪੱਖੀ ਹੋਣ ਕਾਰਨ ਇਸ ਦਾ ਵਿਰੋਧ ਹੀ ਨਹੀਂ, ਇਸ ਨੂੰ ਹਰ ਹਾਲਤ ਵਿੱਚ ਲਾਗੂ ਹੋਣ ਤੋਂ ਰੋਕਣਾ ਹੋਵੇਗਾ। ਅੰਤ 'ਚ ਲੈਂਡ ਪੂਲਿੰਗ ਦਾ ਵਿਰੋਧ ਕਰਦੇ ਸਰਬਸੰਮਤੀ ਨਾਲ ਸੰਯੁਕਤ ਕਿਸਾਨ ਮੋਰਚੇ ਵੱਲੋਂ ਵਿੱਢੇ ਜਾ ਰਹੇ ਸੰਘਰਸ਼ ਦਾ ਸਮਰਥਨ ਕਰਨ ਦਾ ਫੈਸਲਾ ਕੀਤਾ ਗਿਆ।

## ਛੱਤੀਸਗੜ੍ਹ ਤੋਂ ਚੋਰੀ ਟਰੈਕਟਰ ਠੁੱਲੀਵਾਲ ਪੁਲਸ ਨੇ ਮਾਲਕਾਂ ਨੂੰ ਸੌਂਪਿਆ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਥਾਣਾ ਠੁੱਲੀਵਾਲ (ਬਰਨਾਲਾ) ਦੀ ਅਗਵਾਈ ਹੇਠ ਪੁਲਸ ਪਾਰਟੀ ਨੇ ਛੱਤੀਸਗੜ੍ਹ ਤੋਂ ਚੋਰੀ ਹੋਇਆ ਮਹਿੰਦਰਾ ਟਰੈਕਟਰ ਲੱਭ ਕੇ ਅਸਲ ਮਾਲਕ ਤੱਕ ਪੁਚਾਉਣ ਦਾ ਮਾਮਲਾ ਸਾਹਮਣੇ ਆਇਆ ਹੈ।ਮੁੱਖ ਅਫ਼ਸਰ ਗੁਰਮੇਲ ਸਿੰਘ ਨੇ ਦੱਸਿਆ ਕਿ ਮਹਿੰਦਰਾ ਟਰੈਕਟਰ 575 ਡੀ ਆਈ, ਜੋ ਕੁੱਝ ਦਿਨ ਪਹਿਲਾਂ ਛੱਤੀਸਗੜ੍ਹ ਤੋਂ ਚੋਰੀ ਹੋਇਆ ਸੀ, ਉਹ ਪਿੰਡ ਅਮਲਾ ਸਿੰਘ ਵਾਲਾ (ਬਰਨਾਲਾ) ਨੇੜਲੇ ਡਰੇਨ ਦੀ ਪਟੜੀ ਉੱਤੇ ਲਵਾਰਸ ਹਾਲਤ 'ਚ ਖੜ੍ਹਾ ਸੀ।ਤੁਰੰਤ ਕਾਰਵਾਈ ਕਰਦਿਆਂ ਠੁੱਲੀਵਾਲ ਪੁਲਿਸ ਪਾਰਟੀ ਨੇ ਟਰੈਕਟਰ ਨੂੰ ਕਬਜ਼ੇ ਵਿੱਚ ਲੈ ਲਿਆ।ਟਰੈਕਟਰ ਦੇ ਇੰਜਣ ਨੰਬਰ ਰਾਹੀਂ ਡੂੰਘੀ ਜਾਂਚ ਪੜਤਾਲ ਉਪਰੰਤ ਮਿਲੇ ਮੋਬਾਈਲ ਨੰਬਰ ਉਪਰ ਅਸਲ ਮਾਲਕ ਨਾਲ ਸੰਪਰਕ ਕੀਤਾ ਗਿਆ।ਟਰੈਕਟਰ ਨੂੰ ਉਭੈ ਰਾਮ ਸਾਹੂ ਵਾਸੀ ਅੰਜੋਰਾ, ਤਹਿਸੀਲ ਅਤੇ ਜ਼ਿਲ੍ਹਾ ਦੁਰਗ, ਛਤੀਸਗੜ੍ਹ ਨੂੰ ਮੁਹਤਬਰਾਂ ਦੀ ਹਾਜ਼ਰੀ 'ਚ ਠੁੱਲੀਵਾਲ ਪੁਲਿਸ ਵੱਲੋਂ ਸੌਂਪ ਦਿੱਤਾ ਗਿਆ।

## ਬਾਬਾ ਫ਼ਰੀਦ ਸੀਨੀ. ਸੈਕੰ. ਸਕੂਲ ਵੱਲੋਂ ਅਨੁਭਵੀ ਸਿੱਖਿਆ ਨੂੰ ਉਤਸ਼ਾਹਤ ਕਰਨ ਲਈ ਵਿੱਦਿਅਕ ਦੌਰੇ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਬਾਬਾ ਫ਼ਰੀਦ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਬਠਿੰਡਾ ਦੇ ਬਾਬਾ ਫ਼ਰੀਦ ਸੀਨੀਅਰ ਸੈਕੰਡਰੀ ਸਕੂਲ (ਬੀ.ਐੱਫ.ਐੱਸ.ਐੱਸ.ਐੱਸ.) ਨੇ ਵਿਭਾਗ ਮੁਖੀਆਂ ਤੇ ਸਮਰਪਤ ਫੈਕਲਟੀ ਮੈਂਬਰਾਂ ਦੀ ਅਗਵਾਈ ਹੇਠ ਵੱਖ-ਵੱਖ ਸਟਰੀਮਾਂ (ਵਿਸ਼ਿਆਂ) ਦੇ ਵਿਦਿਆਰਥੀਆਂ ਲਈ ਇੱਕ ਦਿਨਾ ਵਿੱਦਿਅਕ ਦੌਰਿਆਂ ਦਾ ਸਫਲਤਾਪੂਰਵਕ ਆਯੋਜਨ ਕੀਤਾ। ਇਨ੍ਹਾਂ ਦੌਰਿਆਂ ਦਾ ਉਦੇਸ਼ ਅਨੁਭਵੀ ਸਿੱਖਿਆ ਨੂੰ ਵਧਾਉਣਾ ਤੇ ਵਿਦਿਆਰਥੀਆਂ ਨੂੰ ਸੱਭਿਆਚਾਰਕ, ਇਤਿਹਾਸਕ ਤੇ ਅਧਿਆਤਮਕ ਵਿਰਾਸਤ ਨਾਲ ਜੋੜਨਾ ਸੀ। ਆਰਟਸ ਤੇ ਕਾਮਰਸ ਸਟਰੀਮ ਦੇ ਵਿਦਿਆਰਥੀਆਂ ਨੇ ਭਾਰਤ ਦੀ ਅਮੀਰ ਵਿਰਾਸਤ ਬਾਰੇ ਸਮਝ ਪ੍ਰਾਪਤ ਕਰਨ ਲਈ ਸ਼੍ਰੀ ਹਰਿਮੰਦਰ ਸਾਹਿਬ ਅਤੇ ਜਲ੍ਹਿਆਂਵਾਲਾ ਬਾਗ਼ ਦੇ ਦੌਰੇ ਦੇ ਨਾਲ-ਨਾਲ ਰਵਾਇਤੀ ਪੰਜਾਬੀ ਜੀਵਨ ਵਿੱਚ ਸੱਭਿਆਚਾਰ ਬਾਰੇ ਜਾਨਣ ਲਈ ਸ੍ਰੀ ਅੰਮ੍ਰਿਤਸਰ ਸਾਹਿਬ ਦਾ ਦੌਰਾ ਕੀਤਾ। ਇਸ ਦੇ ਨਾਲ ਹੀ ਸਾਇੰਸ ਸਟਰੀਮ ਦੇ ਵਿਦਿਆਰਥੀਆਂ ਨੇ ਸ੍ਰੀ ਚਮਕੌਰ ਸਾਹਿਬ ਵਿਖੇ ਦਾਸਤਾਨ-ਏ-ਸ਼ਹਾਦਤ, ਚੰਦਾ ਬੁਰਜ, ਟੋਡਰ ਮੱਲ ਦੀ ਹਵੇਲੀ, 22 ਜੀ ਹਵੇਲੀ ਤੇ ਹੋਰ ਮਹੱਤਵਪੂਰਨ ਸਥਾਨਾਂ ਦਾ ਦੌਰਾ ਕੀਤਾ ਅਤੇ ਸਿੱਖ ਇਤਿਹਾਸ ਤੇ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਯੁੱਗ ਦੀਆਂ ਕੁਰਬਾਨੀਆਂ ਦੀ ਸਮਝ ਨੂੰ ਡੂੰਘਾ ਕੀਤਾ। ਬਾਬਾ ਫ਼ਰੀਦ ਸਕੂਲ ਦੀ ਇਸ ਪਹਿਲਕਦਮੀ ਦੀ ਬਾਬਾ ਫ਼ਰੀਦ ਗਰੁੱਪ ਆਫ਼ ਇੰਸਟੀਚਿਊਸ਼ਨਜ਼ (ਬੀ.ਐੱਫ.ਜੀ.ਆਈ.) ਦੇ ਚੇਅਰਮੈਨ ਡਾ. ਗੁਰਮੀਤ ਸਿੰਘ ਧਾਲੀਵਾਲ, ਕੈਂਪਸ ਡਾਇਰੈਕਟਰ ਡਾ. ਐੱਮ. ਪੀ. ਪੂਨੀਆ ਤੇ ਸਕੂਲ ਦੇ ਪ੍ਰਿੰਸੀਪਲ ਡਾ. ਬਲਜਿੰਦਰ ਸਿੰਘ ਨੇ ਭਰਪੂਰ ਸ਼ਲਾਘਾ ਕਰਦਿਆਂ ਪ੍ਰਬੰਧਕੀ ਟੀਮ ਦੇ ਯਤਨਾਂ ਦੀ ਪ੍ਰਸ਼ੰਸਾ ਕੀਤੀ ਤੇ ਅਜਿਹੇ ਹੋਰ ਸਿੱਖਣ ਦੇ ਮੌਕਿਆਂ ਨੂੰ ਉਤਸ਼ਾਹਤ ਕੀਤਾ।

# ਅੰਮ੍ਰਿਤਸਰ ਦੇ ਵਕੀਲ ਦੀ ਹੱਤਿਆ ਦੇ ਰੋਸ ਵਜੋਂ ਬਾਰ ਐਸੋਸੀਏਸ਼ਨ ਵੱਲੋਂ ਹੜਤਾਲ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਸਮਾਣਾ ਬਾਰ ਐਸੋਸੀਏਸ਼ਨ ਦੀ ਇੱਕ ਵਿਸ਼ੇਸ਼ ਮੀਟਿੰਗ ਬਾਰ ਪ੍ਰਧਾਨ ਐਡਵੋਕੇਟ ਨਵਦੀਪ ਸਿੰਘ ਢਿੱਲੋਂ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਅੰਮ੍ਰਿਤਸਰ ਦੀ ਬਾਰ ਐਸੋਸੀਏਸ਼ਨ ਵੱਲੋਂ ਦਿੱਤੇ ਹੜਤਾਲ ਦੇ ਸੱਦੇ 'ਤੇ ਸਮਾਣਾ ਬਾਰ ਐਸੋਸੀਏਸ਼ਨ ਵੱਲੋਂ ਹੜਤਾਲ ਕਰਨ ਦਾ ਮਤਾ ਪਾਸ ਕਰਕੇ ਹੜਤਾਲ ਕੀਤੀ ਅਤੇ ਅਦਾਲਤਾਂ ਦਾ ਕੰਮ-ਕਾਜ ਠੱਪ ਰੱਖਿਆ।ਇਸ ਸਬੰਧੀ ਜਾਣਕਾਰੀ ਦਿੰਦਿਆਂ ਬਾਰ ਐਸੋਸੀਏਸ਼ਨ ਸਮਾਣਾ ਦੇ ਪ੍ਰਧਾਨ ਐਡਵੋਕੇਟ ਨਵਦੀਪ ਸਿੰਘ ਢਿੱਲੋਂ ਨੇ ਦੱਸਿਆ ਕਿ ਅੰਮ੍ਰਿਤਸਰ ਤੇ ਵਕੀਲ ਲਖਵਿੰਦਰ ਸਿੰਘ ਦੀ ਹੱਤਿਆ ਕਰ ਦਿੱਤੀ ਗਈ ਹੈ, ਜਿਸ ਦੇ ਦੋ ਰੋਸ ਵਜੋਂ ਅੰਮ੍ਰਿਤਸਰ ਬਾਰ ਨੇ ਪੰਜਾਬ ਦੀਆਂ ਅਦਾਲਤਾਂ ਵਿੱਚ ਹੜਤਾਲ ਕਰਨ ਦਾ ਸੱਦਾ ਦਿੱਤਾ ਹੈ, ਜਿਸ ਦੇ ਮੱਦੇਨਜ਼ਰ ਅੱਜ ਬਾਰ ਐਸੋਸੀਏਸ਼ਨ ਸਮਾਣਾ ਨੇ ਹੜਤਾਲ ਕੀਤੀ ਹੈ ਤਾਂ ਜੋ ਮ੍ਰਿਤਕ ਐਡਵੋਕੇਟ ਲਖਵਿੰਦਰ ਸਿੰਘ ਦੇ ਪਰਿਵਾਰ ਨੂੰ ਇਨਸਾਫ ਮਿਲ ਸਕੇ।ਇਸ ਮੌਕੇ ਮੀਤ ਪ੍ਰਧਾਨ ਐਡਵੋਕੇਟ ਸੰਦੀਪ ਜਿੰਦਲ, ਸੈਕਟਰੀ ਐਡਵੋਕੇਟ ਕਸ਼ਮੀਰ ਸਿੰਘ ਚੁੰਬਰ, ਜਾਇੰਟ ਸੈਕਟਰੀ ਕੁਲਜੀਤ ਸਿੰਘ ਵਿਰਕ, ਕੈਸ਼ੀਅਰ ਬਘੇਲ ਸਿੰਘ ਸੰਧੂ, ਲਾਇਬ੍ਰੇਰੀਅਨ ਖੁਆਬ ਸੋਨੀ, ਐਗਜ਼ੈਕਟਿਵ ਮੈਂਬਰ ਜਸਵਿੰਦਰ ਸਿੰਘ ਗੋਲਣ, ਅਰੁਣਦੀਪ ਸਿੰਘ ਸੰਧੂ, ਨੇਹਾ ਚੋਪੜਾ ਤੋਂ ਇਲਾਵਾ ਐਡਵੋਕੇਟ ਰਵਿੰਦਰ ਸਹੋਤਾ, ਹਰਿੰਦਰ ਪਾਲ ਸਿੰਘ ਹੈਪੀ, ਲਵਲੀ ਗਰਗ, ਜੱਜ ਸਿੰਘ, ਅਨੁਰੂਪ ਗਰਗ, ਰਿਸ਼ੀ ਚੋਪੜਾ, ਪੀ ਐੱਸ ਕੰਡਾ, ਰੋਮੀ ਵਡੇਰਾ, ਮਹਿੰਦਰ ਪਾਲ ਸਿੰਘ ਕੌਹਰੀਆਂ ਤੋਂ ਇਲਾਵਾ ਹੋਰ ਵੀ ਵਕੀਲ ਸਾਹਿਬਾਨ ਹਾਜ਼ਰ ਸਨ।

## ...ਸ.ਫ਼ਾ 1 ਦੇ ਬਾਕੀ

### ਨਾਭਾ ਜੇਲ੍ਹ 'ਚ ਬੰਦ ਸਿਆਸੀ ...

ਕਿ ਵਿਲੇਜ ਡਿਫੈਂਸ ਕਮੇਟੀਆਂ ਅਤੇ ਵਾਰਡ ਡਿਫੈਂਸ ਕਮੇਟੀਆਂ ਦਾ ਗਠਨ ਚਾਰ ਮੈਂਬਰੀ ਕਮੇਟੀ ਕਰੇਗੀ, ਜਿਨ੍ਹਾਂ ਵਿੱਚ ਪਿੰਡ ਦਾ ਸਰਪੰਚ ਜਾਂ ਵਾਰਡ ਦਾ ਕੌਂਸਲਰ, 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦਾ ਮੈਂਬਰ, ਬੀ ਡੀ ਪੀ ਓ ਜਾਂ ਬੀ ਡੀ ਪੀ ਓ ਦਾ ਨੁਮਾਇੰਦਾ ਅਤੇ ਐੱਸ ਐੱਚ ਓ. ਜਾਂ ਐੱਸ ਐੱਚ ਓ ਦਾ ਨੁਮਾਇੰਦਾ ਸ਼ਾਮਲ ਹੋਵੇਗਾ। ਇਨ੍ਹਾਂ ਕਮੇਟੀਆਂ ਵਿੱਚ ਆਬਾਦੀ ਦੇ ਹਿਸਾਬ ਨਾਲ 10 ਤੋਂ 20 ਮੈਂਬਰ ਹੋਣਗੇ। ਇਨ੍ਹਾਂ ਡਿਫੈਂਸ ਕਮੇਟੀਆਂ ਵਿੱਚ ਨਸ਼ਿਆਂ ਦੀ ਅਲਾਮਤ ਦੇ ਖਿਲਾਫ਼ ਕੰਮ ਕਰ ਰਹੇ ਸਾਫ-ਸੁਥਰੇ ਅਕਸ ਵਾਲੇ ਲੋਕਾਂ ਨੂੰ ਸ਼ਾਮਲ ਕੀਤਾ ਜਾਵੇਗਾ, ਜਿਨ੍ਹਾਂ ਵਿੱਚ ਸੇਵਾ-ਮੁਕਤ ਫੌਜੀਆਂ, ਅਧਿਆਪਕਾਂ ਅਤੇ ਨੰਬਰਦਾਰਾਂ ਨੂੰ ਤਰਜੀਹ ਦਿੱਤੀ ਜਾਵੇਗੀ। ਇਹ ਕਮੇਟੀ ਸੰਬੰਧਤ ਇਲਾਕੇ ਦੇ ਐੱਸ ਡੀ ਐੱਮ ਵੱਲੋਂ ਨੋਟੀਫਾਈ ਕੀਤੀ ਜਾਵੇਗੀ। ਮਾਨ ਨੇ ਦੱਸਿਆ ਕਿ ਇਨ੍ਹਾਂ ਕਮੇਟੀਆਂ ਦੇ ਮੈਂਬਰਾਂ ਨੂੰ ਸਰਕਾਰ ਵੱਲੋਂ ਵਿਸ਼ੇਸ਼ ਸ਼ਨਾਖਤੀ ਕਾਰਡ ਵੀ ਜਾਰੀ ਕੀਤੇ ਜਾਣਗੇ, ਤਾਂ ਕਿ ਨਸ਼ਾ ਤਸਕਰਾਂ ਬਾਰੇ ਕੋਈ ਵੀ ਇਤਲਾਹ ਦੇਣ ਜਾਂ ਨਸ਼ਿਆਂ ਦੀ ਰੋਕਥਾਮ ਬਾਰੇ ਹੋਰ ਸਰਗਰਮੀਆਂ ਕਰਵਾਉਣ ਬਾਰੇ ਪ੍ਰਸ਼ਾਸਨ ਨਾਲ ਰਾਬਤਾ ਕਾਇਮ ਕੀਤਾ ਜਾ ਸਕੇ।ਨਾਭਾ ਜੇਲ੍ਹ ਵਿੱਚ ਬੰਦ ਸਾਬਕਾ ਅਕਾਲੀ ਮੰਤਰੀ ਦੇ ਹੱਕ ਵਿੱਚ ਆਏ ਰਵਾਇਤੀ ਪਾਰਟੀਆਂ ਦੇ ਆਗੂਆਂ ਉਤੇ ਤਿੱਖਾ ਨਿਸ਼ਾਨਾ ਸਾਧਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਕਿੰਨੀ ਹੈਰਾਨੀ ਦੀ ਗੱਲ ਹੈ ਕਿ ਜਿਹੜਾ ਆਗੂ ਨਸ਼ਾ ਤਸਕਰੀ ਦੇ ਦੋਸ਼ਾਂ ਦਾ ਸਾਹਮਣਾ ਕਰ ਹੋਵੇ, ਉਸ ਦੇ ਹੱਕ ਵਿੱਚ ਕਾਂਗਰਸੀ ਆਗੂ ਚਰਨਜੀਤ ਸਿੰਘ ਚੰਨੀ, ਪ੍ਰਤਾਪ ਸਿੰਘ ਬਾਜਵਾ, ਸੁਖਪਾਲ ਸਿੰਘ ਖਹਿਰਾ, ਭਾਜਪਾ ਆਗੂ ਕੈਪਟਨ ਅਮਰਿੰਦਰ ਸਿੰਘ ਅਤੇ ਰਵਨੀਤ ਸਿੰਘ ਬਿੱਟੂ ਖੁੱਲ੍ਹ ਕੇ ਬਿਆਨਬਾਜ਼ੀ ਕਰ ਰਹੇ ਹਨ। ਮਾਨ ਨੇ ਕਿਹਾ ਕਿ ਜੇਲ੍ਹ ਵਿੱਚ ਬੰਦ ਸਾਬਕਾ ਅਕਾਲੀ ਮੰਤਰੀ ਵਿਰੁੱਧ ਅਹਿਮ ਸਬੂਤ ਮਿਲੇ ਹਨ, ਜੋ ਅਦਾਲਤ ਵਿੱਚ ਪੇਸ਼ ਕੀਤੇ ਜਾਣਗੇ।

### ਸਾਂਝੇ ਮਜ਼ਦੂਰ ਮੋਰਚੇ ਵੱਲੋਂ ...

ਕਿਰਤੀਆਂ ਦੇ ਹੱਕਾਂ 'ਤੇ ਡਾਕਾ ਮਾਰਿਆ ਗਿਆ, ਉੱਥੇ ਭਗਵੰਤ ਮਾਨ ਸਰਕਾਰ ਵੱਲੋਂ ਮਜ਼ਦੂਰਾਂ ਦੀ ਕੰਮ ਦਿਹਾੜੀ ਦੇ ਘੰਟੇ ਵਧਾ ਕੇ ਮਜ਼ਦੂਰਾਂ ਨਾਲ਼ ਧ੍ਰੋਹ ਕਮਾਇਆ ਗਿਆ। ਉਨ੍ਹਾ ਕਿਹਾ ਕਿ ਆਪ ਸਰਕਾਰ ਸੰਘਰਸ਼ਸ਼ੀਲ ਮਜ਼ਦੂਰਾਂ, ਕਿਸਾਨਾਂ 'ਤੇ ਪੁਲਸ ਜਬਰ ਤੇਜ਼ ਕਰਕੇ ਲੋਕਾਂ ਦੇ ਜਮਹੂਰੀ ਹੱਕਾਂ ਦਾ ਘਾਣ ਕਰ ਰਹੀ ਹੈ। ਮਜ਼ਦੂਰ ਆਗੂਆਂ ਨੇ ਆਖਿਆ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋਂ ਲਾਗੂ ਕੀਤੀ ਜਾ ਰਹੀ ਲੈਂਡ ਪੂਲਿੰਗ ਪਾਲਿਸੀ ਨਾ ਸਿਰਫ ਪੰਜਾਬ ਦੀਆਂ ਉਪਜਾਊ ਜ਼ਮੀਨਾਂ ਕਾਰਪੋਰੇਟ ਘਰਾਣਿਆਂ ਵੱਲੋਂ ਹੜੱਪੇ ਜਾਣ ਅਤੇ ਕਿਸਾਨਾਂ ਦੇ ਉਜਾੜੇ ਦਾ ਸਾਧਨ ਬਣੇਗੀ, ਸਗੋਂ ਇਹ ਪਹਿਲਾਂ ਹੀ ਰਿਹਾਇਸ਼ੀ ਘਰਾਂ ਦੀਆਂ ਥੁੜ, ਤੰਗੀਆਂ ਤੇ ਰੁਜ਼ਗਾਰ ਦੀ ਭਾਰੀ ਮਾਰ ਝੱਲ ਰਹੇ ਅਤੇ ਕਰਜ਼ੇ ਤੇ ਖ਼ੁਦਕੁਸ਼ੀਆਂ ਦੇ ਭੰਨੇ ਪੇਂਡੂ ਤੇ ਖੇਤ ਮਜ਼ਦੂਰਾਂ ਲਈ ਵੀ ਤਬਾਹਕੁੰਨ ਸਾਬਤ ਹੋਵੇਗੀ, ਇਸ ਲਈ ਇਸ ਪਾਲਿਸੀ ਨੂੰ ਤੁਰੰਤ ਰੱਦ ਕੀਤਾ ਜਾਵੇ। ਉਨ੍ਹਾਂ ਜੇਲ੍ਹੀਂ ਡੱਕੇ ਮਜ਼ਦੂਰ ਆਗੂਆਂ ਨੂੰ ਰਿਹਾਅ ਕਰਨ ਦੀ ਮੰਗ ਵੀ ਕੀਤੀ। ਇਸ ਮੌਕੇ ਬਲਦੇਵ ਸਿੰਘ ਨੂਰਪੁਰੀ, ਕਿਰਨਦੀਪ ਕੌਰ, ਹਰਪਾਲ ਬਿੱਟੂ, ਹਰਬੰਸ ਸਿੰਘ ਧੂਤ ਅਤੇ ਵੀਰ ਕੁਮਾਰ ਆਦਿ ਨੇ ਵੀ ਸੰਬੋਧਨ ਕੀਤਾ।

### ਵਿਮਲਾ ਡਾਂਗ ਨੂੰ ਸਮਰਪਤ...

ਸਕੱਤਰ ਦੀ ਜ਼ਿੰਮੇਵਾਰੀ ਦਸਵਿੰਦਰ ਕੌਰ ਨੇ ਨਿਭਾਈ। ਰਿਟਾਇਰਡ ਪ੍ਰਿੰਸੀਪਲ ਰਜਿੰਦਰ ਕੌਰ ਨੇ ਸੈਮੀਨਾਰ ਦੀ ਮਹੱਤਤਾ ਬਾਰੇ ਸਮਾਪਤੀ ਸਮੇਂ ਵਿਆਖਿਆ ਕੀਤੀ। ਅੰਤ ਵਿੱਚ ਪ੍ਰੋਫੈਸਰ ਅਮਨਦੀਪ ਕੌਰ ਬੱਲ ਨੇ ਪ੍ਰਧਾਨਗੀ ਭਾਸ਼ਣ ਦਿੱਤਾ ਅਤੇ ਸਰੋਤਿਆਂ ਦਾ ਧੰਨਵਾਦ ਕੀਤਾ। ਅਰੁਣਾ ਸਿਨਹਾ, ਦੇਵੀ ਕੁਮਾਰੀ, ਕਮਲ ਗਿੱਲ, ਸੀਮਾ ਸੋਹਲ ਤੇ ਰੁਪਿੰਦਰ ਕੌਰ ਮਾੜੀਮੇਘਾ ਸਟੇਜ ਉਪਰ ਹਾਜ਼ਰ ਸਨ। ਇਸ ਮੌਕੇ ਅਮਰਜੀਤ ਸਿੰਘ ਆਸਲ, ਲਖਬੀਰ ਸਿੰਘ ਨਿਜ਼ਾਮਪੁਰਾ, ਦਵਿੰਦਰ ਸੋਹਲ, ਪ੍ਰਿੰਸੀਪਲ ਰਮੇਸ਼ਪਾਲ ਸਿੰਘ, ਰਮੇਸ਼ ਯਾਦਵ, ਵਿਜੇ ਕਪੂਰ, ਕੁਲਵੰਤ ਰਾਏ ਬਾਵਾ, ਬਲਦੇਵ ਸਿੰਘ ਵੇਰਕਾ, ਬਲਵਿੰਦਰ ਸਿੰਘ ਦੁਧਾਲਾ, ਮਹਾਂਵੀਰ ਸਿੰਘ ਗਿੱਲ, ਡਾ. ਪਰਮਿੰਦਰ ਸਿੰਘ, ਸੁਮੀਤ ਸਿੰਘ, ਕਿਰਨ ਵਲਟੋਹਾ, ਕੁਲਵੰਤ ਕੌਰ ਤੇ ਜਸਪਾਲ ਕੌਰ ਭਾਟੀਆ ਆਦਿ ਮੌਜੂਦ ਸਨ।

## ਜੈ ਮਿਲਾਪ ਲੈਬੋਰਟਰੀ ਐਸੋ. ਨੇ ਸਕੂਲੀ ਬੱਚਿਆਂ ਨੂੰ ਸਟੇਸ਼ਨਰੀ ਵੰਡੀ



**ਪਟਿਆਲਾ (ਰਜਿੰਦਰ ਥਿੰਦ)**-ਸਰਕਾਰੀ ਪ੍ਰਾਇਮਰੀ ਸਕੂਲ ਤਫੱਜਲਪੁਰਾ ਦੇ ਸਕੂਲ ਮੁਖੀ ਨਵਦੀਪ ਸ਼ਰਮਾ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜੈ ਮਿਲਾਪ ਲੈਬੋਰਟਰੀ ਐਸੋਸੀਏਸ਼ਨ ਦੇ ਪ੍ਰਧਾਨ ਮੋਹਿਤ ਗੁਪਤਾ ਤੇ ਉਨ੍ਹਾਂ ਦੇ ਸਾਥੀਆਂ ਵੱਲੋਂ ਆਪਣੀ ਨੇਕ ਕਮਾਈ ਵਿੱਚੋਂ ਸਰਕਾਰੀ ਐਲੀਮੈਂਟਰੀ ਸਕੂਲ ਤਫੱਜਲਪੁਰਾ ਦੇ ਬੱਚਿਆਂ ਨੂੰ ਸਟੇਸ਼ਨਰੀ, ਪੈੱਨ ਤੇ ਪੈਂਸਿਲਾਂ ਵੰਡੀਆਂ ਗਈਆਂ।ਸਕੂਲ ਮੁਖੀ ਨਵਦੀਪ ਸ਼ਰਮਾ ਤੇ ਸਮੂਹ ਸਟਾਫ ਵੱਲੋਂ ਲੈਬੋਰਟਰੀ ਐਸੋਸੀਏਸ਼ਨ ਦੇ ਪ੍ਰਧਾਨ ਮੋਹਿਤ ਗੁਪਤਾ ਤੇ ਉਨ੍ਹਾਂ ਦੀ ਟੀਮ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ।

# ਜੇ ਐੱਨ ਇੰਟਰਨੈਸ਼ਨਲ ਸਕੂਲ 'ਚ ਤੀਜ ਦਾ ਤਿਉਹਾਰ ਮਨਾਇਆ



**ਗੁਰੂ ਹਰਸਹਾਏ (ਫ਼ਕੀਰ ਚੰਦ ਸਿਕਰੀ)**-ਜੇ. ਐੱਨ. ਇੰਟਰਨੈਸ਼ਨਲ ਸਕੂਲ ਸੈਦੇ ਕੇ ਮੋਹਨ ਵਿਖੇ ਪੰਜਾਬੀ ਸੱਭਿਆਚਾਰ ਦਾ ਅਨਿੱਖੜਵਾਂ ਅੰਗ ਮੰਨੇ ਜਾਂਦੇ ਤੀਜ ਦੇ ਤਿਉਹਾਰ ਨੂੰ ਵਿਦਿਆਰਥਣਾਂ ਨੇ ਬੜੇ ਹੀ ਉਤਸ਼ਾਹ ਤੇ ਸੁਚੱਜੇ ਢੰਗ ਨਾਲ ਮਨਾਇਆ।ਵਿਦਿਆਰਥਣਾਂ ਨੇ ਪੰਜਾਬੀ ਸੱਭਿਆਚਾਰ ਮੁਤਾਬਕ ਪੰਜਾਬੀ ਪਹਿਰਾਵਾ, ਗਿੱਧਾ, ਭੰਗੜਾ ਤੇ ਵੱਖ ਵੱਖ ਗੀਤਾਂ ਅਤੇ ਬੋਲੀਆਂ ਰਾਹੀਂ ਖੂਬ ਰੌਣਕਾਂ ਲਾਈਆਂ। ਇਸ ਮੌਕੇ ਮੁੱਖ ਮਹਿਮਾਨ ਵਜੋਂ ਸਕੂਲ ਦੇ ਚੇਅਰਮੈਨ ਜਨਕ ਰਾਜ ਮੁੰਜਾਲ, ਮੈਨੇਜਿੰਗ ਡਾਇਰੈਕਟਰ ਅਰਜੁਨ ਮੁੰਜਾਲ, ਮੈਨੇਜਮੈਂਟ ਮੈਂਬਰ ਏਕਤਾ ਮੁੰਜਾਲ, ਮੈਨੇਜਮੈਂਟ ਮੈਂਬਰ ਅੰਜਲੀ ਚਾਨਣਾ ਤੇ ਸਕੂਲ ਦੇ ਪ੍ਰਿੰਸੀਪਲ ਡਾ: ਰਵਿੰਦਰ ਕੁਮਾਰ ਨੇ ਵੀ ਇਸ ਤੀਜ ਦੇ ਤਿਉਹਾਰ ਵਿੱਚ ਸ਼ਾਮਲ ਹੋ ਕੇ ਵਿਦਿਆਰਥੀਆਂ ਦੀ ਹੌਂਸਲਾ ਅਫ਼ਜ਼ਾਈ ਕੀਤੀ।ਪ੍ਰਿੰਸੀਪਲ ਡਾ: ਰਵਿੰਦਰ ਕੁਮਾਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਤੀਜ ਦੇ ਤਿਉਹਾਰ ਦੀਆਂ ਮੁਬਾਰਕਾਂ ਦਿੱਤੀਆਂ ਤੇ ਭਵਿੱਖ ਵਿੱਚ ਪੰਜਾਬੀ ਸੱਭਿਆਚਾਰ ਅਤੇ ਵਿਰਸੇ ਨਾਲ ਜੁੜਨ ਲਈ ਪ੍ਰੇਰਿਆ ਅਤੇ ਪ੍ਰਿੰਸੀਪਲ ਡਾ: ਰਵਿੰਦਰ ਕੁਮਾਰ ਨੇ ਸਕੂਲ ਮੈਨੇਜਮੈਂਟ ਤੇ ਸਮੂਹ ਸਕੂਲ ਸਟਾਫ਼ ਦਾ ਧੰਨਵਾਦ ਕੀਤਾ ਅਤੇ ਸਭ ਨੂੰ ਤੀਜ ਦੀਆਂ ਮੁਬਾਰਕਾਂ ਦਿੱਤੀਆਂ।

## ਪਿੰਡਾਂ ਦੇ ਵਿਕਾਸ ਸੰਬੰਧੀ ਲੋਕ ਸਭਾ ਇੰਚਾਰਜ ਢਿੱਲੋਂ ਨਾਲ ਮੀਟਿੰਗ



**ਪਟਿਆਲਾ (ਰਾਜਿੰਦਰ ਥਿੰਦ)**-ਲੋਕ ਸਭਾ ਦਫਤਰ ਵਿਖੇ ਹਲਕਾ ਸਮਾਣਾ ਦੇ ਸੰਗਠਨ ਇੰਚਾਰਜ ਤੇ ਲੀਗਲ ਸੈੱਲ ਪਟਿਆਲਾ ਜ਼ਿਲ੍ਹਾ ਪ੍ਰਧਾਨ ਗੁਲਜਾਰ ਸਿੰਘ ਵਿਰਕ ਦੀ ਅਗਵਾਈ ਵਿੱਚ ਪਿੰਡਾਂ ਦੇ ਵਿਕਾਸ ਸੰਬੰਧੀ ਲੋਕ ਸਭਾ ਇੰਚਾਰਜ ਬਲਜਿੰਦਰ ਸਿੰਘ ਢਿੱਲੋਂ ਨਾਲ ਮੀਟਿੰਗ ਕੀਤੀ ਗਈ। ਇਸ ਮੌਕੇ ਹਲਕਾ ਸਮਾਣਾ ਤੋਂ ਜਤਿੰਦਰ ਸਿੰਘ ਬਲਾਕ ਪ੍ਰਧਾਨ ਤੇ ਟਰੱਕ ਯੂਨੀਅਨ ਦੇ ਪ੍ਰਧਾਨ, ਇੰਦਰਜੀਤ ਸਿੰਘ ਬਲਾਕ ਪ੍ਰਧਾਨ, ਨਵਦੀਪ ਸਿੰਘ ਨਵੀ ਬਲਾਕ ਪ੍ਰਧਾਨ ਤੋਂ ਇਲਾਵਾ ਹੋਰ ਸਾਥੀ ਵੀ ਉਨ੍ਹਾ ਨਾਲ ਮੌਜੂਦ ਸਨ।

## ਜਸ਼ਨ ਪੰਨੂ ਨੂੰ ਸਦਮਾ, ਦਾਦੇ ਦਾ ਦੇਹਾਂਤ



**ਬਠਿੰਡਾ (ਰਾਜੀਵ ਗੋਇਲ)**-ਕਸਬਾ ਭਗਤਾ ਦੇ ਵਸਨੀਕ ਨੌਜਵਾਨ ਅਕਾਲੀ ਆਗੂ ਜਸ਼ਨ ਪੰਨੂ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਾ, ਜਦੋਂ ਉਨ੍ਹਾਂ ਦੇ ਦਾਦਾ ਦਰਸ਼ਨ ਸਿੰਘ ਪੰਨੂ ਇਸ ਸੰਸਾਰ ਨੂੰ ਅਲਵਿਦਾ ਆਖ ਗੁਰੂ ਚਰਨਾਂ 'ਚ ਜਾ ਬਿਰਾਜੇ। ਪਰਵਾਰ ਵੱਲੋਂ ਮ੍ਰਿਤਕ ਦਰਸ਼ਨ ਪੰਨੂ ਦੀਆਂ ਅਸਥੀਆਂ ਚੁਗ ਕੇ ਪੌਦਾ ਲਾਇਆ ਗਿਆ ਤਾਂ ਜੁ ਦਰਸ਼ਨ ਸਿੰਘ ਦੀ ਪਰਵਾਰ ਵਿੱਚ ਯਾਦ ਬਣੀ ਰਹੇ। ਇਸ ਦੁੱਖ ਦੀ ਘੜੀ ਵਿੱਚ ਸਮੂਹ ਪੰਨੂ ਪਰਵਾਰ ਨਾਲ ਸਿਆਸੀ, ਧਾਰਮਿਕ ਤੇ ਵਪਾਰਕ ਲੋਕਾਂ ਵੱਲੋਂ ਡੂੰਘੀ ਹਮਦਰਦੀ ਦਾ ਪ੍ਰਗਟਾਵਾ ਕੀਤਾ ਗਿਆ ਹੈ।

## ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਨੇ ਲਾਏ ਪੌਦੇ



**ਸ਼੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਡਾ. ਐਸ.ਪੀ.ਸਿੰਘ ਓਬਰਾਏ ਵੱਲੋਂ ਮਾਨਵਤਾ ਦੀ ਭਲਾਈ ਲਈ ਕੀਤੇ ਜਾ ਰਹੇ ਕੰਮਾਂ ਦੀ ਲੜੀ ਵਿੱਚ ਵਾਤਾਵਰਣ ਨੂੰ ਬਚਾਉਣ ਦੀ ਹਜ਼ਾਰਾਂ ਦੀ ਤਾਦਾਦ ਵਿੱਚ ਪੌਦੇ ਲਾਏ ਜਾ ਰਹੇ ਹਨ।ਇਸ ਲੜੀ ਤਹਿਤ ਜੱਸਾ ਸਿੰਘ ਸੰਧੂ ਕੌਮੀ ਪ੍ਰਧਾਨ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਮੈਡਮ ਇੰਦਰਜੀਤ ਕੌਰ ਡਾਇਰੈਕਟਰ ਐਜੂਕੇਸ਼ਨ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਹਾਜ਼ਰੀ 'ਚ ਸਰਵਹਿੱਤਕਾਰੀ ਵਿੱਦਿਆ ਮੰਦਰ ਦੇ ਵਿਹੜੇ 'ਚ ਇਨੋਰਾ ਕੋਰ ਖਹਿਰਾ (ਅਮਰੀਕਾ) ਦੋਹਤੀ ਅਰਵਿੰਦਰ ਪਾਲ ਸਿੰਘ ਚਾਹਲ ਬੂੜਾ ਗੁੱਜਰ ਜ਼ਿਲ੍ਹਾ ਪ੍ਰਧਾਨ ਸ੍ਰੀ ਮੁਕਤਸਰ ਸਾਹਿਬ, ਗੁਰਬਾਣੀ ਕੌਰ (ਆਸਟ੍ਰੇਲੀਆ) ਪੋਤੀ ਗੁਰਚਰਨ ਸਿੰਘ ਮੈਨੇਜਰ ਸਹਿਬ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਇਕਾਈ ਸ਼੍ਰੀ ਮੁਕਤਸਰ ਸਾਹਿਬ ਟੀਮ ਦੇ ਸੇਵਾਦਾਰ ਦੇ ਜਨਮ ਦੀ ਖੁਸ਼ੀ ਵਿੱਚ ਪੌਦੇ ਲਾ ਕੇ ਰੁੱਖ ਅਤੇ ਕੁੱਖ ਬਚਾਉਣ ਦਾ ਸੁਨੇਹਾ ਦਿੱਤਾ ਗਿਆ। ਡਾ. ਬਲਜੀਤ ਕੌਰ ਕੈਬਨਿਟ ਮੰਤਰੀ ਵੱਲੋਂ ਅਰਵਿੰਦਰ ਪਾਲ ਸਿੰਘ ਚਾਹਲ ਬੂੜਾ ਗੁੱਜਰ ਦੇ ਪਰਵਾਰ ਨੂੰ ਦੋਹਤੀ ਦੇ ਜਨਮ ਦੀ ਵਧਾਈ ਦਿੱਤੀ ਤੇ ਪਰਵਾਰ ਨਾਲ ਖੁਸ਼ੀ ਸਾਂਝੀ ਕੀਤੀ ਗਈ।ਪ੍ਰੋਜੈਕਟ ਅਧੀਨ ਬੋਲਦਿਆਂ ਅਰਵਿੰਦਰਪਾਲ ਸਿੰਘ ਚਾਹਲ ਬੂੜਾ ਗੁੱਜਰ ਨੇ ਕਿਹਾ ਕਿ ਸਾਨੂੰ ਵੱਧ ਤੋਂ ਵੱਧ ਰੁੱਖ ਲਾਉਣੇ ਚਾਹੀਦੇ ਹਨ ਤਾਂ ਜੁ ਅਸੀਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਵਧੀਆ ਸਾਫ਼-ਸੁਥਰਾ ਵਾਤਾਵਰਣ ਦੇ ਸਕੀਏ।ਪੌਦੇ ਲਾਉਣ ਸਮੇ ਗੁਰਬਿੰਦਰ ਸਿੰਘ ਬਰਾੜ ਇੰਚਾਰਜ ਸਾਊਥ ਵੈਸਟ ਪੰਜਾਬ, ਪ੍ਰਿੰਸੀਪਲ ਬਿੰਦਰ ਪਾਲ ਕੌਰ, ਮੈਡਮ ਸਨਪ੍ਰੀਤ ਕੌਰ ਪਟਿਆਲਾ, ਮੈਡਮ ਅਮਰਜੀਤ ਕੌਰ ਪਟਿਆਲਾ, ਜਸਪਾਲ ਸਿੰਘ ਰਿਟਾ ਲੈਕਚਰਾਰ ਸੀਨੀਅਰ ਮੀਤ ਪ੍ਰਧਾਨ, ਮਲਕੀਤ ਸਿੰਘ ਰਿਟਾ ਬੈਕ ਮੈਨੇਜਰ ਮੀਤ ਪ੍ਰਧਾਨ, ਗੁਰਚਰਨ ਸਿੰਘ ਭੋਣ, ਸੁਖਬੀਰ ਸਿੰਘ ਜੈਲਦਾਰ, ਅਸ਼ੋਕ ਕੁਮਾਰ, ਕੰਪਿਊਟਰ ਅਧਿਆਪਕਾਂ ਤੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਸ਼੍ਰੀ ਮੁਕਤਸਰ ਸਾਹਿਬ ਦੇ ਕੰਪਿਊਟਰ ਸੈਂਟਰ ਦੇ 18 ਸਿਖਿਆਰਥੀ ਹਾਜ਼ਰ ਸਨ।

## ਖਰੋੜਾ 'ਚ ਮਨਾਇਆ ਤੀਆਂ ਦਾ ਤਿਉਹਾਰ



**ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਬਲਾਕ ਸਰਹਿੰਦ ਦੇ ਪਿੰਡ ਖਰੋੜਾ ਵਾਸੀਆਂ ਵਲੋਂ ਤੀਆਂ ਦਾ ਤਿਉਹਾਰ ਮੁੱਖ ਪ੍ਰਬੰਧਕ ਬੀਬੀ ਮਨਦੀਪ ਕੌਰ ਦੀ ਅਗਵਾਈ ਚ ਮਨਾਇਆ ਗਿਆ। ਜਿਸ ਵਿਚ ਪਿੰਡ ਦੀਆਂ ਲੜਕੀਆਂ, ਵਿਆਹੁਤਾ ਲੜਕੀਆਂ, ਬੱਚਿਆਂ ਤੇ ਬਜ਼ੁਰਗ ਔਰਤਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਕਰਾਏ ਸੱਭਿਆਚਾਰ ਪ੍ਰੋਗਰਾਮ ਦੌਰਾਨ ਔਰਤਾਂ ਅਤੇ ਬੱਚਿਆਂ ਵੱਲੋਂ ਪੰਜਾਬੀ ਸੱਭਿਆਚਾਰ ਨੂੰ ਸਮਰਪਤ ਪ੍ਰਦਰਸ਼ਨੀ ਲਾਈ ਗਈ ਅਤੇ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ, ਜਦੋਂਕਿ ਤੀਜ ਦੇ ਤਿਉਹਾਰ ਦੀ ਖ਼ੁਸ਼ੀ 'ਚ ਗਿੱਧਾ, ਬੋਲੀਆਂ ਵੀਂ ਪਾਈਆ ਗਈਆਂ। ਬੀਬੀ ਮਨਦੀਪ ਕੌਰ ਨੇ ਪੇਕੇ ਆਈਆਂ ਪਿੰਡ ਦੀਆਂ ਧੀਆਂ ਦਾ ਫੁਲਕਾਰੀ ਤੇ ਮਠਿਆਈ ਦੇ ਕੇ ਸਨਮਾਨ ਵੀ ਕੀਤਾ। ਇਸ ਮੌਕੇ ਗੁਰਮੀਤ ਕੌਰ, ਜਰਨੈਲ ਕੌਰ, ਪ੍ਰੀਤ ਕੌਰ, ਹਰਜੀਤ ਕੌਰ, ਕਿਰਨਜੀਤ ਕੌਰ, ਹਰਜਿੰਦਰ ਕੌਰ ਤੇ ਸਾਬਕਾ ਸਰਪੰਚ ਕਰਨੈਲ ਸਿੰਘ ਸਮੇਤ ਵੱਡੀ ਗਿਣਤੀ 'ਚ ਪਿੰਡ ਦੀਆਂ ਔਰਤਾਂ ਹਾਜ਼ਰ ਸਨ।

## ਏ ਆਈ ਤੇ ਸੁਪਰ ਕੰਪਿਊਟਿੰਗ 'ਤੇ ਦੋ ਰੋਜ਼ਾ ਰਾਸ਼ਟਰੀ ਸੈਮੀਨਾਰ



**ਰਾਜਪੁਰਾ (ਰਮੇਸ਼ ਕਟਾਰੀਆ)**-ਐਸ.ਵੀ.ਆਈ.ਈ.ਟੀ. ਦੇ ਇਲੈਕਟ੍ਰਾਨਿਕਸ ਤੇ ਕਮਿਊਨੀਕੇਸ਼ਨ ਇੰਜੀਨੀਅਰਿੰਗ ਵਿਭਾਗ ਵੱਲੋਂ 'ਏ.ਆਈ. ਨਾਲ ਸੰਚਾਲਿਤ ਸੂਪਰਕੰਪਿਊਟਿੰਗ ਐਪਲੀਕੇਸ਼ਨਜ਼ ਦੀ ਅਨੁਕੂਲਤਾ' ਵਿਸ਼ੇ 'ਤੇ ਦੋ ਰੋਜ਼ਾ ਰਾਸ਼ਟਰੀ ਸੈਮੀਨਾਰ ਦਾ ਆਯੋਜਨ ਕੀਤਾ ਗਿਆ।ਸਮਾਗਮ ਏ.ਆਈ.ਸੀ.ਈ.ਟੀ. ਵੱਲੋਂ ਭਾਰਤੀ ਭਾਸ਼ਾਵਾਂ ਦੇ ਉਤਥਾਨ ਲਈ ਚਲਾਏ ਜਾ ਰਹੇ ਯਤਨਾਂ ਤਹਿਤ ਕਰਾਇਆ ਗਿਆ।ਸੈਮੀਨਾਰ ਦੀ ਸ਼ੁਰੂਆਤ ਡਾ. ਸੰਜੀਵ ਸੈਣੀ (ਡਾਇਰੈਕਟਰ, ਅਕਾਦਮਿਕ) ਨੇ ਕੀਤੀ।ਮੁੱਖ ਵਕਤਾ ਵਜੋਂ ਸੀ.ਡੈਕ, ਐਲ.ਪੀ.ਯੂ., ਸੀ.ਜੀ.ਸੀ, ਪਿਕਸਲ ਕ੍ਰਾਫਟ ਇੰਫੋ ਟੈਕ ਅਤੇ ਨੈੱਟ ਸਮਰਟਜ਼ ਵਰਗੀਆਂ ਪ੍ਰਤਿਸ਼ਠਤ ਸੰਸਥਾਵਾਂ ਤੋਂ ਆਏ ਤਜਰਬੇਕਾਰ ਵਿਦਵਾਨਾਂ ਨੇ ਹਿੱਸਾ ਲਿਆ।ਵੱਖ-ਵੱਖ ਸੈਸ਼ਨਾਂ ਵਿੱਚ ਉੱਚ ਪ੍ਰਦਰਸ਼ਨ ਕੰਪਿਊਟਿੰਗ, ਕਲਾਉਡ ਪਲੇਟਫਾਰਮ, ਸਾਇਬਰ ਸੁਰੱਖਿਆ, ਮੈਡੀਕਲ ਐਆਈ, ਕੰਪਿਊਟਰ ਵਿਜ਼ਨ ਤੇ ਨੈੱਟਵਰਕ ਅਨੁਕੂਲਤਾ ਵਰਗੇ ਵਿਸ਼ਿਆਂ 'ਤੇ ਵਿਚਾਰ ਸਾਂਝੇ ਕੀਤੇ ਗਏ।ਸਮਾਪਨ ਸਮਾਰੋਹ ਵਿੱਚ ਡਾ. ਸੰਜੀਵ ਸੈਣੀ ਨੇ ਪ੍ਰੇਰਣਾਦਾਇਕ ਸੰਬੋਧਨ ਕੀਤਾ।ਐਸਵੀਆਈਈਟੀ ਦੇ ਪ੍ਰੈਸੀਡੈਂਟ ਸ੍ਰੀ ਅਸ਼ੋਕ ਗਰਗ ਨੇ ਸਾਰੇ ਵਕਤਾਵਾਂ ਨੂੰ ਯਾਦਗਾਰ ਚਿੰਨ੍ਹ ਭੇਟ ਕਰਕੇ ਧੰਨਵਾਦ ਪ੍ਰਗਟਾਇਆ।ਇਹ ਸੈਮੀਨਾਰ ਏ.ਆਈ. ਤੇ ਐੱਚ.ਪੀ.ਸੀ. ਖੇਤਰ ਵਿੱਚ ਨਵੀਨਤਾ, ਭਵਿੱਖ ਅਤੇ ਅਕਾਦਮਿਕ-ਉਦਯੋਗਿਕ ਸਹਿਯੋਗ ਲਈ ਇੱਕ ਸਫਲ ਮੰਚ ਸਾਬਤ ਹੋਇਆ।

## ਗਰਮ ਰੁੱਤ ਦੇ ਗਿੱਦੜਬਾਹਾ ਜ਼ੋਨਲ ਟੂਰਨਾਮੈਂਟ ਦੀ ਕੀਤੀ ਸ਼ੁਰੂਆਤ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਗਰਮ ਰੁੱਤ ਦੇ ਜੋਨਲ ਟੂਰਨਾਮੈਂਟ ਜੋਨ ਪ੍ਰਧਾਨ ਕਪਿਲ ਕੁਮਾਰ ਤੇ ਜੋਨਲ ਕਨਵੀਨਰ ਗੁਰਵਿੰਦਰ ਸਿੰਘ ਡੀਪੀਈ ਦੀ ਅਗਵਾਈ ਵਿੱਚ ਗਿੱਦੜਬਾਹਾ ਜ਼ੋਨ ਦੇ ਵੱਖ-ਵੱਖ ਸਕੂਲ ਗਰਾਊਂਡਾਂ ਵਿੱਚ ਖੇਡਾਂ ਦੀ ਸ਼ੁਰੂਆਤ ਕੀਤੀ। ਪ੍ਰੈਸ ਸਕੱਤਰ ਤਰਸੇਮ ਸਿੰਘ ਡੀਪੀਆਈ ਨੂੰ ਦੱਸਿਆ ਕਿ ਗਰਮ ਰੁੱਤ ਦੇ ਜੋਨਲ ਟੂਰਨਾਮੈਂਟ ਦੀ ਸ਼ੁਰੂਆਤ ਤੇ ਵਾਲੀਬਾਲ ਡੀ ਏ ਵੀ ਵੈਸ਼ ਗਰਾਊਂਡ ਗਿੱਦੜਬਾਹਾ, ਬਾਸਕਟਬਾਲ ਬਾਬਾ ਗੰਗਾ ਰਾਮ ਸਟੇਡੀਅਮ, ਸਰਕਲ ਕਬੱਡੀ ਆਰੀਅਨ ਪਲੇਗਰਾਊਂਡ, ਰੱਸਾਕਸ਼ੀ ਤੇ ਸਰਕਲ ਕਬੱਡੀ ਦੇ ਡੀਏਵੀ ਕਾਲਜ ਦੀ ਪਲੇਅ ਗਰਾਊਂਡ ਵਿੱਚ ਮੁਕਾਬਲੇ ਕਰਾਏ ਗਏ।ਇਨ੍ਹਾਂ ਮੁਕਾਬਲਿਆਂ ਵਿੱਚ ਰੱਸਾਕਸ਼ੀ ਦੇ ਮੁਕਾਬਲੇ ਵਿੱਚ ਡੀਏਵੀ ਵੈਸ਼ ਸਕੂਲ ਨੇ ਪਹਿਲਾ ਸਥਾਨ, ਮਾਤਾ ਮਿਸ਼ਰੀ ਦੇਵੀ ਡੀਏਵੀ ਕਾਲਜ ਗਿੱਦੜਬਾਹਾ ਨੇ ਦੂਜਾ ਸਥਾਨ, ਕਬੱਡੀ ਸਰਕਲ ਵਿੱਚ ਸਰਕਾਰੀ ਹਾਈ ਸਕੂਲ ਪਿਓਰੀ ਨੇ ਪਹਿਲਾ ਸਥਾਨ ਸਰਕਾਰੀ ਹਾਈ ਸਕੂਲ ਚੋਟੀਆਂ ਨੇ ਦੂਜਾ ਸਥਾਨ, ਬਾਸਕਿਟਬਾਲ ਮਾਲਵਾ ਸਕੂਲ ਗਿੱਦੜਬਾਹਾ ਪਹਿਲਾ ਸਥਾਨ, ਵਾਲੀਬਾਲ ਅੰਡਰ-17 ਮਾਲਵਾ ਸਕੂਲ ਪਹਿਲਾ, ਸਰਕਾਰੀ ਹਾਈ ਸਕੂਲ ਮਧੀਰ ਦੂਜਾ ਤੇ ਡੀ. ਏ. ਵੀ. ਵੈਸ਼ ਸਕੂਲ ਨੇ ਤੀਜਾ ਸਥਾਨ ਹਾਸਲ ਕੀਤਾ।ਇਨ੍ਹਾਂ ਖੇਡਾਂ ਨੂੰ ਸੁਚੱਜੇ ਢੰਗ ਨਾਲ ਚਲਾਉਣ ਦੇ ਲਈ ਬਲਵਿੰਦਰ ਸਿੰਘ ਡੀਪੀਈ, ਜਸਵਿੰਦਰ ਸਿੰਘ ਡੀਪੀਈ, ਸੁਖਵਿੰਦਰ ਸਿੰਘ ਪੀਟੀਆਈ, ਨਿਸ਼ਾ ਤੋਮਰ ਡੀਪੀਈ, ਰਾਜ ਬਹਾਦਰ, ਲਵਪ੍ਰੀਤ ਮਾਲਵਾ ਸਕੂਲ, ਬਲਕਰਨ ਸਿੰਘ ਡੀਏਵੀ ਕਾਲਜ, ਤਰਸੇਮ ਸਿੰਘ, ਸਰਬਜੀਤ ਕੌਰ ਡੀਪੀ ਤੋਂ ਇਲਾਵਾ ਵੱਖ-ਵੱਖ ਸਕੂਲਾਂ ਦੇ ਅਧਿਆਪਕ ਹਾਜ਼ਰ ਸਨ।

## ਡੀ.ਸੀ. ਵੱਲੋਂ ਸਾਬੂਆਣਾ ਡ੍ਰੇਨ ਦਾ ਦੌਰਾ, ਵਿਭਾਗ ਨੂੰ ਜਲਦ ਪਾਣੀ ਨਿਕਾਸੀ ਦੇ ਹੁਕਮ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**-ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਨੇ ਸਾਬੂਆਣਾ ਡ੍ਰੇਨ ਦਾ ਦੌਰਾ ਕਰਕੇ ਡ੍ਰੇਨ ਵਿੱਚ ਪਏ ਪਾੜ ਨੂੰ ਬੰਦ ਕਰਨ ਦੇ ਕੰਮ ਦਾ ਜਾਇਜ਼ਾ ਲਿਆ।ਉਨ੍ਹਾਂ ਦੱਸਿਆ ਕਿ 1 ਅਗਸਤ ਨੂੰ ਪਈ ਭਾਰੀ ਬਾਰਿਸ਼ ਕਾਰਨ ਅਚਾਨਕ ਡੇਅ ਵਿਚ ਤੇਜ਼ ਪਾਣੀ ਆ ਗਿਆ, ਜਿਸ ਨਾਲ ਇਸ ਵਿੱਚ ਪਾੜ ਪਿਆ ਹੈ, ਜਿਸ ਨੂੰ ਬੰਦ ਕਰਨ ਦਾ ਕੰਮ ਜੰਗੀ ਪੱਧਰ 'ਤੇ ਸ਼ੁਰੂ ਕਰਾਇਆ ਗਿਆ ਹੈ।ਡਿਪਟੀ ਕਮਿਸ਼ਨਰ ਨੇ ਇਸ ਮੌਕੇ ਲੋਕਾਂ ਦੀਆਂ ਮੁਸਕਿਲਾਂ ਸੁਣੀਆਂ ਅਤੇ ਡ੍ਰੇਨਜ ਵਿਭਾਗ ਦੇ ਅਧਿਕਾਰੀਆਂ ਨੂੰ ਜਲਦ ਤੋਂ ਜਲਦ ਪਏ ਪਾੜ ਨੂੰ ਬੰਦ ਕਰਕੇ ਪਾਣੀ ਦੀ ਨਿਕਾਸੀ ਕਰਵਾਉਣ ਦੇ ਹੁਕਮ ਦਿੱਤੇ।ਡਿਪਟੀ ਕਮਿਸ਼ਨਰ ਨੇ ਜਲ ਨਿਕਾਸੀ ਨਾਲ ਸਬੰਧਤ ਸਾਰੇ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਜਿੱਥੇ ਕਿਤੇ ਵੀ ਅਚਾਨਕ ਪਈ ਭਾਰੀ ਬਾਰਿਸ਼ ਕਾਰਨ ਪਾਣੀ ਭਰਿਆ ਹੈ, ਉਸਦੀ ਨਿਕਾਸੀ ਲਈ ਤੇਜ਼ੀ ਨਾਲ ਕਾਰਵਾਈ ਕੀਤੀ ਜਾਵੇ ਤੇ ਲੋਕਾਂ ਨੂੰ ਰਾਹਤ ਦਿੱਤੀ ਜਾਵੇ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਕਿਸਾਨ ਜਥੇਬੰਦੀ ਵੱਲੋਂ ਲੈਂਡ ਪੂਲਿੰਗ ਪਾਲਿਸੀ ਦਾ ਵਿਰੋਧ, ਵੱਡੇ ਸੰਘਰਸ਼ ਦੀ ਤਿਆਰੀ



**ਪੱਟੀ (ਬਲਦੇਵ ਸਿੰਘ ਸੰਧੂ)**

ਸੂਬੇ ਦੀ ਅਗਵਾਈ ਵਾਲੀ ਆਮ ਆਦਮੀ ਸਰਕਾਰ ਵੱਲੋਂ ਕਿਸਾਨੀ ਵਿਰੁੱਧ ਲੈਂਡ ਪੂਲਿੰਗ ਪਾਲਿਸੀ ਝਾੜੂ ਪਾਰਟੀ ਦੀ ਅਰਥੀ 'ਚ ਆਖਰੀ ਕਿੱਲ ਸਾਬਤ ਹੋਵੇਗੀ।ਕਿਸਾਨ ਮਜ਼ਦੂਰ ਮੋਰਚੇ ਦੇ ਸੱਦੇ 'ਤੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਹਰੀਕੇ ਪੱਤਣ ਵਿਖੇ ਭਰਵੀਂ ਇਕੱਤਰਤਾ ਕੀਤੀ ਗਈ।ਪੱਟੀ ਜ਼ੋਨ ਆਗੂ ਸਰਵਨ ਸਿੰਘ ਪੰਧੇਰ ਅਤੇ ਇਕਾਈ ਪ੍ਰਧਾਨ ਸਤਨਾਮ ਸਿੰਘ ਹਰੀਕੇ ਦੀ ਅਗਵਾਈ 'ਚ ਹੋਏ ਇਕੱਠ ਦੌਰਾਨ ਜਥੇਬੰਦੀ ਦੇ ਸੂਬਾ ਪ੍ਰਧਾਨ ਜਥੇਦਾਰ ਸੁਖਵਿੰਦਰ ਸਿੰਘ ਸਭਰਾਂ ਵਿਸ਼ੇਸ਼ ਤੌਰ 'ਤੇ ਪਹੁੰਚੇ। ਆਪਣੇ ਭਾਸ਼ਣ ਦੌਰਾਨ ਜਥੇਦਾਰ ਸਭਰਾਂ ਨੇ ਜਿਥੇ ਕਿਸਾਨ ਮਾਰੂ ਲੈਂਡ ਪੂਲਿੰਗ ਐਕਟ ਦੇ ਭਵਿੱਖ ਵਿਚ ਨੁਕਸਾਨ ਤੋਂ ਜਾਣੂ ਕਰਵਾਇਆ ਉਥੇ ਹੀ ਉਨ੍ਹਾਂ ਕਿਹਾ ਕਿ ਪੰਜਾਬ ਵਿਚਲੀ ਆਮ ਆਦਮੀ ਦੀ ਸਰਕਾਰ ਕੇਂਦਰ ਦੀ ਕਠਪੁਤਲੀ ਬਣ ਕੰਮ ਕਰ ਰਹੀ ਜਿਸ ਦਾ ਮਕਸਦ ਪੂਰੇ ਦੇਸ਼ ਅੰਦਰ ਕਾਰਪੋਰੇਟ ਘਰਾਣਿਆਂ ਨੂੰ ਕਾਬਜ਼ ਬਣਾਉਣਾ ਹੈ।ਉਨ੍ਹਾਂ ਕਿਹਾ ਕਿ ਆਰਥਿਕ ਤੌਰ 'ਤੇ ਤੋਂ ਕਿਸਾਨਾਂ ਨੂੰ ਫਸਲਾਂ ਦੀ ਐਮਐੱਸਪੀ ਤੋਂ ਪਾਸਾ ਵਟਣ ਵਾਲੀ ਮੋਦੀ ਸਰਕਾਰ ਜਬਰੀ ਚਿੱਪ ਵਾਲੇ ਮੀਟਰ ਲਗਾ ਮਹਿੰਗੀ ਬਿਜਲੀ ਦੇ ਬੋਝ ਹੇਠ ਲਿਤਾੜ ਦੇਣ ਲਈ ਉਤਾਵਲੀ ਹੈ।ਸਭਰਾਂ ਨੇ ਕਿਹਾ ਕਿ ਲੋਕਾਂ ਅੰਦਰ ਪੰਜਾਬ ਸਰਕਾਰ ਲਈ ਗੁੱਸੇ ਦਾ ਜਵਾਲਾਮੁਖੀ ਬਣਿਆ ਹੋਇਆ ਜੋ ਮਾਰੂ ਐਕਟ ਦੇ ਵਿਰੋਧ ਮੌਕੇ ਫੁੱਟਦਾ ਨਜ਼ਰ ਆਵੇਗਾ।ਉਨ੍ਹਾਂ ਸੰਘਰਸ਼ ਦੀ ਰੂਪ ਰੇਖਾ ਸਾਂਝੀ ਕਰਦਿਆਂ ਕਿਹਾ ਕਿ 11 ਅਗਸਤ ਨੂੰ ਸੂਬੇ ਭਰ ਦੇ ਹਰ ਪਿੰਡ ਸ਼ਹਿਰ ਵਿਚ ਮੋਟਰਸਾਈਕਲ ਮਾਰਚ ਕੱਢਿਆ ਜਾਵੇਗਾ ਤੇ 20 ਅਗਸਤ ਨੂੰ ਪੁੱਡਾ ਮੈਦਾਨ ਜਲੰਧਰ ਵਿਖੇ ਕਿਸਾਨ ਮਜ਼ਦੂਰ ਮੋਰਚੇ ਵੱਲੋਂ ਮਹਾਂ ਪੰਚਾਇਤ ਕੀਤੀ ਜਾ ਰਹੀ ਜਿਸ ਵਿੱਚ ਵੱਡੀ ਗਿਣਤੀ 'ਚ ਕਿਸਾਨ, ਮਜ਼ਦੂਰ, ਨੌਜਵਾਨ ਅਤੇ ਬੀਬੀਆਂ ਦੀ ਸ਼ਮੂਲੀਅਤ ਹੋਵੇਗੀ। ਇਸ ਮੌਕੇ ਬਾਬਾ ਬਲਵਿੰਦਰ ਸਿੰਘ, ਬਲਵੀਰ ਸਿੰਘ ਸ਼ਾਹ, ਜਗੀਰ ਸਿੰਘ, ਨੰਬਰਦਾਰ ਗੁਰਦੀਪ ਸਿੰਘ, ਡਾਕਟਰ ਮੇਜਰ ਸਿੰਘ, ਸੁਖਚੈਨ ਸਿੰਘ, ਗੁਰਜੰਟ ਸਿੰਘ, ਬਲਵੰਤ ਸਿੰਘ, ਸਕੱਤਰ ਸਿੰਘ, ਮਨਜੀਤ ਸਿੰਘ, ਅੰਗਰੇਜ ਸਿੰਘ, ਕੁਲਦੀਪ ਸਿੰਘ, ਸੁਖਦੇਵ ਸਿੰਘ, ਗੁਰਮੀਤ ਸਿੰਘ, ਸੁਨੀਲ ਦੱਤ ਸ਼ਰਮਾ, ਬਲਕਾਰ ਸਿੰਘ, ਜਗਤਾਰ ਸਿੰਘ, ਪ੍ਰਤਾਪ ਸਿੰਘ, ਨਰਿੰਦਰ ਸਿੰਘ, ਅਵਤਾਰ ਸਿੰਘ, ਸੇਵਾ ਸਿੰਘ, ਛਿੰਦੂ ਸਿੰਘ, ਗੁਰਮੀਤ ਸਿੰਘ, ਸੁਖਦੇਵ ਸਿੰਘ, ਬਲਵਿੰਦਰ ਸਿੰਘ, ਗੁਰਪ੍ਰੀਤ ਸਿੰਘ, ਅਜੀਤ ਸਿੰਘ, ਗੁਰਮੇਜ ਸਿੰਘ, ਨਿਸ਼ਾਨ ਸਿੰਘ, ਸੁਖਦੇਵ ਸਿੰਘ, ਜਗਜੀਤ ਸਿੰਘ ਨੰਬਰਦਾਰ, ਸੁਖਕਿਰਨ ਸਿੰਘ, ਮੇਜਰ ਸਿੰਘ, ਬਲਵਿੰਦਰ ਸਿੰਘ, ਰੇਸ਼ਮ ਸਿੰਘ, ਜਗੀਰ ਸਿੰਘ, ਦਿਲਬਾਗ ਸਿੰਘ ਆਦਿ ਹਾਜ਼ਰ ਸਨ।

# ਕੇਸੋਪੁਰ ਛੰਭ ਨੇੜੇ ਸੜਕ ਨੂੰ ਖੋਰਾ ਲੱਗਣ ਕਾਰਨ ਹਾਦਸੇ ਵਾਪਰਨ ਦਾ ਡਰ

**ਗੁਰਦਾਸਪੁਰ, (ਜਨਕ ਮਹਾਜਨ)**

ਗੁਰਦਾਸਪੁਰ ਤੋਂ ਬਹਿਰਾਮਪੁਰ ਨੂੰ ਜਾਣ ਵਾਲੀ ਸੜਕ 'ਤੇ ਪੈਂਦੇ ਕੇਸੋਪੁਰ ਛੰਭ ਨਜ਼ਦੀਕ ਸੜਕ ਨੂੰ ਖੋਰਾ ਲੱਗਣ ਕਾਰਨ ਹਰ ਵੇਲੇ ਹਾਦਸੇ ਵਾਪਰਨ ਦਾ ਡਰ ਬਣਿਆ ਰਹਿੰਦਾ ਹੈ।ਇਸ ਸਬੰਧੀ ਗੱਲਬਾਤ ਕਰਦਿਆਂ ਕੁਝ ਲੋਕਾਂ ਨੇ ਦੱਸਿਆ ਕਿ ਇਸ ਸੜਕ ਦੇ ਬਿਲਕੁਲ ਨੇੜੇ ਜਗ੍ਹਾ ਨੀਵੀਂ ਹੋਣ ਕਾਰਨ ਇਥੇ ਅਕਸਰ ਪਾਣੀ ਖੜਾ ਹੋ ਜਾਂਦਾ ਹੈ ਜਿਸ ਕਾਰਨ ਸੜਕ ਦੇ ਬਰਮਾਂ ਕੰਢੇ ਪਈ ਮਿੱਟੀ ਰੁੜ੍ਹ ਜਾਂਦੀ ਹੈ ਅਤੇ ਸੜਕ ਕੰਢੇ ਡੂੰਘਾ ਟੋਇਆ ਬਣ ਜਾਂਦਾ ਹੈ।ਉਨ੍ਹਾਂ ਕਿਹਾ ਪ੍ਰਸ਼ਾਸਨ ਵਲੋਂ ਮਿੱਟੀ ਪਾ ਕੇ ਇਸ ਟੋਏ ਨੂੰ ਭਰ ਦਿੱਤਾ ਜਾਂਦਾ ਹੈ ਪਰ ਫਿਰ ਬਰਸਾਤਾਂ ਦੇ ਦਿਨਾਂ ਵਿਚ ਮਿੱਟੀ ਰੁੜ੍ਹ ਜਾਂਦੀ ਹੈ। ਸੜਕ ਕੰਢੇ ਮੌਜੂਦਾ ਸਮੇਂ ਵਿਚ ਵੱਡਾ ਟੋਇਆ ਬਣ ਚੁੱਕਾ ਹੈ ਅਤੇ ਜੇਕਰ ਹੋਰ ਮੀਂਹ ਪਿਆ ਤਾਂ ਇਸ ਟੋਏ ਦਾ ਆਕਾਰ ਵੱਡਾ ਹੋ ਜਾਵੇਗਾ ਜਿਸ ਨੂੰ ਠੀਕ ਕਰਨਾ ਹੋਰ ਵੀ ਮੁਸ਼ਕਿਲ ਹੋ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਸੜਕ ਤੋਂ ਰੋਜ਼ਾਨਾ ਵੱਡੀ ਗਿਣਤੀ ਵਿਚ ਲੋਕ ਸ਼ਹਿਰ ਗੁਰਦਾਸਪੁਰ ਨੂੰ ਆਉਂਦੇ-ਜਾਂਦੇ ਹਨ।ਉਨ੍ਹਾਂ ਕਿਹਾ ਖ਼ਾਸ ਕਰਕੇ ਰਾਤ ਦੇ ਹਨੇਰੇ ਵਿਚ ਇਸ ਟੋਏ ਦਾ ਪਤਾ ਨਹੀਂ ਲਗਦਾ ਅਤੇ ਕੋਈ ਵੀ ਦੋ ਪਹੀਆ ਜਾਂ ਚਾਰ ਪਹੀਆ ਵਾਹਨ ਇਸ ਟੋਏ ਵਿਚ ਪੈ ਕੇ ਪਲਟ ਸਕਦਾ ਹੈ ਜਿਸ ਨਾਲ ਕੋਈ ਵੱਡਾ ਹਾਦਸਾ ਵੀ ਵਾਪਰ ਸਕਦਾ ਹੈ। ਉਨ੍ਹਾਂ ਜ਼ਿਲ੍ਹਾ ਪ੍ਰਸ਼ਾਸਨ ਪਾਸੋਂ ਮੰਗ ਕੀਤੀ ਕਿ ਸੜਕ ਦੇ ਕੰਢੇ ਨੂੰ ਲੱਗੀ ਖੋਰ ਨੂੰ ਭਰਨ ਵਾਸਤੇ ਵਿਭਾਗ ਨੂੰ ਹਦਾਇਤਾਂ ਕੀਤੀਆਂ ਜਾਣ ਤਾਂ ਜੋ ਕੋਈ ਵੀ ਅਣਸੁਖਾਵੀਂ ਘਟਨਾ ਨਾ ਵਾਪਰ ਸਕੇ।



# ਖੰਡਵਾਲਾ 'ਚ ਬਿਜਲੀ ਵਿਭਾਗ ਦੇ ਸੁਵਿਧਾ ਸੈਂਟਰ 'ਚ ਤੀਸਰੀ ਵਾਰ ਚੋਰੀ

**ਅੰਮ੍ਰਿਤਸਰ (ਅਰੋੜਾ)**

ਛੇਹਰਟਾ ਥਾਣਾ ਦੇ ਅਧੀਨ ਪੈਂਦੇ ਖੇਤਰ ਖੰਡਵਾਲਾ ਚੌਕ ਵਿਖੇ ਚੋਰੀਆਂ ਦੀਆਂ ਘਟਨਾਵਾਂ ਵਿੱਚ ਦਿਨ -ਬ-ਦਿਨ ਵਾਧਾ ਹੁੰਦਾ ਜਾ ਰਿਹਾ ਹੈ। ਇੱਥੇ ਹਸਪਤਾਲ ਦੇ ਸਾਹਮਣੇ ਬਣੇ ਬਿਜਲੀ ਵਿਭਾਗ ਦੇ ਸੁਵਿਧਾ ਸੈਂਟਰ ਵਿੱਚ ਅਕਸਰ ਚੋਰੀਆਂ ਹੁੰਦੀਆਂ ਹਨ।ਨਸ਼ੇੜੀ ਸੁਵਿਧਾ ਸੈਂਟਰ ਦੇ ਦਰਵਾਜ਼ੇ ਅਤੇ ਖਿੜਕੀਆਂ ਵੀ ਤੋੜ ਕੇ ਲੈ ਜਾਂਦੇ ਹਨ।ਪਹਿਲਾਂ ਵੀ ਇੱਕ ਵਾਰ ਨਸ਼ੇੜੀਆਂ ਨੇ ਸੁਵਿਧਾ ਸੈਂਟਰ ਦੇ ਸ਼ੈੱਡ ਘਰ ਦੇ ਅੰਦਰ ਦਰਵਾਜ਼ਾ ਤੋੜ ਕੇ ਪਾਣੀ ਦੀਆਂ ਟੂਟੀਆਂ ਅਤੇ ਹੋਰ ਛੋਟਾ ਮੋਟਾ ਸਾਮਾਨ ਚੋਰੀ ਕਰ ਲਿਆ ਸੀ।ਦੇਰ ਰਾਤ ਫਿਰ ਖੰਡਵਾਲਾ ਚੌਕ ਦੇ ਇਸ ਬਿਜਲੀ ਵਿਭਾਗ ਦੇ ਸੁਵਿਧਾ ਸੈਂਟਰ ਵਿੱਚ ਚੋਰਾਂ ਨੇ ਪਿੱਛੇ ਦਾ ਦਰਵਾਜ਼ਾ ਤੋੜਿਆ। ਕੁੱਝ ਨਾ ਮਿਲਿਆ ਤਾਂ ਦਰਵਾਜ਼ਾ ਹੀ ਤੋੜ ਕੇ ਲੈ ਗਏ।ਇਨ੍ਹਾਂ ਘਟਨਾਵਾਂ ਨੂੰ ਲੈ ਕੇ ਖੇਤਰ ਨਿਵਾਸੀ ਬਹੁਤ ਪਰੇਸ਼ਾਨ ਹਨ।ਇਨ੍ਹਾਂ ਨਸ਼ੇੜੀਆਂ 'ਤੇ ਪੁਲਸ ਵੱਲੋਂ ਕੋਈ ਕਾਰਵਾਈ ਨਹੀ ਕੀਤੀ ਜਾ ਰਹੀ।ਪਿਛਲੇ 15 ਦਿਨਾਂ ਵਿੱਚ 3 ਐਕਟਿਵਾ ਚੋਰੀ ਹੋ ਚੁੱਕੀਆਂ ਹਨ।ਇਸ ਸੰਬੰਧ ਵਿੱਚ ਪੁਲਸ ਵਿਭਾਗ ਨੂੰ ਸੀਸੀਟੀਵੀ ਕੈਮਰੇ ਦੀ ਫੁਟੇਜ ਵੀ ਭੇਜੀ ਜਾ ਚੁੱਕੀ ਹੈ।ਇਸੇ ਚੌਂਕ ਤੋਂ ਹੀ ਇੱਕ ਝਪਟਮਾਰ ਨੇ ਇੱਕ ਮਹਿਲਾ ਤੋਂ ਮੋਬਾਇਲ ਵੀ ਖੋਹਿਆ ਜਿਸ ਨੂੰ ਦੁਕਾਨਦਾਰਾਂ ਨੇ ਖੁਦ ਫੜ ਕੇ ਪੁਲਸ ਦੇ ਹਵਾਲੇ ਕੀਤਾ।ਖੇਤਰ ਦੇ ਸਾਰੇ ਦੁਕਾਨਦਾਰਾਂ ਅਤੇ ਪਤਵੰਤੇ ਵਿਅਕਤੀਆਂ ਨੇ ਮੰਗ ਕੀਤੀ ਹੈ ਕਿ ਖੰਡਵਾਲਾ ਚੌਂਕ ਵਿੱਚ ਦਿਨ ਦੇ ਸਮੇਂ ਪੱਕਾ ਨਾਕਾ ਲਗਾਇਆ ਜਾਵੇ ਅਤੇ ਸੰਵੇਦਨਸ਼ੀਲ ਜੰਡਪੀਰ ਰੋਡ ਵਿਖੇ ਰਾਤ ਦੇ ਸਮੇਂ ਪੁਲਸ ਗਸ਼ਤ ਨੂੰ ਯਕੀਨੀ ਬਣਾਇਆ ਜਾਵੇ ਤਾਂ ਕਿ ਇਨਵਾਂ ਘਟਨਾਵਾਂ 'ਤੇ ਰੋਕ ਲਗਾਈ ਜਾ ਸਕੇ।ਸੁਵਿਧਾ ਸੈਂਟਰ ਵਿੱਚ ਹੋਈ ਚੋਰੀ ਦੀ ਸੂਚਨਾ ਐੱਸਡੀਓ ਵੈਸਟ ਧਰਮਿੰਦਰ ਸਿੰਘ ਨੂੰ ਦੇ ਦਿੱਤੀ ਗਈ ਸੀ।ਸੁਵਿਧਾ ਸੈਂਟਰ ਦੇ ਇੰਚਾਰਜ ਰਾਕੇਸ਼ ਕੁਮਾਰ, ਤੋਸ਼ੀਬਾ ਜਲੋਟਾ, ਮਨਪ੍ਰੀਤ ਕੌਰ ਨੇ ਕਿਹਾ ਕਿ ਪੁਲਸ ਨੂੰ ਸੁਵਿਧਾ ਸੈਂਟਰ ਦੀ ਸੁਰੱਖਿਆ ਦਾ ਪੂਰਾ ਪ੍ਰਬੰਧ ਕਰਨਾ ਚਾਹੀਦਾ ਹੈ।





# ਪ੍ਰਧਾਨ ਮੰਤਰੀ ਕਿਸਾਨ ਸਕੀਮ ਤਹਿਤ ਕੇਂਦਰ ਸਰਕਾਰ ਵੱਲੋਂ 20ਵੀਂ ਕਿਸ਼ਤ ਜਾਰੀ

**ਗੁਰਦਾਸਪੁਰ, (ਜਨਕ ਮਹਾਜਨ)**

ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ 19 ਫਰਵਰੀ 2019 ਨੂੰ ਭਾਰਤ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਸੀ, ਇਸ ਯੋਜਨਾ ਤਹਿਤ ਹਰ ਚਾਰ ਮਹੀਨਿਆਂ ਬਾਅਦ ਕਿਸਾਨਾਂ ਨੂੰ ਸਾਲ ਵਿੱਚ ਤਿੰਨ ਵਾਰ ਕੁੱਲ ਛੇ ਹਜ਼ਾਰ ਰੁਪਏ ਦੀ ਰਕਮ ਕਿਸਾਨਾਂ ਦੇ ਬੈਂਕ ਖਾਤਿਆਂ ਵਿਚ ਜਮ੍ਹਾਂ ਹੁੰਦੀ ਹੈ। ਇਸ ਸਕੀਮ ਦੇ ਤਹਿਤ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਬਨੌਲੀ, ਸੇਵਾਪੁਰੀ, ਵਾਰਾਨਸੀ, ਉੱਤਰ ਪ੍ਰਦੇਸ਼ ਵਿਖੇ ਇਕ ਵਿਸ਼ੇਸ਼ ਲਾਈਵ ਈਵੈਂਟ ਰਾਹੀਂ ਕਿਸਾਨਾਂ ਨੂੰ ਇਸ ਸਕੀਮ ਦੇ ਤਹਿਤ 20ਵੀਂ ਕਿਸ਼ਤ ਜਾਰੀ ਕਰ ਦਿੱਤੀ ਗਈ। ਡਾ. ਅਮਰੀਕ ਸਿੰਘ ਮੁੱਖ ਖੇਤੀਬਾੜੀ ਅਫ਼ਸਰ ਗੁਰਦਾਸਪੁਰ ਵੱਲੋਂ ਵੀ ਇਸ ਲਾਈਵ ਈਵੈਂਟ ਦਾ ਪ੍ਰਸਾਰਨ ਆਪਣੇ ਦਫ਼ਤਰ ਵਿਖੇ ਕੀਤਾ ਗਿਆ ਜਿਸ ਵਿੱਚ 39 ਕਿਸਾਨਾਂ ਵੱਲੋਂ ਭਾਗ ਲਿਆ ਗਿਆ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਗੁਰਦਾਸਪੁਰ ਵਿੱਚ ਕਿਸਾਨਾਂ ਦੇ ਪੀਐੱਮ ਕਿਸਾਨ ਖਾਤਿਆਂ ਦੀ ਈ-ਕੇਵਾਈਸੀ ਦਾ ਕੰਮ 81 ਫ਼ੀਸਦੀ ਮੁਕੰਮਲ ਹੋ ਗਿਆ ਹੈ। ਉਨ੍ਹਾਂ ਕਿਹਾ ਪੀ.ਐਮ ਕਿਸਾਨ ਸਕੀਮ ਦੇ ਲਾਭਪਾਤਰੀਆਂ ਦੀ ਈ-ਕੇਵਾਈਸੀ ਕਰਨ ਲਈ ਵਿਸ਼ੇਸ਼ ਟੀਮਾਂ ਦਾ ਗਠਨ ਕੀਤਾ ਗਿਆ ਹੈ ਜੋ ਕਿ ਪਿੰਡਾਂ ਵਿੱਚ ਜਾ ਕੇ ਕਿਸਾਨਾਂ ਦੇ ਪੀਐੱਮ ਕਿਸਾਨ ਖਾਤਿਆਂ ਦੀ ਈ-ਕੇਵਾਈਸੀ ਕਰ ਰਹੀਆਂ ਹਨ। ਇਸ ਦੇ ਨਾਲ ਹੀ ਕਾਮਨ ਸਰਵਿਸ ਸੈਂਟਰ ਦੇ ਨੁਮਾਇੰਦੇ ਵੀ ਈ-ਕੇਵਾਈਸੀ ਕਰ ਰਹੇ ਹਨ ਅਤੇ ਜਲਦ ਹੀ ਇਸ ਕੰਮ ਨੂੰ ਮੁਕੰਮਲ ਕਰ ਲਿਆ ਜਾਵੇਗਾ। ਇਸ ਤੋਂ ਇਲਾਵਾ ਕਿਸਾਨਾਂ ਦੇ ਖਾਤਿਆਂ ਦੀ ਲੈਂਡ ਸੀਡਿੰਗ ਦਾ ਕੰਮ ਵੀ ਚੱਲ ਰਿਹਾ ਹੈ ਖੇਤੀਬਾੜੀ ਵਿਭਾਗ ਦੇ ਖੇਤਰੀ ਦਫ਼ਤਰਾਂ ਵਿੱਚ ਕਿਸਾਨਾਂ ਦਾ ਰੈਵੀਨਿਊ ਰਿਕਾਰਡ ਵੈਰੀਫਾਈ ਕਰਕੇ ਖੇਤੀਬਾੜੀ ਡਾਇਰੈਕਟੋਰੇਟ ਤੋਂ ਲੈਂਡ ਸੀਡਿੰਗ ਕਰਵਾਈ ਜਾ ਰਹੀ ਹੈ। ਇਸ ਲਈ ਕਿਸਾਨਾਂ ਨੂੰ ਇਹ ਅਪੀਲ ਕੀਤੀ ਜਾਂਦੀ ਹੈ ਕਿ ਈ-ਕੇਵਾਈਸੀ ਜਾਂ ਲੈਂਡ ਸੀਡਿੰਗ ਕਰਵਾਉਣੀ ਰਹਿ ਗਈ ਹੈ ਉਹ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਕਰਮਚਾਰੀਆਂ ਦੇ ਨਾਲ ਸੰਪਰਕ ਕਰਨ ਤਾਂ ਜੋ ਇਸ ਕੰਮ ਨੂੰ ਜਲਦੀ ਨੇਪਰੇ ਚਾੜ੍ਹਿਆ ਜਾ ਸਕੇ।



# ਆਂਗਣਵਾੜੀ ਵਰਕਰਾਂ ਦੀਆਂ ਖਾਲੀ ਅਸਾਮੀਆਂ ਸਤੰਬਰ 'ਚ ਭਰਾਂਗੇ : ਧਾਲੀਵਾਲ

**ਅਜਨਾਲਾ (ਸੁੱਖਤਿੰਦਰ ਸਿੰਘ ਰਾਜੂ)**

ਹਲਕਾ ਵਿਧਾਇਕ ਤੇ ਸਾਬਕਾ ਕੈਬਨਿਟ ਮੰਤਰੀ ਪੰਜਾਬ ਕੁਲਦੀਪ ਸਿੰਘ ਧਾਲੀਵਾਲ ਵੱਲੋਂ ਇਤਿਹਾਸਕ ਤੇ ਸਰਹੱਦੀ ਨਗਰੀ ਰਮਦਾਸ ਸਮੇਤ ਨੇੜੇ ਤੇੜੇ ਦੇ ਪਿੰਡਾਂ ਦੇ ਲੋਕਾਂ ਨੂੰ ਦਰਪੇਸ਼ ਪ੍ਰਸ਼ਾਸ਼ਨੀ ਸਮੱਸਿਆਵਾਂ ਦਾ ਨਿਆਂ ਦਿਵਾਉਣ ਲਈ ਸਿਵਲ ਤੇ ਪੁਲਸ ਪ੍ਰਸ਼ਾਸਨਿਕ ਅਧਿਕਾਰੀਆਂ ਦੀ ਮੌਜੂਦਗੀ 'ਚ ਨਗਰ ਰਮਦਾਸ ਵਿਖੇ ਜਨਤਾ ਦਰਬਾਰ ਲਗਾਇਆ ਗਿਆ, ਜਿਸ ਦੌਰਾਨ ਵਿਧਾਇਕ ਧਾਲੀਵਾਲ ਨੇ ਪੁਲਸ, ਸਿਹਤ, ਸਿੱਖਿਆ, ਵਿਕਾਸ, ਬਿਜਲੀ ਵਿਭਾਗ, ਸਿੰਚਾਈ ਵਿਭਾਗ, ਆਂਗਣਵਾੜੀ ਕੇਂਦਰਾਂ ਤੇ ਪੰਚਾਇਤੀ ਰਾਜ ਸਮੇਤ ਅਜਨਾਲਾ ਸਬ ਡਵੀਜ਼ਨ ਚੋਂ ਲੰਘਦੇ ਕੌਮਾਂਤਰੀ ਰਾਵੀ ਦਰਿਆ 'ਚ ਸੰਭਾਵੀ ਹੜ੍ਹਾਂ ਬਾਰੇ ਵੀ ਮੁੱਦਾ ਉਠਾਉਣ ਆਦਿ ਵਿਭਾਗਾਂ ਨਾਲ ਜੁੜੀਆਂ ਦਰਜਨਾਂ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਤੇ ਮੌਕੇ 'ਤੇ ਹੱਲ ਕਰਵਾਈਆਂ। ਜਨਤਾ ਦਰਬਾਰ ਨੂੰ ਸੰਬੋਧਨ ਕਰਦਿਆਂ ਸ: ਧਾਲੀਵਾਲ ਨੇ ਕਿਹਾ ਕਿ ਲੋਕ ਸੇਵਾ ਹੀ ਮਾਨਵਤਾ ਦੀ ਉਤਮ ਸੇਵਾ ਹੈ ਅਤੇ ਮਾਨਵਤਾ ਦੀ ਸੇਵਾ 'ਚੋਂ ਹੀ ਰੱਬ ਦੀ ਸੇਵਾ ਨਜ਼ਰ ਆਉਂਦੀ ਹੈ, ਜਿਸ ਦੇ ਮੱਦੇਨਜ਼ਰ ਉਨ੍ਹਾਂ ਸਮੇਤ ਉਨ੍ਹਾਂ ਦਾ ਪਰਿਵਾਰ ਦੇ ਵਿਧਾਨ ਸਭਾ ਹਲਕਾ ਅਜਨਾਲਾ ਦੇ ਲੋਕਾਂ ਦੀ ਸੇਵਾ ਲਈ 24 ਘੰਟੇ ਦਰਵਾਜ਼ੇ ਖੁੱਲ੍ਹੇ ਹਨ।ਉਨ੍ਹਾਂ ਨੇ ਹਲਕੇ 'ਚ ਆਂਗਣਵਾੜੀ ਕੇਂਦਰਾਂ 'ਚ ਮੁਲਾਜ਼ਮਾਂ ਦੀ ਘਾਟ ਬਾਰੇ ਉਠੇ ਮੱਸਲੇ ਦੇ ਜੁਆਬ 'ਚ ਜਾਣਕਾਰੀ ਦਿੱਤੀ ਕਿ ਪੰਜਾਬ ਸਰਕਾਰ ਅਗਲੇ ਮਹੀਨੇ 30 ਸਤੰਬਰ ਤੱਕ 5 ਹਜਾਰ ਤੋਂ ਵੱਧ ਆਂਗਣਵਾੜੀ ਵਰਕਰ ਤੇ ਸਹਾਇਕਾਂ ਦੀ ਮੈਰਿਟ ਦੇ ਆਧਾਰ ਤੇ ਭਰਤੀ ਕਰਨ ਜਾ ਰਹੀ ਹੈ ਜਿਸ ਬਾਰੇ ਬਕਾਇਦਾ ਇਸੇ ਮਹੀਨੇ 22 ਅਗਸਤ ਨੂੰ ਨਵੀਂ ਭਰਤੀ ਲਈ ਮੀਡੀਆ 'ਚ ਇਸ਼ਤਿਹਾਰ ਜਾਰੀ ਕਰ ਦਿੱਤਾ ਜਾਵੇਗਾ ਅਤੇ ਆਂਗਣਵਾੜੀ ਵਰਕਰਾਂ ਤੇ ਸਹਾਇਕਾਂ ਲਈ ਨੌਕਰੀ ਲੈਣ ਦੇ ਇੱਛੁਕ ਉਮੀਦਵਾਰਾਂ ਨੂੰ ਵਿਭਾਗੀ ਪਤੇ ਤੇ ਆਪਣੀਆਂ ਅਰਜ਼ੀਆਂ 22 ਸਤੰਬਰ ਤੱਕ ਪੁੱਜਦੀਆਂ ਕਰਨੀਆਂ ਹੋਣਗੀਆਂ।ਸ: ਧਾਲੀਵਾਲ ਨੇ ਸਿੱਖਾਂ ਦੇ 3 ਗੁਰੂਆਂ ਸ੍ਰੀ ਗੁਰੂ ਨਾਨਕ ਦੇਵ, ਸ੍ਰੀ ਗੁਰੂ ਰਾਮਦਾਸ ਤੇ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਸਮੇਤ ਬ੍ਰਹਮ ਗਿਆਨੀ ਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਦੇ ਪਹਿਲੇ ਹੈੱਡ ਗ੍ਰੰਥੀ ਬਾਬਾ ਬੁੱਢਾ ਸਾਹਿਬ ਦੀ ਚਰਨ ਛੋਹ ਪ੍ਰਾਪਤ ਇਤਿਹਾਸਕ ਨਗਰੀ ਰਮਦਾਸ ਦੇ ਵਿਕਾਸ ਪੱਖੋਂ ਸੁੰਦਰੀਕਰਨ ਦੀ ਜਾਣਕਾਰੀ ਦਿੰਦਿਆਂ ਪ੍ਰਗਟਾਵਾ ਕੀਤਾ ਕਿ ਰਮਦਾਸ ਵਿਖੇ 2.75 ਕਰੋੜ ਰੁਪਏ ਦੀ ਲਾਗਤ ਨਾਲ ਨਵੇਂ ਬਾਹਰੀ ਗੇਟ ਬਣਾਉਣ ਲਈ ਬਕਾਇਦਾ ਰਕਮ ਜਾਰੀ ਹੋ ਗਈ ਹੈ।ਇਸ ਮੌਕੇ ਖੁਸ਼ਪਾਲ ਸਿੰਘ ਧਾਲੀਵਾਲ ਸਮੇਤ ਰਮਦਾਸ ਸ਼ਹਿਰੀ ਦੇ ਕੌਂਸਲਰ, ਇਲਾਕੇ ਦੇ ਪੰਚ ਸਰਪੰਚ ਤੇ ਪ੍ਰਸ਼ਾਸ਼ਨਿਕ ਅਧਿਕਾਰੀ ਮਜੂਦ ਸਨ।



# ਟਾਟਾ ਬਿਲਡਿੰਗ ਇੰਡੀਆ ਸਕੂਲ ਦੇ ਕੌਮੀ ਪੱਧਰ ਦੇ ਲੇਖ ਮੁਕਾਬਲੇ ਕਰਵਾਏ



**ਪੱਟੀ (ਬਲਦੇਵ ਸਿੰਘ ਸੰਧੂ)**

ਸਤਿਲੁਜ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਠੱਕਰਪੁਰਾ ਵਿਖੇ ਨੈਸ਼ਨਲ ਪੱਧਰ ਦੇ ਹੋਏ ਟਾਟਾ ਬਿਲਡਿੰਗ ਇੰਡੀਆ ਸਕੂਲ ਲੇਖ ਮੁਕਾਬਲਿਆਂ ਵਿੱਚ ਬੱਚਿਆਂ ਵੱਲੋਂ ਆਪਣੇ ਹੁਨਰ ਸਦਕਾ ਸਥਾਨ ਹਾਸਲ ਕੀਤੇ ਗਏ।ਇਹ ਮੁਕਾਬਲੇ ਦੋ ਵਰਗਾਂ ਵਿੱਚ ਵੰਡੇ ਗਏ। ਜੂਨੀਅਰ ਵਰਗ ਅਤੇ ਸੀਨੀਅਰ ਵਰਗ ਜਿਸ ਵਿੱਚ ਜਸਮੀਤ ਕੌਰ ਨੇ ਪਹਿਲਾ, ਮਹਿਕਪ੍ਰੀਤ ਕੌਰ ਨੇ ਦੂਸਰਾ ਅਤੇ ਸੁਖਮਨਦੀਪ ਕੌਰ ਨੇ ਤੀਸਰਾ ਸਥਾਨ ਹਾਸਲ ਕਰਕੇ ਜੂਨੀਅਰ ਵਰਗ ਵਿਚ ਜਗ੍ਹਾ ਬਣਾਈ। ਇਸ ਦੇ ਨਾਲ ਹੀ ਸੀਨੀਅਰ ਵਰਗ ਵਿੱਚ ਕੇਵਲਪ੍ਰੀਤ ਸਿੰਘ ਨੇ ਪਹਿਲਾ, ਪ੍ਰਤਜੀਤ ਕੌਰ ਨੇ ਦੂਸਰਾ ਅਤੇ ਪਲਕਦੀਪ ਕੌਰ ਨੇ ਤੀਸਰਾ ਸਥਾਨ ਹਾਸਲ ਕਰਕੇ ਸਕੂਲ ਅਤੇ ਆਪਣੇ ਆਪਿਆਂ ਦਾ ਨਾਮ ਰੌਸ਼ਨ ਕੀਤਾ।ਇਸ ਮੌਕੇ ਮੈਨੇਜਮੈਂਟ ਮੈਂਬਰ ਹਰਬੀਰ ਸਿੰਘ, ਹਰਨੂਰ ਸਿੰਘ, ਮੈਡਮ ਪਰਮਿੰਦਰ ਕੌਰ, ਪ੍ਰਿੰ. ਮੈਡਮ ਰਾਜਬੀਰ ਕੌਰ ਅਤੇ ਵਾਈਸ ਪ੍ਰਿੰ. ਮੈਡਮ ਦਲਬੀਰ ਕੌਰ ਨੇ ਬੱਚਿਆਂ ਨੂੰ ਸਨਮਾਨਿਤ ਕਰਦੇ ਹੋਏ ਵਧਾਈ ਦਿੱਤੀ।

# ਸਵੈ-ਸਹਾਇਤਾ ਸਮੂਹਾਂ ਲਈ ਨਵੀਆਂ ਉਮੀਦਾਂ ਜਗਾ ਕੇ ਦੋ ਰੋਜ਼ਾ 'ਉਮੀਦ ਬਾਜ਼ਾਰ' ਸਮਾਪਤ

**ਗੁਰਦਾਸਪੁਰ, (ਜਨਕ ਮਹਾਜਨ)**

ਪੰਜਾਬ ਸਰਕਾਰ ਦੀਆਂ ਹਦਾਇਤਾਂ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਕ ਨਿਵੇਕਲੀ ਪਹਿਲ ਕਰਦਿਆਂ ਗੁਰਦਾਸਪੁਰ ਸ਼ਹਿਰ ਦੇ ਪੁਰਾਣੇ ਬੱਸ ਅੱਡੇ ਵਿੱਚ ਲਗਾਇਆ ਗਿਆ ਦੋ ਰੋਜ਼ਾ 'ਉਮੀਦ ਬਾਜ਼ਾਰ' ਸਵੈ ਸਹਾਇਤਾ ਸਮੂਹਾਂ ਵਿਚ ਇਕ ਨਵੀਂ ਉਮੀਦ ਜਗਾਉਂਦਾ ਹੋਇਆ ਸਮਾਪਤ ਹੋ ਗਿਆ। ਉਮੀਦ ਬਾਜ਼ਾਰ 'ਚ 5.23 ਲੱਖ ਰੁਪਏ ਤੋਂ ਵੱਧ ਦੀ ਖ਼ਰੀਦਦਾਰੀ ਹੋਈ। ਵੱਖ-ਵੱਖ ਸਰਕਾਰੀ ਅਧਿਕਾਰੀਆਂ ਤੋਂ ਇਲਾਵਾ ਵੱਡੀ ਗਿਣਤੀ ਗੁਰਦਾਸਪੁਰ ਸ਼ਹਿਰ ਅਤੇ ਆਸ-ਪਾਸ ਦੇ ਲੋਕਾਂ ਨੇ ਸ਼ਿਰਕਤ ਕੀਤੀ ਅਤੇ ਸਟਾਲਾਂ ਉੱਪਰ ਵੇਚੇ ਜਾ ਰਹੇ ਉਤਪਾਦਾਂ ਨੂੰ ਦੇਖਿਆ ਅਤੇ ਖ਼ਰੀਦਿਆ। ਵਧੀਕ ਡਿਪਟੀ ਕਮਿਸ਼ਨਰ ਡਾ. ਹਰਜਿੰਦਰ ਸਿੰਘ ਬੇਦੀ ਅਤੇ ਐੱਸਡੀਐੱਮ ਦੀਨਾਨਗਰ ਜਸਪਿੰਦਰ ਸਿੰਘ ਭੁੱਲਰ ਵੱਲੋਂ ਵੀ ਉਮੀਦ ਬਾਜ਼ਾਰ ਦੌਰਾਨ ਖ਼ਰੀਦਦਾਰੀ ਕੀਤੀ ਗਈ। 'ਉਮੀਦ ਬਾਜ਼ਾਰ' ਨੂੰ ਜ਼ਿਲ੍ਹਾ ਵਾਸੀਆਂ ਵਲੋਂ ਵੱਡਾ ਹੁੰਗਾਰਾ ਮਿਲਿਆ ਅਤੇ ਬਾਜ਼ਾਰ ਦੇ ਦੂਜੇ ਦਿਨ ਰਿਕਾਰਡ ਸੇਲ ਹੋਈ ਹੈ। ਇਸ ਬਜ਼ਾਰ ਵਿਚ 60 ਸਵੈ-ਸਹਾਇਤਾ ਸਮੂਹਾਂ ਵੱਲੋਂ ਆਪਣੇ ਉਤਪਾਦ ਲਗਾ ਕੇ ਆਪਣੇ ਹੱਥੀਂ ਤਿਆਰ ਕੀਤੇ ਸਮਾਨ ਨੂੰ ਵਾਜਬ ਰੇਟਾਂ ਉੱਪਰ ਵੇਚਿਆ ਗਿਆ। ਏਡੀਸੀ ਨੇ ਦੱਸਿਆ ਕਿ ਸਵੈ ਸਹਾਇਤਾ ਸਮੂਹਾਂ ਦੀਆਂ ਔਰਤਾਂ ਵੱਲੋਂ ਇਨ੍ਹਾਂ ਸਟਾਲਾਂ ਵਿੱਚ, ਅਚਾਰ, ਮੁਰੱਬੇ, ਚਟਣੀਆਂ, ਖਾਣ-ਪੀਣ ਦੇ ਸਾਮਾਨ ਤੋਂ ਇਲਾਵਾ ਡੈਕੋਰੇਸ਼ਨ ਦਾ ਸਾਮਾਨ, ਔਰਤਾਂ ਤੇ ਬੱਚਿਆਂ ਦੇ ਸੂਟ, ਫੁੱਲਕਾਰੀਆਂ, ਔਰਤਾਂ ਲਈ ਸ਼ਿੰਗਾਰ ਦਾ ਸਾਮਾਨ ਅਤੇ ਹੋਰ ਰੋਜ਼ਾਨਾ ਜ਼ਰੂਰਤ ਦਾ ਸਾਮਾਨ ਵੇਚਣ ਲਈ ਰੱਖਿਆ ਗਿਆ ਸੀ। ਇਸ ਤੋਂ ਇਲਾਵਾ ਅਗਾਂਹਵਧੂ ਕਿਸਾਨਾਂ ਵੱਲੋਂ ਫੂਡ ਪ੍ਰੋਸੈਸਿੰਗ ਨਾਲ ਸਬੰਧਿਤ ਆਪਣੇ ਉਤਪਾਦ ਵੇਚੇ ਗਏ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਡਾ. ਹਰਜਿੰਦਰ ਸਿੰਘ ਬੇਦੀ ਤੋਂ ਇਲਾਵਾ ਤੋਂ ਇਲਾਵਾ ਪ੍ਰਸ਼ਾਸਨਿਕ ਅਧਿਕਾਰੀ ਤੇ ਵੱਡੀ ਗਿਣਤੀ ਵਿਚ ਇਲਾਕਾ ਨਿਵਾਸੀ ਹਾਜ਼ਰ ਸਨ।



# ਰੋਟਰੀ ਕਲੱਬ ਪ੍ਰੀਮੀਅਰ ਦਾ ਤਾਜਪੋਸ਼ੀ ਸਹੁੰ-ਚੁੱਕ ਸਮਾਗਮ ਧੂਮਧਾਮ ਨਾਲ ਸੰਪੰਨ

**ਅੰਮ੍ਰਿਤਸਰ (ਅਰੋੜਾ)**

ਰੋਟਰੀ ਇੰਟਰਨੈਸ਼ਨਲ ਵੱਲੋਂ ਨਿਰਧਾਰਿਤ ਨਿਯਮਾਂ ਦੇ ਅਨੁਸਾਰ ਸੰਸਾਰ ਭਰ ਦੀਆਂ ਰੋਟਰੀ ਕਲੱਬਾਂ ਦੇ ਵੱਲੋਂ ਹਰੇਕ ਰੋਟਰੀ ਕਲੱਬ ਦੇ ਸਾਬਕਾ ਪ੍ਰਧਾਨ ਅਤੇ ਸਕੱਤਰ ਦਾ ਕਾਰਜਕਾਲ ਸੰਪੰਨ ਹੋਣ ਤੋਂ ਬਾਅਦ ਅਗਲੇ ਸਾਲ ਦੇ ਲਈ ਨਵੇਂ ਬਣੇ ਪ੍ਰਧਾਨ ਅਤੇ ਸਕੱਤਰ ਦੀ ਤਾਜਪੋਸ਼ੀ ਸਮਾਗਮ ਦੀ ਪ੍ਰਥਾ ਚੱਲਦੀ ਆ ਰਹੀ ਹੈ। ਇਸੇ ਪ੍ਰਥਾ ਦੇ ਚੱਲਦੇ ਰੋਟਰੀ ਕਲੱਬ ਪ੍ਰੀਮੀਅਰ ਦੇ ਪ੍ਰਧਾਨ ਡਾ. ਸੌਮਿਲ ਕਾਂਸਲ ਦਾ ਕਾਰਜਕਾਲ ਸੰਪੰਨ ਹੋਣ ਦੇ ਬਾਅਦ ਉਨ੍ਹਾਂ ਦੀ ਜਗ੍ਹਾ ਡਾ. ਗਾਇਤਰੀ ਸੂਰ ਅਤੇ ਸਕੱਤਰ ਡਾ. ਅਰਪਿਤਾ ਕਾਂਸਲ ਨੂੰ ਰੋਟਰੀ ਦਾ ਕਾਰਜ ਭਾਰ ਸੌਂਪਿਆ ਗਿਆ।ਕਲੱਬ ਦੇ ਚਾਰਟਰਡ ਪ੍ਰਧਾਨ ਰਾਜੇਸ਼ ਅਰੋੜਾ, ਰੋਟਰੀ ਦੇ ਜੀ. ਐੱਸ. ਆਰ. ਐਂਡ ਕਲੱਬ ਫਾਊਂਡਰ ਰਮਨ ਗੁਪਤਾ ਦੀ ਪ੍ਰਧਾਨਗੀ ਹੇਠ ਕਰਵਾਏ ਗਏ ਸਮਾਗਮ ਵਿੱਚ ਰੋਟਰੀ 3070 ਦੇ ਸਾਲ 26-27 ਦੇ ਆਉਣ ਵਾਲੇ ਗਵਰਨਰ ਅਨਿਲ ਸਿੰਗਲ ਮੁੱਖ ਮਹਿਮਾਨ ਅਤੇ ਸਾਲ 27-28 ਦੇ ਗਵਰਨਰ ਵਿਜੇ ਸਹਿਦੇਵ ਖਾਸ ਮਹਿਮਾਨ ਦੇ ਤੌਰ 'ਤੇ ਸ਼ਾਮਿਲ ਹੋਏ।ਮੁੱਖ ਮਹਿਮਾਨ ਅਨਿਲ ਸਿੰਗਲ ਨੇ ਸਾਬਕਾ ਪ੍ਰਧਾਨ ਸੌਮਿਲ ਕਾਂਸਲ ਤੋਂ ਕਲੱਬ ਦੀ ਜ਼ਿੰਮੇਵਾਰੀ ਲੈ ਕੇ ਮਹਿਲਾ ਪ੍ਰਧਾਨ ਡਾ. ਗਾਇਤਰੀ ਸੂਰ ਨੂੰ ਸੌਂਪੀ ਅਤੇ ਸਕੱਤਰ ਅਹੁਦੇ ਦੀ ਜ਼ਿੰਮੇਵਾਰੀ ਮਹਿਲਾ ਸਕੱਤਰ ਡਾ. ਅਰਪਿਤਾ ਕਾਂਸਲ ਦੇ ਹੱਥਾਂ ਵਿੱਚ ਦਿੱਤੀ।ਨਵੇਂ ਬਣੀ ਮਹਿਲਾ ਪ੍ਰਧਾਨ ਗਾਇਤਰੀ ਸੂਰ ਨੇ ਰੋਟਰੀ ਗਵਰਨਰ ਅਤੇ ਰੋਟਰੀ ਮੈਂਬਰਾਂ ਨੂੰ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਉਹ ਰੋਟਰੀ ਵਿੱਚ ਕੁੱਝ ਅਜਿਹਾ ਕਰਨਗੇ ਜਿਸ ਨਾਲ ਰੋਟਰੀ ਪ੍ਰੀਮੀਅਰ ਦਾ ਨਾਮ ਰੋਟਰੀ ਇੰਟਰਨੈਸ਼ਨਲ ਤੱਕ ਜਾਣਿਆ ਜਾਵੇ।ਰੋਟਰੀ ਪ੍ਰੀਮੀਅਰ ਦੇ ਵੱਲੋਂ ਮੁੱਖ ਮਹਿਮਾਨ ਅਨਿਲ ਸਿੰਗਲ, ਖਾਸ ਮਹਿਮਾਨ ਵਿਜੇ ਸਹਿਦੇਵ ਦੇ ਨਾਲ-ਨਾਲ ਰੋਟਰੀ ਦੇ ਜ਼ੋਨਲ ਚੇਅਰਮੈਨ ਵਿਜੇ ਭਸੀਨ, ਸਹਾਇਕ ਗਵਰਨਰ ਡਾ. ਜੇ. ਐੱਸ. ਗੁੰਬਰ ਨੂੰ ਸਨਮਾਨਿਤ ਕੀਤਾ। ਸਮਾਗਮ ਵਿੱਚ ਡਾ. ਅਨੂਪਮਾ ਗੁਪਤਾ, ਡਾ. ਪੂਨਮ ਓਹਰੀ, ਤੇਜਿੰਦਰ, ਡਾ. ਜਸਪ੍ਰੀਤ ਸੋਬਤੀ, ਡਾ. ਹਰਜੋਤ ਮੱਕੜ, ਡਾ. ਸੰਜੀਵ ਕੋਹਲੀ, ਡਾ. ਤਰਨਜੀਤ ਕੌਰ, ਡਾ. ਹਰੀਦੇ, ਡਾ. ਅਸ਼ਵਨੀ ਅਰੋੜਾ, ਡਾ. ਅਜੈਪਾਲ, ਡਾ. ਜਗਦੀਪ, ਡਾ. ਦਮਨਦੀਪ, ਵਿਕਰਮਜੀਤ, ਗੁਰਪੂਰਨ ਬਾਂਸਲ, ਕਿਰਨ ਵਿਜ, ਦੀਪਕ ਵੀਜ, ਮੁਸਕਾਨ ਅਰੋੜਾ, ਸੁਰਭੀ ਮਹਾਜਨ, ਵਰੁਣ ਮਹਾਜਨ, ਡਾ. ਨਮੀਤਾ, ਨੀਰੂ ਗੁਪਤਾ, ਰੋਟਰੀ ਅਗਰਵਾਲ, ਸੰਦੀਪ ਸਹਿਤ ਰੋਟਰੀ ਕਲੱਬ ਪ੍ਰੀਮੀਅਰ ਦੇ ਸਮੂਹ ਮੈਂਬਰ ਪਰਿਵਾਰਾਂ ਸਮੇਤ ਮੌਜੂਦ ਸਨ।




# ਆਈ ਈ ਸੀ ਐਕਟੀਵਿਟੀਜ਼ ਮੁਹਿੰਮ ਅਧੀਨ ਪਿੰਡ ਮੁਗਲਾਣੀ 'ਚ ਕੈਂਪ ਲਗਾਇਆ

**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**

ਡਿਪਟੀ ਕਮਿਸ਼ਨਰ ਤਰਨ ਤਾਰਨ ਰਾਹੁਲ ਕੁਮਾਰ ਆਈਏਐੱਸ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਜ਼ਿਲ੍ਹਾ ਸਿਖਲਾਈ ਅਫਸਰ ਤਰਨ ਤਾਰਨ ਡਾ. ਜਸਵਿੰਦਰ ਸਿੰਘ ਦੀ ਪ੍ਰਧਾਨਗੀ ਅਤੇ ਬਲਾਕ ਖਡੂਰ ਸਾਹਿਬ ਖੇਤੀਬਾੜੀ ਅਫਸਰ ਡਾ. ਨਵਤੇਜ ਸਿੰਘ ਦੀ ਅਗਵਾਈ ਹੇਠ ਆਈਈਸੀ ਐਕਟੀਵਟੀਜ਼ ਅਧੀਨ ਪਿੰਡ ਪੱਧਰੀ ਕੈਂਪ ਪਿੰਡ ਮੁਗਲਾਣੀ, ਬਲਾਕ ਖਡੂਰ ਸਾਹਿਬ ਵਿਖੇ ਲਗਾਇਆ ਗਿਆ।ਇਸ ਮੌਕੇ ਸਿਮਰਨਜੀਤ ਸਿੰਘ ਖੇਤੀਬਾੜੀ ਸਬ-ਇੰਸਪੈਕਟਰ ਨੇ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਨਾ ਲਗਾਉਣ ਦੀ ਅਪੀਲ ਕੀਤੀ ਅਤੇ ਇਸ ਦੇ ਨਾਲ ਦੱਸਿਆ ਕਿ ਪਰਾਲੀ ਨੂੰ ਅੱਗ ਲਗਾਉਣ ਨਾਲ ਮਿੱਤਰ-ਕੀੜੇ ਮਰ ਜਾਂਦੇ ਹਨ ਅਤੇ ਜ਼ਮੀਨ ਦੀ ਉਪਜਾਊ ਸ਼ਕਤੀ ਘੱਟ ਜਾਂਦੀ ਹੈ।ਪਰਾਲੀ ਨੂੰ ਅੱਗ ਲਾਉਣ ਨਾਲ ਸੜਕੀ ਹਾਦਸੇ ਵਾਪਰਦੇ ਹਨ ਅਤੇ ਜ਼ਹਿਰੀਲੇ ਧੂੰਏਂ ਨਾਲ ਬਜ਼ੁਰਗਾਂ ਅਤੇ ਬੱਚਿਆਂ ਨੂੰ ਸਾਹ ਲੈਣਾ ਔਖਾ ਹੋ ਜਾਂਦਾ ਹੈ। ਇੱਕ ਟਨ ਪਰਾਲੀ ਨੂੰ ਅੱਗ ਲਾਉਣ ਨਾਲ 400 ਕਿਲੋ ਜੈਵਿਕ ਕਾਰਬਨ 5.5 ਕਿਲੋ ਨਾਈਟ੍ਰੋਜਨ, 2 3 ਕਿਲੋ ਫਾਸਫੋਰਸ , 25 ਕਿਲੋ ਪੋਟਾਸ਼ ਅਤੇ 1.2 ਕਿਲੋ ਸਲਫ਼ਰ ਦਾ ਨੁਕਸਾਨ ਹੁੰਦਾ ਹੈ।ਇਸ ਮੌਕੇ ਸਿਮਰਨਜੀਤ ਸਿੰਘ ਨੇ ਝੋਨੇ ਉੱਪਰ ਚੱਲ ਰਹੀਆਂ ਬਿਮਾਰੀਆਂ ਅਤੇ ਕੀੜੇ ਮਕੌੜਿਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਇਸ ਮੌਕੇ ਸਤਨਾਮ ਸਿੰਘ ਨੇ ਪੀ. ਐੱਮ. ਕਿਸਾਨ ਨਿਧੀ ਯੋਜਨਾ ਬਾਰੇ ਕਿਸਾਨਾਂ ਨੂੰ ਜਾਣਕਾਰੀ ਦਿੱਤੀ ਅਤੇ ਆਏ ਹੋਏ ਕਿਸਾਨਾਂ ਦਾ ਧੰਨਵਾਦ ਕੀਤਾ।ਇਸ ਮੌਕੇ ਸਰਪੰਚ ਨਿਸ਼ਾਨ ਸਿੰਘ, ਗੁਰਮੇਜ ਸਿੰਘ, ਕੁਲਵੰਤ ਸਿੰਘ, ਸਰਬਜੀਤ ਸਿੰਘ, ਦਵਿੰਦਰ ਸਿੰਘ, ਗੁਰਨਾਮ ਸਿੰਘ, ਨਿਰਵੈਰ ਸਿੰਘ, ਦਲਜੀਤ ਸਿੰਘ ਅਤੇ ਬਲਦੇਵ ਸਿੰਘ ਆਦਿ ਹਾਜ਼ਰ ਸਨ।




# ਮਨੁੱਖਤਾ ਦੀ ਸੇਵਾ ਸੁਸਾਇਟੀ ਪੱਟੀ ਨੇ ਸਕੂਲ 'ਚ ਰੁੱਖ ਲਗਾ ਕੇ ਵਾਤਾਵਰਣ ਸੰਭਾਲ ਦਾ ਦਿੱਤਾ ਹੋਕਾ



**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ ਰਣਬੀਰ ਸਿੰਘ ਗੋਲਣ)**

ਮਨੁੱਖਤਾ ਦੀ ਸੇਵਾ ਖੂਨਦਾਨ ਸੁਸਾਇਟੀ ਪੱਟੀ ਦੀ ਟੀਮ ਵੱਲੋਂ ਸਰਕਾਰੀ ਹਾਈ ਸਮਾਰਟ ਸਕੂਲ ਮੂਸੇ 'ਚ ਰੁੱਖ ਲਗਾ ਕੇ ਤੇਜ਼ੀ ਨਾਲ ਗੰਧਲੇ ਹੋ ਰਹੇ ਵਾਤਾਵਰਣ ਨੂੰ ਸ਼ੁੱਧ ਬਣਾਉਣ ਦਾ ਹੋਕਾ ਦਿੱਤਾ ਗਿਆ।ਦੱਸਣਯੋਗ ਹੈ ਕਿ ਸੁਸਾਇਟੀ ਵੱਲੋਂ ਸਕੂਲ ਨੂੰ ਸੌ ਫੁੱਲਦਾਰ, ਫ਼ਲਦਾਰ ਤੇ ਛਾਂਦਾਰ ਪੌਦੇ ਦਿੱਤੇ ਗਏ ਜਿਨ੍ਹਾਂ ਨੂੰ ਸਕੂਲ ਦੇ ਸਟਾਫ ਮੈਂਬਰਾਂ ਤੇ ਸੁਸਾਇਟੀ ਦੇ ਮੈਂਬਰਾਂ ਨੇ ਲਗਾਇਆ।ਇਸ ਮੌਕੇ ਸੁਸਾਇਟੀ ਦੇ ਟੀਮ ਮੈਂਬਰ ਸੁਖਬੀਰ ਸਿੰਘ, ਗੁਰਦੇਵ ਸਿੰਘ, ਕੁਲਦੀਪ ਸਿੰਘ (ਕੇਪੀ ਪੱਤਰਕਾਰ), ਵਿਵੇਕ ਕੁਮਾਰ ਤੇ ਸਕੂਲ ਮੁਖੀ ਗੁਲਬਾਗ ਸਿੰਘ ਨੇ ਕਿਹਾ ਕਿ ਇੱਕੀਵੀਂ ਸਦੀ ਦਾ ਮਨੁੱਖ ਪੈਸੇ ਦੀ ਦੌੜ ਵਿੱਚ ਇਸ ਕਦਰ ਵਿਅਸਤ ਹੋ ਚੁੱਕਾ ਹੈ ਕਿ ਉਸ ਨੂੰ ਆਪਣੇ ਆਲੇ-ਦੁਆਲੇ ਦਾ ਗੰਧਲਾ ਹੋ ਰਿਹਾ ਵਾਤਾਵਰਣ ਨਜ਼ਰ ਹੀ ਨਹੀਂ ਆ ਰਿਹਾ। ਉਨ੍ਹਾਂ ਕਿਹਾ ਕਿ ਜੇਕਰ ਸਮਾਂ ਰਹਿੰਦਿਆਂ ਅਸੀਂ ਵਾਤਾਵਰਣ ਦੀ ਸ਼ੁੱਧਤਾ ਵੱਲ ਧਿਆਨ ਨਾ ਦਿੱਤਾ ਤਾਂ ਸਾਡੀਆਂ ਆਉਂਣ ਵਾਲੀਆਂ ਪੀੜ੍ਹੀਆਂ ਲਈ ਸਾਫ਼ ਤੇ ਸ਼ੁੱਧ ਹਵਾ ਨਹੀਂ ਬਚੇਗੀ। ਸਕੂਲ ਮੁਖੀ ਗੁਲਬਾਗ ਸਿੰਘ ਨੇ ਕਿਹਾ ਕਿ ਕੁਦਰਤ ਮਨੁੱਖ ਦੀ ਹੋਂਦ ਨੂੰ ਬਚਾਉਣ ਲਈ ਬਿਨਾਂ ਮੰਗਿਆਂ ਸਭ ਕੁਝ ਦੇ ਰਹੀ ਹੈ ਪ੍ਰੰਤੂ ਪੈਸੇ ਪਿੱਛੇ ਭੱਜ ਰਹੇ ਮਨੁੱਖ ਨੂੰ ਕੁਦਰਤ ਦੀ ਕੋਈ ਸਾਰ ਨਹੀਂ। ਉਨ੍ਹਾਂ ਵਿਦਿਆਰਥੀਆਂ ਤੇ ਲੋਕਾਂ ਨੂੰ ਵੱਧ ਤੋਂ ਵੱਧ ਰੁੱਖ ਲਗਾ ਕੇ ਵਾਤਾਵਰਣ ਨੂੰ ਸ਼ੁੱਧ ਬਣਾਉਣ ਦਾ ਸੁਨੇਹਾ ਦਿੱਤਾ।ਇਸ ਮੌਕੇ ਸਕੂਲ ਮੁਖੀ ਗੁਲਬਾਗ ਸਿੰਘ, ਸਾਇੰਸ ਮਾਸਟਰ ਰਤਨ ਸਿੰਘ, ਮੈਥ ਮਾਸਟਰ ਉਪਦੀਪ ਸਿੰਘ, ਮੈਥ ਮਾਸਟਰ ਨਰਿੰਦਰ ਸਿੰਘ, ਮੈਥ ਮਾਸਟਰ ਮੰਗਲ ਸਿੰਘ, ਕੰਪਿਊਟਰ ਅਧਿਆਪਕ ਨਰਿੰਦਰ ਕੁਮਾਰ, ਐੱਸਐੱਸ ਅਧਿਆਪਿਕਾ ਗੁਰਪ੍ਰੀਤ ਕੌਰ, ਸਾਇੰਸ ਅਧਿਆਪਿਕਾ ਲਵਪ੍ਰੀਤ ਕੌਰ, ਸਾਇੰਸ ਅਧਿਆਪਿਕਾ ਅਮਨਜੋਤ ਕੌਰ, ਇੰਗਲਿਸ਼ ਮਾਸਟਰ ਗੁਰਬੀਰ ਸਿੰਘ ਆਦਿ ਹਾਜ਼ਰ ਸਨ।

# ਮਾਂ ਦਾ ਦੁੱਧ ਨਵਜੰਮੇ ਬੱਚੇ ਲਈ ਕੁਦਰਤੀ ਨਿਆਮਤ : ਸਿਵਲ ਸਰਜਨ



**ਪੱਟੀ (ਬਲਦੇਵ ਸਿੰਘ ਸੰਧੂ)**

ਸਿਵਲ ਸਰਜਨ ਡਾ. ਗੁਰਪ੍ਰੀਤ ਸਿੰਘ ਰਾਏ ਦੀ ਪ੍ਰਧਾਨਗੀ ਅਤੇ ਜ਼ਿਲਾ ਟੀਕਾਕਰਨ ਅਫਸਰ, ਡਾ. ਵਰਿੰਦਰਪਾਲ ਕੌਰ ਅਗਵਾਈ ਹੇਠ ਦਫ਼ਤਰ ਸਿਵਲ ਸਰਜਨ, ਸਰਕਾਰੀ ਹਸਪਤਾਲ ਤਰਨ ਤਾਰਨ ਅਤੇ ਜ਼ਿਲੇ ਦੇ ਵੱਖ-ਵੱਖ ਬਲਾਕਾਂ 'ਚ ਸੋਮਵਾਰ ਨੂੰ ਮਾਂ ਦੇ ਦੁੱਧ ਦੀ ਮਹੱਤਤਾ ਸਬੰਧੀ ਚੱਲ ਰਹੇ ਹਫਤੇ ਬਾਰੇ ਵੱਖ-ਵੱਖ ਗਤੀਵਿਧੀਆਂ ਕੀਤੀਆ ਗਈਆਂ। ਇਹ ਹਫਤਾ 7 ਅਗਸਤ ਤੱਕ ਚੱਲੇਗਾ।ਸਿਵਲ ਸਰਜਨ ਡਾ. ਗੁਰਪ੍ਰੀਤ ਸਿੰਘ ਰਾਏ ਨੇ ਕਿਹਾ ਕਿ ਇਸ ਹਫਤੇ ਦਾ ਮੁੱਖ ਮੰਤਵ ਮਾਵਾਂ ਨੂੰ ਮਾਂ ਦੇ ਦੁੱਧ ਦੀ ਮਹੱਤਤਾ ਅਤੇ ਇਸ ਨੂੰ ਪਿਲਾਉਣ ਦੇ ਸਹੀ ਢੰਗ ਬਾਰੇ ਜਾਗਰੂਕ ਕਰਨਾ ਹੈ।ਉਨ੍ਹਾਂ ਦੱਸਿਆ ਕਿ ਮਾਂ ਦਾ ਦੁੱਧ ਨਵਜੰਮੇ ਬੱਚੇ ਲਈ ਕੁਦਰਤੀ ਨਿਆਮਤ ਹੈ ਅਤੇ ਕਿਸੇ ਵੀ ਬੱਚੇ ਨੂੰ ਇਸ ਤੋਂ ਵਾਂਝਾ ਨਹੀਂ ਰੱਖਣਾ ਚਾਹੀਦਾ।ਸਿਵਲ ਸਰਜਨ ਡਾ. ਗੁਰਪ੍ਰੀਤ ਸਿੰਘ ਰਾਏ ਨੇ ਕਿਹਾ ਕਿ ਮਾਂ ਦਾ ਦੁੱਧ ਬੱਚੇ ਨੂੰ ਕਈ ਬਿਮਾਰੀਆਂ ਤੋਂ ਬਚਾਉਂਦਾ ਹੈ ਅਤੇ ਨਵਜੰਮੇ ਦੀ ਮਾਂ ਘੱਟੋ-ਘੱਟ ਛੇ ਮਹੀਨਿਆਂ ਤੱਕ ਇਸ ਨੂੰ ਆਪਣੇ ਬੱਚੇ ਨੂੰ ਪਿਲਾਵੇ। ਉਨ੍ਹਾਂ ਵੱਲੋਂ ਫੀਲਡ ਸਟਾਫ ਨੂੰ ਸਖਤ ਹਦਾਇਤ ਦਿੰਦਿਆਂ ਕਿਹਾ ਕਿ ਇਸ ਕੌਮਾਂਤਰੀ ਹਫਤੇ ਦੌਰਾਨ ਬਲਾਕ ਦੇ ਵੱਖ-ਵੱਖ ਪਿੰਡਾਂ 'ਚ ਮਾਂ ਦੇ ਦੁੱਧ ਦੀ ਮਹੱਤਤਾ ਬਾਰੇ ਜਾਗਰੂਕਤਾ ਫੈਲਾਉਣ।ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਵਰਿੰਦਰ ਪਾਲ ਸਿੰਘ ਨੇ ਕਿਹਾ ਕਿ ਇਸ ਹਫਤੇ ਦੌਰਾਨ ਸਿਹਤ ਕੇਂਦਰਾਂ ਵਿਖੇ ਆਉਣ ਗਰਭਵਤੀ ਔਰਤਾਂ ਅਤੇ ਨਵਜੰਮਿਆਂ ਦੀਆਂ ਮਾਵਾਂ ਨੂੰ ਮਾਂ ਦੇ ਦੁੱਧ ਅਤੇ ਇਸ ਨੂੰ ਪਿਲਾਉਣ ਦੇ ਸਹੀ ਤਰੀਕਿਆਂ ਤੋਂ ਜਾਣੂ ਕਰਵਾਇਆ ਜਾਂ ਰਿਹਾ।ਉਨ੍ਹਾਂ ਕਿਹਾ ਕਿ ਬੱਚੇ ਦੇ ਜਨਮ ਤੋਂ ਬਾਅਦ ਉਸ ਨੂੰ ਮਾਂ ਦਾ ਗਾੜੇ ਪੀਲੇ ਰੰਗ ਦਾ ਦੁੱਧ ਦੇਣਾ ਬਹੁਤ ਲਾਜ਼ਮੀ ਹੈ, ਜੋ ਕਿ ਬੱਚੇ ਮਾਨਸਿਕ ਅਤੇ ਸ਼ਰੀਰਕ ਵਿਕਾਸ ਲਈ ਬਹੁਤ ਲਾਹੇਵੰਦ ਹੈ।ਉਨ੍ਹਾਂ ਦੱਸਿਆ ਕਿ ਮਾਂ ਦੇ ਦੁੱਧ ਤੋਂ ਉਪਰ ਨਵਜੰਮੇ ਬੱਚੇ ਲਈ ਹੋਰ ਕੋਈ ਚੀਜ਼ ਨਹੀਂ ਹੈ ਅਤੇ ਮਾਵਾਂ ਨੂੰ ਇਸ ਨੂੰ ਪਿਲਾਉਣ ਤੋਂ ਕਦੀ ਵੀ ਗੁਰੇਜ਼ ਨਹੀਂ ਕਰਨਾ ਚਾਹੀਦਾ।ਇਸ ਮੌਕੇ ਐੱਸ ਐੱਮ ਓ, ਸਰਕਾਰੀ ਹਸਪਤਾਲ ਤਰਨ ਤਾਰਨ, ਡਾ. ਸਰਬਜੀਤ ਸਿੰਘ, ਜ਼ਿਲ੍ਹਾ ਐਪੀਡੀਮੋਲੋਜਿਸਟ ਡਾ. ਰਾਘਵ ਗੁਪਤਾ, ਡਾ. ਅਵਲੀਨ ਕੌਰ, ਡਾ. ਨੀਰਜ ਲੱਤਾ, ਡਾ. ਵਿਪੂਲ, ਜ਼ਿਲ੍ਹਾ ਮਾਸ ਮੀਡੀਆ ਅਫ਼ਸਰ ਸੁਖਵੰਤ ਸਿੰਘ ਸਿੱਧੂ ਆਦਿ ਮੌਜੂਦ ਰਹੇ।

# ਝੋਨੇ ਦੀ ਖਰੀਦ ਸਮੇਂ ਕਿਸਾਨਾਂ ਦੀ ਲੁੱਟ ਨੂੰ ਬਚਾਉਣ ਲਈ ਅਗਾਊਂ ਮੀਟਿੰਗ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**

ਕਿਸਾਨ ਮਜ਼ਦੂਰ ਯੂਨੀਅਨ ਪੰਜਾਬ ਨੇ ਡੇਰਾ ਬਾਬਾ ਨਾਨਕ ਦੇ ਨਜ਼ਦੀਕੀ ਪਿੰਡ ਰਾਮਦਿਵਾਲੀ ਵਿਖੇ ਮੀਟਿੰਗ ਹੋਈ। ਪਿਛਲੇ ਸਾਲ ਝੋਨੇ ਦੀ ਖਰੀਦ ਸਮੇਂ ਜ਼ਿੰਮੀਦਾਰਾਂ ਨਾਲ ਬਹੁਤ ਲੁੱਟ ਹੋਈ ਸੀ। ਵੱਡੇ ਕੱਟ ਲੱਗੇ ਸੀ। ਮੀਟਿੰਗ 'ਚ ਸਰਕਾਰ ਨੂੰ ਬੇਨਤੀ ਕੀਤੀ ਗਈ ਕਿ ਹੁਣ ਤੋਂ ਹੀ ਬੰਦੋਬਸਤ ਕਰ ਲਏ ਜਾਣ। ਆਰਓ ਇੱਕ ਮੰਡੀ ਨੂੰ ਇੱਕ ਹੀ ਦਿੱਤਾ ਜਾਂਦਾ ਹੈ, ਕੋਈ ਵੀ ਆਰਓ ਕਿਸੇ ਵੀ ਮੰਡੀ ਵਿੱਚੋਂ ਝੋਨਾ ਖਰੀਦ ਸਕਦਾ ਹੈ। ਉਹ ਆਪਣੀ ਮਰਜ਼ੀ ਨਾਲ ਝੋਨਾ ਖਰੀਦਦਾ ਹੈ, ਮਰਜ਼ੀ ਨਾਲ ਭਾਅ ਲਾਉਂਦਾ। ਸਾਡੀ ਬੇਨਤੀ ਹੈ ਡੀਸੀ ਸਾਹਿਬ ਨੂੰ ਕਿ ਕੋਈ ਵੀ ਆਰਓ ਕਿਸੇ ਵੀ ਮੰਡੀ 'ਚੋਂ ਝੋਨਾ ਖਰੀਦ ਸਕੇ। ਇਹ ਵੀ ਵਿਚਾਰ ਕੀਤਾ ਗਿਆ ਕਿ ਲੈਂਡ ਪੂਲਿੰਗ ਨੀਤੀ ਤਹਿਤ ਅਸੀਂ ਸਰਕਾਰ ਨੂੰ ਜ਼ਮੀਨ ਹੜੱਪਣ ਨਹੀਂ ਦਿਆਂਗੇ। ਕਿਸਾਨ ਮਜ਼ਦੂਰ ਯੂਨੀਅਨ ਦਾ ਕਿਸਾਨਾਂ ਨੂੰ ਸਮਰਥਨ ਹੈ।ਇਸ ਮੌਕੇ ਜੋਗਿੰਦਰ ਸਿੰਘ ਖਜਾਨਾ ਚਮਾਰਾ, ਜ਼ਿਲ੍ਹਾ ਪ੍ਰਧਾਨ ਸਰਵਨ ਸਿੰਘ, ਬਲਾਕ ਪ੍ਰਧਾਨ ਰੋਬਨ ਸਿੰਘ, ਸ਼ਮਸ਼ੇਰ ਸਿੰਘ, ਸਕੱਤਰ ਮਾਸਟਰ ਸੁੱਚਾ ਸਿੰਘ ਰਾਮਦਿਵਾਲੀ, ਝਰਮਲ ਸਿੰਘ, ਗੁਰਮੀਤ ਸਿੰਘ ਬੇਘਾ, ਪ੍ਰਿੰਸੀਪਲ ਬਲਕਾਰ ਸਿੰਘ, ਸਰਬਜੀਤ ਸਿੰਘ ਤਲਵੰਡੀ, ਜਰਨੈਲ ਸਿੰਘ ਖੋਦੇ ਬੇਟ, ਸੂਬੇਦਾਰ ਹਰਜੀਤ ਸਿੰਘ ਸਿੰਘ ਖੋਦੇ ਬੇਟ, ਸਮੁੰਦ ਸਿੰਘ ਰਾਮਦਿਵਾਲੀ, ਬਲਦੇਵ ਸਿੰਘ, ਗਿਆਨ ਮਸੀਹ, ਗੁਰਪ੍ਰੀਤ ਸਿੰਘ ਆਦਿ ਸ਼ਾਮਿਲ ਸਨ।

# ਗੁਰਦੁਆਰਾ ਬਾਬਾ ਨੰਦਾ ਜੀ ਦੇ ਅਸਥਾਨ 'ਤੇ ਸਾਲਾਨਾ ਜੋੜ ਮੇਲੇ ਨੂੰ ਸਮਰਪਿਤ ਅਖੰਡ ਪਾਠ ਸ਼ੁਰੂ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**

ਪਿੰਡ ਔਲਖ ਵਿਖੇ ਸ਼੍ਰੀ ਗੁਰੂ ਹਰਗੋਬਿੰਦ ਸਾਹਿਬ ਦੇ ਪਾਵਨ ਚਰਨ ਛੋਹ ਪ੍ਰਾਪਤ ਯਾਦਗਾਰ ਵਿੱਚ ਸੁਸ਼ੋਭਿਤ ਗੁਰਦੁਆਰਾ ਬਾਬਾ ਨੰਦਾ ਜੀ ਦੇ ਤਪ ਅਸਥਾਨ ਤੇ ਹਰ ਸਾਲ ਦੀ ਤਰ੍ਹਾਂ ਬਾਬਾ ਨੰਦਾ ਜੀ ਦੀ ਨਿੱਘੀ ਯਾਦ ਵਿੱਚ ਸਰਬੱਤ ਦੇ ਭਲੇ ਲਈ 31ਵਾਂ ਸਾਲਾਨਾ ਜੋੜ ਮੇਲੇ ਨੂੰ ਸਮਰਪਿਤ ਗੁਰਬਾਣੀ ਦੇ ਪ੍ਰਵਾਹ 33 ਸ੍ਰੀ ਅਖੰਡ ਪਾਠਾਂ ਦੀ ਲੜੀ ਨੂੰ ਪਿੰਡ ਔਲਖ ਦੀ ਸਮੂਹ ਸੰਗਤ ਅਤੇ ਇਲਾਕਾ ਨਿਵਾਸੀਆਂ ਦੇ ਭਰਵੇਂ ਸਹਿਯੋਗ ਨਾਲ ਪ੍ਰਸਿੱਧ ਕਥਾਵਾਚਕ ਜਥੇਦਾਰ ਬਾਬਾ ਰੂੜ ਸਿੰਘ ਗੁਰਦੁਆਰਾ ਗੁਫਾ ਸਾਹਿਬ ਔਲਖਾਂ ਵਾਲਿਆਂ ਦੀ ਦੇਖਰੇਖ ਹੇਠ ਆਰੰਭ ਕੀਤਾ ਗਿਆ।ਇਸ ਸਬੰਧੀ ਜਾਣਕਾਰੀ ਦਿੰਦਿਆਂ ਗੁਰਦੁਆਰਾ ਸਾਹਿਬ ਦੇ ਮੁੱਖ ਪ੍ਰਬੰਧਕ ਬਾਬਾ ਮਹਿੰਦਰ ਸਿੰਘ ਔਲਖ, ਮੁੱਖ ਸੇਵਾਦਾਰ ਬਾਬਾ ਜੋਗਾ ਸਿੰਘ ਔਲਖ, ਸੂਬੇਦਾਰ ਕੁਲਵੰਤ ਸਿੰਘ ਔਲਖ ਅਤੇ ਡਾਕਟਰ ਲਖਵਿੰਦਰ ਸਿੰਘ ਸੰਧੂ ਔਲਖ ਨੇ ਸੇਵਾਦਾਰਾਂ ਸਮੇਤ ਦੱਸਿਆ ਕਿ 4 ਅਗਸਤ ਤੋਂ ਸ਼ੁਰੂ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 33 ਸ੍ਰੀ ਅਖੰਡ ਪਾਠਾਂ ਦੀ ਲੜੀ ਨੂੰ ਆਰੰਭ ਕਰਨ ਤੋਂ ਪਹਿਲਾਂ ਬਾਬਾ ਮਹਿੰਦਰ ਸਿੰਘ ਔਲਖ ਨੇ ਅਕਾਲ ਪੁਰਖ ਪਰਮਾਤਮਾ ਦੇ ਚਰਨਾਂ ਵਿੱਚ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਅਤੇ ਪਾਠੀ ਸਿੰਘ ਨੇ ਹੁਕਮਨਾਮੇ ਦੀ ਗੁਰਬਾਣੀ ਦਾ ਉਚਾਰਨ ਕੀਤਾ ਉਪਰੰਤ ਪਿੰਡ ਔਲਖ ਦੀ ਸੰਗਤ ਅਤੇ ਇਲਾਕਾ ਨਿਵਾਸੀਆਂ ਦੇ ਭਰਵੇਂ ਸਹਿਯੋਗ ਨਾਲ ਸ਼ਰਧਾਵਾਨ ਸੰਗਤਾਂ ਵੱਲੋਂ ਰਖਵਾਏ 33 ਸ਼੍ਰੀ ਅਖੰਡ ਪਾਠਾਂ ਦੀ ਲੜੀ ਨੂੰ ਆਰੰਭ ਕੀਤਾ ਗਿਆ ਅਤੇ ਇਸ ਲੜੀ ਵਿੱਚ ਕੁੱਲ 792 ਸ੍ਰੀ ਅਖੰਡ ਪਾਠਾਂ ਦੇ ਭੋਗ 21 ਸਤੰਬਰ ਦਿਨ ਐਤਵਾਰ ਮੱਸਿਆ ਵਾਲੇ ਦਿਨ ਪੂਰੇ ਜਾਹੋ ਜਲਾਲ ਨਾਲ ਪਾਏ ਜਾਣਗੇ। ਇਸ ਪਾਵਨ ਅਸਥਾਨ 'ਤੇ ਦਿਨ ਰਾਤ ਗੁਰੂ ਜੀ ਦੇ ਨਾਮ ਦਾ ਅਤੁੱਟ ਲੰਗਰ ਸੰਗਤਾਂ ਵਿੱਚ ਵਰਤਾਇਆ ਜਾਵੇਗਾ।



# ਅੰਮ੍ਰਿਤ ਸੰਚਾਰ ਮੌਕੇ ਪੰਜ ਪਿਆਰੇ ਸਿੰਘ ਸਾਹਿਬਾਨ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਸਨਮਾਨਿਤ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**

ਧੰਨ ਧੰਨ ਸ਼੍ਰੀ ਗੁਰੂ ਤੇਗ ਬਹਾਦਰ ਜੀ, ਸ਼ਹੀਦ ਭਾਈ ਸਤੀ ਦਾਸ ਜੀ, ਸ਼ਹੀਦ ਭਾਈ ਮਤੀ ਦਾਸ ਜੀ ਅਤੇ ਸ਼ਹੀਦ ਭਾਈ ਦਿਆਲਾ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਅਤੇ ਸ਼ਹੀਦ ਸਿੱਖ ਮਿਸ਼ਨਰੀ ਕਾਲਜ ਸ੍ਰੀ ਅੰਮ੍ਰਿਤਸਰ ਵੱਲੋਂ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਵਿਖੇ ਤਖਤ ਸ਼੍ਰੀ ਅਕਾਲ ਤਖਤ ਸਾਹਿਬ ਤੋਂ ਪੁੱਜੇ ਪੰਜ ਪਿਆਰੇ ਸਿੰਘ ਸਾਹਿਬਾਨ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਛਤਰ ਛਾਇਆ ਵਿੱਚ 253 ਅੰਮ੍ਰਿਤ ਅਭਿਲਾਖੀ ਗੁਰੂ ਵਾਲੇ ਬਣੇ।ਇਸ ਮੌਕੇ ਮੈਨੇਜਰ ਸਤਨਾਮ ਸਿੰਘ, ਬੀਬੀ ਜੋਗਿੰਦਰ ਕੌਰ ਮੈਂਬਰ ਸ਼੍ਰੋਮਣੀ ਕਮੇਟੀ ਅੰਮ੍ਰਿਤਸਰ, ਹੈੱਡ ਗ੍ਰੰਥੀ ਭਾਈ ਗੁਰਦੇਵ ਸਿੰਘ, ਭਾਈ ਨਛੱਤਰ ਸਿੰਘ ਵੱਲੋਂ ਪੰਜ ਪਿਆਰੇ ਸਿੰਘ ਸਾਹਿਬਾਨ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਇਸ ਮੌਕੇ ਬਾਬਾ ਸੁਖਵਿੰਦਰ ਸਿੰਘ ਮੁੱਖ ਸੇਵਾਦਾਰ ਗੁਰਦੁਆਰਾ ਯਾਦਗਾਰ'ਏ ਸ਼ਹੀਦਾਂ ਅਗਵਾਨ, ਬੀਬੀ ਜੋਗਿੰਦਰ ਕੌਰ ਮੈਂਬਰ ਐੱਸਜੀਪੀਸੀ, ਸਤਨਾਮ ਸਿੰਘ ਠੇਠਰਕੇ, ਬਲਜਿੰਦਰ ਸਿੰਘ ਢਿਲਵਾਂ, ਜਸਪਿੰਦਰ ਸਿੰਘ ਝੰਗੀ, ਜਸਵਿੰਦਰ ਸਿੰਘ ਝੰਗੀ, ਬਲਜੀਤ ਸਿੰਘ ਬੱਬੂ ਖੰਨਾ, ਸੁਰਜੀਤ ਸਿੰਘ ਚਾਕਾਂਵਾਲੀ, ਸੁੱਖ ਸ਼ਾਮਪੁਰਾ, ਸਤਨਾਮ ਸਿੰਘ ਸ਼ਾਹ, ਭਾਈ ਸੁਖਪ੍ਰੀਤ ਸਿੰਘ ਮਹਿਰਾਜ ਪ੍ਰਚਾਰਕ, ਭਾਈ ਜਗਦੀਪ ਸਿੰਘ ਕਲਾਨੌਰ ਪ੍ਰਚਾਰਕ, ਭਾਈ ਜਤਿੰਦਰ ਸਿੰਘ ਪ੍ਰਚਾਰਕ, ਭਾਈ ਅੰਮ੍ਰਿਤਪਾਲ ਸਿੰਘ ਪ੍ਰਚਾਰਕ ਗਾਜ਼ੀ ਨੰਗਲ, ਭਾਈ ਜਤਿੰਦਰ ਸਿੰਘ ਹਰਦੋਰਵਾਲ ਪ੍ਰਚਾਰਕ, ਭਾਈ ਮਨਜੀਤ ਸਿੰਘ ਪ੍ਰਚਾਰਕ, ਗ੍ਰੰਥੀ ਬਾਬਾ ਨਛੱਤਰ ਸਿੰਘ, ਗ੍ਰੰਥੀ ਭਾਈ ਗੁਰਦੇਵ ਸਿੰਘ, ਗ੍ਰੰਥੀ ਭਾਈ ਜਗਵਿੰਦਰ ਸਿੰਘ, ਬੀਬੀ ਮਹਿੰਦਰ ਕੌਰ, ਮੈਨੇਜਰ ਬਲਜੀਤ ਸਿੰਘ ਚਰਨਜੀਤ ਸਿੰਘ, ਕਰਨੈਲ ਸਿੰਘ, ਜਗਦੀਪ ਸਿੰਘ ਜੱਗਾ, ਪ੍ਰਗਟ ਸਿੰਘ, ਹਰਜਿੰਦਰ ਸਿੰਘ, ਸੁਖਵਿੰਦਰ ਸਿੰਘ ਖਜ਼ਾਨਚੀ, ਮਨਪ੍ਰੀਤ ਸਿੰਘ, ਹਰਵੰਤ ਸਿੰਘ ਗੋਸਲ, ਗੁਰਭੇਜ ਸਿੰਘ, ਗੁਰਪ੍ਰੀਤ ਸਿੰਘ, ਵਜ਼ੀਰ ਸਿੰਘ, ਬਚਨ ਸਿੰਘ, ਗੁਰਪ੍ਰੀਤ ਸਿੰਘ ਤੇ ਮਲਕੀਤ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।



# ਆਰ ਡੀ ਖੋਸਲਾ ਸਕੂਲ ਦੇ ਵਿਦਿਆਰਥੀਆਂ ਦੀ ਸਟੈੱਮ ਰੋਬੋ ਚੈਂਪੀਅਨਸ਼ਿਪ 'ਚ ਵੱਡੀ ਸਫਲਤਾ

**ਬਟਾਲਾ (ਤਰਲੋਕ ਬੱਗਾ)**

ਆਰ. ਡੀ. ਖੋਸਲਾ ਡੀਏਵੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਦੀ ਟੀਮ ਨੇ ਨਵੀਂ ਦਿੱਲੀ ਵਿੱਚ ਆਯੋਜਿਤ ਸਟੈਮ ਰੋਬੋ ਚੈਂਪੀਅਨਸ਼ਿਪ ਵਿੱਚ ਰਾਸ਼ਟਰੀ ਪੱਧਰ 'ਤੇ ਸ਼ਾਨਦਾਰ ਪ੍ਰਦਰਸ਼ਨ ਕਰਕੇ ਵੱਡੀ ਸਫਲਤਾ ਪ੍ਰਾਪਤ ਕੀਤੀ।ਇਸ ਚੈਂਪੀਅਨ ਸ਼ਿਪ ਵਿੱਚ 'ਮਾਰਸ ਐਕਸਪਲੋਰਰ' ਜਿਸ ਵਿੱਚ ਸਾਡੇ ਪ੍ਰਤਿਭਾਸ਼ਾਲੀ ਵਿਦਿਆਰਥੀ ਨਮਿਸ਼, ਮੌਲਿਕ ਸ਼ਰਮਾ ਅਤੇ ਕੁਲਦੀਪ ਰਾਜ ਸ਼ਾਮਲ ਹਨ, ਨੇ ਆਪਣੇ ਨਵੀਨਤਾਕਾਰੀ ਪ੍ਰੋਜੈਕਟ 'ਮਾਰਸ ਰੋਵਰ-ਔਬਸਟੇਕਲ ਐਵੋਇਡੈਂਸ ਕਾਰ' ਨਾਲ 'ਸਟੈਮ ਰੋਬੋ ਚੈਂਪੀਅਨਸ਼ਿਪ' ਵਿੱਚ ਰਾਸ਼ਟਰੀ ਪੱਧਰ 'ਤੇ ਚੁਣੇ ਜਾਣ ਨਾਲ ਸਾਨੂੰ ਸਾਰਿਆਂ ਨੂੰ ਮਾਣ ਮਹਿਸੂਸ ਕਰਵਾਇਆ ਹੈ।ਦੇਸ਼ ਭਰ ਦੇ 387 ਸਕੂਲਾਂ ਵਿੱਚੋਂ ਸਾਡੇ ਇਨ੍ਹਾਂ ਹੋਣਹਾਰ ਵਿਦਿਆਰਥੀਆਂ ਨੇ ਆਪਣੀ ਵਿਲੱਖਣ ਰਚਨਾਤਮਕਤਾ, ਕੋਡਿੰਗ ਹੁਨਰ ਅਤੇ ਟੀਮ ਵਰਕ ਦੇ ਆਧਾਰ 'ਤੇ ਚੋਟੀ ਦੇ 100 ਵਿਦਿਆਰਥੀਆਂ ਵਿੱਚ ਸਥਾਨ ਪ੍ਰਾਪਤ ਕਰਕੇ ਰਾਸ਼ਟਰੀ ਪੱਧਰ ਤੇ ਸਥਾਨ ਪ੍ਰਾਪਤ ਕੀਤਾ।ਉਨ੍ਹਾਂ ਦਾ ਪ੍ਰੋਜੈਕਟ ਨਾ ਸਿਰਫ ਭਵਿੱਖਮੁਖੀ ਸੋਚ ਨੂੰ ਦਰਸਾਉਂਦਾ ਹੈ ਬਲਕਿ ਸਮਾਜ ਲਈ ਉਪਯੋਗੀ ਹੱਲ ਬਣਾਉਣ ਦੀ ਡੂੰਘੀ ਇੱਛਾ ਨੂੰ ਵੀ ਦਰਸਾਉਂਦਾ ਹੈ।ਸਕੂਲ ਦੇ ਇਨ੍ਹਾਂ ਵਿਦਿਆਰਥੀਆਂ ਨੇ ਔਨਲਾਈਨ ਮੁਕਾਬਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਇਸ ਮੁਕਾਬਲੇ ਲਈ ਸਥਾਨ ਪ੍ਰਾਪਤ ਕੀਤਾ ਸੀ।ਉਨ੍ਹਾਂ ਦੀ ਸਿਰਜਣਾਤਮਕਤਾ, ਸਮਰਪਣ ਅਤੇ ਟੀਮ ਭਾਵਨਾ ਪੂਰੇ ਆਰ. ਡੀ. ਖੋਸਲਾ ਪਰਿਵਾਰ ਲਈ ਪ੍ਰੇਰਨਾ ਸਰੋਤ ਹੈ।ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ, ਪ੍ਰਧਾਨ ਅਜੈ ਖੋਸਲਾ ਅਤੇ ਪ੍ਰਿੰ. ਡਾ. ਬਿੰਦੂ ਭੱਲਾ ਨੇ ਇਸ ਸ਼ਾਨਦਾਰ ਪ੍ਰਾਪਤੀ 'ਤੇ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਉਨ੍ਹਾਂ ਦੇ ਮਾਰਗਦਰਸ਼ਕ ਅਭਿਸ਼ੇਕ ਜੌਲੀ ਨੂੰ ਵਧਾਈ ਦਿੱਤੀ ਅਤੇ ਰਾਸ਼ਟਰੀ ਪੱਧਰ ਤੇ ਉਨ੍ਹਾਂ ਦੇ ਭਵਿੱਖ ਦੇ ਸਫ਼ਰ ਲਈ ਸ਼ੁਭਕਾਮਨਾਵਾਂ ਦਿੱਤੀਆਂ।



5-Aug-PAGE-4.qxd 8/4/2025 11:16 PM Page 1

ਨਵਾਂ ਜ਼ਮਾਨਾ

ਮੰਗਲਵਾਰ, 5 ਅਗਸਤ 2025

# ਡਾਲਰ ਦੀ ਬਾਦਸ਼ਾਹਤ ਖ਼ਤਰੇ ’ਚ

*ਪਿਛਲੇ ਵੀਰਵਾਰ ਨੂੰ ਟਰੰਪ ਨੇ ਲੱਗਭੱਗ 76 ਦੇਸ਼ਾਂ ’ਤੇ ਟੈਰਿਫ ਦੀਆਂ ਦਰਾਂ ਦਾ ਐਲਾਨ ਕੀਤਾ ਸੀ। ਇਸ ਵਿੱਚ ਮੁੱਖ ਗੱਲ ਇਹ ਹੈ ਕਿ ਇਨ੍ਹਾਂ ਵਿੱਚ ਚੀਨ ਦਾ ਨਾਂਅ ਨਹੀਂ ਸੀ। ਜਦੋਂ ਟਰੰਪ ਨੇ ਵਪਾਰ ਯੁੱਧ ਛੇੜਿਆ ਸੀ ਤਾਂ ਚੀਨ ਨੇ ਜਵਾਬੀ ਯੁੱਧ ਵਿੱਚ ਜਵਾਬ ਦਿੱਤਾ ਸੀ, ਕਿਉਂਕਿ ਉਸ ਨੇ ਪਹਿਲਾਂ ਹੀ ਤਿਆਰੀ ਕਰ ਰੱਖੀ ਸੀ।*

*ਪਿਛਲੇ ਦੋ ਦਹਾਕਿਆਂ ਦੌਰਾਨ ਉਤਪਾਦਨ ਦੇ ਖੇਤਰ ਵਿੱਚ ਚੀਨ ਨੇ ਬੇਮਿਸਾਲ ਤਰੱਕੀ ਕੀਤੀ। ਬੀਤੇ ਦਹਾਕੇ ਦੇ ਸ਼ੁਰੂ ਤੋਂ ਹੀ ਉਸ ਨੇ ਲਗਭਗ ਹਰ ਖੇਤਰ ਵਿੱਚ ਸਭ ਨੂੰ ਪਛਾੜ ਦਿੱਤਾ ਸੀ। ਇਸ ਨਾਲ ਅਮਰੀਕਾ ਦੇ ਕੰਨ ਖੜ੍ਹੇ ਹੋ ਗਏ ਤੇ ਉਸ ਨੇ ਚੀਨ ਦੇ ਪ੍ਰਭਾਵ ਨੂੰ ਰੋਕਣ ਲਈ ਯੋਜਨਾਵਾਂ ਬਣਾਉਣੀਆਂ ਸ਼ੁਰੂ ਕਰ ਦਿੱਤੀਆਂ ਸਨ। ਬਰਾਕ ਓਬਾਮਾ ਦੇ ਰਾਸ਼ਟਰਪਤੀ ਬਣਨ ਸਮੇਂ ‘ਏਸ਼ੀਆ ਵੱਲ ਝੁਕਾਓ’ ਦੀ ਨੀਤੀ ਤਹਿਤ ਇਸ ਖੇਤਰ ਵਿੱਚ ਚੀਨ ਦੇ ਵਧਦੇ ਕਦਮਾਂ ਨੂੰ ਰੋਕਣ ਲਈ ਕਦਮ ਚੁੱਕੇ ਗਏ। ਟਰੰਪ ਦੇ ਪਹਿਲੇ ਕਾਰਜਕਾਲ ਸਮੇਂ ਇਸ ਨੂੰ ਹੋਰ ਤੇਜ਼ ਕੀਤਾ ਗਿਆ। ਬਾਈਡਨ ਰਾਜ ਦੌਰਾਨ ‘ਛੋਟਾ ਵਿਹੜਾ ਉੱਚੀ ਵਾੜ’ ਦੀ ਨੀਤੀ ਤਹਿਤ ਚੀਨ ਨੂੰ ਸੈਮੀਕੰਡਕਟਰ ਤੇ ਉੱਚ ਤਕਨੀਕੀ ਚਿੱਪਾਂ ਆਦਿ ਭੇਜੇ ਜਾਣ ਉੱਤੇ ਪਾਬੰਦੀ ਲਾ ਦਿੱਤੀ ਗਈ।*

*ਇਸ ਦੌਰਾਨ ਚੀਨ ਨੇ ਵੀ ਉਸ ਨੂੰ ਘੇਰੇ ਜਾਣ ਦੇ ਖਤਰੇ ਨੂੰ ਰੋਕਣ ਲਈ ਕਦਮ ਚੁੱਕਣੇ ਸ਼ੁਰੂ ਕਰ ਦਿੱਤੇ। ਸਭ ਤੋਂ ਪਹਿਲਾਂ ਉਸ ਨੇ ਆਪਣੇ ਘਰੇਲੂ ਬਾਜ਼ਾਰ ਨੂੰ ਤਕੜਾ ਕੀਤਾ, ਫਿਰ ਬੈੱਲਟ ਐਂਡ ਰੋਡ ਇਨੀਸ਼ੀਏਟਿਵ (ਬੀ ਆਰ ਆਈ) ਦੇ ਵਿਸਥਾਰ ਨਾਲ 140 ਦੇਸ਼ਾਂ ਨਾਲ ਆਪਣੇ ਵਪਾਰਕ ਸੰਬੰਧ ਪੱਕੇ ਕੀਤੇ।*

*ਚੀਨ ਸਮਝ ਗਿਆ ਸੀ ਕਿ ਅਮਰੀਕਾ ਦੀ ਜਾਨ ਡਾਲਰ ਨਾਂਅ ਦੇ ਤੋਤੇ ਵਿੱਚ ਹੈ। ਇਸ ਲਈ ਅਮਰੀਕਾ ਨੂੰ ਮਾਤ ਦੇਣ ਲਈ ਇਸ ਤੋਤੇ ਦੀ ਸੰਘੀ ਘੁੱਟਣੀ ਪਵੇਗੀ। ਸ਼ੁਰੂਆਤ ਚੀਨ ਨੇ ਰੂਸ ਤੋਂ ਕੀਤੀ। ਉਸ ਨੇ ਰੂਸ ਨਾਲ ਵਪਾਰ ਆਪਣੀ ਕਰੰਸੀ ਯੂਆਨ ਵਿੱਚ ਕਰਨ ਲਈ ਸਮਝੌਤਾ ਕਰ ਲਿਆ। ਚੀਨ ਆਪਣੀ ਲੋੜ ਦਾ ਬਹੁਤਾ ਤੇਲ ਰੂਸ ਤੋਂ ਮੰਗਵਾਉਂਦਾ ਹੈ। ਇਸ ਤੋਂ ਬਾਅਦ ਚੀਨ ਨੇ ‘ਬ੍ਰਿਕਸ’ ਨੂੰ ਸਰਗਰਮ ਕਰਕੇ ‘ਬ੍ਰਿਕਸ’ ਦੀ ਆਪਣੀ ਸਾਂਝੀ ਕਰੰਸੀ ਤੇ ਆਪਣਾ ਕੌਮਾਂਤਰੀ ਬੈਂਕ ਚਾਲੂ ਕਰਨ ਦਾ ਸੁਝਾਅ ਰੱਖਿਆ। ਸਾਂਝੀ ਕਰੰਸੀ ਬਣਾਉਣ ਵਿੱਚ ਭਾਰਤ ਅੜਿੱਕਾ ਬਣ ਗਿਆ, ਪਰ ਨਿਊ ਡਿਵੈੱਲਪਮੈਂਟ ਬੈਂਕ ਬਣਾਉਣ ਲਈ ਸਹਿਮਤੀ ਦੇ ਦਿੱਤੀ। 2024 ਵਿੱਚ ‘ਬ੍ਰਿਕਸ’ ਦਾ ਵਿਸਥਾਰ ਕਰਕੇ ਇਸ ਵਿੱਚ ਮਿਸਰ, ਇਥੋਪੀਆ, ਇੰਡੋਨੇਸ਼ੀਆ, ਈਰਾਨ ਤੇ ਸੰਯੁਕਤ ਅਰਬ ਅਮੀਰਾਤ ਨੂੰ ਸ਼ਾਮਲ ਕਰ ਲਿਆ ਗਿਆ। ਅੱਜ ‘ਬ੍ਰਿਕਸ’ ਦੁਨੀਆ ਦੀ 45 ਫੀਸਦੀ ਅਬਾਦੀ ਦੀ ਪ੍ਰਤੀਨਿਧਤਾ ਕਰਦਾ ਹੈ। ਇਸ ਦੇ ਨਾਲ ਹੀ 10 ਹੋਰ ਦੇਸ਼ਾਂ ਬੇਲਾਰੂਸ, ਬੋਲੀਵੀਆ, ਕਜ਼ਾਕਿਸਤਾਨ, ਕਿਊਬਾ, ਨਾਇਜੀਰੀਆ, ਮਲੇਸ਼ੀਆ, ਥਾਈਲੈਂਡ, ਵੀਅਤਨਾਮ ਤੇ ਯੂਗਾਂਡਾ ਨੂੰ ਭਾਈਵਾਲਾਂ ਦੀ ਸ਼੍ਰੇਣੀ ਵਿੱਚ ਸ਼ਾਮਲ ਕੀਤਾ ਗਿਆ ਹੈ।*

*ਇਸ ਸਾਲ ਬ੍ਰਾਜ਼ੀਲ ਵਿੱਚ ਹੋਏ ਸੰਮੇਲਨ ਵਿੱਚ ਫੈਸਲਾ ਕੀਤਾ ਗਿਆ ਕਿ ‘ਬ੍ਰਿਕਸ’ ਵਿੱਚ ਸ਼ਾਮਲ ਦੇਸ਼ ਇੱਕ-ਦੂਜੇ ਨਾਲ ਆਪਣੀਆਂ ਕਰੰਸੀਆਂ ਵਿੱਚ ਵਪਾਰ ਨੂੰ ਪਹਿਲ ਦੇਣਗੇ। ਇਹ ਡਾਲਰ ’ਤੇ ਵੱਡੀ ਸੱਟ ਸੀ। ਇਸ ਤੋਂ ਟਰੰਪ ਬੁਖਲਾਇਆ ਹੋਇਆ ਹੈ। ਚੀਨ ਨੇ ਹੁਣ ਯੂਆਨ ਡਿਜੀਟਲ ਕਰੰਸੀ ਵੀ ਜਾਰੀ ਕਰ ਦਿੱਤੀ ਹੈ।*

*ਚੀਨ ਨੂੰ ਸਭ ਤੋਂ ਵੱਡੀ ਸਫਲਤਾ ਉਦੋਂ ਮਿਲੀ, ਜਦੋਂ ਉਸ ਨੇ ਪਿਛਲੇ ਸਾਲ ਦੋ ਪੁਰਾਣੇ ਦੁਸ਼ਮਣਾਂ ਈਰਾਨ ਤੇ ਸਾਊਦੀ ਅਰਬ ਵਿਚਾਲੇ ਜੱਫੀਆਂ ਪਵਾ ਦਿੱਤੀਆਂ ਤੇ ਨਾਲ ਹੀ ਸਾਊਦੀ ਅਰਬ ਤੋਂ ਯੂਆਨ ਵਿੱਚ ਤੇਲ ਖਰੀਦਣ ਦਾ ਸਮਝੌਤਾ ਕਰ ਲਿਆ। ਅਮਰੀਕਾ ਨਾਲ ਸਾਊਦੀ ਅਰਬ ਦੇ ਡਾਲਰ ਵਿੱਚ ਤੇਲ ਵੇਚਣ ਦੇ ਸਮਝੌਤੇ ਦੇ ਪਿਛਲੇ ਸਾਲ ਜੂਨ ਵਿੱਚ 50 ਸਾਲ ਪੂਰੇ ਗਏ ਸਨ। ਅਮਰੀਕਾ ਇਸ ਸਮਝੌਤੇ ਦਾ ਨਵੀਨੀਕਰਨ ਚਾਹੁੰਦਾ ਸੀ, ਪਰ ਇਸ ਤੋਂ ਪਹਿਲਾਂ ਹੀ ਚੀਨ ਨੇ ਰਾਹ ਰੋਕ ਦਿੱਤਾ। ਇਸ ਨਾਲ ਡਾਲਰ ਨੂੰ ਸਭ ਤੋਂ ਵੱਡਾ ਝਟਕਾ ਲੱਗਾ।*

*ਇਨ੍ਹਾਂ ਸਭ ਕਾਰਵਾਈਆਂ ਦਾ ਸਿੱਟਾ ਹੈ ਕਿ ਦੁਨੀਆ ਵਿੱਚ ਡਾਲਰ ਰਾਹੀਂ ਹੁੰਦਾ ਵਪਾਰ 80 ਫੀਸਦੀ ਤੋਂ ਘਟ ਕੇ 58 ਫੀਸਦੀ ’ਤੇ ਆ ਗਿਆ ਹੈ ਤੇ ਚੀਨ ਦਾ ਭਾਈਵਾਲ ਦੇਸ਼ਾਂ ਨਾਲ ਯੂਆਨ ਵਿੱਚ ਵਪਾਰ 38 ਫੀਸਦੀ ਤੱਕ ਪੁੱਜ ਗਿਆ ਹੈ।*

*ਇਹੋ ਨਹੀਂ, ਡਾਲਰ ਨੂੰ ਹੋਰ ਝਟਕਾ ਦੇਣ ਲਈ ਚੀਨ ਨੇ ਆਪਣੇ ਕੋਲ ਪਏ ਅਮਰੀਕੀ ਟਰੈਜ਼ਰੀ ਬਾਂਡ ਵੇਚਣੇ ਸ਼ੁਰੂ ਕਰ ਦਿੱਤੇ ਹਨ। 2024 ਵਿੱਚ ਉਸ ਨੇ 57 ਅਰਬ ਡਾਲਰ ਤੇ ਇਸ ਸਾਲ 82 ਅਰਬ ਡਾਲਰ ਦੇ ਬਾਂਡ ਵੇਚ ਦਿੱਤੇ ਹਨ। ਇਸ ਅਪ੍ਰੈਲ ਵਿੱਚ ਕੈਨੇਡਾ ਨੇ ਵੀ 57 ਅਰਬ ਡਾਲਰ ਦੇ ਬਾਂਡ ਵੇਚ ਦਿੱਤੇ ਹਨ। ਰੂਸ-ਯੂਕਰੇਨ ਜੰਗ ਦਾ ਬਹਾਨਾ ਲਾ ਕੇ ਸਾਮਰਾਜੀ ਮੁਲਕਾਂ ਨੇ ਰੂਸ ਦੇ ਬਦੇਸ਼ਾਂ ਵਿਚਲੇ ਸਾਰੇ ਫੰਡਾਂ ਨੂੰ ਜ਼ਬਤ ਕਰ ਲਿਆ ਸੀ। ਇਸ ਨੇ ਬਾਕੀ ਦੇਸ਼ਾਂ ਵਿੱਚ ਵੀ ਡਰ ਪੈਦਾ ਕਰ ਦਿੱਤਾ ਕਿ ਕੱਲ੍ਹ ਨੂੰ ਸਾਡੇ ਨਾਲ ਵੀ ਇਹ ਵਾਪਰ ਸਕਦਾ ਹੈ, ਇਸ ਲਈ ਉਹ ਅਮਰੀਕੀ ਬਾਂਡ ਵੇਚ ਕੇ ਸੋਨਾ ਖਰੀਦ ਰਹੇ ਹਨ। ਇਨ੍ਹਾਂ ਦਿਨਾਂ ਵਿੱਚ ਹੀ ਲਕਜ਼ਮਬਰਗ, ਨਾਰਵੇ, ਫਰਾਂਸ, ਜਰਮਨੀ, ਦੱਖਣੀ ਕੋਰੀਆ ਤੇ ਸਵਿਟਜ਼ਰਲੈਂਡ ਨੇ ਵੀ 15 ਅਰਬ ਡਾਲਰ ਦੇ ਅਮਰੀਕੀ ਬਾਂਡ ਵੇਚ ਦਿੱਤੇ ਹਨ। ਜਾਪਾਨ ਨੇ ਟੈਰਿਫ ਐਲਾਨ ਦੇ ਦੋ ਹਫਤਿਆਂ ਵਿੱਚ ਹੀ 20 ਅਰਬ ਡਾਲਰ ਦੇ ਬਾਂਡ ਵੇਚ ਦਿੱਤੇ ਹਨ। ਪਿਛਲੇ ਕੁਝ ਅਰਸੇ ਦੌਰਾਨ ਚੀਨ ਨੇ 22920 ਕੁਇੰਟਲ, ਭਾਰਤ ਨੇ 2460 ਕੁਇੰਟਲ, ਰੂਸ ਨੇ 1290, ਤੁਰਕੀ ਨੇ 4240 ਤੇ ਪੋਲੈਂਡ ਨੇ 2560 ਕੁਇੰਟਲ ਸੋਨਾ ਖਰੀਦਿਆ ਹੈ। ਇਹੋ ਨਹੀਂ ਦੁਨੀਆ ਭਰ ਦੇ ਆਮ ਨਿਵੇਸ਼ਕ ਪਹਿਲਾਂ ਅਮਰੀਕੀ ਬਾਂਡਾਂ ਵਿੱਚ ਨਿਵੇਸ਼ ਕਰਦੇ ਸਨ, ਕਿਉਂਕਿ ਡਾਲਰ ਨੂੰ ਸਭ ਤੋਂ ਭਰੋਸੇਯੋਗ ਮੰਨਿਆ ਜਾਂਦਾ ਸੀ, ਪਰ ਹੁਣ ਹਾਲਾਤ ਬਦਲ ਚੁੱਕੇ ਹਨ, ਅੱਜ ਲੋਕ ਧੜਾਧੜ ਬਾਂਡ ਵੇਚ ਰਹੇ ਹਨ, ਨਵਾਂ ਖਰੀਦਦਾਰ ਕੋਈ ਨਹੀਂ।*

*ਹਾਲਤ ਇਹ ਬਣ ਗਏ ਹਨ ਕਿ ਕੁਝ ਦਿਨ ਪਹਿਲਾਂ ਅਮਰੀਕਾ ਦੇ ਟਰੈਜ਼ਰੀ ਸੈਕਟਰੀ ਨੇ ਕਿਹਾ ਸੀ ਕਿ ਇਸ ਮੰਦੀ ਹਾਲਤ ਵਿੱਚੋਂ ਨਿਕਲਣ ਦਾ ਇੱਕੋ-ਇੱਕ ਰਾਹ ਹੈ ਕਿ ਅਮਰੀਕਾ ਆਪਣੇ ਬੈਂਕਾਂ ਨੂੰ ਕਹੇ ਕਿ ਉਹ ਟਰੈਜ਼ਰੀ ਬਾਂਡ ਖਰੀਦਣ। ਅਰਥ ਸ਼ਾਸਤਰੀਆਂ ਦਾ ਕਹਿਣਾ ਹੈ ਕਿ ਇਸ ਤਰ੍ਹਾਂ ਕਰਨ ਨਾਲ ਬੈਂਕਾਂ ਦੇ ਡੁੱਬਣ ਦਾ ਖਤਰਾ ਹੋਵੇਗਾ।*

*ਸ਼ੁਰੂ ਵਿੱਚ ਟਰੰਪ ਨੇ ਧਮਕੀ-ਭਰੇ ਅੰਦਾਜ਼ ਵਿੱਚ ਚੀਨ ’ਤੇ ਕਈ ਤਰ੍ਹਾਂ ਦੀਆਂ ਪਾਬੰਦੀਆਂ ਲਾ ਦਿੱਤੀਆਂ ਸਨ। ਟਰੰਪ ਨੇ ਇਹ ਵੀ ਕਿਹਾ ਸੀ ਕਿ ਚੀਨ ਨਾਲ ਤਦ ਹੀ ਗੱਲਬਾਤ ਹੋਵੇਗੀ, ਜਦੋਂ ਸ਼ੀ ਜਿਨਪਿੰਗ ਇਸ ਬਾਰੇ ਪਹਿਲ ਕਰੇਗਾ, ਪਰ ਜਦੋਂ ਚੀਨ ਨੇ ਜਵਾਬੀ ਵਾਰ ਕਰਦਿਆਂ ਰੇਅਰ ਅਰਥ ਖਣਿਜ ਦੇਣੀ ਬੰਦ ਕਰ ਦਿੱਤੀ ਤਾਂ ਟਰੰਪ ਦੀਆਂ ਲੱਤਾਂ ਜਵਾਬ ਦੇ ਗਈਆਂ। ਉਸ ਨੇ ਆਪ ਸ਼ੀ ਜਿਨਪਿੰਗ ਨੂੰ ਫੋਨ ਕੀਤਾ ਤਾਂ ਦੋਹਾਂ ਦੇਸ਼ਾਂ ਵਿਚਾਲੇ ਗੱਲਬਾਤ ਸ਼ੁਰੂ ਹੋਈ। ਇਸ ਗੱਲਬਾਤ ਦੌਰਾਨ ਇਹ ਸਹਿਮਤੀ ਬਣੀ ਕਿ ਚੀਨ ਰੇਅਰ ਅਰਥ ਦੀ ਸਪਲਾਈ ਕਰੇਗਾ ਤੇ ਇਵਜ਼ ਵਿੱਚ ਅਮਰੀਕਾ ਵੱਲੋਂ ਚੀਨ ਨੂੰ ਸੈਮੀਕੰਡਕਟਰ ਤੇ ਉੱਚ ਤਕਨੀਕੀ ਚਿੱਪਾਂ ਦੇਣ ’ਤੇ ਲਾਈ ਰੋਕ ਖਤਮ ਕਰ ਦਿੱਤੀ ਜਾਵੇਗੀ। ਉਸ ਨੇ ਚੀਨ ਦੀ ਇਹ ਸ਼ਰਤ ਵੀ ਮੰਨ ਲਈ ਕਿ ਰੇਅਰ ਅਰਥ ਖਣਿਜਾਂ ਦੀ ਵਰਤੋਂ ਫੌਜੀ ਸਾਜ਼ੋ-ਸਮਾਨ ਵਿੱਚ ਨਹੀਂ ਕੀਤੀ ਜਾਵੇਗੀ। ਇਸ ਮੁਢਲੇ ਸਮਝੌਤੇ ਨੂੰ ਕਿਸੇ ਤਰ੍ਹਾਂ ਵੀ ਅਮਰੀਕਾ ਦੀ ਜਿੱਤ ਨਹੀਂ ਕਿਹਾ ਜਾ ਸਕਦਾ, ਸਗੋਂ ਉਸ ਨੂੰ ਉੱਚ ਤਕਨੀਕੀ ਚਿੱਪਾਂ ਦੇ ਮਾਮਲੇ ਵਿੱਚ ਪਿਛਲਖੁਰੀ ਮੁੜਨਾ ਪਿਆ ਹੈ। ਇਸੇ ਕਰਕੇ ਹਰ ਛੋਟੀ-ਛੋਟੀ ਗੱਲ ਉੱਤੇ ਟਵੀਟ ਕਰਨ ਵਾਲੇ ਟਰੰਪ ਨੇ ਚੀਨ ਨਾਲ ਬਣੀ ਇਸ ਸਹਿਮਤੀ ਬਾਰੇ ਕੋਈ ਗੱਲ ਨਹੀਂ ਕੀਤੀ।*

**-ਚੰਦ ਫਤਹਿਪੁਰੀ**

ਬਰਸੀ ’ਤੇ ਵਿਸ਼ੇਸ਼

# ਭਗਤ ਜੀ ਦੀ ਚੇਤਾਵਨੀ, ਬਚਾ ਲਓ ਧਰਤੀ ਨੂੰ

**ਡਾ. ਸ਼ਿਆਮ ਸੁੰਦਰ ਦੀਪਤੀ**

ਰੁੱਖ ਲਗਾਉਣਾ ਹੀ ਉਹ ਉੱਦਮ ਹੈ, ਜਿਸ ਨਾਲ ਧਰਤੀ ਰੇਤ ਦਾ ਮਾਰੂਥਲ ਬਣਨ ਤੋਂ ਬਚ ਸਕਦੀ ਹੈ। ਇਹ ਗੱਲ ਭਗਤ ਜੀ ਨੇ ਅੱਜ ਤੋਂ 100 ਸਾਲ ਪਹਿਲਾਂ ਕਹੀ ਹੋਵੇਗੀ। ਉਨ੍ਹਾ ਦੀ ਚੇਤਾਵਨੀ ਸੀ ਕਿ ਸੰਸਾਰ ਦੀ ਸਭ ਤੋਂ ਖ਼ਤਰਨਾਕ ਐਟਮੀ ਸ਼ਕਤੀ ਨਹੀਂ ਹੈ, ਬਲਕਿ ਮੋਟਰ ਸਾਈਕਲ ਹੈ ਤੇ ਮਨੁੱਖ ਆਪਣੀ ਇਸ ਕਾਢ ਦਾ ਗੁਲਾਮ ਬਣ ਕੇ ਰਹਿ ਗਿਆ ਹੈ। ਇਹ ਬੋਲ ਭਗਤ ਜੀ ਨੇ ਉਦੋਂ ਲੋਕਾਂ ਵਿਚ ਪਹੁੰਚਾਏ, ਜਦੋਂ ਵਾਤਾਵਰਨ ਬਾਰੇ ਲੋਕ ਸੁਚੇਤ ਨਹੀਂ ਸਨ। ਇਹ ਗੱਲ ਹੋਰ ਹੈ ਕਿ ਸੰਨ 1952 ਵਿਚ ਸੰਯੁਕਤ ਰਾਸ਼ਟਰ ਸੰਸਥਾ ਦੇ ਗਠਨ ਮਗਰੋਂ ਉਸ ਦਾ ਇਕ ਭਾਗ ਵਾਤਾਵਰਨ ’ਤੇ ਕੇਂਦਰਤ ਹੋਇਆ ਤੇ ਉਹ ਹਰ ਸਾਲ 5 ਜੂਨ ਨੂੰ ਵਾਤਾਵਰਨ ਦਿਵਸ ਮਨਾਉਣ ਲੱਗੇ, ਜਿਸ ਵਿਚ ਦੁਨੀਆ ਭਰ ਦੇ ਸਾਰੇ ਦੇਸ਼ ਇਕੱਠੇ ਹੁੰਦੇ ਅਤੇ ਵਾਤਾਵਰਨ ਪ੍ਰਤੀ ਆਪਣੀ ਜ਼ਿੰਮੇਵਾਰੀ ਨੂੰ ਦੁਹਰਾਉਂਦੇ, ਪਰ ਸਰਮਾਏਦਾਰ ਦੇਸ਼, ਜਿਨ੍ਹਾਂ ਨੇ ਮੋਟਰ ਸਾਈਕਲ ਵਰਗੀਆਂ ਕਾਢਾਂ ਕੱਢੀਆਂ, ਉਨ੍ਹਾਂ ਆਪਣਾ ਹੱਥ ਪਿੱਛੇ ਖਿੱਚ ਕੇ ਰੱਖਿਆ। ਕਹਿ ਸਕਦੇ ਹਾਂ ਉਹ ਦੇਸ਼ ਜੋ ਵਾਤਾਵਰਨ ਨੂੰ ਸਭ ਤੋਂ ਵੱਧ ਨੁਕਸਾਨ ਕਰ ਰਹੇ ਨੇ ਅਤੇ ਉਹਨਾਂ ਦੀ ਫ਼ਿਕਰ ਨਾਂਹ ਦੇ ਬਰਾਬਰ ਹੈ।

ਭਗਤ ਜੀ ਦੇ ਬੋਲ ਜਾਂ ਕਹੀਏ ਉਨ੍ਹਾ ਦਾ ਕਿਹਾ ਜਾਂ ਲਿਖਿਆ ਹਰੇਕ ਸ਼ਬਦ ਮਨੁੱਖ ਦੀ ਹੋਂਦ ਵਾਸਤੇ ਚਿਤਾਵਨੀ ਸੀ, ਪਰ ਅਸੀਂ ਉਹਨਾਂ ਸ਼ਬਦਾਂ ਨੂੰ ਗੌਲਿਆ ਨਹੀਂ। ਭਗਤ ਜੀ ਦੀ ਵਾਤਾਵਰਨ ਪ੍ਰਤੀ ਫ਼ਿਕਰ ਸਾਰੀ ਉਮਰ ਰਹੀ ਹੈ ਅਤੇ ਇਹ ਫ਼ਿਕਰ ਉਨ੍ਹਾਂ ਨੂੰ ਆਪਣੀ ਮਾਤਾ ਮਹਿਤਾਬ ਕੌਰ ਤੋਂ ਮਿਲੀ ਸੀ।

ਭਗਤ ਜੀ ਦਾ ਬਚਪਨ ਤੰਗੀਆਂ-ਤੁਰਸ਼ੀਆਂ ਵਾਲਾ ਰਿਹਾ ਹੈ, ਭਾਵੇਂ ਪਿਤਾ ਜੀ ਪਾਸ ਕਿਸੇ ਵੇਲੇ ਲੱਖਾਂ ਗਾਵਾਂ, ਮੱਝਾਂ ਸਨ, ਜੋ ਕਿ ਇਕੋ ਝਟਕੇ ਵਿਚ ਹੱਥੋਂ ਜਾਂਦਾ ਰਿਹਾ, ਇਥੋਂ ਤਕ ਕਿ ਮਾਤਾ ਨੂੰ ਘਰਾਂ ਵਿਚ ਵੀ ਕੰਮ ਕਰਨਾ ਪਿਆ। ਮਾਤਾ ਦੀ ਸਿੱਖਿਆ ਦੇ ਨਾਲ-ਨਾਲ ਭਗਤ ਜੀ ਨੂੰ ਪੜ੍ਹਨ ਦਾ ਵੀ ਬਹੁਤ ਸ਼ੌਕ ਸੀ। ਸਕੂਲੀ ਪੜ੍ਹਾਈ ਮਸਾਂ ਦਸਵੀ ਤੱਕ ਕਰ ਸਕੇ, ਪਰ ਲਾਹੌਰ ਵਿਚ ਰਹਿੰਦਿਆਂ ਉਥੋਂ ਦੀ ਲਾਇਬਰੇਰੀ ਵਿਚ ਜਾ ਕੇ ਕਿਤਾਬਾਂ ਪੜ੍ਹਨੀਆਂ, ਕਿਤਾਬਾਂ ਵੀ ਸਰਸਰੀ ਤੌਰ ’ਤੇ ਨਾ ਪੜ੍ਹ ਕੇ ਉਹਨਾਂ ਨੂੰ ਡੂੰਘਾਈ ਵਿਚ ਪੜ੍ਹਨਾ ਤੇ ਜ਼ਿੰਦਗੀ ਨਾਲ ਜੁੜੇ ਖਿਆਲਾਂ ਨੂੰ ਵੱਖਰੇ ਕਾਗਜ਼ ’ਤੇ ਲਿਖ ਲੈਣਾ। ਇਹ ਵਿਚਾਰ ਭਗਤ ਜੀ ਨੇ ਆਪਣੇ ਆਪ ਤੱਕ ਸੀਮਤ ਨਹੀਂ ਕੀਤੇ, ਸਗੋਂ ਵੱਧ ਤੋਂ ਵੱਧ ਲੋਕਾਂ ਵਿਚ ਵੰਡਣ ਦੀ ਕੋਸ਼ਿਸ਼ ਕੀਤੀ।

ਗਿਆਨ ਇਕੱਠਾ ਕਰਨ ਅਤੇ ਵੰਡਣ ਦਾ ਕੰਮ ਸਿਰਫ ਲਿਖ ਕੇ ਹੀ ਨਹੀਂ, ਸਗੋਂ ਅਮਲੀ ਤੌਰ ਤੇ ਉਨ੍ਹਾਂ ਆਪਣੇ ਜੀਵਨ ਦਾ ਸਿਧਾਂਤ ਬਣਾਇਆ ਹੋਇਆ ਸੀ। ਇਹ ਕੰਮ ਕਰਨ ਦੀ ਕਲਾ ਭਗਤ ਜੀ ਨੂੰ ਆਪਣੀ ਮਾਤਾ ਤੋਂ ਹੀ ਮਿਲੀ। ਉਨ੍ਹਾ ਦੀ ਮਾਤਾ ਜਦੋਂ ਵੀ ਭਗਤ ਜੀ ਨੂੰ ਨਾਲ ਲੈ ਕੇ ਚਲਦੀ ਤਾਂ ਪੈਰ-ਪੈਰ ’ਤੇ ਕੁਝ ਨਾ ਕੁਝ ਸਮਝਾਉਦੀ ਹੋਈ ਜਾਂਦੀ। ਰਸਤੇ ਵਿਚ ਪਏ ਕਿਲ, ਰੋੜੇ, ਪੱਥਰ, ਹਟਾਉਣ ਨੂੰ ਕਹਿੰਦੀ ਤੇ ਨਾਲ ਇਹ ਵੀ ਦੱਸਦੀ ਕਿ ਆਪਾਂ ਇਸ ਤਰ੍ਹਾਂ ਕਿਉਂ ਕਰ ਰਹੇ ਹਾਂ। ਇਸ ਨਾਲ ਕਿਸੇ ਦਾ ਕੀ ਬੁਰਾ ਵਾਪਰ ਸਕਦਾ ਹੈ, ਇੱਥੋਂ ਤੱਕ ਕਿ ਰਾਹ ਵਿਚ ਪਏ ਗੋਬਰ ਨੂੰ ਹਟਾਉਣ ਲਈ ਕਹਿੰਦੀ, ਕਿਉਂਕਿ ਕੋਈ ਤਿਲਕ ਕੇ ਡਿੱਗ ਸਕਦਾ ਹੈ ਤੇ ਸੱਟ ਲੱਗ ਸਕਦੀ ਹੈ। ਰਾਹ ਵਿਚ ਪਏ ਪੱਥਰ ਨਾਲ ਕੋਈ ਰੇਹੜਾ ਉਲਟ ਸਕਦਾ ਹੈ।

ਇਸੇ ਸਮੇਂ ਹੀ ਵਾਤਾਵਰਨ ਨੂੰ ਲੈ ਕੇ ਦਰੱਖਤ ਲਗਾਉਣ ਦੀ ਕਾਰਜ ਪ੍ਰਣਾਲੀ ਵੀ ਭਗਤ ਜੀ ਦਾ ਹਿੱਸਾ ਇਸ ਪੱਖੋਂ ਬਣੀ ਕਿ ਮਾਤਾ ਮਹਿਤਾਬ ਕੌਰ ਤ੍ਰਿਵੈਣੀਆਂ ਲਗਾਉਂਦੇ ਸਨ। ਤ੍ਰਿਵੇਣੀ ਵਿਚ ਤਿੰਨ ਪੇੜ ਨਿੰਮ, ਪਿੱਪਲ ਅਤੇ ਬੋਹੜ ਲਗਾਏ ਜਾਂਦੇ। ਉਸ ਦਾ ਇਕ ਮਕਸਦ ਤਾਂ ਵਾਤਾਵਰਨ ਵਿਚ ਆਕਸੀਜਨ ਦੀ ਮਾਤਰਾ ਨੂੰ ਵਧਾਉਣਾ ਹੈ ਹੀ, ਨਾਲ ਹੀ ਇਹ ਲੰਮੀ ਉਮਰ ਦੇ ਰੁੱਖ ਹਨ। ਇੰਜ ਕਹਿ ਕੇ ਲਉ ਇਕ ਪੇੜ ਕਈ ਕਈ ਪੀੜ੍ਹੀਆਂ ਤੱਕ ਚਲਦਾ ਹੈ। ਮਾਤਾ ਭਗਤ ਜੀ ਤੋਂ ਇਹ ਰੁੱਖ ਲਗਵਾਉਂਦੀ ਵੀ ਤੇ ਨਾਲ ਹੀ ਉਨ੍ਹਾ ਨੂੰ ਜੜ੍ਹ ਬਣਨ ਤੱਕ ਲਗਾਤਾਰ ਪਾਣੀ ਵੀ ਦਿਵਾਉਂਦੀ।

ਭਗਤ ਜੀ ਨੇ ਇਹੀ ਸੋਚ ਕੇ ਲਿਖਿਆ ਹੈ, ਜੋ ਅੱਜ ਅਸੀਂ ਵਾਤਾਵਰਨ ਨਾਲ ਕਰ ਰਹੇ ਹਾਂ, ‘ਧਰਤੀ ਨਾਲ ਜੋ ਸਲੂਕ ਤੁਸੀਂ ਕਰਨਾ ਹੈ, ਇਹ ਖਿਆਲ ਕਰਕੇ ਕਰੋ ਕਿ ਇਸ ’ਤੇ ਕੇਵਲ ਤੁਹਾਡਾ ਹੀ ਹੱਕ ਨਹੀਂ, ਬਲਕਿ ਉਹਨਾਂ ਦਾ ਵੀ ਹੈ, ਜਿਨ੍ਹਾਂ ਨੇ ਤੁਹਾਡੇ ਤੋਂ ਬਾਅਦ ਆਉਣਾ ਹੈ।’ ਮਾਤਾ ਦੀ ਇਹ ਸਿੱਖਿਆ ਅਸਲ ਵਿਚ ਭਗਤ ਜੀ ਦਾ ਮਿਸ਼ਨ ਬਣ ਗਈ। ਜੇਕਰ ਭਗਤ ਜੀ ਦੀ ਇਹ ਸੋਚ ਜਿਸ ’ਤੇ ਪਿੰਗਲਵਾੜਾ ਉਸਰਿਆ ਹੋਇਆ ਹੈ, ਵੱਡੇ ਪੈਮਾਨੇ ’ਤੇ ਇਸ ਨੂੰ ਮੁੱਖ ਤੌਰ ’ਤੇ ਆਪਣੇ ਕਾਰਜ ਦਾ ਹਿੱਸਾ ਬਣਾਇਆ ਹੋਇਆ ਹੈ। ਇਸ ਵੱਡੇ ਸਰੋਕਾਰ ਦਾ ਹਿੱਸਾ ਹੀ ਹੈ ਕਿ ਵੱਧ ਉਪਜ ਪੈਦਾ ਕਰਨ ਦੇ ਲਾਲਚ ਵਿਚ ਮਨੁੱਖ ਕੁਦਰਤ ਤੋਂ ਟੁੱਟ ਰਿਹਾ ਹੈ ਤੇ ਹਰ ਹੀਲੇ-ਵਸੀਲੇ ਅਪਣਾ ਕੇ ਧਰਤੀ ਨੂੰ ਨਿਚੋੜ ਰਿਹਾ ਹੈ, ਜਦੋਂ ਕਿ ਕੁਦਰਤ ਕੋਲ ਸਭ ਤਰੀਕੇ ਮੌਜੂਦ ਹਨ ਅਤੇ ਉਹਨਾਂ ਨੂੰ ਸਮਝਣ ਅਤੇ ਅਪਨਾਉਣ ਦੀ ਲੋੜ ਹੈ। ਜਿਸ ਤਰ੍ਹਾਂ ਕਿ ਪਿੰਗਲਵਾੜਾ ਨੇ ਜੈਵਿਕ ਖੇਤੀ ਰਾਹੀਂ ਇਹ ਸਿੱਧ ਵੀ ਕੀਤਾ ਹੈ। ਗੱਲ ਤਾਂ ਸਿਰਫ ਆਪਣੀ ਸਮਝ ਨੂੰ ਕੁਦਰਤ ਨਾਲ ਜੋੜਨ ਦੀ ਹੈ ਤੇ ਇਸ ਵਾਸਤੇ ਇਕ ਸੁੱਚੀ ਸੋਚ ਵੀ ਚਾਹੀਦੀ ਹੈ।

ਭਗਤ ਜੀ ਭਾਵੇਂ ਹਿੰਦੂ ਪਰਵਾਰ ਵਿਚ ਪੈਦਾ ਹੋਏ ਅਤੇ ਉਨ੍ਹਾ ਦਾ ਬਚਪਨ ਦਾ ਨਾਂਅ ਵੀ ਰਾਮ ਜੀ ਦਾਸ ਸੀ, ਪਰ ਮੰਦਰ ਅਤੇ ਗੁਰਦਵਾਰੇ ਵਿਚ ਜਾਂਦੇ ਹੋਏ ਭਗਤ ਜੀ ਨੇ ਦੋਹਾਂ ਧਰਮਾਂ ਵਿਚ ਜੋ ਫ਼ਰਕ ਮਹਿਸੂਸ ਕੀਤਾ, ਉਹ ਸੀ ਸੇਵਾ ਭਾਵ ਅਤੇ ਮਨੁੱਖਤਾ ਵਿਚ ਵਿਸ਼ਵਾਸ ਤੇ ਆਖਿਰ ਉਹ ਸਿੱਖੀ ਪਰੰਪਰਾ ਦੇ ਸੇਵਾ ਭਾਵ ਵਿਚ ਸਮਾਂ ਗਏ। ਕਿਉਂ ਜੋ ਉਹਨਾਂ ਨੇ ਸਿੱਖੀ ਦਾ ਮੂਲ ‘ਮਾਨਸ ਕੀ ਜਾਤ ਸਭੈ ਏਕੋ ਪਹਿਚਾਨਬੋ’, ਸਿੱਖੀ ਵਿਚ ਦੇਖਿਆ। ਇਸ ਤੋਂ ਬਾਅਦ ਗੁਰਬਾਣੀ ਵਿਚ ਸਮਾਏ ਗੁਰੂਆਂ, ਭਗਤਾਂ ਦੇ ਵਿਚਾਰ ਭਗਤ ਜੀ ਦਾ ਮੰਤਵ ਬਣ ਗਏ। ਵਾਤਾਵਰਨ ਦੇ ਪੱਖ ਤੋਂ ਵੀ ਦੇਖੀਏ ਤਾਂ ਉਸ ਵਿਚ ਸ਼ਾਮਲ ‘ਪਹਿਲਾ ਪਾਣੀ ਜੀਉ ਹੈ’ ਤੇ ਇਕ ਮਹੱਤਵਪੂਰਨ ਵਾਕ, ਜੋ ਕਿ ਰੋਜ਼ਾਨਾ



ਅਰਦਾਸ ਦਾ ਵੀ ਹਿੱਸਾ ਹੈ, ਭਗਤ ਜੀ ਨੇ ਆਪਣੇ ਅੰਦਰ ਢਾਲ ਲਏ ‘ਪਵਨ ਗੁਰੂ ਪਾਣੀ ਪਿਤਾ ਮਾਤਾ ਧਰਤੁ ਮਹੁਤ’ ਇਹ ਮਹਾਨ ਵਾਕ ਹੈ, ਜਿਸ ਵਿਚ ਵਾਤਾਵਰਨ ਸਹੀ ਸੰਦਰਭ ਵਿਚ ਪਛਾਣਿਆ ਅਤੇ ਬਿਆਨਿਆ ਗਿਆ ਹੈ।

ਭਗਤ ਜੀ ਦੇ ਕੰਮ ਨੂੰ ਦੇਖਣਾ ਹੋਵੇ ਤਾਂ 1947 ਦੀ ਵੰਡ ਤੋਂ ਬਾਅਦ ਜਦੋਂ ਭਗਤ ਜੀ ਲਾਹੌਰ ਤੋਂ ਚੱਲੇ ਤਾਂ ਉਹ ਤਕਰੀਬਨ ਆਪਣੇ ਨਾਲ ਆਪਣਾ ਪਰਵਾਰ ਬਿਮਾਰਾਂ, ਲਾਚਾਰਾਂ, ਅਪਾਹਜਾਂ ਤਕਰੀਬਨ 60 ਲੋਕ ਆ ਕੇ ਅੰਮ੍ਰਿਤਸਰ ਉਤਰੇ। ਭਾਵੇਂ ਕੁਝ ਸਮਾਂ ਸਟੇਸ਼ਨ ਦੇ ਬਾਹਰ ਰਹੇ, ਪਰ ਛੇਤੀ ਹੀ ਭਗਤ ਜੀ ਨੇ ਆਪਣਾ ਖੁਦ ਦਾ ਟਿਕਾਣਾ ਬਣਾਨ ਬਾਰੇ ਸੋਚਿਆ ਤੇ ਫਿਰ 1950 ਵਿਚ ਉਹ ਇਸ ਪਿੰਗਲਵਾੜੇ ਵਾਲੀ ਥਾਂ ’ਤੇ ਆਣ ਬੈਠੇ। ਜ਼ਰਾ ਸੋਚੋ ਪਿੰਗਲਵਾੜੇ ਲਈ ਥਾਂ ਮਿਲਦੇ ਹੀ ਉਹਨਾਂ ਦੀ ਸਭ ਤੋਂ ਪਹਿਲੀ ਕੋਸ਼ਿਸ਼ ਸੀ ਕਿ ਇਥੇ ਪ੍ਰਿੰਟਿੰਗ ਪ੍ਰੈੱਸ ਲਗਾਈ ਜਾਵੇ।

ਪ੍ਰਿੰਟਿਗ ਪ੍ਰੈੱਸ ਲਗਾ ਕੇ ਭਗਤ ਜੀ ਸ਼ਹਿਰ ਦੇ ਵੱਖ-ਵੱਖ ਦਫਤਰਾਂ ਵਿਚ ਜਾ ਕੇ ਖਾਲੀ ਕਾਗਜ਼ ਇਕੱਠੇ ਕਰਦੇ, ਜੋ ਕਿ ਇਕ ਪਾਸੇ ਤੋਂ ਸਾਫ਼ ਹੁੰਦੇ ਤੇ ਦੂਜੇ ਪਾਸੇ ਕੁਝ ਨਾ ਕੁਝ ਛਪਿਆ ਹੁੰਦਾ। ਉਹਨਾਂ ਕਾਗਜ਼ਾਂ ’ਤੇ ਭਗਤ ਜੀ ਕੋਈ ਸਾਰਥਕ ਸੁਨੇਹਾ ਛਾਪ ਕੇ ਸ਼ਹਿਰ ਵਿਚ ਵੰਡਦੇ। ਫਿਰ ਤਾਂ ਉਹ ਦਰਬਾਰ ਸਾਹਿਬ ਦੇ ਬਾਹਰ ਪੱਕਾ ਡੇਰਾ ਲਗਾ ਕੇ ਬੈਠ ਗਏ ਸਨ। ਜਿਥੇ ਦਰਬਾਰ ਸਾਹਿਬ ਮੱਥਾ ਟੇਕਣ ਆਏ ਲੋਕ ਉਹ ਕਾਗਜ਼ ਆਪਣੇ ਨਾਲ ਲੈ ਜਾਂਦੇ। ਉਥੇ ਬੈਠੇ ਭਗਤ ਜੀ ਬਹੁਤ ਹੀ ਸਧਾਰਨ ਲਿਬਾਸ ਵਿਚ ਇਕ ਚਾਦਰ ਦੇ ਕੋਨੇ ’ਤੇ ਬੈਠੇ ਹੁੰਦੇ। ਉਹ ਬਿਲਕੁਲ ਇਕ ਫ਼ਕੀਰ ਵਾਂਗ ਲੱਗਦੇ ਸਨ। ਉਨ੍ਹਾਂ ਨੇ ਭਾਵੇਂ ਖਾਲਸਾ ਸਕੂਲ ਲਾਹੌਰ ਤੋਂ ਦਸਵੀਂ ਤੱਕ ਪੜ੍ਹਾਈ ਕੀਤੀ ਅਤੇ ਮਰੀਜ਼ਾਂ ਦੀ ਸੇਵਾ ਸੰਭਾਲ ਲਈ ਵੀ ਟ੍ਰੇਨਿੰਗ ਲਈ ਹੋਈ ਸੀ, ਪਰ ਆਪਣੇ ਆਪ ਨੂੰ ਫ਼ਕੀਰ ਬਣਾ ਕੇ ਰੱਖਣ ਵਿਚ ਉਨ੍ਹਾਂ ਦਾ ਮੰਨਣਾ ਸੀ ਕਿ ਮੈਂ ਗਰੀਬਾਂ, ਬੇਸਹਾਰਾ ਲੋਕਾਂ ਵਿਚ ਕੰਮ ਕਰਦਾ ਹਾਂ ਤੇ ਉਹਨਾਂ ਵਰਗਾ ਬਣ ਕੇ ਰਹਿਣਾ ਚਾਹੁੰਦਾ ਹਾਂ, ਤਾਂ ਜੋ ਕੋਈ ਮੇਰੇ ਨੇੜੇ ਆਉਣ, ਮੇਰੇ ਨਾਲ ਗੱਲ ਕਰਨ, ਆਪਣੀ ਦੁੱਖਦੀ ਗਾਥਾ ਸੁਣਾਉਣ ਵਿਚ ਝਿਜਕ ਨਾ ਮਹਿਸੂਸ ਕਰਨ।

ਸੰਸਾਰ ਵਿਚ ਬੰਦਿਆਂ ਦਾ ਬਚਾਅ ਕੇਵਲ ਇਸ ਗੱਲ ਵਿਚ ਹੈ ਕਿ ਥਾਂ-ਥ’ ’ਤੇ ਧਰਤੀ ਲਈ ਖਾਦ ਵਾਲਾ ਕੂੜਾ ਇਕੱਠਾ ਕਰਨ ਲਈ ਹਰ ਇਕ ਆਦਮੀ ਆਪਣੇ ਆਪ ਨੂੰ ਮੇਰੇ ਤਰ੍ਹਾਂ ਭੰਗੀ ਬਣਾ ਲਵੇ। ਦਰਅਸਲ ਭੰਗੀ ਸ਼ਬਦ ਜੋ ਅਸੀਂ ਇਕ ਜਾਤ ਸੂਚਕ ਸ਼ਬਦ ਬਣਾ ਦਿੱਤਾ ਹੈ, ਉਸ ਦੀ ਆਮ ਜੀਵਨ ਵਿਚ ਕੀ ਮਹੱਤਤਾ ਹੈ, ਬਾਰੇ ਜਾਣਾਂਗੇ ਤਾਂ ਸਮਝਾਂਗੇ ਕਿ ਧਰਤੀ ਉਪਰ ਹਰੇਕ ਵਿਅਕਤੀ ਆਪਣੀ ਇਕ ਵਿਸ਼ੇਸ਼ ਥਾਂ ਰਖਦਾ ਹੈ। ਇਹ ਠੀਕ ਹੈ ਸਿੱਖੀ ਵਿਚ ਵਿਸ਼ੇਸ਼ ਜਾਤ ਪ੍ਰਥਾ ਦਾ ਕੋਈ ਮੁੱਲ ਨਹੀਂ, ਸਾਰੇ ਹੀ ਇਕ ਜਾਤ ਦੇ ਅੰਦਰ ਸਮੋਏ ਹੋਏ ਹਨ। ਇਹ ਭਾਵੇਂ ਸਿੱਖ ਗੁਰੂਆਂ ਦੀ ਸੋਚ ਰਹੀ ਹੈ ਤੇ ਸਮੇਂ ਨਾਲ ਸਿੱਖੀ ਦੇ ਸਾਰੇ ਨਿਯਮ ਵੀ ਫਿਰ ਤੋਂ ਸਮਾਜਿਕ ਦਬਾਅ ਦੀ ਭੇਟ ਚੜ੍ਹ ਰਹੇ ਹਨ।

ਆਪਾਂ ਭਗਤ ਜੀ ਦੇ ਜੀਵਨ ਤੋਂ ਸਿੱਖਣ ਦੀ ਗੱਲ ਕਰਨੀ ਹੋਵੇ ਤਾਂ ਉਹਨਾ ਦਾ ਪੂਰਾ ਜੀਵਨ ਹੀ ਪਿਆਰੇ ਵਰਗੇ ਬੱਚੇ ਨੂੰ ਸਾਂਭਣਾ-ਸੰਭਾਲਣਾ ਅਤੇ ਉਸੇ ਤਜਰਬੇ ਤੇ ਪਿੰਗਲਵਾੜੇ ਦੀ ਸਥਾਪਨਾ ਤੋਂ ਭਗਤ ਜੀ ਦਾ ਜੀਵਨ ਸਾਫ਼ ਸਪੱਸ਼ਟ ਸ਼ਬਦਾਂ ਵਿਚ ਸਮਝਿਆ, ਉਲੀਕਿਆ ਜਾ ਸਕਦਾ ਹੈ। ਜ਼ਿੰਦਗੀ ਦਾ ਰਾਹ ਬਹੁਤ ਲੰਮਾ ਹੈ ਅਤੇ ਉਸ ਵਿਚ ਥੋੜ੍ਹੀ-ਥੋੜ੍ਹੀ ਦੂਰੀ ਬਾਅਦ ਪੱਥਰ, ਰੋੜੇ, ਕਿੱਲਾਂ ਆਉਂਦੇ ਰਹਿੰਦੇ ਹਨ। ਮਕਸਦ ਤਾਂ ਇਹ ਹੈ ਕਿ ਰਾਹ ਨੂੰ ਸਾਫ-ਸੁਥਰਾ ਕੀਤਾ ਜਾਵੇ ਤੇ ਉਹ ਅਸੀ ਸਭ ਨੇ ਆਪਣਾ ਹਿੱਸਾ ਪਾਉਣਾ ਹੈ, ਜਿਵੇਂ ਭਗਤ ਜੀ ਨੇ ਸਾਰੀ ਉਮਰ ਕੀਤਾ। ਭਗਤ ਜੀ ਨੇ ਸਾਰੀ ਉਮਰ ਆਪਣਾ ਜੀਵਨ ਕੁਦਰਤ ਨੂੰ ਸਮਝ ਕੇ ਉਸ ਦੀ ਤਰਜ਼ ’ਤੇ ਚੱਲ ਕੇ ਨਿਭਾਇਆ ਤੇ ਆਪਣੇ ਰਾਹ ’ਤੇ ਤੁਰਦਿਆਂ, ਜੋ ਵੀ ਮਹਿਸੂਸ ਕੀਤਾ, ਉਹ ਕੰਮ ਸਿਰਫ ਲਿਖੇ ਜਾਂ ਬੋਲੇ ਨਹੀਂ, ਪਹਿਲਾਂ ਖੁਦ ਅੱਗੇ ਵਧ ਕੇ ਕੀਤੇ।

ਉਹਨਾ ਦਾ ਇਕ ਸਿੱਟਾ, ਜੋ ਸਭ ਨੂੰ ਇਕ ਰਾਹ ਵੀ ਦਿਖਾ ਸਕਦਾ ਤੇ ਭਗਤ ਜੀ ਦੇ ਮਿਸ਼ਨ ਨੂੰ ਵੀ ਸਮਝਾ ਸਕਦਾ। ‘ਮਨੁੱਖ ਅਪਰਾਧ ਕਰਕੇ ਮਨੁੱਖਾਂ ਦੀ ਸਜ਼ਾ ਤੋਂ ਬਚ ਸਕਦਾ ਹੈ, ਪਰ ਕੁਦਰਤ ਦੀ ਸਜ਼ਾ ਤੋਂ ਨਹੀਂ ਬਚ ਸਕਦਾ।’ ਤਾਂ ਉਹ ਕਿਹਾ ਕਰਦੇ ਸੀ, ਉਹ ਦੁਨੀਆਂ ਦੇ ਲੋਕੋ ਸੰਸਾਰ ਨੂੰ ਬਚਾਉਣ ਲਈ ਆਪਣਾ ਸੁਭਾਅ ਬਦਲੋ।

ਵਿਸ਼ਵ ਵਾਤਾਵਰਨ ਸੰਬੰਧੀ ਸੰਸਥਾ ਹਰ ਸਾਲ ਸੁਚੇਤ ਕਰਦੀ ਹੈ ਤੇ ਕਰਦੀ ਆ ਰਹੀ ਹੈ, ਪਰ ਭਗਤ ਜੀ ਤਕਰਬੀਨ 200 ਸਾਲ ਪਹਿਲਾਂ ਪੈਂਦਾ ਹੋਏ ਅਤੇ ਆਪਣੀ ਜਵਾਨੀ ਤੋਂ ਹੀ ਵਾਤਾਵਰਨ ਨੂੰ ਲੈ ਕੇ ਸੁਨੇਹਾ ਦੇ ਰਹੇ ਹਨ ਤੇ ਹੋਕਾ ਵੀ ਦੇ ਰਹੇ ਹਨ, ਕਿ ਧਰਤੀ ਸਾਡੇ ਹੱਥੋਂ ਚਲੀ ਜਾਣੀ ਹੈ, ਇਕੋ ਧਰਤੀ ਹੀ ਅਜਿਹਾ ਗ੍ਰਹਿ ਹੈ, ਜਿਥੇ ਜੀਵਨ ਹੈ, ਭਾਵੇਂ ਅਸੀਂ ਆਪਣੀਆਂ ਸੋਚਾਂ ਵਿਚ ਚੰਦਰਮਾ ਅਤੇ ਹੋਰ ਗ੍ਰਹਿਆਂ ’ਤੇ ਬਸਤੀਆਂ ਬਨਾਉਣ ਬਾਰੇ ਸੋਚ ਰਹੇ ਹਾਂ ਤੇ ਦੂਜੇ ਪਾਸੇ ਧਰਤੀ ਸਾਡੇ ਹੱਥੋਂ ਖਿਸਕ ਰਹੀ ਹੈ। ਭਗਤ ਜੀ ਦੀ ਇਹ ਚੇਤਾਵਨੀ ਚੇਤੇ ਰੱਖਣ ਦੀ ਲੋੜ ਹੈ। ‘ਬਚਾ ਲਓ ਧਰਤੀ ਨੂੰ’ ਇਹ ਸਭ ਲਈ ਹੈ।

**# ਸੰਪਰਕ : 98158-08506**

# .ਗ਼ਦਰ ਪਾਰਟੀ ਦਾ ਸੂਹਾ ਗੁਲਾਬ ਬੀਬੀ ਗੁਲਾਬ ਕੌਰ

ਅੱਜ ਅਸੀਂ ਦੇਸ਼ ਦੀ ਆਜ਼ਾਦੀ ਦੇ ਮਹਾਨ ਪਿੰਡ ਖਟਕੜ ਕਲਾਂ ਬੀਬੀ ਅਮਰ ਕੌਰ ਯਾਦਗਾਰੀ ਹਾਲ ਵਿੱਚ ਇਕੱਠੇ ਹੋਏ ਹਾਂ।

ਗ਼ਦਰੀ ਸੂਰਬੀਰਾਂ ਤੇ ਹੋਰ ਦੇਸ਼ ਭਗਤ ਲੋਕ-ਪੱਖੀ ਸੰਸਥਾਵਾਂ ਦੇ ਇਨਕਲਾਬੀ ਵਾਰਸ ਭੈਣਾਂ ਤੇ ਵੀਰਾਂ ਨੂੰ ਤਹਿ ਦਿਲੋਂ ਜੀ ਆਇਆਂ ਆਖਦੀ ਹਾਂ ਅਤੇ ਮੈਨੂੰ ਆਪਣੀ ਗੱਲ ਰੱਖਣ ਲਈ ਮੌਕਾ ਦੇਣ ਦਾ ਦਿਲੋਂ ਧੰਨਵਾਦ ਕਰਦੀ ਹਾਂ। ਮੈਂ ਇਨਕਲਾਬੀਆਂ ਦੀ ਧੀ ਅਤੇ ਗ਼ਦਰੀ ਬਾਬਿਆਂ ਦੀ ਗੋਦ ਦਾ ਨਿੱਘ ਮਾਣਿਆ ਹੈ। ਮੈਂ ਉਨ੍ਹਾਂ ਸਾਰਿਆਂ ਨੂੰ ਸਲਾਮ ਕਰਦੀ ਹਾਂ, ਜਿਨ੍ਹਾਂ ਮੈਨੂੰ ਇਸ ਇਨਕਲਾਬੀ ਰਸਤੇ ’ਤੇ ਤੋਰਿਆ। ਭਾਰਤ ਵਿੱਚ ਰੋਜ਼ੀ-ਰੋਟੀ ਦੀ ਥੁੜ ਨਾਲ ਜੂਝਦੇ ਲੋਕ ਕਦੇ ਖੇਤੀ ਦਾ ਸੰਕਟ ਅਤੇ ਕਦੇ ਕਾਲ ਦਾ ਸਾਹਮਣਾ ਕਰਦੇ ਹੋਏ 19ਵੀਂ ਸਦੀ ਦੇ ਮੁੱਢ ਵਿੱਚ ਵਿਦੇਸ਼ਾਂ ਨੂੰ ਚਲੇ ਗਏ। ਉਥੇ ਜਾ ਕੇ ਸਖ਼ਤ ਮਿਹਨਤ ਕਰਕੇ ਇੱਜ਼ਤ ਦੀ ਜਗ੍ਹਾ ਅਪਮਾਨ ਝੱਲਣਾ ਪਿਆ ਤਾਂ ਉਨ੍ਹਾਂ ਆਜ਼ਾਦ ਦੇਸ਼ਾਂ ਦੇ ਲੋਕਾਂ ਦੀ ਜ਼ਿੰਦਗੀ ਦੇਖ ਕੇ ਸਮਝ ਆਈ ਕਿ ਅਸੀਂ ਅਨਪੜ੍ਹ ਹਾਂ, ਗ਼ੁਲਾਮ ਹਾਂ, ਇਸ ਲਈ ਆਜ਼ਾਦੀ ਲਈ ਜੂਝਣ ਲਈ ਇਕੱਠੇ ਹੋ ਕੇ ਵਿਚਾਰਾਂ ਕੀਤੀਆਂ ਕਿ ਦੇਸ਼ ਵਿੱਚ ਵਿਦਿਆ ਦਾ ਪ੍ਰਸਾਰ ਹੋਵੇ ਅਤੇ ਆਜ਼ਾਦੀ ਲਈ ਉੱਠਣ ਦਾ ਹੋਕਾ ਦਿੱਤਾ ਜਾਵੇ।



ਦੇਸ਼ ਪੈਣ ਧੱਕੇ, ਬਾਹਰ ਮਿਲੇ ਢੋਈ ਨਾ  
ਸਾਡਾ ਪ੍ਰਦੇਸੀਆਂ ਦਾ ਦੇਸ਼ ਕੋਈ ਨਾ।

ਉਨ੍ਹਾਂ ਨੇ ਲੋਕਾਂ ਨੂੰ ਜਾਗਰੂਕ ਕੀਤਾ। ‘ਗ਼ਦਰ’ ਅਖ਼ਬਾਰ ਕੱਢੀ ਅਤੇ ਹੋਕਾ ਦਿੱਤਾ...

*ਗ਼ਦਰ ਪਾਰਟੀ ਬੀੜਾ ਚੁੱਕਿਆ, ਦੇਸ਼ ਆਜ਼ਾਦ ਕਰਾਵਣ ਦਾ,*  
*ਚਲੋ ਸ਼ੇਰੋ! ਗ਼ਦਰ ਮਚਾਈਏ, ਵੇਲਾ ਨਹੀਂ ਖੁੰਝਾਵਣ ਦਾ।*

ਬੜੀਆਂ ਡੂੰਘੀਆਂ ਵਿਚਾਰਾਂ ਕਰਕੇ ‘ਗ਼ਦਰ ਪਾਰਟੀ’ ਬਣੀ ਅਤੇ ਦੇਸ਼ ਪਹੁੰਚਣ ਲਈ ਤਿਆਰੀਆਂ ਕਰ ਲਈਆਂ। ਇਨ੍ਹਾਂ ਵਿੱਚ ਹੀ ਇੱਕ ਭਾਈ ਮਾਨ ਸਿੰਘ ਜਖੇਪਲ ਅਤੇ ਉਨ੍ਹਾਂ ਦੀ ਪਤਨੀ ਬੀਬੀ ਗੁਲਾਬ ਕੌਰ ਬਖਸ਼ੀਵਾਲਾ ਮਨੀਲਾ ਤੋਂ ਵੀ ਦੇਸ਼ ਦੀ ਆਜ਼ਾਦੀ ਲਈ ਤਿਆਰ ਹੋ ਗਏ, ਪਰ ਤੁਰਨ ਵੇਲੇ ਭਾਈ ਮਾਨ ਸਿੰਘ ਦਾ ਮਨ ਡੋਲ ਗਿਆ। ਬੀਬੀ ਗੁਲਾਬ ਕੌਰ ਨੇ ਮਾਈ ਭਾਗੋ ਦਾ ਰੂਪ ਯਾਦ ਕਰਕੇ ਦ੍ਰਿੜ੍ਹਤਾ ਦਿਖਾਈ ਤੇ ਕਿਹਾ ਕਿ ਤੇਰੀ ਆਜ਼ਾਦੀ ਤੇਰੀ ਅਤੇ ਮੇਰੀ ਆਜ਼ਾਦੀ ਵੀ ਮੇਰੀ ਹੈ। ਸੋ ਮੈਂ ਹੁਣ ਗ਼ਦਰ ਪਾਰਟੀ ਦੇ ਵੀਰਾਂ ਨਾਲ ਆਪਣੇ ਗ਼ੁਲਾਮ ਦੇਸ਼ ਨੂੰ ਆਜ਼ਾਦ ਕਰਾਉਣ ਲਈ ਜਾ ਰਹੀ ਹਾਂ।

ਸੋ ਇਸ ਗ਼ਦਰ ਦੀ ਵਿਰਗਣਾਂ ਨੇ ਗ਼ਦਰ ਪਾਰਟੀ ਦੁਆਰਾ ਲਿਖੀਆਂ ਗ਼ਦਰ ਗੂੰਜਾਂ ਯਾਦ ਕੀਤੀਆਂ ਅਤੇ ਜਗ੍ਹਾ-ਜਗ੍ਹਾ ਲੋਕਾਂ ਨੂੰ ਜੋਸ਼ ਨਾਲ ਗਾ-ਗਾ ਕੇ ਪ੍ਰੇਰਨਾ ਦੇਣ ਲੱਗੀ। ਆਪਣੀਆਂ ਚੂੜੀਆਂ ਲਾਹ ਕੇ ਕਹਿੰਦੀ ਕਿ ਜੋ ਮਰਦ ਕਮਜ਼ੋਰ ਹਨ, ਉਹ ਚੂੜੀਆਂ ਪਾ ਲੈਣ। ਹੁਣ ਅਸੀਂ ਔਰਤਾਂ ਹੀ ਮੈਦਾਨ ਵਿੱਚ ਆ ਕੇ ਦੇਸ਼ ਨੂੰ ਆਜ਼ਾਦ ਕਰਾਉਣਾ ਹੈ। ਆਓ! ਜਿਸ ਨੇ ਆਉਣਾ ਹੈ।

ਸੋ ਇਹ ਬਣ ਗਈ ਗ਼ਦਰ ਪਾਰਟੀ ਦਾ ਸੂਹਾ ਗੁਲਾਮ ਬੀਬੀ ਗੁਲਾਬ ਕੌਰ। ਜਿੱਥੇ ਵੀ ਠਹਿਰਾਅ ਹੁੰਦਾ ਤਾਂ ਬੀਬੀ ਜੋਸ਼ ਵਿੱਚ ਗ਼ਦਰੀ ਗੂੰਜਾਂ ਗਾ-ਗਾ ਕੇ ਪ੍ਰੇਰਦੀ ਅਤੇ ਜੋਸ਼ੀਲੇ ਭਾਸ਼ਣ ਵੀ ਦਿੰਦੀ। ਗ਼ਦਰੀ ਬਾਬੇ ਟੁੰਡੀਲਾਟ ਦੀ ਲਿਖੀ ਨਜ਼ਮ ਗਾ ਕੇ ਬੀਬੀ ਜੋਸ਼ ਭਰ ਦਿੰਦੀ:

ਹਿੰਦੁਸਤਾਨੀਓ ਹੋਸ਼ ਨੂੰ ਕਰੋ ਕਾਇਮ,  
ਐਵੇਂ ਦਿਲ ਘਬਰਾਉਣ ਦੀ ਲੋੜ ਕੀ ਏ।

ਇਸ ਤਰ੍ਹਾਂ ਲੋਕਾਂ ਵਿੱਚ ਹੌਸਲਾ ਭਰ ਜਾਂਦਾ ਅਤੇ ਲੋਕ ਉਹਨਾਂ ਦੇ ਵਿਚਾਰਾਂ ਤੋਂ ਪ੍ਰਭਾਵਿਤ ਹੁੰਦੇ। ਭਾਰਤ ਪਹੁੰਚ ਕੇ ਜਦ ਜਹਾਜ਼ ’ਚੋਂ ਬਾਹਰ ਨਿਕਲ ਕੇ ਚੈਕਿੰਗ ਹੋ ਰਹੀ ਸੀ ਅਤੇ ਬੀਬੀ ਤੋਂ ਪਤੀ ਦਾ ਨਾਂਅ ਪੁੱਛਿਆ ਗਿਆ ਤਾਂ ਉਹ ਘਬਰਾਈ ਨਹੀਂ। ਬੀਬੀ ਨੇ ਬੜੇ ਹੌਸਲੇ ਨਾਲ ਜੀਵਨ ਸਿੰਘ ਪਿੰਡ ਦੌਲਾ ਸਿੰਘ ਵਾਲਾ ਦਾ ਨਾਂਅ ਲੈ ਦਿੱਤਾ। ਇਹ ਉਸ ਦੀ ਹਾਜ਼ਰ ਜਵਾਬੀ ਦਾ ਕਮਾਲ ਸੀ। ਇਸ ਬਹਾਦਰ ਔਰਤ ਦੇ ਹੌਸਲੇ ਨੇ ਹੀ ਬੀਬੀ ਗੁਲਾਬ ਕੌਰ ਨੂੰ ਗ਼ਦਰ ਪਾਰਟੀ ਦਾ ਸੂਹਾ ਗੁਲਾਬ ਬਣਾ ਦਿੱਤਾ। ਭਾਰਤ ਪਹੁੰਚ ਕੇ ਜਿੱਥੇ-ਜਿੱਥੇ ਵੀ ਕੰਮ ਕਰਨ ਦੀ ਡਿਊਟੀ ਲੱਗੀ ਤਾਂ ਉਥੇ ਹੀ ਹੌਸਲੇ ਨਾਲ ਕੰਮ ਕੀਤਾ। ਪਾਰਟੀ ਕੰਮ ਦੀ ਡਿਊਟੀ ਵਜੋਂ ਚਰਖਾ ਚਲਾ ਕੇ ਇੱਕ ਟੋਕਰੀ ਵਿੱਚ ਪੂਣੀਆਂ ਦੇ ਥੱਲੇ ਹਥਿਆਰ ਅਤੇ ਗ਼ਦਰੀ ਗੂੰਜਾਂ ਦਾ ਸਾਹਿਤ ਰੱਖ ਕੇ ਖੁਫ਼ੀਆ ਸੁਨੇਹੇ ਦੇਣ ਦਾ ਕੰਮ ਕੀਤਾ। ਜਦੋਂ ਬਾਹਰ ਜਾਣਾ ਪੈਂਦਾ ਤਾਂ ਬੀਬੀ ਟੋਕਰੀ ਥੱਲੇ ਹਥਿਆਰ ਅਤੇ ਉਪਰ ਖਿਲੌਣੇ ਰੱਖ ਕੇ ਵੇਚਣ ਵਾਲੀ ਅਤੇ ਵਣਜਾਰਨ ਬਣ ਕੇ ਗ਼ਦਰੀਆਂ ਨੂੰ ਸੰਦੇਸ਼ ਪਹੁੰਚਾਉਣ ਦਾ ਕੰਮ ਵੀ ਪੂਰਾ ਕਰਦੀ ਰਹੀ। ਕਦੇ ਸਬਜ਼ੀ ਵੇਚਣ ਵਾਲੀ ਬਣ ਕੇ ਕੰਮ ਕੀਤਾ। ਉਸ ਨੇ ਜਗ੍ਹਾ-ਜਗ੍ਹਾ ’ਤੇ ਜਿਵੇਂ ਗ਼ਦਰ ਪਾਰਟੀ ਦੇ ਅੱਡੇ ਬੰਤਾ ਸਿੰਘ ਸੰਘਵਾਲ, ਜਲੰਧਰ ਦੇ ਪਿੰਡ ਰਹਿ ਕੇ ਫ਼ਿਰ ਅੰਮ੍ਰਿਤਸਰ ਰਹਿ ਕੇ, ਕਦੇ ਲਾਹੌਰ ਰਹਿ ਕੇ ਗ਼ਦਰ ਪਾਰਟੀ ਦੇ ਸੂਰਮਿਆਂ ਜਿਵੇਂ ਸ਼ਹੀਦ ਸਰਾਭਾ ਨੂੰ ਵੀ ਸੰਦੇਸ਼ ਪਹੁੰਚਾਉਂਦੀ ਰਹੀ। ਜਦ ਫੜੀ ਗਈ ਤਾਂ ਪੁਲਸ ਦੇ ਜ਼ਾਲਮ ਤਸੀਹੇ ਝੱਲ ਕੇ ਵੀ ਮੂੰਹ ਨਹੀਂ ਖੋਲ੍ਹਿਆ। ਜ਼ਿਆਦਾ ਕੁੱਟ ਕਰਕੇ ਹੀ ਬੀਬੀ ਨੂੰ ਜ਼ਿੰਦਗੀ ਦੇ ਆਖ਼ਰੀ ਪੜਾਅ ਉੱਤੇ ਜਦੋਂ ਨਾਮੁਰਾਦ ਬਿਮਾਰੀ ਕੈਂਸਰ ਨੇ ਜਕੜ ਲਿਆ ਤਾਂ ਕੋਟਲਾ ਨੌਧ ਸਿੰਘ ਵਿੱਚ ਜਿਥੋਂ ਦੇ ਬਾਬਾ ਹਰਨਾਮ ਸਿੰਘ ਟੁੰਡੀਲਾਟ, ਗ਼ਦਰੀ ਬਾਬਾ ਸ਼ਿਵ ਸਿੰਘ ਅਤੇ ਗ਼ਦਰੀ ਬਾਬਾ ਅਮਰ ਸਿੰਘ ਦੇ ਪਿੰਡ ਘਰ ਦੇ ਚੁਬਾਰੇ ਵਿੱਚ ਜਗ੍ਹਾ ਮਿਲ ਗਈ। ਬਾਬਾ ਅਮਰ ਸਿੰਘ ਨੇ ਆਪਣੇ ਘਰ ਦਾ ਚੁਬਾਰਾ ਬੀਬੀ ਗੁਲਾਬ ਕੌਰ ਨੂੰ ਦੇ ਕੇ ਇੱਜ਼ਤ ਦੀ ਰਾਖੀ ਕੀਤੀ। ਆਪ ਗ਼ਦਰ ਪਾਰਟੀ ਦੀ ਡਿਊਟੀ ਕਰਨ ਲਈ ਦੂਸਰੀ ਜਗ੍ਹਾ ਚਲੇ ਗਏ।

ਗ਼ਦਰ ਪਾਰਟੀ ਦੀ ਸ਼ਾਨ ਨੂੰ ਬਣਾਉਣ ਵਾਲੀ ਬੀਬੀ ਗੁਲਾਬ ਕੌਰ ਵੀ ਅੰਤ ਵਿੱਚ 28 ਜੁਲਾਈ 1925 ਨੂੰ ਇਸ ਪਿੰਡ ਦੀ ਸ਼ਾਨ ਬਣ ਗਈ। ਗ਼ਦਰ ਪਾਰਟੀ ਦਾ ਸੂਹਾ ਗੁਲਾਬ ਬੀਬੀ ਗੁਲਾਬ ਕੌਰ ਦੀ ਸ਼ਤਾਬਦੀ ਵਰ੍ਹਾ ਅਸੀਂ ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ ਅਤੇ ਦੇਸ਼ ਦੇ ਲੋਕ ਜਗ੍ਹਾ-ਜਗ੍ਹਾ ਮਨਾ ਰਹੇ ਹਾਂ। ਸੋ ਇਸ ਵਾਰ ਦਾ 34ਵਾਂ ਗ਼ਦਰੀ ਬਾਬਿਆਂ ਦਾ ਮੇਲਾ ਬੀਬੀ ਗੁਲਾਬ ਕੌਰ ਦੀ ਯਾਦ ਨੂੰ ਸਮਰਪਤ ਹੈ।

ਸਾਡੇ ਲਈ ਸੋਚਣ-ਵਿਚਾਰਨ ਦੀ ਗੱਲ ਇਹ ਹੈ ਕਿ ਗ਼ਦਰੀ ਗੁਲਾਬ ਕੌਰ ਭਾਵੇਂ ਜਿਸਮਾਨੀ ਤੌਰ ’ਤੇ ਸਾਡੇ ਦਰਮਿਆਨ ਨਹੀਂ ਰਹੀ, ਪਰ ਉਹ ਸਾਡੇ ਵਿਚਾਰਾਂ, ਸਾਡੀਆਂ ਸਰਗਰਮੀਆਂ, ਸਾਡੀਆਂ ਜੱਥੇਬੰਦੀਆਂ ਵਿੱਚ ਹਰ ਪਲ ਵਸਦੀ ਹੈ।

ਜਦੋਂ ਡੇਢ ਸਾਲ ਦਿੱਲੀ ਕਿਸਾਨ ਮੋਰਚਾ ਲੱਗਾ ਰਿਹਾ, ਉਥੇ ਮੈਨੂੰ ਵੀ ਜਾਣ ਦਾ ਮੌਕਾ ਮਿਲਿਆ ਤੇ ਮੈਂ ਉੱਥੇ ਗ਼ਦਰੀ ਗੁਲਾਬ ਕੌਰ ਦਾ ਵਿਸ਼ੇਸ਼ ਭੰਡਾਲ ਲੱਗਾ ਹੋਇਆ ਦੇਖਿਆ, ਜਿੱਥੇ ਬੀਬੀ ਦੇ ਮਾਣ-ਸਨਮਾਨ ਦੀ ਚਰਚਾ ਸੁਣੀ।

ਬੀਬੀ ਜ਼ਿੰਦਾ ਹੈ, ਜਿੱਥੇ ਵੀ ਲੋਕ ਲੜਦੇ ਨੇ...

ਗੁਲਾਬ ਕੌਰ ਜ਼ਿੰਦਾ ਹੈ ਨਾਟਕਾਂ, ਕਵਿਤਾਵਾਂ, ਨਾਵਲਾਂ, ਕਹਾਣੀਆਂ ਵਿੱਚ...

ਔਰਤਾਂ ਦੀ ਗ਼ੁਲਾਮੀ, ਦਾਬੇ ਅਤੇ ਜਬਰ ਦੇ ਖ਼ਿਲਾਫ਼ ਲੜਨ ਦੀ ਪ੍ਰੇਰਨਾ ਦਿੰਦੀ ਹੋਈ ਗ਼ਦਰ ਪਾਰਟੀ ਦੀ ਬੀਬੀ ਗੁਲਾਬ ਕੌਰ ਸਾਡੇ ਸਾਰਿਆਂ ਵਿੱਚ ਸਦਾ ਹੀ ਅਮਰ ਰਹੇਗੀ ਅਤੇ ਆਉਣ ਵਾਲੀਆਂ ਪੀੜ੍ਹੀਆਂ ਉਨ੍ਹਾਂ ਨੂੰ ਯਾਦ ਕਰਦੀਆਂ ਰਹਿਣਗੀਆਂ।

ਅੱਜ ਮਾਣ ਵਾਲੀ ਗੱਲ ਹੈ ਕਿ ਗ਼ਦਰੀ ਗੁਲਾਬ ਕੌਰ ਦੀ ਸ਼ਤਾਬਦੀ ਮੌਕੇ ਦੇਸ਼-ਵਿਦੇਸ਼ ਵਿੱਚ ਲਗਾਤਾਰ ਸਮਾਗਮ ਹੋ ਰਹੇ ਹਨ।

ਮੈਂ ਅਪੀਲ ਕਰਦੀ ਹਾਂ ਕਿ ਪਿੰਡ-ਪਿੰਡ ਵਿੱਚ ਔਰਤਾਂ ਦੁਆਰਾ ਮੀਟਿੰਗਾਂ, ਵਿਚਾਰ-ਚਰਚਾਵਾਂ ਕੀਤੀਆਂ ਜਾਣ ਤਾਂ ਕਿ ਇਸ ਵਾਰ ਪਹਿਲੀ ਨਵੰਬਰ ਨੂੰ ਹੋਣ ਵਾਲੇ ‘34ਵਾਂ ਮੇਲਾ ਗ਼ਦਰੀ ਬਾਬਿਆਂ ਦਾ’ ਨੂੰ ਸਫ਼ਲ ਬਣਾਇਆ ਜਾਵੇ ਅਤੇ ਸਭ ਵਹੀਰਾਂ ਘੱਤ ਕੇ ਮੇਲੇ ’ਤੇ ਪਹੁੰਚ ਕੇ ਮੇਲੇ ਨੂੰ ਨਵੀਆਂ ਬੁਲੰਦੀਆਂ ਤੇ ਲਿਜਾਣਾ ।

**ਤੁਹਾਡਾ ਬਹੁਤ-ਬਹੁਤ ਧੰਨਵਾਦ**

**ਤੁਹਾਡੀ ਆਪਣੀ ਸੁਰਿੰਦਰ ਕੁਮਾਰੀ ਕੋਛੜ**

**# ਸੰਪਰਕ : 99159-64531**

# ਬੇਹੱਦ ਕਮਜ਼ੋਰ ਅਤੇ ਡਰਪੋਕ ਹੈ 56 ਇੰਚ ਸੀਨੇ ਵਾਲਾ

ਭਾਰਤ ਦੀ ਰਾਜਨੀਤੀ ਬਾਰੇ ਮਾੜੀ ਮੋਟੀ ਵੀ ਖੋਜ, ਖਬਰ ਜਾਂ ਦਿਲਚਸਪੀ ਰੱਖਣ ਵਾਲੇ ਅਤੇ ਦੇਸ਼ ਦੇ ਭਵਿੱਖ ਲਈ ਚਿੰਤਾਵਾਨ ਲੋਕਾਂ ਨੂੰ ਤਾਂ ਇਹ ਭਲੀ ਭਾਂਤ ਯਾਦ ਹੀ ਹੋਵੇਗਾ ਕਿ 2014 ਦੀਆਂ ਲੋਕ ਸਭਾ ਚੋਣਾਂ ਦੇ ਪ੍ਰਚਾਰ ਵਿੱਚ ਕੌਮੀ ਪੱਧਰੀ ਸਿਆਸੀ ਮੰਚ ’ਤੇ ਇਕ ਗੁਜਰਾਤੀ ਭਲਵਾਨ ਆਪਣੇ ਸਿਆਸੀ ਗੁਰੂਆਂ ਨੂੰ ਠਿੱਬੀ ਮਾਰ ਕੇ ਮੈਦਾਨ ਵਿੱਚ ਕੁੱਦਿਆ ਸੀ ਅਤੇ ਸਿਆਸੀ ਅਖਾੜੇ ਵਿੱਚ ਅੱਡੀਆਂ ਚੁੱਕ-ਚੁੱਕ ਕੇ ਦਹਾੜ ਰਿਹਾ ਸੀ ਕਿ ਪੂਰੇ ਮੁਲਕ ਵਿੱਚ ਅਜਿਹਾ ਕੋਈ ਮਾਈ ਦਾ ਲਾਲ ਹੈ ਹੀ ਨਹੀਂ, ਜੋ ਮੇਰੀ 56 ਇੰਚ ਛਾਤੀ ਅੱਗੇ ਖੜ ਸਕੇ, ਸਵਿੱਸ ਦੀਆਂ ਬੈਂਕਾਂ ਵਿੱਚੋਂ ਕਾਲਾ ਧਨ ਲਿਆ ਕੇ ਲੋਕਾਂ ਨੂੰ 15-15 ਲੱਖ ਵੰਡ ਦੇਵੇ, ਹਰ ਸਾਲ ਢਾਈ ਲੱਖ ਨੌਕਰੀਆਂ ਦੇ ਸਕੇ, ਰੁਪਏ ਦੀ ਕੀਮਤ ਡਿੱਗਣੋ ਰੋਕ ਸਕੇ, ਮਹਿੰਗਾਈ ਡੈਣ ਨੂੰ ਨੱਥ ਪਾ ਸਕੇ , ਚੀਨ-ਪਾਕਿਸਤਾਨ ਨੂੰ ਲਾਲ-ਲਾਲ ਅੱਖਾਂ ਦਿਖਾ ਸਕੇ, ਕਿਸਾਨਾਂ ਦੀ ਆਮਦਨ ਦੁੱਗਣੀ ਕਰ ਦੇਵੇ ਅਤੇ ਦੇਸ਼ ਵਾਸੀਆਂ ਲਈ ਚੰਗੇ ਦਿਨ ਲਿਆ ਸਕੇ, ਵਗੈਰਾ, ਵਗੈਰਾ, ਵਗੈਰਾ। ਅਖੇ, ਮੈਨੂੰ ਸਿਰਫ 60 ਮਹੀਨੇ ਦੇ ਦਿਓ, ਦੇਸ਼ ਦੀ ਕਾਇਆ-ਕਲਪ ਕਰ ਦਿਆਂਗਾ।

ਮਿੱਤਰੋ, ਅਜਿਹੇ ਸੁਫਨੇ ਦੇਖਦਿਆਂ ਨੂੰ ਲੱਗਭਗ 11 ਵਰ੍ਹੇ ਹੋ ਗਏ , ਹੁਣ ਤਾਂ ਉਹ ਗਰਜਣ ਵਾਲਾ ਗੁਜਰਾਤੀ ਸ਼ੇਰ ਵੀ ਬੁੱਢਾ ਹੋ ਗਿਆ ਅਤੇ ਉਸ ਦੀ ਫੋਕੀ ਦਹਾੜ ਦੀ ਹਵਾ ਵੀ ਪੂਰੀ ਤਰ੍ਹਾਂ ਨਿਕਲ ਚੁੱਕੀ ਹੈ ਅਤੇ ਹੁਣ ਤਾਂ ਉਸ ਸ਼ੇਰ ਨੂੰ ਪਾਲਣ ਵਾਲੇ ਨਾਗਪੁਰੀਏ ਵੀ ਅੱਕ ਗਏ, ਪਰ ਜਿਵੇਂ ਕਿਹਾ ਜਾਂਦਾ ਹੈ ਕਿ ਢੀਠਪੁਣੇ ਦੀ ਕੋਈ ਹੱਦ ਨਹੀਂ ਹੁੰਦੀ’ ਇਸ ਅਖਾਣ ਨੂੰ ਉਸ ਅਖੌਤੀ ਭਲਵਾਨ ਨੇ ਸੌ ਫੀਸਦੀ ਸੱਚ ਕਰ ਵਿਖਾਇਆ ਹੈ। ਜਿਹੜੇ ਕੁਝ ਅੰਨ੍ਹੇ ਭਗਤ ਇਸ ਡਰਪੋਕ ਅਤੇ ਨਿਕੰਮੇ ਭਲਵਾਨ ਪਿੱਛੇ ਤਾੜੀਆਂ ਮਾਰ ਕੇ ਖੁਸ਼ ਹੋ ਰਹੇ ਸਨ, ਅੱਜ ਦੇਸ਼ ਦੀ ਮਾੜੀ ਹਾਲਤ ਵੇਖ ਕੇ ਆਪਣੇ ਹੀ ਉਨ੍ਹਾਂ ਹੱਥਾਂ ਉੱਤੇ ਦੰਦੀਆਂ ਵੱਢਣ ਲਈ ਮਜਬੂਰ ਹੋ ਰਹੇ ਹਨ, ਕਿਉਂਕਿ ਉਨ੍ਹਾਂ ਦਾ ਕਾਗ਼ਜ਼ੀ ਭਲਵਾਨ ਹਰ ਮੈਦਾਨ ਵਿੱਚ ਗੋਡੇ ਟੇਕ ਕੇ ਆਪਣੀ ਜਾਨ ਛੁਡਾਉਂਦਾ ਹੋਇਆ ਹਰੇਕ ਮੰਚ ’ਤੇ ਬੁਰੀ ਤਰ੍ਹਾਂ ਫੇਲ੍ਹ ਸਾਬਤ ਹੋ ਰਿਹਾ ਹੈ, ਚਾਹੇ ਉਹ ਦੇਸ਼ ਅੰਦਰ ਗਰੀਬੀ, ਭੁੱਖਮਰੀ, ਮਹਿੰਗਾਈ, ਬੇਰੁਜ਼ਗਾਰੀ, ਵਿਕਾਸ ਦਰ, ਨੋਟਬੰਦੀ, ਕੋਵਿਡ ਦੌਰ,



ਦਵਿੰਦਰ ਹੀਉਂ (ਬੰਗਾ)

ਅੱਤਵਾਦੀ ਹਮਲੇ, ਫਿਰਕੂ ਦੰਗੇ ਆਦਿ ਮਸਲੇ ਹੋਣ ਜਾਂ ਫਿਰ ਅੰਤਰਰਾਸ਼ਟਰੀ ਪੱਧਰ ’ਤੇ ਵਿਦੇਸ਼ ਨੀਤੀ ਹੋਵੇ, ਹਰ ਪਾਸੇ ਸਾਡੇ ਮਹਾਨ ਭਾਰਤ ਦੀ ਕਿਰਕਿਰੀ ਕਰਾ ਕੇ ਖੁਦ ਮਸਤੀ ਵਿੱਚ ਝੂਮ ਰਿਹਾ ਹੈ ਅਤੇ ਕਿਸੇ ਢੀਠ ਬੇਸ਼ਰਮ ਦੀ ਤਰ੍ਹਾਂ ਖੁਦ ਨੂੰ ‘ਵਿਸ਼ਵ ਗੁਰੂ’ ਆਖ ਰਿਹਾ ਹੈ।

ਜ਼ਰਾ ਸੋਚ ਕੇ ਦੱਸਿਓ, ਜਿਸ ਦੇ ਰਾਜ ਦੌਰਾਨ ਕਾਲਾ ਧਨ ਹੋਰ ਵਧ ਰਿਹਾ ਹੋਵੇ, ਮਹਿੰਗਾਈ, ਬੇਰੁਜ਼ਗਾਰੀ ਦੀਆਂ ਬਰੇਕਾਂ ਫੇਲ੍ਹ, ਵਿਕਾਸ ਦੇ ਪੁਲ ਉਦਘਾਟਨ ਤੋਂ ਪਹਿਲਾਂ ਹੀ ਡਿੱਗ ਰਹੇ ਹੋਣ, ਕਿਸਾਨਾਂ ਦੀ ਆਮਦਨ ਦੀ ਥਾਂ ਪੈਟਰੋਲ, ਡੀਜ਼ਲ ਦੇ ਭਾਅ ਦੁੱਗਣੇ ਹੋ ਜਾਣ ਤੇ ਮੁਲਕ ਸਿਰ ਕਰਜ਼ੇ ਦੀ ਪੰਡ ਚੌਗੁਣੀ ਭਾਰੀ ਹੋ ਜਾਵੇ, ਪਬਲਿਕ ਸੈਕਟਰ ਦੀ ਤਬਾਹੀ, (ਜਿਵੇਂ ਕਿ ਅਡਾਨੀ ਨੂੰ ਖੁਸ਼ ਕਰਨ ਲਈ ਹਵਾਈ ਅੱਡੇ ਅਤੇ ਰੇਲਾਂ ਦੇਣਾ, ਅੰਬਾਨੀ ਦਾ ਜੀਓ ਚਲਾਉਣ ਲਈ ਮੁਨਾਫਾ ਦੇ ਰਹੇ ਸਰਕਾਰੀ ‘ਬੀ ਐੱਸ ਐੱਨ ਐੱਲ’ ਨੂੰ ਤਬਾਹ ਕਰਨਾ, ਜਿਸ ਵਿੱਚ 1756 ਕਰੋੜ ਰੁਪਏ ਦਾ ਘੁਟਾਲਾ ਸਾਹਮਣੇ ਆ ਰਿਹਾ ਹੈ। ਇਸ ਭਲਵਾਨ ਨੂੰ ਦੁਨੀਆ ਘੁਮਣ ਲਈ ਅਰਬਾਂ ਰੁਪਏ ਚਾਹੀਦੇ ਹਨ, ਗੁਆਂਢੀ ਮੁਲਕ ਜੋ ਮਿੱਤਰ ਸਨ, ਉਹ ਵੀ ਦੁਸ਼ਮਣਾਂ ਦੇ ਨੇੜੇ ਹੁੰਦੇ ਜਾ ਰਹੇ ਹਨ। ਦੂਜੇ ਪਾਸੇ ਦੁਨੀਆ ਦਾ ਸਭ ਤੋਂ ਵੱਡਾ ਸਾਮਰਾਜੀ ਭਲਵਾਨ ‘ਡੋਨਾਲਡ ਟਰੰਪ’, ਜਿਸ ਨੂੰ ਸਾਡੇ ਵਾਲਾ ਬੇਹੱਦ ਗੂੜ੍ਹਾ ਮਿੱਤਰ ਕਹਿੰਦਾ ਨਹੀਂ ਸੀ, ਥੱਕਦਾ ਅਤੇ ਉਸ ਦੀ ਚਾਪਲੂਸੀ ਕਰਦਿਆਂ ‘ਅੱਬ ਕੀ ਬਾਰ ਟਰੰਪ ਸਰਕਾਰ’, ‘ਨਮਸਤੇ ਟਰੰਪ’ ਅਲਾਪ ਰਿਹਾ ਸੀ , ਉਸ ਨੇ ਵੀ ਆਪਣਾ ਮਤਲਬ ਕੱਢ ਕੇ ਪਿੱਛੋਂ ਲੱਤ ਮਾਰ ਦਿੱਤੀ ਅਤੇ ਹੁਣ ਵਾਰ-ਵਾਰ ਇਸ ਨੂੰ ਬੇਇੱਜ਼ਤ ਕਰ ਰਿਹਾ ਹੈ। ਇਹ ਇੱਧਰ ਪਾਕਿਸਤਾਨ ’ਤੇ ਝੂਠੀ ਫਤਹਿ ਪਾਉਣ ਦੀ ਖੁਸ਼ੀ ਵਿੱਚ ਘਰ-ਘਰ ਸੰਧੂਰ ਵੰਡ ਰਿਹਾ ਹੈ ਤੇ ਉੱਧਰ ਟਰੰਪ 29 ਵਾਰ ਕਹਿ ਚੁੱਕਾ ਕਿ ਮੇਰੇ ਇਕ ਦੱਬਕੇ ਨਾਲ ਹੀ ਭਾਰਤ ਪਾਕਿਸਤਾਨ ਦੀ ਲੜਾਈ ਰੁਕ ਗਈ । ਹੈਰਾਨੀ ਤਾਂ ਉਦੋਂ ਹੁੰਦੀ ਹੈ, ਜਦੋਂ ਸਾਡਾ 56 ਇੰਚ ਸੀਨੇ ਵਾਲਾ ਵਿਸ਼ਵ ਗੁਰੂ ਉਸ ਦੇ ਸਾਹਮਣੇ ਮੌਨ ਖੜਾ ਦਿਖਾਈ ਦੇ ਰਿਹਾ ਹੈ ਅਤੇ ਉਹ ਇਸ ਡਰਪੋਕ ਭਲਵਾਨ ਨੂੰ ਹੋਰ ਦਬਾਉਂਦੇ ਹੋਏ ਸਾਡੇ ਮੁਲਕ ’ਤੇ 25 ਫੀਸਦੀ ਟੈਰਿਫ ਅਤੇ ਰੂਸ ਤੋਂ ਤੇਲ ਅਤੇ ਸੈਨਿਕ ਸਮਾਨ ਹਥਿਆਰ ਆਦਿ ਖਰੀਦਣ ਬਦਲੇ ਭਾਰੀ ਜੁਰਮਾਨਾ ਦੇਣ ਦਾ ਸ਼ਾਹੀ ਫੁਰਮਾਨ ਠੋਕ ਰਿਹਾ ਹੈ।

ਵਿਰੋਧੀਆਂ ਨੂੰ ਪਾਣੀ ਪੀ-ਪੀ ਕੇ ਕੋਸਣ ਵਾਲਾ ਆਪਣੀਆਂ ਨਾਕਾਮੀਆਂ ਦਾ ਭਾਂਡਾ ਨਹਿਰੂ ਅਤੇ ਉਸ ਦੇ ਖਾਨਦਾਨ ਸਿਰ ਭੰਨ ਕੇ ਖੁਦ ਨੂੰ ਦੁੱਧ-ਧੋਤਾ ਸਾਬਤ ਕਰਨ ਵਾਲਾ ਵਿਦੇਸ਼ੀ ਬਘਿਆੜਾਂ ਮੋਹਰੇ ਸਿਰ ਝੁਕਾਈ ਖੜਾ ਨਜ਼ਰ ਆਵੇ ਅਤੇ ਘਰ ਅੰਦਰ ਕਿਸੇ ਦੀ ਵੀ ਪੇਸ਼ ਨਾ ਜਾਣ ਦੇਵੇ ਤਾਂ ਤੁਸੀਂ ਉਸ ਨੂੰ ਕਿੱਡਾ ਕੁ ਬਹਾਦਰ ਜਾਂ ਸ਼ਕਤੀਮਾਨ ਕਹੋਗੇ? ਬਾਕੀ ਜੇਕਰ ਹਜੇ ਵੀ ਕੁਝ ਲੋਕ ਭਰਮ ਵਿੱਚ ਹੀ ਜੀਅ ਰਹੇ ਹਨ, ਇਸ ਤੋਂ ਕੁਝ ਚੰਗੇ ਦੀ ਆਸ ਲਾਈ ਬੈਠੇ ਹਨ ਤਾਂ ਉਹ ਦਿਨ ਦੂਰ ਨਹੀਂ, ਜਦੋਂ ਉਨ੍ਹਾਂ ਨੂੰ ਸਿਵਾਏ ਪਛਤਾਵੇ ਤੋਂ ਕੁਝ ਪੱਲੇ ਨਹੀਂ ਪੈਣਾ। ਜਿੰਨੀ ਜਲਦੀ ਜਾਗੋਗੇ, ਓਨੀ ਜਲਦੀ ਹੀ ਸਵੇਰਾ ਨਜ਼ਰ ਆਵੇਗਾ। ਉਂਝ ਵੀ ਆਪਣੇ ਬੱਚਿਆਂ ਦੇ ਭਵਿੱਖ ਨੂੰ ਉਜਾੜੇ ਤੋਂ ਬਚਾਉਣ ਲਈ ਆਖਰ ਜਾਗਣਾ ਤਾਂ ਪਵੇਗਾ ਹੀ।

**# ਸੰਪਰਕ : - 0039 3203459870**

# ਕੌਮੀ ਇਨਸਾਫ਼ ਮੋਰਚੇ ਦੇ ਸੱਦੇ 'ਤੇ ਬੰਦੀ ਸਿੰਘਾਂ ਦੀ ਰਿਹਾਈ ਲਈ ਰੋਸ ਮਾਰਚ

## ਪ੍ਰਧਾਨ ਮੰਤਰੀ ਤੇ ਮੁੱਖ ਮੰਤਰੀ ਦੇ ਪੁਤਲੇ ਫੂਕ ਕੇ ਕੀਤੀ ਨਾਅਰੇਬਾਜ਼ੀ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਰਾਜਧਾਨੀ ਦੀ ਹੱਦ 'ਤੇ ਲੱਗੇ ਕੌਮੀ ਇਨਸਾਫ਼ ਮੋਰਚੇ ਦੇ ਸੱਦੇ 'ਤੇ ਫਿਰੋਜ਼ਪੁਰ ਜ਼ਿਲ੍ਹੇ ਦੀਆਂ ਕਿਸਾਨ, ਮਜ਼ਦੂਰ ਤੇ ਧਾਰਮਿਕ ਜਥੇਬੰਦੀਆਂ ਨੇ ਗੁਰਦੁਆਰਾ ਕੇਂਦਰੀ ਸਿੰਘਾਂ ਸਭਾ ਫਿਰੋਜ਼ਪੁਰ ਛਾਉਣੀ ਤੋਂ ਸ਼ੁਰੂ ਕਰਕੇ ਡੀ ਸੀ ਕੰਪਲੈਕਸ ਤੱਕ ਰੋਸ ਮਾਰਚ ਕੀਤਾ ਤੇ ਬੰਦੀ ਸਿੰਘਾਂ ਦੀ ਰਿਹਾਈ ਦੀ ਜ਼ੋਰਦਾਰ ਮੰਗ ਕੀਤੀ। ਇਕੱਤਰ ਹੋਏ ਲੋਕਾਂ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਮੁੱਖ ਮੰਤਰੀ ਭਗਵੰਤ ਮਾਨ ਦੇ ਪੁਤਲੇ ਫੂਕੇ ਅਤੇ ਦੋਵਾਂ ਸਰਕਾਰਾਂ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ।



ਇਸ ਮੌਕੇ ਬਾਬਾ ਗੁਰਸੇਵਕ ਸਿੰਘ ਗੁਰਦੁਆਰਾ ਸ਼ੀਹਣੀ ਸਾਹਿਬ ਜ਼ੀਰਾ, ਬਾਬਾ ਹਰਪਿੰਦਰ ਸਿੰਘ ਸੇਵਾਦਾਰ ਛੱਪੜੀ ਸਾਹਿਬ ਤੂਤਾਂ, ਫਤਿਹ ਸਿੰਘ ਕੋਟ ਕਰੋੜ, ਮੰਗਲ ਸਿੰਘ ਸੰਧੂ, ਕੁਲਵਿੰਦਰ ਰਟੌਲ, ਦਲੀਪ ਸਿੰਘ ਮੱਲਵਾਲ (ਬੀਕੇਯੂ ਖੋਸਾ), ਸੁਰਜੀਤ ਸਿੰਘ ਬੀਕੇਯੂ ਲੱਖੋਵਾਲ, ਨਰਿੰਦਰ ਸਿੰਘ ਜਤਾਲਾ, ਸੰਦੀਪ ਸਿੰਘ ਫੌਜੀ (ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ), ਤਰਨਜੀਤ ਸਿੰਘ ਬੀਕੇਯੂ ਤੋਤੇਵਾਲ, ਦਵਿੰਦਰ ਸਿੰਘ ਸੇਖੋਂ ਮਿਸਲ ਸਤਲੁੱਜ, ਕਿਰਪਾ ਸਿੰਘ ਪ੍ਰਧਾਨ ਕਿਸਾਨ ਬਚਾਓ ਮੋਰਚਾ, ਜਸਬੀਰ ਸਿੰਘ ਸਭਰਾ, ਸੁਖਦੇਵ ਸਿੰਘ, ਬਾਬਾ ਸਤਨਾਮ ਸਿੰਘ ਬਲੀਆਂ ਪੰਜਾਬ ਪ੍ਰਧਾਨ ਆਈਪੀਡੀ, ਬੂਟਾ ਸਿੰਘ ਕਿਸਾਨ ਮਜ਼ਦੂਰ ਮੋਰਚਾ, ਭਾਈ ਅਮਰਜੀਤ ਸਿੰਘ ਮਠਾੜੂ, ਜਗਦੀਪ ਸਿੰਘ ਭੁੱਲਰ, ਪ੍ਰਗਟ ਸਿੰਘ ਮਖੂ ਜਥੇਬੰਦੀ ਵਾਰਿਸ ਪੰਜਾਬ, ਦਵਿੰਦਰ ਸਿੰਘ ਤੇ ਗੁਰਸੇਵਕ ਸਿੰਘ ਧਾਲੀਵਾਲ ਬੀਕੇਯੂ ਮਝੈਲ, ਬਾਬਾ ਬਲਕਾਰ ਸਿੰਘ, ਗੁਰਮੀਤ ਸਿੰਘ ਹਕੂਮਤ ਵਾਲਾ, ਬੱਗਾ ਸਿੰਘ ਤੇ ਕੁਲਦੀਪ ਸਿੰਘ ਮਜ਼ਦੂਰ ਆਗੂ, ਮੁਖਤਿਆਰ ਸਿੰਘ ਭੁੱਲਰ ਆਗੂ ਮਹਾਂ ਪੰਚਾਇਤ, ਜਸਬੀਰ ਸਿੰਘ ਪਿਆਰੇਆਣਾ, ਭਾਈ ਲਖਵੀਰ ਸਿੰਘ ਪ੍ਰਧਾਨ ਸਤਿਕਾਰ ਕਮੇਟੀ, ਕੁਲਵਿੰਦਰ ਸਿੰਘ ਸਾਬਕਾ ਸਰਪੰਚ ਸੋਢੀ ਵਾਲਾ, ਰੀਤਮੋਹਿੰਦਰ ਸਿੰਘ ਹੌਲਾਂਵਾਲੀ ਆਦਿ ਆਗੂਆਂ ਨੇ ਇਸ ਮਾਰਚ ਦੀ ਅਗਵਾਈ ਕੀਤੀ। ਕੌਮੀ ਇਨਸਾਫ਼ ਮੋਰਚੇ ਦੇ ਮੈਂਬਰ ਬਲਵਿੰਦਰ ਸਿੰਘ ਫਿਰੋਜ਼ਪੁਰ ਤੇ ਅਵਤਾਰ ਸਿੰਘ ਮਹਿਮਾ ਨੇ ਸਮੁੱਚੀਆਂ ਕਿਸਾਨ ਮਜ਼ਦੂਰ ਜਥੇਬੰਦੀਆਂ ਨੂੰ ਕੌਮੀ ਇਨਸਾਫ਼ ਮੋਰਚੇ ਦੀਆਂ ਹੱਕੀ ਮੰਗਾਂ ਉੱਤੇ ਇਕਜੁੱਟਤਾ ਕਰਨ ਦੀ ਵਧਾਈ ਦਿੰਦਿਆਂ ਆਈਆਂ ਸਾਰੀਆਂ ਸੰਗਤਾਂ ਦਾ ਧੰਨਵਾਦ ਕੀਤਾ। ਵੱਖ ਵੱਖ ਜਥੇਬੰਦੀਆਂ ਦੇ ਬੁਲਾਰਿਆਂ ਨੇ ਬੰਦੀ ਸਿੰਘਾਂ ਦੀ ਰਿਹਾਈ ਸ਼੍ਰੀ ਗੁਰੂ ਗ੍ਰੰਥ ਸਾਹਿਬ ਦੀਆਂ ਬੇਅਦਬੀਆਂ ਦੇ ਇਨਸਾਫ਼, ਧਾਰਮਿਕ ਗ੍ਰੰਥਾਂ ਦੀ ਰਾਖੀ ਲਈ ਸਖ਼ਤ ਕਾਨੂੰਨ ਬਣਾਉਣ ਤੇ ਬਹਿਬਲ ਗੋਲੀ ਕਾਂਡ ਦੇ ਦੋਸ਼ੀਆਂ ਨੂੰ ਸਜ਼ਾਵਾਂ ਨਾ ਦੇਣ ਲਈ ਕੇਂਦਰ ਤੇ ਪੰਜਾਬ ਸਰਕਾਰਾਂ ਦੀ ਨਿੰਦਾ ਕੀਤੀ।

# ਸਰਕਾਰ ਦੀ ਲੈਂਡ ਪੂਲਿੰਗ ਸਕੀਮ ਖਿਲਾਫ ਸ਼੍ਰੋਮਣੀ ਅਕਾਲੀ ਦਲ ਵੱਲੋਂ ਧਰਨਾ

- **ਰਿਕਾਰਡ ਇਕੱਠ ਨੇ ਕੀਤਾ ਮਤਾ ਪਾਸ, ਨਹੀਂ ਦੇਵਾਂਗੇ ਇੱਕ ਇੰਚ ਵੀ ਜ਼ਮੀਨ**
- **ਮੁੱਖ ਮੰਤਰੀ ਭਗਵੰਤ ਮਾਨ ਨੇ ਕੇਜਰੀਵਾਲ, ਸਿਸੋਦੀਆ ਤੇ ਜੈਨ ਨੂੰ ਸੰਭਾਲੀ ਸਰਕਾਰ : ਸੁਖਬੀਰ ਬਾਦਲ**



**ਬਠਿੰਡਾ (ਪਰਵਿੰਦਰ ਜੀਤ ਸਿੰਘ)**

ਸ਼੍ਰੋਮਣੀ ਅਕਾਲੀ ਦਲ ਵੱਲੋਂ ਪੰਜਾਬ ਸਰਕਾਰ ਦੀ ਲੈਂਡ ਪੂਲਿੰਗ ਸਕੀਮ ਖਿਲਾਫ ਬਠਿੰਡਾ ਦੇ ਮਿੰਨੀ ਸਕੱਤਰੇਤ ਵਿਖੇ ਧਰਨਾ ਦਿੱਤਾ ਗਿਆ, ਜਿਸ ਵਿੱਚ ਬਠਿੰਡਾ ਜ਼ਿਲ੍ਹੇ ਦੇ ਵੱਖ-ਵੱਖ ਵਿਧਾਨ ਸਭਾ ਹਲਕਿਆਂ ਤੋਂ ਵੱਡੀ ਗਿਣਤੀ ਵਿੱਚ ਵਰਕਰ ਪਹੁੰਚੇ ਤੇ ਰਿਕਾਰਡ ਇਕੱਠ ਨੇ ਸੁਖਬੀਰ ਸਿੰਘ ਬਾਦਲ ਦੀ ਪ੍ਰਧਾਨਗੀ ਹੇਠ ਮਤਾ ਪਾਸ ਕਰ ਕਿਹਾ ਕਿ ਪੰਜਾਬ ਸਰਕਾਰ ਨੂੰ ਇੱਕ ਇੰਚ ਵੀ ਜ਼ਮੀਨ ਨਹੀਂ ਦਿੱਤੀ ਜਾਵੇਗੀ। ਜ਼ਿਕਰਯੋਗ ਹੈ ਕਿ ਲੈਂਡ ਪੂਲਿੰਗ ਸਕੀਮ ਅਧੀਨ ਬਠਿੰਡਾ ਦੇ ਪਿੰਡ ਨਰੂਆਣਾ, ਜੋਧਪੁਰ ਰਮਾਣਾ ਤੇ ਪੱਤੀ ਝੁੱਟੀ ਕੇ ਦੀ ਵੀ ਕਰੀਬ 884 ਏਕੜ ਜਗ੍ਹਾ ਅਕਵਾਇਰ ਕਰਨ ਦੀ ਨੀਤੀ ਬਣਾਈ ਗਈ ਹੈ। ਸ਼੍ਰੋਮਣੀ ਅਕਾਲੀ ਦਲ ਦੇ ਧਰਨੇ ਮੌਕੇ ਸੁਖਬੀਰ ਸਿੰਘ ਬਾਦਲ ਨੇ ਪੱਤੀ ਝੁੱਟੀਕਾ ਤੇ ਨਰੂਆਣਾ ਪਿੰਡ ਦੇ ਨਿਵਾਸੀ ਵੀ ਸਾਹਮਣੇ ਲਿਆਂਦੇ ਅਤੇ ਕਿਹਾ ਕਿ ਇੱਕ ਇੰਚ ਵੀ ਜ਼ਮੀਨ ਨਹੀਂ ਦਿੱਤੀ ਜਾਵੇਗੀ ਤੇ ਪਿੰਡਾਂ ਵਿੱਚ ਮਤੇ ਪਾਸ ਕਰਕੇ ਬੋਰਡ ਲਾ ਦਿਓ ਕਿ ਪਿੰਡਾਂ ਵਿੱਚ ਝਾੜੂ ਵਾਲਿਆਂ ਦਾ ਵੜਨਾ ਮਨ੍ਹਾ ਹੈ। ਸੁਖਬੀਰ ਬਾਦਲ ਨੇ ਐਲਾਨ ਕੀਤਾ ਕਿ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਾ ਦਿਓ, ਕਿਸਾਨਾਂ ਨੂੰ ਮੁਫਤ ਵਿੱਚ ਟਿਊਬਵੈੱਲ ਕੁਨੈਕਸ਼ਨ ਵੰਡੇ ਜਾਣਗੇ ਤੇ ਹਰ ਭਲਾਈ ਸਕੀਮ ਦਾ ਲਾਭ ਮਿਲੇਗਾ। ਇਸ ਮੌਕੇ ਉਨ੍ਹਾਂ ਮੁੱਖ ਮੰਤਰੀ ਭਗਵੰਤ ਮਾਨ ਨੂੰ ਕਰੜੇ ਹੱਥੀ ਲੈਂਦਿਆਂ ਕਿਹਾ ਕਿ ਮੁੱਖ ਮੰਤਰੀ ਨੇ ਪੰਜਾਬ ਸਰਕਾਰ ਅਰਵਿੰਦ ਕੇਜਰੀਵਾਲ, ਮਨੀਸ਼ ਸਿਸੋਦੀਆ ਤੇ ਸਤਿੰਦਰ ਜੈਨ ਨੂੰ ਸੰਭਾਲ ਦਿੱਤੀ ਹੈ ਅਤੇ ਆਪ ਐਸ਼ਪ੍ਰਸਤੀ ਵੱਲ ਵਧੇ ਹੋਏ ਹਨ, ਜਿਸ ਕਰਕੇ ਪੰਜਾਬ ਬਰਬਾਦੀ ਦੀ ਕਗਾਰ 'ਤੇ ਪਹੁੰਚ ਚੁੱਕਿਆ ਹੈ।

ਉਨ੍ਹਾਂ ਕਿਹਾ ਕਿ ਸੂਬੇ ਦੇ ਹਾਲਾਤ ਮਾੜੇ ਹਨ, ਹਰ ਪਾਸੇ ਕੁਰੱਪਸ਼ਨ ਵਧ ਰਹੀ ਹੈ, ਗੈਂਗਸਟਰਾਂ ਦਾ ਬੋਲ ਬਾਲਾ ਵਧ ਰਿਹਾ ਹੈ, ਲੁੱਟਾਂ-ਖੋਹਾਂ ਕਰਕੇ ਵਪਾਰੀਆਂ ਵਿੱਚ ਦਹਿਸ਼ਤ ਬਣੀ ਹੋਈ ਹੈ, ਪਰ ਇਸ ਪਾਸੇ ਮੁੱਖ ਮੰਤਰੀ ਦਾ ਕੋਈ ਧਿਆਨ ਨਹੀਂ ਹੈ। ਉਨ੍ਹਾ ਕਿਹਾ ਕਿ ਅਰਵਿੰਦ ਕੇਜਰੀਵਾਲ ਦੀ ਟੀਮ ਦਿੱਲੀ ਤੋਂ ਨਕਾਰੀ ਹੋਈ ਹੈ, ਜਿਸ ਕਰਕੇ ਹੁਣ ਪੰਜਾਬ ਨੂੰ ਲੁੱਟਣ 'ਤੇ ਲੱਗੇ ਹੋਏ ਹਨ। ਸੁਖਬੀਰ ਬਾਦਲ ਨੇ ਐਲਾਨ ਕੀਤਾ ਕਿ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਨ 'ਤੇ ਕਾਨੂੰਨ ਲਿਆਂਦਾ ਜਾਵੇਗਾ ਕਿ ਕਿਸੇ ਵੀ ਬਾਹਰਲੇ ਵਿਅਕਤੀ ਨੂੰ ਪੰਜਾਬ ਵਿੱਚ ਨੌਕਰੀ ਨਹੀਂ ਦਿੱਤੀ ਜਾਵੇਗੀ ਅਤੇ ਨਾ ਹੀ ਕੋਈ ਬਾਹਰਲਾ ਵਿਅਕਤੀ ਪੰਜਾਬ ਵਿੱਚ ਜ਼ਮੀਨ ਖਰੀਦ ਸਕੇਗਾ। ਉਨ੍ਹਾਂ ਇਸ ਮੌਕੇ ਨਸ਼ੇ ਦੇ ਮਾਮਲੇ 'ਤੇ ਵੀ ਸਰਕਾਰ ਨੂੰ ਘੇਰਦਿਆਂ ਕਿਹਾ ਕਿ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਵੀ ਆਮ ਗਰੀਬ ਲੋਕਾਂ ਦੇ ਘਰ ਢਾਹੇ ਜਾ ਰਹੇ ਹਨ, ਜਦੋਂ ਕਿ ਨਸ਼ੇ ਦੀ ਸਪਲਾਈ ਘਰ ਪੱਧਰ 'ਤੇ ਪਹੁੰਚ ਚੁੱਕੀ ਹੈ। ਉਨ੍ਹਾਂ ਕਿਹਾ ਕਿ ਜੇਕਰ ਮੁੱਖ ਮੰਤਰੀ ਭਗਵੰਤ ਮਾਨ ਨੇ ਸੂਬੇ ਨਾਲ ਗਦਾਰੀ ਕਰਨੀ ਬੰਦ ਨਾ ਕੀਤੀ ਤਾਂ ਇਸ ਦਾ ਘਰ ਵੀ ਘੇਰਿਆ ਜਾਵੇਗਾ। ਇਸ ਧਰਨੇ ਨੂੰ ਸਾਬਕਾ ਮੰਤਰੀ ਜਨਮੇਜਾ ਸਿੰਘ ਸੇਖੋਂ, ਸਾਬਕਾ ਮੰਤਰੀ ਸਿਕੰਦਰ ਸਿੰਘ ਮਲੂਕਾ, ਜ਼ਿਲ੍ਹਾ ਪ੍ਰਧਾਨ ਦਿਹਾਤੀ ਜਗਸੀਰ ਸਿੰਘ ਜੱਗਾ ਕਲਿਆਣ, ਜ਼ਿਲ੍ਹਾ ਪ੍ਰਧਾਨ ਸ਼ਹਿਰੀ ਸੁਸ਼ੀਲ ਕੁਮਾਰ ਗੋਲਡੀ, ਵਰਕਿੰਗ ਕਮੇਟੀ ਮੈਂਬਰ ਬਲਕਾਰ ਸਿੰਘ ਬਰਾੜ, ਰਵੀਪ੍ਰੀਤ ਸਿੰਘ ਸਿੱਧੂ, ਬਲਜੀਤ ਸਿੰਘ ਬੀੜ ਬਹਿਮਣ, ਵਿਧਾਨ ਸਭਾ ਹਲਕਾ ਬਠਿੰਡਾ ਸ਼ਹਿਰੀ ਦੇ ਹਲਕਾ ਇੰਚਾਰਜ ਇਕਬਾਲ ਸਿੰਘ ਬਬਲੀ ਢਿੱਲੋਂ, ਗੁਰਦੀਪ ਸਿੰਘ ਕੋਟਸ਼ਮੀਰ, ਗੁਰਲਾਭ ਸਿੰਘ ਢੇਲਵਾਂ ਸਮੇਤ ਵੱਡੀ ਗਿਣਤੀ ਵਿੱਚ ਅਕਾਲੀ ਆਗੂਆਂ ਨੇ ਸੰਬੋਧਨ ਕੀਤਾ ਤੇ ਪੰਜਾਬ ਸਰਕਾਰ ਦੀਆਂ ਨੀਤੀਆਂ ਦਾ ਵਿਰੋਧ ਕਰਦੇ ਹੋਏ ਆਉਂਦੀਆਂ ਵਿਧਾਨ ਸਭਾ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਾਉਣ ਲਈ ਵਰਕਰਾਂ ਨੂੰ ਸੱਦਾ ਦਿੱਤਾ।

## ਧਰਨੇ 'ਚ ਸ਼ਾਮਲ ਮਲੂਕਾ ਨੂੰ ਆਇਆ ਚੱਕਰ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਪੰਜਾਬ ਸਰਕਾਰ ਦੀ ਲੈਂਡ ਪੂਲਿੰਗ ਸਕੀਮ ਖ਼ਿਲਾਫ਼ ਬਠਿੰਡਾ ਡੀ ਸੀ ਦਫ਼ਤਰ ਅੱਗੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਧਰਨਾ ਦਿੱਤਾ ਗਿਆ। ਧਰਨੇ ਦੀ ਸਮਾਪਤੀ ਮੌਕੇ ਸਾਬਕਾ ਮੰਤਰੀ ਸਿਕੰਦਰ ਸਿੰਘ ਮਲੂਕਾ ਜਦੋਂ ਮੀਡੀਆ ਨਾਲ ਗੱਲਬਾਤ ਕਰ ਰਹੇ ਸਨ ਤਾਂ ਅਚਾਨਕ ਉਨ੍ਹਾਂ ਨੂੰ ਚੱਕਰ ਆ ਗਿਆ ਤੇ ਉਹ ਥੱਲੇ ਡਿੱਗ ਪਏ, ਪ੍ਰੰਤੂ ਪਿੱਛੇ ਖੜੇ ਉਨ੍ਹਾਂ ਦੇ ਨਜ਼ਦੀਕੀ ਸਾਥੀ ਹਰਿੰਦਰ ਸਿੰਘ ਹਿੰਦਾ ਮਹਿਰਾਜ ਤੇ ਹੋਰ ਅਕਾਲੀ ਵਰਕਰਾਂ ਨੇ ਤੁਰੰਤ ਸੰਭਾਲਿਆ ਅਤੇ ਗੱਡੀ ਲਿਆ ਕੇ ਤੁਰੰਤ ਹਸਪਤਾਲ ਵਿਖੇ ਪਹੁੰਚਾਇਆ, ਜਿੱਥੇ ਚੈੱਕਅਪ ਦੌਰਾਨ ਡਾਕਟਰ ਵੱਲੋਂ ਉਨ੍ਹਾਂ ਨੂੰ ਮੁਢਲੀ ਸਹਾਇਤਾ ਦਿੱਤੀ ਗਈ ਤੇ ਆਰਾਮ ਕਰਨ ਦੀ ਸਲਾਹ ਦਿੱਤੀ, ਜਿਸ ਕਰਕੇ ਸਿਕੰਦਰ ਸਿੰਘ ਮਲੂਕਾ ਉਥੋਂ ਪਿੰਡ ਵੱਲ ਰਵਾਨਾ ਹੋ ਗਏ ਤੇ ਹੁਣ ਉਨ੍ਹਾਂ ਦੀ ਸਿਹਤ ਵਿੱਚ ਕੁਝ ਸੁਧਾਰ ਦੱਸਿਆ ਜਾ ਰਿਹਾ ਹੈ। ਵਿਧਾਨ ਸਭਾ ਹਲਕਾ ਰਾਮਪੁਰਾ ਫੂਲ ਦੇ ਹਲਕਾ ਇੰਚਾਰਜ ਤੇ ਸਾਬਕਾ ਮੰਤਰੀ ਸਿਕੰਦਰ ਸਿੰਘ ਮਲੂਕਾ ਦੇ ਨਜ਼ਦੀਕੀ ਸਾਥੀ ਹਰਿੰਦਰ ਸਿੰਘ ਹਿੰਦਾ ਮਹਿਰਾਜ ਨੇ ਦੱਸਿਆ ਕਿ ਮਲੂਕਾ ਸਾਹਿਬ ਦੇ ਦੱਸਣ ਮੁਤਾਬਕ ਘਬਰਾਹਟ ਹੋਣ ਕਰਕੇ ਉਨ੍ਹਾਂ ਦੀ ਸਿਹਤ ਵਿਗੜ ਗਈ, ਪ੍ਰੰਤੂ ਹੁਣ ਉਹ ਠੀਕ ਹਨ।

## ਕਾਤਰਾਂ

### ਭਗਤਾ ਬਲਾਕ ਟੁੱਟਣ ਨਾਲ ਦੁਕਾਨਦਾਰਾਂ ਦੇ ਕੰਮ 'ਤੇ ਵੀ ਅਸਰ ਪਵੇਗਾ : ਬੂਟਾ ਸਿੱਧੂ



**ਬਠਿੰਡਾ (ਰਾਜੀਵ ਗੋਇਲ)**-ਹਲਕਾ ਰਾਮਪੁਰਾ ਫੂਲ ਅਧੀਨ ਪੈਂਦੇ ਭਗਤਾ ਬਲਾਕ ਨੂੰ ਸਰਕਾਰ ਵੱਲੋਂ ਤੋੜੇ ਜਾਣ ਦੀਆਂ ਚਰਚਾਵਾਂ ਨੇ ਸਿਆਸੀ ਮਾਹੌਲ ਗਰਮਾ ਕੇ ਰੱਖ ਦਿੱਤਾ ਹੈ ਅਤੇ ਆਏ ਦਿਨ ਸਿਆਸੀ ਨੇਤਾ ਬਿਆਨਬਾਜ਼ੀ ਕਰ ਰਹੇ ਹਨ। ਇਸ ਮਸਲੇ ਨੂੰ ਲੈ ਕੇ ਨਗਰ ਪੰਚਾਇਤ ਦੇ ਪ੍ਰਧਾਨ ਬੂਟਾ ਸਿੰਘ ਸਿੱਧੂ ਵੱਲੋਂ ਗਹਿਰੀ ਚਿੰਤਾ ਪ੍ਰਗਟ ਕਰਦੇ ਹੋਏ ਕਿਹਾ ਗਿਆ ਕਿ ਸਾਡੀ ਕੋਸ਼ਿਸ਼ ਹੁੰਦੀ ਹੈ ਕਿ ਨਗਰ ਪੰਚਾਇਤ ਵੱਲੋਂ ਕਿਸੇ ਵੀ ਸ਼ਹਿਰ ਵਾਸੀ ਨੂੰ ਕੋਈ ਦਿੱਕਤ ਨਾ ਆਵੇ, ਪਰ ਜੇਕਰ ਭਗਤਾ ਬਲਾਕ ਟੁੱਟਦਾ ਹੈ ਤਾਂ ਜਿੱਥੇ ਪਿੰਡਾਂ ਦੇ ਲੋਕਾਂ ਦੀ ਖੱਜਲ ਖੁਆਰੀ ਵਧੇਗੀ, ਉੱਥੇ ਭਗਤਾ ਸ਼ਹਿਰ ਦੇ ਦੁਕਾਨਦਾਰਾਂ 'ਤੇ ਵੀ ਅਸਰ ਪਵੇਗਾ, ਕਿਉਂਕਿ ਬੀਡੀਪੀਓ ਦਫ਼ਤਰ ਵਿੱਚ ਆਉਣ ਵਾਲੇ ਪਿੰਡਾਂ ਦੇ ਲੋਕ ਦੁਕਾਨਦਾਰਾਂ ਤੋਂ ਲੋੜੀਂਦੇ ਸਮਾਨ ਦੀ ਖਰੀਦ ਫਰੋਖਤ ਵੀ ਕਰਕੇ ਲੈ ਜਾਂਦੇ ਸਨ, ਪਰ ਹੁਣ ਜਦੋਂ ਇੱਥੇ ਆਮ ਲੋਕਾਂ ਦਾ ਆਉਣਾ ਜਾਣਾ ਘਟ ਜਾਵੇਗਾ ਤਾਂ ਸ਼ਹਿਰ ਦੀ ਇਕਾਨਮੀ 'ਤੇ ਵੀ ਫ਼ਰਕ ਆਉਣ ਦੀ ਸੰਭਾਵਨਾ ਹੈ।

### ਮੋਬਾਈਲ ਫੋਨ ਤੇ ਨਕਦੀ ਖੋਹਣ ਦੇ ਦੋਸ਼ ਹੇਠ ਇੱਕ ਗ੍ਰਿਫਤਾਰ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮੰਡੀ ਗੋਬਿੰਦਗੜ੍ਹ ਵਿਖੇ ਇੱਕ ਵਿਅਕਤੀ ਦੀ ਗਰਦਨ 'ਤੇ ਦਾਤ ਰੱਖ ਕੇ ਉਸ ਤੋਂ ਮੋਬਾਈਲ ਫੋਨ ਅਤੇ ਨਕਦੀ ਖੋਹ ਲੈ ਜਾਣ ਦੇ ਕਥਿਤ ਮਾਮਲੇ 'ਚ ਪੁਲਸ ਵੱਲੋਂ ਇੱਕ ਵਿਅਕਤੀ ਨੂੰ ਗ੍ਰਿਫਤਾਰ ਕਰਕੇ ਨਕਦੀ ਤੇ ਹਥਿਆਰ ਬਰਾਮਦ ਕੀਤੇ ਜਾਣ ਦਾ ਸਮਾਚਾਰ ਹੈ। ਦਲੀਪ ਕੁਮਾਰ ਵਾਸੀ ਮੁਜ਼ੱਫਰਪੁਰ ਬਿਹਾਰ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੱਸਿਆ ਸੀ ਕਿ 28 ਜੁਲਾਈ ਨੂੰ ਉਹ ਜਦੋਂ ਮੰਡੀ ਗੋਬਿੰਦਗੜ੍ਹ ਦੇ ਚਾਨਣ ਰਾਮ ਪੈਟਰੋਲ ਪੰਪ ਨਜ਼ਦੀਕ ਸਰਵਿਸ ਰੋਡ ਤੋਂ ਪੈਦਲ ਲੰਘ ਰਿਹਾ ਸੀ ਤਾਂ ਪਿੱਛੋਂ ਆਏ ਇੱਕ ਮੋਟਰਸਾਈਕਲ ਚਾਲਕ ਨੇ ਉਸ ਦੀ ਗਰਦਨ 'ਤੇ ਤੇਜ਼ਧਾਰ ਹਥਿਆਰ ਰੱਖ ਕੇ ਉਸ ਤੋਂ 2 ਹਜ਼ਾਰ ਰੁਪਏ, ਆਧਾਰ ਕਾਰਡ ਅਤੇ ਮੋਬਾਇਲ ਫੋਨ ਖੋਹ ਲਿਆ ਤੇ ਮੌਕੇ ਤੋਂ ਫਰਾਰ ਹੋ ਗਿਆ। ਥਾਣਾ ਮੰਡੀ ਗੋਬਿੰਦਗੜ੍ਹ ਵਿਖੇ ਦਰਜ ਕੀਤੇ ਮੁਕੱਦਮੇ ਦੀ ਤਫ਼ਤੀਸ਼ ਕਰਦੇ ਸਹਾਇਕ ਥਾਣੇਦਾਰ ਬਲਵਿੰਦਰ ਸਿੰਘ ਦੀ ਅਗਵਾਈ ਵਾਲੀ ਪੁਲਸ ਪਾਰਟੀ ਵੱਲੋਂ ਇਸ ਮਾਮਲੇ 'ਚ ਸ਼ਿਵਾ ਉਰਫ ਗੌਤਮ ਵਾਸੀ ਮੰਡੀ ਗੋਬਿੰਦਗੜ੍ਹ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ, ਜਿਸ ਕੋਲੋਂ 1500 ਰੁਪਏ, ਦਾਤ ਲੋਹਾ ਅਤੇ ਇੱਕ ਬਿਨਾਂ ਨੰਬਰੀ ਸਪਲੈਂਡਰ ਮੋਟਰਸਾਈਕਲ ਵੀ ਬਰਾਮਦ ਹੋਣ ਦੀ ਸੂਚਨਾ ਹੈ।

### ਸੰਤ ਲੌਂਗੋਵਾਲ ਦੀ ਬਰਸੀ ਸਬੰਧੀ ਮੀਟਿੰਗ ਅੱਜ

**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਸ਼੍ਰੋਮਣੀ ਅਕਾਲੀ ਦੇ ਸੀਨੀਅਰ ਆਗੂ ਤੇ ਸਾਬਕਾ ਪ੍ਰਧਾਨ ਦਲਜੀਤ ਸਿੰਘ ਸਿੱਧੂ ਨੇ ਦੱਸਿਆ ਕਿ 5 ਅਗਸਤ ਵਾਰ ਨੂੰ ਸਥਾਨਕ ਗੁਰੂਦੁਆਰਾ ਚੁੱਲੇ ਬਾਬਾ ਆਲਾ ਸਿੰਘ ਵਿਖੇ ਸਾਬਕਾ ਮੰਤਰੀ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਰਹਿਨੁਮਾਈ ਹੇਠ ਅਮਰ ਸ਼ਹੀਦ ਸੰਤ ਹਰਚੰਦ ਸਿੰਘ ਲੌਂਗੋਵਾਲ ਜੀ ਦੀ ਬਰਸੀ 20 ਅਗਸਤ ਨੂੰ ਮਨਾਉਣ ਸਬੰਧੀ ਮੀਟਿੰਗ ਰੱਖੀ ਗਈ। ਆਗੂਆਂ ਨੇ ਦੱਸਿਆ ਕਿ ਇਹ ਬਰਸੀ ਸ਼ਹੀਦ ਭਾਈ ਦਿਆਲਾ ਜੀ ਪਬਲਿਕ ਸਕੂਲ ਲੌਂਗੋਵਾਲ ਵਿਖੇ ਮਨਾਈ ਜਾਵੇਗੀ। ਇਸ ਮੀਟਿੰਗ ਵਿੱਚ ਪਾਰਟੀ ਦੇ ਸੀਨੀਅਰ ਆਗੂ ਜੀਤ ਸਿੰਘ ਸਿੱਧੂ ਲੌਂਗੋਵਾਲ, ਪ੍ਰਿੰ. ਹਰਪ੍ਰੀਤ ਸਿੰਘ ਸਿੱਧੂ, ਰੂਪ ਸਿੰਘ ਸ਼ੇਰੋਂ, ਬਿੰਦਰਪਾਲ ਨਮੋਲ, ਕਰਨੈਲ ਸਿੰਘ ਜੱਸੇਕਾ ਤੇ ਸੇਠ ਬਾਰੂ ਰਾਮ ਆਦਿ ਪਹੁੰਚ ਰਹੇ ਹਨ।

# ਕੌਮੀ ਇਨਸਾਫ ਮੋਰਚੇ ਨੇ ਡੀ ਸੀ ਦਫਤਰ ਅੱਗੇ ਫੂਕਿਆ ਮੁੱਖ ਮੰਤਰੀ ਤੇ ਪ੍ਰਧਾਨ ਮੰਤਰੀ ਦਾ ਪੁਤਲਾ

## 15 ਅਗਸਤ ਨੂੰ ਕੌਮੀ ਇਨਸਾਫ ਮੋਰਚੇ ਦੇ ਵੱਡੇ ਇਕੱਠ 'ਚ ਸੰਗਤਾਂ ਨੂੰ ਪਹੁੰਚਣ ਦੀ ਅਪੀਲ



**ਮੋਗਾ (ਇਕਬਾਲ ਸਿੰਘ ਖਹਿਰਾ)**-ਕੌਮੀ ਇਨਸਾਫ ਮੋਰਚੇ ਵੱਲੋਂ ਦਿੱਤੇ ਗਏ ਸੱਦੇ 'ਤੇ ਮੋਗਾ ਵਿਖੇ ਕੌਮੀ ਇਨਸਾਫ ਮੋਰਚੇ ਵਿੱਚ ਸ਼ਾਮਲ ਵੱਖ-ਵੱਖ ਕਿਸਾਨ, ਮਜ਼ਦੂਰ, ਜਨਤਕ, ਜਮਾਤੀ, ਸਿਆਸੀ, ਧਾਰਮਿਕ ਤੇ ਸਮਾਜਿਕ ਜਥੇਬੰਦੀਆਂ ਅਤੇ ਸ਼ਖਸੀਅਤਾਂ ਵੱਲੋਂ ਇੱਕ ਵਿਸ਼ਾਲ ਰੋਸ ਮਾਰਚ ਗੁਰਦੁਆਰਾ ਬੀਬੀ ਕਾਹਨ ਕੌਰ ਤੋਂ ਸ਼ੁਰੂ ਹੋ ਕੇ ਡਿਪਟੀ ਕਮਿਸ਼ਨਰ ਤੱਕ ਕੱਢਿਆ ਗਿਆ। ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਕੌਮੀ ਇਨਸਾਫ ਮੋਰਚੇ ਦੇ ਆਗੂ ਸ਼ੁਭ ਗਿੱਲ ਮੋਗਾ, ਸੁਖਜਿੰਦਰ ਸਿੰਘ ਖੋਸਾ, ਬੂਟਾ ਸਿੰਘ ਰਣਸੀਂਹ, ਜਸਵਿੰਦਰ ਸਿੰਘ ਘੋਲੀਆ, ਬਲਵੰਤ ਸਿੰਘ ਬਹਿਰਾਮਕੇ ਤੇ ਹੋਰ ਆਗੂਆਂ ਨੇ ਦੱਸਿਆ ਕਿ ਪਿਛਲੇ ਢਾਈ ਸਾਲਾ ਤੋਂ ਵੀ ਵੱਧ ਸਮੇਂ ਤੋਂ ਮੋਹਾਲੀ-ਚੰਡੀਗੜ੍ਹ ਬਾਰਡਰ 'ਤੇ ਕੌਮੀ ਇਨਸਾਫ ਮੋਰਚੇ ਦਾ ਪੱਕਾ ਧਰਨਾ ਚੱਲ ਰਿਹਾ ਹੈ। ਕੌਮੀ ਇਨਸਾਫ ਮੋਰਚੇ ਵੱਲੋਂ ਇਹ ਅੰਦੋਲਨ ਭਾਰਤ ਦੀਆਂ ਵੱਖ-ਵੱਖ ਜੇਲ੍ਹਾਂ ਵਿੱਚ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ, ਸਗੋਂ ਕਈ ਕਈ ਸਾਲ ਵੱਧ ਸਜ਼ਾਵਾਂ ਭੁਗਤ ਚੁੱਕੇ ਬੰਦੀ ਸਿੰਘਾਂ ਦੀ ਰਿਹਾਈ ਵਾਸਤੇ, ਗੁਰੂ ਗ੍ਰੰਥ ਸਾਹਿਬ ਸਮੇਤ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਰੋਕਣ ਲਈ ਇੱਕ ਸਖਤ ਤੋਂ ਸਖਤ ਕਾਨੂੰਨ ਬਣਾਉਣ ਵਾਸਤੇ ਅਤੇ ਪੰਜਾਬ ਵਿੱਚ ਪਿਛਲੇ ਦਿਨਾਂ ਵਿੱਚ ਦੋ ਗੁਰੂ ਗ੍ਰੰਥ ਸਾਹਿਬ ਦੀਆਂ ਬੇਅਦਬੀਆਂ ਹੋਈਆਂ ਸਨ, ਉਨ੍ਹਾਂ ਬੇਅਦਬੀ ਦੇ ਦੋਸ਼ੀਆਂ ਤੇ ਸੰਘਰਸ਼ ਕਰ ਰਹੇ ਲੋਕਾਂ ਉੱਪਰ ਬਹਿਬਲ ਕਲਾਂ ਤੇ ਹੋਰ ਥਾਵਾਂ 'ਤੇ ਗੋਲੀ ਚਲਾ ਕੇ ਸ਼ਹੀਦ ਕਰਨ ਵਾਲੇ ਦੋਸ਼ੀ ਪੁਲਸ ਅਫਸਰਾਂ ਤੇ ਸਿਆਸੀ ਲੀਡਰਾਂ ਖਿਲਾਫ ਕਾਰਵਾਈ ਕਰਨ ਵਾਸਤੇ ਇਹ ਅੰਦੋਲਨ ਸਾਰੇ ਪੰਜਾਬ ਤੇ ਦੁਨੀਆ ਵਿੱਚ ਲੜਿਆ ਜਾ ਰਿਹਾ ਹੈ।

ਅੱਜ ਮੋਗਾ ਜ਼ਿਲ੍ਹੇ ਤੋਂ ਵੱਡੀ ਗਿਣਤੀ ਵਿੱਚ ਲੋਕ ਗੁਰਦੁਆਰਾ ਬੀਬੀ ਕਾਹਨ ਕੌਰ ਵਿਖੇ ਇਕੱਠੇ ਹੋਏ, ਜਿੱਥੇ ਵੱਖ ਵੱਖ ਆਗੂਆਂ ਨੇ ਉਨ੍ਹਾਂ ਨੂੰ ਸੰਬੋਧਨ ਕੀਤਾ ਅਤੇ ਬਾਅਦ ਵਿੱਚ ਰੋਸ ਮੁਜ਼ਾਹਰਾ ਕਰਦੇ ਹੋਏ ਡੀ ਸੀ ਦਫਤਰ ਤੱਕ ਮਾਰਚ ਕਰਨ ਉਪਰੰਤ ਉੱਥੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਆਂ ਅਰਥੀਆਂ ਸਾੜੀਆਂ ਗਈਆਂ।

ਅੱਜ ਦੇ ਰੋਸ ਪ੍ਰੋਗਰਾਮ 'ਚ ਬਲਦੇਵ ਸਿੰਘ ਗਗੜਾ, ਬਾਬਾ ਸਤਨਾਮ ਸਿੰਘ, ਸਾਹਿਬ ਸਿੰਘ ਦਾਨੇਵਾਲਾ ਬੀਕੇਯੂ ਤੋਤੇਵਾਲ, ਰਮਨਦੀਪ ਸਿੰਘ ਰਸੂਲਪੁਰ ਬੀਕੇਯੂ ਤੋਤੇਵਾਲ, ਤੋਤਾ ਸਿੰਘ ਬਹਿਰਾਮਕੇ, ਜਸਬੀਰ ਸਿੰਘ ਭੱਦਮਾਂ ਬੀਕੇਯੂ ਤੋਤੇਵਾਲ, ਕੁਲਜੀਤ ਰੌਂਤਾ ਬੀਕੇਯੂ ਤੋਤੇਵਾਲ, ਚੰਦਨ ਰੌਂਤਾ ਬੀਕੇਯੂ ਤੋਤੇਵਾਲ, ਕੁਲਵਿੰਦਰ ਔਲਖ, ਭੁਪਿੰਦਰ ਸਿੰਘ ਵੜੈਚ, ਬਲਕਰਨ ਸਿੰਘ ਮੋਗਾ ਬੀਕੇਯੂ ਲੱਖੋਵਾਲ, ਤਰਸੇਮ ਸਿੰਘ ਸੰਗਲਾ ਬੀਕੇਯੂ ਬਹਿਰਾਮ ਕੇ, ਕਿਹਰ ਸਿੰਘ, ਅਮਰੀਕ ਸਿੰਘ, ਕ੍ਰਾਂਤੀਕਾਰੀ ਜਥੇਬੰਦੀ, ਤਲਵਿੰਦਰ ਗਿੱਲ ਬੀਕੇਯੂ ਤੋਤੇਵਾਲ, ਗੁਰਮੀਤ ਸਿੰਘ ਮੂਸੇਵਾਲਾ ਬੀਕੇਯੂ ਤੋਤੇਵਾਲ, ਲਖਵਿੰਦਰ ਸਿੰਘ ਢੋਲੇਵਾਲਾ ਬੀਕੇਯੂ ਤੋਤੇਵਾਲ, ਜ਼ਿਲ੍ਹਾ ਮੀਤ ਪ੍ਰਧਾਨ ਕਸਮੀਰਾ ਸਿੰਘ ਭੇਖਾ, ਸੁਖਦੀਪ ਸਿੰਘ ਸਰਪੰਚ ਭੇਖਾ, ਜ਼ਿਲ੍ਹਾ ਪ੍ਰੈੱਸ ਸਕੱਤਰ ਤੇਜਿੰਦਰ ਭੇਖਾ, ਸਤਿਨਾਮ ਸਿੰਘ ਭਲੂਰ ਕਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ, ਗੁਰਮੇਲ ਸਿੰਘ ਡਰੋਲੀ, ਹਰਨੇਕ ਸਿੰਘ ਫਤਿਹਗੜ੍ਹ, ਲਖਬੀਰ ਸਿੰਘ ਸਰਪੰਚ ਸੰਧੂਆਂ ਬੀਕੇਯੂ ਲੱਖੋਵਾਲ, ਸੁਖਮੰਦਰ ਸਿੰਘ ਉਗੋਕੇ ਜ਼ਿਲ੍ਹਾ ਪ੍ਰਧਾਨ ਖੋਸਾ, ਕਰਮਜੀਤ ਸਿੰਘ ਨੈਸਲੇ ਕ੍ਰਾਂਤੀਕਾਰੀ ਆਦਿ ਕਿਸਾਨ ਤੇ ਧਾਰਮਿਕ ਸ਼ਖ਼ਸੀਅਤਾਂ ਹਾਜ਼ਰ ਸਨ। ਬੁਲਾਰਿਆਂ ਨੇ ਜਿੱਥੇ ਬੰਦੀ ਸਿੰਘਾਂ ਦੀ ਫੌਰੀ ਰਿਹਾਈ ਦੀ ਮੰਗ ਕੀਤੀ, ਉਥੇ ਜਨਤਾ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ 15 ਅਗਸਤ ਨੂੰ ਮੋਹਾਲੀ-ਚੰਡੀਗੜ੍ਹ ਬਾਰਡਰ 'ਤੇ ਲੱਗੇ ਕੌਮੀ ਇਨਸਾਫ ਮੋਰਚੇ 'ਤੇ ਇੱਕ ਵੱਡਾ ਤੇ ਵਿਸ਼ਾਲ ਇਕੱਠ ਕੀਤਾ ਜਾ ਰਿਹਾ ਹੈ। ਸਾਰਿਆਂ ਨੂੰ ਅਪੀਲ ਕੀਤੀ ਕਿ ਉਸ ਇਕੱਠ ਵਿੱਚ ਵੱਡੀ ਤੋਂ ਵੱਡੀ ਗਿਣਤੀ ਵਿੱਚ ਹਾਜ਼ਰੀ ਲਵਾਉਣ।

# ਸਾਂਝੇ ਮਜ਼ਦੂਰ ਮੋਰਚੇ ਵੱਲੋਂ ਅਮਨ ਅਰੋੜਾ ਦੀ ਕੋਠੀ ਅੱਗੇ ਧਰਨਾ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝਾ ਮੋਰਚਾ ਜ਼ਿਲ੍ਹਾ ਸੰਗਰੂਰ ਵੱਲੋਂ ਕੈਬਨਿਟ ਮੰਤਰੀ ਅਮਨ ਅਰੋੜਾ ਦੀ ਕੋਠੀ ਅੱਗੇ ਧਰਨਾ ਲਾ ਕੇ ਆਮ ਆਦਮੀ ਦੀ ਸਰਕਾਰ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕਰਕੇ ਤਿੱਖੇ ਰੋਹ ਦਾ ਪ੍ਰਗਟਾਵਾ ਕੀਤਾ ਗਿਆ। ਸਾਂਝੇ ਮਜ਼ਦੂਰ ਮੋਰਚੇ ਦੇ ਆਗੂਆਂ ਨੇ ਐਲਾਨ ਕੀਤਾ ਕਿ ਪੱਕੇ ਰੁਜ਼ਗਾਰ ਦੀ ਗਰੰਟੀ, ਚੋਣ ਵਾਅਦਿਆਂ ਅਨੁਸਾਰ ਔਰਤਾਂ ਨੂੰ ਹਜ਼ਾਰ ਰੁਪਏ ਪ੍ਰਤੀ ਮਹੀਨਾ ਦੇਣ, ਪੈਨਸ਼ਨਾਂ ਦੀ ਰਾਸ਼ੀ 'ਚ ਵਾਧਾ ਕਰਨ, ਪੰਚਾਇਤੀ ਜ਼ਮੀਨ ਦਾ ਤੀਜਾ ਹਿੱਸਾ ਜ਼ਮੀਨ ਮਜ਼ਦੂਰਾਂ ਨੂੰ ਸਸਤੇ ਭਾਅ ਠੇਕੇ 'ਤੇ ਦੇਣ, ਬੇਘਰਿਆਂ ਤੇ ਲੋੜਵੰਦਾਂ ਨੂੰ ਪਲਾਟ ਦੇਣ, ਜ਼ਮੀਨੀ ਹੱਦਬੰਦੀ ਕਾਨੂੰਨ ਤੋਂ ਵਾਧੂ ਨਿਕਲਦੀਆਂ ਜ਼ਮੀਨਾਂ ਦੀ ਵੰਡ ਬੇਜ਼ਮੀਨੇ ਮਜ਼ਦੂਰਾਂ ਕਿਸਾਨਾਂ 'ਚ ਕਰਾਉਣ, ਕਰਜ਼ਾ ਮੁਆਫੀ ਤੇ ਜਥੇਬੰਦ ਹੋ ਕੇ ਸੰਘਰਸ਼ ਕਰਨ ਦੇ ਹੱਕ ਦੀ ਬਹਾਲੀ ਅਤੇ ਲੈਂਡ ਪੂਲਿੰਗ ਨੀਤੀ ਰੱਦ ਕਰਵਾਉਣ ਵਰਗੀਆਂ ਆਦਿ ਮੰਗਾਂ ਦੀ ਪ੍ਰਾਪਤੀ ਤੱਕ ਸੰਘਰਸ਼ ਜਾਰੀ ਰੱਖਿਆ ਜਾਵੇਗਾ। ਮਜ਼ਦੂਰ ਆਗੂਆਂ ਨੇ ਦੋਸ਼ ਲਾਇਆ ਕਿ ਭਗਵੰਤ ਮਾਨ ਸਰਕਾਰ ਮਜ਼ਦੂਰਾਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਲਾਗੂ ਕਰਨ ਦੀ ਥਾਂ ਲਗਾਤਾਰ ਮਜ਼ਦੂਰ ਵਿਰੋਧੀ ਨੀਤੀਆਂ ਲਾਗੂ ਕਰ ਰਹੀ ਹੈ। ਉਨ੍ਹਾਂ ਦੋਸ਼ ਲਾਇਆ ਕਿ ਜਿੱਥੇ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਵੱਲੋਂ ਕਿਰਤ ਕੋਡ ਬਣਾ ਕੇ ਕਿਰਤੀਆਂ ਦੇ ਹੱਕਾਂ 'ਤੇ ਡਾਕਾ ਮਾਰਿਆ ਗਿਆ, ਉਥੇ ਭਗਵੰਤ ਮਾਨ ਸਰਕਾਰ ਵੱਲੋਂ ਵੀ ਮਜ਼ਦੂਰਾਂ ਦੀ ਕੰਮ ਦਿਹਾੜੀ ਦੇ ਘੰਟੇ ਵਧਾ ਕੇ ਮਜ਼ਦੂਰਾਂ ਨਾਲ ਧ੍ਰੋਹ ਕਮਾਇਆ ਗਿਆ। ਉਨ੍ਹਾਂ ਕਿਹਾ ਕਿ ਆਪ ਸਰਕਾਰ ਸੰਘਰਸ਼ਸ਼ੀਲ ਮਜ਼ਦੂਰਾਂ ਕਿਸਾਨਾਂ 'ਤੇ ਪੁਲਸ ਜਬਰ ਤੇਜ਼ ਕਰਨ ਰਾਹੀਂ ਲੋਕਾਂ ਦੇ ਜਮਹੂਰੀ ਹੱਕਾਂ ਦਾ ਘਾਣ ਕਰ ਰਹੀ ਹੈ। ਅੱਜ ਦੇ ਧਰਨੇ 'ਚ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਸੂਬਾ ਪ੍ਰਧਾਨ ਕਾਮਰੇਡ ਗੋਬਿੰਦ ਸਿੰਘ ਛਾਜਲੀ, ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਜ਼ੋਰਾ ਸਿੰਘ ਨਸਰਾਲੀ, ਗੋਪੀਗਿਰ ਕਲਰਭੈਣੀ, ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾ ਸਕੱਤਰ ਲਖਵੀਰ ਸਿੰਘ ਲੌਂਗੋਵਾਲ, ਸੂਬਾ ਆਗੂ ਬਲਵਿੰਦਰ ਸਿੰਘ ਜਲੂਰ, ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਭੂਪ ਚੰਦ ਚੰਨੋ, ਜੋਗਿੰਦਰ ਸਿੰਘ ਬੱਧਣ, ਬਲਵਿੰਦਰ ਸਿੰਘ ਘਰਾਂਗਣਾ, ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਧਰਵੀਰ ਸਿੰਘ, ਖੇਤ ਮਜ਼ਦੂਰ ਸਭਾ ਪੰਜਾਬ ਦੇ ਆਗੂ ਨਿਰੰਜਣ ਸਿੰਘ ਚਨਾਗਰਾ ਤੇ ਦਿਹਾਤੀ ਮਜ਼ਦੂਰ ਸਭਾ ਦੇ ਨਿਰਮਲ ਸਿੰਘ ਘਰਾਚੋਂ ਨੇ ਸੰਬੋਧਨ ਕੀਤਾ। ਇਸ ਤੋਂ ਇਲਾਵਾ ਭਰਾਤਰੀ ਜਥੇਬੰਦੀਆਂ ਬਲਜੀਤ ਸਿੰਘ ਨਮੋਲ, ਜਸਵੀਰ ਕੌਰ ਨੱਤ, ਘਮੰਡ ਸਿੰਘ ਉਗਰਾਹਾਂ ਨੇ ਸੰਬੋਧਨ ਕੀਤਾ।

# ਬਾਲਿਆਂਵਾਲੀ 'ਚ ਤੀਆਂ ਤੀਜ ਦੀਆਂ ਤਿਉਹਾਰ ਮਨਾਇਆ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**

ਵਿਰਾਸਤੀ ਸੱਥ ਪੰਜਾਬ ਦੁਆਰਾ ਉੱਤਰੀ ਖੇਤਰ ਸੱਭਿਆਚਾਰਕ ਕੇਂਦਰ ਪਟਿਆਲਾ (ਸੱਭਿਆਚਾਰ ਮੰਤਰਾਲਾ ਭਾਰਤ ਸਰਕਾਰ) ਦੇ ਸਹਿਯੋਗ ਨਾਲ ਪੇਂਡੂ ਸਾਹਿਤ ਸਭਾ ਬਾਲਿਆਂਵਾਲੀ ਵੱਲੋਂ ਤੀਆਂ ਦਾ ਮੇਲਾ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਬਾਲਿਆਂਵਾਲੀ ਵਿਖੇ ਲਾਇਆ ਗਿਆ, ਜਿਸ ਵਿੱਚ ਪਿੰਡ ਦੀਆਂ ਧੀਆਂ, ਭੈਣਾਂ, ਮਾਤਾਵਾਂ ਵੱਲੋਂ ਬੜੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ ਗਈ।




ਡਿਪਟੀ ਡਾਇਰੈਕਟਰ ਰਵਿੰਦਰ ਸ਼ਰਮਾ, ਸਰਪੰਚ ਸੁਖਪਾਲ ਕੌਰ ਤੇ ਪੰਚਾਇਤ ਮੈਂਬਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਤੀਆਂ ਦੇ ਮੇਲੇ ਵਿੱਚ ਸੱਭਿਆਚਾਰਕ ਮੁਕਾਬਲੇ ਚਰਖਾ ਕੱਤਣਾ, ਸੇਵੀਆਂ ਵੱਟਣਾ, ਪੀਂਘ ਚੜ੍ਹਾਉਣਾ, ਕਿੱਕਲੀ ਪਾਉਣਾ, ਸੱਭਿਆਚਾਰਕ ਸਵਾਲ-ਜਵਾਬ ਤੇ ਲੰਬੀ ਹੇਕ ਮੁਕਾਬਲੇ ਕਰਾਏ ਗਏ ਤੇ ਜੇਤੂਆਂ ਨੂੰ ਮੈਡਲ ਸਮੇਤ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਲੋਕ ਨਾਚ ਲੁੱਡੀ ਗਿੱਧਾ ਟੀਮ ਵੱਲੋਂ ਪੇਸ਼ਕਾਰੀ ਕੀਤੀ ਗਈ ਤੇ ਲੋਕ ਗਾਇਕਾ ਰਜਨੀ ਸਾਗਰ (ਪਟਿਆਲਾ) ਨੇ ਪੰਜਾਬੀ ਲੋਕ ਗੀਤਾਂ ਨਾਲ ਖੂਬ ਰੰਗ ਬੰਨ੍ਹਿਆ। ਵਿਰਾਸਤੀ ਸੱਥ ਵੱਲੋਂ ਡਾ. ਜਸਵਿੰਦਰ ਸ਼ਰਮਾ, ਜੁਗਰਾਜ ਧੌਲਾ, ਹਰਦਿਆਲ ਥੂਹੀ, ਮਾ. ਗੁਰਨਾਮ ਸਿੰਘ ਸੇਮਾ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਦੇ ਇੰਚਾਰਜ ਪ੍ਰਿੰਸੀਪਲ ਸੁਖਦੀਪ ਸਿੰਘ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੀਆਂ ਦੇ ਇੰਚਾਰਜ ਪ੍ਰਿੰਸੀਪਲ ਸੁਖਜੀਤ ਸਿੰਘ ਤੇ ਸਟਾਫ਼ ਮੈਂਬਰ, ਪੇਂਡੂ ਸਾਹਿਤ ਸਭਾ ਰਜਿ. ਬਾਲਿਆਂਵਾਲੀ ਦੇ ਪ੍ਰਧਾਨ ਸੁਖਦਰਸ਼ਨ ਗਰਗ, ਜਨਰਲ ਸਕੱਤਰ ਜਗਨ ਨਾਥ, ਵਿੱਤ ਸਕੱਤਰ ਮਾ. ਦਰਸ਼ਨ ਸਿੰਘ ਸਿੱਧੂ, ਸੀਨੀ. ਮੀਤ ਪ੍ਰਧਾਨ ਸੱਤਪਾਲ ਸਿੰਘ ਗਿੱਲ, ਮੀਤ ਪ੍ਰਧਾਨ ਇੰਦਰ ਸਿੰਘ, ਪ੍ਰਚਾਰ ਸਕੱਤਰ ਗੁਰਤੇਜ ਸਿੰਘ, ਪ੍ਰੈਸ ਸਕੱਤਰ ਕੁਲਦੀਪ ਮਤਵਾਲਾ ਪੱਤਰਕਾਰ, ਪ੍ਰੈਸ ਸਕੱਤਰ ਨਸ਼ੀਬ ਸ਼ਰਮਾ, ਪੱਤਰਕਾਰ ਹਰਿੰਦਰ ਹਨੀ, ਮੁੱਖ ਸਲਾਹਕਾਰ ਜੀਤ ਸਿੰਘ ਚਹਿਲ, ਸਰਪ੍ਰਸਤ ਅਜਮੇਰ ਦੀਵਾਨਾ, ਗੁਰਪ੍ਰੀਤ ਕੌਰ, ਕਾਰਜਕਾਰਨੀ ਮੈਂਬਰ ਹਰਜਿੰਦਰ ਕੌਰ, ਸਟੇਟ ਐਵਾਰਡੀ ਅਮਰਜੀਤ ਪੇਂਟਰ ਬਠਿੰਡਾ, ਗੁਰਮੇਲ ਸਿੰਘ ਮੇਲਾ, ਗੁਰਮੀਤ ਕੁਮਾਰ, ਪੋਰਿੰਦਰ ਸਿੰਗਲਾ, ਲਖਬੀਰ ਦਾਸ , ਗੁਰਮੀਤ ਸਿੰਘ, ਹਰਸ, ਪਵਿੱਤਰ , ਹਰਪ੍ਰੀਤ ਸਿੰਘ ਘੋਟਾ ਆਦਿ ਹਾਜ਼ਰ ਸਨ।

# ਕੌਮੀ ਇਨਸਾਫ ਮੋਰਚੇ ਦੇ ਸੱਦੇ 'ਤੇ ਵੱਖ-ਵੱਖ ਜਥੇਬੰਦੀਆਂ ਵੱਲੋਂ ਮੀਟਿੰਗ




**ਮਾਨਸਾ (ਆਤਮਾ ਸਿੰਘ ਪਮਾਰ)**-ਕੌਮੀ ਇਨਸਾਫ਼ ਮੋਰਚੇ ਦੇ ਸੱਦੇ 'ਤੇ ਵੱਖ ਵੱਖ ਜਥੇਬੰਦੀਆਂ ਵੱਲੋਂ ਸਥਾਨਕ ਬਾਬਾ ਬੂਝਾ ਸਿੰਘ ਭਵਨ ਵਿਖੇ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਦੀ ਰਿਹਾਈ ਲਈ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਕਾਮਰੇਡ ਨਛੱਤਰ ਸਿੰਘ ਖੀਵਾ ਮੈਂਬਰ ਕੇਂਦਰੀ ਕੰਟਰੋਲ ਕਮਿਸ਼ਨ ਸੀ ਪੀ ਆਈ (ਮ ਲ) ਲਿਬਰੇਸ਼ਨ, ਜਥੇਦਾਰ ਬਲਦੇਵ ਸਿੰਘ ਧਰਮਪੁਰਾ, ਜਥੇਦਾਰ ਅਮਰਜੀਤ ਸਿੰਘ, ਜਥੇਦਾਰ ਜਸਵਿੰਦਰ ਸਿੰਘ ਬੋਹਾ, ਪਰਸ਼ੋਤਮ ਸਿੰਘ ਬੀਕੇਯੂ ਲੱਖੋਵਾਲ, ਨਿਰਮਲ ਸਿੰਘ, ਦਰਸ਼ਨ ਸਿੰਘ ਜਟਾਣਾ ਬਲਵਿੰਦਰ ਸ਼ਰਮਾ ਬੀਕੇਯੂ ਡਕੌਂਦਾ, ਜਗਤਾਰ ਸਿੰਘ ਖਿਆਲਾ, ਭਜਨ ਸਿੰਘ ਘੁੰਮਣ, ਨੈਬ ਸਿੰਘ, ਜਗਰਾਜ ਸਿੰਘ ਕ੍ਰਾਂਤੀਕਾਰੀ ਕਿਸਾਨ ਯੂਨੀਅਨ, ਅਸ਼ੋਕ ਸਿੰਘ, ਦਲਜੀਤ ਸਿੰਘ, ਗੁਰਪ੍ਰਣਾਮ ਸਿੰਘ ਬੀਕੇਯੂ ਕ੍ਰਾਂਤੀਕਾਰੀ, ਗਗਨਦੀਪ ਸਿਰਸੀ ਵਾਲਾ, ਬਲਵੰਤ ਸਿੰਘ ਫੱਕਰ ਸੀ ਪੀ ਆਈ (ਮ ਲ) ਲਿਬਰੇਸ਼ਨ, ਗੁਰਦੇਵ ਸਿੰਘ ਚਹਿਲ ਆਲ ਇੰਡੀਆ ਬੀ ਐੱਸ ਐੱਨ ਐੱਲ ਪੈਨਸ਼ਨਰਜ਼ ਯੂਨੀਅਨ ਆਦਿ ਸਮੁੱਚੀਆਂ ਜਥੇਬੰਦੀਆਂ ਨੇ ਕੌਮੀ ਇਨਸਾਫ ਮੋਰਚੇ ਵੱਲੋਂ ਬੰਦੀ ਸਿੰਘਾਂ ਦੀ ਰਿਹਾਈ, ਬਰਗਾੜੀ ਮੋਰਚੇ ਦਾ ਇਨਸਾਫ ਤੇ ਬੇਅਦਬੀਆਂ ਖਿਲਾਫ ਸਖ਼ਤ ਕਾਨੂੰਨ ਬਣਾਉਣ ਦੀ ਲੋੜ ਉੱਪਰ ਸਹਿਮਤੀ ਜਤਾਈ ਗਈ। ਮੀਟਿੰਗ ਉਪਰੰਤ ਜ਼ਿਲ੍ਹਾ ਕਚਹਿਰੀਆਂ ਦੇ ਮੁੱਖ ਗੇਟ ਅੱਗੇ ਪ੍ਰਧਾਨ ਮੰਤਰੀ ਮੋਦੀ ਦੀ ਅਰਥੀ ਵੀ ਸਾੜੀ ਗਈ। ਇਸ ਤੋਂ ਇਲਾਵਾ ਇਸ ਸਬੰਧ ਵਿੱਚ ਪੰਦਰਾਂ ਅਗਸਤ ਨੂੰ ਮੋਹਾਲੀ ਵਿਖੇ ਵੱਡੇ ਇਕੱਠ ਵਿੱਚ ਸ਼ਮੂਲੀਅਤ ਦੀ ਸਹਿਮਤੀ ਵੀ ਪ੍ਰਗਟ ਕੀਤੀ ਗਈ।

# ਬਜ਼ਾਰਾਂ 'ਚ ਘੁੰਮ ਰਹੇ ਅਵਾਰਾ ਪਸ਼ੂਆਂ ਤੋਂ ਲੋਕ ਪ੍ਰੇਸ਼ਾਨ, ਪ੍ਰਸ਼ਾਸਨ ਕੁੰਭਕਰਨੀ ਨੀਂਦ ਸੁੱਤਾ



**ਸੰਗਰੂਰ (ਪ੍ਰਵੀਨ ਸਿੰਘ)**-ਸੰਗਰੂਰ ਸ਼ਹਿਰ ਵਿੱਚ ਘੁੰਮ ਰਹੇ ਅਵਾਰਾ ਪਸ਼ੂਆਂ ਵੱਲੋਂ ਮਚਾਏ ਹੜਕੰਪ ਕਾਰਨ ਲੋਕ ਬਹੁਤ ਪ੍ਰੇਸ਼ਾਨ ਨਜ਼ਰ ਆ ਰਹੇ ਹਨ। ਇਨ੍ਹਾਂ ਕਾਰਨ ਰੋਜ਼ਾਨਾ ਸ਼ਹਿਰ ਵਿੱਚ ਜਿੱਥੇ ਹਾਦਸੇ ਵਾਪਰ ਰਹੇ ਹਨ, ਉਥੇ ਬਜ਼ਾਰਾਂ ਵਿੱਚੋਂ ਲੰਘਣ ਵਾਲੇ ਰਾਹਗੀਰਾਂ ਨੂੰ ਵੀ ਬਹੁਤ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਸ਼ਹਿਰ ਦੇ ਸਿਵਲ ਹਸਪਤਾਲ ਸੰਗਰੂਰ ਕੋਲ, ਨਾਭਾ ਗੇਟ, ਸੁਨਾਮੀ ਗੇਟ, ਕਿਸ਼ਨਪੁਰਾ ਰੋਡ, ਪਟਿਆਲਾ ਗੇਟ, ਮੈਗਜ਼ੀਨ ਸਟਰੀਟ, ਸੁੰਦਰ ਬਸਤੀ, ਅਜੀਤ ਨਗਰ ਬਸਤੀ, ਰਾਮ ਨਗਰ ਬਸਤੀ ਤੋਂ ਇਲਾਵਾ ਜਿੱਥੇ ਵੀ ਵੇਖਿਆ ਜਾਵੇ, ਉਥੇ ਹੀ ਅਵਾਰਾ ਪਸ਼ੂਆਂ ਦੀ ਤਦਾਦ ਵੇਖਣ ਨੂੰ ਆਮ ਮਿਲਦੀ ਹੈ। ਸੰਗਰੂਰ ਸ਼ਹਿਰ ਦਾ ਪ੍ਰਸ਼ਾਸਨ ਵੀ ਇਸ ਵੱਲ ਕੋਈ ਧਿਆਨ ਨਹੀਂ ਦੇ ਰਿਹਾ। ਸ਼ਾਇਦ ਕਿਸੇ ਹੋਰ ਵੱਡੇ ਹਾਦਸੇ ਹੋਣ ਦਾ ਇੰਤਜ਼ਾਰ ਕਰ ਰਿਹਾ ਹੈ। ਸੰਗਰੂਰ ਦੇ ਗਊ ਰੱਖਿਆ ਮੰਡਲ ਦੇ ਅਧਿਕਾਰੀ ਜਿੱਥੇ ਗਊ ਮਾਤਾ ਦੀ ਸੇਵਾ ਕਰਨ ਦੇ ਵੱਡੇ-ਵੱਡੇ ਦਾਅਵੇ ਕਰਦੇ ਹਨ, ਉਹ ਵੀ ਖੋਖਲੇ ਸਾਬਿਤ ਹੋ ਰਹੇ ਹਨ, ਕਿਉਂਕਿ ਗਊ ਰੱਖਿਆ ਮੰਡਲ ਸੰਗਰੂਰ ਵੱਲੋਂ ਸੰਗਰੂਰ ਦੀਆਂ ਗਊਸ਼ਾਲਾਵਾਂ ਵਿੱਚ ਜ਼ਿਆਦਾਤਰ ਦੁਧਾਰੂ ਪਸ਼ੂ ਹੀ ਰੱਖੇ ਹੋਏ ਹਨ, ਜੋ ਪਸ਼ੂ ਜਿਵੇਂ ਕਿ ਢੱਠੇ ਤੇ ਗਊਆਂ (ਜੋ ਦੁੱਧ ਨਹੀਂ ਦਿੰਦੀਆਂ) ਨੂੰ ਖੁੱਲੇਆਮ ਸ਼ਹਿਰ ਵਿੱਚ ਰਾਤ ਨੂੰ ਛੱਡ ਦਿੱਤਾ ਜਾਂਦਾ ਹੈ। ਇਸ ਕਰਕੇ ਅਵਾਰਾ ਪਸ਼ੂਆਂ ਦਾ ਕੋਈ ਰਹਿਣ ਬਸੇਰਾ ਨਾ ਹੋਣ ਕਾਰਨ ਅਵਾਰਾ ਪਸ਼ੂ ਸੰਗਰੂਰ ਸ਼ਹਿਰ ਦੇ ਬਜ਼ਾਰਾਂ ਵਿੱਚ ਆਮ ਘੁੰਮਦੇ ਵਿਖਾਈ ਦਿੰਦੇ ਹਨ ਅਤੇ ਰਾਹਗੀਰਾਂ ਤੇ ਦੁਕਾਨਦਾਰਾਂ ਨੂੰ ਬਹੁਤ ਹੀ ਮੁਸੀਬਤਾਂ ਤੇ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

ਇਸ ਸੰਬੰਧੀ ਕਈ ਸਮਾਜ ਸੇਵੀ ਜਥੇਬੰਦੀਆਂ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਸੰਗਰੂਰ ਦੇ ਪ੍ਰਸ਼ਾਸਨਕ ਅਧਿਕਾਰੀਆਂ ਨੂੰ ਵੀ ਇਸ ਵੱਲ ਵਿਸ਼ੇਸ਼ ਧਿਆਨ ਦੇਣਾ ਚਾਹੀਦਾ ਹੈ ਅਤੇ ਗਊ ਰੱਖਿਆ ਮੰਡਲ ਜਾਂ ਅਵਾਰਾ ਪਸ਼ੂਆਂ ਦੀ ਸਾਂਭ-ਸੰਭਾਲ ਲਈ ਨਵੀਂ ਕਮੇਟੀ ਬਣਾ ਕੇ ਇਨ੍ਹਾਂ ਅਵਾਰਾ ਪਸ਼ੂਆਂ ਨੂੰ ਇਨ੍ਹਾਂ ਦੇ ਰਹਿਣ-ਬਸੇਰੇ ਵਾਲੀ ਥਾਂ 'ਤੇ ਛੱਡ ਦੇਣਾ ਚਾਹੀਦਾ ਹੈ। ਹੁਣ ਵੇਖਣਾ ਇਹ ਕਿ ਸੰਗਰੂਰ ਦੇ ਪ੍ਰਸ਼ਾਸਨਕ ਅਧਿਕਾਰੀ ਇਸ ਖਬਰ ਦੇ ਪ੍ਰਕਾਸ਼ਿਤ ਹੋਣ ਨਾਲ ਸੁੱਤੀ ਪਈ ਕੁੰਭਕਰਨੀ ਨੀਂਦ ਤੋਂ ਜਾਗਣਗੇ ਜਾਂ ਪਰਨਾਲਾ ਉਥੇ ਦਾ ਉਥੇ ਹੀ ਰਹੇਗਾ, ਇਹ ਤਾਂ ਆਉਣ ਵਾਲਾ ਸਮਾਂ ਹੀ ਦੱਸੇਗਾ।

# ਮੋਦੀ ਸਰਕਾਰ ਆਦਿਵਾਸੀਆਂ 'ਤੇ ਅੰਨ੍ਹਾ ਜਬਰ ਢਾਹੁਣਾ ਬੰਦ ਕਰੇ : ਬਲੌਰ ਸਿੰਘ, ਇਕਬਾਲ ਸਿੰਘ



**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਜ਼ਿਲ੍ਹਾ ਕਮੇਟੀ ਮੋਗਾ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਅਮਰਜੀਤ ਸਿੰਘ ਸੈਦੋਕੇ ਦੀ ਪ੍ਰਧਾਨਗੀ ਹੇਠ ਦਾਣਾ ਮੰਡੀ ਮੋਗਾ ਵਿਖੇ ਹੋਈ। ਮੀਟਿੰਗ 'ਚ ਆਗੂਆਂ ਨੇ ਦੱਸਿਆ ਕਿ ਮੋਦੀ ਸਰਕਾਰ ਜੰਗਲੀ ਖੇਤਰਾਂ ਅੰਦਰ ਆਦਿਵਾਸੀਆਂ 'ਤੇ ਅੰਨ੍ਹਾ ਜਬਰ ਢਾਅ ਰਹੀ ਹੈ। ਹਰ ਰੋਜ਼ ਇਨ੍ਹਾਂ ਇਲਾਕਿਆਂ ਵਿੱਚ ਪੁਲਸ ਤੇ ਫੌਜ ਵੱਲੋਂ ਕੀਤੇ ਕਤਲੇਆਮ ਦੀਆਂ ਖਬਰਾਂ ਆ ਰਹੀਆਂ ਹਨ। ਆਦਿਵਾਸੀਆਂ ਦੇ ਹੱਕ ਵਿੱਚ ਬੋਲਣ ਵਾਲੇ ਜਮਹੂਰੀ ਹੱਕਾਂ ਦੇ ਕਾਰਕੁੰਨ, ਵਕੀਲ ਤੇ ਪੱਤਰਕਾਰ ਸਾਰੇ ਹੀ ਹਕੂਮਤੀ ਜਬਰ ਦੀ ਮਾਰ ਹੇਠ ਹਨ। ਪੰਜਾਬ ਦੀਆਂ ਕਿਸਾਨਾਂ ਤੇ ਮਜ਼ਦੂਰਾਂ ਨਾਲ ਸੰਬੰਧਤ ਕਈ ਜਥੇਬੰਦੀਆਂ ਵੱਲੋਂ 08/08/25 ਨੂੰ ਮੋਗਾ ਦੀ ਦਾਣਾ ਮੰਡੀ ਵਿੱਚ ਆਦਿਵਾਸੀ ਲੋਕਾਂ ਤੇ ਇਨ੍ਹਾਂ ਦੇ ਸੰਗੀਆਂ ਤੇ ਮੋਦੀ ਸਰਕਾਰ ਵੱਲੋਂ ਕੀਤੇ ਜਾ ਰਹੇ ਅੰਨੇ ਜਬਰ ਦੇ ਖਿਲਾਫ ਕੀਤੀ ਜਾ ਵਿਸ਼ਾਲ ਰੈਲੀ ਤੇ ਮੁਜ਼ਾਹਰਾ ਵਿੱਚ ਬੀਕੇਯੂ ਏਕਤਾ ਉਗਰਾਹਾਂ ਮੋਗਾ ਜ਼ਿਲ੍ਹੇ ਵੱਲੋਂ ਕਿਸਾਨ, ਮਜ਼ਦੂਰ, ਨੌਜਵਾਨ ਤੇ ਔਰਤਾਂ ਸ਼ਾਮਲ ਕਰਾਵਾਂਗੇ। ਆਗੂਆਂ ਨੇ ਕਿਹਾ ਕਿ ਕਿਸਾਨਾਂ ਦੀਆਂ ਜ਼ਮੀਨਾਂ ਤੇ ਕਾਰਪੋਰੇਟਾਂ ਦਾ ਹੱਲਾ ਮੁਲਕ ਪੱਧਰਾ ਹੈ ਅਤੇ ਪੰਜਾਬ ਸਰਕਾਰ ਵੱਲੋਂ 116 ਪਿੰਡਾਂ ਦੀ ਜ਼ਮੀਨ ਖੋਹਣ ਲਈ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਗਿਆ ਹੈ। ਹੈਰਾਨੀ ਦੀ ਗੱਲ ਹੈ ਕਿ ਕਿਸਾਨਾਂ ਨੂੰ ਉਨ੍ਹਾਂ ਦੀਆਂ ਜ਼ਮੀਨਾਂ ਦਾ ਇੱਕ ਧੇਲਾ ਵੀ ਨਹੀਂ ਦੇਣਾ। ਸੰਯੁਕਤ ਕਿਸਾਨ ਮੋਰਚੇ ਵੱਲੋਂ ਪੰਜਾਬ ਸਰਕਾਰ ਦੀ ਇਸ ਨੀਤੀ ਖਿਲਾਫ 24 ਅਗਸਤ ਨੂੰ ਮੁੱਲਾਂਪੁਰ ਵਿੱਚ ਕੀਤੀ ਜਾ ਰਹੀ ਮਹਾਂ ਪੰਚਾਇਤ ਵਿੱਚ ਜਥੇਬੰਦੀ ਭਰਵੀਂ ਸ਼ਮੂਲੀਅਤ ਕਰੇਗੀ। ਆਗੂਆਂ ਨੇ ਕਿਹਾ ਕਿ ਜ਼ਿਲ੍ਹਾ ਮੋਗਾ ਦੇ ਕਈ ਪਿੰਡਾਂ ਵਿੱਚ ਸਰਕਾਰ ਵੱਲੋਂ ਕੱਢੀਆਂ ਉੱਚੀਆਂ ਸੜਕਾਂ ਕਰਕੇ ਤੇ ਸਮੇਂ ਸਿਰ ਡਰੇਨ ਦੀ ਸਫਾਈ ਨਾ ਹੋਣ ਕਰਕੇ ਪਿਛਲੇ ਦਿਨੀਂ ਮੀਂਹ ਪੈਣ ਕਰਕੇ ਕਿਸਾਨਾਂ ਦੀ ਝੋਨੇ ਦੀ ਫ਼ਸਲ ਮਾਰੀ ਗਈ। ਜਥੇਬੰਦੀ ਮੰਗ ਕਰਦੀ ਹੈ ਕਿ ਸਰਕਾਰ ਫਸਲਾਂ ਦੀ ਗਿਰਦਾਵਰੀ ਕਰਵਾ ਕੇ ਫਸਲਾਂ ਦਾ ਮੁਆਵਜ਼ਾ ਤੁਰੰਤ ਦਿੱਤਾ ਜਾਵੇ। ਇਸ ਮੀਟਿੰਗ ਵਿੱਚ ਗੁਰਮੀਤ ਸਿੰਘ ਕਿਸ਼ਨਪੁਰਾ, ਬਲੌਰ ਸਿੰਘ ਘੱਲਕਲਾਂ, ਜੰਗੀਰ ਸਿੰਘ ਹਿੰਮਤਪੁਰਾ, ਗੁਰਦੇਵ ਸਿੰਘ ਕਿਸ਼ਨਪੁਰਾ, ਇਕਬਾਲ ਸਿੰਘ ਸਿੰਘਾਵਾਲਾ, ਗੁਰਦਾਸ ਸਿੰਘ ਸੇਖਾ, ਬੂਟਾ ਸਿੰਘ ਭਾਗੀਕੇ, ਸੁਖਵਿੰਦਰ ਸਿੰਘ ਲੰਗੇਆਣਾ, ਜਸਵਿੰਦਰ ਸਿੰਘ ਘੱਲ ਕਲਾਂ, ਜਗਜੀਤ ਸਿੰਘ ਕੋਕਰੀ ਕਲਾਂ, ਲਖਵੀਰ ਸਿੰਘ ਚੜਿੱਕ, ਅਜੀਤ ਸਿੰਘ ਡੇਮਰੂ, ਕੇਵਲ ਕ੍ਰਿਸ਼ਨ ਬੱਧਨੀ ਕਲਾਂ, ਬਚਿੱਤਰ ਕੌਰ ਤਲਵੰਡੀ ਮੱਲੀਆਂ, ਕਰਮਜੀਤ ਕੌਰ ਹਿੰਮਤਪੁਰਾ, ਗੁਰਚਰਨ ਸਿੰਘ, ਲਖਵੀਰ ਸਿੰਘ ਖੋਸਾ, ਸੁਰਜੀਤ ਸਿੰਘ ਦੁੱਨੇਕੇ, ਗੁਰਪ੍ਰੀਤ ਸਿੰਘ, ਗੁਰਦੇਵ ਸਿੰਘ ਡੇਮਰੂ ਸ਼ਾਮਲ ਹੋਏ।

# ਅਧਿਆਪਕ ਮਸਲੇ ਹੱਲ ਨਾ ਕੀਤੇ ਜਾਣ 'ਤੇ 8 ਨੂੰ ਦਿੱਤਾ ਜਾਵੇਗਾ ਧਰਨਾ : ਜੀ ਟੀ ਯੂ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਜ਼ਿਲ੍ਹਾ ਪਟਿਆਲਾ ਅੰਦਰ ਲੰਬੇ ਸਮੇਂ ਤੋਂ ਅਧਿਆਪਕ ਪ੍ਰਮੋਸ਼ਨਾਂ ਲਈ ਤਰਸ ਰਹੇ ਹਨ, ਪਰ ਜ਼ਿਲ੍ਹਾ ਸਿੱਖਿਆ ਅਫਸਰ ਪ੍ਰਾਇਮਰੀ ਅਧਿਆਪਕਾਂ ਦੀਆਂ ਮੰਗਾਂ ਪ੍ਰਤੀ ਬਿਲਕੁਲ ਵੀ ਗੰਭੀਰ ਨਹੀਂ ਹੈ। ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਗੌਰਮਿੰਟ ਟੀਚਰਜ਼ ਯੂਨੀਅਨ ਪਟਿਆਲਾ ਦੇ ਜ਼ਿਲ੍ਹਾ ਪ੍ਰਧਾਨ ਜਸਵਿੰਦਰ ਸਿੰਘ ਸਮਾਣਾ ਤੇ ਜਨਰਲ ਸਕੱਤਰ ਪਰਮਜੀਤ ਸਿੰਘ ਪਟਿਆਲਾ ਨੇ ਦੱਸਿਆ ਕਿ ਜ਼ਿਲ੍ਹਾ ਸਿੱਖਿਆ ਅਫਸਰ ਪ੍ਰਾਇਮਰੀ ਨਾਲ ਅਧਿਆਪਕਾਂ ਦੀਆਂ ਮੰਗਾਂ ਦੇ ਸਬੰਧ ਵਿੱਚ ਕਈ ਵਾਰ ਮੀਟਿੰਗਾਂ ਹੋ ਚੁੱਕੀਆਂ ਹਨ, ਪਰ ਜ਼ਿਲ੍ਹਾ ਸਿੱਖਿਆ ਅਫਸਰ ਪ੍ਰਾਇਮਰੀ ਅਧਿਆਪਕਾਂ ਦੀਆਂ ਮੰਗਾਂ 'ਤੇ ਗੰਭੀਰ ਨਹੀਂ ਹਨ। ਉਨ੍ਹਾਂ ਕਿਹਾ ਕਿ ਅਧਿਆਪਕ ਤਰੱਕੀਆਂ ਦੀ ਉਡੀਕ ਵਿੱਚ ਵੱਡੇ ਪੱਧਰ 'ਤੇ ਰਿਟਾਇਰ ਹੋ ਰਹੇ ਹਨ, ਨਾ ਹੀ ਈਟੀਟੀ ਤੋਂ ਹੈੱਡ ਟੀਚਰ ਤੇ ਨਾ ਹੀ ਹੈੱਡ ਟੀਚਰ ਤੋਂ ਸੈਂਟਰ ਹੈੱਡ ਟੀਚਰ ਦੀਆਂ ਤਰੱਕੀਆਂ ਹੋ ਰਹੀਆਂ ਹਨ, ਜਿਸ ਕਾਰਨ ਅਧਿਆਪਕਾਂ ਵਿੱਚ ਨਿਰਾਸ਼ਾ ਦਾ ਆਲਮ ਹੈ। ਉਨ੍ਹਾਂ ਕਿਹਾ ਕਿ ਆਪਣੇ ਹੱਕਾਂ ਦੀ ਪ੍ਰਾਪਤੀ ਲਈ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਇਕਾਈ ਪਟਿਆਲਾ ਵੱਲੋਂ 8 ਅਗਸਤ ਨੂੰ ਜ਼ਿਲ੍ਹਾ ਸਿੱਖਿਆ ਅਫਸਰ ਪ੍ਰਾਇਮਰੀ ਦੇ ਦਫ਼ਤਰ ਅੱਗੇ ਧਰਨਾ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਜੇਕਰ ਅਧਿਆਪਕਾਂ ਦੀਆਂ ਮੰਗਾਂ ਦਾ ਕੋਈ ਹੱਲ ਨਾ ਹੋਇਆ ਤਾਂ ਸੰਘਰਸ਼ ਤੇਜ਼ ਕੀਤਾ ਜਾਵੇਗਾ। ਇਸ ਸਮੇਂ ਦੀਦਾਰ ਪਟਿਆਲਾ, ਹਿੰਮਤ ਸਿੰਘ ਖੋਖ, ਨਿਰਭੈ ਜਰਗ, ਬਲਜੀਤ ਸਿੰਘ ਖੁਰਮੀ, ਗੁਰਵਿੰਦਰ ਸਿੰਘ ਜਨਹੇੜੀਆਂ, ਸ਼ਿਵਪ੍ਰੀਤ ਪਟਿਆਲਾ, ਭੀਮ ਸਿੰਘ ਸਮਾਣਾ, ਗੁਰਵਿੰਦਰ ਸਿੰਘ ਬੁਜਰਕ, ਪਰਮਿੰਦਰ ਸਿੰਘ ਰਾਠੀਆਂ, ਟਹਿਲਵੀਰ ਸਿੰਘ ਕਰਮਿੰਦਰ ਸਿੰਘ, ਨਰੇਸ਼ ਕੁਮਾਰ ਬਹਾਦਰਗੜ੍ਹ, ਵਿਕਾਸ ਸਹਿਗਲ ਨਾਭਾ, ਜਸਪ੍ਰੀਤ ਸਿੰਘ ਭਾਟੀਆ, ਮਨਦੀਪ ਕਾਲੇਕੇ, ਸੁਖਜਿੰਦਰ ਸਿੰਘ ਸ਼ੇਖਪੁਰਾ, ਗੁਰਪ੍ਰੀਤ ਸਿੰਘ ਸਿੱਧੂ, ਗੁਰਪ੍ਰੀਤ ਸਿੰਘ ਵਜੀਦਪੁਰ, ਜਸਵੀਰ ਪਟਿਆਲਾ ਸਾਥੀ ਵੱਡੀ ਗਿਣਤੀ ਵਿੱਚ ਹਾਜ਼ਰ ਰਹੇ।

# ਨੇਕੀ ਫਾਊਂਡੇਸ਼ਨ ਦੇ ਉੱਦਮ ਸਦਕਾ 150 ਹੋਰ ਚਿਹਰਿਆਂ ਨੂੰ ਮਿਲੀ ਉਮੀਦ

**ਬੁਢਲਾਡਾ (ਅਸ਼ੋਕ ਲਾਕੜਾ)**-ਨੇਕੀ ਫਾਊਂਡੇਸ਼ਨ ਵੱਲੋਂ ਡਾ. ਕ੍ਰਿਸ਼ਨ ਚੰਦ ਗਰਗ ਯਾਦਗਾਰੀ ਨੇਕੀ ਆਸ਼ਰਮ ਵਿੱਚ ਬਜ਼ੁਰਗਾਂ ਤੇ ਦਿਵਿਆਂਗ ਵਿਅਕਤੀਆਂ ਨੂੰ ਸਹਾਇਤਾ ਉਪਕਰਨ ਵੰਡਣ ਲਈ ਅਲਿਮਕੋ ਦੇ ਸਹਿਯੋਗ ਨਾਲ ਰਜਿਸਟ੍ਰੇਸ਼ਨ ਅਤੇ ਅਸੈੱਸਮੈਂਟ ਕੈਂਪ ਲਾਇਆ ਗਿਆ, ਜਿੱਥੇ 150 ਲੋੜਵੰਦ ਬਜ਼ੁਰਗਾਂ ਤੇ ਦਿਵਿਆਂਗ ਨੂੰ ਸਹਾਇਤਾ ਉਪਕਰਨਾਂ ਲਈ ਰਜਿਸਟਰਡ ਕੀਤਾ ਗਿਆ। ਨੇਕੀ ਫਾਊਂਡੇਸ਼ਨ ਦੇ ਮੈਂਬਰਾਂ ਨੇ ਦੱਸਿਆ ਕਿ ਕੈਂਪ 'ਚ ਆਉਣ ਵਾਲੇ ਵਿਅਕਤੀਆਂ ਨੂੰ ਆਉਣ ਵਾਲੇ ਦਿਨਾਂ ਵਿੱਚ ਕੰਨਾਂ ਦੀਆਂ ਮਸ਼ੀਨਾਂ, ਵਹੀਲ ਚੇਅਰ, ਕਮੋਡ ਚੇਅਰ, ਬੈਲਟ, ਬੈਟਰੀ ਵਾਲਾ ਟਰਾਈਸਾਈਕਲ, ਟਰਾਈਸਾਈਕਲ, ਬਲਾਇੰਡ ਸਟੂਡੈਂਟ ਨੂੰ ਸਮਾਰਟ ਫ਼ੋਨ, ਕੈਲੀਪਰ, ਫਹੁੜੀਆਂ ਆਦਿ ਸਮਾਨ ਵੰਡਿਆ ਜਾਵੇਗਾ। ਉਨ੍ਹਾਂ ਦੱਸਿਆ ਕਿ ਸੰਸਥਾ ਹੁਣ ਤੱਕ ਚਾਰ ਕਰੋੜ ਰੁਪਏ ਦਾ ਸਮਾਨ ਕੇਂਦਰ ਸਰਕਾਰ ਦੀ ਮਦਦ ਨਾਲ ਅਡਿਪ ਤੇ ਆਰ ਵੀ ਵਾਈ ਯੋਜਨਾ ਅਧੀਨ ਵੰਡ ਚੁੱਕੀ ਹੈ। ਨੇਕੀ ਟੀਮ ਵੱਲੋਂ ਕੈਂਪ ਵਿੱਚ ਪਹੁੰਚੀ ਡਾਕਟਰਾਂ ਦੀ ਟੀਮ, ਮੈਨੇਜਰ ਵਿਨੈ ਭਾਰਦਵਾਜ, ਵਲੰਟੀਅਰਾਂ ਤੇ ਪਤਵੰਤਿਆਂ ਦਾ ਧੰਨਵਾਦ ਕੀਤਾ ਗਿਆ।

# ਮੁੱਖ ਮੰਤਰੀ ਦੇ ਸਾਬਕਾ ਓ ਐੱਸ ਡੀ ਵੱਲੋਂ ਲੈਂਡ ਪੂਲਿੰਗ ਨੀਤੀ ਦਾ ਵਿਰੋਧ

- **ਲੈਂਡ ਪੂਲਿੰਗ ਨੀਤੀ ਦਿੱਲੀ ਵਾਲਿਆਂ ਨਜਾਇਜ਼ ਫ਼ਾਇਦਾ ਲੈਣ ਲਈ ਬਣਾਈ : ਉਂਕਾਰ ਸਿੱਧੂ**



**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਪੰਜਾਬ ਦੇ ਮੁੱਖ ਮੰਤਰੀ ਦੇ ਸਾਬਕਾ ਓ.ਐੱਸ.ਡੀ. ਪ੍ਰੋਫ਼ੈਸਰ ਉਂਕਾਰ ਸਿੰਘ ਸਿੱਧੂ ਨੇ ਪੰਜਾਬ ਸਰਕਾਰ ਵੱਲੋਂ ਲਿਆਂਦੀ ਗਈ 'ਲੈਂਡ ਪੂਲਿੰਗ ਨੀਤੀ 2025' ਵਿਰੁੱਧ ਖੁੱਲ੍ਹ ਕੇ ਆਵਾਜ਼ ਬੁਲੰਦ ਕਰਦਿਆਂ ਕਿਹਾ ਕਿ ਇਹ ਨੀਤੀ ਕਿਸਾਨਾਂ ਦੇ ਹਿੱਤ ਵਿੱਚ ਨਹੀਂ, ਸਗੋਂ ਦਿੱਲੀ ਦੀ ਆਮ ਆਦਮੀ ਪਾਰਟੀ ਦੀ ਲੀਡਰਸ਼ਿਪ ਵੱਲੋਂ ਨਿੱਜੀ ਤੇ ਵਪਾਰਕ ਮਕਸਦਾਂ ਲਈ ਤਿਆਰ ਕੀਤੀ ਗਈ ਇੱਕ ਚਾਲ ਹੈ। ਉਨ੍ਹਾਂ ਆਪਣੇ ਸੋਸ਼ਲ ਮੀਡੀਆ ਅਕਾਊਂਟ 'ਐਕਸ' 'ਤੇ ਟਵੀਟ ਕਰਦਿਆਂ ਸਪੱਸ਼ਟ ਕੀਤਾ ਕਿ ਇਹ ਨੀਤੀ ਕਿਸਾਨਾਂ ਦੀ ਜ਼ਮੀਨ ਨੂੰ ਜਬਰੀ ਖੋਹਣ ਦੀ ਕੋਸ਼ਿਸ਼ ਹੈ। ਉਨ੍ਹਾਂ ਆਲੋਚਨਾ ਕਰਦਿਆਂ ਕਿਹਾ ਕਿ ਜੋ ਆਮ ਆਦਮੀ ਪਾਰਟੀ ਕਿਸਾਨਾਂ ਨੂੰ ਐੱਮ.ਐੱਸ.ਪੀ. ਦੇਣ ਦੇ ਵਾਅਦੇ ਕਰਕੇ ਪੰਜਾਬ ਵਿੱਚ ਸੱਤਾ 'ਚ ਆਈ ਸੀ, ਅੱਜ ਉਹੀ ਸਰਕਾਰ ਕਿਸਾਨੀ ਦੇ ਵਿਰੁੱਧ ਨੀਤੀਆਂ ਬਣਾਉਣ 'ਚ ਲੱਗੀ ਹੋਈ ਹੈ। ਇਸ ਪ੍ਰਤੀਨਿਧ ਨਾਲ ਫ਼ੋਨ 'ਤੇ ਗੱਲਬਾਤ ਦੌਰਾਨ ਸਿੱਧੂ ਨੇ ਆਖਿਆ ਕਿ ਇਸ ਨੀਤੀ ਵਿਰੁੱਧ ਸਿਰਫ਼ ਕਿਸਾਨਾਂ ਦੀ ਹੀ ਨਹੀਂ, ਸਾਰੇ ਪੰਜਾਬ ਦੀ ਲੜਾਈ ਹੈ। ਪੰਜਾਬ ਦੀ ਜ਼ਮੀਨ 'ਤੇ ਹੱਕ ਸਿਰਫ਼ ਪੰਜਾਬੀਆਂ ਦਾ ਹੈ। ਉਨ੍ਹਾਂ ਕਿਹਾ ਕਿ ਦਿੱਲੀ ਲੀਡਰਸ਼ਿਪ ਲੋਕਮਾਰੂ ਨੀਤੀਆਂ ਨੂੰ ਪੰਜਾਬ ਦੇ ਲੋਕ ਕਦੇ ਵੀ ਸਵੀਕਾਰ ਨਹੀਂ ਕਰਨਗੇ। ਇਤਿਹਾਸ ਨੇ ਵੀ ਇਹ ਸਾਬਿਤ ਕੀਤਾ ਹੈ ਕਿ ਪੰਜਾਬ ਨੇ ਕਦੇ ਵੀ ਦਿੱਲੀ ਦੀ ਈਨ ਨਹੀਂ ਮੰਨੀ ਅਤੇ ਨਾ ਹੀ ਅਗਾਂਹ ਮੰਨੇਗਾ। ਸਾਬਕਾ ਓ.ਐੱਸ.ਡੀ. ਨੇ ਕਿਸਾਨਾਂ, ਜਥੇਬੰਦੀਆਂ ਤੇ ਸਿਵਲ ਸਮਾਜ ਨੂੰ ਅਪੀਲ ਕੀਤੀ ਕਿ ਜ਼ਮੀਨ ਬਚਾਉ ਲਹਿਰ ਨੂੰ ਮਜ਼ਬੂਤ ਕੀਤਾ ਜਾਵੇ ਤੇ ਇਸ ਨੀਤੀ ਦੀ ਵਿਰੋਧੀ ਲਹਿਰ ਨੂੰ ਸੂਬਾ ਪੱਧਰ 'ਤੇ ਰੂਪ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਅਸਲ ਲੜਾਈ ਅੱਜ ਪੰਜਾਬ ਦੀ ਮਿੱਟੀ ਨੂੰ ਬਚਾਉਣ ਦੀ ਹੈ, ਜਿਸ ਵਿੱਚ ਹਰ ਪੰਜਾਬੀ ਦੀ ਭੂਮਿਕਾ ਜ਼ਰੂਰੀ ਹੈ। ਪ੍ਰੋਫ਼ੈਸਰ ਉਂਕਾਰ ਸਿੱਧੂ ਵੱਲੋਂ ਆਏ ਇਸ ਬਿਆਨ ਨੇ ਇੱਕ ਵਾਰ ਫਿਰ ਲੈਂਡ ਪੂਲਿੰਗ ਪਾਲਸੀ 'ਤੇ ਚਰਚਾ ਤੇ ਵਿਰੋਧ ਦੀ ਚਿੰਗਾਰੀ ਨੂੰ ਹੋਰ ਹਵਾ ਦੇ ਦਿੱਤੀ ਹੈ। ਹੁਣ ਵੇਖਣ ਵਾਲੀ ਗੱਲ ਇਹ ਰਹਿ ਜਾਂਦੀ ਹੈ ਕਿ ਪੰਜਾਬ ਸਰਕਾਰ ਇਸ ਵਿਰੋਧ ਦਾ ਕਿਵੇਂ ਜਵਾਬ ਦਿੰਦੀ ਹੈ।

# ਪੰਜਾਬੀ ਸਾਹਿਤ ਸਭਾ ਕਾਲਾਂਵਾਲੀ ਦੀ ਨਵੀਂ ਕਾਰਜਕਾਰਨੀ ਗਠਤ

## ਭੁਪਿੰਦਰ ਪੰਨੀਵਾਲੀਆ ਪ੍ਰਧਾਨ ਤੇ ਬਿੱਟੂ ਮਲਕਪੁਰਾ ਜਨਰਲ ਸਕੱਤਰ ਬਣੇ



**ਸਿਰਸਾ (ਸੁਰਿੰਦਰ ਪਾਲ ਸਿੰਘ)**-ਕਾਲਾਂਵਾਲੀ ਦੀ ਜੰਗੀਰ ਕਲੋਨੀ ਸਥਿਤ ਪਬਲਿਕ ਲਾਇਬ੍ਰੇਰੀ ਵਿਖੇ ਪੰਜਾਬੀ ਸਾਹਿਤ ਸਭਾ ਕਾਲਾਂਵਾਲੀ ਦੀ ਵਿਸ਼ੇਸ਼ ਮੀਟਿੰਗ ਸਭਾ ਦੇ ਸੀਨੀਅਰ ਮੈਂਬਰ ਮਾ: ਬੂਟਾ ਸਿੰਘ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਸਭਾ ਦੇ ਜਨਰਲ ਸਕੱਤਰ ਮਾ: ਸੁਰਿੰਦਰ ਪਾਲ ਸਿੰਘ ਦਾ ਸਭਾ ਦੇ ਸਰਪ੍ਰਸਤ ਵਜੋਂ ਅਸਤੀਫ਼ਾ ਪ੍ਰਵਾਨ ਕਰਨ ਉਪਰੰਤ ਸਾਹਿਤ ਸਭਾ ਦੀ ਦੋ ਸਾਲਾਂ ਲਈ ਚੋਣ ਕੀਤੀ ਗਈ। ਪੰਜਾਬੀ ਸਾਹਿਤ ਸਭਾ ਦੀ ਦੋ ਸਾਲਾਂ ਲਈ ਚੋਣ ਵਿੱਚ ਸਰਪ੍ਰਸਤ ਗੁਰਦਿਆਲ ਸਿੰਘ ਪਾਲਨਾ, ਸਲਾਹਕਾਰ ਮਾ: ਸੁਰਿੰਦਰਪਾਲ ਸਿੰਘ, ਪ੍ਰਧਾਨ ਭੁਪਿੰਦਰ ਸਿੰਘ ਪੰਨੀਵਾਲੀਆ, ਜਨਰਲ ਸਕੱਤਰ ਬਿੱਟੂ ਮਲਕਪੁਰਾ, ਖਜ਼ਾਨਚੀ ਜਗਤਾਰ ਸਿੰਘ ਤਾਰੀ, ਉੱਪ ਪ੍ਰਧਾਨ ਅਜਾਇਬ ਜਲਾਲਣਾ ਤੇ ਮਾ: ਬੂਟਾ ਸਿੰਘ, ਸਕੱਤਰ ਡਾ: ਸਿਕੰਦਰ ਸਿੰਘ ਸਿੱਧੂ ਅਤੇ ਹਰਜੀਤ ਸਿੰਘ ਸਰਾਂ, ਪ੍ਰਚਾਰ ਸਕੱਤਰ ਭੁਪਿੰਦਰ ਸਰਾਂ ਨੂੰ ਚੁਣਿਆ ਗਿਆ। ਇਸ ਤੋਂ ਇਲਾਵਾ ਹਰਦੇਵ ਸਿੰਘ ਸਿੱਧੂ, ਜਗਦੀਸ਼ ਸਿੰਘਪੁਰਾ, ਮੁਲਖ ਸਿੰਘ ਪਿੱਪਲੀ, ਅਜੀਤਪਾਲ ਜੀਤਾ, ਜੱਗਾ ਜਗਮਾਲਵਾਲੀਆ, ਹਰਗੋਬਿੰਦ ਸਿੰਘ ਦੇਸੂ, ਹਰਚਰਨ ਗਿੱਲ, ਜੱਗਾ ਸਿੰਘ ਤਾਰੂਆਣਾ, ਲਖਵਿੰਦਰ ਸਿੰਘ ਪਾਲਣਾ, ਕੇਸ਼ਵ ਦੱਤ, ਮੈਡਮ ਜਸਵੰਤ ਕੌਰ, ਨਵਜੋਤ ਕੌਰ, ਜਸਪਾਲ ਕੌਰ, ਮੈਂਬਰ ਚੁਣੇ ਗਏ। ਇਸ ਮੀਟਿੰਗ ਵਿੱਚ ਸਭਾ ਦੇ ਖਜ਼ਾਨਚੀ ਨਾਇਬ ਸਿੰਘ ਗਿੱਲ ਦੇ ਅਚਾਨਕ ਦੇਹਾਂਤ ’ਤੇ ਡੂੰਘਾ ਦੁੱਖ ਪ੍ਰਗਟ ਕੀਤਾ ਗਿਆ ਤੇ ਦੋ ਮਿੰਟ ਦਾ ਮੌਨ ਧਾਰਨ ਕਰਕੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।

# ਸ੍ਰੀ ਗੁਰੂ ਰਵਿਦਾਸ ਭਵਨ ਵਿਖੇ ਲੈਂਡ ਪੂਲਿੰਗ ਨੀਤੀ ’ਤੇ ਜਨਤਕ ਕਨਵੈਨਸ਼ਨ

## ਇਹ ਨੀਤੀ ਕਿਸਾਨਾਂ ਨੂੰ ਜ਼ਮੀਨਾਂ ਤੋਂ ਉਜਾੜਨ ਵਾਲੀ : ਆਗੂ



**ਨਾਭਾ (ਵਰਿੰਦਰ ਵਰਮਾ)**-ਡੇਰਾ ਸ੍ਰੀ ਗੁਰੂ ਰਵਿਦਾਸ ਭਵਨ ਵਿਖੇ ਖੇਤੀਬਾੜੀ ਤੇ ਕਿਸਾਨ ਵਿਕਾਸ ਫਰੰਟ ਪੰਜਾਬ ਅਤੇ ਕੁਦਰਤ ਮਾਨਵ ਕੇਂਦਰ ਲੋਕ ਲਹਿਰ ਵੱਲੋ ਲੈਂਡ ਪੂਲਿੰਗ ਨੀਤੀ ਤੇ ਸੰਭਾਵੀ ਭਾਰਤ-ਅਮਰੀਕਾ ਵਪਾਰ ਸੰਧੀ ਦੇ ਖੇਤੀਬਾੜੀ, ਡੇਅਰੀ ਤੇ ਪੋਲਟਰੀ ਧੰਦਿਆਂ ਉਪਰ ਪੈਣ ਵਾਲੇ ਪ੍ਰਭਾਵਾਂ ਬਾਰੇ ਇੱਕ ਜਨਤਕ ਕਨਵੈਨਸ਼ਨ ਕੀਤੀ ਗਈ, ਜਿਸ ਵਿੱਚ ਵੱਖ ਵੱਖ ਕਿਸਾਨ ਜਥੇਬੰਦੀਆਂ ਦੇ ਆਗੂਆਂ ਤੇ ਵਰਕਰਾਂ ਨੇ ਭਰਵੀਂ ਸ਼ਿਰਕਤ ਕੀਤੀ।ਕਨਵੈਨਸ਼ਨ ਨੂੰ ਸੰਬੋਧਨ ਕਰਦਿਆਂ ਖੇਤੀਬਾੜੀ ਤੇ ਕਿਸਾਨ ਵਿਕਾਸ ਫਰੰਟ ਦੇ ਆਗੂ ਸੁਖਦੇਵ ਸਿੰਘ ਭੁਪਾਲ ਨੇ ਆਖਿਆ ਕਿ ਲੈਂਡ ਪੂਲਿੰਗ ਨੀਤੀ ਨਾ ਕੇਵਲ ਕਿਸਾਨ ਵਿਰੋਧੀ ਹੈ, ਸਗੋਂ ਇਹ ਵਾਤਾਵਰਣ ਤੇ ਸਮੁੱਚੇ ਪੰਜਾਬੀ ਸਮਾਜ ਦੇ ਵੀ ਵਿਰੁੱਧ ਹੈ।ਉਨ੍ਹਾਂ ਕਿਹਾ ਕਿ ਇਹ ਨੀਤੀ ਪੰਜਾਬ ਦੇ ਕਿਸਾਨਾਂ ਨੂੰ ਜ਼ਮੀਨਾਂ ਤੋਂ ਉਜਾੜਨ ਵਾਲੀ ਹੈ ਅਤੇ ਸ਼ਹਿਰੀਕਰਨ ਤੇ ਸਨਅਤੀਕਰਨ ਦੇ ਨਾਂ ’ਤੇ ਲੋਕਾਂ ਦੀਆਂ ਅੱਖਾਂ ਵਿੱਚ ਘੱਟਾ ਪਾਇਆ ਜਾ ਰਿਹਾ ਹੈ।ਕਿਰਤੀ ਕਿਸਾਨ ਯੂਨੀਅਨ ਦੇ ਆਗੂ ਦਵਿੰਦਰ ਸਿੰਘ ਪੂਨੀਆ ਨੇ ਪੰਜਾਬ ਦੇ ਲੋਕਾਂ ਨੂੰ ਅਪਣੇ ਅਮੀਰ ਵਿਰਸੇ ਦੀ ਸੇਧ ਲੈ ਕੇ ਅਜਿਹੇ ਖਤਰਿਆਂ ਦਾ ਜਵਾਬ ਦੇਣ ਦਾ ਹੋਕਾ ਦਿੱਤਾ।ਭਾਰਤੀ ਕਿਸਾਨ ਯੂਨੀਅਨ (ਰਾਜੇਵਾਲ) ਦੇ ਆਗੂ ਹਰਦੀਪ ਸਿੰਘ ਘਨੂੰੜਕੀ ਨੇ ਪਿੰਡਾਂ ਦੀਆਂ ਸੱਥਾਂ ਵਿੱਚ ਲੈਂਡ ਪੂਲਿੰਗ ਨੀਤੀ ਤੇ ਵਪਾਰ ਸਮਝੌਤੇ ਬਾਰੇ ਵਿਚਾਰ ਚਰਚਾ ਦੀ ਮੁਹਿੰਮ ਚਲਾਉਣ ਉੱਪਰ ਜ਼ੋਰ ਦਿੱਤਾ।ਵਿਚਾਰ ਗੋਸ਼ਟੀ ਵਿੱਚ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਗੁਰਮੀਤ ਸਿੰਘ ਦਿੱਤੂਪੁਰ, ਭਾਰਤੀ ਕਿਸਾਨ ਯੂਨੀਅਨ (ਡਕੌਂਦਾ) ਦੇ ਨਿਰਮਲ ਸਿੰਘ ਨਰਮਾਣਾ, ਕੁੱਲ ਹਿੰਦ ਕਿਸਾਨ ਸਭਾ ਦੇ ਗੁਰਮੀਤ ਸਿੰਘ ਛੱਜੂਭੱਟ, ਭਾਰਤੀ ਕਿਸਾਨ ਯੂਨੀਅਨ (ਏਕਤਾ ਉਗਰਾਹਾਂ) ਦੇ ਬਲਰਾਜ ਜੋਸ਼ੀ ਤੋਂ ਇਲਾਵਾ ਕਿਸਾਨ ਵਿਕਾਸ ਫਰੰਟ ਦੇ ਆਗੂ ਕੁਲਦੀਪ ਸਿੰਘ ਪਾਲੀਆ, ਗੁਰਚਰਨ ਸਿੰਘ ਖੱਟੜਾ, ਗੁਰਬਖਸ਼ੀਸ ਸਿੰਘ ਕੌਲ ਤੇ ਗੁਰਪ੍ਰੀਤ ਸਿੰਘ ਕਮੇਲੀ ਆਦਿ ਨੇ ਵੀ ਵਿਚਾਰ ਸਾਂਝੇ ਕੀਤੇ।ਕਨਵੈਨਸ਼ਨ ਦਾ ਮੰਚ ਸੰਚਾਲਨ ਜਗਪਾਲ ਸਿੰਘ ਊਧਾ ਤੇ ਪਰਮਾਤ ਸਿੰਘ ਨਾਭਾ ਨੇ ਕੀਤਾ। ਇਸ ਮੌਕੇ ਤਰਸੇਮ ਸਿੰਘ ਨੰਡਿਆਲੀ, ਗਮਦੂਰ ਸਿੰਘ ਕੱਲਾਮਾਜਰਾ, ਦਵਿੰਦਰ ਸਿੰਘ ਨੋਹਰਾ, ਰਣਜੀਤ ਸਿੰਘ ਬਿਰੜਵਾਲ ਆਦਿ ਹਾਜ਼ਰ ਸਨ।

# ਵਿਆਹੁਤਾ ਕੋਲੋਂ ਦਾਜ ਮੰਗਣ ਤੇ ਘਰੋਂ ਕੱਢਣ ਦੇ ਦੋਸ਼ ’ਚ ਪਤੀ ਨਾਮਜ਼ਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਵਿਆਹੁਤਾ ਕੋਲੋਂ ਹੋਰ ਦਾਜ ਮੰਗਣ ਤੇ ਤੰਗ ਪ੍ਰੇਸ਼ਾਨ ਕਰਨ ਅਤੇ ਘਰੋਂ ਕੱਢਣ ਦੇ ਦੋਸ਼ ਵਿੱਚ ਥਾਣਾ ਵੂਮੈਨ ਫਿਰੋਜ਼ਪੁਰ ਪੁਲਸ ਨੇ ਵਿਆਹੁਤਾ ਦੇ ਪਤੀ ਖਿਲਾਫ 85 ਬੀਐੱਨਐੱਸ ਤਹਿਤ ਮਾਮਲਾ ਦਰਜ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਬਲਵੀਰ ਸਿੰਘ ਨੇ ਦੱਸਿਆ ਕਿ ਦਰਖਾਸਤ ਨੰਬਰ 126 ਸਪੈਸ਼ਲ ਪੀਸੀ ਮਿਤੀ 21 ਮਈ 2025 ਵੱਲੋਂ ਪ੍ਰਭਦੀਪ ਕੌਰ ਪੁੱਤਰੀ ਦਵਿੰਦਰ ਸਿੰਘ ਵਾਸੀ ਪਿੰਡ ਕਮਾਲ ਮਿੱਡਾ ਤਹਿਸੀਲ ਵਾ ਜ਼ਿਲ੍ਹਾ ਫਿਰੋਜ਼ਪੁਰ ਨੇ ਦੱਸਿਆ ਕਿ ਉਸ ਦਾ ਵਿਆਹ ਜਗਜੀਤ ਸਿੰਘ ਪੁੱਤਰ ਦਲਵਿੰਦਰ ਸਿੰਘ ਵਾਸੀ ਪਿੰਡ ਬੱਗੇ ਵਾਲਾ ਥਾਣਾ ਆਰਿਫਕੇ ਜ਼ਿਲ੍ਹਾ ਫਿਰੋਜ਼ਪੁਰ ਨਾਲ 17 ਜਨਵਰੀ 2019 ਨੂੰ ਹੋਇਆ ਸੀ। ਵਿਆਹੁਤਾ ਨੇ ਦੱਸਿਆ ਕਿ ਉਸ ਦੇ ਵਿਆਹ ਸਮੇਂ ਉਸ ਦੀ ਮਾਤਾ-ਪਿਤਾ ਨੇ ਆਪਣੀ ਹੈਸੀਅਤ ਤੋਂ ਵੱਧ ਦਾਜ ਦਹੇਜ ਦਿੱਤਾ ਸੀ, ਜਿਸ ਤੋਂ ਉਸ ਦਾ ਪਤੀ ਖੁਸ਼ ਨਹੀਂ ਸੀ ਤੇ ਉਹ ਦਾਜ ਦੀ ਹੋਰ ਮੰਗ ਕਰਦਾ ਸੀ। ਵਿਆਹੁਤਾ ਪ੍ਰਭਦੀਪ ਕੌਰ ਨੇ ਦੱਸਿਆ ਕਿ ਉਸ ਵੱਲੋਂ ਇਨਕਾਰ ਕਰਨ ’ਤੇ ਉਸ ਦੇ ਪਤੀ ਜਗਜੀਤ ਸਿੰਘ ਨੇ ਕੁੱਟਮਾਰ ਕਰਕੇ ਆਪਣੇ ਘਰੋਂ ਕੱਢ ਦਿੱਤਾ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਬਲਵੀਰ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ ’ਤੇ ਉਕਤ ਵਿਆਹੁਤਾ ਦੇ ਪਤੀ ਖਿਲਾਫ ਮਾਮਲਾ ਦਰਜ ਕਰ ਲਿਆ ਹੈ ਅਤੇ ਅੱਗੇ ਦੀ ਜਾਂਚ ਜਾਰੀ ਹੈ।

# ਮੋਦੀ ਸਰਕਾਰ ਸੰਵਿਧਾਨ ਦੀਆਂ ਧੱਜੀਆਂ ਉਡਾ ਰਹੀ ਹੈ : ਵੈਦ

## ਪੰਜਾਬ ਪ੍ਰਦੇਸ਼ ਕਾਂਗਰਸ ਐੱਸ ਸੀ ਸੈੱਲ ਦੀ ਮੀਟਿੰਗ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਪੰਜਾਬ ਪ੍ਰਦੇਸ਼ ਕਾਂਗਰਸ ਐੱਸਸੀ ਸੈੱਲ ਦੀ ਅਹਿਮ ਮੀਟਿੰਗ ਬਠਿੰਡਾ ਵਿਖੇ ਹੋਈ, ਜਿਸ ਨੂੰ ਸੰਬੋਧਨ ਕਰਨ ਲਈ ਚੇਅਰਮੈਨ ਕੁਲਦੀਪ ਸਿੰਘ ਵੈਦ ਸਾਬਕਾ ਵਿਧਾਇਕ ਤੇ ਮਾਲਵਾ ਜ਼ੋਨ ਦੇ ਸਾਬਕਾ ਵਿਧਾਇਕ ਪ੍ਰੀਤਮ ਸਿੰਘ ਕੋਟ ਭਾਈ ਦੇ ਨਾਲ ਸਮੁੱਚੀ ਲੀਡਰਸ਼ਿਪ ਨੇ ਸ਼ਮੂਲੀਅਤ ਕੀਤੀ।ਜ਼ਿਲ੍ਹਾ ਬਠਿੰਡਾ ਦੇ ਪ੍ਰਧਾਨ ਰਾਜਨ ਗਰਗ ਤੇ ਐੱਸਸੀ ਵਿੰਗ ਦੇ ਚੇਅਰਮੈਨ ਸੁਨੀਲ ਕੁਮਾਰ, ਸਰਦੂਲ ਸਿੰਘ ਜ਼ਿਲ੍ਹਾ ਪ੍ਰਧਾਨ ਦਿਹਾਤੀ ਤੇ ਹਰਵਿੰਦਰ ਸਿੰਘ ਲੱਡੂ ਕੌਂਸਲਰ ਦੀ ਅਗਵਾਈ ਵਿੱਚ ਹੋਈ ਮੀਟਿੰਗ ਵਿੱਚ ਐੱਸਸੀ ਵਿਭਾਗ ਦੀ ਸਮੁੱਚੀ ਲੀਡਰਸ਼ਿਪ ਵੱਖ ਵੱਖ ਵਿੰਗਾਂ ਦੇ ਅਹੁਦੇਦਾਰ ਤੇ ਕਾਂਗਰਸੀ ਵਰਕਰ ਵੱਡੀ ਗਿਣਤੀ ਵਿੱਚ ਸ਼ਾਮਲ ਹੋਏ।ਇਸ ਮੌਕੇ ਐੱਸਸੀ ਵਿਭਾਗ ਵਿੱਚ ਨਿੱਡਰਤਾ ਨਾਲ ਕੰਮ ਕਰਨ ਵਾਲੇ ਕਾਂਗਰਸ ਦੇ ਟਕਸਾਲੀ ਵਰਕਰਾਂ ਨੂੰ ਨਿਯੁਕਤੀ ਪੱਤਰ ਵੀ ਵੰਡੇ ਗਏ। ਇਸ ਮੌਕੇ ਪ੍ਰਭਾਵਸ਼ਾਲੀ ਸਮਾਗਮ ਨੂੰ ਸੰਬੋਧਨ ਕਰਦੇ ਹੋਏ ਸਾਬਕਾ ਵਿਧਾਇਕ ਕੁਲਦੀਪ ਸਿੰਘ ਵੈਦ ਸਾਬਕਾ ਵਿਧਾਇਕ ਪ੍ਰੀਤਮ ਸਿੰਘ ਕੋਟ ਭਾਈ ਸਾਬਕਾ ਵਿਧਾਇਕ ਗੁਰਜੰਟ ਸਿੰਘ ਕੁੱਤੀਵਾਲ ਜ਼ਿਲ੍ਹਾ ਪ੍ਰਧਾਨ ਰਾਜਨ ਗਰਗ ਚੇਅਰਮੈਨ ਸੁਨੀਲ ਕੁਮਾਰ ਆਦਿ ਨੇ ਕਿਹਾ ਕਿ ਦੇਸ਼ ਦੀ ਮੋਦੀ ਸਰਕਾਰ ਸੰਵਿਧਾਨ ਦੀਆਂ ਧੱਜੀਆਂ ਉਡਾ ਰਹੀ ਹੈ ਤੇ ਵਿਰੋਧੀ ਧਿਰਾਂ ਦੀ ਆਵਾਜ਼ ਨੂੰ ਦਬਾਇਆ ਜਾ ਰਿਹਾ ਹੈ, ਜਦੋਂਕਿ ਕਾਂਗਰਸ ਪਾਰਟੀ ਹਮੇਸ਼ਾ ਹੀ ਸੰਵਿਧਾਨ ਦੇ ਦਾਇਰੇ ਵਿੱਚ ਰਹਿ ਕੇ ਦੇਸ਼ ਦੀ ਤਰੱਕੀ ਲਈ ਕੰਮ ਕਰਨ ਲਈ ਵਚਨਬੱਧ ਹੈ। ਉਨ੍ਹਾਂ ਦੋਸ਼ ਲਾਇਆ ਕਿ ਭਾਜਪਾ ਵੋਟ ਹੇਰਫੇਰੀ ਦੀ ਰਾਜਨੀਤੀ ਨਾਲ ਸੱਤਾ ਵਿੱਚ ਆਉਣਾ ਚਾਹੁੰਦੀ ਹੈ।ਉਨ੍ਹਾਂ ਦੋਸ਼ ਲਾਇਆ ਕਿ ਪੰਜਾਬ ਵਿੱਚ ਵੀ ਹਾਲਾਤ ਮਾੜੇ ਹਨ, ਪਰ ਮੁੱਖ ਮੰਤਰੀ ਭਗਵੰਤ ਮਾਨ ਦਾ ਏਧਰ ਕੋਈ ਧਿਆਨ ਨਹੀਂ ਅਤੇ ਦਿੱਲੀ ਦੇ ਹਾਰੇ ਹੋਏ ਨੇਤਾ ਸੂਬੇ ਦੀ ਸਰਕਾਰ ਚਲਾ ਰਹੇ ਹਨ। ਇਸ ਮੌਕੇ ਸਮੁੱਚੇ ਵਰਕਰਾਂ ਵੱਲੋਂ ਇੱਕਜੁੱਟ ਹੋ ਕੇ ਆਉਂਦੀਆਂ ਵਿਧਾਨ ਸਭਾ ਚੋਣਾਂ ਲਈ ਕਮਰ ਕੱਸੇ ਕਰਨ ਦਾ ਪ੍ਰਣ ਵੀ ਕੀਤਾ।ਇਸ ਮੌਕੇ ਕਿਰਨਜੀਤ ਸਿੰਘ ਗਹਿਰੀ, ਬਲਜਿੰਦਰ ਸਿੰਘ ਬਿੰਦਰਾ ਮੀਤ ਪ੍ਰਧਾਨ ਬਠਿੰਡਾ, ਗੰਡਾ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂ ਹਾਜ਼ਰ ਸਨ।

# ਗੁਰੂ ਨਾਨਕ ਫਾਊਂਡੇਸ਼ਨ ਪਬਲਿਕ ਸਕੂਲ ਵਿਖੇ ਤੀਜ ਦੀ ਧੂਮ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਗੁਰੂ ਨਾਨਕ ਫਾਊਂਡੇਸ਼ਨ ਪਬਲਿਕ ਸਕੂਲ ਪਟਿਆਲਾ ਵਿਖੇ ਤੀਜ ਦਾ ਤਿਉਹਾਰ ਬੜੇ ਹੀ ਉਤਸ਼ਾਹ ਤੇ ਧੂਮ-ਧਾਮ ਨਾਲ ਮਨਾਇਆ ਗਿਆ।ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਨੇ ਸ਼ਬਦ ਗਾਇਨ, ਪੰਜਾਬੀ ਲੋਕ ਗੀਤ ਤੇ ਸੱਭਿਆਚਾਰਕ ਬੋਲੀਆਂ ਪੇਸ਼ ਕਰਕੇ ਸਮਾਗਮ ਨੂੰ ਚਾਰ ਚੰਨ ਲਗਾ ਦਿੱਤੇ।ਸਕੂਲ ਪ੍ਰਿੰਸੀਪਲ ਸ੍ਰੀਮਤੀ ਜਸਜੀਤ ਸੋਹੀ ਨੇ ਸਮਾਰੋਹ ਦੀ ਪ੍ਰਸੰਸਾ ਕਰਦੇ ਹੋਏ ਆਈਆਂ ਹੋਈਆਂ ਵਿਦਿਆਰਥਣਾਂ ਦੀਆਂ ਮਾਵਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ।

# ਟੈਗੋਰ ਵਿਦਿਆਲਿਆ ਲੌਂਗੋਵਾਲ ਵਿਖੇ ਤੀਜ ਦਾ ਤਿਉਹਾਰ ਮਨਾਇਆ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਟੈਗੋਰ ਵਿਦਿਆਲਿਆ ਲੌਂਗੋਵਾਲ ਵਿਖੇ ਤੀਜ ਦਾ ਤਿਉਹਾਰ ਮਨਾਇਆ ਗਿਆ। ਇਸ ਦੌਰਾਨ ਨਰਸਰੀ ਤੋਂ ਦੂਜੀ ਕਲਾਸ ਤੱਕ ਦੇ ਵਿਦਿਆਰਥੀਆਂ ਵੱਲੋਂ ਗਿੱਧਾ, ਭੰਗੜਾ ਪਾਇਆ ਗਿਆ ਤੇ ਬੱਚੇ ਸੋਹਣੇ-ਸੋਹਣੇ ਪਹਿਰਾਵੇ ਵਿੱਚ ਸਕੂਲ ਆਏ।ਪ੍ਰਿੰਸੀਪਲ ਮੈਡਮ ਜਸਵਿੰਦਰ ਕੌਰ ਨੇ ਤੀਆਂ ਵਿੱਚ ਆ ਕੇ ਤਿਉਹਾਰ ਦੀ ਸ਼ੋਭਾ ਵਧਾਈ ਤੇ ਤੀਜੀ ਜਮਾਤ ਤੋਂ ਲੈ ਕੇ 12ਵੀਂ ਜਮਾਤ ਤੱਕ ਬੱਚਿਆਂ ਨੇ ਗਿੱਧਾ, ਭੰਗੜਾ ਪਾਇਆ ਤੇ ਖੁਸ਼ੀਆਂ ਮਨਾਈਆਂ ਅਤੇ ਅਧਿਆਪਕਾਂ ਨੇ ਵੀ ਗਿੱਧੇ ਵਿੱਚ ਭਾਗ ਲਿਆ ਤੇ ਬੋਲੀਆਂ ਆਦਿ ਪਾਈਆਂ ਗਈਆਂ ਅਤੇ ਵਿਦਿਆਰਥਣਾਂ ਨੇ ਗੀਤ ਵੀ ਗਾਏ।ਇਸ ਦੌਰਾਨ ਵਿਦਿਆਰਥਣਾਂ ਵੱਲੋਂ ਪੀਂਘਾਂ ’ਤੇ ਝੂਟੇ ਵੀ ਲਏ ਗਏ। ਇਸ ਤਰ੍ਹਾਂ ਇਸ ਤਿਉਹਾਰ ਨੂੰ ਬੜੇ ਉਤਸ਼ਾਹ ਨਾਲ ਮਨਾਇਆ ਗਿਆ।

# 8 ਦੀ ਮੋਗਾ ਸੂਬਾਈ ਰੈਲੀ ਸੰਬੰਧੀ ਤਿਆਰੀ ਮੁਹਿੰਮ ਨੇ ਜ਼ੋਰ ਫੜਿਆ



**ਮੋਗਾ (ਇਕਬਾਲ ਸਿੰਘ ਖਹਿਰਾ)**

ਪੰਜਾਬ ਭਰ ਦੀਆਂ ਜਨਤਕ ਜਮਹੂਰੀ ਜਥੇਬੰਦੀਆਂ ਦੀ ਸੂਬਾਈ ਮੀਟਿੰਗ ਵਿੱਚ ਆਦਿਵਾਸੀ ਖੇਤਰਾਂ ਦੇ ਕਿਸਾਨਾ, ਮਜ਼ਦੂਰਾਂ ਤੇ ਸਮੂਹ ਮਿਹਨਤਕਸ਼ ਲੋਕਾਂ ’ਤੇ ਕੀਤੇ ਜਾ ਰਹੇ ਅੰਨ੍ਹੇ ਜਬਰ ਖ਼ਿਲਾਫ਼ 8 ਅਗਸਤ ਨੂੰ ਦਾਣਾ ਮੰਡੀ ਮੋਗਾ ਵਿਖੇ ਸੂਬਾਈ ਰੈਲੀ ਤੇ ਵਿਖਾਵੇ ਦੀ ਸਫ਼ਲਤਾ ਲਈ ਜ਼ੋਰਦਾਰ ਤਿਆਰੀਆਂ ਚੱਲ ਰਹੀਆਂ ਹਨ।ਪੰਜਾਬ ਦੀਆਂ ਸਮੂਹ ਜਥੇਬੰਦੀਆਂ ’ਚ ਸ਼ਾਮਲ ਅਪ੍ਰੇਸ਼ਨ ਗਰੀਨ ਹੰਟ ਵਿਰੋਧੀ ਜਮਹੂਰੀ ਫਰੰਟ ਪੰਜਾਬ ਦੇ ਕਨਵੀਨਰ ਡਾ. ਪਰਮਿੰਦਰ, ਪ੍ਰੋ. ਏ ਕੇ ਮਲੇਰੀ, ਬੂਟਾ ਸਿੰਘ ਮਹਿਮੂਦਪੁਰ ਤੇ ਯਸ਼ਪਾਲ ਨੇ ਦੱਸਿਆ ਕਿ ਮੋਗਾ ਦਾਣਾ ਮੰਡੀ ਵਿੱਚ ਹੋ ਰਹੀ ਇਸ ਲਾਮਿਸਾਲ ਰੈਲੀ ਵਿੱਚ ਹਜ਼ਾਰਾਂ ਮਰਦ ਔਰਤਾਂ ਪੰਜਾਬ ਦੇ ਕੋਨੇ ਕੋਨੇ ਤੋਂ ਕਾਫ਼ਲੇ ਬੰਨ੍ਹ ਕੇ ਸ਼ਾਮਲ ਹੋਣਗੇ।ਇਨ੍ਹਾਂ ਕਾਫ਼ਲਿਆਂ ਨੂੰ ਤਿਆਰ ਕਰਨ ਲਈ ਵਿਸ਼ੇਸ਼ ਕਰਕੇ ਬੁੱਧੀਜੀਵੀਆਂ, ਲੇਖਕਾਂ, ਸਾਹਿਤਕਾਰਾਂ, ਕਲਾਕਾਰਾਂ, ਵਕੀਲਾਂ, ਤਰਕਸ਼ੀਲਾਂ ਤੇ ਜਮਹੂਰੀਅਤ ਪਸੰਦ ਤਬਕਿਆਂ ਦੀ ਸ਼ਮੂਲੀਅਤ ਯਕੀਨੀ ਬਣਾਉਣ ਲਈ ਜਮਹੂਰੀ ਫਰੰਟ ਪੰਜਾਬ ਵਿਸ਼ੇਸ਼ ਯਤਨ ਜੁਟਾ ਰਿਹਾ ਹੈ।ਇਸ ਰੈਲੀ ਤੇ ਵਿਖਾਵੇ ਦੀ ਤਿਆਰੀ ਵਿੱਚ ਸਮੂਹ ਕਿਸਾਨ ਯੂਨੀਅਨਾਂ, ਦਿਹਾਤੀ ਮਜ਼ਦੂਰ ਸਭਾ, ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਪੰਜਾਬ, ਵਰਗ ਚੇਤਨਾ, ਡੈਮੋਕ੍ਰੇਟਿਕ ਡਿਸਕਸ਼ਨ ਫੋਰਮ ਪਟਿਆਲਾ, ਕ੍ਰਾਂਤੀਕਾਰੀ ਸੱਭਿਆਚਾਰ ਕੇਂਦਰ ਸਮੇਤ ਦਰਜਨਾਂ ਸੰਸਥਾਵਾਂ ਜੁਟੀਆਂ ਹੋਈਆਂ ਹਨ।

ਮੋਗਾ ਰੈਲੀ ਤੇ ਵਿਖਾਵੇ ਦਾ ਕੇਂਦਰੀ ਬਿੰਦੂ ਹੋਏਗਾ ਕਿ ਆਦਿਵਾਸੀ ਖੇਤਰਾਂ ’ਚ ‘ਓਪਰੇਸ਼ਨ ਕਗਾਰ’ ਸਮੇਤ ਹਰ ਤਰ੍ਹਾਂ ਦੇ ਫ਼ੌਜੀ ਅਪ੍ਰੇਸ਼ਨ ਬੰਦ ਕੀਤੇ ਜਾਣ, ਝੂਠੇ ਪੁਲਸ ਮੁਕਾਬਲੇ ਤੇ ਹਰ ਤਰ੍ਹਾਂ ਦੇ ਜਬਰ ਦੇ ਕਦਮ ਫੌਰੀ ਰੋਕੇ ਜਾਣ, ਇਨ੍ਹਾਂ ਇਲਾਕਿਆਂ ਚੋਂ ਸਾਰੇ ਪੁਲਿਸ ਕੈਂਪਾਂ ਨੂੰ ਹਟਾਇਆ ਜਾਵੇ, ਪੁਲਸ ਤੇ ਸਾਰੇ ਅਰਧ ਸੈਨਿਕ ਬਲਾਂ ਨੂੰ ਵਾਪਸ ਬੁਲਾਇਆ ਜਾਵੇ, ਜਲ, ਜੰਗਲ, ਜ਼ਮੀਨਾਂ ਤੇ ਖਣਿਜ ਭੰਡਾਰ ਕਾਰਪੋਰੇਟਾਂ ਨੂੰ ਲੁਟਾਉਣੇ ਬੰਦ ਕੀਤੇ ਜਾਣ, ਆਦਿਵਾਸੀਆਂ ਦੇ ਟਾਕਰੇ ਖ਼ਿਲਾਫ਼ ਡਰੋਨਾਂ ਤੇ ਹੈਲੀਕਾਪਟਰਾਂ ਰਾਹੀਂ ਬੰਬਾਰੀ ਬੰਦ ਕੀਤੀ, ਯੂਏਪੀਏ, ਅਫਸਪਾ ਤੇ ਐਨਐਸਏ ਵਰਗੇ ਕਾਲੇ ਕਾਨੂੰਨ ਰੱਦ ਕੀਤੇ, ਕੌਮੀ ਜਾਂਚ ਏਜੰਸੀ ਨੂੰ ਭੰਗ ਕੀਤਾ ਜਾਵੇ, ਲੋਕਾਂ ਦੀਆਂ ਜਥੇਬੰਦੀਆਂ ਅਤੇ ਸੰਘਰਸ਼ਾਂ ਤੇ ਲਾਈਆਂ ਪਬੰਦੀਆਂ ਖਤਮ ਕੀਤੀਆਂ ਜਾਣ, ਗ੍ਰਿਫ਼ਤਾਰ ਕੀਤੇ ਗਏ ਜਮਹੂਰੀ ਹੱਕਾਂ ਦੇ ਕਾਰਕੁਨ ਰਿਹਾਅ ਕੀਤੇ ਜਾਣ।ਇਸ ਮੌਕੇ ਡਾ. ਪਰਮਿੰਦਰ, ਪ੍ਰੋ. ਏ. ਕੇ. ਮਲੇਰੀ, ਬੂਟਾ ਸਿੰਘ ਮਹਿਮੂਦਪੁਰ ਤੇ ਯਸ਼ਪਾਲ ਆਦਿ ਹਾਜ਼ਰ ਸਨ।

# ਸਨਮਤੀ ਵਿਮਲ ਜੈਨ ਸਕੂਲ ਨੇ ਖੇਡਾਂ ’ਚ ਮਾਰੀਆਂ ਮੱਲਾਂ



**ਜਗਰਾਓਂ (ਅਮਿਤ ਖੰਨਾ)**-ਸਨਮਤੀ ਵਿਮਲ ਜੈਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਜਗਰਾਉਂ ਦੇ ਖਿਡਾਰੀਆਂ ਨੇ 69ਵੀਆਂ ਜ਼ੋਨ ਪੱਧਰੀ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਵਿੱਚ ਖਿਡਾਰੀਆਂ ਦੇ ਚੁਣੇ ਜਾਣ ’ਤੇ ਖਿਡਾਰੀਆਂ ਦੀ ਹੌਸਲਾ ਅਫ਼ਜ਼ਾਈ ਸਕੂਲ ਦੇ ਪ੍ਰਿੰਸੀਪਲ ਮੈਡਮ ਸੁਪ੍ਰਿਆ ਖੁਰਾਣਾ ਨੇ ਕੀਤੀ। ਉਨ੍ਹਾਂ ਦੱਸਿਆ ਕਿ ਬਾਸਕਿਟਬਾਲ ਦੀ ਟੀਮ ਲੜਕੇ ਅੰਡਰ-14 ਦੂਸਰਾ ਸਥਾਨ ਤੇ ਲੜਕੀਆਂ ਅੰਡਰ-19 ਨੇ ਤੀਸਰਾ ਸਥਾਨ ਪ੍ਰਾਪਤ ਕੀਤਾ।ਅੰਡਰ-14 ਲੜਕਿਆਂ ਦੀ ਟੀਮ ਵਿੱਚੋਂ ਅਮਨਜੋਤ ਸਿੰਘ, ਗੁਰਨੂਰ ਸਿੰਘ, ਜਸਨੂਰ ਸਿੰਘ ਸਮਰ ਪਾਂਡੇ, ਪੰਕਜ ਕੁਮਾਰ ਤੇ ਰਾਜਵੀਰ ਸਿੰਘ ਜ਼ਿਲ੍ਹਾ ਪੱਧਰੀ ਟੂਰਨਾਮੈਂਟ ਲਈ ਚੁਣੇ ਗਏ। ਖਿਡਾਰੀਆਂ ਦੇ ਸਕੂਲ ਪਹੁੰਚਣ ’ਤੇ ਪ੍ਰਿੰਸੀਪਲ ਮੈਡਮ ਸੁਪ੍ਰਿਆ ਖੁਰਾਣਾ ਤੇ ਸਕੂਲ ਦੀ ਪ੍ਰਬੰਧਕ ਕਮੇਟੀ ਨੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ। ਉਨ੍ਹਾਂ ਨੂੰ ਭਵਿੱਖ ਵਿੱਚ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ ਅਤੇ ਡੀ. ਪੀ ਅਧਿਆਪਕ ਇੰਦਰਜੀਤ ਸਿੰਘ, ਕੁਲਵਿੰਦਰ ਕੌਰ ਤੇ ਬਬੀਤਾ ਦਾ ਧੰਨਵਾਦ ਕੀਤਾ।

**ਉੱਤਰ ਰੇਲਵੇ**

**ਪਹਿਲਾ ਸ਼ੁੱਧੀਪੱਤਰ ਟੈਂਡਰ ਨੰਬਰ 251-ਵਿਯੁਤ - ਟੈਂਡਰ ਨੰ: 07R-ਵਿਯੁਤ/2025-26, ਨੋਟਿਸ ਨੰ 10-Elect/2025-26**

ਸੀਨੀਅਰ ਮੰਡਲ ਵਿਯੁਤ ਇੰਜੀਨੀਅਰ (ਜੀ), ਉੱਤਰ ਰੇਲਵੇ, ਫ਼ਿਰੋਜ਼ਪੁਰ ਨੇ ਉਪਰਕੋਤ ਟੈਂਡਰ ਸੂਚਨਾ ਮੰਗ ਕੀਤੀ ਸੀ । 18.07.2025 ਨੂੰ ਪ੍ਰਮੁੱਖ ਸਮਾਚਾਰ ਪੱਤਰਾਂ ਵਿਚ ਪ੍ਰਕਾਸ਼ਿਤ ਟੈਂਡਰ ਸੂਚਨਾ 04.08.2025 ਨੂੰ ਖੋਲੀ ਜਾਣੀ ਸੀ । ਹੁਣ ਟੈਂਡਰ ਖੁਲਣ ਦੀ ਮਿਤੀ ਵਧਾ ਦਿਤੀ ਗਈ ਹੈ । ਟੈਂਡਰ ਖੁਲਣ ਦੀ ਨਵੀਂ ਮਿਤੀ 11.08.2025 ਹੋਵੇਗੀ । ਹੋਰ ਨਿਯਮ ਤੇ ਸ਼ਰਤਾਂ ਪਹਿਲਾ ਵਾਂਗ ਰਹੇਗੀ ।
ਨੰ: 251-ਵਿਯੁਤ/ਟੈਂਡਰ ਨੋਟਿਸ ਨੰ: 10-ਵਿਯੁਤ/2025-26
ਮਿਤੀ 04.08.2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 2367/25

# ਰੱਖੜਾ ’ਚ ਮਾਂ ਭਗਵਤੀ ਜਾਗਰਣ ’ਚ ਬਰਸਟ ਨੇ ਲਵਾਈ ਹਾਜ਼ਰੀ



**ਸਮਾਣਾ (ਗੁਰਪਿਆਰ ਸਿੰਘ ਬੱਲ, ਇਕਬਾਲ ਸਿੰਘ ਬੱਲ)**-ਮਾਤਾ ਨੈਣਾਂ ਦੇਵੀ ਪ੍ਰਬੰਧਕ ਕਮੇਟੀ ਪਿੰਡ ਰੱਖੜਾ ਵੱਲੋਂ ਬਾਬਾ ਬਾਲ ਜਤੀ ਪ੍ਰਬੰਧਕ ਕਮੇਟੀ ਰੱਖੜਾ ਦੇ ਸਹਿਯੋਗ ਨਾਲ 21ਵਾਂ ਵਿਸ਼ਾਲ ਮਾਂ ਭਗਵਤੀ ਜਾਗਰਣ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਪਿੰਡ ਰੱਖੜਾ ਵਿਖੇ ਕੀਤਾ ਗਿਆ।ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਤੇ ਆਮ ਆਦਮੀ ਪਾਰਟੀ ਪੰਜਾਬ ਦੇ ਸੂਬਾ ਜਨਰਲ ਸਕੱਤਰ ਸ੍ਰ. ਹਰਚੰਦ ਸਿੰਘ ਬਰਸਟ ਵੱਲੋਂ ਮਾਤਾ ਦੇ ਦਰਬਾਰ ਵਿੱਚ ਹਾਜ਼ਰੀ ਲਗਵਾਈ ਗਈ।ਉਨ੍ਹਾਂ ਮਾਤਾ ਰਾਣੀ ਦੇ ਚਰਨਾਂ ਵਿੱਚ ਨਤਮਸਤਕ ਹੋ ਕੇ ਸਰਬੱਤ ਦੇ ਭਲੇ ਤੇ ਖੁਸ਼ਹਾਲੀ ਲਈ ਪ੍ਰਾਰਥਨਾ ਕੀਤੀ।ਇਸ ਮੌਕੇ ਸ੍ਰ. ਬਰਸਟ ਨੇ ਸਾਰਿਆਂ ਨੂੰ ਮਾਤਾ ਦੇ ਜਾਗਰਣ ਦੀ ਵਧਾਈ ਦਿੱਤੀ ਤੇ ਕਿਹਾ ਕਿ ਮਾਤਾ ਰਾਣੀ ਦਾ ਆਸ਼ੀਰਵਾਦ ਹਮੇਸ਼ਾ ਸਾਡੇ ਸਾਰਿਆਂ ਤੇ ਬਣਿਆ ਰਹੇ।ਉਨ੍ਹਾਂ ਕਿਹਾ ਕਿ ਅਜਿਹੇ ਧਾਰਮਿਕ ਸਮਾਗਮ ਪ੍ਰੇਮ, ਏਕਤਾ ਤੇ ਭਾਈਚਾਰੇ ਦੀ ਭਾਵਨਾ ਨੂੰ ਮਜ਼ਬੂਤ ਕਰਦੇ ਹਨ।ਇਸ ਦੌਰਾਨ ਆਯੋਜਕਾਂ ਵੱਲੋਂ ਸ੍ਰ. ਬਰਸਟ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਰਣਧੀਰ ਸਿੰਘ ਰੱਖੜਾ ਸਾਬਕਾ ਸਰਪੰਚ, ਤਰਲੋਚਨ ਸਿੰਘ ਸਰਪੰਚ ਰੱਖੜਾ, ਸੁੱਖੀ ਸਿੰਘ ਸਰਪੰਚ, ਹਰਿੰਦਰ ਸਿੰਘ ਧਬਲਾਨ, ਮੈਂਬਰ ਗੁਰਸੇਵਕ ਸਿੰਘ ਮਦਨਾ, ਗੁਰਦੀਪ ਸਿੰਘ, ਸੁੱਖੀ ਰੱਖੜਾ, ਪਰਮਿੰਦਰ ਸਿੰਘ, ਗੁਰਨਾਮ ਸਿੰਘ, ਨਿਰਭੈ ਸਿੰਘ ਸਮੇਤ ਸਮੂਹ ਇਲਾਕਾ ਨਿਵਾਸੀ ਮੌਜੂਦ ਰਹੇ।

# ਜੋਗਿੰਦਰ ਸਿੰਘ ਸ਼ੁਤਰਾਣਾ ਬੀ ਕੇ ਯੂ ਖੋਸਾ ਦਾ ਬਲਾਕ ਪ੍ਰਧਾਨ ਨਿਯੁਕਤ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਭਾਰਤੀ ਕਿਸਾਨ ਯੂਨੀਅਨ ਖੋਸਾ ਵੱਲੋਂ ਬਲਾਕ ਪੱਧਰ ਤੇ ਵਿਸਥਾਰ ਕਰਦੇ ਹੋਏ ਬਲਾਕ ਪਾਤੜਾਂ ਤੋਂ ਸੇਵਾਮੁਕਤ ਅਧਿਆਪਕ ਜੋਗਿੰਦਰ ਸਿੰਘ ਸ਼ੁਤਰਾਣਾ ਨੂੰ ਬਲਾਕ ਪ੍ਰਧਾਨ ਬਣਾਇਆ ਗਿਆ ਹੈ।ਨਿਯੁਕਤੀ ਉਪਰੰਤ ਜਥੇਬੰਦੀ ਦੇ ਸੂਬਾ ਪ੍ਰਧਾਨ ਸੁਖਜਿੰਦਰ ਸਿੰਘ ਖੋਸਾ, ਸੂਬਾ ਮੀਤ ਪ੍ਰਧਾਨ ਜਸਬੀਰ ਸਿੰਘ ਢੋਲੇਵਾਲ ਨੇ ਦੱਸਿਆ ਕਿ ਜ਼ਿਲ੍ਹਾ ਪਟਿਆਲਾ ਦੇ ਵੱਖ ਵੱਖ ਬਲਾਕਾਂ ਵਿੱਚ ਬਲਾਕ ਪ੍ਰਧਾਨਾਂ ਦੀ ਨਿਯੁਕਤੀ ਕੀਤੀ ਜਾ ਰਹੀ ਹੈ, ਜਿਸ ਦੌਰਾਨ ਹਲਕਾ ਸ਼ੁਤਰਾਣਾ ਦੇ ਬਲਾਕ ਪਾਤੜਾਂ ਵਿੱਚ ਜੋਗਿੰਦਰ ਸਿੰਘ ਨੂੰ ਬਲਾਕ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।ਉਨ੍ਹਾਂ ਕਿਸਾਨਾਂ ਨੂੰ ਜਥੇਬੰਦੀ ਨਾਲ ਜੁੜਨ ਦੀ ਅਪੀਲ ਕਰਦਿਆਂ ਕਰਦਿਆਂ ਕਿਹਾ ਕਿ ਕੇਵਲ ਭਾਜਪਾ ਜਾਂ ਕੇਂਦਰ ਸਰਕਾਰ ਹੀ ਕਿਸਾਨਾਂ ਦੀ ਦੁਸ਼ਮਣ ਨਹੀਂ, ਸਗੋਂ ਪੰਜਾਬ ਦੀ ਸੂਬਾ ਸਰਕਾਰ ਵੀ ਕਿਸਾਨਾਂ ਦੀ ਦੁਸ਼ਮਣ ਬਣ ਚੁੱਕੀ ਹੈ।ਆਮ ਆਦਮੀ ਪਾਰਟੀ ਦੀ ਸਰਕਾਰ ਜਿੱਥੇ ਖਨੌਰੀ ਤੇ ਸ਼ੰਭੂ ਬਾਰਡਰ ’ਤੇ ਸ਼ਾਂਤਮਈ ਧਰਨਾ ਦੇ ਰਹੇ ਕਿਸਾਨਾਂ ਦੇ ਧਰਨਿਆਂ ਨੂੰ ਉਜਾੜਿਆ, ਉੱਥੇ ਹੁਣ ਪੰਜਾਬ ਸਰਕਾਰ ਕਿਸਾਨਾਂ ਦੀਆਂ ਉਪਜਾਊ ਜ਼ਮੀਨਾਂ ਨੂੰ ਲੈਂਡ ਪੂਲਿੰਗ ਨੀਤੀ ਅਧੀਨ ਹਥਿਆ ਕੇ ਕਿਸਾਨਾਂ ਨੂੰ ਬਰਬਾਦ ਕਰਕੇ ਭਿਖਾਰੀ ਬਣਾਉਣ ’ਤੇ ਤੁਲੀ ਹੋਈ ਹੈ।ਉਨ੍ਹਾਂ ਸਰਕਾਰ ਨੂੰ ਤਾੜਨਾ ਕਰਦਿਆਂ ਕਿਹਾ ਕਿ ਪੰਜਾਬ ਦੇ ਯੋਧੇ ਕਿਸਾਨ ਕਦੇ ਵੀ ਅਜਿਹੀਆਂ ਕਿਸਾਨ ਮਾਰੂ ਸਕੀਮਾਂ ਕਾਮਯਾਬ ਨਹੀਂ ਹੋਣ ਦੇਣਗੇ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਬਲਜੀਤ ਸਿੰਘ ਸ਼ੇਰਗੜ੍ਹ, ਪ੍ਰੈੱਸ ਸਕੱਤਰ ਯੁਵਰਾਜ ਸਿੰਘ ਬਾਠ, ਸੁਰਜੀਤ ਸਿੰਘ ਸ਼ੇਰਗੜ੍ਹ, ਵਰਿਆਮ ਸਿੰਘ ਸਾਗਰਾ, ਇਕਾਈ ਪ੍ਰਧਾਨਾਂ ਵਿੱਚ ਜਸਵੰਤ ਸਿੰਘ ਰਸੌਲੀ, ਸੁਖਵਿੰਦਰ ਸਿੰਘ ਗੁਲਾੜ, ਕੁਲਦੀਪ ਸਿੰਘ ਗਲੋਲੀ, ਸੁੱਚਾ ਸਿੰਘ ਜੋਗੇਵਾਲਾ, ਕੁਲਵਿੰਦਰ ਸ਼ੁਤਰਾਣਾ, ਮਹਿੰਦਰ ਸਿੰਘ ਜੈਖਰ ਆਦਿ ਹਾਜ਼ਰ ਸਨ।

**M/S CREDIFIN Limited**

(formerly known as PHF Leasing Ltd.)

Registered Office : 87, Radio Colony, Mahavir Marg, BMC Chowk, Jalandhar - 144001, Punjab

CIN No. L65110PB1992PLC012488, Ph.No.+91 91151-00401, Website : www.credif.in, Email id : compliance@credif.in

30 ਜੂਨ 2025 ਨੂੰ ਖਤਮ ਹੋਈ ਤਿਮਾਹੀ ਦੇ ਅਣ-ਪੜਤਾਲੇ ਵਿੱਤੀ ਨਤੀਜਿਆਂ ਦਾ ਸਾਰ (ਰੁਪਏ ਲੱਖਾਂ ’ਚ)

| ਲੜੀ ਨੰ. | ਵੇਰਵੇ | ਤਿਮਾਹੀ ਖਤਮ 30/06/2025 ਅਣ-ਪੜਤਾਲੇ | ਤਿਮਾਹੀ ਖਤਮ 30/06/2024 ਅਣ-ਪੜਤਾਲੇ | ਸਾਲ ਖਤਮ 31/03/2025 ਪੜਤਾਲੇ |
|---|---|---|---|---|
| 1 | ਕਾਰੋਬਾਰਾਂ ਤੋਂ ਕੁੱਲ ਆਮਦਨ | 1,746.56 | 1,184.49 | 6,337.86 |
| 2 | ਸਮੇਂ ਲਈ ਸ਼ੁੱਧ ਲਾਭ/(ਹਾਨੀ) ਟੈਕਸ ਤੋਂ ਪਹਿਲਾਂ, ਅਸਧਾਰਨ ਅਤੇ/ਜਾਂ ਗੈਰ-ਸਧਾਰਨ (ਆਇਟਮਾਂ) # | 171.10 | 88.17 | 610.17 |
| 3 | ਟੈਕਸ ਤੋਂ ਪਹਿਲਾਂ ਸਮੇਂ ਲਈ ਸ਼ੁੱਧ ਲਾਭ/(ਹਾਨੀ) ਖਾਸ ਅਤੇ/ਜਾਂ ਅਸਧਾਰਨ ਆਇਟਮਾਂ ਮਗਰੋਂ# | 171.10 | 88.17 | 610.17 |
| 4 | ਟੈਕਸ ਮਗਰੋਂ ਸਮੇਂ ਲਈ ਸ਼ੁੱਧ ਲਾਭ/(ਹਾਨੀ) (ਖਾਸ ਅਤੇ/ਜਾਂ ਅਸਧਾਰਨ ਆਇਟਮਾਂ ਮਗਰੋਂ) | 70.34 | 91.91 | 513.84 |
| 5 | ਸਮੇਂ ਲਈ ਕੁੱਲ ਵਿਆਪਕ ਆਮਦਨ (ਲਾਭ/(ਹਾਨੀ) ਸ਼ਾਮਿਲ (ਟੈਕਸ ਤੋਂ ਬਾਅਦ) ਅਤੇ ਹੋਰ ਵਿਆਪਕ ਆਮਦਨ (ਟੈਕਸ ਤੋਂ ਬਾਅਦ) | 72.28 | 92.75 | 502.63 |
| 6 | ਇਕੁਇਟੀ ਸ਼ੇਅਰ ਕੈਪੀਟਲ | 1,238.68 | 1,238.68 | 1,238.68 |
| 7 | ਰਿਜ਼ਰਵਜ਼ (ਰੀਵੈਲੂਏਸ਼ਨ ਰਿਜ਼ਰਵ ਤੋਂ ਬਗੈਰ) ਜਿਵੇਂ ਕਿ ਪਿਛਲੇ ਸਾਲ ਦੀ ਪੜਤਾਲੀ ਬੈਲੇਂਸ ਸ਼ੀਟ ’ਚ ਦਰਸਾਇਆ ਗਿਆ | 5,544.72 | 3,603.51 | 5,476.78 |
| 8 | ਕਮਾਈ 10 ਰੁ:/- ਹਰੇਕ (ਚਾਲੂ ਅਤੇ ਬੰਦ ਕਾਰੋਬਾਰਾਂ ਲਈ) ਪ੍ਰਤੀ ਸ਼ੇਅਰ | | | |
| | ਬੇਸਿਕ (ਰੁਪਏ) | 0.57 | 0.74 | 4.15 |
| | ਡਿਲਿਊਟਡ (ਰੁਪਏ) | 0.28 | 0.48 | 2.70 |

ਟਿੱਪਣੀਆਂ :-

1. ਕ੍ਰੈਡੀਫਿਨ ਲਿਮਟਿਡ (ਪਹਿਲਾਂ ਪੀ ਐੱਚ ਐੱਫ ਲੀਜ਼ਿੰਗ ਲਿਮਟਿਡ ਵਜੋਂ ਜਾਣੀ ਜਾਂਦੀ) (“ਦਾ ਕੰਪਨੀ”) ਦੇ ਉਪਰੋਕਤ ਨਤੀਜੇ ਆਡਿਟ ਕਮੇਟੀ ਦੀ ਮੀਟਿੰਗ ਵਿੱਚ ਨਜ਼ਰਸਾਨੀ ਕੀਤੇ ਗਏ ਹਨ ਅਤੇ ਬੋਰਡ ਦੇ ਡਾਇਰੈਕਟਰਾਂ ਵੱਲੋਂ ਕ੍ਰਮਵਾਰ ਉਨ੍ਹਾਂ 04 ਅਗਸਤ 2025 ਨੂੰ ਹੋਈਆਂ ਮੀਟਿੰਗਾਂ ’ਚ ਮਨਜ਼ੂਰ ਕੀਤੇ ਗਏ ਹਨ।
2. ਉਪਰੋਕਤ 30 ਜੂਨ 2025 ਨੂੰ ਖਤਮ ਹੋਈ ਤਿਮਾਹੀ ਦੇ ਅਣ-ਪੜਤਾਲੇ ਵਿੱਤੀ ਨਤੀਜਿਆਂ ਦੇ ਵਿਸਥਾਰਤ ਫਾਰਮਟ ਦਾ ਸਾਰ ਹੈ, ਜੋ ਸੇਬੀ (ਲਿਸਟਿੰਗ ਆਬਲੀਗੇਸ਼ਨਜ਼ ਐਂਡ ਡਿਸਕਲੋਜ਼ਰ ਰਿਕੁਆਇਰਮੈਂਟਸ) ਰੈਗੂਲੇਸ਼ਨ 2015, ਸੋਧੇ ਰੈਗੂਲੇਸ਼ਨ 33 ਅਧੀਨ ਸਟਾਕ ਐਕਸਚੇਂਜ ਕੋਲ ਦਾਇਰ ਕੀਤਾ ਗਿਆ ਹੈ। ਉਕਤ ਵਿੱਤੀ ਨਤੀਜਿਆਂ ਦਾ ਪੂਰਾ ਸਾਰ ਸਟਾਕ ਐਕਸਚੇਂਜ ਦੀ ਵੈੱਬਸਾਈਟ www. msei.in ਅਤੇ ਕੰਪਨੀ ਦੀ ਵੈੱਬਸਾਈਟ www. credif.in ’ਤੇ ਉਪਲੱਬਧ ਹੈ।

ਬੋਰਡ ਦੇ ਡਾਇਰੈਕਟਰਾਂ ਦੇ ਹੁਕਮਾਂ ਨਾਲ
ਵਾਸਤੇ ਕ੍ਰੈਡੀਫਿਨ ਲਿਮਟਿਡ (ਪਹਿਲਾਂ ਪੀ ਐੱਚ ਐੱਫ ਲੀਜ਼ਿੰਗ ਲਿਮਟਿਡ ਵਜੋਂ ਜਾਣੀ ਜਾਂਦੀ)
ਸਥਾਨ : ਜਲੰਧਰ — ਸਹੀ/- ਮੇਘਲ ਗੁਪਤਾ
ਮਿਤੀ : 4 ਅਗਸਤ 2025 — ਡਾਇਰੈਕਟਰ, ਡੀ ਆਈ ਐੱਨ : 09179500

# ‘ਚਿੱਟਾ ਵੇਚ ਵਪਾਰੀ ਭੱਜ ਗਏ, ਮਾਂ ਬਾਪ ਦਾ ਸਕੂਨ ਹੈ ਖੋਇਆ’

## ਸਾਹਿਤ ਸਭਾ ਸ਼ੇਰਪੁਰ ਵੱਲੋਂ ਮਹੀਨਾਵਾਰ ਇਕੱਤਰਤਾ



**ਸ਼ੇਰਪੁਰ (ਰਵੀ ਟਿੱਬਾ)**-ਸਾਹਿਤ ਸਭਾ ਸ਼ੇਰਪੁਰ ਦੀ ਮਹੀਨਾਵਾਰ ਇਕੱਤਰਤਾ ਨਾਮਵਰ ਲੇਖਕ ਕੁਲਵੰਤ ਬੁੰਗਾ ਦੀ ਪ੍ਰਧਾਨਗੀ ਹੇਠ ਹੋਈ। ਹਾਜ਼ਰੀਨ ਕਵੀਆਂ ਵੱਲੋਂ ਪ੍ਰਸਿੱਧ ਕਵਿੱਤਰੀ ਭੁਪਿੰਦਰ ਕੌਰ ਵਾਲੀਆ (ਪਟਿਆਲਾ) ਤੇ ਪ੍ਰਸਿੱਧ ਕਹਾਣੀਕਾਰ ਪ੍ਰੀਤਮ ਦੁਮੇਲ ਦੇ ਸਦੀਵੀ ਵਿਛੋੜੇ ’ਤੇ ਗਹਿਰਾ ਦੁੱਖ ਪ੍ਰਗਟ ਕਰਦੇ ਹੋਏ ਪੰਜਾਬੀ ਦੇ ਦੋ ਮਹਾਨ ਲੇਖਕਾਂ ਦਾ ਵਿਛੋੜਾ ਸਾਹਿਤ ਜਗਤ ਨੂੰ ਨਾ ਪੂਰਿਆ ਜਾਣ ਵਾਲਾ ਘਾਟਾ ਗਰਦਾਨਿਆ। ਉਪਰੰਤ ਮੀਟਿੰਗ ’ਚ ਤੀਆਂ ਦਾ ਪਿਛੋਕੜ ਸੱਭਿਆਚਾਰ ਤੇ ਮੌਜੂਦਾ ਪੱਖ (ਵਿਉਂਪਾਰੀਕਰਨ) ’ਤੇ ਚਰਚਾ ਕੀਤੀ ਗਈ, ਜਿਸ ਦੇ ਸੰਦਰਭ ਵਿੱਚ ਬੋਲਦਿਆਂ ਸਰਬਾਂਗੀ ਲੇਖਕ ਸੁਖਦੇਵ ਸਿੰਘ ਔਲਖ ਨੇ ਤੀਆਂ ਦੇ ਪਿਛੋਕੜ, ਸੱਭਿਆਚਾਰ ਤੇ ਮੌਜੂਦਾ ਪੱਖ ’ਤੇ ਵਿਚਾਰ ਰੱਖੇ ਤੇ ਤੀਆਂ ਦੇ ਹੋ ਰਹੇ ਵਿਉਪਾਰੀ ਕਰਨ ਦਾ ਪਰਦਾਫਾਸ਼ ਕੀਤਾ।ਅਖੀਰ ਵਿੱਚ ਕਵੀ ਦਰਬਾਰ ਦੀ ਸ਼ੁਰੂਆਤ ਨਾਮਵਰ ਲੇਖਕ ਬਲਜੀਤ ਸਿੰਘ ਸੱਪਲ ਛੰਨਾ ਵਾਲੇ ਨੇ ਸ਼ਹੀਦ ਊਧਮ ਸਿੰਘ ਜੀ ਨੂੰ ਸਮਰਪਤ ਕਵਿਤਾ ਨਾਲ ਕੀਤੀ। ਉਪਰੰਤ ਉਭਰਦੇ ਲੇਖਕ ਅਮਰਿੰਦਰ ਸਿੰਘ ਟਿੱਬਾ, ਮਾਸਟਰ ਮਹਿੰਦਰ ਪ੍ਰਤਾਪ, ਮਾਸਟਰ ਕੁਲਵੰਤ ਬੁੰਗਾ, ਪ੍ਰਸਿੱਧ ਗੀਤਕਾਰ ਮੁਖਤਿਆਰ ਅਲਾਲ, ਪ੍ਰਸਿੱਧ ਕਵਿੱਤਰੀ ਬਲਵੰਤ ਕੌਰ ਘਨੌਰੀ, ਸਭਾ ਦੇ ਪ੍ਰਧਾਨ ਹਰਜੀਤ ਸਿੰਘ ਕਾਤਿਲ ਨੇ ਆਪੋ ਆਪਣੀਆਂ ਰਚਨਾਵਾਂ ਸੁਣਾਈਆਂ।ਅੰਤ ਵਿੱਚ ਸੁਖਦੇਵ ਸਿੰਘ ਔਲਖ ਨੇ ਆਪਣੀ ਗਜ਼ਲ ‘ਚਿੱਟਾ ਵੇਚ ਵਪਾਰੀ ਭੱਜ ਗਏ, ਮਾਂ ਬਾਪ ਦਾ ਸਕੂਨ ਹੈ ਖੋਇਆ’ ਨਾਲ ਮੌਜੂਦਾ ਹਾਲਾਤਾਂ ਦੀ ਗੱਲ ਕੀਤੀ ਅਤੇ ਪੜ੍ਹੀਆਂ ਗਈਆਂ ਰਚਨਾਵਾਂ ’ਤੇ ਆਪਣੇ ਵਿਚਾਰ ਸਾਂਝੇ ਕੀਤੇ।

# ਕੋਟਕਪੂਰਾ ਵਿਸ਼ਵਾਸ ਲਾਇਨਜ਼ ਕਲੱਬ ਦੀ ਜਨਰਲ ਮੀਟਿੰਗ

**ਕੋਟਕਪੂਰਾ (ਰਛਪਾਲ ਭੁੱਲਰ)**-ਕੋਟਕਪੂਰਾ ਵਿਸ਼ਵਾਸ ਲਾਇਨਜ਼ ਕਲੱਬ ਦੀ ਫੈਮਿਲੀ ਮੀਟਿੰਗ ’ਚ ਹੋਈ, ਜਿਸ ਵਿੱਚ ਤੀਆਂ ਦਾ ਤਿਉਹਾਰ ਉਤਸ਼ਾਹ ਨਾਲ ਮਨਾਇਆ ਗਿਆ, ਜਿਸ ਗਿੱਧਾ ਭੰਗੜੇ ਦੇ ਨਾਲ ਤਬੋਲਾ ਤੇ ਹੋਰ ਮਨੋਰੰਜਨ ਦੀਆਂ ਖੇਡਾਂ ਕਰਾਈਆਂ ਗਈਆਂ।ਬੱਚਿਆਂ ਦੇ ਮੁਕਾਬਲੇ ਕਰਾਏ ਗਏ। ਪਹਿਲੇ, ਦੂਜੇ ਤੇ ਤੀਜੇ ਨੰਬਰ ਤੇ ਆਉਣ ਵਾਲੇ ਬੱਚਿਆਂ ਨੂੰ ਗਿਫਟ ਦੇ ਕੇ ਸਨਮਾਨਤ ਕੀਤਾ ਗਿਆ।ਜਨਰਲ ਮੀਟਿੰਗ ਵਿੱਚ ਕਲੱਬ ਨੂੰ ਆਉਣ ਵਾਲੇ ਸਮੇਂ ’ਚ ਆਉਣ ਵਾਲੀਆਂ ਚੁਣੌਤੀਆਂ ਤੇ ਆਉਣ ਵਾਲੇ ਸਮੇਂ ਵਿੱਚ ਲਾਉਣ ਵਾਲੇ ਪ੍ਰਾਜੈਕਟਾਂ ਲਈ ਖੁੱਲ੍ਹ ਕੇ ਵਿਚਾਰ ਵਟਾਂਦਰਾ ਕੀਤਾ ਗਿਆ।ਸਰਬਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ 15 ਅਗਸਤ ਨੂੰ ਸੁਤੰਤਰਤਾ ਦਿਵਸ ਬਿਰਧ ਆਸ਼ਰਮ ਵਿੱਚ ਮਨਾਉਣ ਦਾ ਫ਼ੈਸਲਾ ਕੀਤਾ।ਪਿਛਲੇ ਸਾਲ ਦੀ ਤਰ੍ਹਾਂ ਅੱਖਾਂ ਦਾ ਮੁਫ਼ਤ ਚੈੱਕਅਪ ਕੈਂਪ ਤੇ ਅਪ੍ਰੇਸ਼ਨ ਲਾਉਣ ’ਤੇ ਵਿਚਾਰ ਹੋਈ।ਮੀਟਿੰਗ ਵਿੱਚ ਲਾਇਨ ਕੁਲਵੰਤ ਸਿੰਘ ਸਰਾਂ ਕਾਰਜਕਾਰੀ ਪ੍ਰਧਾਨ, ਲਾਇਨ ਵਿਕਰਾਂਤ ਧੀਂਗੜਾ ਸਕੱਤਰ, ਲਾਇਨ ਜਗਸੀਰ ਸਿੰਘ ਖ਼ਜ਼ਾਨਚੀ, ਲਾਇਨ ਮਨਮੋਹਨ ਕ੍ਰਿਸ਼ਨ ਗੋਇਲ ਪੀ ਆਰ ਓ, ਲਾਇਨ ਰਾਜਿੰਦਰ ਸਿੰਘ ਸਰਾਂ, ਲਾਇਨ ਗੁਰਵੀਰ ਕਰਨ ਸਿੰਘ ਢਿੱਲੋਂ ਸਮੇਤ ਲਾਇਨ ਲੇਡੀਜ ਤੇ ਬੱਚੇ ਵੀ ਸ਼ਾਮਲ ਸਨ।

# ਗੁਰਦੁਆਰਾ ਜਾਮਨੀ ਸਾਹਿਬ ਵਿਖੇ ਡੈਂਟਲ ਚੈੱਕਅੱਪ ਕੈਂਪ ਲਗਾਇਆ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਐਤਵਾਰ ਨੂੰ ਸ੍ਰੀ ਗੁਰਦੁਆਰਾ ਜਾਮਨੀ ਸਾਹਿਬ ਬਾਜੀਦਪੁਰ ਵਿਖੇ ਇੱਕ ਵਿਸ਼ੇਸ਼ ਡੈਂਟਲ ਚੈੱਕਅਪ ਕੈਂਪ ਲਗਾਇਆ ਗਿਆ। ਜੈਨੇਸਿਸ ਡੈਂਟਲ ਕਾਲਜ ਫਿਰੋਜ਼ਪੁਰ ਦੀ ਟੀਮ ਵੱਲੋਂ ਲਗਾਏ ਗਏ ਇਸ ਮੁਫ਼ਤ ਕੈਂਪ ਵਿੱਚ 100 ਤੋਂ ਵੱਧ ਸ਼ਰਧਾਲੂਆਂ ਦੇ ਦੰਦਾਂ ਦਾ ਚੈੱਕਅਪ ਕੀਤਾ ਗਿਆ। ਕੈਂਪ ਵਿੱਚ ਮੌਜੂਦ ਮਾਹਰ ਡਾਕਟਰਾਂ ਨੇ ਹਰੇਕ ਮਰੀਜ਼ ਦੇ ਦੰਦਾਂ ਦੀ ਬੜੇ ਧਿਆਨ ਨਾਲ ਜਾਂਚ ਕੀਤੀ। ਉਨ੍ਹਾਂ ਸਿਰਫ਼ ਜਾਂਚ ਤੱਕ ਹੀ ਸੀਮਤ ਨਾ ਰਹਿੰਦਿਆਂ ਦੰਦਾਂ ਨਾਲ ਸਬੰਧਤ ਆਮ ਸਮੱਸਿਆਵਾਂ ਜਿਵੇਂ ਕਿ ਦੰਦਾਂ ਵਿੱਚ ਕੈਵਿਟੀ, ਮਸੂੜਿਆਂ ਦੀਆਂ ਬਿਮਾਰੀਆਂ, ਦੰਦਾਂ ਦਾ ਪੀਲਾਪਣ ਤੇ ਮੂੰਹ ਦੀ ਬਦਬੂ ਬਾਰੇ ਵਿਸਥਾਰ ਨਾਲ ਦੱਸਿਆ। ਡਾਕਟਰਾਂ ਨੇ ਇਨ੍ਹਾਂ ਸਮੱਸਿਆਵਾਂ ਦੇ ਕਾਰਨਾਂ ਤੇ ਉਨ੍ਹਾਂ ਤੋਂ ਬਚਣ ਦੇ ਸੌਖੇ ਤਰੀਕਿਆਂ ਬਾਰੇ ਵੀ ਦੱਸਿਆ। ਇਸ ਤੋਂ ਇਲਾਵਾ ਉਨ੍ਹਾਂ ਸੰਗਤ ਨੂੰ ਦਿਨ ਵਿੱਚ ਦੋ ਵਾਰ ਬੁਰਸ਼ ਕਰਨ ਦੀ ਮਹੱਤਤਾ, ਸਹੀ ਤਰੀਕੇ ਨਾਲ ਬੁਰਸ਼ ਕਰਨ ਦਾ ਢੰਗ ਅਤੇ ਮੂੰਹ ਦੀ ਸਾਫ਼-ਸਫ਼ਾਈ ਬਣਾਈ ਰੱਖਣ ਲਈ ਹੋਰ ਜ਼ਰੂਰੀ ਆਦਤਾਂ ਬਾਰੇ ਵੀ ਜਾਣੂ ਕਰਵਾਇਆ। ਇਸ ਦੌਰਾਨ ਡਾ. ਸੁਕਿਰਤ ਕੌਰ ਤੇ ਡਾ. ਰਾਹੁਲ ਯਾਦਵ ਨੇ ਓਰਲ ਹਾਈਜੀਨ ਬਾਰੇ ਚਾਨਣਾ ਪਾਇਆ ਤੇ ਦੱਸਿਆ ਕਿ ਦੰਦਾਂ ਦੀ ਸਹੀ ਦੇਖਭਾਲ ਕਰਨਾ ਸਮੁੱਚੀ ਸਿਹਤ ਲਈ ਕਿੰਨਾ ਜ਼ਰੂਰੀ ਹੈ। ਜੈਨੇਸਿਸ ਡੈਂਟਲ ਕਾਲਜ ਦੇ ਪੀਆਰਓ ਰਣਜੀਤ ਸਿੰਘ, ਅਜੈ ਕੁਮਾਰ ਤੇ ਜੱਜ ਸਿੰਘ ਨੇ ਸੇਵਾ ਵਿੱਚ ਯੋਗਦਾਨ ਪਾਉਂਦਿਆਂ ਸਾਰੀ ਸੰਗਤ ਨੂੰ ਮੁਫ਼ਤ ਟੂਥਬੁਰਸ਼ ਤੇ ਟੂਥਪੇਸਟ ਵੰਡੇ। ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਸਥਾਨਕ ਲੋਕਾਂ ਵੱਲੋਂ ਇਸ ਸੇਵਾ ਦੀ ਭਰਪੂਰ ਪ੍ਰਸੰਸਾ ਕੀਤੀ ਗਈ।

# ਇਕਬਾਲ ਇਨ ਲੇਡੀਜ਼ ਕਲੱਬ ਨੇ ਮਨਾਇਆ ਤੀਆਂ ਦਾ ਤਿਉਹਾਰ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬੀ ਵਿਰਸੇ ਤੇ ਸੱਭਿਆਚਾਰ ਨੂੰ ਉਚੇਰਾ ਲੈ ਜਾਣ ਲਈ ਵਚਨਬੱਧ ਹੋਟਲ ਇਕਬਾਲ ਇਨ ਲੇਡੀਜ਼ ਕਲੱਬ ਵੱਲੋਂ ਹੋਟਲ ਦੇ ਵਿਹੜੇ ਵਿੱਚ ‘ਤੀਜ ਪਟਿਆਲੇ ਦੀ’ ਨਾਮਕ ਪ੍ਰੋਗਰਾਮ ਮਹਿਲਾਵਾਂ ਦੇ ਤੀਆਂ ਦੇ ਤਿਉਹਾਰ ਦੇ ਖ਼ਾਸ ਉਪਲਕਸ਼ ਮੌਕੇ ਮਨਾਇਆ ਗਿਆ।ਸ੍ਰ. ਕਮਲਪ੍ਰੀਤ ਸਿੰਘ ਸੇਠੀ ਪ੍ਰਬੰਧਕੀ ਨਿਰਦੇਸ਼ਕ ਹੋਟਲ ਇਕਬਾਲ ਇਨ ਦੀ ਸਰਪ੍ਰਸਤੀ ਹੇਠ ਹੋਏ ਇਸ ਪ੍ਰੋਗਰਾਮ ਵਿੱਚ ਪਟਿਆਲਾ ਤੇ ਆਸ-ਪਾਸ ਦੇ ਸ਼ਹਿਰਾਂ ਤੋਂ ਲਗਭੱਗ 300 ਮਹਿਲਾ ਮੈਂਬਰਾਂ ਨੇ ਭਾਗ ਲਿਆ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ੍ਰੀ ਸੇਠੀ ਨੇ ਦੱਸਿਆ ਕਿ ਇਕਬਾਲ ਇਨ ਲੇਡੀਜ਼ ਕਲੱਬ, ਜਿੱਥੇ ਪੰਜਾਬ ਦੇ ਵਿਰਸੇ ਤੇ ਸੱਭਿਆਚਾਰ ਦੀ ਵਿਸ਼ੇਸ਼ ਸਾਂਭ ਸੰਭਾਲ ਨੂੰ ਸਮਰਪਤ ਹੈ, ਉੱਥੇ ਨਾਲ਼ ਹੀ ਨਾਲ਼ ਮਹਿਲਾਵਾਂ ਦੀ ਸਮਾਜਿਕ ਉੱਨਤੀ ਤੇ ਸਸ਼ਕਤੀਕਰਨ ਦੀ ਵਿਚਾਰਧਾਰਾ ਨਾਲ ਮਹਿਲਾਵਾਂ ਨੂੰ ਹੋਰ ਉੱਨਤ ਕਰਨ ਲਈ ਮੌਕੇ ਵੀ ਪ੍ਰਦਾਨ ਕਰਦਾ ਰਹਿੰਦਾ ਹੈ।ਸ੍ਰੀ ਸੇਠੀ ਨੇ ਕਿਹਾ ਕਿ ਇਹ ਵਿਸ਼ੇਸ਼ ਪ੍ਰੋਗਰਾਮ, ਜੋ ਕਿ ਮਹਿਲਾਵਾਂ ਦੇ ਤੀਜ ਦੇ ਤਿਉਹਾਰ ਨੂੰ ਸਮਰਪਤ ਸੀ, ਖ਼ਾਸ ਤੌਰ ’ਤੇ ਮਹਿਲਾਵਾਂ ਲਈ ਤੇ ਮਹਿਲਾਵਾਂ ਦੁਆਰਾ ਵੱਖ ਵੱਖ ਵੰਨਗੀਆਂ ਪੇਸ਼ ਕਰਦੇ ਹੋਏ ਉਚੇਚੇ ਤੌਰ ’ਤੇ ਮਨਾਇਆ ਗਿਆ।ਇਸ ਮੌਕੇ ਮਹਿਲਾਵਾਂ ਵੱਲੋਂ ਵੱਖ ਵੱਖ ਪੁਸ਼ਾਕਾਂ ਜਿਨ੍ਹਾਂ ਵਿੱਚ ਫੁਲਕਾਰੀ, ਪ੍ਰਾਂਦੇ ਤੇ ਟਿੱਕੇ ਸਜਾ ਕੇ ਭਾਗ ਲਿਆ ਗਿਆ। ਇਸ ਮੌਕੇ ਮਹਿਲਾਵਾਂ ਲਈ ਵੱਖ ਵੱਖ ਵੰਨਗੀਆਂ ਜਿਵੇਂ ਪੰਜਾਬੀ ਨਾਚ ਕਿੱਕਲੀ ਤੇ ਗਿੱਧਾ, ਲੋਕ ਖੇਡਾਂ, ਸੱਭਿਆਚਾਰਕ ਪਹਿਰਾਵਾ ਪ੍ਰਦਰਸ਼ਨ ਤੇ ਖਾਣ ਪੀਣ ਦੀਆਂ ਵਸਤਾਂ ਜਿਵੇਂ ਮਾਲ਼ ਪੂੜੇ, ਖ਼ੀਰ ਤੇ ਨਮਕੀਨ ਬੇਸਣ ਦੇ ਪੂੜੇ ਦਾ ਖ਼ਾਸ ਤੌਰ ’ਤੇ ਪ੍ਰਬੰਧ ਕੀਤਾ ਗਿਆ।ਇਸ ਮੌਕੇ ਸ੍ਰੀਮਤੀ ਡਿੰਪੀ ਸੇਠੀ ਤੇ ਸੀਬਾ ਸੇਠੀ ਵੱਲੋਂ ਸਾਂਝੇ ਤੌਰ ’ਤੇ ਮਹਿਲਾ ਪ੍ਰਤੀਭਾਗੀਆਂ ਲਈ ਸੰਧਾਰਿਆਂ ਦਾ ਵਿਤਰਣ ਕੀਤਾ ਗਿਆ।ਇਸ ਤੋਂ ਇਲਾਵਾ ਹਰ ਇੱਕ ਮਹਿਲਾ ਪ੍ਰਤੀਭਾਗੀ ਨੂੰ ਇਸ ਤੀਜ ਦੇ ਤਿਉਹਾਰ ਨਾਲ਼ ਸਬੰਧਤ ਤੇ ਘਰ ਦਾ ਹੋਰ ਸਾਮਾਨ ਆਦਿ ਵੀ ਉਪਹਾਰ ਵਜੋਂ ਦਿੱਤੇ ਗਏ।ਪੰਜਾਬੀ ਲੋਕ ਗਾਇਕਾ ਸੁਰਿੰਦਰ ਕੌਰ ਦੇ ਗਾਣਿਆਂ ਨੇ ਪ੍ਰੋਗਰਾਮ ਨੂੰ ਸਿਖਰਾਂ ’ਤੇ ਪਹੁੰਚਾਣ ਦਾ ਕੰਮ ਕੀਤਾ।

# ਫ਼ਿਰੋਜ਼ਪੁਰ ਰੇਲਵੇ ਮੰਡਲ ਨੇ ਜੁਲਾਈ ਮਹੀਨੇ ’ਚ ਬੇਟਿਕਟਿਆਂ ਤੋਂ 2.69 ਕਰੋੜ ਰੁਪਏ ਵਸੂਲੇ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਫ਼ਿਰੋਜ਼ਪੁਰ ਰੇਲਵੇ ਮੰਡਲ ਨੇ ਜੁਲਾਈ 2025 ਦੌਰਾਨ ਟਿਕਟ ਚੈਕਿੰਗ ਮੁਹਿੰਮਾਂ ਤੋਂ ਇਕ ਵੱਡੀ ਸਫ਼ਲਤਾ ਹਾਸਲ ਕਰਦੇ ਹੋਏ 2.69 ਕਰੋੜ ਦਾ ਰਿਕਾਰਡ ਮਾਲੀਆ ਇਕੱਠਾ ਕੀਤਾ ਹੈ। ਇਹ ਕਾਰਵਾਈ ਉਨ੍ਹਾਂ ਯਾਤਰੀਆਂ ਵਿਰੁੱਧ ਕੀਤੀ ਗਈ, ਜੋ ਬਿਨਾਂ ਟਿਕਟ ਜਾਂ ਅਨਿਯਮਿਤ ਟਿਕਟਾਂ ਨਾਲ ਯਾਤਰਾ ਕਰ ਰਹੇ ਸਨ। ਇਸ ਨਾਲ ਨਾ ਸਿਰਫ਼ ਮੰਡਲ ਦੀ ਆਮਦਨ ਵਿੱਚ ਵਾਧਾ ਹੋਇਆ ਹੈ, ਸਗੋਂ ਸਾਰੇ ਯਾਤਰੀਆਂ ਨੂੰ ਇਕ ਆਰਾਮਦਾਇਕ ਤੇ ਬਿਹਤਰ ਯਾਤਰਾ ਅਨੁਭਵ ਵੀ ਯਕੀਨੀ ਬਣਾਇਆ ਗਿਆ ਹੈ। ਇਸ ਮੁਹਿੰਮ ਦੇ ਹਿੱਸੇ ਵਜੋਂ ਟਿਕਟ ਚੈਕਿੰਗ ਸਟਾਫ਼ ਤੇ ਮੁੱਖ ਟਿਕਟ ਇੰਸਪੈਕਟਰਾਂ ਨੇ ਜੁਲਾਈ ਮਹੀਨੇ ਵਿੱਚ ਕਈ ਰੇਲ ਗੱਡੀਆਂ ’ਚ ਅਚਨਚੇਤ ਚੈਕਿੰਗ ਕੀਤੀ। ਇਸ ਦੌਰਾਨ ਕੁੱਲ 43,092 ਯਾਤਰੀ ਬਿਨਾਂ ਟਿਕਟ ਜਾਂ ਅਨਿਯਮਿਤ ਟਿਕਟਾਂ ਦੇ ਫੜੇ ਗਏ। ਇਨ੍ਹਾਂ ਤੋਂ ਜੁਰਮਾਨੇ ਵਜੋਂ 2.69 ਕਰੋੜ ਦਾ ਮਾਲੀਆ ਵਸੂਲਿਆ ਗਿਆ। ਰੇਲਵੇ ਅਧਿਕਾਰੀਆਂ ਨੇ ਯਾਤਰੀਆਂ ਨੂੰ ਸਹੀ ਟਿਕਟ ਲੈ ਕੇ ਹੀ ਸਫ਼ਰ ਕਰਨ ਦੀ ਸਲਾਹ ਦਿੱਤੀ ਹੈ ਤੇ ਕਿਹਾ ਹੈ ਕਿ ਅਜਿਹੀਆਂ ਚੈਕਿੰਗ ਮੁਹਿੰਮਾਂ ਭਵਿੱਖ ਵਿੱਚ ਵੀ ਜਾਰੀ ਰਹਿਣਗੀਆਂ। ਮੰਡਲ ਅਧਿਕਾਰੀਆਂ ਨੇ ਦੱਸਿਆ ਕਿ ਇਸ ਕਾਰਵਾਈ ਦਾ ਮੁੱਖ ਉਦੇਸ਼ ਰੇਲਵੇ ਟਿਕਟਾਂ ਦੀ ਵਿਕਰੀ ਵਿੱਚ ਸੁਧਾਰ ਲਿਆਉਣਾ ਤੇ ਬਿਨਾਂ ਟਿਕਟ ਯਾਤਰਾ ਨੂੰ ਪੂਰੀ ਤਰ੍ਹਾਂ ਖ਼ਤਮ ਕਰਨਾ ਹੈ। ਉਨ੍ਹਾਂ ਦਾ ਟੀਚਾ ‘ਜ਼ੀਰੋ ਬਿਨਾਂ ਟਿਕਟ ਯਾਤਰਾ’ ਪ੍ਰਾਪਤ ਕਰਨਾ ਹੈ। ਇਸੇ ਦੌਰਾਨ ਰੇਲਵੇ ਨੇ ਸਟੇਸ਼ਨਾਂ ਦੀ ਸਫ਼ਾਈ ਬਣਾਈ ਰੱਖਣ ਲਈ ਵੀ ਸਖ਼ਤ ਕਦਮ ਚੁੱਕੇ ਹਨ। ਜੁਲਾਈ ਮਹੀਨੇ ਵਿੱਚ ਸਟੇਸ਼ਨਾਂ ਨੂੰ ਗੰਦਾ ਕਰਨ ਵਾਲੇ 414 ਯਾਤਰੀਆਂ ਨੂੰ ‘ਐਂਟੀ ਲਿਟਰਿੰਗ ਐਕਟ’ ਤਹਿਤ ਫੜਿਆ ਗਿਆ। ਇਨ੍ਹਾਂ ਤੋਂ ਜੁਰਮਾਨੇ ਵਜੋਂ 75,200 ਦੀ ਰਕਮ ਵਸੂਲ ਕੀਤੀ ਗਈ, ਜਿਸ ਦਾ ਮਕਸਦ ਲੋਕਾਂ ਨੂੰ ਸਫ਼ਾਈ ਪ੍ਰਤੀ ਜਾਗਰੂਕ ਕਰਨਾ ਤੇ ਸਟੇਸ਼ਨਾਂ ਨੂੰ ਸਾਫ਼-ਸੁਥਰਾ ਬਣਾਈ ਰੱਖਣਾ ਹੈ। ਸੀਨੀਅਰ ਮੰਡਲ ਵਣਜ ਪ੍ਰਬੰਧਕ ਪਰਮਦੀਪ ਸਿੰਘ ਸੈਣੀ ਨੇ ਟਿਕਟ ਚੈਕਿੰਗ ਸਟਾਫ਼ ਦੇ ਕੰਮ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਉਹ ਸਿਰਫ਼ ਮਾਲੀਆ ਹੀ ਨਹੀਂ ਵਧਾਉਂਦੇ, ਸਗੋਂ ਯਾਤਰੀਆਂ ਦੀ ਮਦਦ ਕਰਕੇ ਆਪਣਾ ਸਮਾਜਿਕ ਫ਼ਰਜ਼ ਵੀ ਨਿਭਾਉਂਦੇ ਹਨ। ਉਨ੍ਹਾਂ ਐਲਾਨ ਕੀਤਾ ਕਿ ਸ਼ਾਨਦਾਰ ਕੰਮ ਕਰਨ ਵਾਲੇ ਕਰਮਚਾਰੀਆਂ ਨੂੰ ਪ੍ਰਸੰਸਾ ਪੱਤਰ ਦੇ ਕੇ ਸਨਮਾਨਤ ਕੀਤਾ ਜਾਵੇਗਾ। ਮੰਡਲ ਰੇਲ ਪ੍ਰਬੰਧਕ ਸੰਜੀਵ ਕੁਮਾਰ ਨੇ ਵੀ ਕਿਹਾ ਕਿ ਭਵਿੱਖ ਵਿੱਚ ਵੀ ਇਹ ਮੁਹਿੰਮ ਜਾਰੀ ਰਹੇਗੀ ਤਾਂ ਜੋ ਸਾਰੇ ਯਾਤਰੀਆਂ ਨੂੰ ਇੱਕ ਸੁਰੱਖਿਅਤ ਤੇ ਸਫ਼ਾਈ ਵਾਲਾ ਯਾਤਰਾ ਅਨੁਭਵ ਮਿਲ ਸਕੇ।

**YES BANK**

ਰਜਿਸਟਰਡ ਅਤੇ ਕਾਰਪੋਰੇਟ ਦਫਤਰ : ਯੈੱਸ ਬੈਂਕ ਹਾਊਸ, ਆਫ ਵੈੱਸਟਰਨ ਐੱਕਸਪ੍ਰੈੱਸ ਹਾਈਵੇ, ਸਾਂਤਾਕਰੂਜ਼ ਈਸਟ, ਮੁੰਬਈ-400055, ਭਾਰਤ ਵੈੱਬਸਾਈਟ : www.yesbank.in, ਈ-ਮੇਲ : comminications @ yesbank.in, CIN : L65190MH2003PLC143249, ਖੇਤਰੀ ਦਫਤਰ : ਪੰਜਵੀਂ ਮੰਜ਼ਲ, ਮੈਕਸ ਟਾਵਰ, ਸੈਕਟਰ 16ਬੀ, ਨੋਇਡਾ, ਯੂ. ਪੀ.- 201301

**ਸਰਫੇਸੀ ਐਕਟ ਦੇ ਸੈਕਸ਼ਨ 13 (2) ਅਧੀਨ ਨੋਟਿਸ ਦੀ ਪ੍ਰਕਾਸ਼ਨਾ**

ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਏ ਕਰਜ਼ਦਾਰ (ਕਰਜ਼ਦਾਰਾਂ)/ਗਰੰਟਰ/(ਗਰੰਟਰਾਂ/ਗਿਰਵੀਕਾਰ (ਗਿਰਵੀਕਾਰਾਂ), ਜਿਨ੍ਹਾਂ ਨੇ ਬੈਂਕ ਤੋਂ ਲਈ ਕਰਜ਼ਾ ਸਹੂਲਤ ਦਾ ਮੂਲ ਅਤੇ ਵਿਆਜ ਵਾਪਸ ਮੋੜਨ ’ਚ ਅਸਫਲਤਾ ਦਿਖਾਈ ਅਤੇ ਜਿਨ੍ਹਾਂ ਦੇ ਕਰਜ਼ਾ ਖਾਤੇ ਭਾਰਤੀ ਰਿਜ਼ਰਵ ਬੈਂਕ ਵੱਲੋਂ ਜਾਰੀ ‘ਐੱਸਟ ਕਲਾਸੀਫਿਕੇਸ਼ਨ ਗਾਈਡਲਾਈਨਜ਼’ ਦੀਆਂ ਸ਼ਰਤਾਂ ਤੋਂ ਬਾਹਰੀ ਹੋਣ ਕਾਰਨ ਨਾਨ-ਪ੍ਰਫਾਰਮਿੰਗ ਐੱਸਟਸ (ਐੱਨ ਪੀ ਏ) ਵਰਗੀਕ੍ਰਿਤ ਕਰ ਦਿੱਤੇ ਗਏ ਹਨ। ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਦੇ ਸੈਕਸ਼ਨ 13 (2) ਅਤੇ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ ਐਕਟ 2002 (ਸਰਫੇਸੀ ਐਕਟ) ਤਹਿਤ ਉਨ੍ਹਾਂ ਦੇ ਜਾਣਕਾਰੀ ਵਾਲੇ ਆਖਰੀ ਪਤਿਆਂ ’ਤੇ ਨੋਟਿਸ ਜਾਰੀ ਕੀਤੇ ਗਏ ਸਨ, ਪਰ ਉਹ ਬਿਨਾਂ ਤਾਮੀਲ ਦੇ ਵਾਪਸ ਆ ਗਏ, ਅਜਿਹੇ ਵਿੱਚ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਜਾਣਕਾਰੀ ਦਿੱਤੀ ਗਈ ਹੈ।

| ਲੜੀ ਨੰ. | ਖਾਤਾ ਨੰ. | ਕਰਜ਼ੇ ਦੀ ਕਿਸਮ | ਕਰਜ਼ਦਾਰਾਂ, ਸਹਿ-ਕਰਜ਼ਦਾਰਾਂ, ਰਹਿਣਕਾਰਾਂ ਦਾ ਨਾਂਅ | 13 (2) ਨੋਟਿਸ ਅਨੁਸਾਰ ਬਕਾਇਆ | ਐੱਨ ਪੀ ਏ ਮਿਤੀ / ਨੋਟਿਸ ਮਿਤੀ |
|---|---|---|---|---|---|
| 1. | AFH002301527130 | ਕਫਾਇਤੀ ਹਾਊਸਿੰਗ ਕਰਜ਼ਾ ਸਹੂਲਤ | 1. ਜਨਾਰਦਨ ਸ਼ਾਹ (ਕਰਜ਼ਦਾਰ) 2. ਕਲਪਨਾ ਦੇਵੀ (ਸਹਿ-ਕਰਜ਼ਦਾਰ ਅਤੇ/ਜਾਂ ਰਹਿਣਕਾਰ | ਰੁਪਏ 2,636,342.04/- (ਛੱਬੀ ਲੱਖ ਛੱਤੀ ਹਜ਼ਾਰ ਤਿੰਨ ਸੌ ਬਤਾਲੀ ਰੁਪਏ ਅਤੇ ਚਾਰ ਪੈਸੇ ਕੇਵਲ) 02.07.2025 ਨੂੰ | 07-01-2025 / ਨੋਟਿਸ ਮਿਤੀ 17-07-2025 |

ਸਕਿਉਰਡ ਐੱਸਟ ਦੇ ਵੇਰਵੇ : ਵਸੀਕਾ ਨੰ. 103 ਮਿਤੀ 05.04.2016 ਅਨੁਸਾਰ ਕਲਪਨਾ ਦੇਵੀ ਦੀ ਮਲਕੀਅਤ ਅਚੱਲ ਜਾਇਦਾਦ ਨੰ. ਬੀ-29-157/2/28, ਖੇਤਰ 82 ਵਰਗ ਗਜ਼, ਦੋ ਮੰਜ਼ਲੀ ਇਮਾਰਤ, ਖਸਰਾ ਨੰ. 9//16/2, 17/2, 10//4/1, 5, 6/2 ਮਿਨ, 11//1/1, 9//24, 25/1, 10//26 ਖੱਤਾ ਨੰ. 668/686, 669/687, ਸਫਾ ਨੰ. 1703, 1713, ਜਮ੍ਹਾਂਬੰਦੀ ਸਾਲ 2008-2009, ਪਿੰਡ ਗਿਆਸਪੁਰਾ, ਹਦਬਸਤ ਨੰ. 261, ਅਬਾਦੀ ਗੁਰੂ ਅਮਰਦਾਸ ਕਾਲੋਨੀ, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਸ਼ੀਲਾ, 40 ਫੁੱਟ 9 ਇੰਚ, ਪੱਛਮ : ਪ੍ਰੇਮ, 40 ਫੁੱਟ 9 ਇੰਚ, ਉੱਤਰ : ਕਰਮਵੀਰ ਸਿੰਘ, 18 ਫੁੱਟ 2 ਇੰਚ, ਦੱਖਣ : ਗਲੀ 15 ਫੁੱਟ ਚੌੜੀ 18 ਫੁੱਟ 2 ਇੰਚ।

| ਲੜੀ ਨੰ. | ਖਾਤਾ ਨੰ. | ਕਰਜ਼ੇ ਦੀ ਕਿਸਮ | ਕਰਜ਼ਦਾਰਾਂ, ਸਹਿ-ਕਰਜ਼ਦਾਰਾਂ, ਰਹਿਣਕਾਰਾਂ ਦਾ ਨਾਂਅ | 13 (2) ਨੋਟਿਸ ਅਨੁਸਾਰ ਬਕਾਇਆ | ਐੱਨ ਪੀ ਏ ਮਿਤੀ / ਨੋਟਿਸ ਮਿਤੀ |
|---|---|---|---|---|---|
| 2. | AFH002301537481 | ਕਫਾਇਤੀ ਹੋਮ ਕਰਜ਼ਾ ਸਹੂਲਤ | 1. ਨਿਮੇਸ਼ ਕੁਮਾਰ ਰਾਏ (ਕਰਜ਼ਦਾਰ) 2. ਕਿਰਨ ਦੇਵੀ (ਸਹਿ-ਕਰਜ਼ਦਾਰ ਅਤੇ/ਜਾਂ ਰਹਿਣਕਾਰ | ਰੁਪਏ 1,031,018.62/- (ਰੁਪਏ ਦਸ ਲੱਖ ਇਕੱਤੀ ਹਜ਼ਾਰ ਅਠਾਰਾਂ ਰੁਪਏ ਅਤੇ ਬਾਹਠ ਪੈਸੇ ਕੇਵਲ) | 05-10-2024 / ਨੋਟਿਸ ਮਿਤੀ 17-07-2025 |

ਸਕਿਉਰਡ ਐੱਸਟ ਦੇ ਵੇਰਵੇ : ਕਿਰਨ ਦੇਵੀ ਦੀ ਮਲਕੀਅਤ ਅਚੱਲ ਜਾਇਦਾਦ ਮਕਾਨ ਨੰ. 111, ਖੇਤਰ 82 ਵਰਗ ਗਜ਼, ਖਸਰਾ ਨੰ. 16//11, 16//12/3, 16//19, 16//20, 16//21, 16//22, 17//15, 17//16, 17//24, 17//25, 17//26, 17//28, 17//29-27//1/1, 27//2/2, ਖੱਤਾ ਨੰ. 19/20, 20/21, ਜਮ੍ਹਾਂਬੰਦੀ ਸਾਲ 2012-2013, ਪਿੰਡ ਮੰਗਲੀ ਇਨਕਲੇਵ, ਨੇੜੇ ਨੀਚੀ, ਹਦਬਸਤ ਨੰ. 239, ਮੰਡਲੀ ਇਨਕਲੇਵ, ਤਹਿਸੀਲ ਸਾਹਨੇਵਾਲ, ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਸੜਕ 20 ਫੁੱਟ ਚੌੜੀ, ਚੌੜਾਈ 18 ਫੁੱਟ, ਪੱਛਮ : ਗੁਆਂਢੀਆਂ ਦੀ ਜ਼ਮੀਨ 18 ਫੁੱਟ, ਉੱਤਰ : ਗੁਆਂਢੀਆਂ ਦੀ ਜ਼ਮੀਨ 41 ਫੁੱਟ, ਦੱਖਣ : ਗੁਆਂਢੀਆਂ ਦੀ ਜ਼ਮੀਨ 41 ਫੁੱਟ।

| ਲੜੀ ਨੰ. | ਖਾਤਾ ਨੰ. | ਕਰਜ਼ੇ ਦੀ ਕਿਸਮ | ਕਰਜ਼ਦਾਰਾਂ, ਸਹਿ-ਕਰਜ਼ਦਾਰਾਂ, ਰਹਿਣਕਾਰਾਂ ਦਾ ਨਾਂਅ | 13 (2) ਨੋਟਿਸ ਅਨੁਸਾਰ ਬਕਾਇਆ | ਐੱਨ ਪੀ ਏ ਮਿਤੀ / ਨੋਟਿਸ ਮਿਤੀ |
|---|---|---|---|---|---|
| 3. | AFH002301787065 | ਕਫਾਇਤੀ ਹੋਮ ਕਰਜ਼ਾ ਸਹੂਲਤ | 1. ਨਰੇਸ਼ ਕੁਮਾਰ (ਕਰਜ਼ਦਾਰ) 2. ਕਮਲ ਕੁਮਾਰੀ (ਸਹਿ-ਕਰਜ਼ਦਾਰ ਅਤੇ/ਜਾਂ ਰਹਿਣਕਾਰ) | ਰੁਪਏ 1,554,193.45/- (ਭਾਰਤੀ ਰੁਪਏ ਪੰਦਰਾਂ ਲੱਖ ਚਿਰੰਜਾ ਹਜ਼ਾਰ ਇੱਕ ਸੌ ਤਰਿਆਨਵੇਂ ਰੁਪਏ ਅਤੇ ਪੰਜਤਾਲੀ ਪੈਸੇ ਕੇਵਲ), 21-07-2025 ਨੂੰ | 14-07-2025 / ਨੋਟਿਸ ਮਿਤੀ 23-07-2025 |

ਸਕਿਉਰਡ ਐੱਸਟ ਦੇ ਵੇਰਵੇ :ਵਸੀਕਾ ਨੰ: 15267 ਮਿਤੀ 11.02.2015, ਅਨੁਸਾਰ ਸਬ-ਰਜਿਸਟਰਾਰ ਲੁਧਿਆਣਾ ਵੱਲੋਂ ਪ੍ਰਮਾਣਿਤ ਕਮਲ ਕੁਮਾਰੀ ਦੀ ਮਲਕੀਅਤ ਅਚੱਲ ਜਾਇਦਾਦ ਮਕਾਨ ਨੰ: ਬੀ-17-1894/1 ਖੇਤਰ ਰਕਬਾ 42 ਵਰਗ ਗਜ਼, ਲੰਬਕਾਰ 75.851835, ਵਿਸਥਾਰ 30.89422, ਲਾਲ ਕੁਆਰਟਰ, ਵਾਕਿਆ ਪੀਰੂਬਾਂਦਾ ਅਬਾਦੀ ਅਬਦੁੱਲਾਪੁਰ, ਅਜ਼ਾਦ ਨਗਰ, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁੱਝ। ਹੱਦਾਂ: ਪੂਰਬ: ਗੁਆਂਢੀਆਂ ਦਾ ਮਕਾਨ, 17 ਫੁੱਟ 3 ਇੰਚ, ਪੱਛਮ: ਗਲੀ, 17 ਫੁੱਟ 3 ਇੰਚ, ਉੱਤਰ: ਸਰਿੰਦਰਜੀ ਸਿੰਘ, 21 ਫੁੱਟ, ਦੱਖਣ: ਰਾਜੂ, 21 ਫੁੱਟ।

| ਲੜੀ ਨੰ. | ਖਾਤਾ ਨੰ. | ਕਰਜ਼ੇ ਦੀ ਕਿਸਮ | ਕਰਜ਼ਦਾਰਾਂ, ਸਹਿ-ਕਰਜ਼ਦਾਰਾਂ, ਰਹਿਣਕਾਰਾਂ ਦਾ ਨਾਂਅ | 13 (2) ਨੋਟਿਸ ਅਨੁਸਾਰ ਬਕਾਇਆ | ਐੱਨ ਪੀ ਏ ਮਿਤੀ / ਨੋਟਿਸ ਮਿਤੀ |
|---|---|---|---|---|---|
| 4. | AFH002301756715 | ਮਾਈਕਰੋ ਐੱਲ ਏ ਪੀ ਟਰਮ ਕਰਜ਼ਾ ਸਹੂਲਤ | 1. ਹਰਜਿੰਦਰ ਸਿੰਘ (ਕਰਜ਼ਦਾਰ) 2. ਜਸਮੀਨ ਕੌਰ ਬਰਾੜ (ਸਹਿ-ਕਰਜ਼ਦਾਰ ਅਤੇ/ਜਾਂ ਰਹਿਣਕਾਰ) ਪਤਨੀ ਹਰਜਿੰਦਰ ਸਿੰਘ | ਰੁਪਏ 1,252,048.17/- (ਭਾਰਤੀ ਰੁਪਏ ਬਾਰਾਂ ਲੱਖ ਬਵੰਜਾ ਹਜ਼ਾਰ ਅਠਤਾਲੀ ਰੁਪਏ ਅਤੇ ਸਤਾਰਾਂ ਪੈਸੇ ਕੇਵਲ), 24-06-2025 ਨੂੰ | 13-06-2025 / ਨੋਟਿਸ ਮਿਤੀ 24-07-2025 |

ਸਕਿਉਰਡ ਐੱਸਟ ਦੇ ਵੇਰਵੇ : ਅਚੱਲ ਜਾਇਦਾਦ ਪਲਾਟ ਨੰ: 226, ਖੇਤਰ ਰਕਬਾ 50 ਵਰਗ ਗਜ਼, ਖਸਰਾ ਨੰ: 66//12, 13, 14, 15, 16, 17, 18, 19, 25/1, 67//21/1,11, 20 ਖੱਤਾ ਨੰ: 290/318, ਸਫਾ ਨੰ: 671, ਜਮ੍ਹਾਂਬੰਦੀ ਸਾਲ 2008-2009, ਹਦਬਸਤ ਨੰ: 181 ਭਾਮੀਆਂ ਕਲਾਂ, ਅਬਾਦੀ ਗਾਰਡਨ ਸਿਟੀ, ਨੇੜੇ ਜੈਨ ਅਸਟੇਟ, ਬੈਨਾਮਾ ਨੰ: 2022-2023/106/1/3296 ਮਿਤੀ 10-06-2022, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ, ਪੰਜਾਬ, ਜਸਮੀਨ ਕੌਰ ਬਰਾੜ ਦੀ ਮਲਕੀਅਤ ਨਾਲ ਸੰਬੰਧਤ ਸਭ ਕੁੱਝ। ਹੱਦਾਂ: ਪੂਰਬ-ਗਲੀ, 15 ਫੁੱਟ ਚੌੜੀ, ਪੱਛਮ: ਗੁਆਂਢ 15 ਫੁੱਟ ਚੌੜਾ, ਉੱਤਰ:ਸ੍ਰੀਪਾਲ, 30 ਫੁੱਟ, ਦੱਖਣ, ਖਾਲੀ ਮਕਾਨ, 30 ਫੁੱਟ।

ਉਪਰੋਕਤ ਕਰਜ਼ਦਾਰ /ਸਹਿ-ਕਰਜ਼ਦਾਰ/ਗਰੰਟਰ/ਰਹਿਣਕਾਰ (ਜਦੋਂ ਵੀ ਲਾਗੂ ਹੋਵੇ) ਨੂੰ ਬਕਾਇਆ ਰਕਮ, ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਅਦਾ ਕਰਨ ਦਾ ਸੱਦਾ ਦਿੱਤਾ ਜਾਂਦਾ ਹੈ। ਅਸਫਲ ਰਹਿਣ ’ਤੇ 60 ਦਿਨ ਗੁਜਰ ਜਾਣ ਤੋਂ ਬਾਅਦ ਸਰਫੇਸੀ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਤਹਿਤ ਅਗਲੇ ਕਦਮ ਉਠਾਏ ਜਾਣਗੇ। ਇਸ ਤੋਂ ਅੱਗੇ ਇਹ ਵੀ ਤੁਹਾਡੇ ਧਿਆਨ ’ਚ ਲਿਆਂਦਾ ਜਾਂਦਾ ਹੈ ਕਿ ਉਕਤ ਸਰਫੇਸੀ ਐਕਟ ਦੇ ਸੈਕਸ਼ਨ 13 (8) ਤਹਿਤ ਜੇਕਰ ਸਕਿਉਰਡ ਕ੍ਰੈਡੀਟਰ ਦੀ ਬਕਾਇਆ ਰਕਮ ਸਮੇਤ ਉਸ ਵੱਲੋਂ ਸਹਿਣ ਕੀਤੀਆਂ ਗਈਆਂ ਲਾਗਤਾਂ, ਚਾਰਜਿਜ਼ ਅਤੇ ਖਰਚੇ ਵਿਕਰੀ ਜਾਂ ਤਬਾਦਲੇ ਲਈ ਤੈਅ ਕੀਤੀ ਗਈ ਮਿਤੀ ਤੋਂ ਪਹਿਲਾਂ ਕਿਸੇ ਸਮੇਂ ਵੀ ਅਦਾ ਕਰ ਦਿੱਤੇ ਜਾਂਦੇ ਹਨ ਤਾਂ ਸਾਡੇ ਵੱਲੋਂ ਸਕਿਉਰਡ ਐੱਸਟ ਵਿਕਰੀ ਜਾਂ ਤਬਦੀਲ ਨਹੀਂ ਕੀਤੇ ਜਾਣਗੇ ਅਤੇ ਸਾਡੇ ਵੱਲੋਂ ਸਕਿਉਰਡ ਐੱਸਟ ਨੂੰ ਤਬਦੀਲ ਜਾਂ ਵਿਕਰੀ ਕਰਨ ਸੰਬੰਧੀ ਅਗਲੇ ਕਦਮ ਨਹੀਂ ਉਠਾਏ ਜਾਣਗੇ।

ਮਿਤੀ: 05-08-2025 — ਅਧਿਕਾਰਤ ਅਫਸਰ
ਸਥਾਨ : ਪੰਜਾਬ — ਵਾਸਤੇ ਯੈੱਸ ਬੈਂਕ ਲਿਮਟਿਡ

# ਸਿਲੈਕਟ ਕਮੇਟੀ ਫਾਸਟ ਟਰੈਕ ਕੋਰਟ ਦੀ ਤਰਜ਼ 'ਤੇ ਕਰੇ ਕੰਮ, ਧਰਮ ਕਾ ਜੈਕਾਰ ਇਕੱਤਰਤਾ ਦੀ ਮੰਗ

## 31 ਅਗਸਤ ਨੂੰ ਬਟਾਲਾ ਵਿਖੇ ਵਿਆਹ ਪੁਰਬ ਮੌਕੇ ਹੋਏਗੀ ਅਗਲੀ ਇਕੱਤਰਤਾ

ਸ੍ਰੀ ਫ਼ਤਿਹਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ) ਦੀਵਾਨ ਟੋਡਰ ਮੱਲ ਯਾਦਗਾਰੀ ਹਾਲ ਵਿੱਚ 'ਧਰਮ ਕਾ ਜੈਕਾਰ' ਇਕੱਤਰਤਾ ਨੇ ਬੁਲੰਦ ਆਵਾਜ਼ 'ਚ ਬੇਅਦਬੀਆਂ ਦੇ ਦੋਸ਼ੀਆਂ ਲਈ ਬੇਮਿਸਾਲ ਸਜ਼ਾ ਦੇ ਬਣ ਰਹੇ ਕਾਨੂੰਨ ਲਈ ਬਣੀ ਸਿਲੈਕਟ ਕਮੇਟੀ ਨੂੰ ਫਾਸਟ ਟਰੈਕ ਕੋਰਟ ਦੀ ਤਰਜ਼ 'ਤੇ ਕੰਮ ਕਰਨ ਅਤੇ ਪ੍ਰਾਪਤ ਹੋ ਰਹੇ ਸੁਝਾਵਾਂ 'ਤੇ ਰੋਜ਼ਾਨਾ ਚਰਚਾ ਕਰਕੇ, ਮਾਹਿਰਾਂ ਦੀ ਰਾਏ ਨਾਲ ਉਨ੍ਹਾਂ ਦਾ ਨਿਪਟਾਰਾ ਕਰਨ ਦੀ ਮੰਗ ਕੀਤੀ।

ਸਰਬ ਧਰਮ ਬੇਅਦਬੀ ਰੋਕੂ ਕਾਨੂੰਨ ਮੋਰਚਾ ਦੇ ਕੋਆਰਡੀਨੇਟਰ ਤੇ ਅੱਠੇ ਪਹਿਰ ਟਹਿਲ ਸੇਵਾ ਲਹਿਰ, ਸ੍ਰੀ ਅਨੰਦਪੁਰ ਸਾਹਿਬ ਦੇ ਮੁੱਖ ਸੇਵਾਦਾਰ ਭਾਈ ਗੁਰਪ੍ਰੀਤ ਸਿੰਘ ਨੇ, ਚੇਅਰਮੈਨ ਡਾ. ਇੰਦਰਬੀਰ ਸਿੰਘ ਨਿੱਝਰ ਤੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੂੰ ਨਿੱਜੀ ਤੌਰ 'ਤੇ ਮਿਲ ਕੇ ਦਿੱਤੇ ਸੱਦੇ ਦੇ ਬਾਵਜੂਦ ਸਿਲੈਕਟ ਕਮੇਟੀ ਦੇ ਕਿਸੇ ਵੀ ਮੈਂਬਰ ਵੱਲੋਂ ਇਕੱਤਰਤਾ ਵਿੱਚ ਸ਼ਿਰਕਤ ਨਾ ਕੀਤੇ ਜਾਣ 'ਤੇ ਵੱਡੀ ਨਿਰਾਸਤਾ ਜਤਾਈ।

ਇਕੱਤਰਤਾ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ ਵਿਧਾਇਕ ਲਖਮੀਰ ਸਿੰਘ ਰਾਏ ਨੂੰ ਮੋਰਚੇ ਵੱਲੋਂ ਏ.ਡੀ.ਜੀ.ਪੀ. ਐਲ ਕੇ ਯਾਦਵ ਅਤੇ ਏ. ਜੀ. ਆਫਿਸ ਦੀ ਮਦਦ ਨਾਲ 3 ਜੁਲਾਈ ਨੂੰ ਤਿਆਰ ਕਰਕੇ ਭੇਜੇ ਗਏ 'ਪੰਜਾਬ ਪਵਿੱਤਰ ਧਾਰਮਿਕ ਗ੍ਰੰਥਾਂ ਦੇ ਵਿਰੁੱਧ ਅਪਰਾਧਾਂ ਦੀ ਰੋਕਥਾਮ ਬਿਲ 2025' ਦੇ ਮੂਲ ਖਰੜੇ ਦੀ ਕਾਪੀ ਭੇਟ ਕੀਤੀ ਗਈ ਅਤੇ ਮੰਗ ਕੀਤੀ ਗਈ ਇਸੇ ਖਰੜੇ ਨੂੰ ਕਾਨੂੰਨ ਦੇ ਰੂਪ ਵਿੱਚ ਪ੍ਰਵਾਨਗੀ ਦਿੱਤੀ ਜਾਏ, ਕਿਉਂਕਿ ਬਾਅਦ ਵਿੱਚ ਇਸ ਨੂੰ ਸੜਿਆਂ ਦੇ ਖਰੜੇ ਨੂੰ ਢਾਈ ਸੜਿਆਂ ਵਿੱਚ ਬਦਲ ਦਿੱਤਾ ਗਿਆ, ਜਿਸ ਕਾਰਨ ਬਹੁਤ ਸਾਰੀਆਂ ਮੱਦਾਂ ਮੌਜੂਦਾ ਬਿਲ ਦਾ ਹਿੱਸਾ ਨਹੀਂ ਹਨ।

ਪੰਜਾਬ ਦੇ ਮੁੱਦਿਆਂ 'ਤੇ ਸੰਘਰਸ਼ ਕਰਨ ਵਾਲੇ ਨਾਮਵਰ ਆਗੂ ਅਮਤੋਜ ਸਿੰਘ ਮਾਨ ਨੇ ਸਿਲੈਕਟ ਕਮੇਟੀ ਨੂੰ ਦਿੱਤੇ ਗਏ ਛੇ ਮਹੀਨੇ ਦੇ ਸਮੇਂ ਨੂੰ ਬੇਲੋੜਾ ਦੱਸਿਆ, ਜਦਕਿ ਇਹ ਕੰਮ ਕੁਝ ਦਿਨਾਂ ਵਿੱਚ ਹੋ ਸਕਦਾ ਹੈ। ਕਿਸਾਨ ਆਗੂ ਸਰਵਣ ਸਿੰਘ ਪੰਧੇਰ ਨੇ ਕਿਸਾਨ ਜਥੇਬੰਦੀਆਂ ਵੱਲੋਂ ਮੋਰਚੇ ਦੀ ਪੂਰਨ ਹਮਾਇਤ ਦਾ ਐਲਾਨ ਕੀਤਾ। ਨਾਮੀ ਪੱਤਰਕਾਰ ਜਗਦੀਪ ਸਿੰਘ ਥਲੀ ਨੇ ਕਿਸਾਨਾਂ ਅਤੇ ਧਾਰਮਿਕ ਲੋਕਾਂ ਨੂੰ ਬੇਅਦਬੀਆਂ ਵਿਰੁੱਧ ਚੱਲ ਰਹੇ ਇਸ ਮੋਰਚੇ ਦਾ ਸਾਥ ਦੇਣ ਲਈ ਵੰਗਾਰ ਪਾਈ। ਸਮਾਣਾ ਟਾਵਰ ਤੋਂ ਫੋਨ ਕਾਲ ਰਾਹੀਂ ਸੰਗਤਾਂ ਨੂੰ ਸੰਬੋਧਨ ਹੁੰਦੇ ਹੋਏ ਭਾਈ ਗੁਰਜੀਤ ਸਿੰਘ ਖਾਲਸਾ ਨੇ ਸਮੂਹ ਧਾਰਮਿਕ ਹਸਤੀਆਂ ਨੂੰ ਵਧ-ਚੜ੍ਹ ਕੇ ਬੇਅਦਬੀਆਂ ਖਿਲਾਫ਼ ਚੱਲ ਰਹੇ ਮੋਰਚੇ ਦਾ ਸਾਥ ਦੇਣ ਲਈ ਸਖਤ ਲਫ਼ਜ਼ਾਂ ਵਿੱਚ ਵੰਗਾਰ ਪਾਈ। ਸਨਾਤਨ ਧਰਮ ਦੇ ਨਾਮਵਰ ਪ੍ਰਚਾਰਕ, ਅੰਤਰਰਾਸ਼ਟਰੀ ਸੰਤ ਸਮਾਜ ਦੇ ਮੁਖੀ ਸਵਾਮੀ ਰਾਜੇਸਵਰਾਨੰਦ ਨੇ ਹਾਜ਼ਰ ਨਾਜ਼ਰ ਸਤਿਗੁਰੂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ, ਸ੍ਰੀ ਮਦ ਭਗਵਤ ਗੀਤਾ ਤੇ ਹੋਰ ਧਾਰਮਿਕ ਗ੍ਰੰਥਾਂ ਦੇ ਸਤਿਕਾਰ ਲਈ ਬਿਨਾਂ ਦੇਰੀ ਦੇ ਕਾਨੂੰਨ ਬਣਾਉਣ ਦੀ ਮੰਗ ਕੀਤੀ।



ਨਿਹੰਗ ਸਿੰਘ ਬਾਬਾ ਜੱਸਾ ਸਿੰਘ ਨੇ ਸਾਰੇ ਪਿੰਡਾਂ ਦੀਆਂ ਪੰਚਾਇਤਾਂ ਨੂੰ ਗ੍ਰਾਮ ਸਭਾ ਬੁਲਾਕੇ ਇਸ ਕਾਨੂੰਨ ਦੇ ਪੱਖ ਵਿੱਚ ਮਤਾ ਪਾ ਕੇ ਸਿਲੈਕਟ ਕਮੇਟੀ ਨੂੰ ਭੇਜਣ ਲਈ ਕਿਹਾ। ਅਖੰਡ ਕੀਰਤਨੀ ਜਥੇ ਸਮਾਣਾ ਦੇ ਮੁਖੀ ਬਾਬਾ ਭਰਪੂਰ ਸਿੰਘ ਨੇ ਮੋਰਚੇ ਦੇ ਪ੍ਰਤੀਨਿਧੀ ਮੰਡਲ ਵੱਲੋਂ ਮੁੱਖ ਮੰਤਰੀ ਨਾਲ ਹੋਈ ਮੁਲਾਕਾਤ ਦਾ ਵੇਰਵਾ ਸੰਗਤਾਂ ਨਾਲ ਸਾਂਝਾ ਕੀਤਾ। ਦਮਦਮੀ ਟਕਸਾਲ ਦੇ ਬਾਬਾ ਅਮਰਜੀਤ ਸਿੰਘ ਮਰਿਆਦਾ ਨੇ ਸਰਕਾਰ ਵੱਲੋਂ ਕਾਨੂੰਨ ਬਣਾਉਣ ਦੀ ਪ੍ਰਕਿਰਿਆ ਨੂੰ ਠੰਡੇ ਬਸਤੇ ਵਿੱਚ ਪਾਉਣ ਦੀ ਨਿਖੇਧੀ ਕੀਤੀ।

ਸੰਪ੍ਰਦਾਇ ਨਾਨਕਸਰ ਵਾਲੇ ਬਾਬਾ ਸੁਖਦੇਵ ਸਿੰਘ ਨੇ ਸਭ ਦੇ ਸਾਹਮਣੇ ਝੋਲੀ ਅੱਡ ਕੇ ਬੇਅਦਬੀਆਂ ਰੋਕਣ ਲਈ ਕਾਨੂੰਨ ਮੰਗਿਆ। ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਲਖਬੀਰ ਸਿੰਘ ਸੌਂਕੀ, ਅਮਲੋਹ ਨੇ ਬੇਅਦਬੀਆਂ ਰੋਕਣ ਲਈ ਸਰਕਾਰ ਦੀ ਢਿੱਲੀ ਕਾਰਗੁਜ਼ਾਰੀ 'ਤੇ ਸਵਾਲ ਚੁੱਕੇ। ਕੌਮੀ ਯੋਧੇ ਭਾਈ ਸੰਦੀਪ ਸਿੰਘ ਦੇ ਭਰਾਤਾ ਭਾਈ ਮਨਦੀਪ ਸਿੰਘ ਅੰਮ੍ਰਿਤਸਰ ਨੇ ਕੌਮ ਨੂੰ ਮੋਰਚੇ ਦਾ ਡਟ ਕੇ ਸਾਥ ਦੇਣ ਦੀ ਅਪੀਲ ਕੀਤੀ। ਨਾਮਵਰ ਵਕੀਲ ਗੁਰਵਿੰਦਰ ਸਿੰਘ ਸਿੱਧੂ ਨੇ ਦੱਸਿਆ ਕਿ ਇਹ ਬਿੱਲ ਕਿਸੇ ਤਰ੍ਹਾਂ ਵੀ ਬੋਲਣ ਦੀ ਅਜ਼ਾਦੀ ਦੇ ਖਿਲਾਫ਼ ਨਹੀਂ ਹੈ।

ਮੋਰਚੇ ਦੇ ਆਗੂ ਤਲਵਿੰਦਰ ਸਿੰਘ ਔਲਖ ਨੇ 15 ਸਤੰਬਰ ਤੱਕ ਮੁੜ ਇਜਲਾਸ ਬੁਲਾ ਕੇ ਇਸ ਬਿੱਲ ਨੂੰ ਕਾਨੂੰਨ ਦਾ ਰੂਪ ਦੇਣ ਦੀ ਮੰਗ ਕੀਤੀ। ਹਰਿਆਣਾ ਤੋਂ ਕਿਸਾਨ ਆਗੂ ਮਨਜੀਤ ਸਿੰਘ ਨੇ ਸੰਘਰਸ ਨੂੰ ਹੋਰ ਤਿੱਖਾ ਕਰਨ ਦੀ ਗੱਲ ਕਹੀ, ਮਲਕੀਤ ਸਿੰਘ ਧਰਮੀ ਫੌਜੀ, ਡਾਕਟਰ ਜਗਦੇਵ ਸਿੰਘ ਤੇ ਕੁਲਵਿੰਦਰ ਸਿੰਘ ਪ੍ਰਧਾਨ ਨੇ ਭਾਈ ਗੁਰਜੀਤ ਸਿੰਘ ਖਾਲਸਾ (ਫੌਜੀ) ਦੀ ਸਿਹਤ ਹਵਾਲਾ ਦੇ ਕੇ ਜਲਦੀ ਕਾਨੂੰਨ ਬਣਾਉਣ ਦੀ ਮੰਗ ਕੀਤੀ। ਭਾਈ ਜਸਵਿੰਦਰ ਸਿੰਘ ਨੇ ਸਟੇਜ ਦੀ ਸੇਵਾ ਨਿਭਾਈ, ਨਿਰਵੈਰ ਖਾਲਸਾ ਕਵਿਸਰੀ ਜਥੇ ਨੇ ਸੰਗਤਾਂ ਨੂੰ ਗੁਰ ਇਤਿਹਾਸ ਨਾਲ ਜੋੜਿਆ ਅਤੇ ਅਰਦਾਸ ਭਾਈ ਸਤਿਗੁਰੂ ਸਿੰਘ ਨੇ ਕੀਤੀ।

## COURT NOTICE

In The Court Of 4th Addl. Sessions Judge Srinagar
Present :- Manjeet Rai
J.O Code No. JK00128
In the case of:-
State now UT through SHO Police Station Ram Munshi Bagh, Srinagar
FIR No. 96/2016 u/s 302 RPC
Versus
Raj Kumar
S/o Lt. Daleep Chand
R/o Dalla Balum Pathankot Punjab
.......Accused...

Proclamation Requiring The Appearance of a Person Accused.

WHEREAS challan has been made before me that accused Raj Kumar S/o Lt. Daleep Chand R/o Dalla Balum Pathankot Punjab has committed the offence Under (Section 302 RPC, and it has been returned to a warrant of arrest thereupon issued that the accused Raj Kumar S/o Lt. Daleep Chand R/o Dalla Balum Pathankot Punjab cannot be found, and whereas it has been shown to my satisfaction that the accused Raj Kumar S/o Lt. Daleep Chand R/o Dalla Balum Pathankot Punjab has absconded or is concealing himself to avoid the service of the said warrant; Proclamation is hereby made that the said accused Raj Kumar S/o Lt. Daleep Chand R/o Dalla Balum Pathankot Punjab is required to appear before this Court to answer the said challan on the 5th day of August 2025.
Issued today the 28.06.2025

(Manjeet Rai)
I/C 4th Addl. Sessions Judge Srinagar

## COURT NOTICE

(U/o 5 Rule 20 Cpc)
In The Court of Ms. Rajni Chhokra Addl. District and Sessions Judge-V, Jalandhar
CNR No. PBJL01-014484-2023
Next Date:- 25-08-2025
National Insurance Co. Ltd. (Branch Office IV, Patel Chowk, Jalandhar and With one of its Regional Office at Grand Walk, Ferozepur Road, Ludhiana through its Regional Manager.)
......applicant/Decree Holder
Vs.
Jatinder Singh (S/o Satinder Singh R/o Tarn Taran Road, Mata Ganga Ji Nagar, P.S. Division No. 2, Amritsar)
Publication Issued To:
1) Jatinder Singh
Father : Satinder Singh
R/o Taran Taran Road, Mata Ganga Ji Nagar, P.S. Division No 2, Amritsar.

In above titled case, the defendant(s)/ respondent(s) could not be served. It is ordered that defendant(s)/respondent(s) should appear in person or through counsel on 25-08-2025 at 10:00 a.m.

For details logon to https://highcourtchd.gov.in/?mod=district_notice&district=Jalandhar

Add District and Sessions Judge-V
Jalandhar
Dated, this day of 29-07-2025

## COURT NOTICE

(U/O 5 Rule 20 Cpc)
In The Court of Ms. Monika Chouhan Additional Civil Judge (Senior Division) Khadoor Sahib
Next Date, Purpose of case, Orders and Judgments as well as other case information is available on http://districts.ecourts.gov.in
CNR No. PBTTB0-000120-2025
Next Date:- 22-08-2025
Wassan Singh
Vs.
Suhel Singh
Publication Issued To:
General Public

In above titled case, the defendant(s)/respondent(s) could not be served. It is ordered that defendant(s)/ respondent(s) should appear in person or through counsel on 22-08-2025 at 10:00 a.m.

For details logon to https://highcourtchd.gov.in/?trs=district_notice&district=Tarn Taran

Additional Civil Judge (Senior Division) Khadoor Sahib
Dated, this day of 02-08-2025

## COURT NOTICE

(U/o 5 Rule 20 CPC)
In The Court of Sh. Divanshu Aggarwal Civil Judge Junior Division - 13, Patiala
CNR No. PBPT02-002300-2024
Next Date:- 29-08-2025
State Bank of India
Vs.
Hakam Singh
Recovery of Rs. 273373/-
Publication Issued To:
Hakam Singh
Father: Hazura Singh
Vill. Kheri Raju Singh P.O. Gharam, Teh. Patiala

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 29-08-2025 at 10:00 a.m.

For details logon to https://highcourtchd.gov.in/?mod=district_notice&district=patiala

Civil Judge Junior Division - 13, Patiala
Dated, this day of 04-08-2025

## ਉੱਤਰ ਰੇਲਵੇ

### ਈ-ਨੀਲਾਮੀ ਸੂਚਨਾ

ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਸੀਨੀਅਰ ਮੰਡਲ ਵਾਣਿਜ ਪ੍ਰਬੰਧਕ/ਮਾਲਭਾੜਾ, ਉੱਤਰ ਰੇਲਵੇ, ਫ਼ਿਰੋਜ਼ਪੁਰ ਦੁਵਾਰਾ ਹੇਠਾ ਦਿਤੇ ਗਏ ਕੰਮ ਦੇ ਲਈ ਯੋਗ ਅਤੇ ਰਜਿਸਟਰਡ ਬੋਲੀਦਾਤਾਵਾਂ ਤੋਂ ਫ਼ਿਰੋਜ਼ਪੁਰ ਮੰਡਲ ਵਿਚ ਈ-ਨੀਲਾਮੀ ਮੰਗ ਕੀਤੀ ਗਈ ਹੈ।:

| ਨੀਲਾਮੀ ਸੂਚੀ ਨੰ: | ਨੀਲਾਮੀ ਸ਼ੁਰੂ ਹੋਣ ਦਾ ਸਮਾਂ ਅਤੇ ਮਿਤੀ | ਕੰਮ ਦਾ ਨਾਮ |
|---|---|---|
| EAFZR-OSD-25-3 | 13.08.2025 ਨੂੰ 11.30 ਵਜੇ | ਫਗਵਾੜਾ ਰੇਲਵੇ ਸਟੇਸ਼ਨ ਉਤੇ ਵੀਡਿਯੋ ਵਾਂਲ ਦੇ ਦੁਵਾਰਾ ਤੋਂ ਵਾਣਿਜਿਯਕ ਪ੍ਰਚਾਰ ਦੇ ਲਈ ਅਨੁਬੰਧ ਦਾ ਅਲਾਟਮੈਂਟ । |
| EAFZR-MIS25-13 | 13.08.2025 ਨੂੰ 12.30 ਵਜੇ | 1) ਰੇਲਵੇ ਸਟੇਸ਼ਨ ਫ਼ਿਰੋਜ਼ਪੁਰ ਕੈਂਟ ਉਤੇ ਗ੍ਰੋਸਰੀ ਸਟੋਰ ਅਤੇ ਫੋਟੋਕਾਪਿਯਰ, ਮੋਬਾਇਨ ਅਤੇ ਮੋਬਾਇਲ ਐਕਸੇਸਰੀਜ ਸਟੋਰ ਅਤੇ ਟੇਕਸਟਾਇਲ ਸਟੋਰ (ਵਿਗਿਆਪਨ ਅਧਿਕਾਰਾਂ ਦੇ ਨਾਲ) ਦੇ ਪ੍ਰਾਵਧਾਨ ਅਵਰ ਸੰਚਾਲਨ ਦੇ ਲਈ ਅਨੁਬੰਧ ਦਾ ਅਲਾਟਮੈਂਟ । 2) ਜਲੰਧਰ ਸਿਟੀ ਰੇਲਵੇ ਸਟੇਸ਼ਨ ਉਤੇ ਟੇਕਸਟਾਇਲ ਸਟੋਰ (ਵਿਗਿਆਪਨ ਅਧਿਕਾਰਾਂ ਦੇ ਨਾਲ) ਦੇ ਪ੍ਰਾਵਧਾਨ ਅਵਮ ਸੰਚਾਲਨ ਦੇ ਲਈ ਅਨੁਬੰਧ ਦਾ ਅਲਾਟਮੈਂਟ । |
| EAFZR-WR25-1 | 14.08.2025 ਨੂੰ 11.30 ਵਜੇ | ਜਲੰਧਰ ਰੇਲਵੇ ਸਟੇਸ਼ਨ ਉਤੇ ਏਸੀ ਵੇਟਿੰਗਰੂਮ ਦੇ ਨਵੀਨੀਕਰਣ , ਸੰਚਾਲਨ ਅਤੇ ਰੱਖ-ਰੱਖਾਵ ਦੇ ਲਈ ਅਨੁਬੰਧ ਦਾ ਅਲਾਟਮੈਂਟ । |
| EAFZR-CTG25-24A | 16.08.2025 ਨੂੰ 11.00 ਵਜੇ | ਸਾਹਨੇਵਾਲ, ਨਵਾਂ ਸ਼ਹਿਰ ਦੋਆਬਾ, ਨਕੋਦਰ, ਵੇਰਕਾ, ਜਗਰਾਓਂ, ਫ਼ਿਰੋਜ਼ਪੁਰ ਸਿਟੀ, ਫਾਜਿਲਕਾ, ਅਤੇ ਸੁਲਤਾਨਪੁਰ ਲੋਧੀ ਰੇਲਵੇ ਸਟੇਸ਼ਨਾਂ ਉਤੇ ਕੈਟਰਿੰਗ ਸਟਾਲ ਦਾ ਠੇਕੇ ਦਾ ਅਲਾਟਮੈਂਟ । |
| EAFZR-PRKG25-14 | 16.08.2025 ਨੂੰ 11.30 ਵਜੇ | ਡੀਏਵੀ ਕਾਲੇਜ ਜਲੰਧਰ ਹਾਲਟ ਅਤੇ ਕਪੂਰਥਲਾ ਰੇਲਵੇ ਸਟੇਸ਼ਨ ਉਤੇ ਪਾਰਕਿੰਗ ਜਗ੍ਹਾਂ ਦਾ ਠੇਕੇ ਉਤੇ ਅਲਾਟਮੈਂਟ । |
| EAFZR-CTG25-24 | 18.08.2025 ਨੂੰ 11.00 ਵਜੇ | ਖੇਮਕਰਣ, ਮੁਕਤਸਰ, ਤਰਨਤਾਰਨ, ਕਰਤਾਪੁਰ, ਆਰਸੀਐਫ-ਕਪੂਰਥਲਾ ਹਾਲਟ ਅਤੇ ਕੋਟਕਪੂਰਾ ਰੇਲਵੇ ਸਟੇਸ਼ਨਾਂ ਉਤੇ ਕੈਟਰਿੰਗ ਸਟਾਲ ਦਾ ਠੇਕੇ ਉਤੇ ਅਲਾਟਮੈਂਟ । |
| EAFZR-PnU25-16 | 18.08.2025 ਨੂੰ 11.00 ਵਜੇ | ਬਟਾਲਾ, ਮੁਕਤਸਰ ਅਤੇ ਫਿਲਲੌਰ ਰੇਲਵੇ ਸਟੇਸ਼ਨਾਂ ਉਤੇ ਪੇ ਐਂਡ ਯੂਜ ਪਖਾਨਿਆਂ ਦੇ ਸੰਚਾਲਨ ਅਤੇ ਰੱਖ-ਰੱਖਾਵ ਦੇ ਲਈ ਅਨੁਬੰਧ ਦਾ ਅਲਾਟਮੈਂਟ । |
| EAFZR-MIS25-14 | 18.08.2025 ਨੂੰ 11.30 ਵਜੇ | 1) ਰੇਲਵੇ ਸਟੇਸ਼ਨ ਫ਼ਿਰੋਜ਼ਪੁਰ ਕੈਂਟ ਉਤੇ ਪਲਾਸਟਿਕ ਬੋਤਲ ਕਰੰਸ਼ਿੰਗ ਮਸ਼ੀਨ ਦੀ ਸਥਾਪਨਾ, ਸੰਚਾਲਨ ਅਤੇ ਰੱਖ-ਰੱਖਾਵ ਅਤੇ ਉਸ ਉਤੇ ਵਾਣਿਜਿਯਕ ਪ੍ਰਚਾਰ ਅਧਿਕਾਰਾਂ ਦੇ ਲਈ ਠੇਕੇ ਦਾ ਅਲਾਟਮੈਂਟ । 2) ਫਰੀਦਕੋਟ, ਫਿਲਲੌਰ, ਫ਼ਿਰੋਜ਼ਪੁਰ ਕੈਂਟ, ਅੰਮ੍ਰਿਤਸਰ ਅਤੇ ਫਗਵਾੜਾ ਰੇਲਵੇ ਸਟੇਸ਼ਨਾਂ ਉਤੇ ਵਾਟਰ ਵੇਂਡਿੰਗ ਮਸ਼ੀਨਾਂ ਦੇ ਪ੍ਰਾਵਧਾਨ ਅਤੇ ਸੰਚਾਲਨ ਦੇ ਲਈ ਠੇਕੇ ਦਾ ਅਲਾਟਮੈਂਟ । |
| EAFZR-MMS25-2 | 18.08.2025 ਨੂੰ 12.30 ਵਜੇ | ਗੱਡੀ ਨੰ: 14680 / 14679 / 14682 / 14681 ਐਂਡ 12054 / 12053 ਦੇ ਡਿਬਿਆਂ ਦੀ ਸੀਟਾਂ ਦੇ ਫੂਡ ਟ੍ਰੇ ਅਤੇ ਹੇਡਰੇਸਟ ਉਤੇ ਪੈਚ ਦੇ ਦੁਵਾਰਾ ਤੋਂ ਵਿਗਿਆਪਨ ਅਧਿਕਾਰਾਂ ਦਾ ਅਲਾਟਮੈਂਟ । |
| EAFZR-OH25-16 | 19.08.2025 ਨੂੰ 11.00 ਵਜੇ | ਵਾਣਿਜਿਯਕ ਪ੍ਰਚਾਰ ਅਧਿਕਾਰਾਂ ਦੇ ਲਈ ਠੇਕੇ ਦਾ ਅਲਾਟਮੈਂਟ : 1) ਸਾਹਨੇਵਾਲ, ਅੰਮ੍ਰਿਤਸਰ ਅਤੇ ਜਲੰਧਰ ਸਿਟੀ ਰੇਲਵੇ ਸਟੇਸ਼ਨ ਉਤੇ ਪਾਨੀ ਦੀ ਟੰਕੀਆਂ ਦੇ ਓਵਰਹੇਡ ਦੇ ਉਪਰ । 2) ਵੇਰਕਾ, ਜੈਂਤੀਪੁਰਾ, ਬਟਾਲਾ, ਭਗਤਾਂਵਾਲਾ ਅਤ ਪਟਟੀ ਸਟੇਸ਼ਨ ਤੋਂ ਸਟੇ ਲੇਵਲ ਕਰੋਸਿੰਗ ਉਤੇ ਸਟੇਟਿਕ ਮੀਡਿਯਾ ਦੇ ਦੁਵਾਰਾ ਤੋਂ । 3) ਗੋਰਾਯਾ ਅਤੇ ਲੋਹਿਯਾ ਖਾਸ ਰੇਲਵੇ ਸਟੇਸ਼ਨ ਉਤੇ ਸਟੇਟਿਕ ਮੀਡਿਯਾ ਦੇ ਦੁਵਾਰਾ ਤੋਂ । 4) ਮਖੂ ਅਤੇ ਨਕੋਦਰ ਰੇਲਵੇ ਸਟੇਸ਼ਨ ਉਤੇ ਸਟੇਟਿਕ ਮੀਡਿਯ /ਪਾਨੀ ਦੀ ਟੰਕੀ ਦੇ ਓਵਰਹੇਡ ਦੇ ਉਪਰ । |
| EAFZR-PMBJK 25-3 | 19.08.2025 ਨੂੰ 12.30 ਵਜੇ | ਫਗਵਾੜਾ ਰੇਲਵੇ ਸਟੇਸ਼ਨ ਉਤੇ ਪ੍ਰਧਾਨਮੰਤਰੀ ਭਾਰਤੀਯ ਜਨਔਸ਼ਧੀ ਕੇਂਦਰ ਦੇ ਸੰਚਾਲਨ ਦੇ ਲਈ ਅਨੁਬੰਧ ਦਾ ਅਲਾਟਮੈਂਟ |
| EAFZR-PRKG25-15 | 20.08.2025 ਨੂੰ 13.00 ਵਜੇ | ਢੰਢਾਰੀ ਕਲਾਂ ਰੇਲਵੇ ਸਟੇਸ਼ਨ ਉਤੇ ਪਾਰਕਿੰਗ ਜਗ੍ਹਾਂ ਦਾ ਠੇਕੇ ਉਤੇ ਅਲਾਟਮੈਂਟ । |

ਪੂਰੀ ਜਾਣਕਾਰੀ ਅਤੇ ਰਜਿਸਟਰੈਸ਼ਨ ਦੇ ਲਈ ਕ੍ਰਿਪਾ ਰੇਲਵੇ ਦੀ ਵੈੱਬਸਾਈਟ www.ireps.gov.in ਉਤੇ ਜਾਓ ।

ਨੰਬਰ: MC/38015/Pub/E-Auction/FZR/22 Date: 04.08.2025 2368/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## BHANDARI HOSIERY EXPORTS LIMITED

Regd. Office: Bhandari House, Village Meharban, Rahon Road, Ludhiana-141007 (Punjab) (India)
Phones : +91-88720-16410, Fax : +91-161-2690394, E-mail: bhandari@bhandariexport.com
Web: www.bhandariexport.com, CIN : L17115PB1993PLC013930

**NOTICE OF 32nd ANNUAL GENERAL MEETING, BOOK CLOSURE, REMOTE E-VOTING AND DIVIDEND**

NOTICE is hereby given that the 32nd Annual General Meeting ('AGM') of the Members of Company will be held on Thursday, the 28th day of August, 2025 at 9.30 A.M. at the Registered Office of the Company at Bhandari House, Village Meharban, Rahon Road, Ludhiana-141007 to transact the Ordinary and Special Businesses as set out in the Notice convening the 32nd AGM.The Notice of the 32nd AGM and the Annual Report 2024-25 have been sent electronically to all members whose e-mail addresses are available and a letter providing the web-link, including the exact path, where complete details of the Annual Report are available was sent to such shareholders who have not registered their email Id. The aforesaid documents are also available on the Company's website at www.bhandariexport.com and on the website of the Stock Exchanges, i.e., BSE Limited and National Stock Exchange of India Limited at www.bseindia.com and www.nseindia.com, respectively. Notice of AGM is also available on the website of CDSL at www.evotingindia.com.

Notice of Book Closure is also hereby given that pursuant to Section 91 of the Companies Act, 2013 that the Register of Members and Share Transfer Books of the Company will remain closed from Friday, the 22nd August, 2025 to Thursday 28th August, 2025 (both days inclusive) for the purpose of Annual General Meeting of the Company and payment of dividend, if any, for both physical and electronic segments. Equity Dividend, if declared at the said meeting, will be paid to those members whose names appear on the Register of Members as on 21st day of August, 2025.

Remote E-Voting: Pursuant to Section 108 of the Companies Act, 2013 read with Rule 20 of the Companies (Management and Administration) Rules, 2014 as amended and pursuant to the provisions of SEBI (Listing Obligations and Disclosure Requirements) Regulations, 2015, the Company has provided remote e-voting facility to all members irrespective of holding shares in de-materialized mode or in physical mode. Members are further notified that they may cast their vote on all business to be conducted at the AGM through remote e-voting services provided by CDSL. The detailed procedure/ instruction for e-voting have been sent along with the Notice and Annual Report.;

1. The remote e-voting period commences on 25th August, 2025 (9.00 a.m.), Monday and ends on 27th August, 2025 (5.00 p.m.), Wednesday. During this period, Members of the Company, holding shares both in physical form or in dematerialized form, as on the cut-off date (record date) i.e. Thursday, 21st day of August, 2025, may cast their vote by remote e-voting. The remote e-voting module shall be disabled by CDSL for voting thereafter.
2. Any person, who acquires shares and becomes member of the Company after dispatch of the Notice of the AGM and holding shares as of the cut - off date i.e. Thursday, 21st day of August, 2025 may obtain the login ID and password by sending a request at helpdesk.evoting@cdslindia.com or cs@bhandariexport.com. However, if a person is already registered with CDSL for e-voting then existing user ID and password can be used for casting the vote.
3. The facility for voting, either through electronic voting system or ballot or polling paper shall also be made available at the meeting and members attending the meeting who have not already cast their vote may exercise their vote through electronic voting system or ballot or polling paper at the AGM.
4. A member may participate in the AGM even after exercising his/her right to vote through remote e-voting but shall not be allowed to vote again at the AGM.
5. A person whose name is recorded in the Register of Members or in the Register of Beneficial Owners maintained by the Depositories as on the cut-off date only shall be entitled to avail the facility of remote e-voting as well as voting in the AGM.
6. All grievances connected with the facility for voting by electronic means may be addressed to Mr. Rakesh Dalvi, Sr. Manager. (CDSL, ) Central Depository Services (India) Limited, A Wing, 25th Floor, Marathon Futurex, Mafatlal Mill Compounds, N M Joshi Marg, Lower Parel (East), Mumbai-400013 or send an email to helpdesk.evoting@cdslindia.com or call at toll free no. 1800 21 09911.
ਤਕਨੀਕੀ ਅਤੇ ਪੇਸ਼ੇਵਰ ਸਿੱਖਿਆ ਵਿੱਚ ਇੱਕ ਮਸ਼ਹੂਰ ਨਾਂਅ, ਸ੍ਰੀ ਸੁਖਮਨੀ ਗਰੁੱਪ ਆਫ਼ ਇੰਸਟੀਚਿਊਸ਼ਨਜ਼ (ਐਸ ਐਸ ਜੀ ਆਈ) ਨੇ ਆਪਣੇ ਡੇਰਾਬੱਸੀ ਕੈਂਪਸ ਵਿਖੇ 'ਨਤੀਜਾ-ਅਧਾਰਤ ਪਾਠਕ੍ਰਮ ਲਾਗੂ ਕਰਨ' 'ਤੇ ਪੰਜ-ਦਿਨਾ ਫੈਕਲਟੀ ਵਿਕਾਸ ਪ੍ਰੋਗਰਾਮ (ਐੱਫ ਡੀ ਪੀ) ਦਾ ਉਦਘਾਟਨ ਕੀਤਾ। 4 ਤੋਂ 8 ਅਗਸਤ ਤੱਕ ਨਿਰਧਾਰਤ, ਇਹ ਪ੍ਰੋਗਰਾਮ ਫੈਕਲਟੀ ਮੈਂਬਰਾਂ ਦੀਆਂ ਅਕਾਦਮਿਕ ਅਤੇ ਖੋਜ ਸਮਰੱਥਾਵਾਂ ਨੂੰ ਵਧਾਉਣ ਅਤੇ ਨਤੀਜਾ-ਅਧਾਰਤ ਸਿੱਖਿਆ ਅਭਿਆਸਾਂ ਦੀ ਉਨ੍ਹਾਂ ਦੀ ਸਮਝ ਨੂੰ ਡੂੰਘਾ ਕਰਨ ਲਈ ਤਿਆਰ ਕੀਤਾ ਗਿਆ ਹੈ।ਉਦਘਾਟਨ ਸਮਾਰੋਹ ਡਾ. ਦਮਨਜੀਤ ਸਿੰਘ, ਡਾਇਰੈਕਟਰ 'ਐੱਸ ਐੱਸ ਜੀ ਆਈ' ਵੱਲੋਂ ਆਯੋਜਿਤ ਕੀਤਾ ਗਿਆ, ਜਿਨ੍ਹਾਂ ਨੇ ਪ੍ਰੋਗਰਾਮ ਦੀ ਰਸਮੀ ਸ਼ੁਰੂਆਤ ਕੀਤੀ। ਇਸ ਸਮਾਗਮ ਵਿੱਚ ਚੇਅਰਮੈਨ ਸ੍ਰੀ ਕੰਵਲਜੀਤ ਸਿੰਘ, ਮੁੱਖ ਪ੍ਰਸ਼ਾਸਕ ਪ੍ਰੋ. ਰਸ਼ਪਾਲ ਸਿੰਘ, ਸੰਵਿਧਾਨਕ ਕਾਲਜਾਂ ਦੇ ਪ੍ਰਿੰਸੀਪਲ, ਡਾ. ਮੁਕੇਸ਼ ਵਰਮਾ ਅਤੇ ਸੀਨੀਅਰ ਫੈਕਲਟੀ ਮੈਂਬਰ ਮੌਜੂਦ ਸਨ। ਇਸ ਸਮਾਗਮ ਦੀ ਸ਼ੁਰੂਆਤ ਇੱਕ ਰਵਾਇਤੀ ਦੀਵੇ ਜਗਾਉਣ ਦੀ ਰਸਮ ਨਾਲ ਹੋਈ, ਜਿਸ ਤੋਂ ਬਾਅਦ ਮੁੱਖ ਮਹਿਮਾਨ ਡਾ. ਦਮਨਜੀਤ ਸਿੰਘ ਨੇ ਉਦਘਾਟਨੀ ਭਾਸ਼ਣ ਦਿੱਤਾ। ਉਨ੍ਹਾਂ ਜ਼ੋਰ ਦੇ ਕੇ ਕਿਹਾ, 'ਇਹ ਵਿਕਾਸ ਪ੍ਰੋਗਰਾਮ ਸਿਰਫ਼ ਇੱਕ ਗਿਆਨ-ਸਾਂਝਾ ਕਰਨ ਪਲੇਟਫਾਰਮ ਤੋਂ ਵੱਧ ਹੈ-ਇਹ ਸਾਡੀ ਸੰਸਥਾ ਦੇ ਨਿਰੰਤਰ ਗੁਣਵੱਤਾ ਵਧਾਉਣ ਦੇ ਸਫ਼ਰ ਵਿੱਚ ਇੱਕ ਮਹੱਤਵਪੂਰਨ ਕਦਮ ਨੂੰ ਦਰਸਾਉਂਦਾ ਹੈ।' ਐੱਫ ਡੀ ਪੀ ਦੇ ਪਹਿਲੇ ਦਿਨ ਡਾ. ਐੱਸ.ਕੇ. ਭੱਟਾਚਾਰੀਆ ਵੱਲੋ! ਸੂਝ-ਬੂਝ ਵਾਲੇ ਸੈਸ਼ਨ ਪੇਸ਼ ਕੀਤੇ ਗਏ, ਜਿਨ੍ਹਾਂ ਵਿੱਚ ਉੱਚ ਸਿੱਖਿਆ ਵਿੱਚ ਨਤੀਜਾ ਅਧਾਰਤ ਪਾਠਕ੍ਰਮ ਨੂੰ ਲਾਗੂ ਕਰਨ ਦੇ ਵਿਹਾਰਕ ਪਹਿਲੂਆਂ 'ਤੇ ਧਿਆਨ ਕੇਂਦਰਿਤ ਕੀਤਾ ਗਿਆ। ਪੰਜ ਦਿਨਾਂ ਦੇ ਦੌਰਾਨ, ਪ੍ਰੋਗਰਾਮ ਵਿੱਚ ਅਕਾਦਮਿਕ ਅਤੇ ਉਦਯੋਗ ਦੋਵਾਂ ਦੇ ਪ੍ਰਸਿੱਧ ਬੁਲਾਰਿਆਂ ਦੁਆਰਾ ਮਾਹਰ-ਅਗਵਾਈ ਵਾਲੇ ਸੈਸ਼ਨ ਸ਼ਾਮਲ ਹੋਣਗੇ।ਪ੍ਰੋਗਰਾਮ ਦੇ ਸਫਲਤਾਪੂਰਵਕ ਪੂਰਾ ਹੋਣ 'ਤੇ ਭਾਗੀਦਾਰਾਂ ਨੂੰ ਸਰਟੀਫਿਕੇਟ ਪ੍ਰਾਪਤ ਹੋਣਗੇ।





# ਬਿਨਾਂ ਮਨਜ਼ੂਰੀ ਬੋਰਵੈੱਲ ਪੁੱਟਣ ਜਾਂ ਡੂੰਘੇ ਕਰਨ 'ਤੇ ਪਾਬੰਦੀ

**ਨਵਾਂਸ਼ਹਿਰ (ਮਨੋਜ ਲਾਡੀ)**

ਜ਼ਿਲ੍ਹਾ ਮੈਜਿਸਟ੍ਰੇਟ ਅੰਕੁਰਜੀਤ ਸਿੰਘ ਨੇ ਜ਼ਿਲ੍ਹੇ ਵਿਚ ਬਿਨਾਂ ਮਨਜ਼ੂਰੀ ਬੋਰਵੈੱਲ ਪੁੱਟਣ ਜਾਂ ਡੂੰਘੇ ਕਰਨ 'ਤੇ ਪਾਬੰਦੀ ਦੇ ਹੁਕਮ ਜਾਰੀ ਕਰਦਿਆਂ ਇਸ ਲਈ ਸਮਰੱਥ ਅਧਿਕਾਰੀ ਪਾਸੋਂ ਬਾ-ਸ਼ਰਤ ਪ੍ਰਵਾਨਗੀ ਲਾਜ਼ਮੀ ਕੀਤੀ ਹੈ।ਜਾਰੀ ਹੁਕਮਾਂ ਅਨੁਸਾਰ ਸੁਪਰੀਮ ਕੋਰਟ ਵੱਲੋਂ ਰਿੱਟ ਪਟੀਸ਼ਨ (ਸਿਵਲ ਨੰ. 36 ਆਫ਼ 2009) ਵਿਚ ਮਿਤੀ 11.02.2010 ਰਾਹੀਂ ਪਾਸ ਕੀਤੇ ਹੁਕਮ ਦੀ ਰੌਸ਼ਨੀ 'ਚ ਜਲ ਸ੍ਰੋਤ ਮੰਤਰਾਲਾ ਭਾਰਤ ਸਰਕਾਰ ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਵਿਚ ਬੋਰਵੈੱਲਾਂ/ਟਿਊਬਵੈੱਲਾਂ ਦੀ ਖੁਦਾਈ/ਮੁਰੰਮਤ ਦੇ ਮੱਦੇਨਜ਼ਰ ਸ਼ਹਿਰੀ ਅਤੇ ਪੇਂਡੂ ਖੇਤਰਾਂ 'ਚ ਕੱਚੀਆਂ ਖੂਹੀਆਂ ਅਤੇ ਟਿਊਬਵੈੱਲ ਪੁੱਟਣ 'ਤੇ ਰੋਕ ਲਾਈ ਗਈ ਹੈ। ਜ਼ਿਲਾ ਮੈਜਿਸਟ੍ਰੇਟ ਨੇ ਕਿਹਾ ਕਿ ਲੋਕਾਂ ਅਤੇ ਬੱਚਿਆਂ ਦੇ ਇਨ੍ਹਾਂ ਬੋਰਵੈਲਾਂ 'ਚ ਡਿੱਗਣ ਦੇ ਖਦਸ਼ੇ ਦੇ ਮੱਦੇਨਜ਼ਰ ਜ਼ਿਲ੍ਹੇ ਵਿਚ ਬਿਨਾਂ ਮਨਜ਼ੂਰੀ ਬੋਰਵੈੱਲ ਪੁੱਟਣ ਜਾਂ ਡੂੰਘੇ ਕਰਨ 'ਤੇ ਰੋਕ ਲਾਈ ਗਈ ਹੈ, ਜਿਸ ਲਈ ਸਮਰੱਥ ਅਧਿਕਾਰੀ ਪਾਸੋਂ ਬਾ-ਸ਼ਰਤ ਪ੍ਰਵਾਨਗੀ ਲਾਜ਼ਮੀ ਕਰ ਦਿੱਤੀ ਹੈ।ਜ਼ਿਕਰਯੋਗ ਹੈ ਕਿ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਤਹਿਤ ਜਾਰੀ ਹੁਕਮ ਅਨੁਸਾਰ ਜ਼ਮੀਨ ਮਾਲਕ ਵਾਸਤੇ ਬੋਰਵੈੱਲ ਪੁੱਟਣ ਤੋਂ ਪਹਿਲਾਂ ਸਬੰਧਤ ਜ਼ਿਲ੍ਹਾ ਕੁਲੈਕਟਰ, ਸਬੰਧਤ ਗ੍ਰਾਮ ਪੰਚਾਇਤ, ਨਗਰ ਕੌਂਸਲ, ਜਨ ਸਿਹਤ ਵਿਭਾਗ, ਭੂਮੀ ਰੱਖਿਆ ਵਿਭਾਗ (ਗਰਾਊਂਡ ਵਾਟਰ) ਨੂੰ 15 ਦਿਨ ਪਹਿਲਾਂ ਸੂਚਿਤ ਕਰਨਾ ਜ਼ਰੂਰੀ ਹੋਵੇਗਾ।ਇਸ ਦੇ ਨਾਲ ਹੀ ਬੋਰਵੈੱਲ ਕਰਨ ਵਾਲੀ ਡਰਿਲਿੰਗ ਏਜੰਸੀ ਦੇ ਨਾਂ ਅਤੇ ਰਜਿਸਟ੍ਰੇਸ਼ਨ ਨੰਬਰ ਅਤੇ ਜ਼ਮੀਨ ਮਾਲਕ ਦੇ ਪੂਰੇ ਨਾਮ ਤੇ ਪਤੇ ਵਾਲਾ ਸਾਈਨ ਬੋਰਡ, ਸਬੰਧਤ ਬੋਰ ਕਰਨ ਵਾਲੀ ਥਾਂ ਨੇੜੇ ਹੋਣਾ ਲਾਜ਼ਮੀ ਹੈ। ਬੋਰਵੈੱਲ ਦੇ ਦੁਆਲੇ ਕੰਡਿਆਲੀ ਤਾਰ ਅਤੇ ਇਸ ਨੂੰ ਸਟੀਲ ਪਲੇਟ ਦੇ ਢੱਕਣ ਨਾਲ ਨੱਟ ਬੋਲਟ ਲਗਾ ਕੇ ਬੰਦ ਕਰਨਾ ਲਾਜ਼ਮੀ ਹੋਵੇਗਾ। ਬੋਰਵੈੱਲ ਦੇ ਆਲੇ-ਦੁਆਲੇ ਸੀਮੇਂਟ/ਕੰਕਰੀਟ ਦਾ ਪਲੇਟਫ਼ਾਰਮ ਜੋ ਜ਼ਮੀਨੀ ਪੱਧਰ ਤੋਂ 0.30 ਮੀਟਰ ਨੀਵਾਂ ਅਤੇ 0.30 ਮੀਟਰ ਉੱਚਾ ਹੋਵੇ, ਦੀ ਉਸਾਰੀ ਲਾਜ਼ਮੀ ਹੋਵੇਗੀ। ਇਸ ਤੋਂ ਇਲਾਵਾ ਖੂਹ/ਬੋਰਵੈੱਲ ਪੁੱਟਣ ਜਾਂ ਮੁਰੰਮਤ ਉਪਰੰਤ ਜੇਕਰ ਖਾਲੀ ਥਾਂ ਕੋਈ ਹੋਵੇ ਤਾਂ ਉਸ ਨੂੰ ਮਿੱਟੀ ਨਾਲ ਭਰਿਆ ਜਾਵੇ ਅਤੇ ਕੰਮ ਪੂਰਾ ਹੋਣ ਉਪਰੰਤ ਜ਼ਮੀਨੀ ਪੱਧਰ ਨੂੰ ਪਹਿਲਾ ਜਿਹਾ ਕੀਤਾ ਜਾਵੇ। ਖੂਹ ਜਾਂ ਬੋਰਵੈੱਲ ਨੂੰ ਕਿਸੇ ਵੀ ਹਾਲਤ 'ਚ ਖਾਲੀ ਨਾ ਛੱਡਿਆ ਜਾਵੇ। ਕੋਈ ਵੀ ਵਿਅਕਤੀ ਖੂਹ/ਬੋਰਵੈੱਲ ਪੁੱਟਣ ਜਾਂ ਮੁਰੰਮਤ ਕਰਨ ਲਈ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੀ ਲਿਖਤੀ ਪ੍ਰਵਾਨਗੀ ਲਵੇਗਾ ਅਤੇ ਉਨ੍ਹਾਂ ਦੀ ਦੇਖਰੇਖ ਤੋਂ ਬਿਨਾਂ ਕੰਮ ਨਹੀਂ ਕਰਵਾਏਗਾ।ਇਸੇ ਤਰ੍ਹਾਂ ਪੇਂਡੂ ਇਲਾਕੇ 'ਚ ਸਰਪੰਚ ਅਤੇ ਖੇਤੀਬਾੜੀ ਵਿਭਾਗ ਦੇ ਅਧਿਕਾਰੀ ਅਤੇ ਸ਼ਹਿਰੀ ਇਲਾਕੇ 'ਚ ਜਨ ਸਿਹਤ ਵਿਭਾਗ, ਭੂਮੀ ਰੱਖਿਆ (ਗਰਾਊਂਡ ਵਾਟਰ), ਨਗਰ ਕੌਂਸਲਾਂ ਦੇ ਜੂਨੀਅਰ ਇੰਜੀਨੀਅਰਾਂ ਅਤੇ ਕਾਰਜਕਾਰੀ ਇੰਜੀਨੀਅਰਾਂ ਵੱਲੋਂ ਆਪਣੇ-ਆਪਣੇ ਅਧਿਕਾਰ ਖੇਤਰ ਦੀ ਇਸ ਸਬੰਧੀ ਬਾਕਾਇਦਾ ਰਿਪੋਰਟ ਵੀ ਤਿਆਰ ਕਰਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਨੂੰ ਹਰ ਮਹੀਨੇ ਭੇਜੀ ਜਾਵੇਗੀ। ਇਹ ਮਨਾਹੀ ਦੇ ਹੁਕਮ 30 ਸਤੰਬਰ 2025 ਤੱਕ ਲਾਗੂ ਰਹਿਣਗੇ।

# ਫੱਤੂਢੀਂਗਾ ਦੇ ਸਮਾਰਟ ਸਕੂਲ ਦੇ ਬਾਹਰ ਬਣੇ ਹੜ੍ਹਾਂ ਵਰਗੇ ਹਾਲਾਤ

## ਕੰਧਾਂ ਫੜ ਕੇ ਸਕੂਲ ਪਹੁੰਚਦੇ ਨੇ ਬੱਚੇ

ਸੁਲਤਾਨਪੁਰਲੋਧੀ (ਬਲਵਿੰਦਰ ਸਿੰਘ ਧਾਲੀਵਾਲ)
ਕੰਨਾਂ ਨੂੰ ਹੱਥ ਲਵਾਉਣ ਦੀ ਕਹਾਵਤ ਨੂੰ ਪੰਜਾਬ ਸਰਕਾਰ ਦੀ ਸਿੱਖਿਆ ਕ੍ਰਾਂਤੀ ਨੇ ਉਸ ਵੇਲੇ ਝੁਠਲਾ ਦਿੱਤਾ ਜਦੋਂ ਸਮਾਰਟ ਸਕੂਲ ਫੱਤੂਢੀਂਗਾ ਦੇ ਅੱਗੇ ਬਰਸਾਤੀ ਮੀਂਹ ਦਾ ਪਾਣੀ ਖੜ੍ਹਾ ਸੀ। ਸਕੂਲ ਦੇ ਛੋਟੇ ਛੋਟੇ ਬੱਚੇ ਬਸਤੇ ਚੁੱਕੀ ਕੰਧਾਂ ਨੂੰ ਹੱਥ ਲਾ ਕੇ ਵਾਪਸ ਘਰਾਂ ਨੂੰ ਜਾ ਰਹੇ ਸਨ। ਜਿਸ ਵੇਲੇ ਸਕੂਲ ਦੇ ਸੈਂਕੜੇ ਬੱਚੇ ਕੰਧਾਂ ਨੂੰ ਹੱਥ ਲਾ ਲਾ ਕੇ ਰਸਤਾ ਪਾਰ ਕਰ ਰਹੇ ਸਨ ਤਾਂ ਉਸ ਵੇਲੇ ਕੋਈ ਵੀ ਟੀਚਰ ਉਹਨਾਂ ਦੀ ਨਿਗਰਾਨੀ ਕਰਨ ਵਾਸਤੇ ਨਹੀਂ ਆਇਆ ਅਤੇ ਨਾ ਹੀ ਕੋਈ ਪਿੰਡ ਦੀ ਪੰਚਾਇਤ ਦਾ ਕਿਸੇ ਨੁਮਾਇੰਦੇ ਨੇ ਆਵਾਜ਼ ਉਠਾਈ। ਦੱਸਿਆ ਜਾ ਰਿਹਾ ਹੈ ਕਿ ਇਹ ਘਟਨਾ ਕੋਈ ਪਹਿਲੀ ਵਾਰ ਦੀ ਘਟਨਾ ਨਹੀਂ ਅਜਿਹਾ ਬੜੇ ਲੰਬੇ ਸਮੇਂ ਤੋਂ ਹੋ ਰਿਹਾ। ਜ਼ਿਲ੍ਹਾ ਪ੍ਰਸ਼ਾਸਨ ਨੇ ਅਜਿਹਾ ਜਾਣਦਿਆਂ ਹੋਇਆ ਵੀ ਅੱਖਾਂ ਮੀਟੀਆਂ ਹੋਈਆਂ ਹਨ। ਇਸ ਇਲਾਕੇ ਦੇ ਕਈ ਆਗੂ ਸੱਤਾ ਧਿਰ ਵਿੱਚ ਚੰਗੇ ਅਹੁਦਿਆਂ 'ਤੇ ਬਿਰਾਜਮਾਨ ਹਨ। ਮਾਪੇ ਬਰਸਾਤ ਦੇ ਦਿਨਾਂ ਵਿੱਚ ਆਪਣੇ ਛੋਟੇ ਬੱਚਿਆਂ ਨੂੰ ਸਕੂਲ ਹੀ ਨਹੀਂ ਭੇਜਦੇ। ਸਕੂਲ ਦੇ ਗੇਟ ਅੰਦਰ ਬਿਜਲੀ ਦਾ ਇੱਕ ਸਰਕਟ ਹੈ,



ਜਦ ਬਰਸਾਤ ਪੈਣ ਨਾਲ ਪਾਣੀ ਖੜ੍ਹਾ ਹੋ ਜਾਂਦਾ ਹੈ ਤਾਂ ਸਰਕਟ ਵਿੱਚ ਕਰੰਟ ਆਉਣ ਦਾ ਖ਼ਤਰਾ ਵੀ ਬਣਿਆ ਰਹਿੰਦਾ ਹੈ। ਹੈਰਾਨੀ ਵਾਲੀ ਗੱਲ ਹੈ ਕਿ ਸਰਕਾਰ ਨੇ ਸਮਾਰਟ ਸਕੂਲਾਂ ਦਾ ਨਾਂ ਦੇ ਕੇ ਲੋਕਾਂ ਦੇ ਅੱਖੀਂ ਘੱਟਾ ਹੀ ਪਾਇਆ ਹੈ। ਜੇਕਰ ਕਿਸੇ ਨੇ ਸਿੱਖਿਆ ਕ੍ਰਾਂਤੀ ਦੀ ਅਸਲੀ ਤਸਵੀਰ ਦੇਖਣੀ ਹੈ ਤਾਂ ਉਹ ਫੱਤੂਢੀਂਗਾ ਦੇ ਸਰਕਾਰੀ ਸਕੂਲ ਵਿੱਚ ਚਲਾ ਜਾਵੇ। ਪੰਜਾਬ ਕਿਸਾਨ ਯੂਨੀਅਨ (ਬਾਗੀ) ਦੇ ਸੂਬਾ ਜਨਰਲ ਸਕੱਤਰ ਗੁਰਦੀਪ ਸਿੰਘ ਭੋਗਲ ਨੇ ਇਸ ਘਟਨਾ ਨੂੰ ਜਾਣ ਕੇ ਪੰਜਾਬ ਸਰਕਾਰ ਦੇ ਸਿੱਖਿਆ ਵਿਭਾਗ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਉਹਨਾਂ ਕਿਹਾ ਕਿ ਅਜਿਹੇ ਮਸਲਿਆਂ ਨੂੰ ਸਰਕਾਰ ਦੇ ਕੰਨਾਂ ਤੱਕ ਪਹੁੰਚਾਉਂਦੇ ਰਹਾਂਗੇ ਅਤੇ ਹੱਲ ਕਰਾਉਣ ਲਈ ਸੰਘਰਸ਼ ਲੜਦੇ ਰਹਾਂਗੇ।

# ਤਹਿਸੀਲਦਾਰ ਵੱਲੋਂ ਰਾਜਨੀਤਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ

ਜਲੰਧਰ, (ਸ਼ੈਲੀ ਐਲਬਰਟ)
ਬੂਥ ਲੈਵਲ ਏਜੰਟਾਂ ਦੀ ਤਾਇਨਾਤੀ ਸੰਬੰਧੀ ਚੋਣ ਤਹਿਸੀਲਦਾਰ ਸੁਖਦੇਵ ਸਿੰਘ ਵੱਲੋਂ ਸਮੂਹ ਮਾਨਤਾ ਪ੍ਰਾਪਤ ਰਾਜਨੀਤਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਚੋਣ ਤਹਿਸੀਲਦਾਰ ਨੇ ਮਾਨਤਾ ਪ੍ਰਾਪਤ ਰਾਜਨੀਤਕ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਬੂਥ ਲੈਵਲ ਏਜੰਟਾਂ ਦੀ ਤਾਇਨਾਤੀ ਸੰਬੰਧੀ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਤੋਂ ਵਿਸਥਾਰ ਨਾਲ ਜਾਣੂ ਕਰਵਾਇਆ ਅਤੇ ਜ਼ਿਲ੍ਹੇ ਦੇ ਸਮੂਹ ਪੋਲਿੰਗ ਸਟੇਸ਼ਨਾਂ 'ਤੇ ਬੂਥ ਲੈਵਲ ਅਫ਼ਸਰਾਂ ਦੀ ਸਹਾਇਤਾ ਲਈ ਬੂਥ ਲੈਵਲ ਏਜੰਟ ਤਾਇਨਾਤ ਕਰਨ ਦੀ ਅਪੀਲ ਕੀਤੀ। ਉਨ੍ਹਾਂ ਨੁਮਾਇੰਦਿਆਂ ਨੂੰ ਭਾਰਤ ਚੋਣ ਕਮਿਸ਼ਨ ਵੱਲੋਂ ਰਿਵਾਈਜ਼ ਕੀਤੇ ਬੀ.ਐਲ.ਏ.-2 ਫਾਰਮ ਬਾਰੇ ਵੀ ਜਾਣਕਾਰੀ ਦਿੱਤੀ ਅਤੇ ਬੂਥ ਲੈਵਲ ਏਜੰਟ ਦੀਆਂ ਜ਼ਿੰਮੇਵਾਰੀਆਂ ਬਾਰੇ ਦੱਸਿਆ ਕਿ ਉਨ੍ਹਾਂ ਵੱਲੋਂ ਪੋਲਿੰਗ ਏਰੀਏ ਵਿੱਚ ਵੋਟ ਬਣਾਉਣ ਤੋਂ ਰਹਿ ਗਏ 18 ਸਾਲ ਅਤੇ ਇਸ ਤੋਂ ਵੱਧ ਉਮਰ ਦੇ ਵਿਅਕਤੀਆਂ, ਮਰ ਚੁੱਕੇ ਅਤੇ ਸ਼ਿਫਟ ਹੋ ਚੁੱਕੇ ਵੋਟਰਾਂ ਦੀ ਸੂਚੀ ਬੂਥ ਲੈਵਲ ਅਫ਼ਸਰ ਨੂੰ ਪ੍ਰਦਾਨ ਕੀਤੀ ਜਾਣੀ ਹੈ। ਮੀਟਿੰਗ ਦੌਰਾਨ ਸਮੂਹ ਨੁਮਾਇੰਦਿਆਂ ਨੇ ਬੂਥ ਲੈਵਲ ਏਜੰਟ ਦੀ



ਤਾਇਨਾਤੀ ਸੰਬੰਧੀ ਜਲਦ ਜਾਣਕਾਰੀ ਸਾਂਝੀ ਕਰਨ ਦਾ ਭਰੋਸਾ ਦਿਵਾਇਆ। ਇਸ ਤੋਂ ਇਲਾਵਾ ਸਮੂਹ ਮਾਨਤਾ ਪ੍ਰਾਪਤ ਰਾਜਨੀਤਕ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਇਹ ਵੀ ਜਾਣਕਾਰੀ ਦਿੱਤੀ ਗਈ ਕਿ ਜਲਦ ਹੀ ਸਪੈਸ਼ਲ ਇੰਟੈਂਸਿਵ ਰਵੀਜ਼ਨ ਕਰਵਾਏ ਜਾਣ ਦੀ ਵੀ ਸੰਭਾਵਨਾ ਹੈ, ਜਿਸ ਸੰਬੰਧੀ ਸੰਭਾਵਿਤ ਨੁਕਤੇ ਵੀ ਵਿਚਾਰੇ ਗਏ।

# ਸਕੂਲ ਮੈਨੇਜਮੈਂਟ ਕਮੇਟੀਆਂ 'ਚੋਂ ਪੰਚਾਇਤਾਂ ਨੂੰ ਅਣਡਿੱਠ ਕਰਨ ਦੀ ਨਿਖੇਧੀ

ਬਲਾਚੌਰ (ਜਸਵਿੰਦਰ ਬੈਂਸ)
ਬਲਾਕ ਸੜੋਆ ਦੇ ਚੋਣਵੇਂ ਸਰਪੰਚਾਂ ਅਤੇ ਪੰਚਾਇਤ ਮੈਂਬਰਾਂ ਦੀ ਮੀਟਿੰਗ ਹੋਈ। ਮੀਟਿੰਗ ਵਿੱਚ ਇਕੱਤਰ ਪੰਚਾਂ ਸਰਪੰਚਾਂ ਵੱਲੋਂ ਸਰਕਾਰੀ ਸਕੂਲਾਂ ਵਿੱਚ ਸਕੂਲ ਮੈਨੇਜਮੈਂਟ ਕਮੇਟੀਆਂ ਦੇ ਗਠਨ ਵੇਲੇ ਗ੍ਰਾਮ ਪੰਚਾਇਤਾਂ ਨੂੰ ਅਣਡਿੱਠ ਕਰਨ ਦੀ ਪੰਜਾਬ ਸਰਕਾਰ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ। ਮਾਸਟਰ ਪ੍ਰੇਮ ਰੱਕੜ ਸਰਪੰਚ ਰੱਕੜਾਂ ਢਾਹਾ ਨੇ ਦੱਸਿਆ ਕਿ ਪਿਛਲੇ ਲੰਬੇ ਸਮੇਂ ਤੋਂ ਸਕੂਲਾਂ ਦੀਆਂ ਮੈਨੇਜਮੈਂਟ ਕਮੇਟੀਆਂ ਵਿੱਚ ਸਰਕਾਰ ਦੇ



ਆਦੇਸ਼ਾਂ ਨਾਲ ਪੰਚਾਇਤ ਦੇ ਨੁਮਾਇੰਦੇ ਨੂੰ ਇਹਨਾਂ ਕਮੇਟੀਆਂ ਵਿੱਚ ਸ਼ਾਮਲ ਕੀਤਾ ਜਾਂਦਾ ਸੀ, ਜੋ ਇਸ ਵਾਰ ਨਹੀਂ ਹੋਇਆ। ਜਦ ਕਿ ਪਿੰਡ ਦੀ ਆਮ ਆਦਮੀ ਪਾਰਟੀ ਦੇ ਨੁਮਾਇੰਦੇ ਨੂੰ ਇਹਨਾਂ ਕਮੇਟੀਆਂ ਵਿੱਚ ਸ਼ਾਮਲ ਕੀਤਾ ਗਿਆ ਹੈ। ਇਹ ਨੀਤੀ ਚਿੱਟੀ ਸਿਖਿਆ ਸੰਸਥਾਵਾਂ ਵਿੱਚ ਰਾਜਨੀਤਕ ਦਖ਼ਲ ਅੰਦਾਜ਼ੀ ਹੈ। ਜਿਥੇ ਪੰਜਾਬ ਸਰਕਾਰ ਦਾ ਇਹ ਫ਼ੈਸਲਾ ਸਿਖਿਆ ਦੇ ਮਿਆਰ ਨੂੰ ਨੀਵਾਂ ਕਰੇਗਾ ਉਥੇ ਸਿਖਿਆ ਸੰਸਥਾਵਾਂ ਦੇ ਰੱਖ ਰਖਾਵ ਵਿਚ ਵੀ ਕਮੀ ਆਵੇਗੀ।

ਮੀਟਿੰਗ ਵਿੱਚ ਇਹ ਫੈਸਲਾ ਕੀਤਾ ਗਿਆ ਕਿ ਗ੍ਰਾਮ ਪੰਚਾਇਤਾਂ ਦੀ ਅਗਲੀ ਮੀਟਿੰਗ 7 ਸਤੰਬਰ 2025 ਨੂੰ ਕੀਤੀ ਜਾਵੇਗੀ ਜਿਸ ਵਿੱਚ ਬਲਾਕ ਪੱਧਰੀ ਜਥੇਬੰਦੀ ਦਾ ਗਠਨ ਕੀਤਾ ਜਾਵੇਗਾ ਅਤੇ ਪੰਚਾਇਤੀ ਰਾਜ ਸੰਸਥਾਵਾਂ ਨੂੰ ਸੰਚਾਰੂ ਢੰਗ ਨਾਲ ਚਲਾਉਣ ਲਈ ਬਲਾਕ ਪੱਧਰ ਤੇ ਸੈਮੀਨਾਰ ਵੀ ਕਰਵਾਇਆ ਜਾਵੇਗਾ। ਮੀਟਿੰਗ ਵਿੱਚ ਕਸ਼ਮੀਰ ਸਿੰਘ ਸਰਪੰਚ ਗੁਲਪੁਰ, ਬਗੀਚਾ ਸਿੰਘ ਸਰਪੰਚ ਵਿਰਨੀ ਮਜਾਰਾ, ਦਿਲਬਰ ਸਿੰਘ ਸਰਪੰਚ ਮਜਾਰਾ, ਪ੍ਰਾਗਰ ਸਿੰਘ ਸਰਪੰਚ ਮੰਜੋਵਾਲ, ਹਰਭਜਨ ਸਿੰਘ ਸਰਪੰਚ ਸਹੂੰਗੜਾ, ਰਸ਼ਪਾਲ ਸਿੰਘ ਅਟਵਾਲ ਸਰਪੰਚ ਮਜਾਰੀ, ਗੁਰਦੇਵ ਸਿੰਘ ਕੰਗੜਤ, ਸੁਰਿੰਦਰ ਸਰਪੰਚ ਚਣਕੋਈ, ਹੈਪੀ ਰਾਣਾ ਸਰਪੰਚ ਬਣ ਚਣਕੋਆ, ਪ੍ਰੇਮ ਰੱਕੜ ਸਰਪੰਚ ਰੱਕੜਾਂ ਢਾਹਾ, ਗੁਰਚਰਨ ਸਿੰਘ ਪੰਚ ਜੈਨਪੁਰ ਮਨਜਿੰਦਰ ਸਿੰਘ ਮੰਜੋਵਾਲ ਸਮੇਤ ਬਹੁਤ ਸਾਰੇ ਪੰਚਾਇਤ ਮੈਂਬਰ ਹਾਜ਼ਰ ਸਨ।

# ਡਾ. ਲਖਵਿੰਦਰ ਕੁਮਾਰ ਲੱਕੀ (ਪੀ ਐੱਚ ਡੀ) ਆਨਰੇਰੀ ਡਾਕਟਰੇਟ ਨਾਲ ਸਨਮਾਨਤ



ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)- ਪਿੰਡ ਬਿਲੜੋ ਦੇ ਜੰਮਪਲ ਡਾ. ਲਖਵਿੰਦਰ ਕੁਮਾਰ ਲੱਕੀ ਨੂੰ ਜਰਜੀਆ ਡਿਜੀਟਲ ਯੂਨੀਵਰਸਿਟੀ ਯੂ.ਐਸ ਏ ਵਲੋਂ ਆਨਰੇਰੀ ਡਾਕਟਰੇਟ (ਪੀ.ਐਚ.ਡੀ) ਡਿਗਰੀ ਨਾਲ ਆਗਰਾ ਦੇ ਡਬਲ ਟਰੀ ਹਿਲਟਨ ਹੋਟਲ ਵਿੱਚ ਇਕ ਵਿਸ਼ੇਸ਼ ਸਮਾਰੋਹ ਦੌਰਾਨ ਸਨਮਾਨਿਤ ਕੀਤਾ ਗਿਆ। ਜ਼ਿਕਰਯੋਗ ਹੈ ਕਿ ਡਾ. ਲਖਵਿੰਦਰ ਕੁਮਾਰ ਲੱਕੀ ਪਿੱਛਲੇ ਲੰਮੇ ਸਮੇਂ ਤੋਂ ਸਮਾਜ ਭਲਾਈ ਖੇਤਰ ਵਿੱਚ ਆਪਣਾ ਬੇਹਤਰ ਯੋਗਦਾਨ ਪਾਉਣ ਵਿੱਚ ਲਗਾਤਾਰ ਕੋਸ਼ਿਸ਼ ਕਰ ਰਹੇ ਹਨ। ਡਾਕਟਰ ਲਖਵਿੰਦਰ ਲੱਕੀ ਦਾ ਗੜ੍ਹਸ਼ੰਕਰ ਪਹੁੰਚਣ ਤੇ ਵੱਖ-ਵੱਖ ਸੰਸਥਾਵਾਂ ਵੱਲੋਂ ਉਹਨਾਂ ਨੂੰ ਸਨਮਾਨਿਤ ਕਰਦਿਆਂ ਵਧਾਈ ਦਿੱਤੀ ਗਈ ਅਤੇ ਕਿਹਾ ਗਿਆ ਕਿ ਡਾਕਟਰ ਲੱਕੀ ਸਮਾਜਿਕ ਕਾਰਜਾਂ ਵਿੱਚ ਅਹਿਮ ਭੂਮਿਕਾ ਨਿਭਾ ਰਹੇ ਹਨ।

# ਪੰਜਾਬ ਸਟੇਟ ਜੂਨੀਅਰ ਕਿੱਕ ਬਾਕਸਿੰਗ ਚੈਂਪੀਅਨਸ਼ਿਪ ਮੁਕਾਬਲੇ ਕਰਵਾਏ

ਬੰਗਾ (ਅਵਤਾਰ ਕਲੇਰ)
22ਵੀਂ ਪੰਜਾਬ ਸਟੇਟ ਜੂਨੀਅਰ ਕਿੱਕ ਬਾਕਸਿੰਗ ਚੈਂਪੀਅਨਸ਼ਿਪ 25-26 ਕਰਵਾਈ ਗਈ ਜਿਹੜੀ ਕਿ 1 ਅਗਸਤ ਤੋਂ 3 ਅਗਸਤ ਤੱਕ ਡਾ. ਅੰਬੇਡਕਰ ਮੈਮੋਰੀਅਲ ਪਬਲਿਕ ਸਕੂਲ ਸਪੋਰਟਸ ਅਕੈਡਮੀ ਦੇ ਸਹਿਯੋਗ ਨਾਲ ਡਾ ਅੰਬੇਡਕਰ ਬੁਧਿਸਟ ਰਿਸੋਰਟ ਸੈਂਟਰ ਸੁੰਢ ਵਿਖੇ ਮੁਕਾਬਲੇ ਕਰਵਾਏ ਗਏ। ਮੁਕਾਬਲਿਆਂ ਦੀ ਸ਼ੁਰੂਆਤ ਭੰਗੇ ਪ੍ਰੀਗਿਆ ਦੀਪ, ਹਰਜੀਤ ਸਿੰਘ ਰੰਧਾਵਾ ਡੀ ਐਸ ਪੀ ਬੰਗਾ ਵਲੋਂ ਕੀਤੀ ਗਈ। ਮੁਕਾਬਲਿਆਂ ਵਿੱਚ 300 ਤੋਂ ਵੱਧ ਖਿਡਾਰੀਆਂ ਨੇ ਹਿੱਸਾ ਲਿਆ। ਖੇਡ ਮੁਕਾਬਲਿਆਂ ਵਿੱਚ ਪਹਿਲੇ ਨੰਬਰ ਤੇ ਜ਼ਿਲ੍ਹਾ ਐੱਸ ਬੀ ਐੱਸ ਨਗਰ ਦੂਸਰੇ ਸਥਾਨ ਤੇ ਮਾਨਸਾ ਤੇ ਤੀਸਰੇ ਸਥਾਨ ਤੇ ਜ਼ਿਲ੍ਹਾ ਪਟਿਆਲਾ ਦੇ ਖਿਡਾਰੀ ਰਹੇ। ਹਰਜੀਤ ਸਿੰਘ ਰੰਧਾਵਾ ਡੀ ਐਸ ਪੀ ਬੰਗਾ ਨੇ ਖਿਡਾਰੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਾਨੂੰ ਪੜ੍ਹਾਈ ਦੇ ਨਾਲ ਨਾਲ ਖੇਡਾਂ ਖੇਡਣ ਵੱਲ ਵੀ ਧਿਆਨ ਦੇਣਾ ਚਾਹੀਦਾ ਹੈ। ਇਨ੍ਹਾਂ ਮੁਕਾਬਲਿਆਂ 'ਚ ਨੈਸ਼ਨਲ ਕਿੱਕ ਬਾਕਸਿੰਗ ਖਿਡਾਰੀ ਹਰਸਿਮਰਨ



ਸਿੰਘ ਲੌਂਗੀਆ ਜਿਸ ਨੇ ਹੁਣੇ ਹੀ ਗੋਲਡ ਮੈਡਲ ਜਿੱਤ ਕੇ ਲਿਆਂਦਾ ਹੈ ਅਤੇ ਕਿੱਕ ਬਾਕਸਿੰਗ ਨੈਸ਼ਨਲ ਖਿਡਾਰਣ ਮੁਸਕਾਨ ਵਿਸ਼ੇਸ਼ ਤੌਰ ਤੇ ਸ਼ਾਮਲ ਹੋਏ। ਇਹਨਾਂ ਨੈਸ਼ਨਲ ਪੱਧਰ ਦੇ ਖਿਡਾਰੀਆਂ ਨੂੰ ਹਰਜੀਤ ਸਿੰਘ ਰੰਧਾਵਾ ਡੀ ਐਸ ਪੀ ਬੰਗਾ ਵੱਲੋਂ ਸਨਮਾਨਿਤ ਕੀਤਾ ਗਿਆ। ਇਹ ਮੁਕਾਬਲੇ ਡਾ. ਅੰਬੇਡਕਰ ਕਮੇਟੀ ਦੇ ਪ੍ਰਧਾਨ ਕੁਲਦੀਪ ਭੱਟੀ ਦੀ ਪ੍ਰਧਾਨਗੀ ਹੇਠ ਹੋਏ। ਮਨਜੀਤ ਲੌਂਗੀਆ ਜਨਰਲ ਸਕੱਤਰ ਕਿੱਕ ਬਾਕਸਿੰਗ ਪੰਜਾਬ ਅਤੇ ਪ੍ਰਿੰਸੀਪਲ ਮਨਜੀਤ ਸਿੰਘ ਲੌਂਗੀਆ ਦਾ ਵਿਸ਼ੇਸ਼ ਯੋਗਦਾਨ ਰਿਹਾ। ਇਸ ਮੌਕੇ ਤਰਸੇਮ ਐੱਸ ਐੱਚ ਓ ਬਹਿਰਾਮ, ਪ੍ਰਵੀਨ ਬੰਗਾ, ਪੀ.ਕੇ. ਸਰੋਆ ਐਡਵੋਕੇਟ, ਮਨਜੀਤ ਸਿੰਘ ਐਡਵੋਕੇਟ, ਮਨੀਸ਼ ਕੁਮਾਰ ਮਹਿਮੀ, ਅੰਜਲੀ ਵਾਇਸ ਪ੍ਰਿੰਸੀਪਲ, ਹਰਬਲਾਸ ਬਸਰ, ਮਹੇਸ਼ ਕੁਮਾਰ, ਅਮਰ ਚੰਦ ਅਟਾਰੀ, ਇੰਦਰਜੀਤ ਅਟਾਰੀ, ਤਰਲੋਕ ਚੰਦ ਅਟਾਰੀ, ਹਰਜਿੰਦਰ ਸਿੰਘ, ਸੁਰਿੰਦਰ ਸਿੰਘ, ਸੁਨੀਤਾ ਰਾਣੀ ਬੇਧੀ, ਮੱਖਣ ਚੌਹਾਨ, ਨਰਿੰਦਰ ਕੁਮਾਰ ਸਾਬਕਾ ਸਰਪੰਚ, ਚਰਨਜੀਤ ਸਿੰਘ ਨੰਬਰਦਾਰ ਸਮੇਤ ਸੰਗਤਾਂ ਹਾਜ਼ਰ ਸਨ।

# ਤੀਆਂ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ

ਫਿਲੌਰ, (ਨਿਰਮਲ)- ਨਜ਼ਦੀਕੀ ਮੁਹੱਲਾ ਰਵਿਦਾਸਪੁਰਾ ਵਿਖੇ ਤੀਆਂ ਦਾ ਤਿਉਹਾਰ ਬੜੀ ਧੂਮਧਾਮ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਤਿਉਹਾਰ ਦੌਰਾਨ ਮਹਿਲਾਵਾਂ ਵੱਲੋਂ ਪੀਂਗਾਂ ਝੂਲੀਆਂ ਗਈਆਂ ਅਤੇ ਪੰਜਾਬੀ ਲੋਕ ਗੀਤਾਂ ਤੇ ਬੋਲੀਆਂ 'ਤੇ ਨੱਚ-ਟੱਪ ਕਰਕੇ ਆਪਣੀ ਖ਼ੁਸ਼ੀ ਦਾ ਇਜ਼ਹਾਰ ਕੀਤਾ। ਇਸ ਮੌਕੇ ਸਥਾਨਕ ਸਕੂਲਾਂ ਦੇ ਬੱਚਿਆਂ ਵੱਲੋਂ ਵੀ ਭਾਗ ਲਿਆ ਗਿਆ, ਜਿਨ੍ਹਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਤਿਉਹਾਰ 'ਚ ਸ਼ਾਮਲ ਹੋਈਆਂ ਮਹਿਲਾਵਾਂ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਤੀਆਂ ਪੰਜਾਬ ਦੇ ਪੁਰਾਤਨ ਸੱਭਿਆਚਾਰਕ ਤਿਉਹਾਰਾਂ ਵਿੱਚੋਂ ਇੱਕ ਹੈ, ਜੋ ਆਧਿਸ਼ਤਾ-ਆਧਿਸ਼ਤਾ ਅਲੋਪ ਹੁੰਦਾ ਜਾ ਰਿਹਾ ਹੈ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਅਸੀਂ ਇਸ ਵਿਰਸੇ ਨੂੰ ਸੰਭਾਲੀਏ ਅਤੇ ਨੌਜਵਾਨ ਪੀੜ੍ਹੀ ਨੂੰ ਵੀ ਇਸ ਨਾਲ ਜੋੜੀਏ। ਇਸ ਤਿਉਹਾਰ ਨੂੰ ਭੈਣ-ਭਰਾ ਦੇ ਪਿਆਰ ਦੀ ਨਿਸ਼ਾਨੀ ਮੰਨਿਆ ਜਾਂਦਾ ਹੈ। ਸਾਵਣ ਦੇ ਮਹੀਨੇ ਵਿੱਚ ਭਰਾ ਆਪਣੀ ਭੈਣ ਲਈ ਸੰਧਾਰਾ ਲੈ ਕੇ ਆਉਂਦਾ ਹੈ ਅਤੇ ਭੈਣਾਂ ਆਪਣੇ ਵੀਰ ਦੀ ਲੰਬੀ ਉਮਰ ਲਈ ਪਰਮਾਤਮਾ ਕੋਲ ਅਰਦਾਸ ਕਰਦੀਆਂ ਹਨ। ਇਸ ਤਰ੍ਹਾਂ ਮਹੱਲਾ ਰਵਿਦਾਸਪੁਰਾ ਵਿੱਚ ਮਨਾਇਆ ਗਿਆ ਤੀਆਂ ਦਾ ਤਿਉਹਾਰ ਨਾ ਸਿਰਫ਼ ਮਨੋਰੰਜਨ ਦਾ ਸਰੋਤ ਬਣਿਆ, ਸਗੋਂ ਪੰਜਾਬੀ ਸੱਭਿਆਚਾਰ ਦੀ ਜ਼ਿੰਦਗੀ ਨੂੰ ਵੀ ਨਵੇਂ ਰੂਪ ਵਿੱਚ ਉਜਾਗਰ ਕਰ ਗਿਆ।

# ਪੰਜਾਬ 'ਚ ਲਗਦੇ ਮੇਲੇ ਤੇ ਗਿੱਧੇ, ਭੰਗੜੇ ਭਾਈਚਾਰਕ ਸਾਂਝ ਦਾ ਪ੍ਰਤੀਕ : ਕੇਵਲ ਸਿੰਘ



ਔਪਰਾ (ਨਿਰਮਲ ਗੁੜ੍ਹਾ)
ਪੰਜਾਬ ਗੁਰੂਆਂ ਪੀਰਾਂ ਫਕੀਰਾਂ ਯੋਧਿਆਂ ਤੇ ਰਹਿਬਰਾਂ ਦਾ ਅਸ਼ੀਰਵਾਦ ਪ੍ਰਾਪਤ ਧਰਤੀ ਹੈ। ਇਹ ਧਰਤੀ ਤੇ ਉਗਾਏ ਅੰਨ ਨਾਲ ਜਿੱਥੇ ਦੇਸ਼ ਭਰ ਦਾ ਢਿੱਡ ਭਰਦਾ ਹੈ, ਉਥੇ ਹੀ ਇਸ ਧਰਤੀ ਤੇ ਲਗਦੇ ਮੇਲੇ, ਪੈਂਦੇ ਗਿੱਧੇ ਤੇ ਭੰਗੜੇ ਸੂਬੇ ਦੀ ਖ਼ੁਸ਼ਹਾਲੀ, ਏਕਤਾ ਤੇ ਭਾਈਚਾਰਕ ਸਾਂਝ ਦਾ ਪ੍ਰਤੀਕ ਹਨ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਉੱਘੇ ਸਮਾਜ ਸੇਵਕ ਕੇਵਲ ਸਿੰਘ ਪਟਵਾਰੀ ਨੇ ਬੜਾ ਪਿੰਡ ਵਿਖੇ ਤੀਆਂ ਦੇ ਮੇਲੇ ਦੀ ਅਰੰਭਤਾ ਵੇਲੇ ਕਹੇ। ਉਹਨਾਂ ਕਿਹਾ ਕਿ ਹਰ ਸਮਾਗਮ ਵਿੱਚ ਸੱਭਿਆਚਾਰ ਨਾਲ ਜੁੜੇ ਰਹਿਣਾ ਚਾਹੀਦਾ ਹੈ। ਬੜਾ ਪਿੰਡ ਵਿਖੇ ਤੀਆਂ ਦਾ ਮੇਲਾ ਪਿੰਡ ਦੀਆਂ ਔਰਤਾਂ ਵਲੋਂ ਬੜੇ ਚਾਅ ਉਤਸ਼ਾਹ ਨਾਲ ਆਯੋਜਿਤ ਕੀਤਾ ਗਿਆ, ਜਿਥੇ ਚਰਖੇ, ਛੱਜ, ਚਾਟੀਆਂ ਮਧਾਣੀਆਂ, ਮੰਜੇ, ਫੁੱਲਕਾਰੀਆਂ ਅਤੇ ਹੋਰ ਵੀ ਵਿਰਸੇ ਨਾਲ ਜੁੜੀਆਂ ਵਸਤਾਂ ਸਜਾਈਆਂ ਗਈਆਂ। ਇਸ ਮੌਕੇ ਲੜਕੀਆਂ ਤੇ ਔਰਤਾਂ ਵਲੋਂ ਨੱਚ ਗਾ ਕੇ ਅਨੰਦ ਮਾਣਿਆ ਅਤੇ ਤਰ੍ਹਾਂ ਤਰ੍ਹਾਂ ਦੇ ਪਕਵਾਨ ਛਕਾਏ ਗਏ।

# ਖ਼ਾਲਸਾ ਕਾਲਜ 'ਚ ਬਿਨਾਂ ਲੇਟ ਫ਼ੀਸ ਦਾਖ਼ਲਾ 11 ਤੱਕ : ਡਾ. ਅਮਨਦੀਪ ਹੀਰਾ

ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੇ ਬੱਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ ਗੜ੍ਹਸ਼ੰਕਰ ਦੇ ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਨੇ ਦੱਸਿਆ ਕਿ ਪੰਜਾਬ ਯੂਨੀਵਰਸਿਟੀ ਵਲੋਂ



ਅੰਡਰ-ਗ੍ਰੈਜੂਏਟ ਕਲਾਸਾਂ ਦੇ ਦਾਖ਼ਲੇ ਦੀ ਮਿਤੀ 31 ਜੁਲਾਈ ਤੋਂ ਵਧਾ ਕੇ 11 ਅਗਸਤ ਕਰ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਵਿਦਿਆਰਥੀ ਹੁਣ ਅੰਡਰ-ਗ੍ਰੈਜੂਏਟ ਕਲਾਸਾਂ ਵਿਚ ਬਿਨਾਂ ਲੇਟ ਫੀਸ ਨਾਲ 11 ਅਗਸਤ ਤੱਕ ਆਪਣਾ ਦਾਖ਼ਲਾ ਕਰਵਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਪੋਸਟ-ਗ੍ਰੈਜੂਏਟ ਕਲਾਸਾਂ ਦੇ ਭਾਗ ਪਹਿਲਾ ਅਤੇ ਦੂਜਾ ਲਈ ਦਾਖ਼ਲਾ ਵੀ ਬਿਨਾਂ ਲੇਟ ਫੀਸ ਨਾਲ ਚੱਲ ਰਿਹਾ ਹੈ। ਉਨ੍ਹਾਂ ਦੱਸਿਆ ਕਾਲਜ 'ਚ ਬੀ.ਏ. ਬੀ.ਐੱਡ ਕੋਰਸ 'ਚ ਸੀਟਾਂ ਭਰ ਚੁੱਕੀਆਂ ਹਨ। ਬੀ.ਸੀ.ਏ., ਬੀ.ਐੱਸ.ਸੀ. ਬੀ.ਐੱਡ. ਅਤੇ ਬੀ.ਕਾਮ ਦੇ ਕੋਰਸਾਂ 'ਚ ਸੀਮਤ ਸੀਟਾਂ ਬਾਕੀ ਹਨ ਤੇ ਬੀ.ਏ., ਬੀ.ਐੱਸ.ਸੀ. (ਮੈਡੀਕਲ/ਨਾਨ ਮੈਡੀਕਲ) ਕਲਾਸ 'ਚ ਦਾਖ਼ਲਾ ਜਾਰੀ ਹੈ। ਉਨ੍ਹਾਂ ਦੱਸਿਆ ਕਿ ਕਾਲਜ 'ਚ ਪੋਸਟ-ਗ੍ਰੈਜੂਏਟ ਪੱਧਰ 'ਤੇ ਪੀ.ਜੀ.ਡੀ. ਸੀ.ਏ., ਐੱਮ.ਏ.. ਹਿਸਟਰੀ, ਐੱਮ.ਕਾਮ., ਐੱਮ.ਐੱਸਸੀ. ਕਮਿਸਟਰੀ ਅਤੇ ਗਣਿਤ ਦੇ ਕੋਰਸ ਸਫ਼ਲਤਾ ਪੂਰਵਕ ਚੱਲ ਰਹੇ ਹਨ ਤੇ ਇਨ੍ਹਾਂ ਕੋਰਸਾਂ ਵਿਚ ਦਾਖ਼ਲਾ ਚੱਲ ਰਿਹਾ ਹੈ।

# ਡੇਂਗੂ ਬੁਖ਼ਾਰ ਏਡੀਜ ਨਾਂਅ ਦੇ ਮੱਛਰ ਵੱਲੋਂ ਕੱਟਣ ਨਾਲ ਫੈਲਦਾ : ਡਾ. ਸਤਵਿੰਦਰ ਪਾਲ ਸਿੰਘ

ਬਲਾਚੌਰ (ਜਸਵਿੰਦਰ ਬੈਂਸ)- ਸੀਨੀਅਰ ਮੈਡੀਕਲ ਅਫਸਰ ਸ਼ਹੀਦ ਭਗਤ ਸਿੰਘ ਨਗਰ ਸਿਵਲ ਸਰਜਨ ਡਾਕਟਰ ਗੁਰਿੰਦਰਜੀਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਤੇ ਸੀਨੀਅਰ ਮੈਡੀਕਲ ਅਫਸਰ ਡਾਕਟਰ ਸਤਵਿੰਦਰ ਪਾਲ ਸਿੰਘ ਸ਼ਹੀਦ ਭਗਤ ਸਿੰਘ ਨਗਰ ਜੀ ਨੇ ਬਾਬਾ ਸ੍ਰੀ ਚੰਦ ਗ. ਰ. ਦ. ਆ ਰ ਾ ਗੜ੍ਹਸ਼ੰਕਰ ਰੋਡ ਵਿਖੇ ਡੇਂਗੂ ਦੇ ਬਚਾਅ ਅਤੇ ਲੱਛਣਾ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਡੇਂਗੂ ਬੁਖ਼ਾਰ ਏਡੀਜ ਨਾਂ ਦੇ ਮੱਛਰ ਦੇ ਕੱਟਣ ਨਾਲ ਫੈਲਦਾ ਹੈ ਅਤੇ ਇਹ ਮੱਛਰ ਸਾਫ ਖੜੇ ਪਾਣੀ ਦੇ ਸੋਮਿਆਂ ਵਿੱਚ ਪੈਦਾ ਹੁੰਦੇ ਹਨ। ਇਸ ਲਈ ਸਾਨੂੰ ਆਪਣੇ ਘਰਾਂ ਵਿੱਚ ਸਾਫ ਸਫ਼ਾਈ ਰੱਖਣੀ ਚਾਹੀਦੀ ਹੈ। ਘਰਾਂ ਵਿੱਚ ਖੜ੍ਹੇ ਕੂਲਰਾਂ ਗਮਲਿਆਂ ਵਿੱਚ ਖੜ੍ਹੇ ਪਾਣੀ ਨੂੰ ਹਫਤੇ ਵਿੱਚ ਇੱਕ ਵਾਰ ਜ਼ਰੂਰ ਸਾਫ



ਕਰਕੇ ਸੁਕਾਉਣਾ ਚਾਹੀਦਾ ਹੈ। ਕਪੜੇ ਅਜਿਹੇ ਪਹਿਨੋ ਜਿਸ ਨਾਲ ਸਰੀਰ ਪੂਰੀ ਤਰ੍ਹਾਂ ਢਕਿਆ ਰਹੇ, ਸੌਣ ਵੇਲੇ ਮੱਛਰਦਾਨੀ ਦੀ ਵਰਤੋਂ ਕਰੋ। ਡੇਂਗੂ ਬੁਖਾਰ ਦੇ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਵਿੱਚ ਤੇਜ਼ ਬੁਖ਼ਾਰ, ਸਿਰ ਦਰਦ, ਜੀ ਕੱਚਾ ਹੋਣਾ, ਉਲਟੀਆਂ ਆਉਣੀਆਂ ਅਤੇ ਹਾਲਤ ਖ਼ਰਾਬ ਹੋਣ ਤੇ ਨੱਕ ਅਤੇ ਮਸੂੜਿਆਂ ਵਿੱਚੋਂ ਖੂਨ ਵਗਣ ਦੇ ਲੱਛਣ ਹੋ ਸਕਦੇ ਹਨ। ਬੁਖ਼ਾਰ ਹੋਣ ਤੇ ਤੁਰੰਤ ਸਾਨੂੰ ਸਿਵਲ ਹਸਪਤਾਲ ਆ ਕੇ ਖੂਨ ਦੀ ਜਾਂਚ ਕਰਾਉਣੀ ਚਾਹੀਦੀ ਹੈ। ਡੇਂਗੂ ਦਾ ਟੈਸਟ ਅਤੇ ਇਲਾਜ ਹਸਪਤਾਲ ਵਿੱਚ ਬਿਲਕੁਲ ਮੁਫ਼ਤ ਕੀਤਾ ਜਾਂਦਾ ਹੈ। ਇਸ ਮੌਕੇ ਤੇ ਐਸ ਐਚ ਵੀ ਗਗਨਦੀਪ ਕੌਰ ਅਤੇ ਮਲਟੀਪਲ ਹੈਲਥ ਵਰਕਰ ਫੀਮੇਲ ਅਤੇ ਬਰੀਡਿੰਗ ਚੈੱਕ ਕਰ ਦੁਆਰਾ ਡੇਂਗੂ ਦਾ ਲਾਰਵਾ ਚੈੱਕ ਕੀਤਾ ਗਿਆ।

# ਬੈਂਕਾਂ ਤੇ ਪੈਟਰੋਲ ਪੰਪਾਂ 'ਤੇ ਸੀ ਸੀ ਟੀ ਵੀ ਕੈਮਰੇ ਲਾਉਣ ਦੀ ਹਦਾਇਤ

ਸ਼ਹੀਦ ਭਗਤ ਸਿੰਘ ਨਗਰ, (ਮਨੋਜ ਲਾਡੀ)-ਜ਼ਿਲ੍ਹਾ ਮੈਜਿਸਟ੍ਰੇਟ ਨੇ ਹੁਕਮ ਜਾਰੀ ਕਰਦਿਆਂ ਪੈਟਰੋਲ ਪੰਪਾਂ ਅਤੇ ਬੈਂਕਾਂ ਵਿਚ ਡਕੈਤੀਆਂ ਤੇ ਲੁੱਟ ਖੋਹ ਦੀਆਂ ਘਟਨਾਵਾਂ ਦੇ ਮੱਦੇਨਜ਼ਰ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਤਹਿਤ ਜ਼ਿਲ੍ਹੇ ਵਿਚ ਹਰੇਕ ਬੈਂਕ ਅਤੇ ਪੈਟਰੋਲ ਪੰਪ ਲਈ ਸੀ. ਸੀ. ਟੀ. ਵੀ ਕੈਮਰੇ ਜ਼ਰੂਰੀ ਕਰਾਰ ਦਿੱਤੇ ਹਨ। ਜ਼ਿਲ੍ਹਾ ਮੈਜਿਸਟ੍ਰੇਟ ਅਨੁਸਾਰ ਇਹ ਸੀ. ਸੀ. ਟੀ. ਵੀ ਕੈਮਰੇ ਘੱਟੋ-ਘੱਟ 7 ਦਿਨ ਦੀ ਰਿਕਾਰਡਿੰਗ ਸਮਰੱਥਾ ਰੱਖਣ ਵਾਲੇ ਹੋਣੇ ਚਾਹੀਦੇ ਹਨ। ਇਸ ਹੁਕਮ ਨੂੰ ਲਾਗੂ ਕਰਵਾਉਣ ਲਈ ਐੱਸ.ਐੱਸ.ਪੀ., ਜ਼ਿਲ੍ਹਾ ਖ਼ੁਰਾਕ ਤੇ ਸਪਲਾਈ ਕੰਟਰੋਲਰ ਅਤੇ ਲੀਡ ਬੈਂਕ ਮੈਨੇਜਰ ਜ਼ਿੰਮੇਵਾਰ ਹੋਣਗੇ। ਇਹ ਹੁਕਮ 30 ਸਤੰਬਰ 2025 ਤੱਕ ਲਾਗੂ ਰਹੇਗਾ। ਇਸੇ ਤਰ੍ਹਾਂ ਜ਼ਿਲ੍ਹਾ ਮੈਜਿਸਟ੍ਰੇਟ ਨੇ ਨੋਟੀਫਾਈਡ ਏਰੀਆ (ਬਲਾਕ ਔੜ ਅਤੇ ਬੰਗਾ) ਵਿਚ ਮਨਜ਼ੂਰੀ ਤੋਂ ਬਿਨਾਂ ਟਿਊਬਵੈੱਲ/ਸਬਮਰਸੀਬਲ ਪੰਪ ਲਗਾਉਣ 'ਤੇ ਪਾਬੰਦੀ ਲਗਾਉਣ ਦੇ ਹੁਕਮ ਜਾਰੀ ਕੀਤੇ ਹਨ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਨੇ ਸੈਂਟਰਲ ਗਰਾਊਂਡ ਵਾਟਰ ਅਥਾਰਟੀ ਦੀਆਂ ਹਦਾਇਤਾਂ ਅਨੁਸਾਰ ਪ੍ਰਵਾਨਿਤ ਕੰਮਾਂ ਵਿਚੋਂ ਟਿਊਬਵੈੱਲ/ਸਬਮਰਸੀਬਲ ਲਗਾਉਣਾ ਹੈ, ਤਾਂ ਉਹ ਐੱਨ. ਓ. ਸੀ ਲਈ ਉਨ੍ਹਾਂ ਦੇ ਦਫ਼ਤਰ ਵਿਚ ਅਪਲਾਈ ਕਰ ਕੇ ਮਨਜ਼ੂਰੀ ਪ੍ਰਾਪਤ ਕਰੇਗਾ। ਅਣ-ਅਧਿਕਾਰਤ ਟਿਊਬਵੈੱਲ/ਸਬਮਰਸੀਬਲ ਦੀ ਜਾਂਚ ਕਰਨ ਲਈ ਪਿੰਡਾਂ ਵਿਚ ਸਬੰਧਤ ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ ਅਤੇ ਸ਼ਹਿਰਾਂ ਵਿਚ ਸਬੰਧਤ ਕਾਰਜ ਸਾਧਕ ਅਫ਼ਸਰ, ਨਗਰ ਕੌਂਸਲ ਦੀ ਜ਼ਿੰਮੇਵਾਰੀ ਨਿਰਧਾਰਤ ਕੀਤੀ ਗਈ ਹੈ। ਇਹ ਹੁਕਮ ਲਾਗੂ ਕਰਵਾਉਣ ਲਈ ਐੱਸ.ਐੱਸ.ਪੀ., ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ ਔੜ/ਬੰਗਾ ਅਤੇ ਕਾਰਜ ਸਾਧਕ ਅਫ਼ਸਰ ਨਗਰ ਕੌਂਸਲ ਬੰਗਾ ਜ਼ਿੰਮੇਵਾਰ ਹੋਣਗੇ। ਇਹ ਹੁਕਮ 30 ਸਤੰਬਰ 2025 ਤੱਕ ਲਾਗੂ ਰਹਿਣਗੇ।

# ਸ਼ਾਂਤੀ ਦਾ ਸੰਦੇਸ਼ ਦੇਣ ਲਈ ਕਰਵਾਏ ਜਾਣਗੇ ਪੋਸਟਰ ਮੇਕਿੰਗ ਮੁਕਾਬਲੇ : ਲਾਇਨ ਕੰਗ

ਫਗਵਾੜਾ (ਹਰਜਿੰਦਰ ਢੰਡਾ)
ਲਾਇਨਜ਼ ਇੰਟਰਨੈਸ਼ਨਲ 321-ਡੀ ਵਲੋਂ ਜਲਦੀ ਹੀ ਦੁਨੀਆ ਨੂੰ ਸ਼ਾਂਤੀ ਦਾ ਸੰਦੇਸ਼ ਦੇਣ ਦੇ ਮਨੋਰਥ ਨਾਲ ਸਕੂਲੀ ਵਿਦਿਆਰਥੀਆਂ ਲਈ ਪੀਸ ਪੋਸਟਰ ਮੁਕਾਬਲੇ ਕਰਵਾਏ ਜਾਣਗੇ। ਇਹ ਜਾਣਕਾਰੀ ਲਾਇਨਜ਼ ਇੰਟਰਨੈਸ਼ਨਲ 321-ਡੀ ਦੇ ਡਿਸਟ੍ਰਿਕਟ ਚੇਅਰਮੈਨ (ਪੀਸ ਪੋਸਟਰ) ਲਾਇਨ ਗੁਰਦੀਪ ਸਿੰਘ ਕੰਗ ਐਮ.ਜੇ.ਐਫ. ਨੇ ਇੱਥੇ ਗੱਲਬਾਤ ਦੌਰਾਨ ਦਿੱਤੀ। ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਦੁਨੀਆ ਭਰ ਦੇ ਕਈ ਦੇਸ਼ਾਂ ਵਿੱਚ ਆਪਸੀ ਤਣਾਅ ਵਧ ਰਿਹਾ ਹੈ। ਰੂਸ ਅਤੇ ਯੂਕਰੇਨ ਵਿਚਕਾਰ ਜੰਗ ਜਾਰੀ ਹੈ। ਇਜ਼ਰਾਈਲ ਅਤੇ ਈਰਾਨ ਵਿਚਕਾਰ ਵੀ ਤਣਾਅ ਜਾਰੀ ਹੈ। ਭਾਰਤ ਨੇ ਹਾਲ ਹੀ ਵਿੱਚ ਪਹਿਲਗਾਮ ਕਤਲੇਆਮ ਦਾ ਸਾਹਮਣਾ ਕੀਤਾ ਹੈ ਅਤੇ ਹੁਣ ਅਮਰੀਕਾ ਰੂਸ ਨੂੰ ਪ੍ਰਮਾਣੂ ਯੁੱਧ ਦੀ ਧਮਕੀ ਦੇ ਰਿਹਾ ਹੈ। ਇਸ ਸਭ ਦੇ ਮੱਦੇਨਜ਼ਰ, ਲਾਇਨਜ਼ ਇੰਟਰਨੈਸ਼ਨਲ 321-ਡੀ ਦੁਨੀਆ ਵਿੱਚ ਸ਼ਾਂਤੀ ਦਾ ਸੰਦੇਸ਼ ਫੈਲਾਉਣ ਲਈ ਸਕੂਲੀ ਵਿਦਿਆਰਥੀਆਂ ਦੇ ਪੀਸ ਪੋਸਟਰ ਮੇਕਿੰਗ ਮੁਕਾਬਲੇ ਕਰਵਾਉਣ ਦੀ ਯੋਜਨਾ 'ਤੇ ਵਿਚਾਰ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਘਰ ਤੋਂ ਦੇਸ਼ ਤੱਕ ਭਵਿੱਖ ਦੀ ਵਾਗਡੋਰ ਬੱਚਿਆਂ ਦੇ ਹੱਥਾਂ ਵਿੱਚ ਜਾਂਦੀ ਹੈ। ਇਸ ਲਈ



ਵਿਦਿਆਰਥੀ ਜੀਵਨ ਤੋਂ ਹੀ ਉਨ੍ਹਾਂ ਨੂੰ ਹਿੰਸਾ ਅਤੇ ਅਹਿੰਸਾ, ਸ਼ਾਂਤੀ ਅਤੇ ਯੁੱਧ ਦੇ ਚੰਗੇ ਅਤੇ ਮਾੜੇ ਨਤੀਜਿਆਂ ਬਾਰੇ ਗਿਆਨ ਦੇਣਾ ਜ਼ਰੂਰੀ ਹੈ। ਇਸ ਦੌਰਾਨ ਲਾਇਨ ਸੁਦੀਪ ਗਗਗ ਜੀ.ਐਮ.ਟੀ. ਕੋਆਰਡੀਨੇਟਰ ਐਮ.ਡੀ. 321 ਨੇ ਦੱਸਿਆ ਕਿ ਲਾਇਨਜ਼ ਇੰਟਰਨੈਸ਼ਨਲ ਜਿੱਥੇ ਸਮਾਜ ਸੇਵਾ ਵਿੱਚ ਮੋਹਰੀ ਭੂਮਿਕਾ ਨਿਭਾਉਂਦੀ ਹੈ, ਉੱਥੇ ਅੰਤਰਰਾਸ਼ਟਰੀ ਸ਼ਾਂਤੀ ਦਾ ਸੰਦੇਸ਼ ਦੇਣ ਲਈ ਸਮੇਂ-ਸਮੇਂ 'ਤੇ ਪ੍ਰਭਾਵਸ਼ਾਲੀ ਪ੍ਰੋਜੈਕਟ ਵੀ ਕੀਤੇ ਜਾਂਦੇ ਹਨ। ਇਸ ਮੌਕੇ ਸਾਬਕਾ ਡਿਸਟ੍ਰਿਕਟ ਗਵਰਨਰ ਲਾਇਨ ਰਾਜੀਵ ਕੁਕਰੇਜਾ ਅਤੇ ਰੀਜਨ ਚੇਅਰਮੈਨ ਲਾਇਨ ਸੰਜੀਵ ਸੂਰੀ ਵੀ ਉਨ੍ਹਾਂ ਦੇ ਨਾਲ ਮੌਜੂਦ ਸਨ।

# ਗੋਰਾਇਆ ਵਿਖੇ ਖ਼ੁਸ਼ੀਆਂ-ਖੇੜਿਆਂ ਨਾਲ ਮਨਾਇਆ ਤੀਆਂ ਦਾ ਤਿਉਹਾਰ



ਅੱਪਰਾ ਸਰਾਂ (ਜਸਵੀਰ ਕਾਜਲ)
ਪਿੰਡ ਗੋਰਾਇਆਂ ਵਿਖੇ ਸਾਉਣ ਮਹੀਨੇ ਦਾ ਪ੍ਰਮੁੱਖ ਤੀਆਂ ਦਾ ਤਿਉਹਾਰ ਖ਼ੁਸ਼ੀਆਂ ਖੇੜਿਆਂ ਤੇ ਉਤਸ਼ਾਹ ਨਾਲ ਮਨਾਇਆ ਗਿਆ। ਗ੍ਰਾਮ ਪੰਚਾਇਤ ਗੋਰਾਇਆਂ, ਸਰਪੰਚ ਸ੍ਰੀਮਤੀ ਕੁਲਵਿੰਦਰ ਕੌਰ ਅਤੇ ਕਮਲਜੀਤ ਕੌਰ, ਸੀਮਾ ਸ਼ਰਮਾ, ਹਰਜਿੰਦਰ ਕੌਰ ਸੁਖਵਿੰਦਰ ਕੌਰ, ਰਣਜੀਤ ਕੌਰ ਬਲਜੀਤ ਕੌਰ ਦੀ ਅਗਵਾਈ ਵਿਚ ਮਨਾਏ ਗਏ ਇਸ ਤੀਆਂ ਦੇ ਤਿਉਹਾਰ ਦੌਰਾਨ ਵੱਡੀ ਗਿਣਤੀ ਵਿਚ ਪਿੰਡ ਦੀਆਂ ਔਰਤਾਂ ਨੇ ਹਿੱਸਾ ਲਿਆ। ਰਵਾਇਤੀ ਪੰਜਾਬੀ ਪਹਿਰਾਵੇ ਵਿਚ ਸੱਜੀਆਂ ਹੋਈਆਂ ਪਿੰਡ ਦੀਆਂ ਔਰਤਾਂ ਨੇ ਪੁਰਾਤਨ ਸਮੇਂ ਵਿਚ ਪਾਈਆਂ ਜਾਂਦੀਆਂ ਬੋਲੀਆਂ ਅਤੇ ਹੋਰ ਗੀਤ ਗਾ ਕੇ ਮਾਹੌਲ ਨੂੰ ਸੱਭਿਆਚਾਰ ਦੇ ਰੰਗ ਵਿਚ ਰੰਗਿਆ। ਪਿੰਡ ਦੀਆਂ ਔਰਤਾਂ ਨੇ ਗਿੱਧਾ ਪ੍ਰੋਗਰਾਮ ਪੇਸ਼ ਕਰਦੇ ਹੋਏ ਤੀਆਂ ਦੇ ਤਿਉਹਾਰ ਦੀਆਂ ਖ਼ੁਸ਼ੀਆਂ ਸਾਂਝੀਆਂ ਕੀਤੀਆਂ। ਸਾਉਣ ਮਹੀਨੇ ਵਿਚ ਬਣਾਏ ਜਾਣ ਵਾਲੇ ਪਕਵਾਨ ਵੀ ਤਿਆਰ ਕੀਤੇ ਅਤੇ ਸਜਾਈਆਂ ਹੋਈਆਂ ਪੀਂਘਾਂ ਵੀ ਝੂਟੀਆਂ। ਇਸ ਮੌਕੇ ਪਿੰਡ ਦੀਆਂ ਔਰਤਾਂ ਨੂੰ ਸੰਬੋਧਨ ਕਰਦੇ ਹੋਏ ਸਰਪੰਚ ਕੁਲਵਿੰਦਰ ਕੌਰ, ਮਾਸਟਰ ਗੁਰਦਿਆਲ ਸਿੰਘ, ਮਾਸਟਰ ਕੁਲਵਿੰਦਰ ਸਿੰਘ ਨੇ ਤੀਆਂ ਦੇ ਤਿਉਹਾਰ ਦੀ ਮੁਬਾਰਕਬਾਦ ਦਿੱਤੀ ਅਤੇ ਕਿਹਾ ਕਿ ਅਜਿਹੇ ਤਿਉਹਾਰ ਜਿੱਥੇ ਸਾਨੂੰ ਆਪਸ ਵਿਚ ਮਿਲ ਬੈਠਣ ਦਾ ਮੌਕਾ ਪ੍ਰਦਾਨ ਕਰਦੇ ਹਨ ਉੱਥੇ ਹੀ ਸਾਨੂੰ ਆਪਣੇ ਅਮੀਰ ਸੱਭਿਆਚਾਰ ਬਾਰੇ ਵੀ ਵਡਮੁੱਲੀ ਜਾਣਕਾਰੀ ਪ੍ਰਾਪਤ ਕਰਨ ਦਾ ਸਮਾਂ ਮਿਲਦਾ ਹੈ। ਇਸ ਮੌਕੇ ਮਹੀਪ ਕਮਾਰ, ਨਵਦੀਪ ਸਿੰਘ, ਹੈਪੀ , ਸੋਨਾ, ਕਮਲਜੀਤ ਕੌਰ, ਸਾਕਸ਼ੀ ਸ਼ਰਮਾ, ਕੁਲਵਿੰਦਰ ਕੌਰ, ਜਸਵੀਰ ਕੌਰ, ਸੁਸ਼ੀਲਾ, ਸੰਦੀਪ ਕੌਰ, ਪ੍ਰਭਜਿੰਦਰ ਕੌਰ, ਹੈਪੀ ਇੰਦਰਜੀਤ ਕੌਰ, ਮਨਪ੍ਰੀਤ ਕੌਰ, ਆਸ਼ਾ ਰਾਣੀ, ਬਲਵਿੰਦਰ ਕੌਰ, ਸ਼ਿਲਾ ਦੇਵੀ, ਮਨਦੀਪ ਕੌਰ ਅਤੇ ਹੋਰ ਨਗਰ ਨਿਵਾਸੀ ਹਾਜ਼ਰ ਸਨ।

# ਤੀਆਂ ਦਾ ਤਿਉਹਾਰ ਮਨਾਇਆ



ਬਲਾਚੌਰ (ਜਸਵਿੰਦਰ ਬੈਂਸ)- ਲਿਟਲ ਸਟਾਰ ਮਾਡਲ ਹਾਈ ਸਕੂਲ ਨਾਨੋਵਾਲ ਬੇਟ ਵਿਖੇ ਸ੍ਰੀਮਤੀ ਸ਼ਸ਼ੀ ਬਾਲਾ ਮੁੱਖ ਅਧਿਆਪਕਾ ਦੀ ਅਗਵਾਈ ਹੇਠ ਤੀਆਂ ਦਾ ਤਿਉਹਾਰ ਬੜੇ ਚਾਵਾਂ ਨਾਲ ਮਨਾਇਆ ਗਿਆ ਜਿਸ ਵਿੱਚ ਸਕੂਲ ਦੀਆਂ ਸਮੂਹ ਵਿਦਿਆਰਥਣਾਂ ਅਤੇ ਅਧਿਆਪਕਾਵਾਂ ਨੇ ਭਾਗ ਲਿਆ। ਤੀਆਂ ਦੇ ਮੇਲੇ ਦਾ ਆਨੰਦ ਮਾਣਨ ਲਈ ਲੜਕੀਆਂ ਰਵਾਇਤੀ ਪਹਿਰਾਵੇ ਸਲਵਾਰ ਸੂਟ ਅਤੇ ਲੜਕੀਆਂ ਫੁਲਕਾਰੀ ਆਦਿ ਪਹਿਨ ਕੇ ਅਤੇ ਗਹਿਣਿਆਂ ਨਾਲ ਸ਼ਿੰਗਾਰ ਕਰਕੇ ਸਕੂਲ ਪਹੁੰਚੀਆਂ। ਸਕੂਲ ਪ੍ਰਬੰਧਨ ਵੱਲੋਂ ਪੀਂਘਾਂ ਅਤੇ ਝੂਲਿਆ ਸਮੇਤ ਪੂਰੇ ਪੰਡਾਲ ਨੂੰ ਫੁੱਲਾਂ ਅਤੇ ਲੜੀਆਂ ਨਾਲ ਖ਼ੂਬਸੂਰਤੀ ਸਜਾਇਆ ਗਿਆ ਸੀ। ਵਿਰਾਸਤੀ ਲੋਕ ਗੀਤ ਗਾਉਂਦੇ ਅਤੇ ਨੱਚਦੇ ਹੋਏ ਸਟਾਫ ਅਤੇ ਵਿਦਿਆਰਥਣਾਂ ਨੇ ਬਹੁਤ ਹੀ ਪ੍ਰਭਾਵਸ਼ਾਲੀ ਢੰਗ ਨਾਲ ਮੁੱਖ ਦੁਆਰ ਤੋਂ ਸਕੂਲ ਵਿੱਚ ਪ੍ਰਵੇਸ਼ ਕੀਤਾ। ਝੂਲੇ ਅਤੇ ਪੀਂਘਾਂ ਝੂਟਣ ਤੋਂ ਬਾਅਦ ਪੰਡਾਲ ਵਿੱਚ ਸੱਭਿਆਚਾਰਕ ਪ੍ਰੋਗਰਾਮ ਸ਼ੁਰੂ ਕੀਤਾ ਗਿਆ। ਮੰਚ ਸੰਚਾਲਕ ਦੀ ਭੂਮਿਕਾ ਮੈਡਮ ਜਤਿੰਦਰਾ ਵੱਲੋਂ ਨਿਭਾਈ ਗਈ। ਉਨ੍ਹਾਂ ਨੇ ਸ਼ੇਅਰੋ ਸ਼ਾਇਰੀ ਨਾਲ ਵੱਖਰੇ ਅੰਦਾਜ਼ ਵਿੱਚ ਵੱਖ-ਵੱਖ ਆਇਟਮਾਂ ਪੇਸ਼ ਕਰਵਾਇਆ। ਲਗਭਗ ਤਿੰਨ ਘੰਟੇ ਦੇ ਪ੍ਰੋਗਰਾਮ ਵਿੱਚ ਲੋਕ ਗੀਤ, ਲੋਕ ਨਾਚ, ਗਿੱਧਾ ,ਕਿਕਲੀ, ਘੋੜੀਆਂ- ਸੁਹਾਗ, ਸੋਲੋ ਡਾਂਸ ਅਤੇ ਗਰੁੱਪ ਡਾਂਸ ਆਦਿ ਦੀਆਂ ਪੇਸ਼ਕਾਰੀਆਂ ਬਹੁਤ ਹੀ ਦਿਲ ਖਿੱਚਵੇਂ ਅੰਦਾਜ਼ ਵਿੱਚ ਪੇਸ਼ ਕੀਤੀਆਂ ਗਈਆਂ। ਨਰਸਰੀ ਕਲਾਸ ਦੀਆਂ ਛੋਟੀਆਂ ਛੋਟੀਆਂ ਬੱਚੀਆਂ ਵਾਲੇ ਵੱਲੋਂ ਚੱਲੀ ਕਲਾਸ ਦੀ ਵਿਦਿਆਰਥਣ ਹਰਪ੍ਰੀਤ ਕੌਰ ਨੂੰ ਮਿਸ ਤੀਜ, ਸੱਤਵੀਂ ਕਲਾਸ ਦੀਆਂ ਪ੍ਰਨੀਤ ਕੌਰ ਅਤੇ ਭਾਰਤੀ ਨੂੰ ਮਿਸ ਪੰਜਾਬਣ ਸੀਨੀਅਰ , ਪਹਿਲੀ ਕਲਾਸ ਦੀ ਪਰਵੀਨ ਕੌਰ ਅਤੇ ਯੂ .ਕੇ. ਜੀ ਦੀ ਹਰਸ਼ਦੀਪ ਕੌਰ ਨੂੰ ਮਿਸ ਪੰਜਾਬਣ ਜੂਨੀਅਰ , ਦੂਸਰੀ ਕਲਾਸ ਦੀ ਬਵਲੀਨ ਕੌਰ ਨੂੰ ਗਿੱਧਿਆਂ ਦੀ ਰਾਣੀ ਐਲਾਨਦੇ ਉਪਰੰਤ ਸਨਮਾਨਿਤ ਕੀਤਾ ਗਿਆ।

# ਬਰਸਾਤ ਦੇ ਮੌਸਮ ਚਲਦਿਆ ਵੱਧ ਤੋਂ ਵੱਧ ਰੁੱਖ ਲਗਾਓ : ਹਰਵੇਲ ਸੈਣੀ

ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)- ਸ਼ੋਸ਼ਲ ਵੈੱਲਫੇਅਰ ਸੁਸਾਇਟੀ ਗੜ੍ਹਸ਼ੰਕਰ ਅਤੇ ਦੁਆਬਾ ਵਾਤਾਵਰਨ ਕਮੇਟੀ ਮਾਹਿਲਪੁਰ ਦੇ ਸਾਂਝੇ ਸਹਿਯੋਗ ਨਾਲ ਪਿੰਡ ਚੱਕ ਮੱਲਾਂ ਵਿਖੇ 105 ਵਿਰਾਸਤੀ ਫ਼ਲਦਾਰ ਅਤੇ ਛਾਂਦਾਰ ਬੂਟੇ ਲਗਾਏ ਗਏ। ਇਸ ਮੌਕੇ ਸੁਸਾਇਟੀ ਦੇ ਪ੍ਰਧਾਨ ਹਰਵੇਲ ਸਿੰਘ ਸੈਣੀ ਨੇ ਜਾਣਕਾਰੀ ਦਿੰਦੇ ਹੋਏ ਤ੍ਰਿਵੇਣੀ ਰੁੱਖਾਂ, ਪਿੱਪਲ, ਬੋਹੜ, ਨਿੰਮ ਦੀ ਮਹੱਤਤਾ ਇਹ ਤ੍ਰਿਵੇਣੀ ਸਾਨੂੰ



ਜਿੱਥੇ ਸ਼ੁੱਧ ਹਵਾ ਪ੍ਰਦਾਨ ਕਰਦੀ ਹੈ, 24 ਘੰਟੇ ਆਕਸੀਜਨ ਪ੍ਰਦਾਨ ਕਰਦੀ ਹੈ ਅਤੇ ਵਾਤਾਵਰਨ ਨੂੰ ਸ਼ੁੱਧ ਰੱਖਦੀ ਹੈ। ਇਸ ਲਈ ਲੋਕਾਂ ਨੂੰ ਅਪੀਲ ਹੈ ਕਿ ਇਸ ਮੌਸਮ ਵਿੱਚ ਆਪ ਵੱਧ ਤੋਂ ਵੱਧ ਬੂਟੇ ਲਗਾਓ। ਵਾਤਾਵਰਨ ਪ੍ਰੇਮੀ ਪ੍ਰਿੰ ਰੁਪਿੰਦਰ ਜੋਤ ਸਿੰਘ ਨੇ ਕਿਹਾ ਕਿ ਅੱਜ ਦੇ ਦਿਨ ਜੋ ਵੀ ਬੂਟੇ ਲਗਾਏ ਗਏ ਹਨ ਉਹ ਸ਼ਹੀਦ ਊਧਮ ਸਿੰਘ ਦੀ 86ਵੀਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਹਨ। ਵਾਤਾਵਰਣ ਨੂੰ ਸ਼ੁੱਧ ਅਤੇ ਹਰਿਆ ਭਰਿਆ ਬਣਾਉਣ ਲਈ ਵੱਖ ਵੱਖ ਕਿਸਮ ਜਿਸ ਵਿਚ ਸੁਖਚੈਨ, ਟਾਹਲੀ, ਨਿੰਮ, ਪਿੱਪਲ, ਬੋਹੜ,ਹਰੜ, ਬਹੇੜਾ, ਸਾਗਵਾਨ, ਔਲਾ, ਸੁਹਾਂਜਣਾ, ਇਮਲੀ, ਅੰਬ, ਅਮਰੂਦ ਆਦਿ ਦੇ ਬੂਟੇ ਲਗਾਏ ਗਏ। ਤ੍ਰਿਵੇਣੀ ਦੇ ਬੂਟੇ ਪਿੰਡ ਦੇ ਸ਼ਮਸ਼ਾਨ ਘਾਟ ਵਿੱਚ ਲਗਾਏ ਗਏ ਅਤੇ ਬਾਕੀ ਵਿਰਾਸਤੀ, ਛਾਂਦਾਰ ਅਤੇ ਫਲਦਾਰ ਬੂਟੇ ਪਿੰਡ ਦੇ ਬਾਬਾ ਬਲਵਾਲੇ ਵਾਲੇ ਸਟੇਡੀਅਮ ਦੇ ਖੇਡ ਦੇ ਮੈਦਾਨ ਦੇ ਚਾਰ ਚੁਫੇਰੇ ਲਗਾਏ ਗਏ। ਇਸ ਮੌਕੇ ਇੰਟਰਨੈਸ਼ਨਲ ਐਥਲੀਟ ਜਸਵੰਤ ਵਿੱਕੀ, ਜਸਵੀਰ ਸਿੰਘ, ਬਲਜੀਤ, ਰਾਹੁਲ, ਤੇਤਾ ਰਾਮ, ਦੀਪਾ, ਸਨੀ, ਵਿਜੇ, ਜਸਵੰਤ,ਸਾਬੀ, ਰਾਜਾ, ਬਿੱਟੂ, ਗੁਲਜਿੰਦਰ ਆਦਿ ਹਾਜ਼ਰ ਸਨ।

# ਜੈਸਮੀਨ ਕੌਰ ਬਣੀ ਤੀਆਂ ਦੀ ਰਾਣੀ



ਕਾਲਾ ਸੰਘਿਆਂ (ਮਨਜੀਤ ਮਾਨ)
ਇਲਾਕੇ ਦੀ ਨਾਮਵਰ ਸੰਸਥਾ ਸੰਤ ਹੀਰਾ ਦਾਸ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਸਾਉਣ ਮਹੀਨੇ ਦਾ ਪ੍ਰਸਿੱਧ ਤਿਉਹਾਰ ਤੀਆਂ ਨੂੰ ਬੜੇ ਹੀ ਉਤਸ਼ਾਹ ਨਾਲ ਮਨਾਇਆ ਗਿਆ ਜਿਸ ਵਿੱਚ ਪੰਜਵੀਂ ਕਲਾਸ ਤੋਂ ਲੈ ਕੇ ਬਾਰ੍ਹਵੀਂ ਕਲਾਸ ਦੀਆਂ ਵਿਦਿਆਰਥਣਾਂ ਨੇ ਪੰਜਾਬੀ ਸੱਭਿਆਚਾਰਕ ਬੋਲੀਆਂ ਪਾ ਕੇ ਗਿੱਧਾ ਭੰਗੜਾ ਪਾਇਆ। ਸਕੂਲ ਦੇ ਪ੍ਰਿੰਸੀਪਲ ਮੈਡਮ ਕਰੁਣਾ ਕਟੋਚ ਦੀ ਅਗਵਾਈ ਵਿੱਚ ਲੇਡੀਜ਼ ਸਟਾਫ ਨੇ ਵਿਦਿਆਰਥਣਾਂ ਨੂੰ ਗਿੱਧੇ ਦੀ ਤਿਆਰੀ ਕਰਵਾਈ ਤੇ ਸੰਸਥਾਵਾਂ ਦੇ ਮੈਨੇਜਿੰਗ ਡਾਇਰੈਕਟਰ ਡਾ. ਰਾਮ ਮੂਰਤੀ ਨੇ ਬੱਚਿਆਂ ਨੂੰ ਪੰਜਾਬੀ ਸੱਭਿਆਚਾਰ ਦੀ ਹੋਂਦ ਨੂੰ ਬਰਕਰਾਰ ਰੱਖਣ ਤੇ ਪੰਜਾਬੀ ਮਾਂ ਬੋਲੀ ਦਾ ਸਤਿਕਾਰ ਕਰਨ ਲਈ ਪ੍ਰੇਰਿਆ। ਇਸ ਮੌਕੇ ਤੇ ਵਿਦਿਆਰਥਣਾਂ ਦੀ ਕਾਬਲੀਅਤ ਅਨੁਸਾਰ ਖ਼ਿਤਾਬ ਦਿੱਤੇ ਗਏ ਜਿਸ ਵਿੱਚ ਗਿੱਧਿਆਂ ਦੀ ਰਾਣੀ ਨਵਦੀਪ ਕੌਰ, ਪੰਜਾਬਣ ਮੁਟਿਆਰ ਗੁਰਮਨਜੀਤ ਕੌਰ, ਸੁਨੱਖੀ ਮੁਟਿਆਰ ਸੁਖਪ੍ਰੀਤ ਕੌਰ, ਸ਼ੁਗ ਜਿਹਾ ਕੱਦ ਪ੍ਰਭਜੋਤ ਕੌਰ, ਗੁੱਤ ਨਾਗਣੀ ਪ੍ਰਿਆ, ਹੱਸਮੁੱਖ ਮਟਿਆਰ ਪ੍ਰਭਦੀਪ ਕੌਰ ਸਨ। ਪ੍ਰੋਗਰਾਮ ਦੌਰਾਨ ਬੱਚਿਆਂ ਲਈ ਦੁਧਿਹਰ ਦੇ ਖਾਣੇ ਦਾ ਖ਼ਾਸ ਪ੍ਰਬੰਧ ਸੀ। ਇਸ ਮੌਕੇ ਤੇ ਵੀ.ਪੀ. ਸੁਖਜਿੰਦਰ ਸਿੰਘ, ਮੈਡਮ ਹਰਜੀਤ, ਮੈਡਮ ਪ੍ਰਿਯਾ, ਮੈਡਮ ਪ੍ਰਮਿਲ, ਮਹਿੰਦ ਕੁਮਾਰ, ਸੰਦੀਪ ਕੁਮਾਰ,ਪਵਨ ਕੁਮਾਰ, ਗੁਰਪ੍ਰੀਤ ਡੀ ਪੀ, ਸਿਮਰਤ ਸਿੰਘ, ਨਵਤੇਜ ਸਿੰਘ ਤੇ ਹੋਰ ਅਧਿਆਪਕ ਸਾਹਿਬਾਨ ਹਾਜ਼ਰ ਸਨ।

# ਮਾਤਾ ਪ੍ਰਕਾਸ਼ ਕੌਰ ਨੂੰ ਅੰਤਮ ਅਰਦਾਸ ਸਮੇਂ ਸ਼ਰਧਾਂਜਲੀਆਂ

ਕਿਸ਼ਨਗੜ (ਸੁਖਜੀਤ ਕੁਮਾਰ)
ਨਜ਼ਦੀਕੀ ਪਿੰਡ ਰਾਏਪੁਰ ਰਸੂਲਪੁਰ ਨਿਵਾਸੀ ਸਮਾਜ ਸੇਵਕ ਸਤਪਾਲ ਵਿਰਦੀ ਦੇ ਸਤਿਕਾਰਯੋਗ ਮਾਤਾ ਪ੍ਰਕਾਸ਼ ਕੌਰ ਸੁਪਤਨੀ ਸ੍ਰੀ ਤੇਜਾ ਰਾਮ ਜੋ ਕਿ ਪਿਛਲੇ ਦਿਨੀਂ ਸਦੀਵੀ ਵਿਛੋੜਾ ਦੇ ਕੇ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਸਨ। ਉਹਨਾਂ ਵਿਛੜੀ ਰੂਹ ਦੀ ਆਤਮਿਕ ਸ਼ਾਂਤੀ ਲਈ ਪਾਠ ਦਾ ਭੋਗ ਤੇ ਅੰਤਿਮ ਅਰਦਾਸ ਡੇਰਾ ਸੰਤ ਬਾਬਾ ਪ੍ਰੀਤਮ ਦਾਸ ਬਾਬੇ ਜੌੜੇ ਵਿਖੇ ਹੋਈ। ਇਸ ਮੌਕੇ ਪਾਠ ਦੇ ਭੋਗ ਪਾਉਣ ਉਪਰੰਤ ਸੰਤ ਬਾਬਾ ਨਿਰਮਲ ਦਾਸ ਜੀ ਪ੍ਰਧਾਨ ਸ੍ਰੀ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੋਸਾਇਟੀ ਪੰਜਾਬ , ਸੰਤ ਵਿਨੋਦ ਮੁਨੀ ਜੀ ਜੇਜੋਂ ਵਾਲੇ, ਸੰਤ ਬਾਬਾ ਜਗੀਰ ਸਿੰਘ ਸਰਬੱਤ ਭਲਾ ਬਿਰਧ ਆਸ਼ਰਮ ਨੰਦਾਚੌਰ ਵਾਲਿਆਂ ਵੱਲੋਂ ਗੁਰਬਾਣੀ ਦੇ ਪ੍ਰਵਚਨਾਂ ਅਤੇ ਵੈਰਾਗ ਮਈ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸ ਉਪਰੰਤ ਬਸਪਾ ਆਗੂ ਬਲਵਿੰਦਰ ਕੁਮਾਰ, ਕੋਆਰਡੀਨੇਟਰ ਆਮ ਆਦਮੀ ਪਾਰਟੀ ਬੀਰ ਚੰਦ ਸੁਰੀਲਾ ਤੇ ਜਨਰਲ ਸਕੱਤਰ ਐਲੀਮੈਂਟਰੀ ਟੀਚਰ ਯੂਨੀਅਨ ਜਲੰਧਰ ਮਾਸਟਰ ਰਿਸ਼ੀ ਕੁਮਾਰ ਨੇ ਸ਼ਰਧਾਂਜਲੀਆਂ ਭੇਂਟ ਕਰਦੇ ਹੋਏ ਕਿਹਾ ਕਿ ਮਾਤਾ ਪ੍ਰਕਾਸ਼ ਕੌਰ ਦੇ ਜਾਣ ਨਾਲ ਪਰਿਵਾਰ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਉਹਨਾਂ ਕਿਹਾ ਕਿ ਉਹਨਾਂ ਆਪਣੇ ਸਪੁੱਤਰ ਸਤੋਖ ਵਿਰਦੀ ਯੂ.ਕੇ, ਸੁੱਚਾ ਸਿੰਘ ਯੂ.ਐਸ.ਏ, ਸਤਪਾਲ ਵਿਰਦੀ, ਸੁਰਜੀਤ ਵਿਰਦੀ ਕਨੇਡਾ ਅਤੇ ਸੁਰਿੰਦਰ ਵਿਰਦੀ ਆਦਿ ਨੂੰ ਮਿਹਨਤ ਮਜ਼ਦੂਰੀ ਕਰਕੇ ਪੜ੍ਹਾ ਲਿਖਾ ਕੇ ਵਿਦੇਸ਼ਾਂ ਵਿੱਚ ਭੇਜਿਆ ਜੋ ਆਪਣੀ ਮਾਤਾ ਤੋਂ ਚੰਗੇ ਸੰਸਕਾਰ ਲੈ ਕੇ ਦੇਸ਼ਾਂ ਵਿਦੇਸ਼ਾਂ ਵਿੱਚ ਸੈਟਲ ਹੋਣ ਤੋਂ ਬਾਅਦ ਸਮਾਜ ਸੇਵਾ ਵਿੱਚ ਅਹਿਮ ਯੋਗਦਾਨ ਪਾ ਰਹੇ। ਇਹ ਮਾਤਾ ਪ੍ਰਕਾਸ਼ ਕੌਰ ਜੀ ਦੀ ਮਿਹਨਤ ਸਦਕਾ ਹੀ ਪਰਿਵਾਰ ਤੇ ਵਾਹਿਗੁਰੂ ਦੀ ਕਿਰਪਾ ਹੈ। ਇਸ ਮੌਕੇ ਤੇ ਸੰਤੋਸ਼ ਕੁਮਾਰੀ ਪ੍ਰਧਾਨ ਨਾਰੀ ਸ਼ਕਤੀ ਫਾਊਂਡੇਸ਼ਨ ਇੰਡੀਆ, ਗੁਰਵਿੰਦਰਪਾਲ ਮਹੇ ਕਾਲਾ ਬਾਹੀਆਂ, ਸਤਪਾਲ ਮਹੇ ਪ੍ਰਧਾਨ ਸ੍ਰੀ ਗੁਰੂ ਰਵਿਦਾਸ ਟਾਈਗਰ ਫੋਰਸ ਜਲੰਧਰ ਦਿਹਾਤੀ, ਪ੍ਰਿੰਸੀਪਲ ਪਰਮਜੀਤ ਜੱਸਲ, ਸਰਪੰਚ ਗਿਆਨ ਸਿੰਘ



ਰੰਧਾਵਾ ਮਸੰਦਾ, ਵਿਜੇ ਨੰਗਲ ਸਾਬਕਾ ਸਰਪੰਚ, ਸ਼ਾਦੀ ਲਾਲ ਬਸਪਾ ਆਗੂ, ਪ੍ਰਿਥੀਪਾਲ ਸਿੰਘ ਰਾਏਪੁਰ, ਸਾਬਕਾ ਸਰਪੰਚ ਰਜਿੰਦਰ ਰਾਣਾ ਨੂਰਪੁਰ, ਪੰਡਿਤ ਸੁਖਜੀਤ ਸ਼ਰਮਾ, ਗੁਰਦਿਆਲ ਚੰਦ ਰਸੂਲਪੁਰ ਆਦਿ ਵੀ ਹਾਜ਼ਰ ਸਨ। ਅੰਤ ਵਿੱਚ ਸਤਪਾਲ ਵਿਰਦੀ ਵੱਲੋਂ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਤੇ ਅਤੁੱਟ ਲੰਗਰ ਵਰਤਾਏ ਗਏ।

# ਵਾਰਡ ਨੰਬਰ 30 ਦਾਰਾਪੁਰ 'ਚ ਗੰਦੇ ਪਾਣੀ ਦੀ ਨਿਕਾਸੀ ਦੇ ਨਾਲੇ ਦੀਆਂ ਸਲੈਬਾਂ ਬਿਖਰੀਆਂ : ਧੀਮਾਨ

ਮੋਹਾਲੀਆਣਾ (ਜਗਤਾਰ ਸਿੰਘ ਡੂੰਗਰਾਨੀ)
ਲੇਬਰ ਪਾਰਟੀ ਦੇ ਪ੍ਰਧਾਨ ਜੇ ਗੋਪਾਲ ਧੀਮਾਨ ਨੇ ਸ਼ਹਿਰ ਅੰਦਰ ਵਾਰਡ ਨੰਬਰ 30 ਦਾਰਾਪੁਰ,ਫਤਿਹਗੜ੍ਹ ਰੋਡ ਉਤੇ ਕੁਝ ਘਰਾਂ ਦੇ ਅੱਗਿਉਂ ਲੰਘਣ ਵਾਲੇ ਗੰਦੇ ਪਾਣੀ ਦੀ ਨਿਕਾਸੀ ਵਾਲੇ ਗੰਦੇ ਨਾਲੇ ਦੇ ਉਤੋਂ ਵਿਖਰੀਆਂ ਸਲੈਬਾਂ ਤੋਂ ਪੈਦਾ ਹੋ ਰਹੀਆਂ ਮੁਸ਼ਕਿਲਾਂ ਨੂੰ ਲੈ ਕੇ ਮੁਹੱਲਾ ਵਾਸੀਆਂ ਦੀਆਂ ਮੁਸ਼ਕਿਲਾਂ ਨੂੰ ਹੱਲਿਆਂ ਤੇ ਨਗਰ ਨਿਗਮ ਦੇ ਅਧਿਕਾਰੀਆਂ ਦੀਆਂ ਅਣਗਹਿਲੀਆਂ ਦੀ ਸਖ਼ਤ ਸ਼ਬਦਾਂ ਵਿਚ ਨਿੰਦਾ ਕਰਦਿਆਂ ਕਿਹਾ ਕਿ ਗੰਦੇ ਨਾਲੇ ਦੇ ਉਤੋਂ ਟੁੱਟੀਆਂ ਸਲੈਬਾਂ ਕਾਰਨ ਕਦੇ ਵੀ ਕੋਈ ਅਣਸੁਖਾਵੀਂ ਘਟਨਾ ਵਾਪਰ ਸਕਦੀ ਹੈ ਤੇ ਬਰਸਾਤ ਹੋਣ ਕਰਕੇ ਨਾਲਾ ਬਦਬੂ ਮਾਰ ਰਿਹਾ ਹੈ ਤੇ ਮੱਛਰ, ਮੱਖੀਆਂ ਲੋਕਾਂ ਨੂੰ ਬੀਮਾਰੀਆਂ ਵੰਡ ਰਹੇ ਹਨ। ਨਗਰ ਨਿਗਮ ਦੇ ਸਾਰੇ ਵਿਭਾਗ ਸੁੱਤੇ ਪਏ ਹਨ। ਮੁਹੱਲਾ ਵਾਸੀਆਂ ਨੇ ਦੱਸਿਆ ਕਿ ਉਹ ਕਈ ਵਾਰ ਸ਼ਹਿਰੀ ਵਧਾਇਕ ਜਿੰਪਾ ਦੇ ਧਿਆਨ ਹੇਠ ਲਿਆ ਚੁੱਕੇ ਪਰ ਉਨ੍ਹਾਂ ਵਲੋਂ ਵੀ ਜਾਣਬੁੱਝ ਕਰਾਂ ਬਣਾ ਕੇ ਟਾਇਮ ਪਾਸ ਕੀਤਾ ਜਾ ਰਿਹਾ ਹੈ। ਧੀਮਾਨ ਨੇ ਕਿਹਾ ਕਿ ਅਜਿਹੀਆਂ ਅਣਗਹਿਲੀਆਂ ਕਿਸੇ ਵੀ ਵੱਡੇ ਹਾਦਸੇ ਦਾ ਕਾਰਨ ਬਣ ਕੇ ਲਈ ਨੁਕਸਾਨ ਦੇਹ ਹੋ ਸਕਦੀਆਂ ਹਨ। ਜਿਥੇ ਸਲੈਬਾਂ ਟੁੱਟੀਆਂ



ਹੋਈਆਂ ਹਨ, ਬਿਲਕੁਲ ਉਸ ਦੇ ਸਾਹਮਣੇ ਲੋਕਾਂ ਦੇ ਘਰਾਂ ਦੇ ਦਰਵਾਜ਼ੇ ਹਨ ਤੇ ਕਦੇ ਵੀ ਕੋਈ ਬੱਚਾ ਉਸ ਨਾਲੇ ਵਿਚ ਡਿੱਗ ਸਕਦਾ ਹੈ। ਧੀਮਾਨ ਨੇ ਇਸੀ ਮੰਗ ਕਰਕੇ ਇਹ ਮਾਮਲਾ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਦੇ ਧਿਆਨ ਹੇਠ ਵੀ ਲਿਆਂਦਾ ਹੈ ਅਤੇ ਨਗਰ ਨਿਗਮ ਤੋਂ ਮੰਗ ਕੀਤੀ ਕਿ ਗੰਦੇ ਨਾਲੇ ਉਤੇ ਟੁੱਟੀਆਂ ਸਲੈਬਾਂ ਦੀ ਥਾਂ ਤੁਰੰਤ ਨਵੀਆਂ ਸਲੈਬਾਂ ਲਗਾਈਆਂ ਜਾਣ। ਇਸ ਮੌਕੇ ਅਸ਼ੋਕ ਕੁਮਾਰ,ਬੀਰੂ ਰਾਮ,ਚੰਪਾ ਰਾਣੀ, ਕ੍ਰਿਸ਼ਨ ਲਾਲ, ਸੰਨੀ, ਗੱਗੀ ਅਤੇ ਗਗਨ ਆਦਿ ਹਾਜ਼ਰ ਸਨ।

## ਪੀ ਜੀ ਆਈ ਨੂੰ ਅੰਗਦਾਨ 'ਚ ਦੂਜੀ ਵਾਰ ਮਿਲਿਆ ਰਾਸ਼ਟਰੀ ਸਨਮਾਨ



**ਸਮਰਾਲਾ (ਸੁਰਜੀਤ ਸਿੰਘ)**-ਪੀਜੀਆਈ ਚੰਡੀਗੜ੍ਹ ਲਈ ਇਹ ਬਹੁਤ ਹੀ ਫ਼ਖ਼ਰ ਦੇ ਖ਼ੂਬਸੂਰਤ ਲਮਹੇ ਰਹੇ, ਜਦੋਂ ਉੱਤਰ ਭਾਰਤ ਦੀ ਇਸ ਨਾਮਵਰ ਸਿਹਤ ਸੰਸਥਾ ਨੂੰ ਅੰਗਦਾਨ ਵਿੱਚ ਮੋਹਰੀ ਰਹਿਣ ਸਦਕਾ ਦਿੱਲੀ ਵਿਖੇ ਡਾ. ਬੀ. ਆਰ. ਅੰਬੇਡਕਰ ਅੰਤਰਰਾਸ਼ਟਰੀ ਕੇਂਦਰ ਵਿੱਚ ਆਯੋਜਿਤ ਇੱਕ ਸਮਾਰੋਹ ਦੌਰਾਨ ਲਗਾਤਾਰ ਦੂਜੀ ਵਾਰ 15ਵੇਂ ਭਾਰਤੀ ਅੰਗਦਾਨ ਦਿਵਸ ਮੌਕੇ ਕੇਂਦਰੀ ਸਿਹਤ ਮੰਤਰੀ ਜੇ. ਪੀ. ਨੱਢਾ ਹੱਥੋਂ ਦੇਸ਼ ਦਾ ਸਰਵੋਤਮ ਪੁਰਸਕਾਰ ਪ੍ਰਾਪਤ ਹੋਇਆ।ਇਹ ਪੁਰਸਕਾਰ ਪੀਜੀਆਈ ਦੇ ਨਿਦੇਸ਼ਕ ਪ੍ਰੋ. ਵਿਵੇਕ ਲਾਲ ਦੀ ਅਗਵਾਈ ਵਿੱਚ ਉੱਚ ਅਧਿਕਾਰੀਆਂ ਦੀ ਟੀਮ, ਜਿਸ ਵਿੱਚ ਪੰਕਜ ਰਾਏ ਆਈਏਐੱਸ, ਡੀਡੀਏ, ਪ੍ਰੋ. ਵਿਪਿਨ ਕੌਸ਼ਲ ਮੈਡੀਕਲ ਸੁਪਰਡੈਂਟ ਤੇ ਮਿਸ ਸਰਯੂ ਮੀਡੀਆ ਸਲਾਹਕਾਰ ਸ਼ਾਮਲ ਸਨ, ਨੇ ਪ੍ਰਾਪਤ ਕੀਤਾ।ਪੀਜੀਆਈ ਦਾ ਸ੍ਰੇਸ਼ਠ ਰੀਜਨਲ ਅੰਗ ਤੇ ਉੱਤਕ ਦਾਨ ਸੰਗਠਨ 'ਰੋਟੋ' ਸਾਲ 2019 ਤੋਂ ਸ਼ੁਰੂ ਹੋਇਆ ਤੇ ਇਹ ਪੁਰਸਕਾਰ ਇਸ ਦੀ ਤੀਜੀ ਰਾਸ਼ਟਰੀ ਜਿੱਤ ਦੱਸੀ ਜਾ ਰਹੀ ਹੈ।ਇਸ ਮੌਕੇ ਮੁੱਖ ਮਹਿਮਾਨ ਕੇਂਦਰੀ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਅਤੇ ਰਸਾਇਣ ਤੇ ਉਰਵਰਕ ਮੰਤਰੀ ਜਗਤ ਪ੍ਰਕਾਸ਼ ਨੱਢਾ ਨੇ ਦੇਸ਼ ਵਿੱਚ ਅੰਗ ਦਾਨ ਪ੍ਰਬੰਧਨ, ਨੈਤਿਕਤਾ ਤੇ ਜਾਗਰੂਕਤਾ ਵਿੱਚ ਹੋਈ ਪ੍ਰਗਤੀ ਦੀ ਖੁੱਲ੍ਹ ਕੇ ਸਿਫ਼ਤ ਕੀਤੀ।ਪੀਜੀਆਈ ਚੰਡੀਗੜ੍ਹ ਨੂੰ ਇਸ ਮੌਕੇ 'ਸਰਵੋਤਮ ਬ੍ਰੇਨ ਸਟੈਮ ਡੈਥ ਟੀਮ' ਦੇ ਇਨਾਮ ਨਾਲ ਵੀ ਨਵਾਜ਼ਿਆ ਗਿਆ।ਇਹ ਇਨਾਮ ਪ੍ਰੋ. ਵਿਵੇਕ ਲਾਲ, ਪ੍ਰੋ. ਵਿਪਿਨ ਕੌਸ਼ਲ, ਪ੍ਰੋ. ਕਾਜਲ ਜੈਨ, ਪ੍ਰੋ. ਰਾਜੇਸ਼ ਛਾਬੜਾ, ਪ੍ਰੋ. ਆਸ਼ਿਸ਼ ਸ਼ਰਮਾ, ਡਾ. ਰਾਜੀਵ ਚੌਹਾਨ, ਡਾ. ਹੇਮੰਤ ਭਗਤ ਤੇ ਡਾ. ਸ਼ੈਂਕੀ ਸਿੰਘ ਨੇ ਮਿਲ ਕੇ ਪ੍ਰਾਪਤ ਕੀਤਾ।ਇਸ ਮੌਕੇ ਮਨਪ੍ਰੀਤ ਤੇ ਰਿਤਿਕਾ ਵੀ ਸ਼ਾਮਲ ਸਨ।ਪੀਜੀਆਈ ਨਿਦੇਸ਼ਕ ਡਾ. ਵਿਵੇਕ ਲਾਲ ਨੇ ਖ਼ੁਸ਼ੀ ਦਾ ਇਜ਼ਹਾਰ ਕਰਦਿਆਂ ਕਿਹਾ ਕਿ ਇਹ ਸਨਮਾਨ ਸਿਰਫ਼ ਸਾਡੀਆਂ ਉਪਲਬਧੀਆਂ ਹੀ ਨਹੀਂ, ਸਗੋਂ ਸਾਡੀ ਵਚਨਬੱਧਤਾ ਤੇ ਸਿਦਕ ਦੀ ਮਿਸਾਲ ਹੈ, ਜੋ ਸਾਨੂੰ ਆਉਣ ਵਾਲੇ ਸਮੇਂ ਵਿੱਚ ਹੋਰ ਵਧੀਆ ਕੰਮ ਕਰਨ ਲਈ ਪ੍ਰੇਰਿਤ ਕਰਦਾ ਹੈ।ਇਸ ਮੌਕੇ ਦਿਲ ਪ੍ਰਾਪਤਕਰਤਾ ਕ੍ਰਿਸ਼ਨਾ ਤੇ ਉਨ੍ਹਾਂ ਦੇ ਮਾਪੇ, ਭੁਪਿੰਦਰ ਤੇ ਮਧੂ ਨੂੰ ਵੀ ਸਨਮਾਨਤ ਕੀਤਾ ਗਿਆ।ਪੰਕਜ ਰਾਏ ਡੀਡੀਏ ਨੇ ਕਿਹਾ ਕਿ ਇਹ ਸਾਡੀ ਟੀਮ ਦੀ ਦਿਨ-ਰਾਤ ਮਿਹਨਤ ਦਾ ਨਤੀਜਾ ਹੈ।ਜ਼ਿਕਰਯੋਗ ਹੈ ਕਿ ਪੀਜੀਆਈ ਨੇ ਅੰਗਦਾਨ ਨਾਲ ਸੈਂਕੜੇ ਲੋਕਾਂ ਨੂੰ ਨਵੀਂ ਜ਼ਿੰਦਗੀ ਦਿੱਤੀ ਹੈ।

## ਦੋਰਾਹਾ ਵਾਸੀਆਂ ਨੇ ਲੈਂਡ ਪੂਲਿੰਗ ਸਕੀਮ ਵਿਰੁੱਧ ਮਤਾ ਪਾਇਆ



**ਦੋਰਾਹਾ (ਹਰਮਿੰਦਰ ਸੇਠ)**-ਹਲਕਾ ਪਾਇਲ ਦੇ ਪਿੰਡ ਦੋਰਾਹਾ ਦੇ ਵਸਨੀਕਾਂ ਨੇ ਪਿੰਡ ਦੇ ਗੁਰਦੁਆਰਾ ਸਾਹਿਬ ਵਿੱਚ ਪਿੰਡ ਦਾ ਅਜਲਾਸ ਸੱਦਿਆ ਤੇ ਇਸ ਅਜਲਾਸ ਵਿੱਚ ਸਾਰੇ ਪਿੰਡ ਦੇ ਸੈਂਕੜੇ ਲੋਕਾਂ ਨੇ ਭਾਗ ਲਿਆ।ਇਸ ਅਜਲਾਸ ਵਿੱਚ ਪੰਜਾਬ ਸਰਕਾਰ ਦੁਆਰਾ ਲਿਆਂਦੀ ਗਈ ਲੈਂਡ ਪੂਲਿੰਗ ਸਕੀਮ ਵਿਰੁੱਧ ਮਤਾ ਪਾਇਆ ਗਿਆ ਤੇ ਸਾਰੇ ਪਿੰਡ ਨੇ ਪ੍ਰਣ ਲਿਆ ਕਿ ਅਸੀਂ ਆਪਣੇ ਨਗਰ ਦੀ ਇਕ ਇੰਚ ਵੀ ਜ਼ਮੀਨ 'ਤੇ ਸਰਕਾਰ ਨੂੰ ਕਬਜ਼ਾ ਨਹੀਂ ਕਰਨ ਦੇਵਾਂਗੇ। ਏਥੇ ਹੀ ਪੱਤਰਕਾਰਾਂ ਨਾਲ ਗੱਲ ਕਰਦਿਆਂ ਕੌਂਸਲਰ ਰਣਜੀਤ ਸਿੰਘ ਨੰਬਰਦਾਰ, ਕੌਂਸਲਰ ਗੁਰਿੰਦਰ ਸਿੰਘ ਕਾਕਾ ਬਾਜਵਾ, ਕੌਂਸਲਰ ਹਰਨੇਕ ਸਿੰਘ ਨੇਗੀ ਨੇ ਦੱਸਿਆ ਕਿ ਸਾਡੇ ਪਿੰਡ ਨੇ ਸਰਕਾਰ ਦੀ ਇਸ ਸਕੀਮ ਨੂੰ ਸਿਰੇ ਤੋਂ ਨਕਾਰ ਦਿੱਤਾ ਹੈ ਅਤੇ ਸਰਕਾਰ ਇਸ ਲੋਕ ਮਾਰੂ ਨੀਤੀ ਨੂੰ ਵਾਪਸ ਲਵੇ ਨਹੀਂ ਤਾਂ ਆਉਣ ਵਾਲੇ ਦਿਨਾਂ 'ਚ ਸਰਕਾਰ ਨੂੰ ਭਾਰੀ ਵਿਰੋਧ ਦਾ ਸਾਹਮਣਾ ਕਰਨਾ ਪਵੇਗਾ। ਇਸ ਮੌਕੇ ਕੌਂਸਲ ਸਾਬਕਾ ਪ੍ਰਧਾਨ ਜਗਜੀਵਨ ਸਿੰਘ ਗਿੱਲ, ਤਰਲੋਚਨ ਸਿੰਘ, ਹਰਪ੍ਰੀਤ ਸਿੰਘ ਗਿੱਲ, ਕਰਮਵੀਰ ਟੋਨਾ, ਹਰਦੀਪ ਸਿੰਘ ਚੀਮਾ, ਗੁਰਬਚਨ ਸਿੰਘ ਨਾਮਧਾਰੀ, ਰਾਜਗੁਰਮੀਤ ਸਿੰਘ ਗਿੱਲ, ਕਰਨਵੀਰ ਸਿੰਘ ਗਿੱਲ, ਤੇਜਿੰਦਰ ਸਿੰਘ ਬਲੱਗਣ, ਚਰਨਪ੍ਰੀਤ ਮਾਨ, ਸਿਦਕ ਸਿੰਘ ਕੰਗ, ਰੈਮੀ ਬਾਜਵਾ, ਐਡਵੋਕੇਟ ਗੁਰਕੀਰਤ ਬਲੱਗਣ, ਹਰਦਿਆਲ ਸਿੰਘ ਘੁੰਮਣ, ਅੰਮ੍ਰਿਤਪਾਲ ਸਿੰਘ ਸਰਾਂ ਆਦਿ ਸ਼ਾਮਲ ਸਨ।

## ਸੀਨੀਅਰ ਸਿਟੀਜ਼ਨ ਭਲਾਈ ਸੰਸਥਾ ਨੇ ਤੀਆਂ ਦਾ ਤਿਉਹਾਰ ਮਨਾਇਆ



**ਸੰਗਰੂਰ (ਪ੍ਰਵੀਨ ਸਿੰਘ)**-ਸਥਾਨਕ ਸੀਨੀਅਰ ਸਿਟੀਜਨ ਭਲਾਈ ਸੰਸਥਾ ਦੇ ਮੁੱਖ ਦਫ਼ਤਰ ਬਨਾਸਰ ਬਾਗ ਵਿਖੇ ਸੰਸਥਾ ਦੀਆਂ ਔਰਤ ਮੈਂਬਰਾਂ ਨੇ ਤੀਆਂ ਦਾ ਤਿਉਹਾਰ ਬੜੀ ਧੂਮਧਾਮ ਤੇ ਉਤਸ਼ਾਹ ਨਾਲ ਮੈਡਮ ਸੁਮਨ ਜ਼ਖ਼ਮੀ, ਮੈਡਮ ਕਿਰਨ ਭੱਲਾ ਕਪੂਰ, ਮੈਡਮ ਚੰਚਲ ਗਰਗ, ਡਾ. ਸੁਨੀਤਾ ਕੋਸ਼ਲ ਤੇ ਸੰਤੋਸ਼ ਆਨੰਦ ਦੀ ਅਗਵਾਈ ਵਿੱਚ ਮਨਾਇਆ, ਜਦੋਂਕਿ ਪ੍ਰਧਾਨਗੀ ਮੰਡਲ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ ਸਾਬਕਾ ਪ੍ਰਿੰਸੀਪਲ ਤੇ ਮੌਜੂਦਾ ਕੰਜ਼ੂਮਰ ਫੋਰਮ ਦੇ ਜੱਜ ਉਰਮਿਲਾ ਬਾਂਸਲ, ਦਰਸ਼ਨਾ ਮਿੱਤਲ, ਮੈਡਮ ਕੁਸ਼ਲਿਆ ਮੌਜੂਦ ਸਨ।ਇਸ ਮੌਕੇ ਸੰਸਥਾ ਦੀਆਂ ਮੈਂਬਰਾਂ ਵੱਲੋਂ ਸੱਭਿਆਚਾਰਕ ਸਮਗਾਮ ਕੀਤਾ ਗਿਆ, ਜਿਸ ਵਿੱਚ ਪਵਿੱਤਰ ਗਰੇਵਾਲ, ਦਰਸ਼ਨਾਂ ਮਿੱਤਲ, ਸੁਨੀਤਾ ਗਰਗ, ਪਰਮਜੀਤ ਵਾਲੀਆ, ਕਮਲੇਸ਼ ਗਰਗ, ਕੁਸਮ ਮਘਾਨ, ਅਨੀਤਾ ਮਘਾਨ ਨੇ ਸੱਭਿਆਚਾਰਕ ਗੀਤ ਤੇ ਬੋਲੀਆਂ ਪਾ ਕੇ ਸਮੂਹ ਹਾਜ਼ਰੀਨ ਨੂੰ ਨੱਚਣ ਲਈ ਮਜਬੂਰ ਕਰ ਦਿੱਤਾ।ਇਸ ਸਮਾਗਮ ਵਿੱਚ ਮਨੋਰੰਜਨ ਲਈ ਇਨਡੋਰ ਖੇਡਾਂ ਵੀ ਖੇਡੀਆਂ ਗਈਆਂ, ਜਿਸ ਵਿੱਚ ਜੇਤੂ ਰਹੇ ਉਮੀਦਵਾਰਾਂ ਨੂੰ ਇਨਾਮ ਦਿੱਤੇ ਗਏ।ਇਸ ਮੌਕੇ ਬੋਲਦਿਆਂ ਮੈਡਮ ਕਿਰਨ ਭੱਲਾ ਕਪੂਰ, ਸੁਮਨ ਜ਼ਖ਼ਮੀ, ਪ੍ਰਿੰ. ਉਰਮਿਲਾ ਬਾਂਸਲ ਤੇ ਡਾ. ਸੁਨੀਤਾ ਕੌਸ਼ਲ ਨੇ ਸਮੂਹ ਔਰਤਾਂ ਨੂੰ ਤੀਆਂ ਦੇ ਤਿਉਹਾਰ ਦੀਆਂ ਮੁਬਾਰਕਾਂ ਦਿੱਤੀਆਂ ਅਤੇ ਸਮੂਹ ਔਰਤ ਮੈਂਬਰਾਂ ਨੂੰ ਰਿਟਰਨ ਉਪਹਾਰ ਦੇ ਕੇ ਸਨਮਾਨਤ ਕੀਤਾ ਗਿਆ।ਮੈਡਮ ਕਿਰਨ ਭੱਲਾ ਕਪੂਰ ਤੇ ਸੁਮਨ ਜ਼ਖ਼ਮੀ ਵੱਲੋਂ ਸੀਨੀਅਰ ਸਿਟੀਜਨ ਭਲਾਈ ਸੰਸਥਾ ਦੇ ਅਹੁਦੇਦਾਰਾਂ ਖ਼ਾਸ ਕਰਕੇ ਸੰਸਥਾ ਦੇ ਪ੍ਰਧਾਨ ਨਰਵਿੰਦਰ ਕੌਸ਼ਲ, ਚੇਅਰਮੈਨ ਇੰਜ. ਪ੍ਰਵੀਨ ਬਾਂਸਲ, ਸਰਪ੍ਰਸਤ ਦਲਜੀਤ ਜ਼ਖ਼ਮੀ, ਸੀਨੀਅਰ ਮੀਤ ਪ੍ਰਧਾਨ ਰਾਜ ਕੁਮਾਰ ਅਰੋੜਾ, ਭੁਪਿੰਦਰ ਸਿੰਘ ਜੱਸੀ ਤੇ ਵਿੱਤ ਸਕੱਤਰ ਸ਼ਕਤੀ ਮਿੱਤਲ, ਅਵਿਨਾਸ਼ ਸ਼ਰਮਾ, ਨਿਰਮਲ ਮਾਣਾ, ਨੈਸ਼ਨਲ ਐਵਾਰਡੀ ਸਤਦੇਵ ਸ਼ਰਮਾ, ਸੁਖਦਰਸ਼ਨ ਢਿੱਲੋਂ, ਰਾਜ ਕੁਮਾਰ ਬਾਂਸਲ ਦਾ ਦਿੱਤੇ ਗਏ ਸਹਿਯੋਗ ਲਈ ਧੰਨਵਾਦ ਕੀਤਾ ਗਿਆ।

## ਆਹੂਜਾ ਕਲੋਨੀ 'ਚ ਮਨਾਇਆ ਤੀਆਂ ਦਾ ਤਿਉਹਾਰ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਟਿੱਬੀ ਸਾਹਿਬ ਰੋਡ 'ਤੇ ਸਥਿਤ ਆਹੂਜਾ ਕਲੌਨੀ ਵਿੱਚ ਸ਼੍ਰੀ ਹਨੂੰਮਾਨ ਚਾਲੀਸਾ ਮਹਿਲਾ ਮੰਡਲ ਸ਼੍ਰੀ ਰਾਮ ਭਵਨ ਦੀ ਪ੍ਰਧਾਨ ਸੁਨੀਤਾ ਵਾਟਸ ਦੇ ਨਿਵਾਸ 'ਤੇ ਸਾਵਨ ਮਹੀਨੇ ਦੇ ਚਲਦਿਆਂ ਤੀਜ ਤਿਉਹਾਰ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਇਲਾਕੇ ਦੀਆਂ ਔਰਤਾਂ ਤੇ ਕੁੜੀਆਂ ਤੋਂ ਇਲਾਵਾ ਨੇੜਲੇ ਇਲਾਕਿਆਂ ਦੀਆਂ ਔਰਤਾਂ ਨੇ ਵੀ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਉਤਸਵ ਦਾ ਖ਼ੂਬ ਆਨੰਦ ਉਠਾਇਆ।ਤੀਜ ਉਤਸਵ ਮੌਕੇ ਪੰਜਾਬੀ ਪਹਿਰਾਵੇ ਵਿੱਚ ਸਜੀਆਂ ਔਰਤਾਂ ਤੇ ਕੁੜੀਆਂ ਨੇ ਗਿੱਧਾ ਪੇਸ਼ ਕੀਤਾ ਅਤੇ ਤਾੜੀਆਂ ਬਟੋਰੀਆਂ।ਇਸ ਦੇ ਨਾਲ ਹੀ ਉਨ੍ਹਾਂ ਬੋਲੀਆਂ ਤੇ ਸਾਵਣ ਦੇ ਗੀਤ ਗਾ ਕੇ ਧੂਮਾਂ ਪਾਈਆਂ ਅਤੇ ਪੰਜਾਬੀ ਸੱਭਿਆਚਾਰ ਦੀ ਛਟਾ ਬਿਖੇਰੀ।ਸਾਵਣ ਮਹੀਨੇ ਕਾਰਨ ਔਰਤਾਂ ਨੇ ਝੂਲਿਆਂ 'ਤੇ ਝੂਟੇ ਲੈ ਕੇ ਇਸ ਤਿਉਹਾਰ ਦਾ ਆਨੰਦ ਲਿਆ। ਇਸ ਮੌਕੇ ਸੁਨੀਤਾ ਵਾਟਸ, ਕਮਲਾ ਸ਼ਰਮਾ, ਰਸ਼ਮੀ, ਅਮਨ, ਪ੍ਰੀਤੀ, ਨੇਹਾ, ਸੋਨੀਆ ਨਾਗਪਾਲ, ਮੀਨੂੰ, ਜੋਤੀ ਨਾਰੰਗ, ਨੀਤਿਕਾ, ਸਰੋਜ, ਸੀਮਾ, ਸੁਮਨ ਤੇ ਇਲਾਕੇ ਦੀਆਂ ਹੋਰ ਔਰਤਾਂ ਹਾਜ਼ਰ ਸਨ।

## ਲਾਈਫ ਲਾਈਨ ਵੈੱਲਫੇਅਰ ਕਲੱਬ ਨੇ 35 ਔਰਤਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਪਿਛਲੇ ਲੰਮੇ ਸਮੇਂ ਤੋਂ ਸਮਾਜ ਸੇਵਾ ਵਿੱਚ ਮੋਹਰੀ ਰੋਲ ਅਦਾ ਕਰ ਰਹੀ ਲਾਈਫ਼ ਲਾਈਨ ਵੈੱਲਫੇਅਰ ਕਲੱਬ ਵੱਲੋਂ ਆਪਣੀਆਂ ਸੇਵਾਵਾਂ ਨੂੰ ਜਾਰੀ ਰੱਖਦਿਆਂ ਬੀਤੇ ਦਿਨ 35 ਦੇ ਕਰੀਬ ਲੋੜਵੰਦ ਤੇ ਬਸਹਾਰਾ ਔਰਤਾਂ ਨੂੰ ਰਾਸ਼ਨ ਦੀਆਂ ਕਿੱਟਾਂ ਮੁਹੱਈਆ ਕਰਵਾਈਆਂ ਗਈਆਂ।ਦੱਸਣਯੋਗ ਹੈ ਕਿ ਇਸ ਰਾਸ਼ਨ ਵੰਡ ਸਮਾਰੋਹ ਵਿੱਚ ਲਾਈਫ਼ ਲਾਈਨ ਵੈੱਲਫੇਅਰ ਕਲੱਬ ਦੇ ਨਾਲ ਇਸ ਵਾਰ ਪੀ.ਸੀ.ਐੱਸ. ਸਕੂਲ ਦੇ ਵਿਦਿਆਰਥੀਆਂ ਵੱਲੋਂ ਵੀ ਆਪਣੀਆਂ ਸੇਵਾਵਾਂ ਨਿਭਾਈਆਂ ਗਈਆਂ, ਜਿਸ ਦੀ ਸ਼ਹਿਰ ਬਾਘਾ ਪੁਰਾਣਾ ਅੰਦਰ ਹੀ ਨਹੀਂ ਸਗੋਂ ਮੋਗਾ ਜ਼ਿਲ੍ਹੇ ਵਿੱਚ ਵਿਦਿਆਰਥੀਆਂ ਦੇ ਇਸ ਕਦਮ ਦੀ ਸ਼ਲਾਘਾ ਹੋ ਰਹੀ ਹੈ, ਕਿਉਂਕਿ ਇਸ ਰਾਸ਼ਨ ਵੰਡ ਸਮਾਰੋਹ ਵਿੱਚ ਵਿਦਿਆਰਥੀਆਂ ਵੱਲੋਂ ਵੀ ਆਪਣਾ ਸਹਿਯੋਗ ਕੀਤਾ ਗਿਆ ਹੈ।ਕਲੱਬ ਮੈਂਬਰ ਦਵਿੰਦਰ ਬਾਂਸਲ, ਲੱਕੀ ਕੁਕਰੇਜਾ, ਰਮਨ ਅਰੋੜਾ, ਵਿਜੇ ਮੁੰਨਾ, ਬੀਰਬਲ ਸ਼ਰਮਾ, ਹੇਮ ਰਾਜ ਫਰੰਡ, ਰਾਮ ਤੀਰਥ, ਰਵੀ, ਪਰਵੀਨ ਸੇਤੀਆ, ਕਮਲ ਗਰਗ ਨੇ ਕਿਹਾ ਕਿ ਪੀ.ਸੀ.ਐੱਸ. ਦੇ ਬੱਚਿਆਂ ਨੇ ਰਾਸ਼ਨ ਇਕੱਤਰ ਕਰ ਕੇ ਲਾਈਫ ਲਾਈਨ ਕਲੱਬ ਨਾਲ ਰਲ ਕੇ ਲੋੜਵੰਦ ਪਰਵਾਰਾਂ ਦੀ ਮਦਦ ਕੀਤੀ ਹੈ, ਇਹ ਉਨ੍ਹਾਂ ਦਾ ਬਹੁਤ ਸ਼ਲਾਘਾਯੋਗ ਉਪਰਾਲਾ ਹੈ।ਇਸੇ ਤਰ੍ਹਾਂ ਹਰੇਕ ਨੂੰ ਆਪਣੀ ਨੇਕ ਕਮਾਈ ਦਾ ਕੁਝ ਹਿੱਸਾ ਲੋੜਵੰਦਾਂ ਦੀ ਮਦਦ ਲਈ ਲਗਾਉਣਾ ਚਾਹੀਦਾ ਹੈ।ਉਨ੍ਹਾਂ ਦੱਸਿਆ ਕਿ ਕਲੱਬ ਵੱਲੋਂ ਸਮੇਂ ਸਮੇਂ ਸਿਰ ਲੋੜਵੰਦਾਂ ਬੇਸਹਾਰਿਆਂ ਦੀ ਦਾਨੀ ਐੱਨ.ਆਰ.ਆਈ. ਵੀਰਾਂ ਦੇ ਸਹਿਯੋਗ ਨਾਲ ਮਦਦ ਕੀਤੀ ਜਾਂਦੀ ਹੈ।ਕਲੱਬ ਵੱਲੋਂ ਮਰੀਜ਼ਾਂ ਦੀ ਸਹੂਲਤ ਲਈ ਐਂਬੂਲੈਂਸ ਸੇਵਾ ਵੀ ਲੰਮੇ ਸਮੇਂ ਤੋਂ ਚੱਲ ਰਹੀ ਹੈ।ਉਨ੍ਹਾਂ ਕਿਹਾ ਕਿ ਦਾਨੀਆਂ ਵੱਲੋਂ ਦਿੱਤਾ ਗਿਆ ਇੱਕ ਇੱਕ ਪੈਸਾ ਲੋੜਵੰਦਾਂ ਦੀ ਮਦਦ ਲਈ ਖਰਚ ਕੀਤਾ ਜਾਂਦਾ ਹੈ।

# ਪੁਰਾਣੀ ਪੈਨਸ਼ਨ ਸਕੀਮ ਬਹਾਲ ਲਈ ਮਾਨਸਾ 'ਚ ਕਨਵੈਨਸ਼ਨ

### ਸੂਬਾ ਪੱਧਰੀ ਸੰਘਰਸ਼ ਵਿੱਢਣ ਦਾ ਐਲਾਨ : ਅਮਨਦੀਪ/ਹਰਪਾਲ ਕੌਰ



**ਮਾਨਸਾ (ਆਤਮਾ ਸਿੰਘ ਪਮਾਰ)**-ਮੁੱਖ ਅਧਿਆਪਕ ਤੇ ਕੇਂਦਰ ਮੁੱਖ ਅਧਿਆਪਕ ਜਥੇਬੰਦੀ ਪੰਜਾਬ ਤੇ ਪੁਰਾਣੀ ਪੈਨਸ਼ਨ ਸਕੀਮ ਸੰਗਠਨ ਪੰਜਾਬ ਵੱਲੋਂ ਸਾਂਝੇ ਤੌਰ 'ਤੇ ਪੰਜਾਬ ਭਰ 'ਚ ਮੁਲਾਜ਼ਮ ਮੰਗਾਂ ਨੂੰ ਲੈ ਕੇ ਕਨਵੈਨਸ਼ਨਾਂ ਦਾ ਸਿਲਸਿਲਾ ਸ਼ੁਰੂ ਕਰ ਦਿੱਤਾ ਹੈ।ਜਥੇਬੰਦੀ ਦੇ ਸੂਬਾਈ ਆਗੂਆਂ ਅਮਨਦੀਪ ਸ਼ਰਮਾ ਤੇ ਹਰਪਾਲ ਕੌਰ ਮਾਨਸਾ ਨੇ ਗੱਲਬਾਤ ਦੌਰਾਨ ਦੱਸਿਆ ਕਿ ਐਤਵਾਰ ਮਾਨਸਾ ਕਨਵੈਨਸ਼ਨ ਕਰਨ ਉਪਰੰਤ ਪੰਜਾਬ ਭਰ ਵਿੱਚ ਪੁਰਾਣੀ ਪੈਨਸ਼ਨ ਸਕੀਮ ਦੀ ਬਹਾਲੀ ਲਈ ਬਾਕਾਇਦਾ ਤੌਰ 'ਤੇ ਸੰਘਰਸ਼ ਨੂੰ ਹੋਰ ਤੇਜ਼ ਦਾ ਐਲਾਨ ਕੀਤਾ ਗਿਆ ਹੈ।

ਉਨ੍ਹਾਂ ਕਿਹਾ ਕਿ ਕਨਵੈਨਸ਼ਨਾਂ ਰਾਹੀਂ ਪੰਜਾਬ ਸਰਕਾਰ ਤੋਂ ਮੁਲਾਜ਼ਮਾਂ ਦੀਆਂ ਮੰਗਾਂ ਮਨਵਾਉਣ ਲਈ ਸੰਘਰਸ਼ ਦੇ ਜ਼ਰੀਏ ਦਬਾਅ ਬਣਾਇਆ ਜਾਵੇਗਾ। ਮੁੱਖ ਅਧਿਆਪਕ ਜਥੇਬੰਦੀ ਪੰਜਾਬ ਦੇ ਸੂਬਾਈ ਪ੍ਰਧਾਨ ਆਮਨਦੀਪ ਸ਼ਰਮਾ ਨੇ ਕਿਹਾ ਕਿ ਮੁਲਾਜ਼ਮਾਂ ਦੀਆਂ ਡੀ ਏ ਦੀਆਂ ਕਿਸ਼ਤਾਂ ਜਾਰੀ ਕਰਨਾ, ਪੇਂਡੂ ਭੱਤਾ ਬਹਾਲ ਕਰਨਾ, ਏ ਸੀ ਪੀ ਸਕੀਮ ਨੂੰ ਮੁੜ ਤੋਂ ਲਾਗੂ ਕਰਨਾ ਆਦਿ ਅਹਿਮ ਮਸਲਿਆਂ ਸਬੰਧੀ ਸਰਕਾਰ ਨੇ ਪੂਰੀ ਤਰ੍ਹਾਂ ਚੁੱਪੀ ਧਾਰ ਰੱਖੀ ਹੈ।ਉਨ੍ਹਾਂ ਸਰਕਾਰ ਨੂੰ ਚਿਤਾਵਨੀ ਭਰੇ ਲਹਿਜੇ ਵਿੱਚ ਕਿਹਾ ਕਿ ਸੰਵਿਧਾਨਕ ਤੇ ਜਾਇਜ਼ ਮੰਗਾਂ ਦਾ ਤੁਰੰਤ ਨਿਪਟਾਰਾ ਕੀਤਾ ਜਾਵੇ। ਪੁਰਾਣੀ ਪੈਨਸ਼ਨ ਸਕੀਮ ਸੰਗਠਨ ਪੰਜਾਬ ਦੇ ਪ੍ਰਧਾਨ ਹਰਪਾਲ ਕੌਰ ਮਾਨਸਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੱਤਾ ਵਿੱਚ ਆਉਂਦਿਆਂ ਹੀ ਪੰਜਾਬ ਦੇ ਮੁਲਾਜ਼ਮਾਂ ਨਾਲ ਪੁਰਾਣੀ ਪੈਨਸ਼ਨ ਬਹਾਲ ਕਰਨ ਦਾ ਵਾਅਦਾ ਕੀਤਾ ਸੀ, ਪ੍ਰੰਤੂ ਅਫਸੋਸ ਇਹ ਵਾਅਦਾ ਅੱਜ ਤੱਕ ਵੀ ਪੂਰਾ ਨਹੀਂ ਹੋਇਆ।ਉਨ੍ਹਾਂ ਕਿਹਾ ਕਿ ਅੱਜ ਦੀ ਮਾਨਸਾ ਕਨਵੈਨਸ਼ਨ ਤੋਂ ਬਾਅਦ ਅਗਲੇ ਸੰਘਰਸ਼ ਦੀ ਰੂਪ ਰੇਖਾ ਤਿਆਰ ਕੀਤੀ ਜਾਵੇਗੀ ਤੇ ਮੁੱਖ ਮੰਤਰੀ ਮਾਨ ਦੀ ਕੋਠੀ ਵੱਲ ਰੋਸ ਮਾਰਚ ਕੀਤਾ ਜਾਵੇਗਾ।ਪੰਜਾਬ ਦੇ ਜੁਆਇੰਟ ਸਕੱਤਰ ਰਾਕੇਸ਼ ਗੋਇਲ ਬਰੇਟਾ ਨੇ ਤੁਰੰਤ 13% ਡੀ ਏ ਦੀਆਂ ਕਿਸ਼ਤਾਂ ਜਾਰੀ ਕਰਨ ਦੀ ਮੰਗ ਵੀ ਸਰਕਾਰ ਅੱਗੇ ਰੱਖੀ।

ਮਿਡ-ਡੇ-ਮੀਲ ਵਰਕਰ ਯੂਨੀਅਨ ਦੀ ਜ਼ਿਲ੍ਹਾ ਪ੍ਰਧਾਨ ਜਸਵੀਰ ਕੌਰ ਬੁਢਲਾਡਾ ਨੇ ਵੀ ਐਲਾਨ ਕੀਤਾ ਕਿ ਉਹ ਇਨ੍ਹਾਂ ਕਨਵੈਨਸ਼ਨਾਂ ਦਾ ਹਿੱਸਾ ਬਣਨਗੇ ਤੇ ਆਪਣੀਆਂ ਚਿਰਾਂ ਤੋਂ ਲਟਕ ਰਹੀਆਂ ਮੰਗਾਂ ਨੂੰ ਵੱਡੇ ਪੱਧਰ 'ਤੇ ਉਭਾਰਨਗੇ।ਕਨਵੈਨਸ਼ਨ ਦੌਰਾਨ ਆਉਂਦੀ 13 ਸਤੰਬਰ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਕੋਠੀ ਦੇ ਘਿਰਾਓ ਦਾ ਐਲਾਨ ਵੀ ਕੀਤਾ ਗਿਆ।

ਇਸ ਮੌਕੇ ਲਛਮਣ ਸਿੰਘ ਸਹੋਤਾ, ਭਾਰਤ ਭੂਸ਼ਨ ਮਾਨਸਾ, ਗੁਰਜੰਟ ਸਿੰਘ ਬਛੋਆਣਾ, ਜਸ਼ਨਦੀਪ ਸਿੰਘ ਕੁਲਾਣਾ, ਸਤਿੰਦਰ ਸਿੰਘ ਦੁਆਬੀਆ, ਪਰਮਜੀਤ ਸਿੰਘ ਤੂਰ, ਵਿੱਦਿਆ ਸਾਗਰ ਮਾਨਸਾ, ਹਰਭਜਨ ਸਿੰਘ, ਜਗਤਾਰ ਔਲਖ, ਜਗਮੋਹਨ ਸਿੰਘ ਧਾਲੀਵਾਲ, ਜਸਵੀਰ ਸਿੰਘ, ਗੁਰਚਰਨ ਸਿੰਘ ਫੱਤਾ ਮਾਲੋਕਾ ਆਦਿ ਨੇ ਵੀ ਆਪਣੇ ਵਿਚਾਰ ਰੱਖੇ।ਇਸ ਮੌਕੇ ਹਰਨਾਂ ਤੋਂ ਇਲਾਵਾ ਵੱਡੀ ਗਿਣਤੀ 'ਚ ਮੁਲਾਜ਼ਮ ਸਾਥੀ ਹਾਜ਼ਰ ਸਨ।

## ਸਿਲਵਰ ਓਕਸ ਸਕੂਲ ਵਿਖੇ ਗਿਆਨ ਗੰਗਾ ਪ੍ਰਦਰਸ਼ਨੀ ਲਗਾਈ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸਿਲਵਰ ਓਕਸ ਸਕੂਲ ਰਾਮਪੁਰਾ ਰੋਡ ਬਠਿੰਡਾ ਨੇ ਗਿਆਨ ਗੰਗਾ ਪ੍ਰਦਰਸ਼ਨੀ ਦਾ ਅਯੋਜਨ ਕੀਤਾ, ਜਿਸ ਵਿੱਚ ਵਿਦਿਆਰਥੀਆਂ ਨੇ ਆਪਣੀ ਰਚਨਾਤਮਕਤਾ ਦਾ ਪ੍ਰਦਰਸ਼ਨ ਕੀਤਾ।ਇਸ ਪ੍ਰਦਰਸ਼ਨੀ ਵਿੱਚ ਵਿਦਿਆਰਥੀਆਂ ਨੇ ਆਪਣੇ ਹੱਥਾਂ ਨਾਲ ਬਣਾਏ ਵੱਖ-ਵੱਖ ਮਾਡਲ ਪ੍ਰਦਰਸ਼ਤ ਕੀਤੇ, ਜਿਸ ਨੇ ਮਾਪਿਆਂ ਤੇ ਮਹਿਮਾਨਾਂ ਨੂੰ ਮੰਤਰਮੁਗਧ ਕਰ ਦਿੱਤਾ। ਪ੍ਰਦਰਸ਼ਨੀ ਦਾ ਉਦਘਾਟਨ ਗਿਆਨੰਦਮ ਦੇ ਡਾਇਰੈਕਟਰ, ਬਰਿੰਦਰ ਪਾਲ ਸੇਖੋਂ ਤੇ ਪ੍ਰਿੰਸੀਪਲ ਡਾਇਨਾ ਰਿਨੋਂਸਾ ਵੱਲੋਂ ਕੀਤਾ ਗਿਆ।ਪ੍ਰਦਰਸ਼ਨੀ ਵਿੱਚ ਵੱਖ-ਵੱਖ ਵਿਸ਼ਿਆਂ 'ਤੇ ਅਧਾਰਤ ਮਾਡਲ ਪ੍ਰਦਰਸ਼ਤ ਕੀਤੇ ਗਏ, ਜਿਨ੍ਹਾਂ ਵਿੱਚ ਵਿਗਿਆਨ, ਕਲਾ ਤੇ ਤਕਨਾਲੋਜੀ ਨਾਲ ਸਬੰਧਤ ਮਾਡਲ ਪ੍ਰਮੁੱਖ ਸਨ।ਵਿਦਿਆਰਥੀਆਂ ਨੇ ਆਪਣੇ ਮਾਡਲਾਂ ਰਾਹੀਂ ਵੱਖ-ਵੱਖ ਵਿਗਿਆਨਕ ਸਿਧਾਂਤਾਂ ਤੇ ਸਮਾਜਿਕ ਮੁੱਦਿਆਂ ਨੂੰ ਉਜਾਗਰ ਕੀਤਾ।ਪੰਜਾਬੀ ਮਾਡਲ ਆਪਣੀ ਸੱਭਿਆਚਾਰਕ ਅਮੀਰੀ ਲਈ ਵੱਖਰੇ ਸਨ, ਕਿਉਂਕਿ ਵਿਦਿਆਰਥੀਆਂ ਨੇ ਫੁਲਕਾਰੀ, ਚਰਖਾ ਤੇ ਹੋਰ ਰਵਾਇਤੀ ਪ੍ਰਤੀਕਾਂ ਵਰਗੇ ਪੰਜਾਬੀ ਵਿਰਾਸਤ ਦੇ ਤੱਤ ਪੇਸ਼ ਕੀਤੇ, ਜੋ ਕਿ ਲਘੂ ਚਿੱਤਰਾਂ ਰਾਹੀਂ ਪੰਜਾਬ ਦੇ ਜੀਵੰਤ ਸੱਭਿਆਚਾਰ ਦੇ ਸਾਰ ਨੂੰ ਸੁੰਦਰਤਾ ਨਾਲ ਪੇਸ਼ ਕਰਦੇ ਹਨ।ਇਨ੍ਹਾਂ ਮਾਡਲਾਂ ਨੂੰ ਡੂੰਘੀ ਸੋਚ-ਵਿਚਾਰ ਤੇ ਸੱਭਿਆਚਾਰਕ ਵੇਰਵਿਆਂ ਵੱਲ ਧਿਆਨ ਦੇ ਕੇ ਤਿਆਰ ਕੀਤਾ ਗਿਆ ਸੀ, ਜਿਸ ਨਾਲ ਇਹ ਵਿਦਿਅਕ ਤੇ ਦਿਲਚਸਪ ਦੋਵੇਂ ਬਣ ਗਏ।ਪ੍ਰਦਰਸ਼ਨੀ ਦੀ ਇੱਕ ਮਹੱਤਵਪੂਰਨ ਵਿਸ਼ੇਸ਼ਤਾ ਵਿਸ਼ਿਆਂ ਦੇ ਸਪੱਸ਼ਟ ਢੰਗ ਨਾਲ ਵਿਦਿਆਰਥੀਆਂ ਨੇ ਆਪਣੇ ਮਾਡਲਾਂ ਨੂੰ ਅਧਿਆਪਕਾਂ, ਸਾਥੀਆਂ ਤੇ ਵੱਡੀ ਗਿਣਤੀ ਵਿੱਚ ਉਤਸ਼ਾਹੀ ਮਾਪਿਆਂ ਸਮੇਤ ਵਿਭਿੰਨ ਦਰਸ਼ਕਾਂ ਨੂੰ ਸਮਝਾਇਆ। ਮਾਡਲਾਂ ਦੀ ਮੌਲਿਕਤਾ, ਸਪਸ਼ਟਤਾ ਤੇ ਸਾਰਥਕਤਾ ਨੂੰ ਬਹੁਤ ਪ੍ਰਸ਼ੰਸਾ ਪ੍ਰਾਪਤ ਕੀਤੀ, ਜਦੋਂਕਿ ਮਾਪੇ ਆਪਣੇ ਬੱਚਿਆਂ ਦੇ ਵਿਕਾਸ, ਰਚਨਾਤਮਕਤਾ ਤੇ ਸੰਭਾਵਨਾ ਨੂੰ ਵੇਖਦੇ ਹੋਏ ਮਾਣ ਤੇ ਖੁਸ਼ੀ ਨਾਲ ਪ੍ਰਦਰਸ਼ਨੀਆਂ ਵਿੱਚੋਂ ਲੰਘੇ।ਉਸੇ ਦਿਨ, ਇੱਕ ਮਾਪੇ-ਅਧਿਆਪਕ ਮੀਟਿੰਗ ਵੀ ਕੀਤੀ ਗਈ, ਜਿਸ ਨਾਲ ਵਿਦਿਆਰਥੀਆਂ ਦੀ ਅਕਾਦਮਿਕ ਪ੍ਰਗਤੀ, ਵਿਵਹਾਰ ਤੇ ਸਮੁੱਚੇ ਵਿਕਾਸ ਬਾਰੇ ਅਧਿਆਪਕਾਂ ਤੇ ਮਾਪਿਆਂ ਵਿਚਕਾਰ ਖੁੱਲ੍ਹੀ ਅਤੇ ਅਰਥਪੂਰਨ ਗੱਲਬਾਤ ਲਈ ਇੱਕ ਪਲੇਟਫਾਰਮ ਬਣਾਇਆ ਗਿਆ।ਚਿੰਤਾਵਾਂ, ਸੁਝਾਵਾਂ ਤੇ ਪ੍ਰਸ਼ੰਸਾ ਦੇ ਸ਼ਬਦਾਂ ਦਾ ਸਵਾਗਤ ਕੀਤਾ ਗਿਆ।ਮਾਪਿਆਂ ਨੇ ਵੀ ਇਸ ਪ੍ਰਦਰਸ਼ਨੀ ਤੇ ਆਪਣੇ ਬੱਚਿਆਂ ਦੀ ਰਚਨਾਤਮਕਤਾ ਦੀ ਪ੍ਰਸ਼ੰਸਾ ਕੀਤੀ।

## ਚੇਅਰਮੈਨ ਵੱਲੋਂ ਪਨਗਰੇਨ ਦੇ ਗੋਦਾਮਾਂ ਦੀ ਅਚਨਚੇਤ ਚੈਕਿੰਗ

**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਪਨਗਰੇਨ ਪੰਜਾਬ ਦੇ ਚੇਅਰਮੈਨ ਡਾ. ਤੇਜਪਾਲ ਸਿੰਘ ਗਿੱਲ ਨੇ ਫਤਹਿਗੜ੍ਹ ਸਾਹਿਬ ਤੇ ਅਮਲੋਹ ਵਿੱਚ ਸਥਿਤ ਪਨਗਰੇਨ ਦੇ ਗੋਦਾਮਾਂ ਦੀ ਅਚਨਚੇਤ ਚੈਕਿੰਗ ਕੀਤੀ।ਚੈਕਿੰਗ ਦੌਰਾਨ ਉਨ੍ਹਾਂ ਗੋਦਾਮਾਂ ਵਿੱਚ ਲਗਾਈ ਗਈ ਕਣਕ ਦੀ ਜਾਂਚ ਕੀਤੀ ਗਈ ਤੇ ਪਿਛਲੇ 10-12 ਸਾਲਾਂ ਤੋਂ ਕਾਫੀ ਵੱਡੀ ਮਾਤਰਾ ਵਿੱਚ ਭੰਡਾਰ ਕਰਕੇ ਰੱਖੇ ਗੈਰ-ਵਰਤੋਂਯੋਗ ਸਾਮਾਨ ਦੀ ਨਿਲਾਮੀ ਸਮੇਂ ਸਿਰ ਨਾ ਹੋਣ ਦਾ ਗੰਭੀਰ ਨੋਟਿਸ ਲਿਆ।ਚੇਅਰਮੈਨ ਵੱਲੋਂ ਇਸ ਉਪਰੰਤ ਅਮਲੋਹ ਸਥਿਤ ਪਨਗਰੇਨ ਦੇ ਗੋਦਾਮਾਂ ਦੀ ਵੀ ਚੈਕਿੰਗ ਕੀਤੀ ਗਈ ਤੇ ਉੱਥੇ ਵੀ ਵੱਡੀ ਮਾਤਰਾ ਵਿੱਚ ਨਿਲਾਮ ਹੋਣ ਯੋਗ ਸਾਮਾਨ ਦਾ ਭੰਡਾਰ ਪਾਇਆ ਗਿਆ।ਚੇਅਰਮੈਨ ਡਾ. ਤੇਜਪਾਲ ਸਿੰਘ ਗਿੱਲ ਨੇ ਦੱਸਿਆ ਕਿ ਉਹ ਇਸ ਮਾਮਲੇ ਬਾਰੇ ਛੇਤੀ ਹੀ ਫੂਡ ਤੇ ਸਿਵਲ ਸਪਲਾਈ ਵਿਭਾਗ ਦੇ ਡਾਇਰੈਕਟਰ ਤੇ ਕੈਬਨਿਟ ਮੰਤਰੀ ਨੂੰ ਜਾਣੂ ਕਰਵਾਉਣਗੇ ਤਾਂ ਜੋ ਇਸ ਗੈਰ-ਵਰਤੋਂਯੋਗ ਸਾਮਾਨ ਦੀ ਨਿਲਾਮੀ ਕਰਵਾ ਕੇ ਗੋਦਾਮਾਂ ਨੂੰ ਖਾਲੀ ਕਰਵਾਇਆ ਜਾ ਸਕੇ ਤੇ ਅਨਾਜ ਦਾ ਭੰਡਾਰ ਕੀਤਾ ਜਾ ਸਕੇ।ਡਾ. ਗਿੱਲ ਨੇ ਦੱਸਿਆ ਕਿ ਗੋਦਾਮਾਂ ਦੀ ਲੋੜੀਂਦੀ ਰਿਪੇਅਰ ਕਰਵਾਉਣ ਸਬੰਧੀ ਵੀ ਜਲਦੀ ਹੀ ਢੁਕਵੇਂ ਕਦਮ ਚੁੱਕੇ ਜਾਣਗੇ।



# ਅਕਾਲੀ ਦਲ ਦੀ ਨੀਤੀ ਤੇ ਵਿਧੀ ਵਿਧਾਨ ਬਾਰੇ ਤਿੰਨ ਦਿਨਾ ਗੋਸ਼ਟੀ ਸੰਪੰਨ




**ਸੰਗਰੂਰ (ਪ੍ਰਵੀਨ ਸਿੰਘ)**-ਅਕਾਲੀ ਦਲ ਦੀ ਪੁਨਰ ਸੁਰਜੀਤੀ ਦੇ ਵਿਧੀ ਵਿਧਾਨ ਤੇ ਨੀਤੀ ਸਬੰਧੀ ਵਿਸ਼ੇ ਨੂੰ ਮੁੱਖ ਰੱਖਦਿਆਂ ਅਕਾਲ ਕਾਲਜ ਕੌਂਸਲ ਮਸਤੂਆਣਾ ਸਾਹਿਬ ਵੱਲੋਂ ਸਿੱਖ ਜਥੇਬੰਦੀਆਂ ਦੇ ਸਹਿਯੋਗ ਨਾਲ ਮਸਤੂਆਣਾ ਸਾਹਿਬ (ਸੰਗਰੂਰ) ਵਿਖੇ ਵਿਚਾਰ ਗੋਸ਼ਟੀ ਕਰਵਾਈ ਗਈ। ਆਖਰੀ ਦਿਨ ਵੀ ਬੁਲਾਰਿਆਂ ਤੇ ਸਰੋਤਿਆਂ ਨਾਲ ਭਰਭੂਰ ਰਿਹਾ, ਜਿਸ ਵਿੱਚ ਦੂਰੋਂ ਨੇੜਿਓਂ ਆਮ ਖਾਸ ਚਿਹਰੇ ਬੁਲਾਰਿਆਂ ਦੇ ਵਿਚਾਰ ਸੁਣਨ ਲਈ ਖਾਸ ਤੌਰ 'ਤੇ ਪੁੱਜੇ ਅਤੇ ਸ਼੍ਰੋਮਣੀ ਅਕਾਲੀ ਦਲ ਦਾ ਵੱਖ ਵੱਖ ਸਮੇਂ ਹਿੱਸਾ ਰਹੇ ਵਿਚਾਰਕਾਂ ਨੇ ਅਕਾਲੀ ਦਲ ਦੀਆਂ ਖਾਮੀਆਂ ਉਜਾਗਰ ਕਰਕੇ ਦੱਸੀਆਂ।

ਤੀਸਰੇ ਦਿਨ ਦੀ ਵਿਚਾਰ ਗੋਸ਼ਟੀ ਦੀ ਆਰੰਭਤਾ ਵੀ ਨਾਮ ਸਿਮਰਨ ਤੋਂ ਹੋਈ, ਉਪਰੰਤ ਡਾ. ਗੁਰਵੀਰ ਸਿੰਘ ਨੇ ਗੋਸ਼ਟੀ ਦੇ ਮਨੋਰਥ ਸਬੰਧੀ ਆਏ ਪਤਵੰਤਿਆਂ ਨਾਲ ਸਾਂਝ ਪਾਈ।ਇਸ ਦੌਰਾਨ ਮੰਚ ਸੰਚਾਲਨ ਦੀ ਭੂਮਿਕਾ ਭਾਈ ਭੁਪਿੰਦਰ ਸਿੰਘ ਗਰੇਵਾਲ ਵੱਲੋਂ ਨਿਭਾਈ ਗਈ।ਬੁਲਾਰੇ ਵਜੋਂ ਹਰਪਿੰਦਰ ਸਿੰਘ ਕੋਟਕਪੂਰਾ ਤੇ ਪਰਮਜੀਤ ਸਿੰਘ ਮੰਡ ਦਲ ਖਾਲਸਾ ਨੇ ਕਿਹਾ ਕਿ ਜੇਕਰ ਅਕਾਲੀ ਦਲ ਦੀ ਪੁਨਰਸੁਰਜੀਤੀ ਕਰਨੀ ਹੈ ਤਾਂ ਦਿੱਲੀ ਤਖਤ ਦੀ ਜਗ੍ਹਾ ਅਧੀਨਗੀ ਸ੍ਰੀ ਅਕਾਲ ਤਖਤ ਸਾਹਿਬ ਦੀ ਕਬੂਲ ਕਰਨੀ ਪੈਣੀ ਹੈ, ਵੋਟ ਸਿਆਸਤ ਤੇ ਅਕਾਲੀ ਸਿਆਸਤ ਦਾ ਦਾਇਰਾ ਵੱਖ ਵੱਖ ਰਹੇਗਾ।ਯਾਦਵਿੰਦਰ ਸਿੰਘ ਯਾਦੂ ਨੇ ਕਿਹਾ ਕਿ ਅਕਾਲੀ ਦਲ ਦੇ ਨਿਘਾਰ ਦਾ ਕਾਰਨ ਸਿਧਾਂਤਾਂ ਤੋਂ ਸੱਖਣਾ ਹੋਣਾ ਹੈ।ਕੰਵਰਜੀਤ ਸਿੰਘ ਸਿੱਧੂ (ਭਾਸ਼ਾ ਵਿਭਾਗ ਫਰੀਦਕੋਟ) ਨੇ ਵਿਚਾਰ ਦਿੱਤਾ ਕਿ ਪੰਥਕ ਪ੍ਰਬੰਧ ਅਨੁਸਾਰ ਚੁਣਿਆ ਅਕਾਲੀ ਦਲ ਵੀ ਵਿਧਾਨ ਸਭਾ ਚੋਣਾਂ ਲੜਨ ਵਾਲੀ ਪਾਰਟੀ ਬਣ ਕੇ ਪੰਥਕ ਖਾਸੇ 'ਤੇ ਕਾਇਮ ਨਹੀਂ ਰਹਿ ਸਕਦਾ।ਹਰਦੀਪ ਸਿੰਘ ਡਿਬਡਿਬਾ ਤੇ ਭਾਈ ਜਸਪਾਲ ਸਿੰਘ ਮੰਝਪੁਰ ਨੇ ਸੁਝਾਅ ਦਿੱਤਾ ਕਿ ਪੰਥਕ ਪ੍ਰਚਲਿਤ ਸ਼ਬਦ (ਅਕਾਲੀ) ਨੂੰ ਨਾ ਵਰਤਿਆ ਜਾਵੇ, ਭਾਵੇਂ ਪਾਰਟੀ ਕੋਈ ਵੀ ਬਣੇ।ਭਾਈ ਮਨਧੀਰ ਸਿੰਘ ਪੰਥ ਸੇਵਕ ਜਥਾ ਦੁਆਬਾ ਨੇ ਦੱਸਿਆ ਕਿ ਵੋਟ ਪ੍ਰਣਾਲੀ ਰਾਹੀਂ ਪੰਥ ਦੀ ਤਰਜਮਾਨੀ ਨਹੀਂ ਹੋ ਸਕਦੀ, ਨਿਆਰੀ ਹੋਂਦ ਲਈ ਵੱਖਰੀ ਜਥੇਬੰਦੀ ਚਾਹੀਦੀ ਹੈ।ਸੀਨੀਅਰ ਪੱਤਰਕਾਰ ਹਮੀਰ ਸਿੰਘ ਨੇ ਕਿਹਾ ਕਿ ਵੋਟ ਸਿਆਸਤ ਹੀ ਸਾਰੀ ਸਿਆਸਤ ਨਹੀਂ ਹੁੰਦੀ, ਕੁਝ ਵੀ ਨਵਾਂ ਬਣਾਉਣ ਤੋਂ ਪਹਿਲਾਂ ਸਾਨੂੰ ਸਿਆਸਤ ਨੂੰ ਚੰਗੀ ਤਰ੍ਹਾਂ ਸਮਝਣ ਦੀ ਲੋੜ ਹੈ।ਇਨ੍ਹਾਂ ਤੋਂ ਇਲਾਵਾ ਡਾ. ਪਰਮਵੀਰ ਸਿੰਘ (ਪੰਜਾਬੀ ਯੂਨੀਵਰਸਿਟੀ, ਪਟਿਆਲਾ), ਈਮਾਨ ਸਿੰਘ ਖਾਰਾ (ਵਾਰਿਸ ਪੰਜਾਬ ਦੇ), ਗੁਰਦੀਪ ਸਿੰਘ ਬਠਿੰਡਾ, ਡਾ. ਜਮਸੇਦ ਅਲੀ ਖਾਨ (ਪੰਜਾਬੀ ਯੂਨੀਵਰਸਿਟੀ, ਪਟਿਆਲਾ), ਭਾਈ ਮੋਹਕਮ ਸਿੰਘ, ਕਰਨੈਲ ਸਿੰਘ ਪੰਜੋਲੀ, ਸਾਬਕਾ ਸਿੱਖ ਫੈਡਰੇਸ਼ਨ ਆਗੂ ਸ੍ਰ. ਕੁਲਦੀਪ ਸਿੰਘ, ਭਾਈ ਮੋਹਕਮ ਸਿੰਘ (ਦਮਦਮੀ ਟਕਸਾਲ) ਆਦਿ ਬੁਲਾਰਿਆਂ ਨੇ ਆਪਣੇ ਵਿਚਾਰ ਰੱਖੇ ਤੇ ਵੱਡੀ ਗਿਣਤੀ ਸਰੋਤੇ ਵਿਚਾਰਵਾਨਾਂ ਦੇ ਵਿਚਾਰ ਸੁਨਣ ਲਈ ਹਾਜ਼ਰ ਰਹੇ।

# ਹਲਕੇ ਦੇ 31 ਪਿੰਡਾਂ 'ਚ ਬਣਨਗੇ ਮਾਡਲ ਖੇਡ ਮੈਦਾਨ : ਵਿਧਾਇਕ ਭੁੱਲਰ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਖੇਡਾਂ ਨੂੰ ਬੜਾਵਾ ਦੇਣ ਦੀ ਦਿਸ਼ਾ ਵੱਲ ਵੱਡਾ ਕਦਮ ਪੁੱਟਦੇ ਹੋਏ ਹਲਕਾ ਫ਼ਿਰੋਜ਼ਪੁਰ ਸ਼ਹਿਰੀ ਦੇ 31 ਪਿੰਡਾਂ ਵਿੱਚ 8.10 ਕਰੋੜ ਰੁਪਏ ਦੀ ਲਾਗਤ ਨਾਲ ਮਾਡਲ ਖੇਡ ਮੈਦਾਨ ਬਣਾਏ ਜਾਣਗੇ। ਇਹ ਜਾਣਕਾਰੀ ਵਿਧਾਇਕ ਫ਼ਿਰੋਜ਼ਪੁਰ ਸ਼ਹਿਰੀ ਰਣਬੀਰ ਸਿੰਘ ਭੁੱਲਰ ਨੇ ਦਿੱਤੀ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਰਾਜ ਪੱਧਰ 'ਤੇ 13 ਹਜ਼ਾਰ ਪਿੰਡਾਂ 'ਚ ਅਤਿ ਆਧੁਨਿਕ ਖੇਡ ਮੈਦਾਨਾਂ ਦੀ ਉਸਾਰੀ ਦੀ ਘੋਸ਼ਣਾ ਕੀਤੀ ਗਈ ਹੈ, ਜਿਸ ਤਹਿਤ ਫਿਰੋਜ਼ਪੁਰ ਸ਼ਹਿਰੀ ਹਲਕੇ ਅਧੀਨ 31 ਪਿੰਡਾਂ 'ਚ ਮਾਡਲ ਖੇਡ ਮੈਦਾਨ ਬਣਾਏ ਜਾਣੇ ਹਨ। ਉਨ੍ਹਾਂ ਦੱਸਿਆ ਕਿ ਨੌਜਵਾਨਾਂ ਨੂੰ ਸਿਹਤਮੰਦ ਗਤੀਵਿਧੀਆਂ ਤੇ ਖੇਡਾਂ ਨਾਲ ਜੋੜਨ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਵੱਲੋਂ ਕਰੋੜਾਂ ਰੁਪਏ ਦੀ ਰਾਸ਼ੀ ਦੇ ਨਾਲ ਮਾਡਲ ਖੇਡ ਮੈਦਾਨ ਤਿਆਰ ਕੀਤੇ ਜਾਣਗੇ। ਇਨ੍ਹਾਂ ਖੇਡ ਸਟੇਡੀਅਮਾਂ ਤੇ ਖੇਡ ਮੈਦਾਨਾਂ ਵਿੱਚ ਸੂਬੇ ਦੇ ਜੋ ਖਿਡਾਰੀ ਨੈਸ਼ਨਲ ਜਾਂ ਇੰਟਰਨੈਸ਼ਨਲ ਖੇਡਾਂ ਵਿੱਚ ਮੱਲਾਂ ਮਾਰ ਚੁੱਕੇ ਹਨ, ਉਨ੍ਹਾਂ ਖਿਡਾਰੀਆਂ ਨੂੰ ਕੋਚ ਦੇ ਤੌਰ 'ਤੇ ਰੱਖਿਆ ਜਾਵੇਗਾ। ਵਿਧਾਇਕ ਰਣਬੀਰ ਸਿੰਘ ਭੁੱਲਰ ਨੇ ਦੱਸਿਆ ਕਿ ਫਿਰੋਜ਼ਪੁਰ ਸ਼ਹਿਰੀ ਹਲਕੇ ਅਧੀਨ ਪੈਂਦੇ ਪਿੰਡ ਅਲੀ ਕੇ ਵਿਖੇ 19.49 ਲੱਖ, ਆਰਿਫ ਕੇ ਵਿਖੇ 12.69 ਲੱਖ, ਆਸਲ ਵਿਖੇ 14.22 ਲੱਖ ਅਟਾਰੀ ਵਿਖੇ 29.66 ਲੱਖ, ਬੱਗੇ ਕੇ ਖੁਰਦ ਵਿਖੇ 22.76 ਲੱਖ, ਬੱਗੇ ਕੇ ਪਿੱਪਲ ਵਿਖੇ 21.76 ਲੱਖ, ਬੰਡਾਲਾ ਵਿਖੇ 42.72 ਲੱਖ, ਬਸਤੀ ਭਾਣ ਸਿੰਘ ਵਿਖੇ 14.17 ਲੱਖ, ਬਸਤੀ ਵਕੀਲਾਂ ਵਾਲੀ ਵਿਖੇ 53.59 ਲੱਖ, ਦੁਲਚੀ ਕੇ ਵਿਖੇ 49.27 ਲੱਖ, ਗੋਖੀ ਵਾਲਾ ਵਿਖੇ 27.95 ਲੱਖ, ਗੁਰਦਿਤੀ ਵਾਲਾ ਵਿਖੇ 44.19 ਲੱਖ, ਹਬੀਬ ਕੇ ਵਿਖੇ 22.16 ਲੱਖ, ਜੈਮਲ ਵਾਲਾ ਵਿਖੇ 18.02 ਲੱਖ, ਕਾਮਲ ਵਾਲਾ ਵਿਖੇ 19.10 ਲੱਖ, ਕਾਮਲ ਵਾਲਾ ਖੁਰਦ ਵਿਖੇ 24.77 ਲੱਖ, ਖਾਈ ਵਿਖੇ 1 ਕਰੋੜ 11 ਲੱਖ 43 ਹਜ਼ਾਰ, ਖਿਲਚੀ ਕਦੀਮ ਵਿਖੇ 12.05 ਲੱਖ, ਖੁਸ਼ਹਾਲ ਸਿੰਘ ਵਾਲਾ ਵਿਖੇ 19.13 ਲੱਖ, ਕਿਲਚੇ ਵਿਖੇ 17.48 ਲੱਖ, ਮਾਛੀਵਾੜਾ ਵਿਖੇ 16.43 ਲੱਖ, ਨਿਜ਼ਾਮ ਵਾਲਾ ਵਿਖੇ 15.04 ਲੱਖ, ਪੱਲਾ ਮੇਘਾ ਵਿਖੇ 23.22 ਲੱਖ, ਪੀਰਾਂ ਵਾਲਾ ਵਿਖੇ 18 ਲੱਖ, ਪੀਰ ਇਸਮਾਈਲ ਖਾਂ ਵਿਖੇ 16.58 ਲੱਖ, ਰੱਜੀ ਵਾਲਾ ਵਿਖੇ 32.11 ਲੱਖ, ਰੁਕਨੇ ਵਾਲਾ ਵਿਖੇ 12.71 ਲੱਖ, ਸ਼ਾਹਦੀਨ ਵਾਲਾ ਵਿਖੇ 12.71 ਲੱਖ, ਸੋਢੇ ਵਾਲਾ ਵਿਖੇ 29.65 ਲੱਖ, ਚੂੜੀ ਵਾਲਾ ਵਿਖੇ 19.49 ਲੱਖ, ਗੱਟੀ ਰਾਜੋ ਕੇ ਵਿਖੇ 17.48 ਲੱਖ ਰੁਪਏ ਦੀ ਲਾਗਤ ਨਾਲ ਮਾਡਲ ਖੇਡ ਸਟੇਡੀਅਮ ਬਣਾਏ ਜਾਣਗੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਨੌਜਵਾਨਾਂ ਨੂੰ ਰੁਜ਼ਗਾਰ ਦੇ ਮੌਕੇ ਤੇ ਵਿਸ਼ਵ ਪੱਧਰੀ ਖੇਡ ਸਹੂਲਤਾਂ ਪ੍ਰਦਾਨ ਕਰਨ ਲਈ ਵਚਨਬੱਧ ਹੈ। ਵਿਧਾਇਕ ਰਣਬੀਰ ਸਿੰਘ ਭੁੱਲਰ ਨੇ ਨੌਜਵਾਨਾਂ ਤੇ ਬੱਚਿਆਂ ਨੂੰ ਖੇਡਾਂ ਤੇ ਸਿੱਖਿਆ ਵੱਲ ਧਿਆਨ ਦੇਣ ਅਤੇ ਨਸ਼ਿਆਂ ਤੇ ਹੋਰ ਬੁਰੀਆਂ ਆਦਤਾਂ ਤੋਂ ਦੂਰ ਰਹਿਣ ਦੀ ਅਪੀਲ ਕੀਤੀ।

## ਈਸੜੂ 'ਚ ਕਾਂਗਰਸ ਦੀ ਰੈਲੀ ਇਤਿਹਾਸਕ ਹੋਵੇਗੀ : ਗਿੱਲ ਬੇਰ ਕਲਾਂ

**ਦੋਰਾਹਾ (ਹਰਮਿੰਦਰ ਸੇਠ)**-ਬਲਾਕ ਕਾਂਗਰਸ ਮਲੌਦ ਦੇ ਪ੍ਰਧਾਨ ਤੇ ਬਲਾਕ ਸੰਮਤੀ ਮੈਂਬਰ ਗੁਰਮੇਲ ਸਿੰਘ ਗਿੱਲ ਬੇਰਕਲਾਂ ਨੇ ਕਿਹਾ ਕਿ ਈਸੜੂ ਵਿਖੇ ਗੋਆ ਦੇ ਮਹਾਨ ਸ਼ਹੀਦ ਕਰਨੈਲ ਸਿੰਘ ਈਸੜੂ ਦੀ ਯਾਦ ਵਿੱਚ ਕਾਂਗਰਸ ਪਾਰਟੀ ਵੱਲੋਂ ਸਾਬਕਾ ਮੰਤਰੀ ਗੁਰਕੀਰਤ ਸਿੰਘ ਕੋਟਲੀ ਦੀ ਅਗਵਾਈ ਹੇਠ ਹੋਣ ਵਾਲੀ ਸੰਵਿਧਾਨ ਬਚਾਓ ਰੈਲੀ ਇਤਿਹਾਸਕ ਹੋਵੇਗੀ। ਉਨ੍ਹਾ ਕਿਹਾ ਕਿ ਬਲਾਕ ਮਲੌਦ ਦੇ ਪਿੰਡਾਂ ਤੇ ਸ਼ਹਿਰਾਂ ਵਿੱਚ ਰੈਲੀ ਨੂੰ ਸਫਲ ਬਣਾਉਣ ਲਈ ਨੁੱਕੜ ਮੀਟਿੰਗਾਂ ਸ਼ੁਰੂ ਕੀਤੀਆਂ ਗਈਆਂ ਹਨ, ਜਿਸ ਵਿੱਚ ਲੋਕ ਆਪ ਮੁਹਾਰੇ ਜੁੜ ਰਹੇ ਹਨ। ਬੇਰਕਲਾਂ ਨੇ ਕਿਹਾ ਕਿ ਲੋਕ ਆਮ ਆਦਮੀ ਪਾਰਟੀ ਦਾ ਬਦਲਾਅ ਵੇਖ ਚੁੱਕੇ ਹਨ ਕਿ ਕਿਵੇਂ ਇਨ੍ਹਾਂ ਭਾਜਪਾ ਦੀ ਬੀ ਟੀਮ ਬਣ ਕੇ ਕਿਸਾਨੀ ਅੰਦੋਲਨ ਨੂੰ ਖਤਮ ਕਰਵਾਇਆ, ਕਿਵੇਂ ਕਿਸਾਨਾਂ ਨਾਲ ਮੀਟਿੰਗਾਂ ਕਰਕੇ ਆਪਣੇ ਕੀਤੇ ਵਾਅਦੇ ਤੋਂ ਭੱਜੇ ਅਤੇ ਹੁਣ ਜੋ ਕਿਸਾਨਾਂ ਦੀਆਂ ਜ਼ਮੀਨਾਂ ਲਈ ਆਮ ਆਦਮੀ ਪਾਰਟੀ ਨੇ ਨੀਤੀ ਬਣਾਈ ਹੈ, ਉਹ ਕਾਲੇ ਕਾਨੂੰਨਾਂ ਨਾਲੋਂ ਵੀ ਖਤਰਨਾਕ ਹੈ। ਉਨ੍ਹਾ ਕਿਹਾ ਕਿ ਪੰਜਾਬ ਦੇ ਲੋਕ ਚੁਟਕਲੇ ਤੇ ਡਰਾਮੇਬਾਜ਼ੀ ਤੋਂ ਅੱਕ ਚੁੱਕੇ ਹਨ ਤੇ ਹੁਣ ਲੋਕ ਇਨ੍ਹਾਂ ਨੂੰ ਚੱਲਦਾ ਕਰਨ ਲਈ ਉਤਾਵਲੇ ਹਨ।

# ਸਵਾਮੀ ਰੂਪ ਚੰਦ ਜੈਨ ਸਕੂਲ 'ਚ ਧੂਮਧਾਮ ਨਾਲ ਮਨਾਇਆ 'ਤੀਜ' ਤਿਉਹਾਰ




**ਜਗਰਾਓਂ (ਅਮਿਤ ਖੰਨਾ)**

ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਪ੍ਰਿੰਸੀਪਲ ਰਾਜਪਾਲ ਦੀ ਯੋਗ ਅਗਵਾਈ ਤੇ ਸਮੂਹ ਮੈਨੇਜਮੈਂਟ ਦੇ ਸਹਿਯੋਗ ਸਦਕਾ ਤੀਆਂ ਦਾ ਤਿਉਹਾਰ ਰਵਾਇਤੀ ਤਰੀਕੇ ਤੇ ਸ਼ਾਨਦਾਰ ਢੰਗ ਨਾਲ ਮਨਾਇਆ ਗਿਆ।ਕੁੜੀਆਂ ਇਸ ਤਿਉਹਾਰ ਦੀ ਖੁਸ਼ੀ ਵਿੱਚ ਬਹੁਤ ਹੀ ਖੂਬਸੂਰਤ ਰੰਗ ਬਰੰਗੇ ਸੱਭਿਆਚਾਰਕ ਬਹੁਤ ਹੀ ਸੁੰਦਰ ਪਹਿਰਾਵੇ ਵਿੱਚ ਹੁੰਮ ਹੁਮਾ ਕੇ ਪਹੁੰਚੀਆਂ। ਪ੍ਰਿੰ. ਰਾਜਪਾਲ ਕੌਰ ਹਮੇਸ਼ਾ ਹੀ ਵਿਦਿਆਰਥੀਆਂ ਨੂੰ ਆਪਣੇ ਵਿਰਸੇ ਨਾਲ ਜੋੜਨ ਲਈ ਕੋਈ ਨਾ ਕੋਈ ਉਪਰਾਲਾ ਕਰਦੇ ਰਹਿੰਦੇ ਹਨ।ਸਾਡੇ ਅਲੋਪ ਹੁੰਦੇ ਜਾ ਰਹੇ ਪੰਜਾਬੀ ਵਿਰਸੇ ਨੂੰ ਪ੍ਰਫੁੱਲਤ ਕਰਨ ਲਈ ਸਕੂਲ ਵਿੱਚ ਤੀਆਂ ਦਾ ਤਿਉਹਾਰ ਮਨਾਇਆ ਗਿਆ, ਜਿਸ ਵਿੱਚ ਵਿਦਿਆਰਥਣਾਂ ਵੱਲੋਂ ਪੰਜਾਬੀ ਸੱਭਿਆਚਾਰ ਨੂੰ ਦਰਸਾਉਂਦੇ ਗਿੱਧਾ ਭੰਗੜਾ ਲੋਕ ਬੋਲੀਆਂ ਟੱਪੇ, ਸਿੱਠਣੀਆਂ, ਸੁਹਾਗ, ਮਾਹੀਏ, ਘੋੜੀਆਂ ਨੂੰ ਬਹੁਤ ਵਧੀਆ ਢੰਗ ਨਾਲ ਪੇਸ਼ ਕੀਤਾ ਗਿਆ।ਇਸ ਪ੍ਰੋਗਰਾਮ ਦੀ ਸ਼ੁਰੂਆਤ ਢੋਲ ਦੀ ਤਾਲ ਤੇ ਤਾੜੀਆਂ ਦੀ ਗੂੰਜ ਨਾਲ ਕੀਤੀ ਗਈ।ਇਸ ਮੌਕੇ ਤੇਰੇ ਸਾਡੇ ਪੰਜਾਬੀ ਵਿਰਸੇ ਵਿੱਚੋਂ ਅਲੋਪ ਹੋ ਰਹੀਆਂ ਸਭ ਚੀਜ਼ਾਂ, ਜੋ ਸਾਡੇ ਪੁਰਾਣੇ ਸਮੇਂ ਪਿੰਡਾਂ ਵਿੱਚ ਪਾਈਆਂ ਜਾਂਦੀਆਂ ਸੀ ਤੇ ਇਸ ਦੇ ਨਾਲ ਮੰਚ ਉੱਤੇ ਇਕ ਨਾਟਕ ਕਲਾ ਰਾਹੀਂ ਸੰਧਾਰੇ ਦੀ ਪ੍ਰਥਾ ਉਤੇ ਵੀ ਚਾਨਣਾ ਪਾਇਆ ਗਿਆ।ਇਸ ਮੌਕੇ ਕਰਵਾਏ ਗਏ ਮਿਸ ਤੀਜ ਦੇ ਮੁਕਾਬਲੇ ਵਿੱਚ ਬਾਰਵੀਂ ਕਲਾਸ ਦੀ (ਆਰਟਸ) ਵਿਦਿਆਰਥਣ ਪਰਾਚੀ ਨੂੰ ਮਿਸ ਤੀਜ, ਮਿਸ ਕੌਨਫੀਡੈਂਸ ਬਾਰਵੀਂ ਜਮਾਤ ਦੀ ਵਿਦਿਆਰਥਣ ਸਿਮਰਨਪ੍ਰੀਤ ਕੌਰ, ਮਿਸ ਅਟਰੈਕਟਿਵ ਤੇ ਟਰੈਡੀਸ਼ਨਲ ਲੁੱਕ ਅਵੀਜੋਤ ਕੌਰ ਤੇ ਮਿਸ ਆਊਟਫਿੱਟ ਹਰਨੂਰ ਕੌਰ ਨੂੰ ਖਿਤਾਬ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਮਹਿੰਦੀ, ਨੇਲ ਆਰਟ, ਹੇਅਰਸਟਾਈਲ ਮੁਕਾਬਲੇ ਵੀ ਕਰਵਾਏ ਗਏ, ਜਿਸ ਵਿੱਚ ਦਸਵੀਂ ਤੋਂ ਬਾਰਵੀਂ ਜਮਾਤ ਦੀਆਂ ਵਿਦਿਆਰਥਣਾਂ ਨੇ ਭਾਗ ਲਿਆ, ਜਿਨ੍ਹਾਂ ਵਿੱਚੋਂ ਹੇਅਰ ਸਟਾਈਲ ਮੁਕਾਬਲੇ ਵਿੱਚ ਹਰਲੀਨ ਕੌਰ ਜਮਾਤ ਦਸਵੀਂ ਨੇ ਪਹਿਲਾ, ਨੈਨਸੀ ਜਮਾਤ ਗਿਆਰਵੀਂ ਨੇ ਦੂਜਾ ਤੇ ਖ਼ੁਸ਼ਪ੍ਰੀਤ ਕੌਰ ਜਮਾਤ ਦਸਵੀਂ ਨੇ ਤੀਜਾ ਸਥਾਨ ਹਾਸਲ ਕੀਤਾ।ਮਹਿੰਦੀ ਮੁਕਾਬਲਿਆਂ 'ਚ ਸਿਮਰਨਜੋਤ ਬਾਰਵੀਂ ਕਾਮਰਸ ਗਰੁੱਪ ਦੀ ਵਿਦਿਆਰਥਣ ਨੇ ਪਹਿਲਾ, ਬਵਨ ਜਮਾਤ ਗਿਆਰਵੀਂ ਸਾਇੰਸ ਗਰੁੱਪ ਨੇ ਦੂਜਾ ਤੇ ਤ੍ਰਿਸ਼ਨਾ ਜਮਾਤ ਗਿਆਰਵੀਂ ਕਾਮਰਸ ਗਰੁੱਪ ਨੇ ਤੀਜਾ ਸਥਾਨ ਹਾਸਲ ਕੀਤਾ।ਨੇਲ ਆਰਟ ਮੁਕਾਬਲਿਆਂ 'ਚ ਲਵਪ੍ਰੀਤ ਰਾਏ ਜਮਾਤ ਦਸਵੀਂ ਨੇ ਪਹਿਲਾ, ਵੰਸ਼ਿਕਾ ਜਮਾਤ ਬਾਰਵੀਂ ਸਾਇੰਸ ਗਰੁੱਪ ਨੇ ਦੂਸਰਾ ਸਥਾਨ ਹਾਸਲ ਕੀਤਾ।ਉਤਸਵ ਦੇ ਅੰਤ 'ਤੇ ਸਾਰੇ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਸਮੋਸੇ, ਪ੍ਰਸਾਦ ਵਜੋਂ ਖੀਰ ਤੇ ਮਾਲਪੂੜੇ ਵੰਡੇ ਗਏ, ਜਿਸ ਨਾਲ ਤਿਉਹਾਰ ਦੀ ਮਿਠਾਸ ਹੋਰ ਵੀ ਵਧ ਗਈ।ਅੰਤ ਵਿੱਚ ਸਤਿਕਾਰਯੋਗ ਪ੍ਰਿੰਸੀਪਲ ਰਾਜਪਾਲ ਨੇ ਵਿਦਿਆਰਥਣਾਂ ਨੂੰ ਸੰਬੋਧਨ ਕਰਦਿਆਂ ਆਖਿਆ ਕਿ ਪੰਜਾਬੀ ਸੱਭਿਆਚਾਰ ਅਮੀਰ ਵਿਰਸਾ ਮੰਨਿਆ ਗਿਆ ਹੈ, ਇਸ ਲਈ ਸਾਨੂੰ ਆਉਣ ਵਾਲੀ ਪੀੜ੍ਹੀ ਲਈ ਵਿਰਾਸਤੀ ਯਾਦਾਂ ਸੰਭਾਲਣ ਲਈ ਉਪਰਾਲੇ ਕਰਨੇ ਚਾਹੀਦੇ ਹਨ।ਇਹ ਬੋਲ ਸਾਂਝੇ ਕਰਨ ਤੋਂ ਬਾਅਦ ਉਨ੍ਹਾਂ ਸਾਰਿਆਂ ਦਾ ਧੰਨਵਾਦ ਕੀਤਾ ਤੇ ਸਮੂਹ ਸਟਾਫ ਤੇ ਵਿਦਿਆਰਥੀਆਂ ਤੀਆਂ ਦੇ ਤਿਉਹਾਰ ਦੀਆਂ ਵਧਾਈਆਂ ਦਿੱਤੀਆਂ ਗਈਆਂ।

## ਮਾਊਂਟ ਲਿਟਰਾ ਜ਼ੀ ਸਕੂਲ ਵਿਖੇ ਵਿਗਿਆਨ ਤੇ ਗਣਿਤ ਕੁਇੱਜ਼



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਮਾਊਂਟ ਲਿਟਰਾ ਜ਼ੀ ਸਕੂਲ ਰਾਮਪੁਰਾ ਵਿਖੇ ਛੇਵੀਂ ਤੋਂ ਦਸਵੀਂ ਜਮਾਤ ਦੇ ਵਿਦਿਆਰਥੀਆਂ ਲਈ ਕਈ ਤਰ੍ਹਾਂ ਦੀਆਂ ਗਤੀਵਿਧੀਆਂ ਕਰਵਾਈਆਂ ਗਈਆਂ, ਜਿਸ ਵਿੱਚ ਛੇਵੀਂ ਤੋਂ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਲਈ ਵਿਗਿਆਨ ਤੇ ਗਣਿਤ ਕੁਇੱਜ਼ ਦਾ ਆਯੋਜਨ ਕੀਤਾ ਗਿਆ।ਇਸ ਮੁਕਾਬਲੇ ਦਾ ਉਦੇਸ਼ ਵਿਦਿਆਰਥੀਆਂ ਵਿੱਚ ਉਤਸੁਕਤਾ ਨੂੰ ਉਤਸ਼ਾਹਤ ਕਰਨਾ, ਉਨ੍ਹਾਂ ਦੇ ਵਿਸ਼ੇ ਦੇ ਗਿਆਨ ਨੂੰ ਮਜ਼ਬੂਤ ਕਰਨਾ ਤੇ ਉਨ੍ਹਾਂ ਵਿੱਚ ਸਿਹਤਮੰਦ ਮੁਕਾਬਲੇ ਦੀ ਭਾਵਨਾ ਪੈਦਾ ਕਰਨਾ ਸੀ।ਸਾਰੇ ਭਾਗੀਦਾਰਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ ਤੇ ਆਪਣੇ ਗਿਆਨ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਇਸ ਦੇ ਨਾਲ ਹੀ 9ਵੀਂ ਤੇ 10ਵੀਂ ਜਮਾਤ ਦੇ ਵਿਦਿਆਰਥੀਆਂ ਲਈ ਇੱਕ ਅੰਤਰ-ਹਾਊਸ 'ਐਡ ਮੇਡ ਸ਼ੋਅ' ਦਾ ਵੀ ਆਯੋਜਨ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਆਪਣੀ ਕਲਪਣਾ, ਪੇਸ਼ਕਾਰੀ ਦੇ ਹੁਨਰ ਤੇ ਰਚਨਾਤਮਕ ਇਸ਼ਤਿਹਾਰ ਪ੍ਰਦਰਸ਼ਤ ਕੀਤੇ।ਉਨ੍ਹਾਂ ਨੇ ਹੁਨਰ ਤੇ ਟੀਮ ਭਾਵਨਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਇਸ ਮੁਕਾਬਲੇ ਵਿੱਚ ਕੋਲੰਬਸ ਹਾਊਸ ਨੇ ਪਹਿਲਾ, ਗਾਂਧੀ ਹਾਊਸ ਨੇ ਦੂਜਾ ਤੇ ਦਾ ਵਿੰਚੀ ਹਾਊਸ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਇਸ ਮੌਕੇ ਸਕੂਲ ਦੇ ਪ੍ਰਧਾਨ ਗਗਨ ਬਾਂਸਲ, ਜਨਰਲ ਸਕੱਤਰ ਨਮਿਤ ਬਾਂਸਲ ਤੇ ਪ੍ਰਿੰਸੀਪਲ ਗੀਤਾ ਪਿੱਲੇਈ ਨੇ ਕਿਹਾ ਕਿ ਸਕੂਲ ਨੂੰ ਸਾਰੇ ਭਾਗੀਦਾਰਾਂ 'ਤੇ ਮਾਣ ਹੈ ਤੇ ਕਿਹਾ ਕਿ ਉਨ੍ਹਾਂ ਦੇ ਆਤਮ ਵਿਸ਼ਵਾਸ ਨੇ ਸਾਰਿਆਂ ਨੂੰ ਬਹੁਤ ਪ੍ਰਭਾਵਿਤ ਕੀਤਾ ਹੈ।ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਭਵਿੱਖ ਵਿੱਚ ਵੀ ਅਜਿਹੀਆਂ ਵਿੱਦਿਅਕ ਤੇ ਮਨੋਰੰਜਕ ਗਤੀਵਿਧੀਆਂ ਦਾ ਆਯੋਜਨ ਕੀਤਾ ਜਾਵੇਗਾ।

## ਡੀ ਡੀ ਪੰਜਾਬੀ ਦੇ ਸਿਲਵਰ ਜੁਬਲੀ ਸਮਾਗਮ ਸਮੇਂ ਗੀਤਕਾਰ ਅਮਰੀਕ ਤਲਵੰਡੀ ਦਾ ਵਿਸ਼ੇਸ਼ ਸਨਮਾਨ



**ਬੱਧਨੀ ਕਲਾਂ (ਲਵਲੀ ਮਾਛੀਕੇ)**-ਦੂਰਦਰਸ਼ਨ ਜਲੰਧਰ ਵੱਲੋਂ ਡੀ. ਡੀ. ਪੰਜਾਬੀ ਦੇ ਪੱਚੀ ਵਰ੍ਹੇ ਪੂਰੇ ਹੋਣ 'ਤੇ ਸਿਲਵਰ ਜੁਬਲੀ ਧੂਮ-ਧਾਮ ਨਾਲ ਮਨਾਈ ਗਈ।ਇਸ ਮੌਕੇ ਪ੍ਰਧਾਨਗੀ ਮੰਡਲ ਵਿੱਚ ਡਾਇਰੈਕਟਰ ਕੇਵਲ ਕ੍ਰਿਸ਼ਨ, ਡਾ. ਹਰਜੀਤ ਸਿੰਘ, ਡਾ. ਲਖਵਿੰਦਰ ਜੌਹਲ, ਪੁਨੀਤ ਸਹਿਗਲ, ਜਸਵੀਰ ਸਿੰਘ ਤੇ ਆਰ. ਕੇ. ਗਰੇਵਾਲ ਸ਼ਾਮਲ ਹੋਏ।ਸਮਾਗਮ ਵਿੱਚ ਉਨ੍ਹਾਂ ਕਲਾਕਾਰਾਂ ਤੇ ਗੀਤਕਾਰਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ, ਜਿਨ੍ਹਾਂ ਨੇ ਦੂਰਦਰਸ਼ਨ ਜਲੰਧਰ ਦੀ ਆਨ, ਸ਼ਾਨ ਤੇ ਮਾਣ ਵਧਾਉਣ ਵਿੱਚ ਬਹੁਤ ਲੰਬੇ ਸਮੇਂ ਤੋਂ ਵੱਡਾ ਯੋਗਦਾਨ ਪਾਇਆ ਹੈ।ਉਨ੍ਹਾਂ ਵਿੱਚ ਪ੍ਰਸਿੱਧ ਗੀਤਕਾਰ ਅਮਰੀਕ ਸਿੰਘ ਤਲਵੰਡੀ ਸਮੇਤ ਸਵ: ਸੁਰਿੰਦਰ ਛਿੰਦਾ, ਸਵ: ਕੁਲਦੀਪ ਮਾਣਕ, ਸਵ: ਸਰਦੂਲ ਸਿਕੰਦਰ, ਗੀਤਕਾਰ ਹਰਦੇਵ ਦਿਲਗੀਰ ਦੇਵ ਥਰੀਕੇ ਵਾਲੇ ਆਦਿ ਦੇ ਪਰਿਵਾਰ ਵਿੱਚੋਂ ਮਨਿੰਦਰ ਛਿੰਦਾ, ਲੋਕ ਗਾਇਕ ਯੁਧਵੀਰ ਮਾਣਕ, ਸ਼ਕਤੀ ਮਾਣਕ, ਲੋਕ ਗਾਇਕਾ ਅਮਰ ਨੂਰੀ ਵੀ ਸ਼ਾਮਲ ਹੋਈ।ਗੀਤਕਾਰ ਥਰੀਕੇ ਪਰਿਵਾਰ ਦਾ ਸਨਮਾਨ ਉਨ੍ਹਾਂ ਦੇ ਸ਼ਾਗਿਰਦ ਬਲਵੀਰ ਮਾਨ ਨੇ ਪ੍ਰਾਪਤ ਕੀਤਾ।ਇਸ ਤੋਂ ਬਿਨਾਂ ਲੋਕ ਗਾਇਕ ਵਿਨੋਦ ਸਿੰਗਲਾ ਤੇ ਸਰਬਜੀਤ ਕੌਰ ਵਾਲੀ ਦਾ ਵੀ ਬਹੁਤ ਹੀ ਸ਼ਾਨਦਾਰ ਢੰਗ ਨਾਲ ਸਨਮਾਨ ਕੀਤਾ ਗਿਆ।ਐਂਕਰ ਕਮਲਪ੍ਰੀਤ ਕੌਰ ਨੇ ਜਿੱਥੇ ਸਨਮਾਨਿਤ ਸ਼ਖਸੀਅਤਾਂ ਦੀ ਦਰਸ਼ਕਾਂ ਨਾਲ ਜਾਣ ਪਛਾਣ ਕਰਵਾਈ, ਉੱਥੇ ਸਟੇਜ 'ਤੇ ਸ਼ਸ਼ੋਭਤ ਦੂਰਦਰਸ਼ਨ ਦੇ ਸਾਬਕਾ ਪ੍ਰੋਡਿਊਸਰ ਹਰਜੀਤ ਸਿੰਘ ਨੇ ਮਹਿਮਾਨਾਂ ਨੂੰ ਬੜੇ ਦਿਲਚਸਪ ਸਵਾਲ ਕੀਤੇ ਗਏ ਅਤੇ ਉੱਥੇ ਹੀ ਮਹਿਮਾਨਾਂ ਨੇ ਵੀ ਸਵਾਲਾਂ ਦੇ ਜਵਾਬ ਵਿੱਚ ਆਪਣੀ ਪ੍ਰਾਪਤੀ ਵਿੱਚ ਦੂਰਦਰਸ਼ਨ ਦੇ ਵੱਡੇ ਯੋਗਦਾਨ ਦੀ ਭਰਪੂਰ ਪ੍ਰਸ਼ੰਸਾ ਕੀਤੀ।ਇਹ ਸਾਰਾ ਪ੍ਰੋਗਰਾਮ ਦੂਰਦਰਸ਼ਨ ਜਲੰਧਰ ਤੋਂ 5 ਅਗਸਤ ਨੂੰ ਰਾਤੀਂ 7 ਵਜੇ ਦਰਸ਼ਕਾਂ ਨਾਲ ਸਾਂਝਾ ਕੀਤਾ ਜਾਵੇਗਾ।ਇਸ ਮੌਕੇ ਮਾਸਟਰ ਅਜਮੇਲ ਸਿੰਘ ਮੋਹੀ, ਦਵਿੰਦਰ ਲੰਮੇ, ਅਵਤਾਰ ਸਿੰਘ ਬੱਸੀਆਂ, ਬੂਟਾ ਸਿੰਘ ਮਲਕ, ਮੋਹਨ ਹਸਨਪੁਰੀ, ਬਲਵੀਰ ਮਾਨ, ਭੁਪਿੰਦਰ ਸਿੰਘ ਬਾਰਨਹਾੜਾ, ਮੱਖਣ ਮਾਨ, ਪ੍ਰੇਮ ਲੋਹਟ, ਇੰਦਰਜੀਤ ਗੋਗੀ ਆਦਿ ਹਾਜ਼ਰ ਸਨ।

## ਯੂਨੀਵਰਸਲ ਕਾਲਜ ਨੇ ਤੀਆਂ ਦਾ ਤਿਉਹਾਰ ਮਨਾਇਆ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਯੂਨੀਵਰਸਲ ਕਾਲਜ ਪਾਤੜਾਂ ਵਿਖੇ ਤੀਆਂ ਦਾ ਤਿਉਹਾਰ ਮਨਾਇਆ ਗਿਆ।ਕਾਲਜ ਦੇ ਚੇਅਰਮੈਨ ਬਲਜੀਤ ਸਿੰਘ, ਵਾਈਸ ਚੇਅਰਮੈਨ ਵਰਿੰਦਰ ਸਿੰਘ ਧਾਲੀਵਾਲ ਤੇ ਸੈਕਟਰੀ ਪਰਮਿੰਦਰ ਸਿੰਘ ਘੱਗਾ ਨੇ ਸਮੂਹ ਸਟਾਫ ਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਪੰਜਾਬੀ ਵਿਰਸੇ ਨਾਲ ਸੰਬੰਧਤ ਤਿਉਹਾਰਾਂ ਨੂੰ ਮਨਾਉਂਦਿਆਂ ਵਿਰਸੇ ਨੂੰ ਪ੍ਰਫੁਲਤ ਕਰਨ ਦਾ ਸੰਦੇਸ਼ ਦਿੱਤਾ।ਪ੍ਰੋਗਰਾਮ ਦੀ ਸ਼ੁਰੂਆਤ ਸਮੂਹ ਮਹਿਲਾ ਪ੍ਰੋਫੈਸਰ ਤੇ ਵਿਦਿਆਰਥਣਾਂ ਵੱਲੋਂ ਵਾਰੀ ਵਾਰੀ ਪੀਂਘ ਝੂਟ ਕੇ ਕੀਤੀ ਗਈ।ਪ੍ਰੋਗਰਾਮ ਦਾ ਸੰਚਾਲਨ ਕਰਦਿਆਂ ਪ੍ਰੋਫੈਸਰ ਕੋਮਲ ਨੇ ਵਿਦਿਆਰਥਣਾਂ ਨੂੰ ਰੰਗਲੇ ਤੇ ਮਾਣਮੱਤੇ ਸੱਭਿਆਚਾਰ ਨੂੰ ਮਾਣਦਿਆਂ ਇਸ ਦੀ ਵਿਸ਼ਾਲਤਾ ਦਾ ਹਿੱਸਾ ਬਣਨ ਲਈ ਪ੍ਰੇਰਿਆ।ਸਮਾਗਮ ਦੌਰਾਨ ਵਿਦਿਆਰਥਣਾਂ ਨੇ ਲੋਕ ਗੀਤ, ਲੋਕ ਬੋਲੀਆਂ, ਗਿੱਧਾ, ਭੰਗੜਾ, ਲੋਕ ਨਾਟਕ ਆਦਿ ਰਾਹੀਂ ਸਮੇਂ ਨੂੰ ਚਾਰ ਚੰਨ ਲਾ ਦਿੱਤੇ।ਇਸ ਮੌਕੇ ਮਹਿੰਦੀ ਲਾਉਣ ਤੇ ਚੁੰਨੀਆਂ ਦੀ ਸਜਾਵਟ ਦੇ ਮੁਕਾਬਲੇ ਫੈਸ਼ਨ ਸ਼ੋਅ ਇਸ ਪ੍ਰੋਗਰਾਮ ਦਾ ਹਿੱਸਾ ਸਨ।ਵਿਦਿਆਰਥਣਾਂ ਨੇ ਤੀਆਂ ਦੇ ਇਤਿਹਾਸ ਤੇ ਮਹੱਤਵ ਬਾਰੇ ਵੀ ਆਪਣੇ ਵਿਚਾਰ ਸਾਂਝੇ ਕੀਤੇ। ਪ੍ਰੋਗਰਾਮ ਵਾਲੀ ਥਾਂ ਨੂੰ ਫੁੱਲਕਾਰੀਆਂ, ਪੱਖੀਆਂ, ਲੜੀਆਂ, ਗੁਬਾਰੇ ਤੇ ਹੋਰ ਸਜਾਵਟੀ ਸਮੱਗਰੀ ਨਾਲ ਸਜਾਇਆ ਹੋਇਆ ਸੀ।ਸਮੂਹ ਸਟਾਫ ਤੇ ਵਿਦਿਆਰਥਣਾਂ ਲਈ ਰਿਵਾਇਤੀ ਖਾਣੇ ਦਾ ਪ੍ਰਬੰਧ ਕੀਤਾ ਸੀ। ਕਾਲਜ ਦੇ ਸਮੂਹ ਪ੍ਰੋਫੈਸਰ ਸਾਹਿਬਾਨ ਹਾਜ਼ਰ ਸਨ।ਪ੍ਰੋਗਰਾਮ ਦੇ ਅੰਤ ਵਿੱਚ ਸੰਸਥਾ ਦੇ ਡਾਇਰੈਕਟਰ ਡਾ. ਅਮਰੀਸ਼ ਧਵਨ ਤੇ ਕਾਲਜ ਦੇ ਪ੍ਰਿੰਸੀਪਲ ਯਾਦਵਿੰਦਰ ਸਿੰਘ ਨੇ ਪਹੁੰਚੀਆਂ ਸ਼ਖਸੀਅਤਾਂ ਦਾ ਧੰਨਵਾਦ ਕੀਤਾ।

## ਸ਼੍ਰੋਮਣੀ ਅਕਾਲੀ ਦਲ ਵੱਲੋਂ ਪੰਜ ਸਰਕਲ ਪ੍ਰਧਾਨ ਨਿਯੁਕਤ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਸ਼੍ਰੋਮਣੀ ਅਕਾਲੀ ਦਲ ਹਲਕਾ ਮਹਿਲ ਕਲਾਂ ਦੇ ਇੰਚਾਰਜ ਜਥੇਦਾਰ ਨਾਥ ਸਿੰਘ ਹਮੀਦੀ ਨੇ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਐਡਵੋਕੇਟ ਸਤਨਾਮ ਸਿੰਘ ਰਾਹੀ, ਸਮੂਹ ਆਗੂਆਂ ਦੀ ਰਾਇ ਸਲਾਹ ਨਾਲ ਹਲਕੇ ਨਾਲ ਸਬੰਧਤ ਪੰਜ ਸਰਕਲ ਪ੍ਰਧਾਨ ਦੀ ਚੋਣ ਸਰਬਸੰਮਤੀ ਨਾਲ ਕੀਤੀ ਗਈ।ਇਸ ਮੌਕੇ ਨਿਯੁਕਤ ਕੀਤੇ ਅਹੁਦੇਦਾਰਾਂ ਵਿੱਚ ਸਰਕਲ ਸ਼ੇਰਪੁਰ ਦੇ ਪ੍ਰਧਾਨ ਜਗਦੇਵ ਸਿੰਘ ਬਦੇਸ਼ਾ, ਸਰਕਲ ਠੁੱਲੀਵਾਲ ਦੇ ਪ੍ਰਧਾਨ ਗੁਰਦੀਪ ਸਿੰਘ ਛਾਪਾ, ਸਰਕਲ ਮਹਿਲ ਕਲਾਂ ਦੇ ਪ੍ਰਧਾਨ ਸੁਖਵਿੰਦਰ ਸਿੰਘ ਸੁੱਖਾ, ਸਰਕਲ ਗਹਿਲ ਦੇ ਪ੍ਰਧਾਨ ਬਚਿੱਤਰ ਸਿੰਘ ਰਾਇਸਰ, ਸਰਕਲ ਟੱਲੇਵਾਲ ਦੇ ਪ੍ਰਧਾਨ ਬਲਰਾਜ ਸਿੰਘ ਕਾਕਾ ਟੱਲੇਵਾਲ ਸ਼ਾਮਲ ਕੀਤੇ ਗਏ ਹਨ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਐਡਵੋਕੇਟ ਸਤਨਾਮ ਸਿੰਘ ਰਾਹੀ ਇੰਚਾਰਜ ਭਦੌੜ, ਮੈਂਬਰ ਵਰਕਿੰਗ ਕਮੇਟੀ ਬੀਰਇੰਦਰ ਸਿੰਘ ਜ਼ੈਲਦਾਰ, ਹਲਕਾ ਇੰਚਾਰਜ ਜਥੇਦਾਰ ਨਾਥ ਸਿੰਘ ਹਮੀਦੀ ਨੇ ਨਵੇਂ ਅਹੁਦੇਦਾਰਾਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਤ ਕੀਤਾ।ਉਨ੍ਹਾਂ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ, ਸਮੁੱਚੀ ਹਾਈ ਕਮਾਂਡ ਦੀਆਂ ਹਦਾਇਤਾਂ ਅਨੁਸਾਰ ਸ਼੍ਰੋਮਣੀ ਅਕਾਲੀ ਦਲ ਨੂੰ ਮਜ਼ਬੂਤ ਬਣਾਉਣ, ਨਸ਼ਿਆਂ ਤੇ ਹੋਰ ਸਮਾਜਿਕ ਅਲਾਮਤਾਂ ਦੇ ਖਾਤਮੇ ਤੇ ਪ੍ਰਦੂਸ਼ਣ ਦੇ ਮਾਰੂ ਪ੍ਰਭਾਵ ਨੂੰ ਠੱਲ੍ਹਣ ਲਈ ਪਿੰਡ-ਪਿੰਡ ਬੂਟੇ ਲਗਾਉਣ ਵੱਲ ਵਿਸ਼ੇਸ਼ ਧਿਆਨ ਦੇਣ ਦੀ ਅਪੀਲ ਕੀਤੀ।ਨਵ-ਨਿਯੁਕਤ ਅਹੁਦੇਦਾਰਾਂ ਨੇ ਪਾਰਟੀ ਵੱਲੋਂ ਸੌਂਪੀ ਗਈ ਜ਼ਿੰਮੇਵਾਰੀ ਨੂੰ ਵਧੇਰੇ ਲਗਨ ਮਿਹਨਤ ਨਾਲ ਨਿਭਾਉਣ ਦਾ ਅਹਿਦ ਕੀਤਾ।ਇਸ ਮੌਕੇ ਸਾਬਕਾ ਚੇਅਰਮੈਨ ਲਛਮਣ ਸਿੰਘ ਮੂੰਮ, ਜਥੇ: ਕੌਰ ਸਿੰਘ, ਜਸਵਿੰਦਰ ਸਿੰਘ ਦੀਦਾਰਗੜ੍ਹ, ਰਾਜਿੰਦਰ ਸਿੰਘ ਛੀਨੀਵਾਲ, ਜਸਪ੍ਰੀਤ ਸਿੰਘ ਜੱਸੀ, ਬਲਦੇਵ ਸਿੰਘ ਗਾਗੇਵਾਲ, ਗੁਰਮੇਲ ਸਿੰਘ ਕਲਾਲਾ, ਗੁਰਜੀਤ ਸਿੰਘ ਕਲਾਲਾ, ਨਿਸ਼ਾਨ ਸਿੰਘ ਗਹਿਲ, ਜਥੇ: ਗੁਰਮੇਲ ਸਿੰਘ ਸੰਧੂ, ਗੁਰਮੇਲ ਸਿੰਘ ਦੀਵਾਨਾ, ਬੀਬੀ ਪਰਮਜੀਤ ਕੌਰ ਠੁੱਲੇਵਾਲ, ਬੇਅੰਤ ਕੌਰ ਖਹਿਰਾ, ਬੀਬੀ ਚਰਨਜੀਤ ਕੌਰ ਆਦਿ ਆਗੂਆਂ ਨੇ ਇਨ੍ਹਾਂ ਨਿਯੁਕਤੀਆਂ ਉਪਰ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਪਾਰਟੀ ਆਗੂਆਂ ਦਾ ਧੰਨਵਾਦ ਕੀਤਾ।

## 'ਆਪ' ਦੇ ਸੰਗਠਨ ਨੂੰ ਮਜ਼ਬੂਤ ਕਰਨ ਲਈ ਸ਼ਾਹਪੁਰ 'ਚ ਮੀਟਿੰਗ



**ਦੋਰਾਹਾ (ਹਰਮਿੰਦਰ ਸੇਠ)**-ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾਂ ਤੇ ਹਲਕਾ ਪਾਇਲ ਦੇ ਵਿਧਾਇਕ ਇੰਜ. ਮਨਵਿੰਦਰ ਸਿੰਘ ਗਿਆਸਪੁਰਾ ਦੀ ਅਗਵਾਈ ਵਿੱਚ ਆਮ ਆਦਮੀ ਪਾਰਟੀ ਦੀਆਂ ਲੋਕ ਭਲਾਈ ਨੀਤੀਆਂ ਨੂੰ ਘਰ-ਘਰ ਪਹੁੰਚਾਉਣ ਲਈ ਬਲਾਕ ਦੋਰਾਹਾ ਦੇ ਪਿੰਡ ਸ਼ਾਹਪੁਰ ਵਿਖੇ ਕੋਟਲੀ, ਚਣਕੋਈਆਂ ਖ਼ੁਰਦ, ਚਣਕੋਈਆਂ ਕਲਾਂ ਤੇ ਗੁਰਦਿੱਤਪੁਰਾ ਆਦਿ ਪਿੰਡ ਦੇ ਸਰਪੰਚਾਂ ਦੀ ਸਾਂਝੀ ਮੀਟਿੰਗ ਸਰਪੰਚ ਮਲਦੀਪ ਸਿੰਘ ਮੁੰਡੀ ਸ਼ਾਹਪੁਰ ਦੇ ਗ੍ਰਹਿ ਵਿਖੇ ਕੀਤੀ ਗਈ।ਮੀਟਿੰਗ ਵਿੱਚ ਹਲਕਾ ਪਾਇਲ ਦੇ ਸੰਗਠਨ ਇੰਚਾਰਜ ਗੁਰਵਿੰਦਰ ਸਿੰਘ ਰਾਣਾ ਕੂੰਨਰ ਦੋਰਾਹਾ ਨੌਜਵਾਨਾਂ ਨੂੰ ਲਾਮਬੰਦ ਕਰਨ ਲਈ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਮੀਟਿੰਗ ਨੂੰ ਸੰਬੋਧਨ ਕਰਦਿਆਂ ਸੰਗਠਨ ਇੰਚਾਰਜ ਗੁਰਵਿੰਦਰ ਸਿੰਘ ਰਾਣਾ ਕੂੰਨਰ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੂੰ ਬੂਥ ਪੱਧਰ ਤੱਕ ਹੋਰ ਵੀ ਵਧੇਰੇ ਮਜ਼ਬੂਤ ਕੀਤਾ ਜਾ ਰਿਹਾ ਹੈ। ਉਨ੍ਹਾਂ ਪਾਰਟੀ ਦੇ ਵਰਕਰਾਂ ਨੂੰ ਇੱਕਸੁਰਤਾ ਨਾਲ ਲਾਮਬੰਦ ਹੋ ਕੇ ਚੱਲਣ ਤੇ ਪਾਰਟੀ ਦਾ ਵਿਸਥਾਰ ਕਰਨ ਲਈ ਪ੍ਰੇਰਿਤ ਕੀਤਾ।ਇਸ ਸਮੇਂ ਸਰਪੰਚ ਮਲਦੀਪ ਸਿੰਘ ਮੁੰਡੀ ਨੇ ਸੰਗਠਨ ਇੰਚਾਰਜ ਗੁਰਵਿੰਦਰ ਸਿੰਘ ਰਾਣਾ ਕੂੰਨਰ ਦਾ ਸਨਮਾਨ ਕੀਤਾ ਤੇ ਇੱਕਤਰ ਹੋਏ ਬਲਾਕ ਦੇ ਸਮੂਹ ਅਹੁਦੇਦਾਰਾਂ ਦਾ ਧੰਨਵਾਦ ਕੀਤਾ। ਇਸ ਮੌਕੇ ਪ੍ਰਿਤਪਾਲ ਸਿੰਘ, ਕੋਟਲੀ ਸੁਰਿੰਦਰ ਸਿੰਘ, ਰਾਏ ਸਿੰਘ ਪੰਚ, ਬਲਦੇਵ ਸਿੰਘ ਪੰਚ, ਚਰਨਜੀਤ ਸਿੰਘ, ਸਰਪੰਚ ਦਵਿੰਦਰ ਸਿੰਘ, ਹਰਜਿੰਦਰ ਸਿੰਘ, ਹਰਵਿੰਦਰ ਸਿੰਘ, ਕਸ਼ਮੀਰ ਸਿੰਘ, ਸਰਪੰਚ ਹਰਿੰਦਰ ਸਿੰਘ ਆਦਿ ਹਾਜ਼ਰ ਸਨ।

# ਯੂਥ ਅਕਾਲੀ ਆਗੂ ਦੇ ਘਰ 'ਤੇ ਚੱਲੀ ਗੋਲੀ

## ਮਾਮਲਾ 50 ਲੱਖ ਦੀ ਫਿਰੌਤੀ ਮੰਗਣ ਦਾ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**

ਸਰਹੱਦੀ ਕਸਬਾ ਡੇਰਾ ਬਾਬਾ ਨਾਨਕ ਦੇ ਨਜ਼ਦੀਕੀ ਪਿੰਡ ਵੈਰੋਕੇ ਵਿਖੇ ਤੜਕਸਾਰ ਅਣਪਛਾਤੇ ਵਿਅਕਤੀਆਂ ਵੱਲੋਂ ਯੂਥ ਅਕਾਲੀ ਦਲ ਬਾਦਲ ਦੇ ਸਰਕਲ ਪ੍ਰਧਾਨ ਅਤੇ ਪੰਜਾਬ ਦੇ ਸਾਬਕਾ ਮੰਤਰੀ ਜਥੇਦਾਰ ਸੁੱਚਾ ਸਿੰਘ ਲੰਗਾਹ ਦੇ ਬਹੁਤ ਹੀ ਨਜ਼ਦੀਕੀ ਸਾਥੀ ਹਰਸਿਮਰਤ ਸਿੰਘ ਬਾਜਵਾ ਦੇ ਘਰ ਉੱਪਰ ਗੋਲੀ ਚਲਾਉਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ।ਹਮਲਾਵਰ ਉਨ੍ਹਾਂ ਦੇ ਗੇਟ ਉਪਰ ਗੋਲੀਆਂ ਚਲਾ ਕੇ ਫ਼ਰਾਰ ਹੋ ਗਏ ਪਰ ਜਾਨੀ ਨੁਕਸਾਨ ਹੋਣੋਂ ਬਚ ਗਿਆ।ਗੋਲੀ ਚਲਾਉਣ ਦੀ ਵੀਡੀਓ ਸੀਸੀਟੀਵੀ ਕੈਮਰੇ 'ਚ ਕੈਦ ਹੋ ਗਈ ਹੈ।ਇਸ ਸਬੰਧੀ ਪੱਤਰਕਾਰਾਂ ਨੂੰ ਵਧੇਰੇ ਜਾਣਕਾਰੀ ਦਿੰਦਿਆਂ ਯੂਥ ਆਗੂ ਹਰਸਿਮਰਤ ਸਿੰਘ ਬਾਜਵਾ ਨੇ ਦੱਸਿਆ ਕਿ ਪਿਛਲੇ ਕਰੀਬ ਢਾਈ ਮਹੀਨੇ ਤੋਂ ਉਨ੍ਹਾਂ ਨੂੰ ਵਿਦੇਸ਼ੀ ਨੰਬਰਾਂ ਤੋਂ ਫੋਨ ਕਾਲਾਂ ਆ ਰਹੀਆਂ ਸਨ, ਜਿਸ ਵਿੱਚ ਉਨ੍ਹਾਂ ਕੋਲੋਂ 50 ਲੱਖ ਰੁਪਏ ਦੀ ਫਿਰੌਤੀ ਮੰਗੀ ਜਾ ਰਹੀ ਸੀ, ਜਿਸ ਦੀ ਸੂਚਨਾ ਉਨ੍ਹਾਂ ਵੱਲੋਂ ਤੁਰੰਤ ਡੇਰਾ ਬਾਬਾ ਨਾਨਕ ਪੁਲਸ ਤੇ ਐੱਸਐੱਸਪੀ ਬਟਾਲਾ ਨੂੰ ਦਿੱਤੀ ਗਈ ਸੀ, ਜਿਨ੍ਹਾਂ ਵੱਲੋਂ ਉਨ੍ਹਾਂ ਨੂੰ ਪੁਲਸ ਸੁਰੱਖਿਆ ਦਿੱਤੀ ਹੋਈ ਸੀ।ਉਨ੍ਹਾਂ ਦੱਸਿਆ ਕਿ ਸਵੇਰੇ 2 ਨੌਜਵਾਨ ਮੋਟਰਸਾਈਕਲ 'ਤੇ ਸਵਾਰ ਹੋ ਕੇ ਆਏ ਜਿਨ੍ਹਾਂ ਵਿੱਚੋਂ ਇੱਕ ਨੇ ਆਉਂਦਿਆਂ ਹੀ ਸਾਡੇ ਘਰ ਉਪਰ ਗੋਲੀਆਂ ਚਲਾਉਣੀਆਂ ਸ਼ੁਰੂ ਕਰ ਦਿੱਤੀਆਂ ਤੇ ਜਦ ਸੁਰੱਖਿਆ ਗਾਰਡ ਨੇ ਅੱਗੋਂ ਗੋਲੀਆਂ ਚਲਾਈਆਂ ਤਾਂ ਉਕਤ ਵਿਅਕਤੀ ਮੋਟਰਸਾਈਕਲ 'ਤੇ ਫ਼ਰਾਰ ਹੋ ਗਏ।ਉਨ੍ਹਾਂ ਦੱਸਿਆ ਕਿ ਫੋਨ ਕਾਲਾਂ ਕਰਨ ਵਾਲਾ ਵਿਅਕਤੀ ਆਪਣੇ ਆਪ ਨੂੰ ਨਿਸ਼ਾਨ ਸਿੰਘ ਵਾਸੀ ਨਜ਼ਦੀਕੀ ਪਿੰਡ ਜੌੜੀਆਂ ਕਲਾਂ ਦੱਸ ਰਿਹਾ ਹੈ। ਪੁਲਸ ਥਾਣਾ ਡੇਰਾ ਬਾਬਾ ਨਾਨਕ ਦੇ ਐੱਸਐੱਚਓ ਸਤਪਾਲ ਸਿੰਘ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਦੱਸਿਆ ਕਿ ਹਰਸਿਮਰਤ ਸਿੰਘ ਪਿੰਡ ਵੈਰੋਕੇ ਨੂੰ ਪਿਛਲੇ ਕਰੀਬ ਢਾਈ ਮਹੀਨਿਆਂ ਤੋਂ ਨਿਸ਼ਾਨ ਸਿੰਘ ਦੇ ਨਾਮ 'ਤੇ ਵਿਦੇਸ਼ੀ ਨੰਬਰਾਂ ਤੋਂ ਫ਼ਿਰੌਤੀ ਦੀਆਂ ਕਾਲਾਂ ਆ ਰਹੀਆਂ ਸਨ ਜਿਸ ਵੱਲੋਂ ਉਨ੍ਹਾਂ ਕੋਲੋਂ 50 ਲੱਖ ਰੁਪਏ ਦੀ ਫ਼ਿਰੌਤੀ ਦੀ ਮੰਗ ਕੀਤੀ ਜਾ ਰਹੀ ਸੀ।ਉਨ੍ਹਾਂ ਦੱਸਿਆ ਕਿ ਪੁਲਸ ਵੱਲੋਂ ਨਿਸ਼ਾਨ ਸਿੰਘ ਤੇ ਉਸ ਦੇ ਪਰਿਵਾਰ 'ਤੇ ਪਰਚਾ ਦਰਜ ਕਰਕੇ ਪੁਲਸ ਵੱਲੋਂ ਵੱਖ-ਵੱਖ ਟੀਮਾਂ ਬਣਾ ਕੇ ਛਾਪੇਮਾਰੀ ਕੀਤੀ ਜਾ ਰਹੀ ਹੈ।ਪੁਲਸ ਵੱਲੋਂ ਉਨ੍ਹਾਂ ਨੂੰ ਜਲਦੀ ਹੀ ਗ੍ਰਿਫ਼ਤਾਰ ਕਰ ਲਿਆ ਜਾਵੇਗਾ।ਉਨ੍ਹਾਂ ਦੱਸਿਆ ਕਿ ਨਿਸ਼ਾਨ ਸਿੰਘ ਉੱਪਰ ਪਹਿਲਾਂ ਵੀ ਕਈ ਮੁਕੱਦਮੇ ਦਰਜ ਹਨ।



## ਫਿਰੌਤੀ ਮੰਗਣ ਤੇ ਜਾਨੋਂ ਮਾਰਨ ਦੀਆਂ ਧਮਕੀਆਂ ਦੇਣ ਵਾਲੇ ਖਿਲਾਫ ਮਾਮਲਾ ਦਰਜ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-50 ਲੱਖ ਰੁਪਏ ਦੀ ਫਿਰੌਤੀ ਮੰਗਣ ਵਾਲੇ ਅਤੇ ਜਾਨੋਂ ਮਾਰਨ ਦੀਆਂ ਧਮਕੀਆਂ ਦੇਣ ਵਾਲੇ ਇੱਕ ਵਿਅਕਤੀ ਦੇ ਖਿਲਾਫ ਕਾਦੀਆਂ ਪੁਲਸ ਵੱਲੋਂ ਮਾਮਲਾ ਦਰਜ ਕੀਤੇ ਜਾਣ ਦਾ ਸਮਾਚਾਰ ਮਿਲਿਆ ਹੈ।ਪੁਲਸ ਨੂੰ ਦਿੱਤੀ ਜਾਣਕਾਰੀ ਵਿੱਚ ਪਵਨਬੀਰ ਸਿੰਘ ਪੁੱਤਰ ਤੇਜਿੰਦਰ ਸਿੰਘ ਵਾਸੀ ਪਿੰਡ ਧਰਮਕੋਟ ਥਾਣਾ ਘੁਮਾਣ ਦੇ ਵੱਲੋਂ ਦੱਸਿਆ ਗਿਆ ਕਿ ਉਸ ਦੀ ਦੁਕਾਨ ਰੇਲਵੇ ਰੋਡ ਕਾਦੀਆਂ ਵਿਖੇ ਹੈ ਜੋ ਕਿ ਇਮੀਗ੍ਰੇਸ਼ਨ ਦਾ ਕੰਮ ਕਰਦਾ ਹੈ।ਉਹ ਆਪਣੇ ਦਫਤਰ ਵਿੱਚ ਕੰਮ ਕਰ ਰਿਹਾ ਸੀ ਤਾਂ ਇਸ ਦੌਰਾਨ ਉਸ ਨੂੰ ਕਰੀਬ ਬਾਅਦ ਦੁਪਹਿਰ 2-30 ਮਿੰਟ 'ਤੇ ਵਿਦੇਸ਼ੀ ਨੰਬਰ +351966586388 ਤੋਂ ਕਿਸੇ ਵਿਅਕਤੀ ਵੱਲੋਂ ਕਾਲ ਆਈ ਜਿਸ ਨੇ ਉਸ ਨੂੰ ਕਿਹਾ ਕਿ ਮੈਂ ਡੋਨੀ ਬੱਲ ਬੋਲਦਾ ਹਾਂ, ਤੂੰ ਲੋਕਾਂ ਨੂੰ ਬਾਹਰ ਵਿਦੇਸ਼ ਭੇਜਣ ਦਾ ਕੰਮ ਕਰਦਾ ਹੈਂ, ਮੇਰੇ ਲਈ 50 ਲੱਖ ਰੁਪਏ ਤਿਆਰ ਕਰਕੇ ਸ਼ਾਮ ਤੱਕ ਮੈਨੂੰ ਵਾਪਸ ਇਸੇ ਨੰਬਰ 'ਤੇ ਫੋਨ ਕਰ ।ਨਹੀਂ ਤਾਂ ਤੇਰਾ ਅਤੇ ਤੇਰੇ ਪਰਿਵਾਰ ਦਾ ਨੁਕਸਾਨ ਹੋਵੇਗਾ।ਏਐੱਸਆਈ ਕੁਲਵਿੰਦਰ ਸਿੰਘ ਦੇ ਵੱਲੋਂ ਪਵਨਬੀਰ ਸਿੰਘ ਦੇ ਬਿਆਨਾਂ ਦੇ ਆਧਾਰ 'ਤੇ ਥਾਣਾ ਕਾਦੀਆਂ ਵਿਖੇ ਮੁਕੱਦਮਾ ਨੰਬਰ 113 ਜੁਰਮ 308 (4),351(2) ਬੀਐੱਨਐੱਸ ਦੇ ਤਹਿਤ ਅਣਪਛਾਤੇ ਵਿਅਕਤੀ ਦੇ ਖਿਲਾਫ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## 15 ਐੱਚ ਸੀ ਐੱਸ ਅਧਿਕਾਰੀਆਂ ਦੀ ਆਈ ਏ ਐੱਸ ਵਜੋਂ ਤਰੱਕੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)**-ਭਾਰਤ ਸਰਕਾਰ ਦੇ ਪਰਸੋਨਲ, ਲੋਕ ਸ਼ਿਕਾਇਤ ਅਤੇ ਪੈਨਸ਼ਨ ਮੰਤਰਾਲਾ ਨੇ ਹਰਿਆਣਾ ਸਿਵਲ ਸੇਵਾ (ਐੱਚਸੀਐੱਸ) ਦੇ 15 ਅਧਿਕਾਰੀਆਂ ਨੂੰ ਭਾਰਤੀ ਪ੍ਰਸ਼ਾਸਨਕ ਸੇਵਾ (ਆਈਏਐੱਸ) ਵਿੱਚ ਨਿਯੁਕਤ ਕਰਨ ਦਾ ਐਲਾਨ ਕੀਤਾ ਹੈ।ਇਹ ਨਿਯੁਕਤੀਆਂ ਸਾਲ 2021-2022, 2023 ਅਤੇ 2024 ਦੀ ਚੋਣ ਸੂਚੀਆਂ ਲਈ ਨਿਰਧਾਰਿਤ ਖਾਲੀ ਅਹੁਦਿਆਂ 'ਤੇ ਕੀਤੀਆਂ ਗਈਆਂ ਹਨ।ਇਨ੍ਹਾਂ ਵਿੱਚ ਵਿਵੇਕ ਪਦਮ ਸਿੰਘ ਅਤੇ ਡਾ. ਮੁਨੀਸ਼ ਨਾਗਪਾਲ ਨੂੰ ਸਾਲ 2021 ਦਾ ਬੈਚ, ਮਹੇਂਦਰ ਪਾਲ, ਸਤਪਾਲ ਸ਼ਰਮਾ ਅਤੇ ਸੁਸ਼ੀਲ ਕੁਮਾਰ-1 ਨੂੰ ਸਾਲ 2022 ਦਾ ਬੈਚ, ਵਰਸ਼ਾ ਖੰਗਵਾਲ, ਵੀਰੇਂਦਰ ਸਿੰਘ ਸਹਿਰਾਵਤ, ਸਵੇਂਦਰ ਦੁਹਨ, ਮਨਿਤਾ ਮਲਿਕ, ਸਤਬੀਰ ਸਿੰਘ, ਅਮ੍ਰਿਤਾ ਸਿੰਘ, ਯੋਗੇਸ਼ ਕੁਮਾਰ ਅਤੇ ਵੰਦਨਾ ਦਿਸੋਦਿਆ ਨੂੰ ਸਾਲ 2023 ਦਾ ਬੈਚ ਅਤੇ ਜੈਦੀਪ ਕੁਮਾਰ ਅਤੇ ਸਮਵਰਤਕ ਸਿੰਘ ਖੰਗਵਾਲ ਨੂੰ ਸਾਲ 2024 ਦਾ ਬੈਚ ਦਿੱਤਾ ਗਿਆ ਹੈ।

## ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਵੱਲੋਂ ਈ ਟੀ ਓ ਦੇ ਘਰ ਅੱਗੇ ਧਰਨਾ

**ਝਬਾਲ (ਹਰਜਿੰਦਰ ਸਿੰਘ ਸੋਨੀ)**

ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਵੱਲੋਂ ਮਜ਼ਦੂਰਾਂ ਦੀਆਂ ਭਖਦੀਆਂ ਮੰਗਾਂ ਨੂੰ ਲੈ ਕੇ ਨਿਊ ਅੰਮ੍ਰਿਤਸਰ ਵਿਖੇ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਦੇ ਘਰ ਅੱਗੇ ਵਿਸ਼ਾਲ ਧਰਨਾ ਲਗਾਇਆ ਗਿਆ। ਧਰਨੇ ਦੀ ਅਗਵਾਈ ਦਿਹਾਤੀ ਮਜ਼ਦੂਰ ਸਭਾ ਦੇ ਜਸਬੀਰ ਸਿੰਘ ਵੈਰੋਵਾਲ, ਕੁੱਲ ਹਿੰਦ ਮਜ਼ਦੂਰ ਯੂਨੀਅਨ ਦੇ ਆਗੂ ਗੁਰਨਾਮ ਸਿੰਘ ਤਲਵੰਡੀ, ਪੰਜਾਬ ਖੇਤ ਮਜ਼ਦੂਰ ਸਭਾ ਦੇ ਸੁਖਦੇਵ ਸਿੰਘ ਕੋਟ ਧਰਮਚੰਦ, ਪੇਂਡੂ ਮਜ਼ਦੂਰ ਯੂਨੀਅਨ ਦੇ ਰਾਜ ਕੁਮਾਰ ਪੰਡੋਰੀ, ਮੁਕਤੀ ਮੋਰਚਾ ਦੇ ਮੇਜਰ ਸਿੰਘ ਨੇ ਕੀਤੀ।ਧਰਨੇ ਵਿੱਚ ਹਜ਼ਾਰਾਂ ਮਜ਼ਦੂਰਾਂ ਨੇ ਹਿੱਸਾ ਲਿਆ। ਲੱਗੇ ਵਿਸ਼ਾਲ ਧਰਨੇ ਨੂੰ ਸੰਬੋਧਨ ਕਰਦਿਆਂ ਮੋਰਚੇ ਦੇ ਸੂਬਾਈ ਆਗੂ ਗੁਰਨਾਮ ਸਿੰਘ ਦਾਊਦ, ਚਮਨ ਲਾਲ ਦਰਾਜਕੇ, ਸ਼ਮਸ਼ੇਰ ਸਿੰਘ ਬਟਾਲਾ, ਜਸਬੀਰ ਸਿੰਘ ਝਬਾਲ, ਨਿਰਮਲ ਸਿੰਘ ਛੱਜਲਵਡੀ, ਮੰਗਲ ਸਿੰਘ ਨੇ ਕਿਹਾ ਕਿ ਮਨਰੇਗਾ ਕਾਨੂੰਨ ਤਹਿਤ ਸਾਰੇ ਪਰਿਵਾਰ ਨੂੰ ਸਾਰਾ ਸਾਲ ਕੰਮ ਦਿੱਤਾ ਜਾਵੇ ਦਿਹਾੜੀ 700 ਰੁਪਏ ਦਿੱਤੀ ਜਾਵੇ।ਪੇਂਡੂ ਤੇ ਖੇਤ ਮਜ਼ਦੂਰਾਂ ਦੇ ਪੱਕੇ ਰੁਜ਼ਗਾਰ ਦਾ ਪ੍ਰਬੰਧ ਕੀਤਾ ਜਾਵੇ।ਪੈਨਸ਼ਨ ਘੱਟੋ-ਘੱਟ 5000 ਰੁਪਏ ਦਿੱਤੀ ਜਾਵੇ, ਪੰਚਾਇਤੀ ਜ਼ਮੀਨ ਵਿੱਚੋਂ 10-10 ਮਰਲੇ ਦੇ ਪਲਾਟ ਦਿੱਤੇ ਜਾਣ, ਮਜ਼ਦੂਰ ਤੇ ਕਿਸਾਨ ਵਿਰੋਧੀ ਲੈਂਡ ਪੂਲਿੰਗ ਨੀਤੀ ਰੱਦ ਕੀਤੀ ਜਾਵੇ, ਕੱਟੇ ਰਾਸ਼ਨ ਕਾਰਡ ਬਹਾਲ ਕਰਕੇ ਸਾਰੇ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਸਰਕਾਰੀ ਡਿੱਪੂਆਂ ਤੋਂ ਸਸਤੇ ਭਾਅ ਦਿੱਤਾ ਜਾਵੇ, ਸਮਾਰਟ ਪ੍ਰੀਪੇਡ ਮੀਟਰ ਲਗਾਉਣੇ ਬੰਦ ਕੀਤੇ ਜਾਣ, ਮਜ਼ਦੂਰਾਂ ਸਿਰ ਚੜ੍ਹਿਆ ਕਰਜ਼ਾ ਮੁਆਫ਼ ਕੀਤਾ ਜਾਵੇ, ਸਰਕਾਰੀ ਸਕੂਲ, ਹਸਪਤਾਲ ਵਿੱਚ ਸਟਾਫ ਦੀ ਭਰਤੀ ਕੀਤੀ ਜਾਵੇ ਅਤੇ ਮਜ਼ਦੂਰਾਂ ਦੀ ਦਿਹਾੜੀ 8 ਘੰਟੇ ਤੋਂ 12 ਘੰਟੇ ਕਰਨ ਵਾਲਾ ਨੋਟੀਫਿਕੇਸ਼ਨ ਰੱਦ ਕੀਤਾ ਜਾਵੇ। ਜੇਕਰ ਇਨ੍ਹਾਂ ਮੰਗਾ ਵੱਲ ਧਿਆਨ ਨਹੀਂ ਦਿੱਤਾ ਗਿਆ ਤਾਂ ਸਾਂਝੇ ਮੋਰਚੇ ਵੱਲੋਂ ਆਉਣ ਵਾਲੇ ਸਮੇਂ ਵਿੱਚ ਹੋਰ ਸੰਘਰਸ਼ ਕੀਤਾ ਜਾਵੇਗਾ।




## ਵਿਆਹ ਪੁਰਬ ਨੂੰ ਲੈ ਕੇ ਫਾਇਰ ਬ੍ਰਿਗੇਡ ਬਟਾਲਾ ਦੀ ਹੋਈ ਅਗਾਊਂ ਮੀਟਿੰਗ

**ਬਟਾਲਾ, (ਡਾ. ਮਲਵਿੰਦਰ ਸਿੰਘ)**-ਸੰਸਾਰ ਭਰ ਵਿਚ ਪ੍ਰਸਿੱਧ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵਿਆਹ ਪੁਰਬ (ਸਾਲਾਨਾ ਜੋੜ ਮੇਲਾ) ਜੋ 30 ਅਗਸਤ ਨੂੰ ਬਟਾਲਾ ਵਿਖੇ ਮਨਾਇਆ ਜਾ ਰਿਹਾ ਹੈ, ਸਬੰਧੀ ਵਿਕਰਮਜੀਤ ਸਿੰਘ ਪਾਂਥੇ, ਐੱਸਡੀਐੱਮ-ਕਮ-ਕਮਿਸ਼ਨਰ, ਨਗਰ ਨਿਗਮ ਬਟਾਲਾ ਦੀ ਹਦਾਇਤਾਂ ਅਨੁਸਾਰ ਸਟੇਸ਼ਨ ਇੰਚਾਰਜ ਨੀਰਜ ਸ਼ਰਮਾ ਦੀ ਅਗਵਾਈ ਵਿਚ ਫਾਇਰ ਬ੍ਰਿਗੇਡ ਸਟੇਸ਼ਨ ਵਿਖੇ ਮੀਟਿੰਗ ਕੀਤੀ ਗਈ, ਜਿਸ ਵਿਚ ਫਾਇਰ ਅਫ਼ਸਰ ਰਾਕੇਸ਼ ਸ਼ਰਮਾ, ਲਵਪ੍ਰੀਤ ਸਿੰਘ, ਹਰਬਖ਼ਸ਼ ਸਿੰਘ ਸਿਵਲ ਡਿਫੈਂਸ ਦੇ ਨਾਲ ਸਟਾਫ ਤੇ ਫਾਇਰਮੈਨ ਹਾਜ਼ਰ ਸਨ।ਇਸ ਮੌਕੇ ਸਟੇਸ਼ਨ ਇੰਚਾਰਜ ਨੀਰਜ ਸ਼ਰਮਾ ਨੇ ਦਸਿਆ ਕਿ ਆਗਾਮੀ ਸਾਲਾਨਾ ਵਿਆਹ ਪੁਰਬ ਮੌਕੇ ਦਫ਼ਤਰ ਫਾਇਰ ਬ੍ਰਿਗੇਡ ਵੱਲੋਂ ਹਰ ਤਰ੍ਹਾਂ ਦੀ ਬਣਦੀ ਤਿਆਰੀ ਸ਼ੁਰੂ ਕਰ ਦਿੱਤੀ ਹੈ ਤਾਂ ਜੋ ਕਿਸੇ ਵੀ ਕਿਸਮ ਦੀ ਕਮੀ ਨਾ ਰਹੇ।ਬਚਾਅ ਕਰਨ ਸਬੰਧੀ ਜਾਗਰੂਕ ਪ੍ਰੋਗਰਾਮ ਉਲੀਕੇ ਗਏ ਜਿਨ੍ਹਾਂ ਵਿਚ ਧਾਰਮਿਕ ਸਥਾਨਾਂ ਦੇ ਨਾਲ ਲੰਗਰ ਕਮੇਟੀਆਂ ਜਿਥੇ ਖਾਸਕਰ ਘਰੇਲੂ ਜਾਂ ਵਪਾਰਕ ਗੈਸ ਜਾਂ ਬਾਲਣ ਦੀ ਵਰਤੋਂ ਜਾਂ ਬਿਜਲਈ ਸਾਜ਼ੋ-ਸਾਮਾਨ ਦੀ ਵਰਤੋਂ ਹੁੰਦੀ ਹੈ, ਅਜਿਹੀਆਂ ਥਾਵਾਂ ਤੇ ਅੱਗ ਬੁਝਾਊ ਯੰਤਰ ਵੀ ਰੱਖਣ ਲਈ ਪ੍ਰੇਰਤ ਕੀਤਾ ਜਾਵੇਗਾ।ਅੱਗ ਤੋਂ ਬਚਾਅ ਤੇ ਸਾਵਧਾਨੀਆਂ ਸਬੰਧੀ ਜਾਗਰੂਕ ਹੋਣ ਲਈ ਲੋਕ ਫਾਇਰ ਬ੍ਰਿਗੇਡ ਸਟੇਸ਼ਨ ਨਾਲ ਮੋਬਾਇਲ ਨੰਬਰ 91157-96801 'ਤੇ ਸੰਪਰਕ ਕਰ ਸਕਦੇ ਹਨ।

## ਗੁ. ਸ਼ਹੀਦ ਗੰਜ ਬਾਬਾ ਦੀਪ ਸਿੰਘ ਵਿਖੇ ਪ੍ਰਬੰਧਕੀ ਬਲਾਕ ਦਾ ਉਦਘਾਟਨ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**

ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ ਵਿਖੇ ਤਿਆਰ ਕਰਵਾਏ ਪ੍ਰਬੰਧਕੀ ਬਲਾਕ ਅਤੇ ਡਿਸਪੈਂਸਰੀ ਦਾ ਉਦਘਾਟਨ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਨੇ ਪ੍ਰਮੁੱਖ ਸ਼ਖ਼ਸੀਅਤਾਂ ਦੀ ਹਾਜ਼ਰੀ ਵਿਚ ਕੀਤਾ। ਇਸ ਨਵੇਂ ਦਫਤਰ ਦੀ ਤਿਆਰੀ ਦੀ ਸੇਵਾ ਭਾਈ ਗੁਰਇਕਬਾਲ ਸਿੰਘ ਬੀਬੀ ਕੌਲਾਂ ਜੀ ਭਲਾਈ ਕੇਂਦਰ ਵਾਲਿਆਂ ਨੇ ਸੰਗਤ ਦੇ ਸਹਿਯੋਗ ਨਾਲ ਕਰਵਾਈ ਹੈ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਨੇ ਕਿਹਾ ਕਿ ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ ਵਿਖੇ ਸੰਗਤਾਂ ਦੀ ਅਥਾਹ ਸ਼ਰਧਾ ਹੈ ਅਤੇ ਇਥੇ ਵੱਡੀ ਗਿਣਤੀ ਵਿਚ ਸੰਗਤ ਦੀ ਆਮਦ ਬਣੀ ਰਹਿੰਦੀ ਹੈ।ਉਨ੍ਹਾਂ ਕਿਹਾ ਕਿ ਸੰਗਤਾਂ ਲੋੜ ਅਨੁਸਾਰ ਪ੍ਰਬੰਧਕਾਂ ਨਾਲ ਸੰਪਰਕ ਕਰ ਸਕਣ ਇਸ ਲਈ ਦਫਤਰ ਦੀ ਜ਼ਰੂਰਤ ਸੀ, ਜਿਸ ਦੀ ਸੇਵਾ ਸ਼੍ਰੋਮਣੀ ਕਮੇਟੀ ਵੱਲੋਂ ਭਾਈ ਗੁਰਇਕਬਾਲ ਸਿੰਘ ਬੀਬੀ ਕੌਲਾਂ ਜੀ ਭਲਾਈ ਕੇਂਦਰ ਵਾਲਿਆਂ ਨੂੰ ਸੌਂਪੀ ਗਈ ਸੀ।ਉਨ੍ਹਾਂ ਕਿਹਾ ਕਿ ਭਾਈ ਗੁਰਇਕਬਾਲ ਸਿੰਘ ਜਿਥੇ ਧਰਮ ਪ੍ਰਚਾਰ ਦੇ ਖੇਤਰ ਵਿੱਚ ਵੱਡੀਆਂ ਸੇਵਾਵਾਂ ਨਿਭਾ ਰਹੇ ਹਨ, ਉਥੇ ਗੁਰੂ-ਘਰ ਦੀਆਂ ਸੇਵਾਵਾਂ ਵਿੱਚ ਵੀ ਵੱਡਾ ਹਿੱਸਾ ਪਾਉਂਦੇ ਹਨ।ਉਨ੍ਹਾਂ ਕਿਹਾ ਕਿ ਗੁਰਦੁਆਰਾ ਸ਼ਹੀਦ ਗੰਜ ਸਾਹਿਬ ਵਿਖੇ ਇਨ੍ਹਾਂ ਨੇ ਸੰਗਤ ਦੇ ਸਹਿਯੋਗ ਨਾਲ ਕਈ ਸੇਵਾਵਾਂ ਕੀਤੀਆਂ ਹਨ।ਉਨ੍ਹਾਂ ਭਾਈ ਗੁਰਇਕਬਾਲ ਸਿੰਘ ਵੱਲੋਂ ਨਿਭਾਈਆਂ ਜਾ ਰਹੀਆਂ ਸੇਵਾਵਾਂ ਦੀ ਸ਼ਲਾਘਾ ਵੀ ਕੀਤੀ।ਇਸ ਦੌਰਾਨ ਸ਼੍ਰੋਮਣੀ ਕਮੇਟੀ ਵੱਲੋਂ ਭਾਈ ਗੁਰਇਕਬਾਲ ਸਿੰਘ ਤੇ ਹੋਰ ਸ਼ਖ਼ਸੀਅਤਾਂ ਨੂੰ ਸਨਮਾਨਿਤ ਵੀ ਕੀਤਾ ਗਿਆ।ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜੈਬ ਸਿੰਘ ਅਭਿਆਸੀ, ਭਾਈ ਗੁਰਇਕਬਾਲ ਸਿੰਘ, ਓਐੱਸਡੀ ਸਤਬੀਰ ਸਿੰਘ ਧਾਮੀ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਭਗਵੰਤ ਸਿੰਘ ਧੰਗੇੜਾ, ਗੁਰਦੁਆਰਾ ਸ਼ਹੀਦ ਗੰਜ ਸਾਹਿਬ ਦੇ ਮੈਨੇਜਰ ਜਤਿੰਦਰਪਾਲ ਸਿੰਘ, ਹੈੱਡ ਗ੍ਰੰਥੀ ਗਿਆਨੀ ਸੁਰਜੀਤ ਸਿੰਘ ਸਭਰਾ, ਵਧੀਕ ਮੈਨੇਜਰ ਯੁਵਰਾਜ ਸਿੰਘ, ਹਰਵਿੰਦਰਪਾਲ ਸਿੰਘ ਲਿਟਲ, ਮਨਦੀਪ ਸਿੰਘ, ਪਰਮਜੀਤ ਸਿੰਘ, ਸਤਨਾਮ ਸਿੰਘ, ਤਰਵਿੰਦਰ ਸਿੰਘ ਸਮੇਤ ਹੋਰ ਹਾਜ਼ਰ ਸਨ।

## ਦੋ ਸੌ ਨਵੇਂ ਆਮ ਆਦਮੀ ਕਲੀਨਿਕ ਖੋਲ੍ਹੇ ਜਾਣਾ ਮਾਨ ਸਰਕਾਰ ਦਾ ਇਕ ਹੋਰ ਮੀਲ ਪੱਥਰ : ਰਮਨ ਬਹਿਲ

**ਗੁਰਦਾਸਪੁਰ, (ਜਨਕ ਮਹਾਜਨ/ਦਿਨੇਸ਼ ਕੁਮਾਰ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਪੰਜਾਬ ਵਾਸੀਆਂ ਨੂੰ ਮਿਆਰੀ ਸਿਹਤ ਸੇਵਾਵਾਂ ਦੇਣ ਲਈ ਸੂਬੇ ਵਿੱਚ 200 ਹੋਰ ਆਮ ਆਦਮੀ ਕਲੀਨਿਕ ਖੋਲ੍ਹੇ ਜਾਣਗੇ ਤਾਂ ਕਿ ਲੋਕਾਂ ਨੂੰ ਇਲਾਜ ਲਈ ਦੂਰ-ਦੁਰਾਡੇ ਨਾ ਜਾਣਾ ਪਵੇ।ਰਾਜ ਸਰਕਾਰ ਦਾ ਇਹ ਫ਼ੈਸਲਾ ਸਿਹਤ ਕ੍ਰਾਂਤੀ ਵਿੱਚ ਇੱਕ ਹੋਰ ਮੀਲ ਪੱਥਰ ਸਾਬਤ ਹੋਵੇਗਾ।ਇਹ ਪ੍ਰਗਟਾਵਾ ਕਰਦਿਆਂ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਨੇ ਕਿਹਾ ਕਿ ਆਮ ਆਦਮੀ ਕਲੀਨਿਕ ਦੇਸ਼ ਦਾ ਸਭ ਤੋਂ ਸਫਲ ਸਿਹਤ ਮਾਡਲ ਸਾਬਤ ਹੋ ਰਿਹਾ ਹੈ ਜਿੱਥੇ ਮਰੀਜ਼ਾਂ ਦਾ ਸਾਰਾ ਇਲਾਜ ਬਿਲਕੁਲ ਮੁਫ਼ਤ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਛੇਤੀ ਹੀ 200 ਆਮ ਆਦਮੀ ਕਲੀਨਿਕ ਕਾਰਜਸ਼ੀਲ ਕਰੇਗੀ ਜਿਸ ਨਾਲ ਸੂਬੇ ਵਿੱਚ ਇਨ੍ਹਾਂ ਕਲੀਨਿਕਾਂ ਦੀ ਗਿਣਤੀ ਵਧ ਕੇ 1081 ਹੋ ਜਾਵੇਗੀ।ਇਸ ਵੇਲੇ 565 ਆਮ ਆਦਮੀ ਕਲੀਨਿਕਾਂ ਪੇਂਡੂ ਇਲਾਕਿਆਂ ਵਿੱਚ ਜਦਕਿ 316 ਕਲੀਨਿਕ ਸ਼ਹਿਰੀ ਇਲਾਕਿਆਂ ਵਿੱਚ ਹਨ ਜਿੱਥੇ ਹੋਰ ਰੋਜ਼ ਲਗਭਗ 70,000 ਮਰੀਜ਼ ਆਉਂਦੇ ਹਨ। ਉਨ੍ਹਾਂ ਦੱਸਿਆ ਕਿ ਆਮ ਆਦਮੀ ਕਲੀਨਿਕਾਂ ਵਿੱਚ ਆਉਣ ਵਾਲੇ ਮਰੀਜ਼ਾਂ ਵਿੱਚੋਂ ਸਭ ਤੋਂ ਵੱਧ ਮਹਿਲਾਵਾਂ ਅਤੇ ਉਸ ਤੋਂ ਬਾਅਦ ਬਜ਼ੁਰਗਾਂ ਦੀ ਗਿਣਤੀ ਵੱਧ ਹੈ ਕਿਉਂਕਿ ਉਨ੍ਹਾਂ ਨੂੰ ਆਪਣੇ ਘਰ ਦੇ ਨੇੜੇ ਹੀ ਬਿਹਤਰ ਇਲਾਜ ਮੁਫ਼ਤ ਮਿਲ ਜਾਂਦਾ ਹੈ।ਆਮ ਆਦਮੀ ਕਲੀਨਿਕਾਂ ਨੂੰ ਵਟਸਐਪ ਚੈਟਬੋਟ ਨਾਲ ਜੋੜਨ ਦੇ ਉਪਰਾਲੇ ਨੂੰ ਸਿਹਤ ਖੇਤਰ ਵਿੱਚ ਇਕ ਹੋਰ ਵੱਡੀ ਪ੍ਰਾਪਤੀ ਦੱਸਦਿਆਂ ਚੇਅਰਮੈਨ ਬਹਿਲ ਨੇ ਕਿਹਾ ਕਿ ਹੁਣ ਮਰੀਜ਼ ਜਦੋਂ ਚਾਹੁਣ, ਆਪਣੀਆਂ ਦਵਾਈਆਂ ਜਾਂ ਜਾਂਚ ਰਿਪੋਰਟਾਂ ਮੋਬਾਈਲ ਉਤੇ ਦੇਖ ਸਕਦੇ ਹਨ। ਉਨ੍ਹਾਂ ਕਿਹਾ ਕਿ ਇਸ ਉਪਰਾਲੇ ਨਾਲ ਸਿਹਤ ਸਹੂਲਤਾਂ ਵਿੱਚ ਕ੍ਰਾਂਤੀਕਾਰੀ ਬਦਲਾਅ ਆਵੇਗਾ।ਉਨ੍ਹਾਂ ਕਿਹਾ ਕਿ ਤਕਰੀਬਨ 90 ਫ਼ੀਸਦੀ ਪੰਜਾਬੀਆਂ ਕੋਲ ਸਮਾਰਟ ਫ਼ੋਨ ਹਨ ਜਿਸ ਕਰਕੇ ਵਟਸਐਪ ਰਾਹੀਂ ਉਨ੍ਹਾਂ ਕੋਲ ਸਿੱਧੀ ਪਹੁੰਚ ਕੀਤੀ ਜਾ ਸਕਦੀ ਹੈ।ਸ਼੍ਰੀ ਬਹਿਲ ਨੇ ਦੱਸਿਆ ਕਿ ਡਾਕਟਰ ਦੀ ਦਵਾਈ ਵਾਲੀ ਪਰਚੀ, ਜਾਂਚ ਰਿਪੋਰਟਾਂ, ਡਾਕਟਰ ਵੱਲੋਂ ਦਿੱਤੀ ਅਗਲੀ ਤਰੀਕ ਬਾਰੇ ਸਮੇਂ-ਸਮੇਂ ਯਾਦ ਕਰਵਾਉਂਦੇ ਰਹਿਣ ਤੋਂ ਇਲਾਵਾ ਸ਼ੂਗਰ ਅਤੇ ਬਲੱਡ ਪ੍ਰੈਸ਼ਰ ਤੋਂ ਪੀੜਤ ਬਜ਼ੁਰਗਾਂ, ਗਰਭਵਤੀ ਮਹਿਲਾਵਾਂ, ਨਵ-ਜੰਮੇ ਬੱਚਿਆਂ ਦੀ ਸੰਭਾਲ ਬਾਰੇ ਵਟਸਐਪ ਰਾਹੀਂ ਜਾਣਕਾਰੀ ਮਿਲਦੀ ਰਹੇਗੀ।



## ਸ਼ਕਤੀ ਪੰਪਸ ਵੱਲੋਂ ਪਹਿਲੀ ਤਿਮਾਹੀ ਦੇ ਨਿਰਯਾਤ 'ਚ ਸ਼ਾਨਦਾਰ ਪ੍ਰਦਰਸ਼ਨ

**ਅੰਮ੍ਰਿਤਸਰ :** ਸ਼ਕਤੀ ਪੰਪਸ (ਇੰਡੀਆ) ਲਿਮਿਟਡ (ਐੱਸਪੀਆਈਐੱਲ) ਨੇ 30 ਜੂਨ 2025 ਨੂੰ ਖਤਮ ਤਿਮਾਹੀ ਲਈ ਆਪਣੇ ਵਿੱਤੀ ਨਤੀਜੇ ਜਾਰੀ ਕੀਤੇ।ਕੰਪਨੀ ਦੇ ਚੇਅਰਮੈਨ ਦਿਨੇਸ਼ ਪਾਟੀਦਾਰ ਨੇ ਕੰਪਨੀ ਦੇ ਕਾਰਗੁਜ਼ਾਰੀ ਬਾਰੇ ਕਿਹਾ ਕਿ ਸਾਨੂੰ ਵਿੱਤੀ ਵਰ੍ਹਾ 2026 ਦੀ ਮਜ਼ਬੂਤ ਸ਼ੁਰੂਆਤ ਦਾ ਐਲਾਨ ਕਰਕੇ ਖੁਸ਼ੀ ਹੋ ਰਹੀ ਹੈ, ਜੋ ਸਾਡੇ ਵਿਭਿੰਨਤਾ ਭਰੇ ਬਿਜ਼ਨਸ ਮਾਡਲ ਦੀ ਤਾਕਤ ਨੂੰ ਦਰਸਾਉਂਦੀ ਹੈ।ਇਸ ਤਿਮਾਹੀ ਦੌਰਾਨ ਸਾਡੀ ਕਾਰਗੁਜ਼ਾਰੀ ਨੂੰ ਸੋਲਰ ਪੰਪ ਸੈਗਮੈਂਟ ਵਿੱਚ ਮਜ਼ਬੂਤ ਪ੍ਰਦਰਸ਼ਨ, ਨਿਰਯਾਤ ਵਿੱਚ ਲਗਾਤਾਰ ਵਾਧਾ ਅਤੇ ਸਮਰਥਾ ਤੇ ਤਕਨਾਲੋਜੀ ਵਿੱਚ ਲੰਬੇ ਸਮੇਂ ਦੇ ਨਿਵੇਸ਼ ਨੇ ਉਤਸ਼ਾਹਤ ਕੀਤਾ।ਅਸੀਂ ਪੀਐਮ-ਕੁਸੁਮ ਯੋਜਨਾ ਵਿੱਚ ਲਗਭਗ 25 ਫੀਸਦੀ ਬਾਜ਼ਾਰ ਹਿੱਸੇਦਾਰੀ ਨਾਲ ਭਾਰਤ ਦੇ ਮੁੱਖ ਕ੍ਰਿਸ਼ੀ ਰਾਜਾਂ ਵਿੱਚ ਅਗੇਵਾਨ ਬਣੇ ਹੋਏ ਹਾਂ।1 ਅਗਸਤ 2025 ਤੱਕ ਸਾਡੀ ਆਰਡਰ ਬੁੱਕ ਲਗਭਗ ਰੁਪਏ 1350 ਕਰੋੜ ਰਹੀ, ਜਿਸਨੂੰ ਮਹਾਰਾਸ਼ਟਰ, ਮੱਧ ਪ੍ਰਦੇਸ਼, ਰਾਜਸਥਾਨ, ਹਰਿਆਣਾ, ਪੰਜਾਬ, ਉਤਰ ਪ੍ਰਦੇਸ਼ ਅਤੇ ਝਾਰਖੰਡ ਵਰਗੇ ਰਾਜਾਂ ਤੋਂ ਮਿਲ ਰਹੇ ਸਥਿਰ ਆਰਡਰਾਂ ਨੇ ਸਮਰਥਨ ਦਿੱਤਾ ਹੈ।

## ਸ਼ੈਰੀ ਕਲਸੀ ਦੇ ਵਿਦੇਸ਼ੀ ਦੌਰੇ ਪਿੱਛੋਂ ਵੀ ਸ਼ਹਿਰ ਦੀਆਂ ਸਮੱਸਿਆਵਾਂ ਹੋ ਰਹੀਆਂ ਹੱਲ

**ਬਟਾਲਾ, (ਡਾ. ਮਲਵਿੰਦਰ ਸਿੰਘ)**

ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਦੇ ਭਰਾ ਅੰਮ੍ਰਿਤ ਕਲਸੀ ਵੱਲੋਂ ਸ਼ਹਿਰ ਵਾਸੀਆਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਸੀਵਰੇਜ ਵਿਭਾਗ ਦੀਆਂ ਦੋ ਸੁਪਰ ਸੱਕਰ ਮਸ਼ੀਨਾਂ, ਜਿਸਦੇ ਇੱਕ ਟੈਂਕਰ ਦੀ 10,000 ਲੀਟਰ ਸਮਰੱਥਾ ਹੈ, ਰਾਹੀਂ ਸਾਰੇ ਸ਼ਹਿਰ ਦੀ ਸੀਵਰੇਜ ਦੀ ਸਫਾਈ ਕਰਵਾਉਣ ਦੀ ਸ਼ੁਰੂਆਤ ਕਰਵਾਈ ਗਈ ਹੈ।ਇਸ ਮੌਕੇ ਸੀਵਰੇਜ ਵਿਭਾਗ ਦੇ ਅਧਿਕਾਰੀ ਅਤੇ ਵੱਖ-ਵੱਖ ਸ਼ਖ਼ਸ਼ੀਅਤਾਂ ਮੌਜੂਦ ਸਨ।ਇਸ ਮੌਕੇ ਗੱਲ ਕਰਦਿਆਂ ਅੰਮ੍ਰਿਤ ਕਲਸੀ ਨੇ ਦੱਸਿਆ ਕਿ ਉਨਾਂ ਦੇ ਵੱਡੇ ਭਰਾ ਵਿਧਾਇਕ ਸ਼ੈਰੀ ਕਲਸੀ ਬੇਸ਼ੱਕ ਅਮਰੀਕਾ ਵਿਖੇ ਵਿਸ਼ਵ ਭਰ ਦੇ ਚੋਣਵੇਂ ਵਿਧਾਇਕਾਂ ਦੇ ਹੋ ਰਹੇ ਸੰਮੇਲਨ ਵਿੱਚ ਹਿੱਸਾ ਲੈਣ ਲਈ ਗਏ ਹਨ ਪਰ ਉਨ੍ਹਾਂ ਦੀ ਰਹਿਨੁਮਾਈ ਹੇਠ ਬਟਾਲਾ ਸ਼ਹਿਰ ਦੇ ਵਾਸੀਆਂ ਦੀਆਂ ਮੁਸ਼ਕਿਲਾਂ ਹੱਲ ਕਰਨ ਲਈ ਕੋਈ ਕਮੀ ਨਹੀਂ ਆਉਣ ਦਿੱਤੀ ਜਾ ਰਹੀ ਹੈ ਅਤੇ ਅੱਜ ਸੀਵਰੇਜ ਦੀ ਸਫਾਈ ਕਰਵਾਉਣ ਲਈ ਦੋ ਵੱਡੀਆਂ ਸੁਪਰ ਸ਼ੱਕਰ ਮਸ਼ੀਨਾਂ ਸ਼ੁਰੂ ਹੋ ਗਈਆਂ ਹਨ, ਜਿਸ ਨਾਲ ਸਾਰੇ ਸ਼ਹਿਰ ਦੇ ਸੀਵਰੇਜ ਦੀ ਸਫਾਈ ਕੀਤੀ ਜਾਵੇਗੀ।ਅੰਮ੍ਰਿਤ ਕਲਸੀ ਨੇ ਅੱਗੇ ਕਿਹਾ ਕਿ ਬਟਾਲਾ ਸ਼ਹਿਰ ਨੂੰ ਦਰਪੇਸ਼ ਮੁਸ਼ਕਿਲਾਂ ਦਾ ਨਿਪਟਾਰਾ ਕਰਨ ਲਈ ਵਿਧਾਇਕ ਸ਼ੈਰੀ ਕਲਸੀ ਦ੍ਰਿੜ ਸੰਕਲਪ ਹਨ ਅਤੇ ਜਿਸ ਤਹਿਤ ਬੀਤੇ ਦਿਨੀਂ ਸੁੱਖਾ ਸਿੰਘ-ਮਹਿਤਾਬ ਸਿੰਘ ਚੌਂਕ ਵਿਖੇ ਦੁਕਾਨਦਾਰਾਂ ਦੀ ਸਮੱਸਿਆ ਦਾ ਹੱਲ ਕਰਦਿਆਂ ਬਰਸਾਤੀ ਪਾਣੀ ਦੀ ਨਿਕਾਸੀ ਲਈ ਵੱਡੀਆਂ ਹੌਦੀਆਂ ਬਣਾਉਣ ਦਾ ਕੰਮ ਚੱਲ ਰਿਹਾ ਹੈ, ਜਿਸ ਨਾਲ ਚੌਂਕ ਵਿੱਚ ਬਰਸਾਤੀ ਪਾਣੀ ਨਹੀਂ ਖੜ੍ਹੇਗਾ।



## ਨਸ਼ਿਆਂ ਦੇ ਖਾਤਮੇ ਲਈ ਤਲਬੀਰ ਸਿੰਘ ਗਿੱਲ ਵੱਲੋਂ ਲੋਕਾਂ ਨੂੰ ਸਰਕਾਰ ਦਾ ਸਾਥ ਦੇਣ ਦੀ ਅਪੀਲ




**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**

ਆਮ ਆਦਮੀ ਪਾਰਟੀ ਵੱਲੋਂ ਸੂਬੇ ਵਿੱਚ ਨਸ਼ੇ ਦੇ ਖਾਤਮੇ ਲਈ ਸ਼ੁਰੂ ਕੀਤੀ ਮੁਹਿੰਮ ਤਹਿਤ ਪਿੰਡ ਮੱਤੇਵਾਲ ਵਿਖੇ ਹਲਕਾ ਇੰਚਾਰਜ ਅਤੇ ਨਿਧੜਕ ਆਮ ਆਦਮੀ ਪਾਰਟੀ ਸੀਨੀਅਰ ਲੀਡਰ ਤਲਬੀਰ ਸਿੰਘ ਗਿੱਲ ਪਿੰਡ ਮੱਤੇਵਾਲ ਵਿੱਚ ਪਹੁੰਚੇ। ਉਨ੍ਹਾਂ ਵੱਲੋਂ ਪਿੰਡਾਂ ਵਿੱਚ ਵੱਡੀ ਪੱਧਰ ਤੇ ਪਿੰਡਾਂ ਦੇ ਲੋਕਾਂ ਨੂੰ ਨਸ਼ੇ ਦੇ ਖਾਤਮੇ ਲਈ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦਾ ਸਾਥ ਦੇਣ ਦੀ ਅਪੀਲ ਕੀਤੀ ਗਈ ਅਤੇ ਲੋਕਾਂ ਨੂੰ ਨਸ਼ਾ ਤਸਕਰਾਂ ਨੂੰ ਫੜਾਉਣ ਅਤੇ ਨਸ਼ਾ ਨਾ ਕਰਨ ਦੀਆਂ ਕਸਮਾਂ ਖਵਾਈਆਂ ਗਈਆਂ। ਇਸ ਮੌਕੇ ਪਿੰਡ ਵਾਸੀਆਂ ਨੇ ਤਲਬੀਰ ਗਿੱਲ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਪਿੰਡਾਂ ਵਿੱਚੋਂ ਨਸ਼ੇ ਖਾਤਮੇ ਲਈ ਸਰਕਾਰ ਦਾ ਹਰ ਪੱਧਰ ਤੇ ਸਾਥ ਦੇਣਗੇ ਅਤੇ ਸਰਕਾਰ ਦਾ ਧੰਨਵਾਦ ਵੀ ਕਰਦੇ ਹਨ ਕਿ ਇਹ ਪਹਿਲੀ ਸਰਕਾਰ ਹੈ ਜੋ ਨਸ਼ਿਆਂ ਵਿਰੁੱਧ ਮੁਹਿੰਮ ਚਲਾ ਕੇ ਨਸ਼ੇ ਦੇ ਖਾਤਮੇ ਲਈ ਲੋਕਾਂ ਨੂੰ ਜਾਗਰਤ ਕਰ ਰਹੀ ਹੈ ਤਾਂ ਜੋ ਆਉਣ ਵਾਲੀ ਪੀੜ੍ਹੀ ਨੂੰ ਆਪਾਂ ਬਚਾ ਸਕੀਏ। ਇਸ ਮੌਕੇ ਪਰਮਜੀਤ ਸਿੰਘ ਬਾਠ, ਗੁਰਸੇਵਕ ਸਿੰਘ ਮੈਂਬਰ, ਤਰਸੇਮ ਸਿੰਘ, ਬਲਕਾਰ ਸਿੰਘ ਬਾਠ, ਗੁਰਬੀਰ ਸਿੰਘ ਮੱਲੀ, ਸਰਪੰਚ ਹਰਪਾਲ ਸਿੰਘ, ਸੁਲੱਖਣ ਸਿੰਘ ਬੱਬਰ, ਡਾ. ਬਲਵਿੰਦਰ ਸਿੰਘ, ਹਰਦੇਵ ਸਿੰਘ ਮੈਂਬਰ, ਬਲਦੇਵ ਸਿੰਘ ਮੈਂਬਰ, ਜਸਪਾਲ ਸਿੰਘ ਮੈਂਬਰ, ਫੁੱਮਣ ਸਿੰਘ ਮੈਂਬਰ, ਰਾਣਾ ਚੌਧਰੀ ਮੱਤੇਵਾਲ, ਹਰਜੀਤ ਸਿੰਘ ਰਾਣਾ, ਡਾ. ਸੁਖਵਿੰਦਰ ਸਿੰਘ, ਰਸ਼ਪਾਲ ਸ਼ਰਮਾ, ਕੇਵਲ ਸੰਧੂ, ਕੁਲਬੀਰ ਸਿੰਘ, ਡਾ. ਹਰਪ੍ਰੀਤ ਸਿੰਘ, ਬਿੱਟੂ ਠੇਕੇਦਾਰ ਅਤੇ ਜੱਸ ਚੰਨਣਕੇ ਆਦਿ ਆਪ ਆਗੂ ਹਾਜ਼ਰ ਸਨ।

## ਵਾਲੀਬਾਲ ਦੇ ਜ਼ੋਨਲ ਪੱਧਰੀ ਮੁਕਾਬਲੇ 'ਚ ਅੱਵਲ ਸਥਾਨ ਹਾਸਲ

**ਝਬਾਲ (ਹਰਜਿੰਦਰ ਸਿੰਘ ਸੋਨੀ)**-ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਝਬਾਲ ਦੇ ਵਿਦਿਆਰਥੀ ਜਿੱਥੇ ਵਿੱਦਿਅਕ ਖੇਤਰ ਵਿੱਚ ਮੱਲਾਂ ਮਾਰਦੇ ਹਨ, ਉਥੇ ਖੇਡਾਂ ਵਿੱਚ ਵੀ ਕਿਸੇ ਨਾਲੋਂ ਘੱਟ ਨਹੀਂ ।2 ਅਗਸਤ ਦਿਨ ਸ਼ਨੀਵਾਰ ਨੂੰ ਪੰਜਾਬ ਸਕੂਲ ਖੇਡਾਂ ਵਿੱਚ ਜ਼ੋਨਲ ਲੈਵਲ ਟੂਰਨਾਮੈਂਟ ਜੋ ਕਿ ਖਾਲਸਾ ਸੀਨੀਅਰ ਸੈਕੰਡਰੀ ਪਬਲਿਕ ਸਕੂਲ, ਬੀੜ ਬਾਬਾ ਬੁੱਢਾ ਸਾਹਿਬ ਵਿਖੇ ਕਰਵਾਇਆ ਗਿਆ ਸੀ, ਉਸ ਵਿੱਚੋਂ ਸਕੂਲ ਦੇ ਅੰਡਰ -14 ਵਰਗ ਦੇ ਬੱਚਿਆਂ ਨੇ ਪਹਿਲਾ ਸਥਾਨ ਹਾਸਲ ਕਰਕੇ ਆਪਣੇ ਸਕੂਲ ਅਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ। ਸਕੂਲ ਦੇ ਮੈਂਬਰ ਇੰਚਾਰਜ ਮਨਜੀਤ ਸਿੰਘ ਢਿੱਲੋਂ, ਆਦਰਸ਼ਪਿੰਦਰ ਸਿੰਘ ਮਾਨ, ਅਜੀਤਪਾਲ ਸਿੰਘ ਅਨੇਜਾ ਅਤੇ ਸਕੂਲ ਦੇ ਪ੍ਰਿੰਸੀਪਲ ਅਨੂਰੀਤ ਬਾਵਾ ਨੇ ਖਿਡਾਰੀਆਂ ਨੂੰ ਵਧਾਈ ਦਿੰਦਿਆਂ ਅੱਗੇ ਤੋਂ ਹੋਰ ਮਿਹਨਤ ਕਰਕੇ ਇਸੇ ਤਰ੍ਹਾਂ ਵਧੀਆ ਕਾਰਗੁਜ਼ਾਰੀ ਦਿਖਾਉਣ ਦੇ ਲਈ ਉਤਸ਼ਾਹਿਤ ਕੀਤਾ।



## ਹੀਰਾ ਵਾਲੀਆ ਸਰਬਸੰਮਤੀ ਨਾਲ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਬਣੇ



**ਬਟਾਲਾ, (ਤਰਲੋਕ ਬੱਗਾ)**

ਭਾਰਤੀ ਜਨਤਾ ਪਾਰਟੀ ਵੱਲੋਂ ਜ਼ਿਲ੍ਹਾ ਬਟਾਲਾ ਦੇ ਪ੍ਰਧਾਨ ਦੀ ਸਰਬਸੰਮਤੀ ਨਾਲ ਚੋਣ ਕੀਤੀ ਜਿਸ ਵਿਚ ਹੀਰਾ ਵਾਲੀਆ ਨੂੰ ਇਕ ਵਾਰ ਫਿਰ ਜ਼ਿਲ੍ਹਾ ਪ੍ਰਧਾਨ ਚੁਣਿਆ ਗਿਆ।ਇਸ ਮੌਕੇ ਆਬਜ਼ਰਵਰ ਮਹਿੰਦਰ ਕੌਰ ਜੋਸ਼ ਅਤੇ ਜ਼ਿਲ੍ਹਾ ਬਟਾਲਾ ਦੇ ਚੋਣ ਅਧਿਕਾਰੀ ਨਰੇਸ਼ ਸ਼ਰਮਾ ਦੀ ਹਾਜ਼ਰੀ ਹਾਈਕਮਾਂਡ ਵੱਲੋਂ ਆਈ ਪ੍ਰਧਾਨਗੀ ਦੀ ਲੈਟਰ ਹੀਰਾ ਵਾਲੀਆ ਨੂੰ ਸੌਂਪੀ ਅਤੇ ਉਨ੍ਹਾਂ ਨੇ ਇਕ ਵਾਰ ਫਿਰ ਹੀਰਾ ਵਾਲੀਆ ਨੂੰ ਪ੍ਰਧਾਨ ਚੁਣੇ ਜਾਣ 'ਤੇ ਵਧਾਈ ਦਿੱਤੀ।ਇਸ ਮੌਕੇ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਹੀਰਾ ਵਾਲੀਆ ਨੇ ਕਿਹਾ ਕਿ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਅਤੇ ਪਾਰਟੀ ਹਾਈਕਮਾਂਡ ਦੇ ਨਿਰਦੇਸ਼ਾਂ ਤਹਿਤ ਬਟਾਲਾ ਵਿਖੇ ਆਏ ਸੀਨੀਅਰ ਆਗੂਆਂ ਦਾ ਤਹਿ ਦਿਲੋਂ ਧੰਨਵਾਦ ਕਰਦੇ ਹਨ ਅਤੇ ਖਾਸ ਕਰਕੇ ਜ਼ਿਲ੍ਹਾ ਬਟਾਲਾ ਦੇ ਭਾਜਪਾ ਆਗੂਆਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਰਿਣੀ ਰਹਿਣਗੇ ਜਿਨ੍ਹਾਂ ਨੇ ਮੇਰਾ ਹਮੇਸ਼ਾ ਸਾਥ ਦਿੱਤਾ ਹੈ।ਹੀਰਾ ਵਾਲੀਆ ਨੇ ਕਿਹਾ ਕਿ ਸਾਡੀ ਇੱਕੋ ਇਕ ਕੋਸ਼ਿਸ਼ ਹੈ ਕਿ ਪਾਰਟੀ ਦਾ ਝੰਡਾ ਬੁਲੰਦ ਕੀਤਾ ਜਾਵੇ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਭਾਜਪਾ ਸਰਕਾਰ ਦੀਆਂ ਨੀਤੀਆਂ ਘਰ-ਘਰ ਪਹੁੰਚਾਈਆਂ ਜਾਣ।ਹੀਰਾ ਵਾਲੀਆ ਨੇ ਕਿਹਾ ਕਿ ਪਾਰਟੀ ਹਾਈਕਮਾਂਡ ਨੇ ਇਕ ਵਾਰ ਫਿਰ ਮੇਰੇ 'ਤੇ ਵਿਸ਼ਵਾਸ ਜਤਾਇਆ ਹੈ, ਮੈਂ ਭਰੋਸਾ ਦਿੰਦਾ ਹਾਂ ਕਿ ਪਾਰਟੀ ਦੀਆਂ ਗਤੀਵਿਧੀਆਂ ਨੂੰ ਪਹਿਲਾਂ ਵਾਂਗ ਹੀ ਪੂਰੀ ਸਰਗਰਮੀ ਨਾਲ ਅੱਗੇ ਵਧਾਇਆ ਜਾਵੇਗਾ।

## ਕਿਸਾਨ ਆਗੂ ਅਮਰੀਕ ਸਿੰਘ ਰਾਜੂ ਦੇ ਪੁੱਤ ਦੀਆਂ ਅਸਥੀਆਂ ਜਲ ਪ੍ਰਵਾਹ

**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**

ਕਿਸਾਨ ਆਗੂ ਅਮਰੀਕ ਸਿੰਘ ਰਾਜੂ ਭਰੋਵਾਲ ਦੇ ਪੁੱਤਰ ਸ਼ੁਭਕਰਮਨ ਸਿੰਘ ਦਾ ਪਿਛਲੇ ਦਿਨੀਂ ਨਿਊਜ਼ੀਲੈਂਡ ਦੇ ਸ਼ਹਿਰ ਰੋਟੋਰੂਆ ਵਿਖੇ ਸੜਕ ਹਾਦਸੇ 'ਚ ਦਿਹਾਂਤ ਹੋ ਗਿਆ ਸੀ ਜਿਸ ਦੀਆਂ ਅਸਥੀਆਂ ਕੀਰਤਪੁਰ ਸਾਹਿਬ ਵਿਖੇ ਜਲ ਪ੍ਰਵਾਹ ਕੀਤੀਆਂ ਗਈਆਂ ।ਜ਼ਿਕਰਯੋਗ ਹੈ ਕਿ ਸ਼ੁਭਕਰਮਨ ਸਿੰਘ ਦੀਆਂ ਅੰਤਿਮ ਰਸਮਾਂ ਨਿਭਾਉਣ ਲਈ ਅਮਰੀਕ ਸਿੰਘ ਰਾਜੂ ਪਰਿਵਾਰ ਸਮੇਤ ਨਿਊਜ਼ੀਲੈਂਡ ਦੇ ਵਿਖੇ ਪਹੁੰਚੇ ਸਨ ।ਆਪਣੇ ਗ੍ਰਹਿ ਪਿੰਡ ਭਰੋਵਾਲ ਵਿਖੇ ਪਹੁੰਚਣ 'ਤੇ ਅਮਰੀਕ ਸਿੰਘ ਰਾਜੂ ਨੇ ਦੱਸਿਆ ਕਿ ਸ਼ੁਭਕਰਮਨ ਸਿੰਘ ਦੀਆਂ ਅਸਥੀਆਂ ਕੀਰਤਪੁਰ ਸਾਹਿਬ ਵਿਖੇ ਜਲ ਪ੍ਰਵਾਹ ਕਰਨ ਉਪਰੰਤ ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਸਹਿਜ ਪਾਠ ਦੇ ਭੋਗ 10 ਅਗਸਤ ਨੂੰ ਉਨ੍ਹਾਂ ਦੇ ਗ੍ਰਹਿ ਵਿਖੇ ਪੈਣ ਉਪਰੰਤ ਅੰਤਿਮ ਅਰਦਾਸ ਗੁਰਦੁਆਰਾ ਅੰਬ ਸਾਹਿਬ ਭਰੋਵਾਲ ਵਿਖੇ ਹੋਵੇਗਾ।ਇਸ ਮੌਕੇ ਸੁਰਿੰਦਰ ਸਿੰਘ, ਕਾਮਰੇਡ ਲਖਬੀਰ ਸਿੰਘ ਨਿਜ਼ਾਮਪੁਰ, ਹਰਜਿੰਦਰ ਸਿੰਘ, ਸਾਬਕਾ ਸਰਪੰਚ ਜਗਤਾਰ ਸਿੰਘ ਭੋਲਾ, ਪ੍ਰਧਾਨ ਪਰਮਪਾਲ ਸਿੰਘ, ਹਰਜਿੰਦਰ ਸਿੰਘ ਨਾਗ, ਅਵਤਾਰ ਸਿੰਘ, ਕੁਲਦੀਪ ਸਿੰਘ, ਠੇਕੇਦਾਰ ਕੰਵਲਜੀਤ ਸਿੰਘ, ਮਾਸਟਰ ਗੁਰਦੇਵ ਸਿੰਘ ਆਦਿ ਹਾਜ਼ਰ ਸਨ।



## ਧਰਵਿੰਦਰ ਔਲਖ ਦਾ 'ਮਿੱਤਰ ਪਿਆਰੇ ਪੁਰਸਕਾਰ' ਨਾਲ ਸਨਮਾਨ



**ਚੇਤਨਪੁਰਾ (ਸੁਖਵੰਤ ਚੇਤਨਪੁਰੀ)**

ਵਿਸ਼ਵ ਸਾਹਿਤਕ ਸਿਤਾਰੇ ਮੰਚ ਤਰਨ ਤਾਰਨ ਅਤੇ ਉੜਾ, ਐੜਾ, ਈੜੀ ਅਦਬੀ ਕਿਰਨਾਂ ਸਾਹਿਤਕ ਮੰਚ ਬਠਿੰਡਾ ਵੱਲੋਂ ਪੰਜਾਬ ਸਾਹਿਤਕ ਮੰਚ ਜਲੰਧਰ ਦੇ ਸਹਿਯੋਗ ਨਾਲ ਪ੍ਰੈੱਸ ਕਲੱਬ ਜਲੰਧਰ ਵਿੱਚ ਹਰਭਜਨ ਸਿੰਘ ਭਗਰਥ ਦੀ ਅਗਵਾਈ ਹੇਠ ਸਨਮਾਨ ਸਮਾਰੋਹ ਕਰਵਾਇਆ ਗਿਆ, ਜਿਸ ਵਿੱਚ ਪੰਜਾਬੀ ਸਾਹਿਤ ਸਭਾ ਚੋਗਾਵਾਂ ਦੇ ਪ੍ਰਧਾਨ ਅਤੇ ਸੀਨੀਅਰ ਪੱਤਰਕਾਰ ਧਰਵਿੰਦਰ ਸਿੰਘ ਔਲਖ ਨੂੰ 'ਮਿੱਤਰ ਪਿਆਰੇ ਪੁਰਸਕਾਰ' ਪ੍ਰਦਾਨ ਕੀਤਾ ਗਿਆ।ਇਸ ਸਾਹਿਤਕ ਸਮਾਰੋਹ ਦੀ ਪ੍ਰਧਾਨਗੀ ਪ੍ਰਿੰਸੀਪਲ ਦਰਸ਼ਨ ਸਿੰਘ ਬਰੇਟਾ, ਪ੍ਰੋਫੈਸਰ ਰਾਮ ਲਾਲ ਭਗਤ, ਬੁੱਧ ਸਿੰਘ ਨੀਲੋਂ, ਕੁਲਵਿੰਦਰ ਸਿੰਘ ਗਾਖਲ, ਧਰਵਿੰਦਰ ਸਿੰਘ ਔਲਖ, ਰਘਬੀਰ ਸਿੰਘ ਆਨੰਦ, ਪਵਨਦੀਪ ਕੌਰ ਪੰਚਕੂਲਾ ਅਤੇ ਰਕੇਸ਼ ਸਚਦੇਵਾ ਨੇ ਸਾਂਝੇ ਰੂਪ ਵਿੱਚ ਕੀਤੀ।ਵੱਖ-ਵੱਖ ਖੇਤਰਾਂ ਵਿੱਚ ਭੂਮਿਕਾ ਨਿਭਾਉਣ ਵਾਲੀਆਂ ਕੁਝ ਹੋਰ ਸਾਹਿਤਕ ਸ਼ਖ਼ਸੀਅਤਾਂ ਨੂੰ ਵੀ ਸਨਮਾਨਿਤ ਕੀਤਾ ਗਿਆ।ਇਸ ਮੌਕੇ ਕਰਵਾਏ ਕਵੀ ਦਰਬਾਰ ਵਿੱਚ ਹਰਜਿੰਦਰ ਸਿੰਘ ਜਿੰਦੀ, ਰਘਬੀਰ ਸਿੰਘ ਆਨੰਦ, ਰਕੇਸ਼ ਸਚਦੇਵਾ, ਜੀਟਨ ਕੌਰ, ਅਵਤਾਰ ਸਿੰਘ ਬੈਂਸ, ਸੁਖਦੇਵ ਸਿੰਘ ਗੰਡਵਾਂ, ਅਮਰ ਸਿੰਘ ਅਮਰ, ਮਾਸਟਰ ਅਵਤਾਰ ਸਿੰਘ ਗੋਇੰਦਵਾਲੀਆ, ਲਾਲੀ ਕਰਤਾਰਪੁਰੀ, ਸ਼ਾਇਰ ਮਰਜਾਣਾ, ਹਰਜਿੰਦਰ ਸਿੰਘ ਜਿੰਦੀ ਆਦਿ ਸ਼ਾਇਰਾਂ ਨੇ ਆਪਣੇ ਕਲਾਮ ਪੇਸ਼ ਕੀਤੇ।

## ਡੀ. ਆਰ. ਹੈਰੀਟੇਜ ਪਬਲਿਕ ਸਕੂਲ 'ਚ ਦੋਸਤੀ ਦਿਵਸ ਮਨਾਇਆ

**ਬਟਾਲਾ (ਡਾ. ਮਲਵਿੰਦਰ ਸਿੰਘ)**—ਬੀਤੇ ਦਿਨੀ ਬਟਾਲਾ ਦੇ ਡੀ. ਆਰ. ਹੈਰੀਟੇਜ ਪਬਲਿਕ ਸਕੂਲ ਵਿਖੇ ਦੋਸਤੀ ਦਿਵਸ ਮਨਾਇਆ ਗਿਆ! ਇਸ ਮੌਕੇ ਵਿਦਿਆਰਥੀਆਂ ਨੂੰ ਜਾਣਕਾਰੀ ਦਿੱਤੀ ਗਈ ਕਿ ਦੋਸਤੀ ਹਰ ਕਿਸੇ ਦੀ ਜ਼ਿੰਦਗੀ ਦਾ ਸਭ ਤੋਂ ਕੀਮਤੀ ਰਿਸ਼ਤਾ ਹੈ! ਸਾਨੂੰ ਚੰਗੇ ਦੋਸਤਾਂ ਦੀ ਚੋਣ ਧਿਆਨ ਨਾਲ ਕਰਨੀ ਚਾਹੀਦੀ ਹੈ! ਮਿੱਤਰਤਾ ਦਿਵਸ ਮੌਕੇ ਵਿਦਿਆਰਥੀਆਂ ਨੇ ਇੱਕ ਦੂਜੇ ਨੂੰ ਦੋਸਤੀ ਦੇ ਬੰਧਨ ਬੰਨ੍ਹੇ ਅਤੇ ਕਾਰਡਾਂ ਦਾ ਆਦਾਨ ਪ੍ਰਦਾਨ ਕੀਤਾ! ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਹਰਪ੍ਰੀਤ ਕੌਰ ਨੇ ਕਿਹਾ ਕਿ ਦੋਸਤਾਂ ਦੀ ਜ਼ਿੰਦਗੀ ਵਿੱਚ ਬਹੁਤ ਮਹੱਤਤਾ ਹੁੰਦੀ ਹੈ ਪਰ ਸਾਨੂੰ ਦੋਸਤਾਂ ਦੀ ਚੋਣ ਬੜੇ ਧਿਆਨ ਨਾਲ ਕਰਨੀ ਚਾਹੀਦੀ ਹੈ ਕਿਉਂਕਿ ਇਕ ਚੰਗਾ ਦੋਸਤ ਉਹੀ ਹੁੰਦਾ ਹੈ ਜੋ ਸਾਡੇ ਦੁੱਖ ਸੁੱਖ ਵਿੱਚ ਸਾਥ ਦੇਵੇ।



## ਸੈਣੀ ਸਭਾ ਗੁਰਦਾਸਪੁਰ ਵੱਲੋਂ ਵੱਡੀ ਪਹਿਲਕਦਮੀ



**ਗੁਰਦਾਸਪੁਰ, (ਦਿਨੇਸ਼ ਕੁਮਾਰ)**

ਸੈਣੀ ਭਾਈਚਾਰੇ ਦੀ ਬਿਹਤਰੀ ਲਈ ਕੰਮ ਕਰ ਰਹੀ ਸੈਣੀ ਸਭਾ ਗੁਰਦਾਸਪੁਰ ਦੀ ਇੱਕ ਅਹਿਮ ਮੀਟਿੰਗ ਹੋਈ।ਇਹ ਮੀਟਿੰਗ ਨਵੇਂ ਸੈਣੀ ਭਵਨ ਲਈ ਖਰੀਦੀ ਗਈ ਜ਼ਮੀਨ 'ਤੇ ਹੋਈ।ਇਹ ਜ਼ਮੀਨ ਜਾਫਲਪੁਰ ਰੋਡ ਬਾਬੋਵਾਲ ਚੌਂਕ, ਗੁਰਦਾਸਪੁਰ ਵਿਖੇ ਹੈ।ਮੀਟਿੰਗ ਦੀ ਪ੍ਰਧਾਨਗੀ ਕਰ ਰਹੇ ਪ੍ਰਧਾਨ ਬਖ਼ਸ਼ੀਸ਼ ਸਿੰਘ ਸੈਣੀ ਨੇ ਦੱਸਿਆ ਕਿ ਸਾਰੇ ਮੈਂਬਰਾਂ ਨੇ ਖਰੀਦੀ ਗਈ ਜ਼ਮੀਨ ਅਤੇ ਉਸ ਉਪਰ ਬਣੀ ਇਮਾਰਤ ਦੀ ਥਾਂ ਦੀ ਬਹੁਤ ਸ਼ਲਾਘਾ ਕੀਤੀ।ਮੀਟਿੰਗ ਵਿੱਚ ਅਹਿਮ ਫੈਸਲੇ ਲਏ ਗਏ ਜਿਸ ਅੰਦਰ ਇਮਾਰਤ ਦੀ ਮਾਮੂਲੀ ਮੁਰੰਮਤ ਦਾ ਕੰਮ ਤੁਰੰਤ ਸ਼ੁਰੂ ਕੀਤਾ ਜਾਵੇਗਾ, ਜ਼ਮੀਨ ਦੀ ਰਜਿਸਟ੍ਰੇਸ਼ਨ ਲਈ ਫੰਡ ਇਕੱਠੇ ਕਰਨ ਦੀ ਮੁਹਿੰਮ ਨੂੰ ਤੇਜ਼ ਕੀਤਾ ਜਾਵੇਗਾ ਅਤੇ ਨਿਰਧਾਰਿਤ ਸਮੇਂ ਅੰਦਰ ਜ਼ਮੀਨ ਦੀ ਰਜਿਸਟ੍ਰੇਸ਼ਨ ਕਰਵਾਈ ਜਾਵੇਗੀ।ਪ੍ਰਧਾਨ ਬਖ਼ਸ਼ੀਸ਼ ਸਿੰਘ ਸੈਣੀ ਨੇ ਭਾਈਚਾਰੇ ਨੂੰ ਇਕਜੁੱਟਤਾ, ਸਮਰਪਣ ਅਤੇ ਲਗਨ ਨਾਲ ਕੰਮ ਕਰਨ ਦੀ ਅਪੀਲ ਕੀਤੀ।ਉਨ੍ਹਾਂ ਨੇ ਸਾਰੇ ਮੈਂਬਰਾਂ ਦੇ ਸਹਿਯੋਗ ਨਾਲ ਇਸ ਕਾਰਜ ਨੂੰ ਸਮੇਂ ਸਿਰ ਪੂਰਾ ਕਰਨ ਦਾ ਭਰੋਸਾ ਦਿੱਤਾ।ਉਨ੍ਹਾਂ ਕਿਹਾ ਕਿ ਇਹ ਸੈਣੀ ਭਵਨ ਸਮਾਜ ਦੀ ਭਲਾਈ ਲਈ ਇੱਕ ਮਹੱਤਵਪੂਰਨ ਕੇਂਦਰ ਬਣੇਗਾ।ਇਸ ਮੌਕੇ ਸਰਪ੍ਰਸਤ ਦਰਸ਼ਨ ਸਿੰਘ, ਜਨਰਲ ਸਕੱਤਰ ਮਲਕੀਤ ਸਿੰਘ, ਮੀਤ ਪ੍ਰਧਾਨ ਸਰੇਸ਼ ਸੈਣੀ, ਕਰਮ ਸਿੰਘ, ਕਮਲਜੀਤ ਸਿੰਘ ਰੱਬ, ਕੈਸ਼ੀਅਰ ਬਲਜਿੰਦਰ ਸਿੰਘ, ਮੈਨੇਜਰ ਪਰਮਜੀਤ ਸਿੰਘ ਸਕੱਤਰ ਜਰਨੈਲ ਸਿੰਘ, ਸਲਾਹਕਾਰ ਦਿਲਬਾਗ ਸਿੰਘ, ਯੂਥ ਪ੍ਰਧਾਨ ਸੈਣੀ ਸਭਾ ਗੁਰਦਾਸਪੁਰ ਦਰਕੀਰਤ ਸਿੰਘ, ਮੀਡੀਆ ਸਲਾਹਕਾਰ ਮੰਨਨ ਸੈਣੀ, ਗੁਲਸ਼ਨ ਸੈਣੀ, ਗੁਰਜੀਤ ਸਿੰਘ, ਗੁਰਨਾਮ ਸਿੰਘ, ਪ੍ਰੀਤਮ ਸਿੰਘ, ਹੀਰਾ ਸਿੰਘ, ਮਲਹਾਰ ਸਿੰਘ, ਬਲਬੀਰ ਸੈਣੀ, ਬਲਜਿੰਦਰ ਸਿੰਘ, ਮਲਕੀਤ ਸਿੰਘ ਬੁੱਢਾਕੋਟ, ਕੁਲਜੀਤ ਸਿੰਘ ਸਮੇਤ ਕਈ ਹੋਰ ਪਤਵੰਤੇ ਮੈਂਬਰ ਹਾਜ਼ਰ ਸਨ।

## ਭਗਤ ਪੂਰਨ ਸਿੰਘ ਦੀ 33ਵੀਂ ਬਰਸੀ ਨੂੰ ਸਮਰਪਿਤ ਪ੍ਰੋਗਰਾਮ 'ਚ ਸੱਭਿਆਚਾਰ ਤੇ ਆਚਰਣ ਵਿਸ਼ੇ 'ਤੇ ਸੈਮੀਨਾਰ

**ਅੰਮ੍ਰਿਤਸਰ (ਨਰਿੰਦਰਜੀਤ ਸਿੰਘ)**

ਪਿੰਗਲਵਾੜਾ ਮੁੱਖ ਦਫ਼ਤਰ ਤਹਿਸੀਲਪੁਰਾ ਜੀਟੀ ਰੋਡ ਅੰਮ੍ਰਿਤਸਰ ਵਿੱਚ ਸੱਭਿਆਚਾਰ ਅਤੇ ਆਚਰਣ ਵਿਸ਼ੇ 'ਤੇ ਡੂੰਘੀਆਂ ਵਿਚਾਰਾਂ ਤੇ ਸੈਮੀਨਾਰ ਕਰਵਾਇਆ ਗਿਆ।ਇਸ ਮੌਕੇ ਡਾ. ਇੰਦਰਜੀਤ ਕੌਰ ਮੁੱਖ ਸੇਵਾਦਾਰ ਪਿੰਗਲਵਾੜਾ ਸੰਸਥਾ ਨੇ ਆਏ ਸਾਰੇ ਬੁਲਾਰਿਆਂ ਅਤੇ ਸਰੋਤਿਆਂ ਨੂੰ ਸੰਬੋਧਨ ਕਰਦੇ ਹੋਏ ਜੀ ਆਇਆਂ ਕਿਹਾ।ਸਵਾਗਤੀ ਭਾਸ਼ਣ ਵਿੱਚ ਡਾ. ਇੰਦਰਜੀਤ ਕੌਰ ਨੇ ਕਿਹਾ ਕਿ ਬੀਤੇ ਦਿਨੀਂ ਪਿੰਗਲਵਾੜਾ ਸੰਸਥਾ ਵਿੱਚ ਆਏ ਨਸ਼ੇ ਤੋਂ ਗ੍ਰਸਤ ਲੜਕੇ-ਲੜਕੀਆਂ ਦੀ ਹਾਲਤ ਵੇਖ ਕੇ ਉਨ੍ਹਾਂ ਦਾ ਹਿਰਦਾ ਵਲੂੰਧਰਿਆ ਗਿਆ ਅਤੇ ਉਹ ਪੰਜਾਬ ਦੀ ਨੌਜਵਾਨੀ ਦੇ ਨਸ਼ਿਆਂ ਵਿੱਚ ਗ੍ਰਸਤ ਹੋਣ ਕਰਕੇ ਬੜੇ ਫਿਕਰਮੰਦ ਹਨ। ਇਸੇ ਕਰਕੇ ਉਨ੍ਹਾਂ ਸੈਮੀਨਾਰ ਦਾ ਵਿਸ਼ਾ ਅਜਿਹਾ ਚੁਣਿਆ ਹੈ ਕਿ ਨੌਜਵਾਨਾਂ ਨੂੰ ਇਕ ਸਹੀ ਸੇਧ ਮਿਲੇ ਤੇ ਉਨ੍ਹਾਂ ਦਾ ਆਚਰਣ ਉੱਚਾ ਹੋਵੇ।ਡਾ. ਸਵਰਾਜਬੀਰ ਸਿੰਘ ਨੇ ਕਿਹਾ ਕਿਸਮਾਜ ਨੂੰ ਖੁਸ਼ਹਾਲ ਬਣਾਉਣ ਲਈ ਬਰਾਬਰਤਾ ਜ਼ਰੂਰੀ ਹੈ।ਜੇਕਰ ਸਾਡਾ ਆਚਰਣ ਉਚਾ ਹੋਵੇਗਾ ਤਾਂ ਅਸੀਂ ਅਸਲ ਲਫ਼ਜ਼ਾਂ 'ਚ ਮਨੁੱਖ ਹਾਂ।ਉੱਘੇ ਵਿਦਵਾਨ ਹਮੀਰ ਸਿੰਘ ਨੇ ਆਪਣੇ ਸੰਬੋਧਨੀ ਭਾਸ਼ਣ ਵਿੱਚ ਕਿਹਾ ਕਿ ਭਗਤ ਪੂਰਨ ਸਿੰਘ ਨੇ ਸੱਭਿਆਚਾਰ ਤੇ ਆਚਰਣ ਨੂੰ ਖੁਦ ਮਿਸਾਲ ਬਣ ਕੇ ਪੇਸ਼ ਕੀਤਾ।ਉਨ੍ਹਾਂ ਕਿਹਾ ਕਿ ਅਜੋਕੇ ਸਮਾਜ ਵਿੱਚ ਜੋ ਊਣਤਾਈਆਂ ਆ ਰਹੀਆਂ ਹਨ ਉਨ੍ਹਾਂ ਖਿਲਾਫ਼ ਸਾਨੂੰ ਉਠ ਖੜ੍ਹਣ ਦੀ ਲੋੜ ਹੈ।ਡਾ. ਗੁਰਚਰਨ ਸਿੰਘ ਨੂਰਪਰ ਨੇ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਦਾ ਛੇਵਾਂ ਦਰਿਆ ਜੋ ਵਹਿ ਰਿਹਾ ਹੈ ਉਹ ਪੰਜਾਬ ਦੀ ਨੌਜਵਾਨੀ ਨੂੰ ਖਾਤਮੇ ਵੱਲ ਲੈ ਕੇ ਜਾ ਰਿਹਾ ਹੈ ਜੋ ਕਿ ਚਿੰਤਾ ਦਾ ਵਿਸ਼ਾ ਹੈ, ਜੋ ਕੁਰੀਤੀਆਂ ਫੈਲ ਰਹੀਆਂ ਹਨ ਉਨ੍ਹਾਂ ਵਿਰੁੱਧ ਲੜਨ ਦੀ ਸਖਤ ਲੋੜ ਹੈ।ਉੱਘੇ ਬੁਲਾਰੇ ਅਤੇ ਵਿਦਵਾਨ ਡਾ. ਸੁਮੇਲ ਸਿੰਘਨੇ ਕਿਹਾ ਕਿ ਸਚਿਆਰ ਮਨੁੱਖਾਂ ਦੀ ਘਾੜਤ ਸਮੇਂ ਦੀ ਲੋੜ ਹੈ ਅਤੇ ਪਿੰਗਲਵਾੜਾ ਸੰਸਥਾ ਅਜਿਹੇ ਸੈਮੀਨਾਰ, ਸਾਹਿਤ ਦੀ ਵੰਡ ਕਰਕੇ ਭਰਪੂਰ ਯੋਗਦਾਨ ਪਾ ਰਹੀ ਹੈ। ਇਸ ਮੌਕੇ ਡਾ. ਕੁੰਵਰ ਵਿਜੈ ਪ੍ਰਤਾਪ ਸਿੰਘ ਵਿਧਾਇਕ ਨੇ ਆਪਣੇ ਧੰਨਵਾਦੀ ਭਾਸ਼ਣ ਵਿੱਚ ਪ੍ਰੋਗਰਾਮ ਨੂੰ ਸਮੇਟਦੇ ਹੋਏ ਕਿਹਾ ਕਿ ਭਗਤ ਪੂਰਨ ਸਿੰਘ ਨੇ ਉਚਾ-ਸੁੱਚਾ ਜੀਵਨ ਜਿਉਂ ਕੇ ਜੋ ਸਮਾਜ ਨੂੰ ਮਿਸਾਲ ਪੇਸ਼ ਕੀਤੀ, ਉਹ ਕੋਈ ਸਧਾਰਨ ਗੱਲ ਨਹੀਂ ਹੈ ਅਤੇ ਭਗਤ ਪੂਰਨ ਸਿੰਘ ਦੇ ਜੀਵਨ ਤੋਂ ਪਲ-ਪਲ ਸਿੱਖ ਕੇ ਅਸੀਂ ਸਚਿਆਰ ਮਨੁੱਖ ਬਣ ਸਕਦੇ ਹਾਂ।ਡਾ.ਕੁੰਵਰ ਵਿਜੈ ਪ੍ਰਤਾਪ ਨੇ ਆਪਣੀ ਸੰਪਤੀ ਵੀ ਪਿੰਗਲਵਾੜਾ ਸੰਸਥਾ ਦੇ ਨਾਮ ਕਰਨ ਦਾ ਐਲਾਨ ਕੀਤਾ।ਇਸ ਮੌਕੇ ਅਸ਼ੋਕ ਸੇਠੀ ਉਚੇਚੇ ਤੌਰ 'ਤੇ ਮੁੱਖ ਮਹਿਮਾਨ ਵਜੋਂ ਪੁੱਜੇ।ਇਸ ਮੌਕੇ ਆਏ ਮਹਿਮਾਨਾਂ-ਵਿਦਵਾਨਾਂ ਨੂੰ ਸਨਮਾਨਿਤ ਕੀਤਾ ਗਿਆ।ਸਟੇਜ ਦਾ ਸੰਚਾਲਨ ਅਮਰਜੀਤ ਸਿੰਘ ਵੱਲੋਂ ਬਾਖ਼ੂਬੀ ਨਿਭਾਇਆ ਗਿਆ।ਇਸ ਸੈਮੀਨਾਰ ਨੂੰ ਸੁਣਨ ਲਈ ਚੀਫ਼ ਖਾਲਸਾ ਦੀਵਾਨ ਇੰਟਰਨੈਸ਼ਨਲ ਕਾਲਜ ਆਫ਼ ਨਰਸਿੰਗ ਅੰਮ੍ਰਿਤਸਰ, ਸ੍ਰੀ ਗੁਰੂਰਾਮਦਾਸ ਕਾਲਜ ਅੰਮ੍ਰਿਤਸਰ, ਸ੍ਰੀ ਸਾਹਿਬਜ਼ਾਦਾ ਜੁਝਾਰ ਸਿੰਘ ਗੁਰਮਤਿ ਮਿਸ਼ਨਰੀ ਕਾਲਜ ਚੌਂਤਾ ਸਾਹਿਬ, ਭਗਤ ਪੂਰਨ ਸਿੰਘ ਗੁਰਮਤਿ ਕਾਲਜ ਰਾਜੇਵਾਲ ਤੋਂ ਸੈਂਕੜੇ ਵਿਦਿਆਰਥੀ, ਬਾਬਾ ਗੁਰਮੁੱਖ ਸਿੰਘ ਅਤੇ ਉਤਮ ਸਿੰਘ ਸਕੂਲ ਖਡੂਰ ਸਾਹਿਬ, ਭਗਤ ਪੂਰਨ ਸਿੰਘ ਆਦਰਸ਼ ਸੀਨੀਅਰ ਸੈਕੰਡਰੀ ਸਕੂਲ ਮਾਨਾਂਵਾਲਾ, ਭਗਤ ਪੂਰਨ ਸਿੰਘ ਸਕੂਲ਼ ਫ਼ਾਰ ਡੈੱਫ਼, ਭਗਤ ਪੂਰਨ ਸਿੰਘ ਇੰਸਟੀਚਿਊਟ ਫ਼ਾਰ ਸਪੈਸ਼ਲ ਨੀਡਜ਼ ਮਾਨਾਂਵਾਲਾ, ਸਮੂਹ ਸਕੂਲਾਂ ਦਾ ਸਟਾਫ਼ ਵੱਖ-ਵੱਖ ਵਾਰਡਾਂ ਵਿਭਾਗਾਂ ਦੇ ਸੇਵਾਦਾਰ ਹਾਜ਼ਰ ਸਨ।ਇਸ ਮੌਕੇ ਡਾ. ਜਗਦੀਪਕ ਸਿੰਘ ਮੀਤ ਪ੍ਰਧਾਨ ਪਿੰਗਲਵਾੜਾ, ਮੁਖਤਾਰ ਸਿੰਘ ਗੋਰਾਇਆ ਆਨਰੇਰੀ ਸਕੱਤਰ, ਰਾਜਬੀਰ ਸਿੰਘ ਮੈਂਬਰ ਪਿੰਗਲਵਾੜਾ, ਹਰਜੀਤ ਸਿੰਘ ਅਰੋੜਾ ਮੈਂਬਰ ਪਿੰਗਲਵਾੜਾ, ਬੀਬੀ ਪ੍ਰੀਤਇੰਦਰ ਕੌਰ ਮੈਂਬਰ ਪਿੰਗਲਵਾੜਾ, ਯੋਗੇਸ਼ ਸੂਰੀ ਮੁੱਖ ਪ੍ਰਸ਼ਾਸਕ, ਰਜਿੰਦਰ ਸਿੰਘ ਪ੍ਰਸ਼ਾਸਕ ਮਾਨਾਂਵਾਲਾ, ਪਰਮਿੰਦਰਜੀਤ ਸਿੰਘ ਭੱਟੀ, ਤਿਲਕ ਰਾਜ ਜਨਰਲ ਮੈਨੇਜਰ, ਗੁਰਨਾਇਬ ਸਿੰਘ, ਡਾ. ਨਿਰਮਲ ਸਿੰਘ, ਡਾ. ਇੰਦਰਜੀਤ ਕੌਰ (ਰੇਨੂੰ), ਬੀਬੀ ਸੁਰਿੰਦਰ ਕੌਰ ਭੱਟੀ, ਬੀਬੀ ਰਾਜਵਿੰਦਰ ਕੌਰ ਬਾਜਵਾ (ਰਿਟਾ.) ਇੰਸਪੈਕਟਰ, ਪਵਨ ਸ਼ਰਮਾ, ਵਾਰਡਾਂ ਅਤੇ ਹੋਸਟਲ ਇੰਚਾਰਜ ਆਦਿ ਹਾਜ਼ਰ ਸਨ।

### ਡਾ. ਕੁੰਵਰ ਵਿਜੈ ਪ੍ਰਤਾਪ ਵੱਲੋਂ ਆਪਣੀ ਸੰਪਤੀ ਪਿੰਗਲਵਾੜਾ ਸੰਸਥਾ ਦੇ ਨਾਂਅ ਕਰਨ ਦਾ ਐਲਾਨ



## ਪੰਚਾਇਤਾਂ ਸਰਕਾਰੀ/ਪੰਚਾਇਤੀ ਜ਼ਮੀਨਾਂ ਮਾਈਨਿੰਗ ਵਿਭਾਗ ਨੂੰ ਦੇ ਕੇ ਕਰ ਸਕਦੀਆਂ ਨੇ ਚੋਖੀ ਕਮਾਈ : ਡੀ ਸੀ

**ਅੰਮ੍ਰਿਤਸਰ, (ਨਰਿੰਦਰਜੀਤ ਸਿੰਘ)**

ਜ਼ਿਲ੍ਹਾ ਮਿਨਰਲ ਫਾਊਂਡੇਸ਼ਨ ਦੀ ਮੀਟਿੰਗ ਦੀ ਪ੍ਰਧਾਨਗੀ ਕਰਦੇ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸਾਕਸ਼ੀ ਸਾਹਨੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਜ਼ਿਲ੍ਹਾ ਅੰਮ੍ਰਿਤਸਰ ਦੀ ਸਪਲੀਮੈਂਟਰੀ ਡਿਸਟਰਿਕਟ ਸਰਵੇ ਰਿਪੋਰਟ ਤਿਆਰ ਕੀਤੀ ਜਾ ਰਹੀ ਹੈ, ਇਸ ਲਈ ਜ਼ਿਲਾ ਅੰਮ੍ਰਿਤਸਰ ਅਧੀਨ ਆਉਂਦੇ ਸਮੂਹ ਉਪ ਮੰਡਲ ਮਜਿਸਟਰੇਟ, ਜ਼ਿਲ੍ਹਾ ਮਾਲ ਅਫਸਰ, ਬੀਡੀਪੀਓਜ਼ ਆਪਣੇ ਆਪਣੇ ਵਿਭਾਗ ਨਾਲ ਸੰਬੰਧਿਤ ਸਰਕਾਰੀ ਜਾਂ ਪੰਚਾਇਤੀ ਜ਼ਮੀਨਾਂ ਮਾਈਨਿੰਗ ਵਿਭਾਗ ਨੂੰ ਦੇ ਸਕਦੇ ਹਨ, ਜਿਸ ਨਾਲ ਜ਼ਮੀਨ ਨੂੰ ਡਿਸਟਰਿਕਟ ਸਰਵੇ ਰਿਪੋਰਟ ਵਿੱਚ ਸ਼ਾਮਿਲ ਕੀਤਾ ਜਾ ਸਕਦਾ ਹੈ ਅਤੇ ਇਸ ਨਾਲ ਪੰਚਾਇਤਾਂ ਤੇ ਸਬੰਧਤ ਵਿਭਾਗਾਂ ਨੂੰ ਆਮਦਨੀ ਦਾ ਵਾਧੂ ਸਰੋਤ ਬਣ ਸਕਦਾ ਹੈ।ਉਨ੍ਹਾਂ ਕਿਹਾ ਕਿ ਖਾਸ ਕਰਕੇ ਦਰਿਆ ਨੇੜਲੇ ਇਲਾਕੇ ਜਿਵੇਂ ਕਿ ਅਜਨਾਲਾ, ਬਾਬਾ ਬਕਾਲਾ ਸਾਹਿਬ ਅਤੇ ਲੋਪੋਕੇ ਆਦਿ ਦੀਆਂ ਪੰਚਾਇਤਾਂ ਅਤੇ ਸਰਕਾਰੀ ਵਿਭਾਗ ਆਪਣੀਆਂ ਜ਼ਮੀਨਾਂ ਮਾਈਨਿੰਗ ਵਿਭਾਗ ਨੂੰ ਦੇ ਕੇ ਆਮਦਨ ਦਾ ਸਰੋਤ ਪੈਦਾ ਕਰਨ।ਉਨ੍ਹਾਂ ਨੇ ਮਿਨਰਲ ਫਾਊਂਡੇਸ਼ਨ ਵੱਲੋਂ ਜ਼ਿਲੇ ਵਿੱਚ ਕਰਵਾਏ ਜਾ ਸਕਣ ਵਾਲੇ ਵੱਖ-ਵੱਖ ਕੰਮਾਂ ਜਿਨਾਂ ਵਿੱਚ ਸਿਹਤ, ਪਾਣੀ ਦੀ ਸਪਲਾਈ, ਛੱਪੜਾਂ ਦੇ ਨਿਕਾਸ, ਖੇਡ ਮੈਦਾਨ ਆਦਿ ਉਤੇ ਖਰਚ ਕਰਨ ਲਈ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤਾਂ ਕੀਤੀਆਂ।ਉਨ੍ਹਾਂ ਨੇ ਇਸ ਤੋਂ ਇਲਾਵਾ ਸ਼ਹਿਰੀ ਵਿਭਾਗ ਵਿੱਚ ਕੰਮ ਕਰ ਰਹੇ ਨਗਰ ਕੌਂਸਲ, ਨਗਰ ਸੁਧਾਰ ਟਰਸਟ ਅਤੇ ਪੁਡਾ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਪੰਜਾਬ ਮਾਈਨਰ ਮਿਨਰਲ ਰੂਲਸ ਦੀ ਨੋਟੀਫਿਕੇਸ਼ਨ ਅਨੁਸਾਰ ਕਿਸੇ ਵੀ ਕਮਰਸ਼ੀਅਲ ਕੰਮ ਲਈ ਪੁੱਟੀ ਗਈ ਬੇਸਮੈਂਟ 'ਤੇ ਪੰਜ ਰੁਪਏ ਪ੍ਰਤੀ ਵਰਗ ਫੁੱਟ ਚਾਰਜ ਸੰਬੰਧਿਤ ਧਿਰ ਕੋਲੋਂ ਲਿਆ ਜਾਣਾ ਜ਼ਰੂਰੀ ਹੈ।ਉਨ੍ਹਾਂ ਕਿਹਾ ਕਿ ਇਸ ਲਈ ਰਹਾਇਸ਼ੀ ਘਰਾਂ ਨੂੰ ਛੋਟ ਦਿੱਤੀ ਗਈ ਹੈ, ਜਦ ਕਿ ਬਾਕੀ ਅਦਾਰਿਆਂ ਵੱਲੋਂ ਇਹ ਫੀਸ ਮਾਈਨਿੰਗ ਵਿਭਾਗ ਨੂੰ ਦਿੱਤੀ ਜਾਣੀ ਹੈ, ਸੋ ਸਾਰੇ ਵਿਭਾਗ ਬੇਸਮੈਂਟਾਂ ਦੇ ਕੇਸ ਵਿੱਚ ਇਹ ਫੀਸ ਲੈਣੀ ਯਕੀਨੀ ਬਣਾਉਣ। ਉਨਾਂ ਨੇ ਸੰਬੰਧਿਤ ਐੱਸਡੀਐੱਮ ਨੂੰ ਇਹ ਵੀ ਹਦਾਇਤ ਕੀਤੀ ਕਿ ਉਹ ਇਸ ਫੰਡ ਦੀ ਵਰਤੋਂ ਆਪਣੇ ਆਪਣੇ ਇਲਾਕੇ ਵਿੱਚ ਕੀਤੇ ਜਾਣ ਵਾਲੇ ਕਲਿਆਣਕਾਰੀ ਕੰਮਾਂ ਲਈ ਕਰ ਸਕਦੇ ਹਨ ਅਤੇ ਉਹ ਇਸ ਅਨੁਸਾਰ ਆਪਣੀ ਯੋਜਨਾ ਉਲੀਕਣ।ਇਸ ਮੌਕੇ ਐਕਸੀਅਨ ਗੁਰਬੀਰ ਸਿੰਘ ਅਤੇ ਹੋਰ ਵਿਭਾਗਾਂ ਦੇ ਅਧਿਕਾਰੀ ਵੀ ਹਾਜ਼ਰ ਸਨ।



ਜਨਮ ਦਿਨ ਮੁਬਾਰਕ



ਸੀਰਤ ਕੌਰ
ਪਿੰਡ ਦੁਪਾਲਪੁਰ, ਨਵਾਂਸ਼ਹਿਰ

## ਜ਼ਿਲ੍ਹੇ ਅੰਦਰ ਹਥਿਆਰਾਂ ਦੇ ਜਨਤਕ ਪ੍ਰਦਰਸ਼ਨ ਤੇ ਸ਼ੋਸ਼ਲ ਮੀਡੀਆ 'ਤੇ ਪ੍ਰਦਰਸ਼ਨ 'ਤੇ ਪਾਬੰਦੀ

**ਸ਼ਹੀਦ ਭਗਤ ਸਿੰਘ ਨਗਰ, 4 ਅਗਸਤ (ਮਨਜ ਲਾਂਬੀ)**–ਜ਼ਿਲ੍ਹਾ ਮੈਜਿਸਟਰੇਟ ਅੰਕੁਰਜੀਤ ਸਿੰਘ ਨੇ ਭਾਰਤੀ ਨਾਗਰਿਕ ਸੁਰੱਖਿਆ ਸਹਿੰਤਾ-2023 ਦੀ ਧਾਰਾ 163 ਤਹਿਤ ਜ਼ਿਲ੍ਹੇ ਵਿਚ ਕਿਸੇ ਵੀ ਤਰ੍ਹਾਂ ਦੇ ਮੈਰਿਜ ਪੈਲੇਸ/ਰਿਜ਼ੋਰਟ, ਮੇਲੇ, ਧਾਰਮਿਕ ਸਥਾਨਾਂ, ਜਲੂਸ, ਬਰਾਤ, ਵਿਆਹ ਪਾਰਟੀਆਂ ਜਾਂ ਹੋਰ ਸਮਾਗਮ/ਜਨਤਕ ਇਕੱਠਾਂ ਅਤੇ ਵਿਦਿਅਕ ਅਦਾਰਿਆਂ 'ਚ ਅਸਲਾ/ਹਥਿਆਰ ਲਿਜਾਣ ਅਤੇ ਪ੍ਰਦਰਸ਼ਨ ਕਰਨ 'ਤੇ ਪੂਰਨ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ।ਜਾਰੀ ਹੁਕਮਾਂ ਅਨੁਸਾਰ ਹਥਿਆਰਾਂ ਦੇ ਜਨਤਕ ਪ੍ਰਦਰਸ਼ਨ, ਸ਼ੋਸ਼ਲ ਮੀਡੀਆ 'ਤੇ ਪ੍ਰਦਰਸ਼ਨ 'ਤੇ ਵੀ ਉਕਤ ਪਾਬੰਦੀ ਲਾਗੂ ਰਹੇਗੀ। ਜ਼ਿਲ੍ਹਾ ਮੈਜਿਸਟ੍ਰੇਟ ਅਨੁਸਾਰ ਹਥਿਆਰਾਂ ਜਾਂ ਹਿੰਸਾ ਦੀ ਵਡਿਆਈ ਕਰਨ ਵਾਲੇ ਗੀਤ ਵੀ ਇਸ ਪਾਬੰਦੀ/ਮਨਾਹੀ ਦੇ ਘੇਰੇ 'ਚ ਸ਼ਾਮਿਲ ਹਨ।ਇਸ ਤੋਂ ਇਲਾਵਾ ਸੀਨੀਅਰ ਪੁਲਿਸ ਕਪਤਾਨ ਸ਼ਹੀਦ ਭਗਤ ਸਿੰਘ ਨਗਰ ਵੱਲੋਂ ਵੱਖ-ਵੱਖ ਇਲਾਕਿਆਂ ਵਿੱਚ ਅਚਨਚੇਤ ਚੈਕਿੰਗ ਕਰਵਾਈ ਜਾਵੇ। ਕਿਸੇ ਵੀ ਭਾਈਚਾਰੇ ਵਿਰੁੱਧ ਨਫ਼ਰਤ ਭਰਿਆ ਭਾਸ਼ਣ ਦੇਣ ਵਾਲੇ ਵਿਰੁੱਧ ਐਫ.ਆਈ.ਆਰ. ਦਰਜ ਕੀਤੀ ਜਾਵੇ ਅਤੇ ਸਖ਼ਤ ਕਾਰਵਾਈ ਕੀਤੀ ਜਾਵੇ। ਇਹ ਹੁਕਮ 30 ਸਤੰਬਰ 2025 ਤੱਕ ਲਾਗੂ ਰਹੇਗਾ।

# ਐੱਲ ਪੀ ਯੂ 'ਚ ਨਵੇਂ ਵਿਦਿਆਰਥੀਆਂ ਦਾ ਸਵਾਗਤ

**ਜਲੰਧਰ (ਸ਼ੈਲੀ ਐਲਬਰਟ)**
ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਵਿੱਚ ਵਰੈਸ਼ਨ ਇੰਡਕਸ਼ਨ 2025 ਬਹੁਤ ਉਤਸ਼ਾਹ ਨਾਲ ਸ਼ੁਰੂ ਹੋਇਆ, ਜਿੱਥੇ ਭਾਰਤ ਅਤੇ ਵਿਦੇਸ਼ਾਂ ਤੋਂ ਹਜ਼ਾਰਾਂ ਵਿਦਿਆਰਥੀ ਕੈਂਪਸ ਪਹੁੰਚੇ।ਇਹ ਤਿੰਨ ਹਫ਼ਤਿਆਂ ਦਾ ਓਰੀਐਂਟੇਸ਼ਨ ਪ੍ਰੋਗਰਾਮ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਨਵੇਂ ਵਾਤਾਵਰਣ ਦੇ ਅਨੁਕੂਲ ਹੋਣ ਅਤੇ ਭਾਰਤ ਦੀ ਸਭ ਤੋਂ ਵਧੀਆ ਯੂਨੀਵਰਸਿਟੀ ਵਿੱਚ ਉਪਲਬਧ ਮੌਕਿਆਂ ਬਾਰੇ ਜਾਣਕਾਰੀ ਪ੍ਰਾਪਤ ਕਰਨ ਵਿੱਚ ਮਦਦ ਕਰਨ ਲਈ ਆਯੋਜਿਤ ਕੀਤਾ ਗਿਆ ਹੈ।ਉਦਘਾਟਨੀ ਸੈਸ਼ਨ ਵਿੱਚ, ਵਿਦਿਆਰਥੀਆਂ ਨੂੰ ਯੂਨੀਵਰਸਿਟੀ ਦੇ ਅਕਾਦਮਿਕ, ਖੇਡ ਪ੍ਰੋਗਰਾਮਾਂ ਅਤੇ ਕਰੀਅਰ-ਯੋਗ ਸਰੋਤਾਂ ਬਾਰੇ ਜਾਣਕਾਰੀ ਦਿੱਤੀ ਗਈ।ਯੂਨੀਪੋਲਿਸ ਆਡੀਟੋਰੀਅਮ ਵਿੱਚ ਵਿਦਿਆਰਥੀਆਂ ਨੇ ਕੈਂਪਸ ਜੀਵਨ ਨਾਲ ਸਬੰਧਤ ਵੱਖ-ਵੱਖ ਪਹਿਲੂਆਂ ਨੂੰ ਸਮਝਿਆ। ਵੱਖ-ਵੱਖ ਵਿਭਾਗਾਂ ਦੇ ਸਟਾਲਾਂ ਨੇ ਅਕਾਦਮਿਕ ਕੰਮ ਦੀਆਂ ਝਲਕੀਆਂ ਪੇਸ਼ ਕੀਤੀਆਂ, ਜਦੋਂ ਕਿ ਡਾਂਸ, ਸੰਗੀਤ, ਥੀਏਟਰ, ਕੋਡਿੰਗ, ਉੱਦਮੀ ਅਤੇ ਸਮਾਜ ਸੇਵਾ ਵਰਗੇ ਵਿਦਿਆਰਥੀ ਕਲੱਬਾਂ ਨੇ ਆਕਰਸ਼ਕ ਪ੍ਰਦਰਸ਼ਨੀਆਂ ਰਾਹੀਂ ਜਾਣਕਾਰੀ ਪੇਸ਼ ਕੀਤੀ।ਵਿਦਿਆਰਥੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੋਵਾਂ ਨੂੰ ਇਨ੍ਹਾਂ ਤਬਦੀਲੀਆਂ ਨੂੰ ਸਮਝਣ ਦੇ ਅਨੁਕੂਲ ਬਣਾਉਣ ਵਿੱਚ ਮਦਦ ਕਰਨ ਲਈ, ਕੈਂਪਸ ਵਿੱਚ ਸਮਰਪਿਤ ਹੈਲਪ ਡੈਸਕ ਅਤੇ ਸਟਾਫ ਕੋਆਰਡੀਨੇਟਰ ਹਨ, ਜੋ ਸਵਾਲਾਂ ਦੇ ਜਵਾਬ ਦਿੰਦੇ ਹਨ ਅਤੇ ਮਾਰਗਦਰਸ਼ਨ ਪ੍ਰਦਾਨ ਕਰਦੇ ਹਨ। ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨਾਲ ਗੱਲਬਾਤ ਕਰਦੇ ਹੋਏ, ਐਲਪੀਯੂ ਦੀ ਪ੍ਰੋ-ਚਾਂਸਲਰ




ਕਰਨਲ ਡਾ. ਰਸ਼ਮੀ ਮਿੱਤਲ ਨੇ ਵਿਦਿਆਰਥੀਆਂ ਨੂੰ ਇੱਕ ਖੁੱਲ੍ਹੀ ਮਾਨਸਿਕਤਾ ਅਪਣਾਉਣ ਅਤੇ ਅਕਾਦਮਿਕ ਸੀਮਾਵਾਂ ਤੋਂ ਪਰੇ ਦੇਖਣ ਲਈ ਉਤਸ਼ਾਹਿਤ ਕੀਤਾ। ਡਾ. ਮਿੱਤਲ ਨੇ ਵਿਦਿਆਰਥੀਆਂ ਨੂੰ ਅੰਤਰ-ਅਨੁਸ਼ਾਸਨੀ ਸਿੱਖਿਆ ਨੂੰ ਅਪਣਾਉਣ ਅਤੇ ਸਿੱਖਿਆ, ਖੋਜ, ਉੱਦਮਤਾ, ਨਵੀਨਤਾ ਅਤੇ ਗਲੋਬਲ ਐਕਸਪੋਜ਼ਰ ਵਿੱਚ ਉਪਲਬਧ ਵੱਖ-ਵੱਖ ਮੌਕਿਆਂ ਦਾ ਪੂਰਾ ਲਾਭ ਉਠਾਉਣ ਦੀ ਅਪੀਲ ਕੀਤੀ। ਹਾਲ ਹੀ ਵਿੱਚ 1.03 ਕਰੋੜ ਅਤੇ 2.5 ਕਰੋੜ ਦੇ ਗਲੋਬਲ ਪੈਕੇਜ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਦਾ ਹਵਾਲਾ ਦਿੰਦੇ ਹੋਏ, ਡਾ. ਮਿੱਤਲ ਨੇ ਜ਼ੋਰ ਦੇ ਕੇ ਕਿਹਾ ਕਿ ਨਿਰੰਤਰ ਕੋਸ਼ਿਸ਼, ਸਮਝਦਾਰੀ ਵਾਲੇ ਵਿਕਲਪ ਅਤੇ ਸਹੀ ਮੌਕਿਆਂ ਦਾ ਫਾਇਦਾ ਉਠਾਉਣ ਨਾਲ ਪਰਿਵਰਤਨਸ਼ੀਲ ਨਤੀਜੇ ਮਿਲ ਸਕਦੇ ਹਨ।ਐਲਪੀਯੂ ਦੇ ਵਾਈਸ ਚਾਂਸਲਰ ਡਾ. ਜਸਪਾਲ ਸਿੰਘ ਸੰਧੂ ਨੇ ਵੀ ਮੌਜੂਦ ਵਿਦਿਆਰਥੀਆਂ ਨੂੰ ਸੰਬੋਧਨ ਕੀਤਾ।

# ਵਿੱਤ ਮੰਤਰੀ ਚੀਮਾ ਵੱਲੋਂ ਜੰਗਲਾਤ ਅਤੇ ਸਿੱਖਿਆ ਵਿਭਾਗ ਦੀਆਂ ਯੂਨੀਅਨਾਂ ਨਾਲ ਮੀਟਿੰਗ



**ਚੰਡੀਗੜ੍ਹ, (ਗੁਰਜੀਤ ਬਿੱਲਾ)**
ਮੁਲਾਜ਼ਮਾਂ ਦੇ ਮਸਲਿਆਂ ਨੂੰ ਹੱਲ ਕਰਨ ਲਈ ਬਣਾਈ ਗਈ ਕੈਬਨਿਟ ਸਬ-ਕਮੇਟੀ ਦੇ ਚੇਅਰਮੈਨ, ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਜੰਗਲਾਤ ਵਿਭਾਗ ਅਤੇ ਸਿੱਖਿਆ ਵਿਭਾਗ ਦੀਆਂ ਵੱਖ-ਵੱਖ ਯੂਨੀਅਨਾਂ ਨਾਲ ਮੀਟਿੰਗਾਂ ਕੀਤੀਆਂ। ਸਿੱਖਿਆ ਵਿਭਾਗ ਦੀਆਂ ਯੂਨੀਅਨਾਂ ਨਾਲ ਮੀਟਿੰਗਾਂ ਦੌਰਾਨ ਉਨ੍ਹਾਂ ਦੇ ਨਾਲ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵੀ ਮੌਜੂਦ ਸਨ।ਪੰਜਾਬ ਸਿਵਲ ਸਕੱਤਰੇਤ ਵਿੱਚ ਵਿੱਤ ਮੰਤਰੀ ਦੇ ਦਫ਼ਤਰ ਵਿਖੇ ਹੋਈਆਂ ਇਨ੍ਹਾਂ ਮੀਟਿੰਗਾਂ ਦਾ ਉਦੇਸ਼ ਯੂਨੀਅਨਾਂ ਦੁਆਰਾ ਉਠਾਈਆਂ ਗਈਆਂ ਜਾਇਜ਼ ਮੰਗਾਂ ਅਤੇ ਮੁੱਦਿਆਂ ਨੂੰ ਹੱਲ ਕਰਨਾ ਸੀ। ਮੀਟਿੰਗਾਂ ਦੌਰਾਨ, ਜੰਗਲਾਤ ਵਰਕਰਜ਼ ਯੂਨੀਅਨ, ਈ ਟੀ ਟੀ ਟੈਸਟ ਪਾਸ ਅਧਿਆਪਕ ਐਸੋਸੀਏਸ਼ਨ (ਜੈ ਸਿੰਘ ਵਾਲਾ), ਮੁਲਾਜ਼ਮ ਵੱਲੋਂ ਅਧਿਆਪਕ ਯੂਨੀਅਨ, ਅਤੇ ਬੇਰੁਜ਼ਗਾਰ ਬੀ ਐੱਡ ਟੀ ਈ ਟੀ ਪਾਸ ਅਧਿਆਪਕ ਯੂਨੀਅਨ ਦੇ ਨੁਮਾਇੰਦਿਆਂ ਨੇ ਆਪਣੀਆਂ ਮੰਗਾਂ ਅਤੇ ਮੁੱਦੇ ਪੇਸ਼ ਕੀਤੇ।ਜੰਗਲਾਤ ਕਰਮਚਾਰੀ ਯੂਨੀਅਨ ਨਾਲ ਮੀਟਿੰਗ ਦੌਰਾਨ, ਜੰਗਲਾਤ ਵਿਭਾਗ ਦੇ ਸਕੱਤਰ ਪ੍ਰਿਯਾਂਕ ਭਾਰਤੀ ਨੇ ਵਿੱਤ ਮੰਤਰੀ ਚੀਮਾ ਨੂੰ ਯੂਨੀਅਨ ਦੀਆਂ ਮੰਗਾਂ ਦੀ ਸਥਿਤੀ ਬਾਰੇ ਜਾਣਕਾਰੀ ਦਿੱਤੀ। ਵਿੱਤ ਮੰਤਰੀ ਨੇ ਯੂਨੀਅਨ ਨਾਲ ਵਿਸਥਾਰਪੂਰਵਕ ਵਿਚਾਰ-ਵਟਾਂਦਰੇ ਤੋਂ ਬਾਅਦ ਵਿਭਾਗ ਨੂੰ ਨਿਰਦੇਸ਼ ਦਿੱਤੇ ਕਿ ਉਹ ਅਗਲਾ ਕਮੇਟੀ ਵਿੱਚ ਯੂਨੀਅਨ ਦੀਆਂ ਮੁੱਖ ਮੰਗਾਂ 'ਤੇ ਵਿਚਾਰ ਕਰਨ ਉਪਰੰਤ ਕੈਬਨਿਟ ਸਬ-ਕਮੇਟੀ ਦੇ ਸਾਹਮਣੇ ਪ੍ਰਸਤਾਵ ਰੱਖਣ।ਸਿੱਖਿਆ ਵਿਭਾਗ ਦੀਆਂ ਯੂਨੀਅਨਾਂ ਨਾਲ ਮੀਟਿੰਗਾਂ ਦੌਰਾਨ ਵਿੱਤ ਮੰਤਰੀ ਚੀਮਾ ਅਤੇ ਸਿੱਖਿਆ ਮੰਤਰੀ ਬੈਂਸ ਨੇ ਯੂਨੀਅਨ ਆਗੂਆਂ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਦੀਆਂ ਜ਼ਿਆਦਾਤਰ ਮੰਗਾਂ ਪਹਿਲਾਂ ਹੀ ਵਿਚਾਰ ਅਧੀਨ ਹਨ। ਉਨ੍ਹਾਂ ਨੇ ਸਾਰੀਆਂ ਜਾਇਜ਼ ਮੰਗਾਂ ਨੂੰ ਸਮੇਂ ਸਿਰ ਪੂਰਾ ਕਰਨ ਪ੍ਰਤੀ ਆਪਣੀ ਵਚਨਬੱਧਤਾ ਦੁਹਰਾਈ।

# ਸ਼ਹੀਦ ਊਧਮ ਸਿੰਘ ਦੀ ਕੁਰਬਾਨੀ ਦੇਸ਼ ਪਿਆਰ ਦਾ ਸੁਨੇਹਾ ਦਿੰਦੀ : ਡਾ. ਨਵਜੋਤ ਕੌਰ



**ਸੁਲਤਾਨਪੁਰ ਲੋਧੀ (ਬਲਵੀਰ ਸ਼ਾਲ੍ਹਪੁਰੀ)**
ਸ਼ਹੀਦ ਊਧਮ ਸਿੰਘ ਦੀ ਕੁਰਬਾਨੀ ਦੇਸ਼ ਪਿਆਰ ਅਤੇ ਦੇਸ਼ ਲਈ ਕੁਰਬਾਨ ਹੋਣ ਦੀ ਪ੍ਰੇਰਨਾ ਦਿੰਦੀ ਹੈ ਕਿ ਕਿਵੇਂ ਹਜ਼ਾਰਾਂ ਨਿਰਦੋਸ਼ ਹਿੰਦੋਸਤਾਨੀਆਂ ਦੇ ਕਤਲ ਦੇ ਮੁੱਖ ਦੋਸ਼ੀ ਜਨਰਲ ਡਾਇਰ ਨੂੰ ਮਾਰ ਕੇ ਜਲ੍ਹਿਆਂਵਾਲਾ ਬਾਗ ਕਾਂਡ ਦਾ ਬਦਲਾ ਲਿਆ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਡਾ: ਨਵਜੋਤ ਕੌਰ ਨੇ ਸ਼ਹੀਦ ਊਧਮ ਸਿੰਘ ਡੈਂਟਲ ਹਸਪਤਾਲ ਸੁਲਤਾਨਪੁਰ ਲੋਧੀ ਵਿਖੇ ਸ਼ਹੀਦ ਊਧਮ ਸਿੰਘ ਦੇ ਬੁੱਤ ਤੇ ਸ਼ਰਧਾ ਦੇ ਫੁੱਲ ਭੇਟ ਕਰਨ ਮੌਕੇ ਕੀਤਾ। ਉਹਨਾਂ ਕਿਹਾ ਕਿ ਸ਼ਹੀਦ ਕੌਮ ਦਾ ਸਰਮਾਇਆ ਹੁੰਦੇ ਹਨ। ਇਸ ਮੌਕੇ ਬਲਵਿੰਦਰ ਸਿੰਘ ਬਾਜਵਾ ਪ੍ਰਧਾਨ ਕਿਰਤੀ ਕਿਸਾਨ ਯੂਨੀਅਨ ਪੰਜਾਬ, ਰਸ਼ਪਾਲ ਸਿੰਘ ਜਨਰਲ ਸਕੱਤਰ ਕਿਰਤੀ ਕਿਸਾਨ ਯੂਨੀਅਨ ਪੰਜਾਬ, ਪਰਸਨ ਲਾਲ ਭੋਲਾ ਤਲਵੰਡੀ ਚੌਧਰੀਆਂ ਵੱਲੋਂ ਵੀ ਸ਼ਹੀਦ ਊਧਮ ਸਿੰਘ ਦੇ ਬੁੱਤ ਤੇ ਹਾਰ ਪਾ ਕੇ ਸ਼ਰਧਾਂਜਲੀ ਭੇਂਟ ਕੀਤੀ ਗਈ। ਉਨ੍ਹਾਂ ਕਿਹਾ ਕਿ ਜਿਹੜੀਆਂ ਕੌਮਾਂ ਆਪਣੇ ਸ਼ਹੀਦਾਂ ਦੇ ਬਲੀਦਾਨ ਨੂੰ ਭੁੱਲ ਜਾਂਦੀਆਂ ਹਨ ਉਹ ਇੱਕ ਦਿਨ ਖ਼ਤਮ ਹੋ ਜਾਂਦੀਆਂ ਹਨ। ਇਸ ਮੌਕੇ ਡਾ. ਅਮੀਤੋਜ ਸਿੰਘ ਬੀ.ਡੀ.ਐਸ, ਐਮ.ਡੀ.ਐਸ ਸ਼ਹੀਦ ਊਧਮ ਸਿੰਘ ਡੈਂਟਲ ਹਸਪਤਾਲ, ਡਾ. ਨਰਜੋਤ ਕੌਰ, ਕਬੀਰ ਸਿੰਘ, ਸਮਰ ਸਿੰਘ ਚੱਕ ਕੋਟਲਾ, ਬਲਵਿੰਦਰ ਸਿੰਘ ਬਾਜਵਾ ਪ੍ਰਧਾਨ ਕਿਰਤੀ ਕਿਸਾਨ ਯੂਨੀਅਨ ਪੰਜਾਬ, ਰਸ਼ਪਾਲ ਸਿੰਘ ਜਨਰਲ ਸਕੱਤਰ ਕਿਰਤੀ ਕਿਸਾਨ ਯੂਨੀਅਨ ਪੰਜਾਬ, ਐਡਵੋਕੇਟ ਰਜਿੰਦਰ ਸਿੰਘ ਰਾਣਾ, ਮੁਕੰਦ ਸਿੰਘ, ਸਰਵਨ ਸਿੰਘ ਕਰਮਜੀਤਪੁਰ ਪਰਸਨ ਲਾਲ ਭੋਲਾ ਆਦਿ ਵੀ ਹਾਜ਼ਰ ਸਨ।

# ਸੰਯੁਕਤ ਕਿਸਾਨ ਮੋਰਚਾ ਗੈਰ-ਰਾਜਨੀਤਕ ਵੱਲੋਂ ਅਰਥੀ ਫੂਕ ਮੁਜ਼ਾਹਰੇ



**ਪੱਟੀ (ਬਲਦੇਵ ਸਿੰਘ ਸੰਧੂ)**–ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਦੇ ਮਸਲੇ ਉਪਰ ਸੰਯੁਕਤ ਕਿਸਾਨ ਮੋਰਚਾ ਗੈਰ ਰਾਜਨੀਤਿਕ ਦੀਆਂ ਜਥੇਬੰਦੀਆਂ ਵੱਲੋਂ ਕੌਮੀ ਇਨਸਾਫ ਮੋਰਚਾ ਮੋਹਾਲੀ ਦੀ ਹਮਾਇਤ ਵਿੱਚ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਅਤੇ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਪੁਤਲੇ ਫੂਕ ਕੇ ਡੀਸੀ ਤਰਨ ਤਾਰਨ ਨੂੰ ਮੰਗ ਪੱਤਰ ਦਿੱਤਾ ਗਿਆ। ਇਸ ਦੌਰਾਨ ਕਿਸਾਨ ਸੰਘਰਸ਼ ਕਮੇਟੀ ਕੋਟ ਬੁੱਢਾ ਭਾਰਤੀ ਕਿਸਾਨ ਮਜ਼ਦੂਰ ਯੂਨੀਅਨ ਮਝੈਲ ਜਥੇਬੰਦੀ, ਭਾਰਤੀ ਕਿਸਾਨ ਯੂਨੀਅਨ ਖੋਸਾ ਵੱਲੋਂ ਇਹ ਮੰਗ ਕੀਤੀ ਗਈ ਕਿ ਪਿਛਲੇ ਕਰੀਬ 30-40 ਸਾਲ ਤੋਂ ਬੰਦ ਬੰਦੀ ਸਿੰਘ ਜੋ ਕਿ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਹਨ ਅਤੇ ਸਜ਼ਾਵਾਂ ਪੂਰੀਆਂ ਕਰਨ ਤੋਂ ਇਲਾਵਾ 2 ਗੁਣਾ ਵੱਧ ਸਮਾਂ ਜ਼ਿੰਦਗੀ ਜੇਲਾਂ ਵਿੱਚ ਬਤੀਤ ਕਰ ਚੁੱਕੇ ਹਨ ਅਤੇ ਬਜ਼ੁਰਗ ਹੋ ਚੁੱਕੇ ਹਨ, ਉਨ੍ਹਾਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ। ਇਸ ਵਕਤ ਕਿਸਾਨ ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਅਤੇ ਬਾਕੀ ਸਾਰੇ ਧਰਮਾਂ ਦੇ ਗ੍ਰੰਥਾਂ ਦੀ ਜੇਕਰ ਕੋਈ ਵੀ ਵਿਅਕਤੀ ਬੇਅਦਬੀ ਕਰਦਾ ਹੈ ਤਾਂ ਉਸ ਨੂੰ ਮਿਸਾਲੀ ਸਜ਼ਾਵਾਂ ਦੇਣ ਲਈ ਸਖ਼ਤ ਕਾਨੂੰਨ ਬਣਾਏ ਜਾਣ ਅਤੇ ਬਹਿਬਲ ਕਲਾਂ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਸਬੰਧੀ ਲੱਗੇ ਮੋਰਚੇ ਦੌਰਾਨ ਹੋਈ ਗੋਲੀਬਾਰੀ ਸਬੰਧੀ ਜੋ ਕੇਸ ਮਾਣਯੋਗ ਅਦਾਲਤ ਵਿੱਚ ਚੱਲ ਰਿਹਾ ਹੈ, ਦਾ ਜਲਦੀ ਤੋਂ ਜਲਦੀ ਮਾਨਯੋਗ ਅਦਾਲਤ ਵਿੱਚ ਚਲਾਨ ਪੇਸ਼ ਕੀਤਾ ਜਾਵੇ, ਇਸ ਵਕਤ ਕਿਸਾਨ ਸੰਘਰਸ਼ ਕਮੇਟੀ ਕੋਟ ਬੁੱਢਾ ਦੇ ਸੁੱਚਾ ਸਿੰਘ ਲੱਧੂ ਸੂਬਾ ਆਗੂ, ਸੁਖਵੰਤ ਸਿੰਘ ਦੁਬਲੀ ਸੂਬਾ ਮੀਤ ਪ੍ਰਧਾਨ, ਬਾਬਾ ਪ੍ਰਗਟ ਸਿੰਘ ਜ਼ਿਲ੍ਹਾ ਪ੍ਰਧਾਨ, ਅਮਰਿੰਦਰ ਸਿੰਘ ਸੰਧੂਰੀਆ ਜ਼ਿਲ੍ਹਾ ਪ੍ਰੈੱਸ ਸਕੱਤਰ, ਬੁੱਧ ਸਿੰਘ ਰੂੜੀਵਾਲਾ, ਕਾਰਜ ਸਿੰਘ ਸਭਰਾ, ਜਗਤਾਰ ਸਿੰਘ ਜ਼ੋਨ ਪ੍ਰਧਾਨ, ਛਿੰਦਰ ਸਿੰਘ ਅਤੇ ਬੀਕੇਯੂ ਖੋਸਾ ਦੇ ਸਿਕੰਦਰਪਾਲ ਸਿੰਘ ਸੂਬਾ ਮੀਤ ਪ੍ਰਧਾਨ, ਜ਼ਿਲ੍ਹਾ ਪ੍ਰਧਾਨ ਪਰਮਜੀਤ ਸਿੰਘ ਗਦਾਈ ਕੇ, ਬਲਾਕ ਪ੍ਰਧਾਨ ਜਸਪਾਲ ਸਿੰਘ ਪੱਟੀ, ਬੀਕੇਯੂ ਮਝੈਲ ਦੇ ਸੂਬਾ ਆਗੂ ਹੀਰਾ ਸਿੰਘ ਭਿੱਖੀਵਿੰਡ, ਜ਼ਿਲ੍ਹਾ ਪ੍ਰਧਾਨ ਅਮਰਜੀਤ ਸਿੰਘ ਰੱਤਾਗੁੱਦਾ, ਜ਼ਿਲ੍ਹਾ ਆਗੂ ਭਜਨ ਸਿੰਘ ਰੂੜੀ ਵਾਲਾ, ਬਲਾਕ ਪ੍ਰਧਾਨਆਤਮਾ ਸਿੰਘ ਫੁੱਲਾਂ ਵਾਲੀ, ਨਰਵਿੰਦਰ ਸਿੰਘ ਕਿਰਤੋਵਾਲ, ਸੂਬਾ ਪ੍ਰਧਾਨ ਸਤਨਾਮ ਸਿੰਘ ਹਰੀਕੇ ਆਦਿ ਕਿਸਾਨ ਆਗੂਆਂ ਸਮੇਤ ਸੈਂਕੜੇ ਕਿਸਾਨਾਂ ਨੇ ਇਸ ਰੋਸ ਪ੍ਰਦਰਸ਼ਨ ਵਿੱਚ ਹਿੱਸਾ ਲਿਆ।

# ਲਾਇਲਪੁਰ ਖ਼ਾਲਸਾ ਕਾਲਜ ਦੇ ਐੱਮ ਏ ਪੋਲੀਟੀਕਲ ਸਾਇੰਸ ਦੇ ਵਿਦਿਆਰਥੀਆਂ ਨੇ 'ਵਰਸਿਟੀ ਪ੍ਰੀਖਿਆਵਾਂ 'ਚੋਂ ਮਾਰੀਆਂ ਮੱਲਾਂ



**ਜਲੰਧਰ (ਸ਼ੈਲੀ ਐਲਬਰਟ)**
ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਐਮ ਏ ਪੋਲੀਟੀਕਲ ਸਾਇੰਸ ਚੌਥਾ ਸਮੈਸਟਰ ਦਾ ਨਤੀਜੇ 'ਚ ਲਾਇਲਪੁਰ ਖ਼ਾਲਸਾ ਕਾਲਜ ਜਲੰਧਰ ਦੀ ਵਿਦਿਆਰਥਣ ਯੋਗੀਤਾ ਨੇ 10 'ਚੋਂ 8.10 ਸੀ ਜੀ ਪੀ ਏ ਪ੍ਰਾਪਤ ਕਰਦੇ ਹੋਏ ਯੂਨੀਵਰਸਿਟੀ ਮੈਰਿਟ ਵਿੱਚੋਂ ਦੂਜਾ ਸਥਾਨ, ਅਨੀਸ਼ਾ ਨੇ 7.65 ਸੀ.ਜੀ.ਪੀ.ਏ. ਪ੍ਰਾਪਤ ਕਰਕੇ ਅੱਠਵਾਂ ਸਥਾਨ ਅਤੇ ਸੰਜਨਾ ਨੇ 7.50 ਸੀ.ਜੀ.ਪੀ.ਏ. ਪ੍ਰਾਪਤ ਕਰਕੇ ਗਿਆਰਵਾਂ ਸਥਾਨ ਹਾਸਲ ਕੀਤਾ। ਇਸ ਮੌਕੇ ਸਰਦਾਰਨੀ ਬਲਬੀਰ ਕੌਰ, ਪ੍ਰਧਾਨ ਗਵਰਨਿੰਗ ਕੌਂਸਲ ਅਤੇ ਪ੍ਰਿੰਸੀਪਲ ਡਾ. ਸੁਮਨ ਚੋਪੜਾ ਨੇ ਵਿਸ਼ੇਸ਼ ਤੌਰ 'ਤੇ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ।ਪ੍ਰਿੰਸੀਪਲ ਡਾ. ਸੁਮਨ ਚੋਪੜਾ ਨੇ ਵਿਦਿਆਰਥੀਆਂ ਨੂੰ ਭਵਿੱਖ ਵਿਚ ਹੋਰ ਮਿਹਨਤ ਅਤੇ ਲਗਨ ਨਾਲ ਪੜ੍ਹਾਈ ਕਰਨ ਲਈ ਪ੍ਰੇਰਿਆ। ਇਸ ਮੌਕੇ ਪ੍ਰੋ. ਅਨੂ ਕੁਮਾਰੀ ਮੁਖੀ ਪੋਲੀਟੀਕਲ ਸਾਇੰਸ ਵਿਭਾਗ, ਡਾ. ਅਜੀਤਪਾਲ ਸਿੰਘ ਅਤੇ ਪ੍ਰੋ, ਸੰਜੇ ਸ਼ਾਦ ਵੀ ਹਾਜ਼ਰ ਸਨ।

# ਤੀਆਂ ਦੇ ਮੇਲੇ ਮਹਿਲਾਵਾਂ ਦੇ ਆਤਮਬਲ ਤੇ ਸੱਭਿਆਚਾਰ ਨੂੰ ਦਰਸਾਉਂਦੇ : ਡਾ. ਰਾਜ ਕੁਮਾਰ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ, ਓਮ ਪ੍ਰਕਾਸ਼ ਰਾਣਾ)**
ਸੰਸਦ ਮੈਂਬਰ ਡਾ. ਰਾਜ ਕੁਮਾਰ ਨੇ ਵੀ ਕਈ ਪਿੰਡਾਂ ਵਿੱਚ ਕੀਤੇ ਜਾ ਰਹੇ ਸੱਭਿਆਚਾਰ ਮੇਲਿਆਂ ਵਿੱਚ ਸ਼ਾਮਲ ਹੋ ਕੇ ਲੋਕਾਂ ਨੂੰ ਤੀਆਂ ਦੇ ਮੇਲੇ ਦੀ ਵਧਾਈ ਦਿੱਤੀ।ਉਹਨਾਂ ਦੀ ਹਾਜ਼ਰੀ ਨਾਲ ਪ੍ਰੋਗਾਮਾਂ ਵਿੱਚ ਸ਼ਾਮਿਲ ਬੱਚੀਆਂ ਅਤੇ ਮਹਿਲਾਵਾਂ ਦਾ ਉਤਸ਼ਾਹ ਵੀ ਦੁਗਣਾ ਹੋ ਗਿਆ।ਤਾਜੇਵਾਲ, ਸਿੰਘਪੁਰ ਅਤੇ ਬੋਹਣ ਪਿੰਡਾਂ ਵਿੱਚ ਮਨਾਏ ਗਏ ਤੀਆਂ ਦੇ ਮੇਲੇ ਮੌਕੇ ਡਾ. ਰਾਜ ਨੇ ਕਿਹਾ ਕਿ ਅਜਿਹੇ ਮੇਲਿਆਂ ਰਾਹੀਂ ਆਪਣੀ ਸੰਸਕ੍ਰਿਤੀ ਅਤੇ ਸਭਿਆਚਾਰ ਨੂੰ ਜੀਵੰਤ ਰੱਖਣ ਦੇ ਉਪਰਾਲੇ ਲਈ ਅਯੋਜਕ ਅਤੇ ਪ੍ਰਤੀਭਾਗੀ ਸਭ ਹੀ ਵਧਾਈ ਦੇ ਪਾਤਰ ਹਨ।

ਡਾ. ਰਾਜ ਕੁਮਾਰ ਨੇ ਕਿਹਾ ਕਿ ਅਹਿਜੇ ਤਿਉਹਾਰ ਨਾ ਸਿਰਫ਼ ਸਾਡੇ ਜੀਵਨ ਨੂੰ ਆਨੰਦ ਅਤੇ ਖੁਸ਼ੀਆਂ ਨਾਲ ਭਰ ਦਿੰਦੇ ਹਨ ਸਗੋਂ ਇਹ ਸਾਡੀਆ ਮਹਿਲਾਵਾਂ ਦੀ ਪ੍ਰਤਿਭਾ, ਆਤਮ ਵਿਸ਼ਵਾਸ ਪ੍ਰਦਾਨ ਕਰਦੇ ਹਨ।

# ਐਡਵੋਕੇਟ ਲਖਵਿੰਦਰ ਸਿੰਘ 'ਤੇ ਹੋਏ ਕਾਤਲਾਨਾ ਹਮਲੇ 'ਚ ਸ਼ਾਮਲ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਨ ਦੀ ਮੰਗ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**–ਹੁਸ਼ਿਆਰਪੁਰ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਐਡਵੋਕੇਟ ਪਰਮਿੰਦਰ ਸਿੰਘ ਘੁੰਮਣ ਨੇ ਦੱਸਿਆ ਕਿ ਅੰਮ੍ਰਿਤਸਰ ਬਾਰ ਐਸੋਸੀਏਸ਼ਨ ਦੇ ਮੈਂਬਰ ਐਡਵੋਕੇਟ ਲਖਵਿੰਦਰ ਸਿੰਘ, ਜੋ ਕਿ ਇੱਕ ਕਾਇਰਾਨਾ ਹਮਲੇ ਦਾ ਸ਼ਿਕਾਰ ਹੋਏ ਸਨ, ਦਾ ਕੱਲ੍ਹ ਦੁਖਦਾਈ ਤੌਰ 'ਤੇ ਦੇਹਾਂਤ ਹੋ ਗਿਆ। ਜ਼ਿਲ੍ਹਾ ਬਾਰ ਐਸੋਸੀਏਸ਼ਨ ਅੰਮ੍ਰਿਤਸਰ ਬਾਰ ਐਸੋਸੀਏਸ਼ਨ ਦੇ ਨਾਲ ਖੜ੍ਹੀ ਹੈ ਅਤੇ ਨਾ ਪੂਰਿਆ ਜਾਣ ਵਾਲੇ ਨੁਕਸਾਨ ਦੀ ਘੜੀ ਵਿੱਚ ਆਪਣਾ ਦਿਲੋਂ ਦੁੱਖ ਪ੍ਰਗਟ ਕਰਦੀ ਹੈ। ਹੁਸ਼ਿਆਰਪੁਰ ਦੇ ਬਾਰ ਐਸੋਸੀਏਸ਼ਨ ਦੇ ਸਕੱਤਰ ਨਵਨਜਿੰਦਰ ਸਿੰਘ ਨੇ ਕਿਹਾ ਕਿ ਬਾਰ ਐਸੋਸੀਏਸ਼ਨ ਹੁਸ਼ਿਆਰਪੁਰ ਐਡਵੋਕੇਟ ਲਖਵਿੰਦਰ ਸਿੰਘ 'ਤੇ ਹੋਏ ਕਾਤਲਾਨਾ ਹਮਲੇ ਵਿੱਚ ਸ਼ਾਮਲ ਸਾਰੇ ਦੋਸ਼ੀਆਂ ਨੂੰ ਤੁਰੰਤ ਗ੍ਰਿਫ਼ਤਾਰ ਕਰਨ ਅਤੇ ਉਨ੍ਹਾਂ ਵਿਰੁੱਧ ਸਖ਼ਤ ਕਾਰਵਾਈ ਦੀ ਮੰਗ ਕਰਦੀ ਹੈ। ਇਸ ਮੌਕੇ ਸਾਬਕਾ ਪ੍ਰਧਾਨ ਰਣਜੀਤ ਕੁਮਾਰ, ਉਪ ਪ੍ਰਧਾਨ ਵਿਕਰਮ, ਐੱਸ.ਆਰ. ਧੀਰ, ਸ਼ਕਤੀ ਸਿੰਘ ਸੈਣੀ, ਹਿਤੇਸ਼ ਪੁਰੀ, ਪ੍ਰਦੀਪ ਜੁਲਕਾ, ਅੰਕੁਰ ਸੋਨੀ, ਵੀ.ਕੇ. ਮੈਨਨ, ਤਾਜਪ੍ਰੀਤ ਕੰਗ ਅਤੇ ਮਨੋਜ ਕੁਮਾਰ ਸ਼ਰਮਾ ਵੀ ਮੌਜੂਦ ਸਨ।

# ਐੱਸ ਡੀ ਐੱਮ ਨੇ ਮੰਡ ਖੇਤਰ ਦਾ ਦੌਰਾ ਕਰਕੇ ਹੜ੍ਹ ਰੋਕੂ ਪ੍ਰਬੰਧਾਂ ਦਾ ਲਿਆ ਜਾਇਜ਼ਾ

**ਸੁਲਤਾਨਪੁਰ ਲੋਧੀ, (ਬਲਵੀਰ ਸ਼ਾਲ੍ਹਪੁਰੀ)**
ਡਿਪਟੀ ਕਮਿਸ਼ਨਰ ਸ੍ਰੀ ਅਮਿਤ ਕੁਮਾਰ ਪੰਚਾਲ ਦੇ ਨਿਰਦੇਸ਼ਾਂ ਅਨੁਸਾਰ ਸੁਲਤਾਨਪੁਰ ਲੋਧੀ ਦੇ ਐੱਸ ਡੀ ਐੱਮ ਅਲਕਾ ਕਾਲੀਆ ਵੱਲੋਂ ਮੰਡ ਦੇ ਖੇਤਰਾਂ ਦਾ ਦੌਰਾ ਕਰਕੇ ਸਥਿਤੀ ਦਾ ਜਾਇਜ਼ਾ ਲਿਆ ਗਿਆ। ਡਿਪਟੀ ਕਮਿਸ਼ਨਰ ਸ੍ਰੀ ਪੰਚਾਲ ਨੇ ਦੱਸਿਆ ਕਿ ਐੱਸ ਡੀ ਐੱਮਜ਼ ਨੂੰ ਮਾਨਸੂਨ ਸੀਜ਼ਨ ਦੌਰਾਨ ਸੰਭਾਵੀ ਤੌਰ 'ਤੇ ਹੜ੍ਹ ਪ੍ਰਭਾਵਿਤ ਖੇਤਰਾਂ ਦਾ ਦੌਰਾ ਕਰਕੇ ਲੋਕਾਂ ਨਾਲ ਰਾਬਤਾ ਰੱਖਣ ਦੇ ਹੁਕਮ ਦਿੱਤੇ ਗਏ ਹਨ ਤਾਂ ਜੋ ਹਾਲਾਤ ਉੱਪਰ ਲਗਾਤਾਰ ਨਿਗਰਾਨੀ ਰੱਖੀ ਜਾ ਸਕੇ। ਡੈਮਾਂ ਤੋਂ ਛੱਡੇ ਜਾਣ ਵਾਲੇ ਪਾਣੀ ਦੀ ਸੂਚਨਾ ਲਈ ਜਿੱਥੇ ਡਰੇਨਜ ਵਿਭਾਗ ਦੇ ਅਧਿਕਾਰੀਆਂ ਦੀ ਡਿਊਟੀ ਲਗਾਈ ਗਈ ਹੈ, ਉੱਥੇ ਹੀ ਜ਼ਿਲ੍ਹਾ ਪੱਧਰੀ ਕੰਟਰੋਲ ਰੂਮ 01822-231990 ਵੀ ਸਥਾਪਿਤ ਕੀਤਾ ਗਿਆ ਹੈ ਤਾਂ ਜੋ ਲੋੜ ਅਨੁਸਾਰ ਲੋਕ ਸਿੱਧਾ ਸੰਪਰਕ ਕਰ ਸਕਣ। ਇਸ ਤੋਂ ਇਲਾਵਾ ਡਰੇਨਜ ਵਿਭਾਗ ਦੇ ਅਧਿਕਾਰੀਆਂ ਵੱਲੋਂ ਲਗਾਤਾਰ ਧੁੱਸੀ ਬੰਨ੍ਹ ਉੱਪਰ ਗਸ਼ਤ ਕੀਤੀ ਜਾ ਰਹੀ ਹੈ। ਸੰਵੇਦਨਸ਼ੀਲ ਥਾਵਾਂ ਉੱਪਰ ਰੇਤ/ਮਿੱਟੀ ਦੇ ਭਰੇ ਬੋਰਿਆਂ ਦਾ ਭੰਡਾਰਨ ਕੀਤਾ ਗਿਆ ਹੈ ਤਾਂ ਜੋ ਕਿਸੇ ਵੀ ਔਖੇ ਸਮੇਂ ਇਨ੍ਹਾਂ ਦੀ ਤੁਰੰਤ ਵਰਤੋਂ ਕੀਤੀ ਜਾ ਸਕੇ। ਐੱਸ ਡੀ ਐੱਮ ਸੁਲਤਾਨਪੁਰ ਲੋਧੀ ਅਲਕਾ ਕਾਲੀਆ ਵਲੋਂ



ਬਾਊਪੁਰ, ਸਾਂਗਰਾਂ ਆਦਿ ਧੁੱਸੀ ਬੰਨ੍ਹ ਦੇ ਇਲਾਕਿਆਂ ਦਾ ਦੌਰਾ ਕੀਤਾ ਗਿਆ, ਜਿਸ ਦੌਰਾਨ ਉਨ੍ਹਾਂ ਨੇ ਪ੍ਰਸ਼ਾਸਨ ਅਤੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਮਿਲ ਕੇ ਬੰਨ੍ਹਾਂ ਦੀ ਮਜ਼ਬੂਤੀ, ਸੁਰੱਖਿਆ ਉਪਕਰਣਾਂ ਅਤੇ ਹੜ੍ਹ ਪ੍ਰਬੰਧਨ ਦਾ ਜਾਇਜ਼ਾ ਲਿਆ। ਉਨ੍ਹਾਂ ਕਿਹਾ ਕਿ ਮੌਜੂਦਾ ਸਮੇਂ ਹਾਲਾਤ ਪੂਰੀ ਤਰ੍ਹਾਂ ਕਾਬੂ ਹੇਠ ਹਨ ਅਤੇ ਘਬਰਾਉਣ ਦੀ ਕੋਈ ਲੋੜ ਨਹੀਂ।

# ਰਾਸ਼ਟਰੀ ਲੋਕ ਅਦਾਲਤ 13 ਨੂੰ

**ਮੋਹਾਲੀ, (ਗੁਰਜੀਤ ਬਿੱਲਾ)**
ਸਾਲ 2025 ਦੀ ਤੀਜੀ ਰਾਸ਼ਟਰੀ ਲੋਕ ਅਦਾਲਤ 13 ਸਤੰਬਰ ਨੂੰ ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੋਹਾਲੀ) ਜ਼ਿਲ੍ਹੇ ਵਿੱਚ ਆਯੋਜਿਤ ਕੀਤੀ ਜਾਵੇਗੀ, ਇਹ ਜਾਣਕਾਰੀ ਜ਼ਿਲ੍ਹਾ ਅਤੇ ਸੈਸ਼ਨ ਜੱਜ ਸ਼੍ਰੀ ਅਤੁਲ ਕਸਾਨਾ ਨੇ ਦਿੱਤੀ।ਜਾਣਕਾਰੀ ਦਿੰਦੇ ਹੋਏ ਸ਼੍ਰੀ ਕਸਾਨਾ ਨੇ ਕਿਹਾ ਕਿ ਇਸ ਰਾਸ਼ਟਰੀ ਲੋਕ ਅਦਾਲਤ ਲਈ ਜ਼ਿਲ੍ਹਾ ਕਚਹਿਰੀਆਂ ਮੋਹਾਲੀ ਦੇ ਨਾਲ-ਨਾਲ ਸਬ-ਡਿਵੀਜ਼ਨਲ ਅਦਾਲਤਾਂ ਖਰੜ ਅਤੇ ਡੇਰਾਬੱਸੀ ਵਿਖੇ ਵੀ ਸਮਰਪਿਤ ਬੈਂਚ ਸਥਾਪਤ ਕੀਤੇ ਜਾਣਗੇ, ਜਿੱਥੇ ਜ਼ਮੀਨ ਐਕਵਾਇਰ ਦੇ ਕਾਰਜ, ਸਥਾਈ ਲੋਕ ਅਦਾਲਤ ਵਿੱਚ ਚੱਲ ਰਹੀਆਂ ਸ਼ਿਕਾਇਤਾਂ, ਮੋਟਰ ਐਕਸੀਡੈਂਟ ਕਲੇਮ ਟ੍ਰਿਬਿਊਨਲ ਦਾਅਵੇ ਦੀਆਂ ਪਟੀਸ਼ਨਾਂ ਅਤੇ ਕਾਰਜ, ਫੈਮਿਲੀ ਕੋਰਟ ਵਿੱਚ ਚੱਲ ਰਹੇ ਪਰਵਾਰਕ ਮਾਮਲੇ, ਟ੍ਰੈਫਿਕ ਚਲਾਨ, ਬਿਜਲੀ ਐਕਟ ਅਧੀਨ ਐੱਫ ਆਈ ਆਰ, ਨੈਗੋਸ਼ੀਏਬਲ ਇੰਸਟਰੂਮੈਂਟਸ ਐਕਟ ਦੀ ਧਾਰਾ 138 (ਚੈੱਕ ਬਾਊਂਸ ਕੇਸ), ਵਸੂਲੀ ਕੇਸ ਅਤੇ ਮੁਕੱਦਮੇਬਾਜੀ ਦੇ ਪੜਾਅ ਤੇ ਪੁੱਜੇ ਮਾਮਲੇ ਸ਼ਾਮਲ ਹਨ।ਉਨ੍ਹਾਂ ਕਿਹਾ ਕਿ ਇਸ ਲੋਕ ਅਦਾਲਤ ਵਿੱਚ ਮੁਕੱਦਮੇਬਾਜੀ ਦੇ ਪੜਾਅ ਤੇ ਪੁੱਜੇ (ਪ੍ਰੀਲਿਟੀਗੇਟਿਵ) ਮਾਮਲੇ ਵੀ ਵਿਚਾਰੇ ਜਾ ਸਕਦੇ ਹਨ, ਜਿਸ ਨਾਲ ਸਬੰਧਤ ਧਿਰ ਰਸਮੀ ਅਦਾਲਤੀ ਕੇਸ ਦਾਇਰ ਕੀਤੇ ਜਾਂ ਅਦਾਲਤੀ ਫੀਸ ਅਦਾ ਕੀਤੇ ਬਿਨਾਂ ਵਿਵਾਦਾਂ ਦਾ ਹੱਲ ਕਰ ਸਕਦੇ ਹਨ। ਇਸ ਤੋਂ ਇਲਾਵਾ, ਲੰਬਿਤ ਮਾਮਲਿਆਂ ਵਿੱਚ ਜਿੱਥੇ ਲੋਕ ਅਦਾਲਤ ਵਿੱਚ ਆਪਸੀ ਸਹਿਮਤੀ ਨਾਲ ਨਿਪਟਾਰਾ ਕੀਤਾ ਜਾਂਦਾ ਹੈ, ਪੂਰੀ ਅਦਾਲਤ ਫੀਸ ਵਾਪਸ ਕਰ ਦਿੱਤੀ ਜਾਵੇਗੀ।

# ਖੁਸ਼ੀਆਂ-ਖੇੜਿਆਂ ਨਾਲ ਤੀਆਂ ਦਾ ਤਿਉਹਾਰ ਮਨਾਇਆ



**ਟਾਂਡਾ ਉੜਮੁੜ (ਜਸਵਿੰਦਰ ਸੰਧੂ,ਓਂਕਾਰ ਸਿੰਘ)**
ਟਾਂਡਾ ਸ਼ਹਿਰ ਦੀ ਮਹਾਨ ਵਿਦਿਅਕ ਸੰਸਥਾ ਸ੍ਰੀ ਗੁਰੂ ਰਾਮਦਾਸ ਜੀ ਸੇਵਾ ਸੋਸਾਇਟੀ ਵੱਲੋਂ ਚਲਾਏ ਜਾ ਰਹੇ ਵਿਦਿਅਕ ਅਦਾਰੇ ਜੀ.ਆਰ.ਡੀ ਇੰਟਰਨੈਸ਼ਨਲ ਸਕੂਲ ਟਾਂਡਾ ਵਿਖੇ ਸਾਉਣ ਮਹੀਨੇ ਦਾ ਪ੍ਰਮੁੱਖ ਤੀਆਂ ਦਾ ਤਿਉਹਾਰ ਤੀਆਂ ਤੀਜ ਦੀਆਂ ਵਜੋਂ ਮਨਾਇਆ ਗਿਆ। ਸੰਸਥਾ ਦੀ ਚੇਅਰਪਰਸਨ ਪ੍ਰਦੀਪ ਕੌਰ ਤੇ ਐੱਮ.ਡੀ ਬਿਕਰਮ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਕਰਵਾਏ ਗਏ ਇਸ ਤੀਆਂ ਤੀਜ ਦੀਆਂ ਦੇ ਪ੍ਰੋਗਰਾਮ ਵਿੱਚ ਸਕੂਲ ਦੇ ਸਟਾਫ ਤੋਂ ਇਲਾਵਾ ਵੱਖ-ਵੱਖ ਕਲਾਸਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ।ਪ੍ਰਿੰਸੀਪਲ ਅਮਨਦੀਪ ਕੌਰ ਢਿੱਲੋਂ ਦੀ ਅਗਵਾਈ ਵਿੱਚ ਹੋਏ ਇਸ ਪ੍ਰੋਗਰਾਮ ਦੌਰਾਨ ਜੀ.ਆਰ.ਡੀ ਸਿੱਖਿਆ ਸੰਸਥਾਵਾਂ ਦੀ ਚੇਅਰਪਰਸਨ ਪ੍ਰਦੀਪ ਕੌਰ ਨੇ ਮੁੱਖ ਮਹਿਮਾਨ ਅਤੇ ਸੰਸਥਾ ਦੇ ਮੈਨੇਜਰ ਸਰਬਜੀਤ ਸਿੰਘ ਮੋਮੀ ਨੇ ਮੁੱਖ ਵਿਸ਼ੇਸ਼ ਮਹਿਮਾਨ ਦੀ ਤੌਰ ਤੇ ਸ਼ਿਰਕਤ ਕਰਦੇ ਹੋਏ ਸਕੂਲ ਦੇ ਸਟਾਫ ਅਤੇ ਵਿਦਿਆਰਥੀਆਂ ਨਾਲ ਖੁਸ਼ੀਆਂ ਖੇੜਿਆਂ ਨੂੰ ਸਾਂਝਾ ਕੀਤਾ। ਪ੍ਰੋਗਰਾਮ ਦੇ ਸ਼ੁਰੂਆਤ ਵਿੱਚ ਰਵਾਇਤੀ ਪੰਜਾਬੀ ਪਹਿਰਾਵੇ ਵਿੱਚ ਤਿਆਰ ਹੋਏ ਵਿਦਿਆਰਥੀਆਂ ਨੇ ਪੰਜਾਬੀ ਸੱਭਿਆਚਾਰ ਦੀ ਝਲਕ ਪੇਸ਼ ਕਰਦੇ ਹੋਏ ਪੁਰਾਤਨ ਸਮੇਂ ਦੇ ਗੀਤ ਪੇਸ਼ ਕੀਤੇ। ਉਪਰੰਤ ਵਿਸ਼ੇਸ਼ ਤੌਰ ਤੇ ਤਿਆਰ ਕੀਤਾ ਗਿਆ ਗਿੱਧੇ ਦਾ ਪ੍ਰੋਗਰਾਮ ਪੇਸ਼ ਕੀਤਾ ਗਿਆ । ਇਸ ਮੌਕੇ ਮੁੱਖ ਮਹਿਮਾਨ ਚੇਅਰਪਰਸਨ ਸ੍ਰੀਮਤੀ ਪ੍ਰਦੀਪ ਕੌਰ ਅਤੇ ਮੈਨੇਜਰ ਸਰਬਜੀਤ ਸਿੰਘ ਮੋਮੀ ਨੇ ਸਟਾਫ ਅਤੇ ਵਿਦਿਆਰਥੀਆਂ ਨੂੰ ਤਿਉਹਾਰ ਦੀ ਮੁਬਾਰਕਬਾਦ ਦਿੰਦੇ ਹੋਏ ਕਿਹਾ ਇਹ ਤਿਉਹਾਰ ਸਾਨੂੰ ਆਪਣੇ ਪੰਜਾਬੀ ਸੱਭਿਆਚਾਰ ਨਾਲ ਜੋੜਨ ਦੇ ਨਾਲ-ਨਾਲ ਸਾਨੂੰ ਆਪਸ ਵਿੱਚ ਮਿਲ ਬੈਠ ਕੇ ਖੁਸ਼ੀਆਂ ਸਾਂਝੀਆਂ ਕਰਨ ਦਾ ਮੌਕਾ ਵੀ ਪ੍ਰਾਪਤ ਕਰਦਾ ਹੈ।ਇਸ ਮੌਕੇ ਤੇ ਵਿਦਿਆਰਥੀਆਂ ਵੱਲੋਂ ਸਾਉਣ ਮਹੀਨੇ ਦੇ ਵਿਸ਼ੇਸ਼ ਪਕਵਾਨ ਵੀ ਤਿਆਰ ਵੀ ਕੀਤੇ ਗਏ।ਪ੍ਰੋਗਰਾਮ ਵਿੱਚ ਮਿਸ ਤੀਜ ਦਾ ਜਿੱਤਣ ਵਾਲੀ ਸਕੂਲ ਦੀ ਵਿਦਿਆਰਥਣ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਡਾ. ਤਵਲੀਨ ਕੌਰ, ਨਰਸਿੰਗ ਕਾਲਜ ਦੀ ਪ੍ਰਿੰਸੀਪਲ ਰੇਨੂ ਬਾਲਾ, ਲਵਲੀ ਸੈਣੀ, ਦਲਜਿੰਦਰ ਕੌਰ, ਗੁਰਪ੍ਰੀਤ ਕੌਰ, ਤੇਜਿੰਦਰ ਕੌਰ, ਬਲਜੀਤ ਕੌਰ, ਹਰਦੀਪ ਕੌਰ, ਮਨਜੀਤ ਕੌਰ, ਕਰਮਵੀਰ ਕੌਰ, ਤਰਨਪ੍ਰੀਤ ਕੌਰ, ਮਨਪ੍ਰੀਤ ਕੌਰ, ਨਿਸ਼ਾ ਰਾਣੀ, ਹਰਪ੍ਰੀਤ ਕੌਰ, ਮਨਦੀਪ ਕੌਰ, ਸੀਮਾ ਬਾਘਾ, ਹਰਿੰਦਰ ਕੌਰ, ਪਿੰਕੀ ਚੌਧਰੀ, ਪ੍ਰਦੀਪ ਕੌਰ ,ਆਂਚਲ ਸੈਣੀ, ਸੰਵੇਦਨ ਪ੍ਰੀਤ ਕੌਰ, ਵਾਈਸ ਪ੍ਰਿੰਸੀਪਲ ਰਾਜਵਿੰਦਰ ਕੌਰ, ਜਸਲੀਨ ਕੌਰ, ਹਰਲੀਨ ਕੌਰ, ਮਨਪ੍ਰੀਤ ਕੌਰ, ਆਰਤੀ, ਕਸ਼ਮੀਰ ਕੌਰ, ਪ੍ਰਿੰਯਕਾ, ਤਰਨਦੀਪ ਕੌਰ, ਨੀਲਮ ਜੋਤ ਕੌਰ ਵੀ ਮੌਜੂਦ ਸਨ।

# 41 ਕਰਮਚਾਰੀਆਂ ਨੇ ਕੀਤਾ ਖ਼ੂਨਦਾਨ



**ਮੋਹਾਲੀ (ਗੁਰਜੀਤ ਬਿੱਲਾ)**
ਸਮਾਰਟ ਡੇਟਾ ਐਂਟਰਪ੍ਰਾਈਜ਼ ਇੰਡੀਆ ਲਿਮਟਿਡ ਨੇ ਆਪਣੀ ਵਰ੍ਹੇਗੰਢ ਦੇ ਮੌਕੇ ਤੇ ਕੰਪਨੀ ਦੇ ਹਾਲ ਵਿੱਚ ਅਲਫ਼ਾ ਆਈਟੀ ਸਿਟੀ ਪਲਾਟ ਨੰਬਰ ਆਈ-23, ਸੈਕਟਰ 83 ਮੋਹਾਲੀ ਵਿਖੇ ਇੱਕ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ। ਇਹ ਖ਼ੂਨਦਾਨ ਕੈਂਪ ਵਿਸ਼ਵਾਸ ਫਾਊਂਡੇਸ਼ਨ, ਪੰਚਕੂਲਾ ਅਤੇ ਇੰਡੀਅਨ ਰੈੱਡ ਕਰਾਸ ਸੋਸਾਇਟੀ ਜ਼ਿਲ੍ਹਾ ਸ਼ਾਖਾ ਮੋਹਾਲੀ ਦੇ ਸਹਿਯੋਗ ਨਾਲ ਲਗਾਇਆ ਗਿਆ। ਕੈਂਪ ਸਵੇਰੇ 10 ਵਜੇ ਸ਼ੁਰੂ ਹੋਇਆ ਅਤੇ ਦੁਪਹਿਰ 2 ਵਜੇ ਤੱਕ ਜਾਰੀ ਰਿਹਾ।ਵਿਸ਼ਵਾਸ ਫਾਊਂਡੇਸ਼ਨ ਦੀ ਪ੍ਰਧਾਨ ਸਾਧਵੀ ਨੀਲਿਮਾ ਵਿਸ਼ਵਾਸ ਨੇ ਕਿਹਾ ਕਿ ਕੈਂਪ ਦਾ ਉਦਘਾਟਨ ਕੰਪਨੀ ਦੇ ਗਲੋਬਲ ਸੀ ਈ ਓ ਅਤੇ ਐੱਮ ਡੀ ਅਜੇ ਤਿਵਾੜੀ ਨੇ ਖੁਦ ਖ਼ੂਨਦਾਨ ਕਰਕੇ ਕੀਤਾ। ਕੈਂਪ ਦੇ ਸਫਲ ਆਯੋਜਨ ਵਿੱਚ ਸੀ ਈ ਓ ਇੰਡੀਆ ਰਾਕੇਸ਼ ਪੰਤ ਅਤੇ ਐੱਚ ਆਰ ਟੀਮ ਸੁਮਨ ਮੰਡਲ, ਜੀਵਨਾ ਠਾਕੁਰ, ਜਤਿੰਦਰ ਠਾਕੁਰ ਅਤੇ ਪੂਰੀ ਐੱਚ ਆਰ ਟੀਮ ਦਾ ਸਹਿਯੋਗ ਬਹੁਤ ਸ਼ਲਾਘਾਯੋਗ ਸੀ। ਇਸ ਮੌਕੇ ਵਿਸ਼ਵਾਸ ਫਾਊਂਡੇਸ਼ਨ ਤੋਂ ਸ਼ਾਮ ਸੁੰਦਰ ਸਾਹਨੀ, ਮਦਨ ਨਾਗਪਾਲ ਅਤੇ ਸੱਤਿਆ ਭੂਸ਼ਣ ਖੁਰਾਣਾ ਵੀ ਮੌਜੂਦ ਸਨ।ਸੀ ਈ ਓ ਅਜੇ ਤਿਵਾੜੀ ਨੇ ਦੱਸਿਆ ਕਿ ਬਲੱਡ ਬੈਂਕ ਹੋਮੀ ਭਾਭਾ ਕੈਂਸਰ ਹਸਪਤਾਲ ਅਤੇ ਖੋਜ ਕੇਂਦਰ, ਨਿਊ ਚੰਡੀਗੜ੍ਹ ਦੀ ਟੀਮ ਨੇ ਡਾ. ਨਵੀਨ ਬਾਂਸਲ ਦੀ ਨਿਗਰਾਨੀ ਹੇਠ 41 ਯੂਨਿਟ ਖ਼ੂਨ ਇਕੱਠਾ ਕੀਤਾ। ਇਸ ਖ਼ੂਨਦਾਨ ਕੈਂਪ ਵਿੱਚ ਆਏ ਸਾਰੇ ਖ਼ੂਨਦਾਨੀਆਂ ਨੂੰ ਸਰਟੀਫਿਕੇਟ ਅਤੇ ਤੋਹਫ਼ੇ ਦੇ ਕੇ ਉਤਸ਼ਾਹਿਤ ਕੀਤਾ ਗਿਆ।

# ਲਾਇਨਜ਼ ਕਲੱਬਜ਼ ਇੰਟਰਨੈਸ਼ਨਲ ਵੱਲੋਂ ਬੂਟੇ ਲਗਾਉਣ ਦੀ ਮੁਹਿੰਮ ਜਾਰੀ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**–ਲਾਇਨਜ਼ ਕਲੱਬਜ ਇੰਟਰਨੈਸ਼ਨਲ ਡਿਸਟ੍ਰਿਕਟ 321ਡੀ, ਲਾਇਨਜ ਕਲੱਬ ਇੰਟਰਨੈਸ਼ਨਲ ਰਿਹਾਣਾ ਜੱਟਾ ਕੋਹਿਨੂਰ ਦੇ ਪ੍ਰਧਾਨ ਲਾਇਨ ਡਾਕਟਰ ਮੁਖਤਿਆਰ ਸਿੰਘ ਧਾਲੀਵਾਲ , ਸਕੱਤਰ ਲਾਇਨ ਡਾਕਟਰ ਤੇਜਬੀਰ ਸਿੰਘ ਧਾਲੀਵਾਲ, ਲਾਇਨਜ ਕਲੱਬ ਹੁਸ਼ਿਆਰਪੁਰ ਸਮਰਪਣ ਐਕਟਿਵ ਦੇ ਡਾਇਰੈਕਟਰ ਲਾਇਨ ਐੱਮ ਪੀ ਸਿੱਧੂ, ਡਾਇਰੈਕਟਰ ਲਾਇਨ ਐੱਸ ਪੀ ਜੱਖੂ, ਪ੍ਰਧਾਨ ਲਾਇਨ ਜਤਿੰਦਰਪਾਲ, ਖਜ਼ਾਨਚੀ ਲਾਇਨ ਮੋਹਨ ਲਾਲ ਅਤੇ ਸਾਥੀਆਂ ਵਲੋਂ ਲਾਇਨਜ਼ ਇੰਟਰਨੈਸ਼ਨਲ ਰਿਹਾਣਾ ਜੱਟਾ ਦੇ ਹੈੱਡ ਕੁਆਰਟਰ ਧਾਲੀਵਾਲ ਕਾਟੇਜ ਹੁਸ਼ਿਆਰਪੁਰ ਵਿਖੇ ਵਣ ਮਹਾਂ ਉਤਸਵ ਮਨਾਉਂਦੇ ਹੋਏ, ਫਲਦਾਰ ਫੁੱਲਦਾਰ ਛਾਂਦਾਰ ਅਤੇ ਔਸ਼ਧੀ ਯੁਕਤ ਬੂਟੇ ਲਗਾਏ ਗਏ। ਵਾਤਾਵਰਨ ਦੀ ਸ਼ੁਧਤਾ ਵਾਸਤੇ ਇਸ ਮੁਹਿੰਮ ਨੂੰ ਤੇਜ਼ ਕਰਨ ਦਾ ਪ੍ਰਣ ਲਿਆ ਗਿਆ ।

# ਕਾਰ ਸੇਵਾ ਵਾਲੇ ਮਹਾਂਪੁਰਸ਼ਾਂ ਨੇ ਸੇਵਾ ਤੇ ਸਿਮਰਨ ਦੀ ਸੋਝੀ ਬਖਸ਼ ਕੇ ਆਤਮਿਕ ਅਮੀਰੀ ਬਖਸ਼ੀ : ਬਾਬਾ ਕੁਲਵੰਤ ਸਿੰਘ

## ਸੇਵਾ ਤੇ ਸਿਮਰਨ ਕਰਨ ਵਾਲੇ ਅਭਿਆਸੀ ਨੂੰ ਆਤਮਿਕ ਜਾਗ੍ਰਤੀ ਆਉਂਦੀ ਹੈ : ਸੰਤ ਨਰਿੰਦਰ ਸਿੰਘ

**ਸ੍ਰੀ ਹਜ਼ੂਰ ਸਾਹਿਬ, (ਇਕਬਾਲ ਸਿੰਘ ਖਹਿਰਾ)**
ਸੰਪਰਦਾਇ ਕਾਰ ਸੇਵਾ ਸ੍ਰੀ ਹਜ਼ੂਰ ਸਾਹਿਬ ਤੇ ਗੁਰਦੁਆਰਾ ਲੰਗਰ ਸਾਹਿਬ ਦੇ ਵੱਡੇ ਮਹਾਂਪੁਰਸ਼ ਸੰਤ ਬਾਬਾ ਨਿਧਾਨ ਸਿੰਘ ਜੀ ਦੀ 78ਵੀਂ, ਸੰਤ ਬਾਬਾ ਹਰਨਾਮ ਸਿੰਘ ਜੀ ਦੀ 46ਵੀਂ, ਸੰਤ ਬਾਬਾ ਆਤਮਾ ਸਿੰਘ ਮੋਨੀ ਜੀ ਦੀ 45ਵੀਂ ਤੇ ਸੰਤ ਬਾਬਾ ਸ਼ੀਸ਼ਾ ਸਿੰਘ ਜੀ ਦੀ 20ਵੀਂ ਸਾਲਾਨਾ ਯਾਦ 'ਚ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਰਪ੍ਰਸਤੀ ਹੇਠ ਮੌਜੂਦਾ ਮੁਖੀ ਸੰਤ ਬਾਬਾ ਨਰਿੰਦਰ ਸਿੰਘ ਜੀ-ਸੰਤ ਬਾਬਾ ਬਲਵਿੰਦਰ ਸਿੰਘ ਜੀ ਵੱਲੋਂ ਸੰਪਰਦਾਇ ਕਾਰ ਸੇਵਾ ਦੇ ਜਥੇਦਾਰਾਂ-ਸੇਵਾਦਾਰਾਂ, ਨੇਮੀਆਂ-ਪ੍ਰੇਮੀਆਂ ਦੇ ਸਹਿਯੋਗ ਨਾਲ ਕਰਵਾਏ ਬਰਸੀ ਸਮਾਗਮਾਂ ਵਿੱਚ ਸ਼ਮੂਲੀਅਤ ਕਰਨ ਲਈ ਵੱਖ-ਵੱਖ ਸੰਪਰਦਾਵਾਂ, ਸੰਸਥਾਵਾਂ, ਜਥੇਬੰਦੀਆਂ, ਵੱਖ ਵੱਖ ਅਦਾਰਿਆਂ ਦੇ ਮੁਖੀ ਸਾਹਿਬਾਨਾਂ/ ਨੁਮਾਇਦਿਆਂ ਤੋਂ ਇਲਾਵਾ ਦੇਸ਼ ਵਿਦੇਸ਼ ਤੋਂ ਵੱਡੀ ਗਿਣਤੀ 'ਚ ਸਿੱਖ ਸੰਗਤਾਂ ਪੁੱਜੀਆਂ। ਅੰਮ੍ਰਿਤ ਵੇਲੇ ਸ੍ਰੀ ਅਖੰਡ ਪਾਠਾਂ ਦੇ ਭੋਗ ਪਏ, ਉਪਰੰਤ ਖੁੱਲ੍ਹੇ ਪੰਡਾਲ 'ਚ ਸਜੇ ਦੀਵਾਨ ਵਿੱਚ ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਕੀਰਤਨੀਏ ਭਾਈ ਸਤਨਾਮ ਸਿੰਘ, ਜਵੱਦੀ ਟਕਸਾਲ ਦੇ ਹਜ਼ੂਰੀ ਕੀਰਤਨੀਏ ਭਾਈ ਭਰਤ ਸਿੰਘ, ਗੁਰਦੁਆਰਾ ਮੰਜੀ ਸਾਹਿਬ ਆਲਮਗੀਰ ਦੇ ਹਜ਼ੂਰੀ ਕੀਰਤਨੀਏ ਭਾਈ ਤਰਲੋਚਨ ਸਿੰਘ ਆਦਿ ਦੇ ਰਾਗੀ ਜੱਥਿਆਂ ਨੇ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ।ਬਰਸੀ ਸਮਾਗਮ ਸਿੰਘ ਸਾਹਿਬ ਬਾਬਾ ਕੁਲਵੰਤ ਸਿੰਘ ਜੀ ਜਥੇਦਾਰ ਸੱਚਖੰਡ ਸ੍ਰੀ ਹਜ਼ੂਰ ਅਬਿਚਲਨਗਰ ਸਾਹਿਬ, ਨਾਂਦੇੜ ਸਮੇਤ ਪੰਜ ਪਿਆਰੇ ਸਾਹਿਬਾਨ ਪਧਾਰੇ।ਆਪਣੇ ਸੰਬੋਧਨ ਵਿੱਚ ਸਿੰਘ ਸਾਹਿਬ ਨੇ ਸੰਤ ਬਾਬਾ ਆਤਮਾ ਸਿੰਘ ਜੀ ਮੋਨੀ ਤੇ ਸੰਤ ਬਾਬਾ ਸ਼ੀਸ਼ਾ ਸਿੰਘ ਦੀਆਂ ਯਾਦਾਂ ਦੀਆਂ ਤੰਦਾਂ ਫੋਲਦਿਆਂ ਕਿਹਾ ਕਿ ਉਨ੍ਹਾਂ ਦੇ ਖੁੱਲ੍ਹੇ ਦਰਸ਼ਨ ਦੀਦਾਰ, ਬਚਨ ਬਿਲਾਸ ਕੀਤੇ ਹਨ।ਉਨ੍ਹਾਂ ਗੁਰਬਾਣੀ ਦੇ ਹਵਾਲੇ ਨਾਲ ਦੱਸਿਆ ਕਿ ਮਹਾਂਪੁਰਸ਼ ਸਮਦ੍ਰਿਸ਼ਟੀ ਹੁੰਦੇ ਨੇ। ਮੌਜੂਦਾ ਮਹਾਂਪੁਰਸ਼ਾਂ ਵੱਲ ਇਸ਼ਾਰਾ ਕਰਦਿਆਂ ਦੱਸਿਆ ਕਿ ਮਹਾਂਪੁਰਸ਼ਾਂ ਅੰਦਰਲੀ ਨਿਮਰਤਾ, ਭਗਤੀ ਭਾਵ ਮਾਨਸਰੋਵਰ ਦੀ ਅਹਿਮੀਅਤ ਨਾਲੋਂ ਨਾਮ ਸਿਮਰਨ ਤੇ ਸੇਵਾ ਰੂਪੀ ਮੋਤੀ ਚੁਗਣ ਵਾਲੇ ਹੰਸ ਰੂਪ ਮਹਾਂਪੁਰਸ਼ਾਂ ਦੀ ਅਹਿਮੀਅਤ ਘੱਟ ਨਹੀਂ ਹੁੰਦੀ।ਉਨ੍ਹਾਂ ਸਪੱਸ਼ਟ ਕੀਤਾ ਕਿ ਬਾਨੀ ਮਹਾਂਪੁਰਸ਼ ਸੰਤ ਬਾਬਾ ਨਿਧਾਨ ਸਿੰਘ ਜੀ ਦੇ ਨਕਸ਼ੇ ਕਦਮਾਂ 'ਤੇ ਚੱਲਦਿਆਂ ਸੰਪਰਦਾਇ ਕਾਰ ਸੇਵਾ ਦੇ ਮੌਜੂਦਾ ਮੁਖੀ ਸੰਤ ਬਾਬਾ ਨਰਿੰਦਰ ਸਿੰਘ ਜੀ-ਸੰਤ ਬਾਬਾ ਬਲਵਿੰਦਰ ਸਿੰਘ ਜੀ ਵੱਲੋਂ ਨਿਭਾਈਆਂ ਜਾ ਰਹੀਆਂ ਸੇਵਾਵਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਮਹਾਂਪੁਰਸ਼ਾਂ ਵੱਲੋਂ ਜਿੱਥੇ ਗੁਰੂ-ਘਰ ਦੀਆਂ ਇਮਾਰਤਾਂ ਦੀਆਂ ਸੇਵਾਵਾਂ ਕਰਵਾਈਆਂ ਜਾ ਰਹੀਆਂ ਨੇ, ਉੱਥੇ ਕਾਰ-ਸੇਵਕਾਂ ਤੇ ਸਿੱਖ ਸੰਗਤਾਂ ਨੂੰ ਗੁਰਬਾਣੀ ਨਾਮ ਸਿਮਰਨ ਨਾਲ ਵੀ ਜੋੜਿਆ ਜਾ ਰਿਹਾ ਹੈ।ਇਹ ਕਾਰਜ ਬੇਅੰਤ ਕਾਬਲੇ ਤਾਰੀਫ਼ ਹੈ, ਜਿਸ ਨਾਲ ਆਤਮਿਕ ਅਮੀਰੀ ਨਸੀਬ ਹੁੰਦੀ ਹੈ।ਇਸ ਤੋਂ ਪਹਿਲਾਂ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਦੇ ਹਜ਼ੂਰੀ ਕਥਾਵਾਚਕ ਗਿਆਨੀ ਸੁਖਵਿੰਦਰ ਸਿੰਘ, ਵੱਖ-ਵੱਖ ਸੰਪਰਦਾਵਾਂ ਦੇ ਮਹਾਂਪੁਰਸ਼ਾਂ, ਗਿਆਨੀ ਸਰਬਜੀਤ ਸਿੰਘ ਲੁਧਿਆਣਾ ਤੇ ਹੋਰ ਕਥਾਵਾਚਕ, ਸਿੱਖ ਪ੍ਰਚਾਰਕ ਆਦਿ ਨੇ ਮਹਾਂਪੁਰਸ਼ਾਂ ਦੀਆਂ ਸਾਲਾਨਾਂ ਯਾਦਾਂ ਨੂੰ ਤਾਜ਼ਾ ਕਰਦਿਆਂ ਗੁਰਮਤਿ ਦੇ ਦਰਸਾਏ ਮਾਰਗ 'ਤੇ ਚੱਲਣ ਲਈ ਪ੍ਰੇਰਿਆ।ਬਰਸੀ ਸਮਾਗਮ ਵਿੱਚ ਪੁੱਜੀਆਂ ਸਿੱਖ ਸੰਪਰਦਾਵਾਂ ਦੇ ਮੁਖੀ ਮਹਾਂਪੁਰਸ਼ਾਂ/ਨੁਮਾਇੰਦਿਆਂ, ਸਿੱਖ ਸੰਸਥਾਵਾਂ, ਸਿੱਖ ਜਥੇਬੰਦੀਆਂ, ਸਿੱਖ ਅਦਾਰਿਆਂ ਆਦਿ ਦੇ ਮੁਖੀ /ਨੁਮਾਇੰਦਿਆਂ ਆਦਿ ਨੇ ਵੀ ਸ਼ਰਧਾ ਦੇ ਫੁੱਲ ਭੇਟ ਕੀਤੇ।ਬਰਸੀ ਸਮਾਗਮਾਂ ਵਿੱਚ ਪੁੱਜੀਆਂ ਸਿੱਖ ਸ਼ਖਸੀਅਤਾਂ, ਸਿੱਖ ਸੰਗਤਾਂ ਦਾ ਧੰਨਵਾਦ ਕਰਦਿਆਂ ਸੰਪ੍ਰਦਾਇ ਦੇ ਮੌਜੂਦਾ ਮੁਖੀ ਸੰਤ ਬਾਬਾ ਨਰਿੰਦਰ ਸਿੰਘ ਜੀ ਨੇ ਕਿਹਾ ਕਿ 'ਪਰਮੇਸ਼ਰ ਦਾ ਨਾਮ' ਹੀ ਆਤਮਿਕ ਠੰਡ ਤੇ ਸ਼ਾਂਤੀ ਦੇਣ ਵਾਲਾ ਹੈ।ਉਨ੍ਹਾਂ ਸਪੱਸ਼ਟ ਕੀਤਾ ਕਿ ਗੁਰਬਾਣੀ ਨਾਮ ਸਿਮਰਨ ਤਾਂ ਸਾਰੀਆਂ ਠੰਡੀਆਂ ਵਸਤਾਂ ਤੋਂ ਠੰਡਾ ਹੈ।'ਸੇਵਾ ਨਾਮ ਸਿਮਰਨ' ਦੁਆਰਾ ਹੀ ਮਨੁੱਖ ਜੀਵ ਨੂੰ ਅਸਲ ਠੰਡ ਮਿਲਦੀ ਹੈ।'ਸੇਵਾ ਤੇ ਨਾਮ ਸਿਮਰਨ' ਕਰਨ ਵਾਲੇ ਅਭਿਆਸੀ ਨੂੰ ਆਤਮਿਕ ਜਾਗ੍ਰਤੀ ਆਉਂਦੀ ਹੈ।ਉਨ੍ਹਾਂ ਸਮਝਾਇਆ ਕਿ 'ਨਾਮ' ਜਪਣ ਲਈ ਸਾਵਧਾਨਤਾ, ਮਨ ਦੀ ਇਕਾਗਰਤਾ, ਧਿਆਨ ਦੀ ਪ੍ਰਪੱਕਤਾ ਅਤਿ ਜ਼ਰੂਰੀ ਹੈ।ਉਨ੍ਹਾਂ ਦੇਸ਼ ਵਿਦੇਸ਼ ਤੋਂ ਬਰਸੀ ਸਮਾਗਮ 'ਚ ਪੁੱਜੀਆਂ ਸ਼ਖਸੀਅਤਾਂ ਤੇ ਸੰਗਤਾਂ ਦਾ ਧੰਨਵਾਦ ਕੀਤਾ।



ਸਮਾਗਮ ਵਿੱਚ ਬਾਬਾ ਗੁਰਦੇਵ ਸਿੰਘ ਸ਼ਹੀਦੀ ਬਾਗ, ਸਿੰਘ ਸਾਹਿਬ ਬਾਬਾ ਜੋਤਇੰਦਰ ਸਿੰਘ ਜੀ ਮੀਤ ਜੱਥੇਦਾਰ, ਬਾਬਾ ਰਾਮ ਸਿੰਘ ਜੀ ਧੂਪੀਆ, ਗਿਆਨੀ ਕਸ਼ਮੀਰ ਸਿੰਘ ਮੁੱਖ ਗ੍ਰੰਥੀ, ਗਿਆਨੀ ਗੁਰਮੀਤ ਸਿੰਘ ਮੀਤ ਗ੍ਰੰਥੀ, ਸ੍ਰ: ਗੁਰਬਚਨ ਸਿੰਘ ਸੁਪਰਡੈਂਟ ਗੁਰਦੁਆਰਾ ਬੋਰਡ ਤੇ ਬੋਰਡ ਅਧਿਕਾਰੀ ਸਾਹਿਬਾਨ, ਸਾਬਕਾ ਤੇ ਮੌਜੂਦਾ ਮੈਂਬਰ ਸਾਹਿਬਾਨ, ਸੰਪਰਦਾਇ ਕਾਰ ਸੇਵਾ ਹਜ਼ੂਰ ਸਾਹਿਬ ਦੇ ਜੱਥੇ: ਬਾਬਾ ਜੱਸਾ ਸਿੰਘ ਲੰਗਰ ਸਾਹਿਬ, ਜਥੇ: ਬਾਬਾ ਗੁਰਮੀਤ ਸਿੰਘ ਡਾਚਰ, ਜਥੇ: ਬਾਬਾ ਮੇਜਰ ਸਿੰਘ ਸਾਹਨੇਵਾਲ, ਜੱਥੇ: ਬਾਬਾ ਰਣਜੀਤ ਸਿੰਘ ਮਨਮਾੜ, ਡਾਕਟਰ ਹਰਜਿੰਦਰ ਸਿੰਘ ਬਿਸ਼ਨਪੁਰੀ, ਬਾਬਾ ਜਸਵਿੰਦਰ ਸਿੰਘ ਚੌਧਰੀ ਦੇਗਲੂਰ, ਬਾਬਾ ਮੰਗਾ ਸਿੰਘ ਧਰਮਕੋਟ, ਬਾਬਾ ਕਰਨੈਲ ਸਿੰਘ ਮੋਗਾ, ਬਾਬਾ ਗੁਰਦੇਵ ਸਿੰਘ ਬਨੂੜ, ਬਾਬਾ ਹਰਜਿੰਦਰ ਸਿੰਘ ਸਪਰੋੜ, ਬਾਬਾ ਕਸ਼ਮੀਰ ਸਿੰਘ ਦੁਸਾਂਝ, ਬਾਬਾ ਕੁਲਦੀਪ ਸਿੰਘ ਭੰਗਾਲਾ, ਬਾਬਾ ਸੋਨੂ ਸਿੰਘ ਬਹਿਲਾ, ਬਾਬਾ ਮਹਿਲ ਸਿੰਘ, ਭੰਗਾਲਾ, ਬਾਬਾ ਬਿੱਲਾ ਸਿੰਘ ਬਨੂੜ, ਬਾਬਾ ਗੁਰਜੀਤ ਸਿੰਘ ਇਆਲੀ, ਬਾਬਾ ਜੋਗਾ ਸਿੰਘ ਲੰਗਰ ਸਾਹਿਬ, ਬਾਬਾ ਸੁਖਵਿੰਦਰ ਸਿੰਘ ਨਾਨਕਸਰ, ਬਾਬਾ ਚਰਨ ਸਿੰਘ ਰਤਨਗੜ, ਬਾਬਾ ਬਚਿੱਤਰ ਸਿੰਘ ਰਤਨਗੜ੍ਹ ਆਦਿ ਜੱਥੇਦਾਰ ਸਹਿਬਾਨ, ਸਰਪੰਚ ਰਵਿੰਦਰ ਸਿੰਘ ਚੀਮਾ ਬਾਠ, ਅਮਰਜੀਤ ਸਿੰਘ ਢਿੱਲੋਂ, ਸੁਖਜਿੰਦਰ ਸਿੰਘ ਲਵਲੀ, ਸਤਨਾਮ ਸਿੰਘ ਗਿੱਲ, ਪਰਮਜੀਤ ਸਿੰਘ ਪੰਮੀ ਘਵੱਦੀ, ਰਣਜੀਤ ਸਿੰਘ ਮਾਂਗਟ, ਜਗਦੇਵ ਸਿੰਘ ਪ੍ਰਧਾਨ, ਮਹਾਂ ਸਿੰਘ ਰੁੜਕਾ, ਸੁਖਵੰਤ ਸਿੰਘ ਗਿੱਲ ਸਿੰਘਾਪੁਰ, ਨਰਿੰਦਰਜੀਤ ਸਿੰਘ ਸਵੈਚ, ਸੁਖਵਿੰਦਰ ਸਿੰਘ ਹੁੰਦਲ, ਸੰਤ ਬਾਬਾ ਸੇਵਾ ਸਿੰਘ ਖੰਡੂਰ ਸਾਹਿਬ ਵੱਲੋਂ ਭਾਈ ਗੁਰਪ੍ਰੀਤ ਸਿੰਘ ਕਿਲ੍ਹਾ ਗਵਾਲੀਅਰ, ਬਾਬਾ ਗੁਰਜੀਤ ਸਿੰਘ ਵੱਲੋਂ ਬਾਬਾ ਹਰੀ ਸਿੰਘ ਨਾਨਕਸਰ, ਜੱਥੇਦਾਰ ਪਰਵਿੰਦਰ ਸਿੰਘ ਅਨੰਦਪੁਰ ਸਾਹਿਬ, ਸੰਤ ਬਾਬਾ ਕਸ਼ਮੀਰ ਸਿੰਘ ਭੂਰੀ ਵਾਲਿਆਂ ਵੱਲੋਂ ਬਾਬਾ ਲਖਬੀਰ ਸਿੰਘ, ਬਾਬਾ ਮਨਮੋਹਨ ਸਿੰਘ ਭੰਗਾਲੀ, ਬਾਬਾ ਸ਼ਿੰਗਾਰਾ ਸਿੰਘ, ਬਾਬਾ ਸਰਬਜੀਤ ਸਿੰਘ, ਸਿੰਘ ਸਾਹਿਬ ਬਾਬਾ ਜੋਗਾ ਸਿੰਘ ਤਰਨਾ ਦਲ, ਸਿੰਘ ਸਾਹਿਬ ਬਾਬਾ ਅਵਤਾਰ ਸਿੰਘ ਦਲ ਪੰਥ ਬਾਬਾ ਬਿਧੀ ਚੰਦ, ਜੱਥੇ: ਸਾਧੂ ਸਿੰਘ ਰਾਏਪੁਰ ਅਰਾਈਆਂ, ਗਿਆਨੀ ਅਤਰ ਸਿੰਘ ਦਲੇਰ, ਗਿਆਨੀ ਸੁਖਦੇਵ ਸਿੰਘ ਦਲੇਰ, ਸਿੰਘ ਸਾਹਿਬ ਬਾਬਾ ਬਲਬੀਰ ਸਿੰਘ ਵੱਲੋਂ ਬਾਬਾ ਰਣਜੋਧ ਸਿੰਘ, ਸਿੱਖ ਸਕਾਲਰ ਗਿਆਨੀ ਪ੍ਰਭਜੀਤ ਸਿੰਘ ਪਟਿਆਲਾ, ਬਾਬਾ ਸੱਜਣ ਸਿੰਘ, ਬਾਬਾ ਦਿਲਬਾਗ ਸਿੰਘ, ਜਥੇ: ਬਾਬਾ ਜਸਵੰਤ ਸਿੰਘ ਰੋਡੇ, ਬਾਬਾ ਰਾਜਿੰਦਰ ਸਿੰਘ ਗੁਰੂ ਕਾ ਤਾਲ, ਭਾ: ਹੋਸ਼ਿਆਰ ਸਿੰਘ ਭੁੱਲਰ, ਬਾਬਾ ਹੀਰਾ ਸਿੰਘ ਝੂਲਣੇ ਮਹਿਲ, ਬਾਬਾ ਘਾਲਾ ਸਿੰਘ ਵੱਲੋਂ ਜੱਥਾ, ਬਾਬਾ ਜੋਗਾ ਸਿੰਘ ਕਾਰ ਸੇਵਾ ਤਰਨਤਾਰਨ, ਬਾਬਾ ਜਗਤਾਰ ਸਿੰਘ, ਬਾਬਾ ਦਿਲਬਾਗ ਸਿੰਘ ਸ਼੍ਰੀ ਅਨੰਦਪੁਰ ਸਾਹਿਬ, ਬਾਬਾ ਸਤਨਾਮ ਸਿੰਘ ਗੁਰੂ ਕਾ ਬਾਗ, ਬਾਬਾ ਅਮਰੀਕ ਸਿੰਘ ਖੁਖਰੈਣ, ਬਾਬਾ ਪ੍ਰਤਾਪ ਸਿੰਘ ਬਜਪੁਰ, ਬਾਬਾ ਜੋਗਿੰਦਰ ਸਿੰਘ ਲੋਪੋਕੇ ਚੋਗਾਵਾਂ, ਬਾਬਾ ਕੁਲਦੀਪ ਸਿੰਘ ਝਾੜ ਸਾਹਿਬ, ਬਾਬਾ ਕਸ਼ਮੀਰ ਸਿੰਘ ਥੜ੍ਹਾ ਸਾਹਿਬ, ਬਾਬਾ ਜਸਵਿੰਦਰ ਸਿੰਘ ਦਸੂਹੇ ਵਾਲੇ, ਬਾਬਾ ਲੀਡਰ ਸਿੰਘ ਦੇ ਸੇਵਾਦਾਰ, ਬਾਬਾ ਬਲਜੀਤ ਸਿੰਘ ਫੱਕਰ, ਬਾਬਾ ਮਿੱਠਾ ਸਿੰਘ ਸਿੱਧਸਰ ਸੋੜਾ, ਬਾਬਾ ਅਜੈਬ ਸਿੰਘ, ਭਾਈ ਰਣਜੀਤ ਸਿੰਘ ਅਭਿਆਸੀ, ਭਾਈ ਜਗਦੀਸ਼ ਸਿੰਘ, ਭਾਈ ਜਗਤਾਰ ਸਿੰਘ ਵਡਾਲੀ, ਭਾਈ ਹਰਪ੍ਰੀਤ ਸਿੰਘ, ਗ੍ਰੰਥੀ ਸਿੰਘ ਭਾਈ ਰਵਿੰਦਰ ਸਿੰਘ ਕਲਸੀ ਇੰਦੌਰ, ਬਾਪੂ ਸਰਦਾਰਾ ਸਿੰਘ ਗੁਰੂ ਕਾ ਬਾਗ, ਭਾਈ ਸੱਜਣ ਸਿੰਘ ਗੁਰੂ ਕੀ ਬੇਰ ਸਾਹਿਬ ਆਦਿ ਸ਼ਖਸੀਅਤਾਂ ਵੱਲੋਂ ਸ਼ਰਧਾ ਤੇ ਸਤਿਕਾਰ ਭੇਟ ਕੀਤਾ ਗਿਆ।